ਵੀਰਵਾਰ, 13 ਅਗਸਤ, 2026
29 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 73

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • THURSDAY, 13 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਹਾਇਕ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਅਜਲਾਸ ਦਾ ਆਖਰੀ ਦਿਨ ਆ ਗਿਆ, ਸ਼ਾਹ ਦੀਆਂ ਉਡੀਕਾਂ



**ਨਵੀਂ ਦਿੱਲੀ** (ਨ ਜ਼ ਸ) ਲੋਕ ਸਭਾ ਨੇ ਬੁੱਧਵਾਰ ਹੰਗਾਮੇ ਦਰਮਿਆਨ ਵਿਦੇਸ਼ੀ ਦਾਨ ਬਾਰੇ ਕਾਨੂੰਨ ਨੂੰ ਸੋਧਣ ਵਾਲਾ ਵਿਵਾਦਪੂਰਨ ਬਿੱਲ ਸੰਸਦ ਦੀ ਸਾਂਝੀ ਕਮੇਟੀ ਕੋਲ ਭੇਜ ਦਿੱਤਾ ਅਤੇ ਖਾਣਾਂ ਤੇ ਖਣਿਜ ਵਿਕਾਸ ਨਾਲ ਜੁੜੇ ਕਾਨੂੰਨਾਂ ਵਿੱਚ ਸੋਧ ਕਰਨ ਵਾਲੇ ਬਿੱਲ ਨੂੰ ਬਿਨਾਂ ਕਿਸੇ ਬਹਿਸ ਦੇ ਪਾਸ ਕਰ ਦਿੱਤਾ, ਜਿਸ ਤੋਂ ਬਾਅਦ ਸਦਨ ਦੀ ਕਾਰਵਾਈ ਵੀਰਵਾਰ ਸਵੇਰੇ 11 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ। ਦਿਨ ਦੀ ਸ਼ੁਰੂਆਤ ਵਿੱਚ ਸਪੀਕਰ ਓਮ ਬਿਰਲਾ ਨੇ ਵਿਰੋਧ ਪ੍ਰਦਰਸ਼ਨ ਕਰ ਰਹੇ ਵਿਰੋਧੀ ਧਿਰ ਦੇ ਮੈਂਬਰਾਂ ਨੂੰ ਕਿਹਾ ਕਿ ਭਾਵੇਂ ਉਨ੍ਹਾਂ ਦਾ ਨਜ਼ਰੀਆ ਅਤੇ ਵਿਚਾਰ ਸੱਤਾਧਾਰੀ ਧਿਰ ਨਾਲੋਂ ਵੱਖਰੇ ਹੋਣ, ਪਰ ਦੇਸ਼ ਚਾਹੁੰਦਾ ਹੈ ਕਿ ਸਦਨ ਦਾ ਕੰਮਕਾਜ ਚੱਲਣਾ ਚਾਹੀਦਾ ਹੈ। ਉਨ੍ਹਾਂ ਵਿਰੋਧੀ ਧਿਰ ਨੂੰ ਸਦਨ ਨੂੰ ਚੱਲਣ ਦੇਣ ਦੀ ਅਪੀਲ ਕੀਤੀ ਅਤੇ ਜ਼ੋਰ ਦੇ ਕੇ ਕਿਹਾ ਕਿ ਨਾਅਰੇਬਾਜ਼ੀ ਕਰਕੇ ਸਦਨ ਦੇ ਅਕਸ ਨੂੰ ਖਰਾਬ ਕਰਨਾ ਠੀਕ ਨਹੀਂ।

20 ਜੁਲਾਈ ਨੂੰ ਮੌਨਸੂਨ ਅਜਲਾਸ ਸ਼ੁਰੂ ਹੋਣ ਤੋਂ ਲੈ ਕੇ ਹੁਣ ਤੱਕ ਇੱਕ ਦਿਨ ਵੀ ਪ੍ਰਸ਼ਨ ਕਾਲ ਪੂਰਾ ਨਹੀਂ ਹੋ ਸਕਿਆ ਅਤੇ ਬੁੱਧਵਾਰ ਲਗਾਤਾਰ 18ਵਾਂ ਦਿਨ ਸੀ, ਜਦੋਂ ਇਸ ਮਹੱਤਵਪੂਰਨ ਸਮੇਂ ਵਿੱਚ ਵਿਘਨ ਪਿਆ। ਵਿਦਿਆਰਥੀਆਂ ਦੇ ਪ੍ਰਦਰਸ਼ਨ ਅਤੇ ਰਾਮ ਮੰਦਰ ਦਾਨ ਵਿਵਾਦ ਸਮੇਤ ਵੱਖ-ਵੱਖ ਮੁੱਦਿਆਂ 'ਤੇ ਸਰਕਾਰ ਅਤੇ ਵਿਰੋਧੀ ਧਿਰ ਵਿਚਕਾਰ ਲਗਾਤਾਰ ਮਤਭੇਦਾਂ ਕਾਰਨ ਅਜਲਾਸ ਦੀ ਸ਼ੁਰੂਆਤ ਤੋਂ ਹੀ ਲੋਕ ਸਭਾ ਦੀ ਕਾਰਵਾਈ ਲਗਾਤਾਰ ਪ੍ਰਭਾਵਤ ਹੁੰਦੀ ਰਹੀ ਹੈ।

ਇਸੇ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਬੁੱਧਵਾਰ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਪੱਤਰ ਲਿਖ ਕੇ ਬੇਨਤੀ ਕੀਤੀ ਕਿ ਨੀਟ ਮੁੱਦੇ 'ਤੇ ਵਿਦਿਆਰਥੀਆਂ ਦੇ ਪ੍ਰਦਰਸ਼ਨਾਂ ਉੱਤੇ ਬਹਿਸ ਲਈ ਵਿਰੋਧੀ ਧਿਰ ਨਾਲ ਸਲਾਹ-ਮਸ਼ਵਰਾ ਕੀਤਾ ਜਾਵੇ। ਗ੍ਰਹਿ ਮੰਤਰੀ ਨੇ ਕਿਹਾ ਕਿ ਇਹ ਚਰਚਾ ਅਜਿਹੀ ਹੋਣੀ ਚਾਹੀਦੀ ਹੈ, ਜਿਸ ਨਾਲ ਵਿਦਿਆਰਥੀਆਂ ਦੇ ਇਸ ਮਹੱਤਵਪੂਰਨ ਮੁੱਦੇ 'ਤੇ ਵਿਰੋਧੀ ਧਿਰ ਅਤੇ ਸੱਤਾਧਾਰੀ ਧਿਰ ਦੋਵਾਂ ਦੇ ਵਿਚਾਰ ਸਾਹਮਣੇ ਆ ਸਕਣ। ਸ਼ਾਹ ਨੇ ਸਪੀਕਰ ਨੂੰ ਲਿਖੇ ਪੱਤਰ ਵਿੱਚ ਸਪੱਸ਼ਟ ਕੀਤਾ ਹੈ ਕਿ ਉਹ ਸੰਸਦ ਵਿੱਚ ਵਿਦਿਆਰਥੀਆਂ ਦੇ ਪ੍ਰਦਰਸ਼ਨਾਂ ਨਾਲ ਜੁੜੇ ਵਿਰੋਧੀ ਧਿਰ ਦੇ ਹਰ ਇੱਕ ਸਵਾਲ ਦਾ ਜਵਾਬ ਦੇਣ ਲਈ ਪੂਰੀ ਤਰ੍ਹਾਂ ਤਿਆਰ ਹਨ। ਸਰਕਾਰ ਕੋਲ ਛੁਪਾਉਣ ਲਈ ਕੁਝ ਵੀ ਨਹੀਂ ਅਤੇ ਉਹ ਵਿਦਿਆਰਥੀਆਂ ਦੇ ਹਿੱਤਾਂ ਨਾਲ ਜੁੜੇ ਹਰ ਪਹਿਲੂ 'ਤੇ ਚਰਚਾ ਕਰਨ ਲਈ ਰਾਜ਼ੀ ਹਨ। ਲੋਕਤੰਤਰ ਵਿੱਚ ਕਿਸੇ ਵੀ ਸਮੱਸਿਆ ਜਾਂ ਮੁੱਦੇ ਦਾ ਹੱਲ ਸਿਰਫ ਗੱਲਬਾਤ ਅਤੇ ਬਹਿਸ (ਸੰਵਾਦ) ਰਾਹੀਂ ਹੀ ਨਿਕਲ ਸਕਦਾ ਹੈ। ਉਨ੍ਹਾ ਕਿਹਾ, 'ਮੇਰਾ ਲੋਕਤੰਤਰ ਅਤੇ ਲੋਕਤੰਤਰੀ ਸੰਸਥਾਵਾਂ ਵਿੱਚ ਪੂਰਾ ਵਿਸ਼ਵਾਸ ਹੈ।' ਉਨ੍ਹਾ ਵਿਰੋਧੀ ਧਿਰ ਨੂੰ ਹੰਗਾਮਾ ਕਰਨ ਦੀ ਬਜਾਏ ਸੰਸਦ ਦੀ ਮਰਿਆਦਾ ਅਨੁਸਾਰ ਚਰਚਾ ਵਿੱਚ ਭਾਗ ਲੈਣ ਦੀ ਅਪੀਲ ਕੀਤੀ।

## ਇੱਕ ਕਰੋੜ 80 ਲੱਖ ਦੇ ਘਪਲੇ 'ਚ ਤੱਤਕਾਲੀ ਏ ਡੀ ਸੀ ਨਾਮਜ਼ਦ



**ਫਿਰੋਜ਼ਪੁਰ** (ਨ ਜ਼ ਸ) ਕਰੀਬਨ ਡੇਢ ਸਾਲ ਪਹਿਲਾਂ ਬਲਾਕ ਪੰਚਾਇਤ ਅਫਸਰ ਫਿਰੋਜ਼ਪੁਰ ਦੇ ਦਫਤਰ ਨਾਲ ਸੰਬੰਧਤ ਤਕਰੀਬਨ ਇੱਕ ਕਰੋੜ 80 ਲੱਖ ਰੁਪਏ ਦੀਆਂ ਇੰਟਰਲਾਕਿੰਗ ਟਾਈਲਾਂ ਦੀ ਕਥਿਤ ਖੁਰਦ-ਬੁਰਦ ਦੇ ਮਾਮਲੇ ਵਿੱਚ ਤੱਤਕਾਲੀ ਏ ਡੀ ਸੀ (ਡੀ) ਅਰੁਣ ਸ਼ਰਮਾ ਨੂੰ ਵੀ ਵਿਜੀਲੈਂਸ ਨੇ ਨਾਮਜ਼ਦ ਕਰ ਲਿਆ ਹੈ। ਥਾਣਾ ਵਿਜੀਲੈਂਸ ਸਿਟੀ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਸੀ। ਤਕਰੀਬਨ 1 ਕਰੋੜ 80 ਲੱਖ ਰੁਪਏ ਦੀ ਪੇਮੈਂਟ ਇੱਕ ਠੇਕੇਦਾਰ ਦੇ ਖਾਤੇ ਵਿੱਚ ਆਨਲਾਈਨ ਟਰਾਂਸਫਰ ਕੀਤੀ ਗਈ ਸੀ, ਪਰ ਇਹ ਸਪਸ਼ਟ ਨਹੀਂ ਹੋ ਸਕਿਆ ਕਿ ਇਹ ਟਾਈਲਾਂ ਕਿੱਥੇ ਅਤੇ ਕਦੋਂ ਲਗਾਈਆਂ ਗਈਆਂ। ਵਿਜੀਲੈਂਸ ਨੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਪ੍ਰਬੰਧਕੀ ਸਕੱਤਰ ਤੋਂ 6 ਮਈ 2026 ਨੂੰ ਜਾਂਚ ਦੀ ਪ੍ਰਵਾਨਗੀ ਲਈ ਸੀ। ਜਾਂਚ ਦੇ ਆਧਾਰ 'ਤੇ ਅਰੁਣ ਸ਼ਰਮਾ, ਜੋ ਹੁਣ ਡਿਪਟੀ ਡਾਇਰੈਕਟਰ ਪੇਂਡੂ ਵਿਕਾਸ ਪੰਚਾਇਤ ਵਿਭਾਗ ਹਨ, ਦਾ ਨਾਂਅ ਵੀ ਸਾਹਮਣੇ ਆਇਆ ਹੈ।

## ਹਵਾਰਾ ਨੂੰ ਪੈਰੋਲ ਦਿਵਾਉਣ ਲਈ ਮਾਨ ਰਾਜਪਾਲ ਨੂੰ ਮਿਲੇ

**ਚੰਡੀਗੜ੍ਹ** (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਕੇ ਜਗਤਾਰ ਸਿੰਘ ਹਵਾਰਾ ਨੂੰ 10 ਦਿਨਾਂ ਦੀ ਪੈਰੋਲ ਦੇਣ ਲਈ ਉਨ੍ਹਾ ਦੇ ਦਖ਼ਲ ਦੀ ਮੰਗ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ 31 ਸਾਲਾਂ ਬਾਅਦ ਉਨ੍ਹਾ ਦੀ ਬਿਮਾਰ ਮਾਤਾ ਦੀ ਪੁੱਤਰ ਨੂੰ ਮਿਲਣ ਦੀ ਉਮੀਦ ਫਿਰ ਤੋਂ ਜਾਗੀ ਹੈ।ਇਸ ਮਾਮਲੇ ਵਿੱਚ ਰਾਜਪਾਲ ਦੀ ਸਿਫ਼ਾਰਸ਼ ਦੀ ਲੋੜ ਹੈ, ਕਿਉਂਕਿ ਕੇਸ ਦੀ ਸੁਣਵਾਈ ਦਿੱਲੀ ਵਿੱਚ ਚੱਲ ਰਹੀ ਹੈ। ਰਾਜਪਾਲ ਨੂੰ ਮਨੁੱਖਤਾ ਦੇ ਆਧਾਰ 'ਤੇ ਇਸ ਮਾਮਲੇ 'ਤੇ ਵਿਚਾਰ ਕਰਨ ਦੀ ਅਪੀਲ ਕਰਦਿਆਂ ਮਾਨ ਨੇ ਕਿਹਾ, 'ਜਗਤਾਰ ਸਿੰਘ ਹਵਾਰਾ ਪਿਛਲੇ 31 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹਨ। ਉਨ੍ਹਾ ਦੀ ਮਾਤਾ ਬਿਰਧ ਅਵਸਥਾ ਵਿੱਚ ਹਨ, ਉਮਰ ਨਾਲ ਸੰਬੰਧਤ ਸਿਹਤ ਸਮੱਸਿਆਵਾਂ ਤੋਂ ਪੀੜਤ ਹਨ ਅਤੇ ਇਸ ਵੇਲੇ ਨੀਮ-ਬੇਹੋਸ਼ੀ ਦੀ ਹਾਲਤ ਵਿੱਚ ਹਨ। ਉਨ੍ਹਾ ਦੀ ਵਿਗੜ ਰਹੀ ਸਿਹਤ ਨੂੰ ਦੇਖਦੇ ਹੋਏ ਮੈਂ ਰਾਜਪਾਲ ਨੂੰ ਬੇਨਤੀ ਕੀਤੀ ਹੈ ਕਿ ਉਹ ਜਗਤਾਰ ਸਿੰਘ ਹਵਾਰਾ ਨੂੰ ਛੋਟੀ ਤੋਂ ਛੋਟੀ 10 ਦਿਨਾਂ ਦੀ ਪੈਰੋਲ ਦੇਣ 'ਤੇ ਹਮਦਰਦੀ ਨਾਲ ਵਿਚਾਰ ਕਰਨ, ਤਾਂ ਜੋ ਉਹ ਆਪਣੀ ਮਾਤਾ ਨੂੰ ਮਿਲ ਸਕਣ।' ਉਨ੍ਹਾ ਕਿਹਾ, 'ਚੰਡੀਗੜ੍ਹ ਦੇ ਪ੍ਰਸ਼ਾਸਕ ਹੋਣ ਦੇ ਨਾਤੇ ਇਸ ਸੰਬੰਧੀ ਫੈਸਲਾ ਲੈਣ ਲਈ ਰਾਜਪਾਲ ਦੀ ਸਿਫ਼ਾਰਸ਼ ਜ਼ਰੂਰੀ ਹੈ। ਰਾਜਪਾਲ ਨੂੰ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਲਈ ਪੰਜਾਬ ਸਰਕਾਰ ਦੀ ਪੂਰੀ ਜ਼ਿੰਮੇਵਾਰੀ ਦਾ ਭਰੋਸਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਹਵਾਰਾ ਦੇ ਆਪਣੇ ਘਰ ਆਉਣ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਦੀ ਸੂਬਾ ਸਰਕਾਰ ਪੂਰੀ ਗਾਰੰਟੀ ਲੈਂਦੀ ਹੈ। ਉਨ੍ਹਾ ਦੇ ਸਮਰਥਕਾਂ ਅਤੇ ਪਰਵਾਰਕ ਮੈਂਬਰਾਂ ਨੇ ਵੀ ਇਸ ਸੰਬੰਧ ਵਿੱਚ ਸੂਬਾ ਸਰਕਾਰ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਹੈ।'



### ਕੁਝ ਘੰਟਿਆਂ ਦੀ ਹੀ ਪੈਰੋਲ ਮਿਲਣ ਦੀ ਸੰਭਾਵਨਾ

**ਚੰਡੀਗੜ੍ਹ:** ਕੇਂਦਰੀ ਗ੍ਰਹਿ ਮੰਤਰਾਲਾ ਦਿੱਲੀ ਦੀ ਜੇਲ੍ਹ ਵਿੱਚ ਬੰਦ ਜਗਤਾਰ ਸਿੰਘ ਹਵਾਰਾ ਨੂੰ ਮੁੱਢਲੇ ਪੜਾਅ 'ਤੇ ਸੀਮਤ ਸਮੇਂ ਲਈ ਪੈਰੋਲ ਦੇਣ ਦੇ ਰੌਂਅ ਵਿੱਚ ਜਾਪਦਾ ਹੈ। ਸੂਤਰਾਂ ਮੁਤਾਬਕ ਪੰਜਾਬ ਦੇ ਰਾਜਪਾਲ ਨੇ ਜਗਤਾਰ ਸਿੰਘ ਹਵਾਰਾ ਦੀ ਮਾਤਾ ਦੀ ਸਿਹਤ ਦੀ ਜਾਂਚ ਰਿਪੋਰਟ ਪੀ ਜੀ ਆਈ ਦੇ ਡਾਕਟਰਾਂ ਦੀ ਟੀਮ ਜ਼ਰੀਏ ਮੰਗਵਾ ਲਈ ਹੈ। ਇਸ ਟੀਮ ਕੋਲ ਹਵਾਰਾ ਦੀ ਮਾਤਾ ਨੇ ਆਪਣੀ ਅੰਤਮ ਇੱਛਾ ਜ਼ਾਹਿਰ ਕੀਤੀ ਹੈ ਅਤੇ ਉਹ ਆਪਣੇ ਪੁੱਤਰ ਨੂੰ ਅਖੀਰਲੇ ਸਮੇਂ ਤੋਂ ਪਹਿਲਾਂ ਮਿਲਣਾ ਚਾਹੁੰਦੀ ਹੈ। ਰਾਜਪਾਲ ਨੇ ਕੇਂਦਰੀ ਗ੍ਰਹਿ ਮੰਤਰਾਲੇ ਨਾਲ ਰਾਬਤਾ ਕਾਇਮ ਕੀਤਾ ਹੋਇਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਚਾਹੁੰਦੇ ਹਨ ਕਿ • ਬਾਕੀ ਸਫਾ 2 'ਤੇ

## ਚੋਣਾਂ 'ਚ ਲਾਭ ਲੈਣ ਵੇਲੇ ਤਾਂ ਰਾਮ ਮੰਦਰ ਸੂਬੇ ਦਾ ਮੁੱਦਾ ਨਹੀਂ ਸੀ : ਪ੍ਰਿਅੰਕਾ



**ਨਵੀਂ ਦਿੱਲੀ** (ਨ ਜ਼ ਸ) ਪ੍ਰਿਅੰਕਾ ਗਾਂਧੀ ਨੇ ਬੁੱਧਵਾਰ ਭਾਜਪਾ ਦੀ ਅਗਵਾਈ ਵਾਲੀ ਸਰਕਾਰ 'ਤੇ ਰਾਮ ਮੰਦਰ ਦੇ ਦਾਨ ਦੇ ਗਬਨ 'ਤੇ ਸੰਸਦ ਵਿੱਚ ਸਵਾਲਾਂ ਦੇ ਜਵਾਬ ਦੇਣ ਤੋਂ ਇਨਕਾਰ ਕਰਨ ਦਾ ਦੋਸ਼ ਲਾਉਂਦਿਆਂ ਕਿਹਾ ਕਿ ਜਦੋਂ ਪਾਰਟੀ ਨੇ ਲੋਕ ਸਭਾ ਚੋਣਾਂ ਤੋਂ ਪਹਿਲਾਂ ਮੰਦਰ ਦੀ ਸਿਆਸੀ ਤੌਰ 'ਤੇ ਵਰਤੋਂ ਕੀਤੀ ਸੀ ਤਾਂ ਇਸ ਮੁੱਦੇ ਨੂੰ ਰਾਜ ਦਾ ਵਿਸ਼ਾ ਨਹੀਂ ਕਿਹਾ ਜਾ ਸਕਦਾ। ਪ੍ਰਿਅੰਕਾ ਨੇ ਕਿਹਾ, 'ਦੇਸ਼ ਭਰ ਦੇ ਲੋਕਾਂ ਨੇ ਆਪਣੀ ਆਸਥਾ ਕਾਰਨ ਰਾਮ ਮੰਦਰ ਲਈ ਦਾਨ ਦਿੱਤਾ। ਗਰੀਬ ਲੋਕਾਂ ਨੇ ਦਾਨ ਦਿੱਤਾ, ਕਿਉਂਕਿ ਉਨ੍ਹਾਂ ਨੂੰ ਦੱਸਿਆ ਗਿਆ ਸੀ ਕਿ ਇਹ ਮੰਦਰ ਲਈ ਹੈ। ਲੋਕ ਭਗਵਾਨ ਰਾਮ ਵਿੱਚ ਸਿਰਫ ਦੇਸ਼ ਵਿੱਚ ਹੀ ਨਹੀਂ, ਸਗੋਂ ਮਲੇਸ਼ੀਆ, ਇੰਡੋਨੇਸ਼ੀਆ ਅਤੇ ਥਾਈਲੈਂਡ ਵਿੱਚ ਵੀ ਵਿਸ਼ਵਾਸ ਰੱਖਦੇ ਹਨ। ਹੁਣ ਤੁਸੀਂ ਕਹਿ ਰਹੇ ਹੋ ਕਿ ਇਹ ਇੱਕ ਰਾਜ ਦਾ ਵਿਸ਼ਾ ਹੈ। ਜਦੋਂ ਚੋਣਾਂ 'ਚ ਲਾਭ ਉਠਾਉਣਾ ਸੀ, ਤਾਂ ਇਹ ਰਾਜ ਦਾ ਵਿਸ਼ਾ ਨਹੀਂ ਸੀ। ਹੁਣ ਇਹ ਰਾਜ ਦਾ ਵਿਸ਼ਾ ਬਣ ਗਿਆ ਹੈ।'

ਪ੍ਰਿਅੰਕਾ ਨੇ ਇਹ ਵੀ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਮ ਮੰਦਰ ਦਾ ਉਦਘਾਟਨ ਕੀਤਾ ਸੀ ਅਤੇ ਦੇਸ਼ ਭਰ ਤੋਂ ਸ਼ਰਧਾਲੂ ਇਸ ਸਮਾਗਮ ਵਿੱਚ ਸ਼ਾਮਲ ਹੋਏ ਸਨ, ਤਾਂ ਫਿਰ ਇਸ ਮੁੱਦੇ ਨੂੰ ਹੁਣ ਰਾਜ ਦਾ ਮਾਮਲਾ ਕਿਉਂ ਮੰਨਿਆ ਜਾ ਰਿਹਾ ਹੈ। ਉਦਘਾਟਨ ਕਰਨ ਵਾਲੇ ਮੋਦੀ ਕਿਸੇ ਰਾਜ ਦੇ ਨਹੀਂ, ਸਗੋਂ ਦੇਸ਼ ਦੇ ਪ੍ਰਧਾਨ ਮੰਤਰੀ ਸਨ।

## ਪੰਜਾਬੀ 'ਵਰਸਿਟੀ ਦੇ ਵੀ ਸੀ ਦੇ ਦਫਤਰ ਬਾਹਰ ਪੱਕਾ ਧਰਨਾ ਸ਼ੁਰੂ

**ਪਟਿਆਲਾ** (ਰਾਜਿੰਦਰ ਸਿੰਘ ਥਿੰਦ)

ਪੰਜਾਬੀ ਯੂਨੀਵਰਸਿਟੀ ਪਟਿਆਲਾ 'ਚ ਫੀਸ ਵਾਧੇ ਵਿਰੋਧੀ ਫਰੰਟ ਵੱਲੋਂ ਯੂਨੀਵਰਸਿਟੀ ਵਿੱਚ ਫੀਸਾਂ ਚ ਕੀਤੇ ਵਾਧੇ ਅਤੇ ਬੁਨਿਆਦੀ ਸਹੂਲਤਾਂ ਲਈ ਵੀ ਸੀ ਦਫਤਰ ਬਾਹਰ ਪੱਕੇ ਧਰਨੇ ਦੀ ਸ਼ੁਰੂਆਤ ਕੀਤੀ ਗਈ ਅਤੇ ਬੁੱਧਵਾਰ ਕੈਬਨਿਟ ਮੰਤਰੀ ਬਲਬੀਰ ਸਿੰਘ ਨੂੰ ਘੇਰ ਕੇ ਸਵਾਲ ਕੀਤੇ ਗਏ। ਵਿਦਿਆਰਥੀਆਂ ਨੇ ਮੰਤਰੀ ਨੂੰ ਪੁੱਛਿਆ ਕਿ ਪੰਜਾਬ ਸਰਕਾਰ ਦੁਆਰਾ ਯੂਨੀਵਰਸਿਟੀ ਦਾ 150 ਕਰੋੜ ਦਾ ਕਰਜ਼ਾ ਮਾਫ਼ ਕਰਨ ਦਾ ਵਾਅਦਾ ਕਿਉਂ ਨਹੀਂ ਪੂਰਾ ਕੀਤਾ ਗਿਆ ਅਤੇ ਵਾਅਦੇ ਅਨੁਸਾਰ ਹਰ ਸਾਲ ਯੂਨੀਵਰਸਿਟੀ ਦੀ ਗ੍ਰਾਂਟ 6 ਫੀਸਦੀ ਕਿਉਂ ਨਹੀਂ ਵਧਾਈ ਗਈ। ਫਰੰਟ ਨੇ ਮੰਗ ਕੀਤੀ ਕਿ ਹੋਸਟਲਾਂ ਅਤੇ ਕੋਰਸਾਂ ਦੀਆਂ ਵਧਾਈਆਂ ਫੀਸਾਂ ਤੁਰੰਤ ਵਾਪਸ ਲਈਆਂ ਜਾਣ ਅਤੇ ਯੂਨੀਵਰਸਿਟੀ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਕੀਤਾ ਜਾਵੇ।



ਪ੍ਰਦਰਸ਼ਨ ਦੇ ਪਹਿਲੇ ਦਿਨ ਪੀ ਐੱਸ ਯੂ ਵੱਲੋ ਵਕਸ਼ਿਤ ਗਰਗ, ਐੱਸ ਐੱਫ ਆਈ. ਵੱਲੋਂ ਰਮਨਦੀਪ ਸਿੰਘ, ਪੀ ਐੱਸ ਐੱਫ ਵੱਲੋਂ ਗਗਨ, ਏ ਆਈ ਐੱਸ ਐੱਫ ਤੋਂ ਰਾਹੁਲ, ਪੀ ਐੱਸ ਯੂ (ਲ) ਵੱਲੋਂ ਹਰਪੀਤ ਸਿੰਘ, ਡੀ ਐੱਸ ਓ ਤੋਂ ਪਾਰਸ, ਅਗਰਗਾਮੀ ਤੋਂ ਵਿਕਾਸ ਅਦਮ, ਪੀ ਆਰ ਐੱਸ ਯੂ ਤੋਂ ਕੇਸ਼ਵ ਨੇ ਸੰਬੋਧਨ ਕੀਤਾ। ਬੁਲਾਰਿਆ ਨੇ ਕਿਹਾ ਪੰਜਾਬੀ ਯੂਨੀਵਰਸਿਟੀ ਦੁਆਰਾ ਵਿਦਿਆਰਥੀਆਂ ਦੀਆਂ ਹੋਸਟਲ ਅਤੇ ਵਿਭਾਗੀ ਫੀਸਾਂ ਵਿੱਚ ਭਾਰੀ ਵਾਧੇ ਕੀਤੇ ਗਏ ਹਨ। ਹੋਸਟਲ ਫੀਸਾਂ ਵਿੱਚ ਲਗਭਗ 30 ਤੋਂ ਲੈ ਕੇ 42% ਤੱਕ ਵਾਧਾ ਕੀਤਾ ਗਿਆ ਹੈ ਅਤੇ ਵਿਭਾਗੀ ਫੀਸਾਂ ਵਿੱਚ 10 ਫੀਸਦੀ ਤੋਂ ਲੈ ਕੇ 657 ਫੀਸਦੀ ਤੱਕ ਵਾਧੇ ਕੀਤੇ ਗਏ ਹਨ, ਜਿਵੇਂ ਕਿ ਫਿਲਮ ਮੇਕਿੰਗ ਵਿਭਾਗ ਵਿੱਚ ਫੀਸ 16 ਹਜਾਰ ਤੋਂ ਵਧਾ ਕੇ 122000 ਕਰ ਦਿੱਤੀ ਗਈ ਹੈ। MBA (international business) 2 ਲੱਖ 63 ਹਜ਼ਾਰ ਤੋਂ ਵਧਾ ਕੇ 2 ਲੱਖ 90 ਹਜ਼ਾਰ ਕਰ ਦਿੱਤੀ ਹੈ, MPT ਦੀ ਫੀਸ 148000, ਬੀ ਟੈਕ ਦੀ ਫੀਸ 129000 ਕਰ ਦਿੱਤੀ ਗਈ ਹੈ। ਵਿਦਿਆਰਥੀ ਜਥੇਬੰਦੀਆਂ ਇਸ ਦੇ ਖਿਲਾਫ ਸੰਘਰਸ਼ ਕਰ ਰਹੀਆਂ ਹਨ। ਉਹਨਾਂ ਦਾ ਕਹਿਣਾ ਇਹ ਹੈ ਕਿ ਸਿੱਖਿਆ ਕੋਈ ਜਿਨਸ ਨਹੀਂ ਹੈ, ਜਿਸ ਨੂੰ ਖਰੀਦਿਆ ਤੇ ਵੇਚਿਆ ਜਾਂਦਾ ਹੈ, ਇਹ ਸਰਕਾਰ ਦੀ ਜ਼ਿੰਮੇਵਾਰੀ ਹੈ ਤੇ ਸਿੱਖਿਆ ਹਰ ਵਿਅਕਤੀ ਦੇ ਪਹੁੰਚ ਵਿੱਚ ਹੋਣੀ ਚਾਹੀਦੀ ਹੈ। ਯੂਨੀਵਰਸਿਟੀ ਦਾ ਇਸ ਸਾਲ ਦਾ ਕੁੱਲ ਬਜਟ 732 ਕਰੋੜ ਦਾ ਹੈ, • ਬਾਕੀ ਸਫਾ 2 'ਤੇ

## ਮਹਿਲਾ ਰਾਖਵਾਂਕਰਨ ਤੇ ਹੱਦਬੰਦੀ ਬਿੱਲ ਟਲਣਗੇ

**ਨਵੀਂ ਦਿੱਲੀ:** ਸਰਕਾਰ ਇਸ ਪਾਰਲੀਮੈਂਟ ਸੈਸ਼ਨ ਦੌਰਾਨ ਵਿਵਾਦਪੂਰਨ ਹੱਦਬੰਦੀ ਅਤੇ ਮਹਿਲਾ ਰਾਖਵੇਂਕਰਨ ਦੇ ਏਜੰਡੇ ਨੂੰ ਛੱਡਦੀ ਨਜ਼ਰ ਆ ਰਹੀ ਹੈ, ਕਿਉਂਕਿ ਕੇਂਦਰੀ ਕੈਬਨਿਟ ਦੀ ਮੀਟਿੰਗ, ਜੋ ਪਹਿਲਾਂ ਵੀਰਵਾਰ ਲਈ ਤੈਅ ਸੀ, ਹੁਣ ਰੱਦ ਕਰ ਦਿੱਤੀ ਗਈ ਹੈ। ਸਰਕਾਰ ਵੱਲੋਂ 13 ਅਗਸਤ (ਮੌਨਸੂਨ ਸੈਸ਼ਨ ਦਾ ਆਖਰੀ ਦਿਨ) ਨੂੰ ਕੈਬਨਿਟ ਮੀਟਿੰਗ ਦੇ ਪਹਿਲਾਂ ਕੀਤੇ ਗਏ ਐਲਾਨ ਨਾਲ ਇਹ ਅਟਕਲਾਂ ਲੱਗ ਰਹੀਆਂ ਸਨ ਕਿ ਸੰਵਿਧਾਨ ਸੋਧ ਬਿੱਲਾਂ ਨੂੰ ਕੈਬਨਿਟ ਵੱਲੋਂ ਮਨਜ਼ੂਰੀ ਦਿੱਤੀ ਜਾ ਸਕਦੀ ਹੈ ਅਤੇ ਆਖਰੀ ਸਮੇਂ 'ਤੇ ਪਾਰਲੀਮੈਂਟ ਵਿੱਚ ਦੁਬਾਰਾ ਪੇਸ਼ ਕੀਤਾ ਜਾ ਸਕਦਾ ਹੈ, ਜੋ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਅਚਾਨਕ ਵੱਡੇ ਫੈਸਲੇ ਲੈਣ ਦੇ ਅੰਦਾਜ਼ ਨਾਲ ਮੇਲ ਖਾਂਦਾ ਹੈ। ਸੰਵਿਧਾਨਕ ਸੋਧਾਂ ਲਈ ਹਾਜ਼ਰ ਅਤੇ ਵੋਟ ਪਾਉਣ ਵਾਲੇ ਸੰਸਦ ਮੈਂਬਰਾਂ ਦੇ ਦੋ-ਤਿਹਾਈ ਹਿੱਸੇ ਦੇ ਵਿਸ਼ੇਸ਼ ਬਹੁਮਤ ਦੀ ਲੋੜ ਹੁੰਦੀ ਹੈ; ਇਸ ਬਿੱਲ ਦਾ ਪਿਛਲਾ ਰੂਪ ਅਪਰੈਲ ਵਿੱਚ ਵਿਰੋਧੀ ਧਿਰ ਵੱਲੋਂ ਹਰਾ ਦਿੱਤਾ ਗਿਆ ਸੀ

## ਜਸਟਿਸ ਵਰਮਾ ਖਿਲਾਫ ਦੋਸ਼ ਸਾਬਤ



**ਨਵੀਂ ਦਿੱਲੀ :** ਲੋਕ ਸਭਾ ਦੀ ਜਾਂਚ ਕਮੇਟੀ ਨੇ ਆਪਣੀ ਰਿਪੋਰਟ ਵਿੱਚ ਪਾਇਆ ਹੈ ਕਿ ਜਸਟਿਸ ਯਸ਼ਵੰਤ ਵਰਮਾ ਵਿਰੁੱਧ ਉਨ੍ਹਾ ਦੀ ਅਧਿਕਾਰਤ ਰਿਹਾਇਸ਼ ਤੋਂ ਨਕਦੀ ਬਰਾਮਦ ਹੋਣ ਦੇ ਮਾਮਲੇ ਵਿੱਚ ਲਗਾਏ ਗਏ ਦੋਸ਼ ਪੂਰੀ ਤਰ੍ਹਾਂ ਸਾਬਤ ਹੁੰਦੇ ਹਨ। ਜਾਂਚ ਕਮੇਟੀ ਨੇ ਸਪੱਸ਼ਟ ਕੀਤਾ ਹੈ ਕਿ ਆਪਣੇ ਸਰਕਾਰੀ ਬੰਗਲੇ ਤੋਂ ਮਿਲੀ ਨਕਦੀ ਦੇ ਸੰਬੰਧ ਵਿੱਚ ਜਸਟਿਸ ਵਰਮਾ ਵੱਲੋਂ ਦਿੱਤਾ ਗਿਆ ਸਪੱਸ਼ਟੀਕਰਨ ਟਾਲਮਟੋਲ ਵਾਲਾ ਅਤੇ ਅਸੰਤੋਸ਼ਜਨਕ ਸੀ। ਕਮੇਟੀ ਅਨੁਸਾਰ ਜੱਜ ਦਾ ਪੱਖ ਪਾਰਦਰਸ਼ਤਾ ਅਤੇ ਸੰਸਥਾਗਤ ਜ਼ਿੰਮੇਵਾਰੀ ਦੀ ਭਾਵਨਾ ਨੂੰ ਨਹੀਂ ਦਰਸਾਉਂਦਾ। ਜਾਂਚ ਕਮੇਟੀ ਦੀ ਜਾਣਕਾਰੀ ਮੁਤਾਬਕ ਘਟਨਾ ਤੋਂ ਬਾਅਦ ਮਹੱਤਵਪੂਰਨ ਸਮੱਗਰੀ ਅਤੇ ਸਬੂਤਾਂ ਨੂੰ ਸੁਰੱਖਿਅਤ ਜਾਂ ਸੰਭਾਲ ਕੇ ਨਹੀਂ ਰੱਖਿਆ ਗਿਆ, ਜਿਸ ਸਟੋਰ ਰੂਮ ਵਿੱਚੋਂ ਨਕਦੀ ਬਰਾਮਦ ਹੋਈ ਸੀ, ਉਸ ਨਾਲ ਛੇੜਛਾੜ ਕੀਤੀ ਗਈ ਸੀ ਅਤੇ ਉਸ ਦੀ ਮੂਲ ਸਥਿਤੀ ਨੂੰ ਪ੍ਰਭਾਵਤ ਕੀਤਾ ਗਿਆ ਸੀ। ਸਰਕਾਰੀ ਰਿਹਾਇਸ਼ ਤੋਂ ਬਿਨਾਂ ਹਿਸਾਬ-ਕਿਤਾਬ ਵਾਲੀ ਨਕਦੀ ਬਰਾਮਦ ਹੋਣ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਜਸਟਿਸ ਵਰਮਾ ਵਿਰੁੱਧ ਜਾਂਚ ਕਮੇਟੀ ਦੀ ਰਿਪੋਰਟ ਸੰਸਦ ਦੇ ਦੋਵਾਂ ਸਦਨਾਂ (ਲੋਕ ਸਭਾ ਤੇ ਰਾਜ ਸਭਾ) ਵਿੱਚ ਪੇਸ਼ ਕਰ ਦਿੱਤੀ ਗਈ ਹੈ।

## ਜੰਤਰ-ਮੰਤਰ ਸੀਜ਼ਨ-2 ਛੇਤੀ : ਦੀਪਕੇ

**ਨਵੀਂ ਦਿੱਲੀ :** ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ ਨੇ ਕਿਹਾ ਹੈ ਕਿ ਜੰਤਰ-ਮੰਤਰ ਦਾ ਸੀਜ਼ਨ-2 ਬਹੁਤ ਜਲਦੀ ਸ਼ੁਰੂ ਹੋਵੇਗਾ। 'ਸੀਜ਼ਨ-1' ਦਾ ਹਵਾਲਾ ਪਿਛਲੇ ਮਹੀਨੇ ਦਿੱਲੀ ਦੇ ਜੰਤਰ-ਮੰਤਰ 'ਤੇ ਹੋਏ ਵਿਦਿਆਰਥੀਆਂ ਦੀ ਅਗਵਾਈ ਵਾਲੇ ਅੰਦੋਲਨ ਵੱਲ ਇਸ਼ਾਰਾ ਕਰਦਾ ਹੈ। ਦੀਪਕੇ ਨੇ ਕਿਹਾ, "ਬਹੁਤ ਸਾਰੇ ਲੋਕ ਇੰਸਟਾਗ੍ਰਾਮ 'ਤੇ ਪੁੱਛ ਰਹੇ ਹਨ ਕਿ 'ਜੰਤਰ-ਮੰਤਰ' ਦਾ ਸੀਜ਼ਨ-2 ਕਦੋਂ ਸ਼ੁਰੂ ਹੋਵੇਗਾ, ਮੈਂ ਉਨ੍ਹਾਂ ਨੂੰ ਦੱਸਣਾ ਚਾਹੁੰਦਾ ਹਾਂ ਕਿ ਇਹ ਬਹੁਤ ਜਲਦੀ ਸ਼ੁਰੂ ਹੋਣ ਵਾਲਾ ਹੈ।" ਦੀਪਕੇ ਨੇ ਇਹ ਵੀ ਦੋਸ਼ ਲਗਾਇਆ ਕਿ ਪਾਰਟੀ ਨੂੰ ਦਿੱਲੀ ਵਿੱਚ ਵਲੰਟੀਅਰਾਂ ਦੀ ਮੀਟਿੰਗ ਲਈ ਜਗ੍ਹਾ ਲੱਭਣ ਵਿੱਚ ਮੁਸ਼ਕਲ ਆ ਰਹੀ ਹੈ, ਕਿਉਂਕਿ ਕਈ ਹਾਲ ਮਾਲਕ ਉਪਰਲੇ ਦਬਾਅ ਕਾਰਨ ਜਗ੍ਹਾ ਕਿਰਾਏ 'ਤੇ ਦੇਣ ਤੋਂ ਇਨਕਾਰ ਕਰ ਰਹੇ ਹਨ। ਉਸ ਨੇ ਕਿਹਾ, 'ਅਸੀਂ ਬਹੁਤ ਮੁਸ਼ਕਲ ਨਾਲ ਇਕ ਹਾਲ ਲੈਣ ਵਿੱਚ ਕਾਮਯਾਬ ਹੋਏ ਸੀ। ਸਾਡੇ ਕੋਲ ਇਸ ਦੀ ਰਸੀਦ ਵੀ ਹੈ। ਹਾਲਾਂਕਿ, ਮਾਲਕਾਂ ਨੂੰ ਅੱਜ ਸਵੇਰੇ ਧਮਕੀਆਂ ਮਿਲੀਆਂ ਕਿ ਜੇ ਉਹ ਸੀ ਜੇ ਪੀ ਦੀ ਮੀਟਿੰਗ ਹੋਣ ਦੇਣਗੇ ਤਾਂ ਉਨ੍ਹਾਂ ਨੂੰ ਉਲਟਾ ਲਟਕਾਇਆ ਜਾਵੇਗਾ...।' ਦੀਪਕੇ ਨੇ ਕਿਹਾ, 'ਇਹ ਸਭ ਭਾਜਪਾ ਵੱਲੋਂ ਕੀਤਾ ਜਾ ਰਿਹਾ ਹੈ... ਉਹ ਨੌਜਵਾਨਾਂ ਤੋਂ ਡਰਦੇ ਹਨ...ਜੇ ਉਹ ਸੋਚਦੇ ਹਨ ਕਿ ਅਜਿਹੀਆਂ ਛੋਟੀਆਂ ਕਾਰਵਾਈਆਂ ਸਾਨੂੰ ਡਰਾਉਣਗੀਆਂ, ਤਾਂ ਉਹ ਬਹੁਤ ਗਲਤ ਹਨ...।'

## ਪਿੰਡਾਂ 'ਚ ਸੋਲਰ ਲਾਈਟਾਂ ਦੇ ਕੰਮ ਦੇ ਪੱਤਰ ਜਾਰੀ



**ਚੰਡੀਗੜ੍ਹ** (ਗੁਰਜੀਤ ਬਿੱਲਾ)- ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਹੈ ਕਿ 13000 ਤੋਂ ਵੱਧ ਪਿੰਡਾਂ ਵਿੱਚ 470 ਕਰੋੜ ਰੁਪਏ ਦੀ ਲਾਗਤ ਨਾਲ 3 ਲੱਖ ਤੋਂ ਵੱਧ ਸੋਲਰ ਲਾਈਟਾਂ ਲਗਾਈਆਂ ਜਾਣਗੀਆਂ। ਅਗਲੇ ਪੰਜ ਸਾਲਾਂ ਤੱਕ ਲਾਈਟਾਂ ਦੀ ਮੁਰੰਮਤ ਦੀ ਜ਼ਿੰਮੇਵਾਰੀ ਪੇਡਾ ਅਤੇ ਸੰਬੰਧਤ ਕੰਪਨੀ ਦੀ ਹੋਵੇਗੀ। ਅਰੋੜਾ ਨੇ ਕਿਹਾ ਕਿ ਪਹਿਲੇ ਪੜਾਅ ਵਿੱਚ 2600 ਪਿੰਡਾਂ ਵਿੱਚ 81 ਕਰੋੜ ਰੁਪਏ ਦੀ ਲਾਗਤ ਨਾਲ 50,870 ਲਾਈਟਾਂ ਲਗਾਈਆਂ ਜਾਣਗੀਆਂ। ਇਸ ਲਈ 8 ਠੇਕੇਦਾਰਾਂ ਨੂੰ ਕੰਮ ਅਲਾਟ ਕਰ ਦਿੱਤਾ ਗਿਆ ਹੈ ਅਤੇ ਬੁੱਧਵਾਰ ਸੰਬੰਧਤ ਕੰਪਨੀਆਂ ਨੂੰ ਕੰਮ ਦੀ ਵੰਡ ਦੇ ਪੱਤਰ ਜਾਰੀ ਕਰ ਦਿੱਤੇ ਗਏ ਹਨ।

## ਬੀ ਬੀ ਐੱਮ ਬੀ ਪ੍ਰੋਜੈਕਟਾਂ ਨੂੰ ਲੈ ਕੇ ਪੰਜਾਬ-ਹਿਮਾਚਲ ਝੇੜਾ ਹੱਲ ਹੋਣ ਦੇ ਆਸਾਰ

**ਨਵੀਂ ਦਿੱਲੀ** (ਨ ਜ਼ ਸ) : ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ ਬੀ ਐੱਮ ਬੀ) ਮਾਮਲੇ ਵਿੱਚ ਕੇਂਦਰ ਸਰਕਾਰ ਨੇ ਬੁੱਧਵਾਰ ਸੁਪਰੀਮ ਕੋਰਟ ਨੂੰ ਦੱਸਿਆ ਕਿ ਪੰਜਾਬ ਸਰਕਾਰ ਕੇਂਦਰ ਵੱਲੋਂ ਸੁਝਾਏ ਬਕਾਏ ਦੇਣ ਵਾਲੇ ਪ੍ਰਸਤਾਵ 'ਤੇ ਸਹਿਮਤੀ ਦੇਣ ਦੇ ਨੇੜੇ ਪੁੱਜ ਗਈ ਹੈ ਤੇ ਜਲਦੀ ਹੀ ਮਾਮਲਾ ਹੱਲ ਹੋ ਜਾਵੇਗਾ। ਚੀਫ ਜਸਟਿਸ ਸੂਰੀਆ ਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ ਮੋਹਨਾ ਦੀ ਬੈਂਚ ਦੇ ਸਾਹਮਣੇ ਅਟਾਰਨੀ ਜਨਰਲ ਆਰ ਵੈਂਕਟਰਮਨੀ ਨੇ ਕੇਂਦਰ ਵੱਲੋਂ ਪੱਖ ਰੱਖਦਿਆਂ ਕਿਹਾ ਕਿ ਸਾਰੇ ਪੱਖ ਹੁਣ ਇੱਕੋ ਸੁਰ ਵਿੱਚ ਗੱਲ ਕਰ ਰਹੇ ਹਨ ਅਤੇ ਜਲਦ ਹੀ ਮਤਭੇਦਾਂ ਨੂੰ ਸੁਲਝਾ ਲਿਆ ਜਾਵੇਗਾ। ਅਦਾਲਤ ਨੇ ਅਗਲੀ ਸੁਣਵਾਈ 20 ਅਗਸਤ ਲਈ ਤੈਅ ਕੀਤੀ ਹੈ। ਕੇਂਦਰ ਸਰਕਾਰ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਭਾਈਵਾਲ ਰਾਜਾਂ ਦਰਮਿਆਨ ਬਕਾਏ ਦੀ ਅਦਾਇਗੀ ਲਈ ਇੱਕ ਨਵੇਂ ਕੈਸ਼ਲੈੱਸ (ਨਕਦੀ ਰਹਿਤ) ਫਾਰਮੂਲੇ ਤਹਿਤ ਆਪਸੀ ਸਮਝੌਤਾ ਕੀਤਾ ਜਾ ਸਕਦਾ • ਬਾਕੀ ਸਫਾ 2 'ਤੇ

## ਮਲੇਰਕੋਟਲਾ ਦੀਆਂ ਧੀਆਂ ਨੂੰ 5 ਮੰਜ਼ਲਾ ਸਕੂਲ ਇਮਾਰਤ ਦਾ ਤੋਹਫ਼ਾ





**ਮਲੇਰਕੋਟਲਾ** (ਅਸਗਰ ਪਰਿਹਾਰ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਮਲੇਰਕੋਟਲਾ ਵਿਖੇ ਕੁੜੀਆਂ ਲਈ ਨਵੀਂ ਪੰਜ-ਮੰਜ਼ਲਾ ਸਰਕਾਰੀ ਸਕੂਲ ਇਮਾਰਤ ਦਾ ਉਦਘਾਟਨ ਕੀਤਾ ਅਤੇ ਇਸ ਨੂੰ ਪੰਜਾਬ ਦੀਆਂ ਧੀਆਂ ਲਈ ਆਜ਼ਾਦੀ ਦਿਹਾੜੇ ਦਾ ਵਿਸ਼ੇਸ਼ ਤੋਹਫ਼ਾ ਕਰਾਰ ਦਿੱਤਾ। ਉਨ੍ਹਾ ਦੱਸਿਆ ਕਿ 6.39 ਕਰੋੜ ਦਾ ਇਹ ਪ੍ਰੋਜੈਕਟ ?6.34 ਕਰੋੜ ਵਿੱਚ ਮੁਕੰਮਲ ਕੀਤਾ ਗਿਆ ਹੈ, ਜਿਸ ਨਾਲ ਸਰਕਾਰੀ ਖ਼ਜ਼ਾਨੇ ਦੇ 5.25 ਲੱਖ ਦੀ ਬਚਤ ਹੋਈ ਹੈ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਲਾਇਬ੍ਰੇਰੀ, ਸਮਾਰਟ ਕਲਾਸਰੂਮ, ਕਾਮਨ ਰੂਮ ਅਤੇ ਵਾਸ਼ਰੂਮ ਸਮੇਤ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ।

ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵਾਂਗ ਨਹੀਂ, ਜਿਨ੍ਹਾਂ ਨੇ ਸਮਾਰਟ ਸਕੂਲਾਂ ਦੇ ਨਾਂਅ 'ਤੇ ਸਿਰਫ਼ ਸਕੂਲੀ ਇਮਾਰਤਾਂ ਨੂੰ ਰੰਗ ਕੀਤਾ ਸੀ, ਮੌਜੂਦਾ ਸਰਕਾਰ ਅਜਿਹਾ ਸਿੱਖਿਆ ਢਾਂਚਾ ਤਿਆਰ ਕਰ ਰਹੀ ਹੈ, ਜੋ ਨਤੀਜੇ ਦੇ ਰਿਹਾ ਹੈ ਅਤੇ ਜਿਸ ਨੇ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਦੇਸ਼ ਵਿੱਚ ਨੰਬਰ 1 'ਤੇ ਪਹੁੰਚਾਇਆ ਹੈ। ਉਨ੍ਹਾਂ ਇਹ ਵੀ ਚੇਤਾਵਨੀ ਦਿੱਤੀ ਕਿ ਚੋਣਾਂ ਤੋਂ ਪਹਿਲਾਂ ਭਾਜਪਾ ਪੰਜਾਬ ਵਿੱਚ ਨਫ਼ਰਤ ਫੈਲਾਉਣ ਦੀ ਕੋਸ਼ਿਸ਼ ਕਰੇਗੀ, ਪਰ ਲੋਕਾਂ ਨੂੰ • ਬਾਕੀ ਸਫਾ 2 'ਤੇ

## ਦਿੱਲੀ ਰੈਲੀ ਦੀ ਲਾਮਬੰਦੀ ਲਈ ਬਲਾਕ ਪਾਤੜਾਂ 'ਚ ਜਥਾ ਮਾਰਚ





**ਪਾਤੜਾਂ** (ਨਿਸ਼ਾਨ ਸਿੰਘ ਬਣਵਾਲਾ)

ਪਹਿਲੀ ਸਤੰਬਰ ਨੂੰ ਦਿੱਲੀ ਵਿਖੇ 'ਬਦਲਾਅ ਜ਼ਰੂਰੀ ਹੈ' ਦੇ ਨਾਂਅ ਹੇਠ ਕੀਤੀ ਜਾ ਰਹੀ ਦੇਸ਼ ਪੱਧਰੀ ਰੈਲੀ ਲਈ ਲੋਕਾਂ ਨੂੰ ਲਾਮਬੰਦ ਕਰਨ ਲਈ ਸੀ ਪੀ ਆਈ ਬਲਾਕ ਕਮੇਟੀ ਪਾਤੜਾਂ ਵੱਲੋਂ ਇਲਾਕੇ ਵਿੱਚ ਮੋਟਰਸਾਈਕਲ ਮਾਰਚ ਕੱਢਿਆ ਗਿਆ। ਪਾਰਟੀ ਦੇ ਬਲਾਕ ਸਕੱਤਰ ਰਾਮਚੰਦ ਚੁਨਾਗਰਾ ਦੀ ਅਗਵਾਈ ਹੇਠ ਪਿੰਡ ਦੁਗਾਲ ਤੋਂ ਸ਼ੁਰੂ ਹੋਇਆ ਜਥਾ ਮਾਰਚ ਚੁਨਾਗਰਾ, ਹਰਿਆਉ ਖੁਰਦ, ਹਰਿਆਉ ਕਲਾਂ, ਖਾਨੇਵਾਲ, ਸੇਲਵਾਲਾ, ਖਾਂਗ, ਨੂਰਪੁਰਾ, ਗੁਲਾਹੜ, ਨਾਈਵਾਲਾ, ਮੌਲਵੀਵਾਲਾ ਆਦਿ ਪਿੰਡਾਂ ਵਿੱਚ ਰੈਲੀ ਲਈ ਲਾਮਬੰਦੀ ਦਾ ਸੁਨੇਹਾ ਦਿੰਦਾ ਹੋਇਆ ਪਿੰਡ ਗੋਬਿੰਦਪੁਰਾ ਪੈਂਦ ਵਿਖੇ ਸਮਾਪਤ ਹੋਇਆ। ਮੋਟਰਸਾਈਕਲ ਮਾਰਚ ਦੌਰਾਨ ਨੁੱਕੜ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕੁਲਵੰਤ ਸਿੰਘ ਮੌਲਵੀਵਾਲਾ ਨੇ ਕਿਹਾ ਕਿ ਕੇਂਦਰ ਦੀ ਸੱਤਾ ਉੱਤੇ ਕਾਬਜ਼ ਭਾਜਪਾ ਧੱਕੇਸ਼ਾਹੀ ਦੀ ਰਾਜਨੀਤੀ ਕਰ ਰਹੀ ਹੈ। ਦੇਸ਼ ਭਰ ਅੰਦਰ ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਘੱਟ ਗਿਣਤੀ ਜਾਤਾਂ ਤੇ ਧਰਮਾਂ ਦੇ ਲੋਕ • ਬਾਕੀ ਸਫਾ 2 'ਤੇ

## ਕੇਂਦਰ ਤੇ ਸੂਬਾ ਸਰਕਾਰ ਦੀਆਂ ਨੀਤੀਆਂ 'ਚ ਬਦਲਾਅ ਜ਼ਰੂਰੀ : ਜਗਰੂਪ



**ਗਿੱਦੜਬਾਹਾ** (ਜਸਵੰਤ ਗਿੱਲ ਛੱਤਿਆਣਾ) : ਸੀ ਪੀ ਆਈ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਦਿੱਲੀ ਚੱਲੋ ਦੀ ਤਿਆਰੀ ਨੂੰ ਲੈ ਕੇ ਪਿੰਡਾਂ ਵਿੱਚ ਜਥਾ ਮਾਰਚ ਦੀ ਅਗਵਾਈ ਬੋਹੜ ਸਿੰਘ ਸੁਖਨਾ, ਜ਼ਿਲ੍ਹਾ ਮੀਤ ਸਕੱਤਰ ਸੁਰਜੀਤ ਸਿੰਘ ਛੱਤੇਆਣਾ, ਗਿਆਨੀ ਗੁਰਬਚਨ ਸਿੰਘ, ਬਲਵੀਰ ਸਿੰਘ ਕੋਠੇ ਦਸਮੇਸ਼ ਨਗਰ, ਬਲਕਰਨ ਸਿੰਘ ਕਾਉਣੀ ਅਤੇ ਚੰਬਾ ਸਿੰਘ ਬਾੜਾ ਕ੍ਰਿਸ਼ਨਪੁਰ ਨੇ ਕੀਤੀ।ਧੂੜਕੋਟ, ਮੱਲਣ, ਵਾੜਾ ਕਿਸ਼ਨਪੁਰਾ ਅਤੇ ਪਿੰਡ ਕਾਉਣੀ ਵਿਚ ਜਨ-ਸਭਾਵਾਂ ਨੂੰ ਬੋਹੜ ਸਿੰਘ ਸੁਖਣਾ, ਗਿਆਨੀ ਗੁਰਬਚਨ ਸਿੰਘ ਨੇ ਸੰਬੋਧਨ ਕੀਤਾ। ਉਹਨਾਂ ਇੱਕ ਸਤੰਬਰ ਦਿੱਲੀ ਵਿਖੇ ਪਾਰਟੀ ਵੱਲੋਂ ਦਿਤੇ ਸੱਦੇ 'ਬਦਲਾਓ ਜ਼ਰੂਰੀ ਹੈ' ਦਾ ਮਹੱਤਵ ਦੱਸਿਆ ਅਤੇ ਦਿੱਲੀ ਪੁੱਜਣ ਦਾ ਸੱਦਾ ਦਿੱਤਾ। ਉਹਨਾਂ ਬਨੇਗਾ ਬਚਾਓ, ਲਾਗੂ ਕਰਾਓ ਮੁਹਿੰਮ ਤਹਿਤ 21 ਅਗਸਤ ਨੂੰ ਜ਼ਿਲ੍ਹਾ ਕੇਂਦਰ 'ਤੇ ਕੀਤੀ ਜਾ ਰਹੀ ਨਰੇਗਾ ਰੈਲੀ ਵਿਚ ਪੁੱਜਣ ਦਾ ਸੱਦਾ ਦਿਤਾ। ਜਗਰੂਪ ਸਿੰਘ ਨੇ ਆਪਣੇ ਸੰਬੋਧਨ ਵਿਚ ਵਿਸਥਾਰ 'ਚ ਦੱਸਿਆ ਕਿ ਦੇਸ਼ ਦੀ ਭਾਜਪਾ ਸਰਕਾਰ ਅਤੇ ਸੂਬੇ ਦੀ ਆਪ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ 'ਚ ਬਦਲਾਅ ਕਿਉਂ ਜ਼ਰੂਰੀ ਹੈ। ਉਨ੍ਹਾ 21 ਅਗਸਤ ਨੂੰ ਮੁਕਤਸਰ ਨਰੇਗਾ ਬਹਾਲੀ ਰੈਲੀ ਅਤੇ ਇਕ ਸਤੰਬਰ ਨੂੰ ਦਿੱਲੀ ਰਾਮ ਲੀਲ੍ਹਾ ਮੈਦਾਨ ਵਿਚ ਸੀ ਪੀ ਆਈ ਦੀ ਰੈਲੀ ਵਿਚ ਪੁੱਜਣ ਦਾ ਸੱਦਾ ਦਿੱਤਾ।

## ਚਹਿਲ ਤੇ ਭਾਣਾ 'ਚ ਜਨ-ਸੰਪਰਕ



**ਫ਼ਰੀਦਕੋਟ** (ਐਲਿਗਜੈਂਡਰ ਡਿਸੂਜਾ) : ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 1 ਸਤੰਬਰ ਨੂੰ ਨਵੀਂ ਦਿੱਲੀ ਵਿਖੇ ਕੀਤੀ ਜਾ ਰਹੀ 'ਬਦਲਾਅ ਜ਼ਰੂਰੀ ਹੈ' ਕੌਮੀ ਰੈਲੀ ਦੀ ਤਿਆਰੀ ਲਈ ਜ਼ਿਲ੍ਹਾ ਫ਼ਰੀਦਕੋਟ ਦੇ ਪਿੰਡ ਚਹਿਲ ਅਤੇ ਭਾਣਾ ਵਿਖੇ ਜਨ-ਸੰਪਰਕ ਮੁਹਿੰਮ ਤਹਿਤ ਭਰਵੀਆਂ ਰੈਲੀਆਂ ਕੀਤੀਆਂ ਗਈਆਂ। ਇਕੱਠਾਂ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਜ਼ਿਲ੍ਹਾ ਫ਼ਰੀਦਕੋਟ ਦੇ ਕਾਰਜਕਾਰੀ ਸਕੱਤਰ ਪ੍ਰੇਮ ਚਾਵਲਾ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ, ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਵੀਰ ਸਿੰਘ ਕੰਮੇਆਣਾ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਜਨਰਲ ਸਕੱਤਰ ਮੁਖਤਿਆਰ ਸਿੰਘ ਭਾਣਾ ਅਤੇ ਪਾਵਰਕਾਮ ਪੈਨਸ਼ਨਰ ਆਗੂ ਇੰਦਰਜੀਤ ਸਿੰਘ ਗਿੱਲ • ਬਾਕੀ ਸਫਾ 2 'ਤੇ

## ਅੱਜ-ਨਾਮਾ

ਗੱਲ ਮਹਿਲਾ ਰਿਜ਼ਰਵੇਸ਼ਨ ਦੀ ਫੇਰ ਚੱਲੀ,
ਜਿੱਥੋਂ ਤੁਰੀ ਮੁੜ ਕੇ ਰਹੀ ਆ ਖੜੀ ਮੀਆਂ।
ਜਿਨ੍ਹਾਂ ਛੇੜੀ ਇਹ, ਫੇਰ ਪਿਛਾਂਹ ਹਟ ਗਏ,
ਮਾਰਦੇ ਬੜ੍ਹਕ ਤਾਂ ਰਹੇ ਇਹ ਬੜੀ ਮੀਆਂ।
ਭਾਈਵਾਲਾਂ ਨੇ ਸੁਣਿਆ ਨਹੀਂ ਸਾਥ ਦਿੱਤਾ,
ਪਹਿਲਾਂ ਵਾਂਗ ਆ ਕਰੀ ਗਏ ਅੜੀ ਮੀਆਂ।
ਉਹ ਹਨ ਬੋਲਣ ਤੋਂ ਕਰਦੇ ਪਰਹੇਜ਼ ਦਿੱਸੇ,
ਕਹਿੰਦੇ ਜਿਨ੍ਹਾਂ ਕੋਲ ਜਾਦੂ ਦੀ ਛੜੀ ਮੀਆਂ।
ਮੁੜ-ਮੁੜ ਔਰਤ ਨੂੰ ਲੱਗਦੇ ਰਹਿਣ ਲਾਰੇ,
ਹੁੰਦਾ ਲਾਰਿਆਂ ਦਾ ਕੋਈ ਨਾ ਅਸਰ ਮੀਆਂ।
ਨਸੀਬ ਰੁੱਸੇ ਨਾ ਮਹਿਲਾ ਦੇ ਰਾਸ ਆਉਂਦੇ,
ਦੁਖੀ ਕਰਨ ਦੀ ਰਹਿੰਦੀ ਨਾ ਕਸਰ ਮੀਆਂ।

-ਤੀਸ ਮਾਰ ਖਾਂ

## ਅਕਾਲੀ ਦਲ 'ਈ ਡੀ ਪਾਰਟੀ' ਦੇ ਇਸ਼ਾਰਿਆਂ 'ਤੇ ਚੱਲਣ ਲੱਗ ਪਿਐ : ਚੀਮਾ

**ਚੰਡੀਗੜ੍ਹ** (ਨ ਜ਼ ਸ) ਵਿੱਤ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਰਪਾਲ ਸਿੰਘ ਚੀਮਾ ਨੇ 'ਬੇਅਦਬੀ ਪਾਰਟੀ' (ਸ਼੍ਰੋਮਣੀ ਅਕਾਲੀ ਦਲ) ਅਤੇ 'ਈ ਡੀ ਪਾਰਟੀ' (ਭਾਜਪਾ) ਤੇ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਅਤੇ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਵਿਚਕਾਰ ਹੋਏ ਪੱਤਰ-ਵਿਹਾਰ ਦੇ ਸੰਬੰਧ ਵਿੱਚ ਅਕਾਲੀ ਦਲ ਵੱਲੋਂ ਦਿੱਤੇ ਬਿਆਨਾਂ ਦੀ ਕਰੜੀ ਨਿੰਦਾ ਕੀਤੀ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਚੀਮਾ ਨੇ ਕਿਹਾ, 'ਚਿੱਟਾ ਪਾਰਟੀ' (ਅਕਾਲੀ ਦਲ) ਆਪਣੇ ਸਾਰੇ ਸਿਧਾਂਤ ਛੱਡ ਕੇ ਹੁਣ ਈ ਡੀ ਪਾਰਟੀ (ਭਾਜਪਾ) ਅਤੇ ਕੇਂਦਰੀ ਜਾਂਚ ਏਜੰਸੀਆਂ ਦੀ ਤਰਜਮਾਨ ਵਜੋਂ ਕੰਮ ਕਰ ਰਹੀ ਹੈ। ਇਹ ਹੈਰਾਨੀ ਦੀ ਗੱਲ ਹੈ ਕਿ ਈ ਡੀ ਵੱਲੋਂ ਡੀ ਜੀ ਪੀ ਨੂੰ ਭੇਜੇ ਗਏ ਇੱਕ ਪੱਤਰ ਨੂੰ ਅਕਾਲੀ ਦਲ ਆਮ ਆਦਮੀ ਪਾਰਟੀ ਨੂੰ ਬਦਨਾਮ ਕਰਨ ਲਈ ਇੱਕ ਹਥਿਆਰ ਵਜੋਂ ਵਰਤ ਰਿਹਾ ਹੈ। ਇਸ ਤੋਂ ਸਾਫ਼ ਪਤਾ ਲੱਗਦਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਭਾਜਪਾ ਦੀ ਹੀ ਇੱਕ ਸ਼ਾਖਾ ਅਤੇ ਬੁਲਾਰੇ ਵਜੋਂ ਕੰਮ ਕਰ ਰਿਹਾ ਹੈ, ਜੋ ਆਪਣੀ ਖੁੱਸ ਚੁੱਕੀ ਸਿਆਸੀ ਜ਼ਮੀਨ ਨੂੰ ਲੱਭਣ ਦੀ ਨਾਕਾਮ ਕੋਸ਼ਿਸ਼ ਕਰ ਰਿਹਾ ਹੈ।

2007 ਤੋਂ 2017 ਤੱਕ ਦੇ ਕਾਲੇ ਦੌਰ ਦੀ ਯਾਦ ਦਿਵਾਉਂਦਿਆਂ ਉਨ੍ਹਾ ਤਤਕਾਲੀ ਅਕਾਲੀ-ਭਾਜਪਾ ਸਰਕਾਰ ਨੂੰ ਪੰਜਾਬ ਦੇ ਸਮਾਜਿਕ ਤਾਣੇ-ਬਾਣੇ, ਆਰਥਿਕਤਾ ਅਤੇ ਜਵਾਨੀ ਨੂੰ ਤਬਾਹ ਕਰਨ ਲਈ ਸਿੱਧੇ ਤੌਰ ਤੇ ਜ਼ਿੰਮੇਵਾਰ ਠਹਿਰਾਇਆ। ਉਨ੍ਹਾ ਕਿਹਾ ਕਿ ਪੰਜਾਬ



ਦੇ ਲੋਕ ਨਸ਼ਿਆਂ ਦੀ ਬਿਮਾਰੀ (ਚਿੱਟਾ), ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਅਤੇ ਵਿਆਪਕ ਭ੍ਰਿਸ਼ਟਾਚਾਰ ਨੂੰ ਨਹੀਂ ਭੁੱਲੇ, ਜਿਸ ਕਾਰਨ ਸੂਬੇ ਨੂੰ 'ਉੜਤਾ ਪੰਜਾਬ' ਦਾ ਦੁਖਦਾਈ ਸੰਤਾਪ ਹੰਢਾਉਣਾ ਪਿਆ।

ਉਹਨਾ ਕਿਹਾ ਕਿ ਅਕਾਲੀ-ਭਾਜਪਾ ਦੇ 10 ਸਾਲਾਂ ਦੇ ਸ਼ਾਸਨ ਦੌਰਾਨ ਪੰਜਾਬ ਨੂੰ ਹਰ ਪੱਖੋਂ ਤਬਾਹ ਕੀਤਾ ਗਿਆ। ਮਾਪਿਆਂ ਨੂੰ ਇਸ ਡਰ ਤੋਂ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜਣ ਲਈ ਆਪਣੀਆਂ ਜ਼ਮੀਨਾਂ, ਘਰ ਅਤੇ ਉਮਰ ਭਰ ਦੀ ਕਮਾਈ ਵੇਚਣ ਲਈ ਮਜਬੂਰ ਹੋਣਾ ਪਿਆ, ਕਿਉਂ ਕਿ ਸਰਕਾਰ ਦੁਆਰਾ ਪਾਲਿਆ ਗਿਆ ਨਸ਼ਾ ਮਾਫੀਆ ਉਹਨਾਂ ਦਾ ਭਵਿੱਖ ਬਰਬਾਦ ਕਰ ਦੇਵੇਗਾ।

ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੇ ਲੋਕ ਅਕਾਲੀ ਦਲ ਦੀ ਮੌਕਾਪ੍ਰਸਤ ਰਾਜਨੀਤੀ ਅਤੇ ਭਾਜਪਾ ਨਾਲ ਇਸ ਦੇ ਇਤਿਹਾਸਕ ਗਠਜੋੜ ਤੋਂ ਭਲੀ-ਭਾਂਤ ਜਾਣੂ ਹਨ। ਉਨ੍ਹਾ ਕਿਹਾ ਕਿ ਜਿਹੜੀ ਪਾਰਟੀ ਕਦੇ ਪੰਜਾਬ ਦੇ ਹਿੱਤਾਂ ਦੀ ਨੁਮਾਇੰਦਗੀ ਕਰਨ ਦਾ ਦਾਅਵਾ ਕਰਦੀ ਸੀ, ਉਹ ਹੁਣ ਆਪਣੀ ਸਿਆਸੀ ਚਮੜੀ ਬਚਾਉਣ ਲਈ ਕੇਂਦਰੀ ਏਜੰਸੀਆਂ ਦੇ ਇਸ਼ਾਰਿਆਂ 'ਤੇ ਚੱਲਣ ਤੱਕ ਗਿਰ ਚੁੱਕੀ ਹੈ। ਪੰਜਾਬ ਦੇ ਲੋਕ ਇਹਨਾਂ ਸਸਤੇ ਸਿਆਸੀ ਹੱਥਕੰਡਿਆਂ ਨੂੰ ਚੰਗੀ ਤਰ੍ਹਾਂ ਸਮਝਦੇ ਹਨ। ਨਾ ਤਾਂ ਈ ਡੀ ਅਤੇ ਨਾ ਹੀ ਅਕਾਲੀ ਦਲ ਪੰਜਾਬੀਆਂ ਨੂੰ ਗੁੰਮਰਾਹ ਕਰਨ ਜਾਂ 'ਆਪ' ਸਰਕਾਰ ਦੇ ਪ੍ਰਗਤੀਸ਼ੀਲ ਸ਼ਾਸਨ ਨੂੰ ਲੀਹੋਂ ਲਾਹੁਣ 'ਚ ਸਫਲ ਹੋਣਗੇ।ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਸੀ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐੱਸ ਡੀ ਰਾਜਵੀਰ ਘੁੰਮਣ ਈ ਡੀ ਦੇ ਰਾਡਾਰ 'ਤੇ ਹਨ। ਈ ਡੀ ਨੇ ਪੰਜਾਬ ਦੇ ਡੀ ਜੀ ਪੀ ਨੂੰ ਵੀ ਪੱਤਰ ਲਿਖ ਕੇ ਕਿਹਾ ਹੈ ਕਿ ਰਾਜਵੀਰ ਘੁੰਮਣ ਨੇ ਬਦਲੀਆਂ ਦੇ ਕਰੋੜਾਂ ਕਮਾਏ ਤੇ ਸਰਕਾਰੀ ਕੰਮਾਂ ਦੀ ਦਲਾਲੀ ਕੀਤੀ ਹੈ।

## 'ਮੇਰਾ ਘਰ ਮੇਰੇ ਨਾਮ' ਦੀ ਮੈਪਿੰਗ 'ਤੇ ਉਦੋਕੇ ਖੁਰਦ ਵਾਸੀਆਂ ਨੇ ਚੁੱਕੇ ਸਵਾਲ



**ਜੈਂਤੀਪੁਰ.** (ਸਿੱਧੂ ਜੈਂਤੀਪੁਰ) ਮਜੀਠਾ ਹਲਕੇ ਦੇ ਪਿੰਡ ਉਦੋਕੇ ਖੁਰਦ ਵਿੱਚ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਹੋਈ ਡਿਜੀਟਲ ਮੈਪਿੰਗ ਨੂੰ ਲੈ ਕੇ ਵਿਵਾਦ ਖੜ੍ਹਾ ਹੋ ਗਿਆ ਹੈ। ਪਿੰਡ ਵਾਸੀਆਂ ਨੇ ਦੋਸ਼ ਲਗਾਇਆ ਹੈ ਕਿ ਡਿਜੀਟਲ ਸਰਵੇਖਣ ਦੌਰਾਨ ਪਿੰਡ ਦੀ ਹੱਦ ਅਤੇ ਕਈ ਰਿਹਾਇਸ਼ੀ ਘਰਾਂ ਦੀ ਮੈਪਿੰਗ ਗਲਤ ਢੰਗ ਨਾਲ ਉਦੋਕੇ ਕਲਾਂ ਵਿੱਚ ਦਰਸਾਈ ਗਈ ਹੈ। ਵਸਨੀਕਾਂ ਨੇ ਕਥਿਤ ਗਲਤੀਆਂ ਨੂੰ ਲੈ ਕੇ ਸਰਕਾਰ ਅਤੇ ਮਾਲੀਆ ਵਿਭਾਗ ਦੇ ਅਧਿਕਾਰੀਆਂ ਕੋਲ ਸ਼ਿਕਾਇਤ ਦਰਜ ਕਰਵਾਈ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਸਰਵੇਖਣ ਦੌਰਾਨ ਉਦੋਕੇ ਖੁਰਦ ਦੀ ਰਵਾਇਤੀ ਅਤੇ ਮਾਲੀਆ ਹੱਦ ਨੂੰ ਸਹੀ ਢੰਗ ਨਾਲ ਦਰਸਾਉਣ ਦੀ ਬਜਾਏ ਪਿੰਡ ਦਾ ਲੱਗਭੱਗ 78 ਕਨਾਲ 8 ਮਰਲੇ ਰਕਬਾ ਉਦੋਕੇ ਕਲਾਂ ਵਿੱਚ ਜੋੜ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਕਈ ਰਿਹਾਇਸ਼ੀ ਘਰਾਂ ਅਤੇ ਤਿੰਨ ਵਾਰਡਾਂ ਨਾਲ ਸੰਬੰਧਤ ਲੋਕਾਂ ਦੇ ਘਰ ਵੀ ਡਿਜੀਟਲ ਨਕਸ਼ੇ ਵਿੱਚ ਉਦੋਕੇ ਕਲਾਂ ਦਾ ਹਿੱਸਾ ਦਰਸਾਏ ਜਾਣ ਦਾ ਦਾਅਵਾ ਕੀਤਾ ਗਿਆ ਹੈ। ਇਸ ਮਾਮਲੇ ਨੂੰ ਲੈ ਕੇ ਸਾਬਕਾ ਸਰਪੰਚ ਸੰਦੀਪ ਸਿੰਘ, ਮੌਜੂਦਾ ਸਰਪੰਚ ਸੁਖਵਿੰਦਰ ਸਿੰਘ, ਸਾਬਕਾ ਸਰਪੰਚ ਮਨਜੀਤ ਕੌਰ ਸਮੇਤ ਜਗਜੀਤ ਸਿੰਘ, ਦਲਜਿੰਦਰ ਸਿੰਘ, ਸਰਬਜੀਤ ਸਿੰਘ, ਮਨਜੀਤ ਸਿੰਘ, ਬਲਵਿੰਦਰ ਸਿੰਘ, ਗੁਰਮੁਖ ਸਿੰਘ, ਸਵਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਵੱਲੋਂ ਡਾਇਰੈਕਟਰ ਲੈਂਡ ਰਿਕਾਰਡ ਪੰਜਾਬ, ਡਿਪਟੀ ਕਮਿਸ਼ਨਰ ਅੰਮ੍ਰਿਤਸਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ, ਤਹਿਸੀਲਦਾਰ ਬਾਬਾ ਬਕਾਲਾ ਸਾਹਿਬ, ਨਾਇਬ ਤਹਿਸੀਲਦਾਰ ਤਰਸਿੱਕਾ ਅਤੇ ਬੀ ਡੀ ਪੀ ਓ ਮਜੀਠਾ-2 ਨੂੰ ਲਿਖਤੀ • ਬਾਕੀ ਸਫਾ 2 'ਤੇ

## ਚੇਅਰਮੈਨ ਵੱਲੋਂ ਸਰਕਾਰੀ ਸਕੂਲ ਸਿੱਖਵਾਲਾ ਵਿਖੇ ਨਵੇਂ ਆਰ ਓ ਦਾ ਉਦਘਾਟਨ



ਲੰਬੀ / ਗਿੱਦੜਬਾਹਾ (ਜਸਵੰਤ ਗਿੱਲ ਛੱਤੇਆਣਾ)-ਸਿੱਖਿਆ ਕ੍ਰਾਂਤੀ ਅਧੀਨ ਸਕੂਲੀ ਬੱਚਿਆਂ ਨੂੰ ਪੀਣ ਯੋਗ ਸਾਫ਼ ਸੁਥਰਾ ਪਾਣੀ ਉਪਲਬਧ ਕਰਵਾਉਣ ਲਈ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ. ਸੁਖਜਿੰਦਰ ਸਿੰਘ ਕਾਉਣੀ [illegible] ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿੱਖਵਾਲਾ ਵਿਖੇ 2.33 ਲੱਖ ਰੁਪਏ ਦੀ ਲਾਗਤ ਨਾਲ ਲਗਾਏ ਗਏ ਨਵੇਂ ਆਰ.ਓ. ਦਾ ਉਦਘਾਟਨ ਕੀਤਾ। [illegible]

## ਝੰਡਾ ਸ਼ੋਭਾ ਯਾਤਰਾ ਮੌਕੇ ਗਰਗ ਪਰਵਾਰ ਵੱਲੋਂ ਲੰਗਰ ਦੀ ਸੇਵਾ



ਬਾਘਾ ਪੁਰਾਣਾ (ਮਨੀ ਸਿੰਗਲਾ) - [illegible]

## ਵਾਲਮੀਕੀ ਭਾਈਚਾਰੇ ਵੱਲੋਂ ਲੰਗਰ



ਬਾਘਾ ਪੁਰਾਣਾ (ਮਨੀ ਸਿੰਗਲਾ) - [illegible]

## ਅਮਰਜੋਤ ਕੌਰ ਬਾਜਵਾ ਨਗਰ ਕੌਂਸਲ ਧੂਰੀ ਦੀ ਪ੍ਰਧਾਨ ਚੁਣੀ



ਧੂਰੀ (ਮਨੋਹਰ ਸਿੰਘ ਸੱਗੂ / ਮਹਿੰਦਰ ਗਰਗ)-[illegible]

## ਜ਼ੋਨ ਖੇਡ ਮੁਕਾਬਲਿਆਂ ਵਿੱਚ ਦਸਮੇਸ਼ ਮਿਸ਼ਨ ਸਕੂਲ ਹਰੀ ਨੌ ਦੇ ਲੜਕਿਆਂ ਦੀ ਸ਼ਾਨਦਾਰ ਜਿੱਤ



ਕੋਟਕਪੂਰਾ (ਰਛਪਾਲ ਭੁੱਲਰ)- [illegible] ਟਗ ਆਫ ਵਾਰ), ਅੰਡਰ-19(ਚੈਸ), ਅੰਡਰ-17, ਅੰਡਰ-19(ਕ੍ਰਿਕਟ), ਅੰਡਰ-19( ਵਾਲੀਬਾਲ), ਅੰਡਰ-14(ਫੁੱਟਬਾਲ), ਅੰਡਰ-19( ਬੀਚ ਵਾਲੀਬਾਲ) ਲੜਕਿਆਂ ਨੇ ਦੂਜਾ ਸਥਾਨ ਹਾਸਿਲ ਕੀਤਾ ਤੇ ਅੰਡਰ-14, ਅੰਡਰ-17(ਵਾਲੀਬਾਲ), ਅੰਡਰ-17(ਚੈਸ), ਅੰਡਰ-14(ਬੈਡਮਿੰਟਨ) ਲੜਕਿਆਂ ਨੇ ਤੀਜਾ ਸਥਾਨ ਹਾਸਿਲ ਕੀਤਾ।ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਸ. ਬਲਜੀਤ ਸਿੰਘ ਨੇ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਹੋਰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ । ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਬੱਚਿਆਂ ਅਤੇ ਸਕੂਲ ਸਟਾਫ਼ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ ਇਸ ਸਫਲਤਾ ਦਾ ਸਿਹਰਾ ਸਕੂਲ ਦੇ ਡੀ.ਪੀ. ਜਸਕਰਨ ਸਿੰਘ ਗਿੱਲ , ਜਸ਼ਨਪ੍ਰੀਤ ਸਿੰਘ ਅਤੇ ਸ੍ਰੀਮਤੀ ਹਰਪ੍ਰੀਤ ਕੌਰ ਨੂੰ ਜਾਂਦਾ ਹੈ ।

## ਆਜ਼ਾਦੀ ਦਿਹਾੜਾ ਧੂਮਧਾਮ ਨਾਲ ਮਨਾਇਆ ਜਾਵੇਗਾ : ਐਸ ਡੀ ਐਮ

ਮਹਿਲ ਕਲਾਂ ( ਪ੍ਰਦੀਪ ਸਿੰਘ ਲੋਹਗੜ੍ਹ ) : ਸਬ-ਡਿਵੀਜ਼ਨ ਮਹਿਲ ਕਲਾਂ ਵਿਖੇ 15 ਅਗਸਤ ਨੂੰ ਮਨਾਏ ਜਾ ਰਹੇ ਆਜ਼ਾਦੀ ਦਿਹਾੜੇ ਦੇ ਸਬ-ਡਿਵੀਜ਼ਨ ਪੱਧਰੀ ਸਮਾਗਮ ਦੀਆਂ ਤਿਆਰੀਆਂ



ਜ਼ੋਰਾਂ 'ਤੇ ਚੱਲ ਰਹੀਆਂ ਹਨ। ਇਸ ਸਬੰਧੀ ਐਸ ਡੀ ਐਮ ਮਹਿਲ ਕਲਾਂ ਅਤੇ ਪੀ ਪੀ ਸੀ ਅਧਿਕਾਰੀ ਬੇਅੰਤ ਸਿੰਘ ਸਿੱਧੂ ਦੀ ਅਗਵਾਈ ਹੇਠ ਬੀ ਡੀ ਪੀ ਓ ਦਫ਼ਤਰ ਮਹਿਲ ਕਲਾਂ ਵਿਖੇ ਸਮੂਹ ਪੱਤਰਕਾਰਾਂ ਅਤੇ ਵੱਖ-ਵੱਖ ਪ੍ਰੈੱਸ ਕਲੱਬਾਂ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਅਨਾਜ ਮੰਡੀ ਮਹਿਲ ਕਲਾਂ ਵਿਖੇ ਹੋਣ ਵਾਲੇ ਸਬ-ਡਿਵੀਜ਼ਨ ਪੱਧਰੀ ਆਜ਼ਾਦੀ ਦਿਹਾੜਾ ਸਮਾਗਮ ਦੇ ਪ੍ਰਬੰਧਾਂ ਤੇ ਤਿਆਰੀਆਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਮੁੱਖ ਅਧਿਆਪਕ ਕੁਲਦੀਪ ਸਿੰਘ ਕਾਮਲ ਛਾਪਾ, ਲੇਖਾਕਾਰ ਅਮਰਜੀਤ ਕੌਰ ਪਟਿਆਲਾ, ਕਲਰਕ ਮਨਜੀਤ ਸਿੰਘ ਤੋਂ ਇਲਾਵਾ ਵੱਖ-ਵੱਖ ਪ੍ਰੈੱਸ ਕਲੱਬਾਂ ਦੇ ਨੁਮਾਇੰਦੇ ਅਤੇ ਪੱਤਰਕਾਰ ਹਾਜ਼ਰ ਸਨ।

## ਗੁਰੂ ਰਵਿਦਾਸ ਦੇ ਜੀਵਨ ਬਾਰੇ ਦਸਤਾਵੇਜ਼ੀ ਫਿਲਮ ਵਿਖਾਈ



ਫਾਜ਼ਿਲਕਾ ( ਨਿਸ਼ਾ ਸ਼ਰਮਾ )-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਫਾਜ਼ਿਲਕਾ ਹਲਕੇ ਦੇ ਪਿੰਡ ਕੌੜਿਆ ਵਾਲੀ, ਆਲਮਸ਼ਾਹ, ਅਮਰਪੁਰਾ, ਮੁਹੰਮਦ ਪੀਰਾ ਅਤੇ ਵਿਸਾਖੇ ਵਾਲਾ ਖੂਹ ਸਮੇਤ ਵੱਖ-ਵੱਖ ਪਿੰਡਾਂ ਵਿਖੇ ਬੀਤੀ ਸ਼ਾਮ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਦੇ ਜੀਵਨ, ਬਾਣੀ, ਫ਼ਲਸਫ਼ੇ ਅਤੇ ਮਨੁੱਖਤਾ ਲਈ ਦਿੱਤੇ ਮਹਾਨ ਸੰਦੇਸ਼ ਨੂੰ ਉਜਾਗਰ ਕਰਦੀ ਡਾਕੂਮੈਂਟਰੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਨੇ ਦਸਤਾਵੇਜ਼ੀ ਫਿਲਮ ਨੂੰ ਬੜੀ ਦਿਲਚਸਪੀ ਅਤੇ ਗੰਭੀਰਤਾ ਨਾਲ ਦੇਖਿਆ।ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਦੀ ਮੀਟਿੰਗ 'ਚ ਪਾਰਟੀ ਨੂੰ ਮਜ਼ਬੂਤ ਕਰਨ ਦਾ ਅਹਿਦ

ਦਿੜ੍ਹਬਾ (ਜਸਵੀਰ ਲਾਡੀ)- ਇੱਥੋਂ ਨਾਲ ਦੇ ਪਿੰਡ ਸੰਗਤੀਵਾਲਾ ਵਿਖੇ ਬਾਬਾ ਕਰਮ ਸਿੰਘ ਸੂਬਾ ਸੱਕਤਰ ਦੇ ਗ੍ਰਹਿ ਵਿਖੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ) ਦੀ ਮੀਟਿੰਗ ਸਰਕਲ ਜੱਥੇਦਾਰ ਬਿਕਰਮਜੀਤ ਸਿੰਘ (ਵਿੱਕੀ ਛਾਜਲੀ ) ਦੀ ਨਿਗਰਾਨੀ ਹੇਠ ਹੋਈ ਜਿਸ ਵਿਚ ਪਾਰਟੀ ਨੂੰ ਮਜ਼ਬੂਤ



ਕਰਨ ਦਾ ਅਹਿਦ ਲਿਆ ਗਿਆ। ਮੀਟਿੰਗ ਵਿੱਚ ਜੱਥੇਦਾਰ ਤੇਜਾ ਸਿੰਘ ਕਮਾਲਪੁਰ ਸੂਬਾ ਮੀਤ ਪ੍ਰਧਾਨ,ਅਮਰਜੀਤ ਸਿੰਘ ਛਾਜਲੀ (ਕਨੇਡਾ) ਸੂਬਾ ਮੀਤ ਪ੍ਰਧਾਨ ਅਤੇ ਰਾਮਪਾਲ ਸਿੰਘ ਬਹਿਣੀਵਾਲ ਜਿਲ੍ਹਾ ਪ੍ਰਧਾਨ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਵਾਈ । ਆਗੂਆਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਇੱਕੋ ਗੱਲ 'ਤੇ ਜ਼ੋਰ ਦਿੱਤਾ ਕਿ ਪਾਰਟੀ ਦੀ ਮਜ਼ਬੂਤੀ ਲਈ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ । ਕਿਸੇ ਪਾਰਟੀ ਨਾਲ ਸਮਝੌਤਾ ਹੋਣ ਬਾਰੇ ਆਗੂਆਂ ਨੇ ਕਿਹਾ ਕਿ ਇਹ ਅਕਾਲੀ ਦਲ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਨੂੰ ਮੰਨ ਕੇ ਬਣੀ ਪਾਰਟੀ ਹੈ ,ਇਸ ਕਰਕੇ ਜੋ ਵੀ ਪੰਥ ਹਿਤੈਸ਼ੀ ਪਾਰਟੀ ਹੈ ਉਸ ਨਾਲ ਏਕਤਾ ਕਰਨ ਲਈ ਦਰਵਾਜ਼ੇ ਖੁਲ੍ਹੇ ਹਨ। ਇਸ ਮੌਕੇ ਗੁਰਵਿੰਦਰ ਸਿੰਘ ਸੰਗਤੀਵਾਲਾ , ਮੁਖਤਿਆਰ ਸਿੰਘ ਸਿੱਧੂ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ,ਗੁਰਸੇਵਕ ਸਿੰਘ ਧਾਲੀਵਾਲ ਸੀਨੀਅਰ ਜਿਲ੍ਹਾ ਜੱਥੇਬੰਦਕ ਸੱਕਤਰ ,ਸਿੰਦਰਪਾਲ ਸਿੰਘ ਸੂਚ ਜਿਲਾ ਜਿਲ੍ਹਾ ਜੱਥੇਬੰਦਕ ਸਕੱਤਰ, ਨਿੱਕਾ ਸਿੰਘ ਘੁਮਾਣ ਯੂਥ ਜਿਲ੍ਹਾ ਪ੍ਰਧਾਨ, ਭਗਵਾਨ ਸਿੰਘ ਢੰਡੋਲੀ ਸੂਬਾ ਮੀਤ ਪ੍ਰਧਾਨ , ਮਾਸਟਰ ਸਿਵਦਰਸ਼ਨ ਸਿੰਘ ਸਤੋਜ ਸੂਬਾ ਜੱਥੇਬੰਦਕ ਸੱਕਤਰ, ਗੁਰਚਰਨ ਸਿੰਘ ਢੀਂਡਸਾ ਸੂਬਾ ਜੱਥੇਬੰਦਕ ਸੱਕਤਰ, ਜਗਦੀਪ ਸਿੰਘ ਜੱਗੀ ਨੰਗਲਾ ਵਾਹਿਗੁਰੂ ਸਿੰਘ ਨੰਗਲਾ ਜਿਲ੍ਹਾ ਮੀਤ ਪ੍ਰਧਾਨ ਆਦਿ ਹਾਜ਼ਰ ਸਨ ।

## ਨਾਮ ਜਪ ਮੁਹਿੰਮ ਦਾ ਸਮਾਪਤੀ ਸਮਾਰੋਹ 15 ਅਗਸਤ ਨੂੰ



ਅਹਿਮਦਗੜ੍ਹ ( ਪਵਨ ਗੁਪਤਾ ) - [illegible]

## ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿਖੇ 'ਐੱਚ ਆਈ ਵੀ ਜਾਗਰੂਕਤਾ ਮੁਹਿੰਮ' ਦਾ ਆਗਾਜ਼



ਸ੍ਰੀ ਮੁਕਤਸਰ ਸਾਹਿਬ - [illegible] ਅਤੇ ਪ੍ਰੋਗਰਾਮ ਅਫ਼ਸਰ ਡਾ. ਗੁਰਮੀਤ ਭੰਡਾਰੀ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੱਤੀ ਕਿ ਸਿਵਲ ਹਸਪਤਾਲ ਵਿਖੇ ਮਰੀਜ਼ਾਂ ਲਈ ਕੌਂਸਲਿੰਗ [illegible] ਮੁਫ਼ਤ ਸਹੂਲਤਾਂ ਉਪਲਬਧ ਹਨ

## ਐਸ ਆਈ ਤਆਰ ਦੇ ਦੂਸਰੇ ਪੜਾਅ ਲਈ ਟਰੇਨਿੰਗ

ਫਾਜ਼ਿਲਕਾ ( ਨਿਸ਼ਾ ਸ਼ਰਮਾ )-[illegible]

## ਲੱਡਾ ਵਿੱਚ ਨਸ਼ਾ ਮੁਕਤੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ



ਧੂਰੀ (ਮਹਿੰਦਰ ਗਰਗ, ਮਨੋਹਰ ਸੱਗੂ)-[illegible]

## ਜ਼ੋਨਲ ਖੇਡਾਂ 'ਚ ਬਰਡੇਵੇ ਪਬਲਿਕ ਸਕੂਲ ਮਨਾਲ ਦੀਆਂ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ

ਮਹਿਲ ਕਲਾਂ ( ਪ੍ਰਦੀਪ ਸਿੰਘ ਲੋਹਗੜ੍ਹ )- [illegible] ਸਿੰਘ ਚੀਮਾ, ਡਾਇਰੈਕਟਰ ਸ੍ਰੀਮਤੀ ਨਵਗੀਤ ਕੌਰ ਚੀਮਾ ਅਤੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫ਼ੀ ਨੇ ਜੇਤੂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕੋਚ ਅਤੇ ਸਮੂਹ ਖੇਡ ਵਿਭਾਗ ਨੂੰ ਵਧਾਈ ਦਿੱਤੀ ।

## ਕਾਮਰੇਡ ਪ੍ਰੀਤਮ ਸਿੰਘ ਦਰਦੀ ਦੀ ਬਰਸੀ ਮੌਕੇ ਸਕਾਲਰਸ਼ਿਪ ਵੰਡੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ) - [illegible] ਵਿਚ ਤਕਸੀਮ ਕੀਤੀ ਗਈ, ਜਿਸ ਤਹਿਤ ਸੈਸ਼ਨ 2025-26 ਦੌਰਾਨ ਦਸਵੀਂ ਸ਼੍ਰੇਣੀ ਦੀਆਂ ਪ੍ਰੀਖਿਆਵਾਂ ਵਿੱਚੋਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲੀਆਂ ਪੁਜ਼ੀਸ਼ਨਾਂ 'ਤੇ ਰਹਿਣ ਵਾਲੇ 7 ਹੋਣਹਾਰ [illegible] ਖ਼ਾਲਸਾ ਨੇ ਆਖਿਆ ਕਿ ਕਾਮਰੇਡ ਦਰਦੀ ਹਮੇਸ਼ਾਂ ਚੜ੍ਹਦੀਕਲਾ ਵਿੱਚ ਰਹਿਣ ਵਾਲੇ ਇੱਕ ਸੰਸਥਾ-ਰੂਪੀ ਮਨੁੱਖ ਸਨ । ਪ੍ਰੈੱਸ ਕਲੱਬ ਰਜਿ: ਮਹਿਲ ਕਲਾਂ ਦੇ ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ ਨੇ ਦਰਦੀ ਪਰਿਵਾਰ ਦੇ ਇਸ ਉੱਦਮ ਲਈ ਧੰਨਵਾਦ ਕਰਦਿਆਂ ਪੰਜਾਬ ਦੇ ਡਿਪਟੀ ਸਪੀਕਰ ਜੈਕ੍ਰਿਸ਼ਨ ਸਿੰਘ ਰੋੜੀ ਵੱਲੋਂ ਕਾਮਰੇਡ ਦਰਦੀ ਦੇ ਸ਼ਰਧਾਂਜਲੀ ਸਮਾਗਮ ਦੌਰਾਨ ਉਨ੍ਹਾਂ ਦੀ ਯਾਦਗਾਰ ਬਣਾਉਣ ਦੇ ਕੀਤੇ ਗਏ ਐਲਾਨ ਨੂੰ ਜਲਦ ਤੋਂ ਜਲਦ ਅਮਲੀ ਜਾਮਾ ਪਹਿਨਾਉਣ ਦੀ ਪੁਰਜ਼ੋਰ ਮੰਗ ਕੀਤੀ। ਸਕੂਲ ਦੇ ਪ੍ਰਿੰਸੀਪਲ ਰਾਜਿੰਦਰਪਾਲ ਸਿੰਘ ਨੇ ਦਰਦੀ ਪਰਿਵਾਰ ਦੇ ਇਸ ਬਿਹਤਰੀਨ ਤੇ ਪ੍ਰੇਰਨਾਦਾਇਕ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਾਮਰੇਡ ਪ੍ਰੀਤਮ ਸਿੰਘ ਦਰਦੀ ਦੇ ਪਰਿਵਾਰਕ ਮੈਂਬਰਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ। ਸਮਾਗਮ ਦੌਰਾਨ ਅਵਤਾਰ ਸਿੰਘ ਅਣਖੀ, ਅਰੁਣ ਕੁਮਾਰ ਬਾਂਸਲ, ਆੜ੍ਹਤੀਆ ਸਰਬਜੀਤ ਸਿੰਘ ਸਰਬੀ, ਆੜ੍ਹਤੀਆ ਗੁਰੀ ਔਲਖ, ਜਗਦੀਪ ਸਿੰਘ ਮਠਾੜੂ, ਸਬ-ਇੰਸਪੈਕਟਰ ਲਖਵੀਰ ਸਿੰਘ, ਗੁਰਪ੍ਰੀਤ ਸਿੰਘ ਅਣਖੀ, ਨਿੰਦੀ ਪਾਸੀ, ਪਰਮਜੀਤ ਸਿੰਘ ਦਰਦੀ, ਚੇਅਰਮੈਨ ਸਰਬਜੀਤ ਸਿੰਘ, ਪੰਚ ਮਨਜੀਤ ਸਿੰਘ, ਗੁਰਸੇਵਕ ਸਿੰਘ, ਮੈਨੇਜਰ ਸੂਬੇਦਾਰ ਅਮਰੀਕ ਸਿੰਘ, ਅਮਨਦੀਪ ਸਿੰਘ ਅਮਨੀ, ਗੁਰਮੀਤ ਸਿੰਘ ਮੀਤਾ, ਸੁਖਦੇਵ ਸਿੰਘ ਰਾਗੀ, ਗੋਲਡੀ ਜਗਦੇ, ਤੇਜਿੰਦਰ ਸਿੰਘ ਛਾਪਾ, ਹਰਦੇਵ ਸਿੰਘ ਹੈਪੀ, ਮੈਡਮ ਪਰਮਿੰਦਰ ਕੌਰ, ਲੈਕਚਰਾਰ ਜਗਦੀਪ ਸਿੰਘ, ਗੁਰਪ੍ਰੀਤ ਕੌਰ, ਜਸਵੀਰ ਕੌਰ, ਬਲਵਿੰਦਰ ਸਿੰਘ, ਡੀ ਪੀ ਈ ਸੰਸਾਰ ਸਿੰਘ ਸਮੇਤ ਸਕੂਲ ਦਾ ਸਮੂਹ ਸਟਾਫ਼, ਪਤਵੰਤੇ ਸੱਜਣ ਅਤੇ ਵਿਦਿਆਰਥੀ ਹਾਜ਼ਰ ਸਨ।

## ਪਿੰਡ ਈਸਰਹੇੜੀ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ

ਸਨੌਰ /ਪਟਿਆਲਾ (ਰਾਜਿੰਦਰ ਸਿੰਘ ਥਿੰਦ ) - ਈਸਰਹੇੜੀ ਦੇ ਵਸਨੀਕ ਪੀਣ ਵਾਲੇ ਪਾਣੀ ਦੀ ਸਮੱਸਿਆ ਨਾਲ ਜੂਝ ਰਹੇ ਹਨ। ਮੌਜੂਦਾ ਪੰਚਾਇਤ ਤੇ ਪਿੰਡ ਵਾਸੀਆਂ ਨੇ ਇਕੱਠੇ ਹੋ ਕੇ ਰਾਕੇਸ਼ ਬੱਗਾ ਦੇ ਧਿਆਨ ਵਿੱਚ ਆਪਣੀ ਸਮੱਸਿਆ ਲਿਆਂਦੀ ਅਤੇ ਪੀਣ ਵਾਲੇ ਪਾਣੀ ਦੀ ਸੁਚੱਜੀ ਸਪਲਾਈ ਯਕੀਨੀ



ਬਣਾਉਣ ਦੀ ਮੰਗ ਕੀਤੀ।ਇਸ ਮੌਕੇ ਰਾਕੇਸ਼ ਬੱਗਾ ਨੇ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਨੂੰ ਧਿਆਨ ਨਾਲ ਸੁਣਦਿਆਂ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।ਇਸ ਮੌਕੇ ਪਿੰਡ ਦੀ ਮੌਜੂਦਾ ਪੰਚਾਇਤ ਤੇ ਵਸਨੀਕ ਗੁਰਮੀਤ ਸਿੰਘ,ਹਰਮੀਤ ਸਿੰਘ, ਪ੍ਰਦੀਪ ਸਿੰਘ,ਲਾਲ ਸਿੰਘ, ਮਨਦੀਪ ਸਿੰਘ ਆਦਿ ਹਾਜ਼ਰ ਸਨ

## ਨੀਰਜ ਸ਼ਰਮਾ ਤੀਜੀ ਵਾਰ ਬਣੇ ਸੂਬਾ ਸੀਨੀਅਰ ਉਪ ਪ੍ਰਮੁੱਖ



ਸਮਰਾਲਾ (ਸੁਰਜੀਤ ਸਿੰਘ) — ਭਾਰਤੀ ਜਨਤਾ ਪਾਰਟੀ ਪੰਜਾਬ ਵੱਲੋਂ ਐਲਾਨੀਆਂ ਗਈਆਂ ਸੰਗਠਨਾਤਮਕ ਨਿਯੁਕਤੀਆਂ ਤਹਿਤ ਪਾਰਟੀ ਦੇ ਸੀਨੀਅਰ ਆਗੂ ਨੀਰਜ ਸ਼ਰਮਾ ਨੂੰ ਲਗਾਤਾਰ ਤੀਜੀ ਵਾਰ ਭਾਜਪਾ ਪੰਜਾਬ ਆਈ ਟੀ ਵਿਭਾਗ ਦਾ ਸੂਬਾ ਸੀਨੀਅਰ ਉਪ ਪ੍ਰਮੁੱਖ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਨੂੰ ਪਟਿਆਲਾ ਲੋਕ ਸਭਾ ਆਈ ਟੀ ਇੰਚਾਰਜ ਦੀ ਵਾਧੂ ਜ਼ਿੰਮੇਵਾਰੀ ਅਤੇ ਆਈ ਟੀ ਸੰਗਠਨ ਦੇ ਤਾਲਮੇਲ ਤੇ ਸੰਚਾਲਨ ਦੀ ਵਾਧੂ ਜ਼ਿੰਮੇਵਾਰੀ ਵੀ ਸੌਂਪੀ ਗਈ ਹੈ।ਪਾਰਟੀ ਦੇ ਹੁਕਮਾਂ ਅਨੁਸਾਰ ਨੀਰਜ ਸ਼ਰਮਾ ਪਾਰਟੀ ਵੱਲੋਂ ਲਗਾਏ ਜਾਣ ਵਾਲੇ ਸਾਰੇ ਸਿਖਲਾਈ ਕੈਂਪਾਂ ਵਿੱਚ ਵਰਕਰਾਂ ਦੀ ਸਿਖਲਾਈ, ਡਿਜੀਟਲ ਸਸ਼ਕਤੀਕਰਨ ਅਤੇ ਸੰਗਠਨਾਤਮਕ ਕੁਸ਼ਲਤਾ ਵਧਾਉਣ ਲਈ ਵੀ ਕੰਮ ਕਰਨਗੇ। ਆਪਣੀ ਨਿਯੁਕਤੀ 'ਤੇ ਨੀਰਜ ਸ਼ਰਮਾ ਨੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ, ਸੰਗਠਨ ਮਹਾਂਮੰਤਰੀ ਸ਼੍ਰੀਨਿਵਾਸਲੂ, ਸੂਬਾ ਆਈ ਟੀ ਮੁਖੀ ਇੰਦਰਜੀਤ ਸਿੰਘ ਅਤੇ ਪਾਰਟੀ ਦੀ ਕੌਮੀ ਤੇ ਸੂਬਾ ਲੀਡਰਸ਼ਿਪ ਦਾ ਦਿਲੋਂ ਧੰਨਵਾਦ ਕੀਤਾ ।

## ਮਹਾਕਾਲ ਸ਼ਿਵ ਮੰਦਰ ਵਿਖੇ ਕਾਂਵੜੀਆਂ ਨੇ ਕੀਤਾ ਪਵਿੱਤਰ ਜਲ ਅਭਿਸ਼ੇਕ



ਫ਼ਰੀਦਕੋਟ, (ਐਲਿਗਜ਼ੈਂਡਰ ਡਿਸੂਜ਼ਾ)- ਸ਼੍ਰੀ ਭੋਲੇ ਬਾਬਾ ਕਾਂਵੜ ਸੰਘ ਵੱਲੋਂ ਭਗਵਾਨ ਸ਼ਿਵ ਜੀ ਦੀ ਅਗਾਧ ਭਗਤੀ ਤੇ ਸ਼ਰਧਾ-ਭਾਵਨਾ ਨਾਲ ਵਿਸ਼ਾਲ ਕਾਂਵੜ ਯਾਤਰਾ ਦਾ ਆਯੋਜਨ ਕੀਤਾ ਗਿਆ।ਇਹ ਪਵਿੱਤਰ ਯਾਤਰਾ ਕੋਤਵਾਲੀ ਦੇ ਨੇੜੇ ਸਥਿਤ ਮਾਰਕੀਟ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਮੁੱਖ ਮਾਰਗਾਂ ਹੁੱਕੀ ਚੌਕ, ਬਾਬਾ ਫਰੀਦ ਸਰਾਫਾ ਬਾਜ਼ਾਰ, ਜਿਤੇਂਦਰ ਚੌਕ ਤੇ ਲਾਲ ਦੁਆਰਾ ਤੋਂ ਹੁੰਦੀ ਹੋਈ ਰਾਮਬਾਗ ਵਿਖੇ ਸੰਪੰਨ ਹੋਈ। ਯਾਤਰਾ ਦੌਰਾਨ ਸ਼੍ਰੀ ਪ੍ਰੇਮ ਸੰਕੀਰਤਨ ਮੰਡਲ ਦੇ ਅਹੁਦੇਦਾਰਾਂ ਅਤੇ ਸ਼੍ਰੀ ਭੋਲੇ ਬਾਬਾ ਕਾਂਵੜ ਸੰਘ ਦੇ ਪ੍ਰਧਾਨ ਸੰਜੀਵ ਮੋਗਾ ਟਿੰਕੂ ਦੀ ਅਗਵਾਈ ਹੇਠ ਸ਼ਰਧਾਲੂਆਂ ਨੇ ਪੂਰੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।'ਬਮ-ਬਮ ਭੋਲੇ' ਤੇ ਭਗਵਾਨ ਸ਼ਿਵ ਜੀ ਦੇ ਜੈਕਾਰਿਆਂ ਨਾਲ ਪੂਰਾ ਸ਼ਹਿਰ ਭਗਤੀਮਈ ਮਾਹੌਲ ਵਿੱਚ ਰੰਗਿਆ ਗਿਆ। ਯਾਤਰਾ ਦੇ ਰਾਮਬਾਗ ਪਹੁੰਚਣ 'ਤੇ ਮਹਾਕਾਲ ਸ਼ਿਵ ਮੰਦਰ ਵਿਖੇ 75 ਦੇ ਕਰੀਬ ਕਾਂਵੜੀਆਂ ਵੱਲੋਂ ਪਵਿੱਤਰ ਜਲ ਨਾਲ ਭਗਵਾਨ ਸ਼ਿਵ ਜੀ ਦਾ ਅਭਿਸ਼ੇਕ ਕੀਤਾ ਗਿਆ।ਇਸ ਉਪਰੰਤ ਪ੍ਰਬੰਧਕਾਂ ਦੁਆਰਾ ਸਮੂਹ ਕਾਂਵੜੀਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਕਿਰਾਏ ਦੇ ਮਕਾਨ 'ਚੋਂ 50 ਸਾਲਾ ਵਿਅਕਤੀ ਦੀ ਲਾਸ਼ ਮਿਲੀ

ਰਾਏਕੋਟ (ਸੰਤੋਖ ਗਿੱਲ)-ਭਾਰਤੀ ਹਵਾਈ ਸੈਨਾ ਦੇ ਘਰੇਲੂ ਕੰਪਲੈਕਸ ਦੇ ਸਾਹਮਣੇ ਪਿੰਡ ਅਕਾਲਗੜ੍ਹ ਦੇ ਇਕ ਕਿਰਾਏ ਦੇ ਮਕਾਨ ਵਿੱਚ ਰਹਿੰਦੇ 50 ਸਾਲਾ ਵਿਅਕਤੀ ਬਲਜੀਤ ਸਿੰਘ



ਹੈਪੀ ਪੁੱਤਰ ਸੰਤੋਖ ਸਿੰਘ ਦੀ ਗਲੀ-ਸੜੀ ਲਾਸ਼ ਮਿਲਣ ਬਾਅਦ ਇਲਾਕੇ ਵਿੱਚ ਸਨਸਨੀ ਫੈਲ ਗਈ। ਮੌਕੇ 'ਤੇ ਮੌਜੂਦ ਲੋਕਾਂ ਨੇ ਬਲਜੀਤ ਸਿੰਘ ਦੀ ਮੌਤ ਕਈ ਦਿਨ ਪਹਿਲਾਂ ਹੋਣ ਦਾ ਖ਼ਦਸ਼ਾ ਪ੍ਰਗਟਾਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬਲਜੀਤ ਸਿੰਘ ਦੇ ਪਿਤਾ ਸੰਤੋਖ ਸਿੰਘ ਐੱਮ.ਈ.ਐੱਸ ਪਾਵਰ ਹਾਊਸ ਹਲਵਾਰਾ ਵਿੱਚ ਨੌਕਰੀ ਕਰਦੇ ਸਨ ਅਤੇ ਪਰਿਵਾਰ ਸਮੇਤ ਸਰਕਾਰੀ ਕੁਆਰਟਰਾਂ ਵਿੱਚ ਰਹਿੰਦੇ ਸਨ। ਸੇਵਾ ਮੁਕਤੀ ਤੋਂ ਬਾਅਦ ਪਰਿਵਾਰ ਕਿਰਾਏ ਦੇ ਮਕਾਨ ਵਿੱਚ ਰਹਿਣ ਲੱਗ ਪਿਆ। ਕੁਝ ਸਮੇਂ ਬਾਅਦ ਸੰਤੋਖ ਸਿੰਘ ਦੀ ਮੌਤ ਹੋ ਗਈ, ਜਿਸ ਉਪਰੰਤ ਬਲਜੀਤ ਸਿੰਘ ਆਪਣੀ ਮਾਤਾ ਨਾਲ ਰਹਿੰਦਾ ਸੀ। ਬਾਅਦ ਵਿੱਚ ਉਸ ਦੀ ਮਾਤਾ ਦੀ ਵੀ ਮੌਤ ਹੋ ਗਈ ਸੀ ਅਤੇ ਹੁਣ ਬਲਜੀਤ ਸਿੰਘ ਇਕੱਲਾ ਹੀ ਰਹਿ ਰਿਹਾ ਸੀ।

## ਨਾਰੰਗਵਾਲ ਦੀ ਬੀ.ਕਾਮ ਵਿਦਿਆਰਥਣ ਨੇ ਯੂਨੀਵਰਸਿਟੀ ਮੈਰਿਟ ਵਿੱਚ ਥਾਂ ਬਣਾਈ



ਰਾਏਕੋਟ (ਸੰਤੋਖ ਗਿੱਲ)- ਗੋਵਿੰਦ ਨੈਸ਼ਨਲ ਕਾਲਜ ਨਾਰੰਗਵਾਲ ਦੀ ਬੀ.ਕਾਮ ਸਮੈਸਟਰ ਚੌਥਾ ਦੀ ਵਿਦਿਆਰਥਣ ਨੂਰਜੋਤ ਕੌਰ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਮੈਰਿਟ ਲਿਸਟ ਵਿੱਚ ਥਾਂ ਬਣਾਈ ਹੈ । ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾਕਟਰ ਸੰਦੀਪ ਸਾਹਨੀ ਨੇ ਕਿਹਾ ਕਿ ਇਸ ਵਿਦਿਆਰਥਣ ਨੇ ਕਾਲਜ ਦੀ ਸ਼ਾਨ ਵਧਾਈ ਹੈ। ਉਨ੍ਹਾਂ ਨੂਰਜੋਤ ਕੌਰ ਦੇ ਸ਼ਾਨਦਾਰ ਅਤੇ ਉੱਜਲ ਭਵਿੱਖ ਦੀ ਕਾਮਨਾ ਕੀਤੀ। ਕਾਮਰਸ ਵਿਭਾਗ ਦੇ ਮੁਖੀ ਰਾਜੀਵ ਕਾਲੜਾ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੀ ਮੈਰਿਟ ਵਿੱਚ ਥਾਂ ਬਣਾਉਣੀ ਨੂਰਜੋਤ ਕੌਰ ਲਈ ਬਹੁਤ ਖ਼ੁਸ਼ੀ ਦਾ ਪਲ ਹੈ । ਇਸ ਮੌਕੇ ਡਾਕਟਰ ਪਰਮਜੀਤ ਕੌਰ, ਪ੍ਰੋਫੈਸਰ ਕੁਲਵੰਤ ਕੌਰ ਅਤੇ ਪ੍ਰੋਫੈਸਰ ਜਗਪ੍ਰੀਤ ਕੌਰ ਵੀ ਹਾਜ਼ਰ ਸਨ।

## ਪੌਦੇ ਲਗਾ ਕੇ ਨਵੇਂ ਅਕਾਦਮਿਕ ਸੈਸ਼ਨ ਦਾ ਆਗਾਜ਼



ਬਠਿੰਡਾ ( ਪਰਵਿੰਦਰ ਜੀਤ ਸਿੰਘ )-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ.ਏ.ਯੂ) ਦੇ ਇੰਸਟੀਚਿਊਟ ਆਫ ਐਗਰੀਕਲਚਰ, ਬਠਿੰਡਾ ਵਿਖੇ ਨਵੇਂ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਪੌਦੇ ਲਗਾਉਣ ਦੀ ਰਸਮ ਨਾਲ ਕੀਤੀ ਗਈ ਤਾਂ ਜੋ ਵਿਦਿਆਰਥੀਆਂ ਨੂੰ ਵਾਤਾਵਰਨ ਸੰਭਾਲ ਅਤੇ ਹਰਿਆਵਲ ਲਈ ਉਤਸ਼ਾਹਿਤ ਕੀਤਾ ਜਾ ਸਕੇ।ਡਾ. ਅਵਤਾਰ ਸਿੰਘ, ਐਸੋਸੀਏਟ ਡੀਨ, ਇੰਸਟੀਚਿਊਟ ਆਫ ਐਗਰੀਕਲਚਰ ਬਠਿੰਡਾ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਵਿਦਿਆਰਥੀ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ। ਇਸ ਮੌਕੇ ਡਾ. ਲਵਜੀਤ ਕੌਰ, ਸਹਾਇਕ ਪ੍ਰੋਫੈਸਰ ਨੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਦਾ ਨਿੱਘਾ ਕੀਤਾ।

## ਸੁਧਾਰ ਕਾਲਜ ਦੇ ਕਾਮਰਸ ਅਤੇ ਮੈਨੇਜਮੈਂਟ ਵਿਭਾਗ ਦੇ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ

ਗੁਰੂਸਰ ਸੁਧਾਰ (ਸੰਤੋਖ ਗਿੱਲ)- ਗੁਰੂ ਹਰਿਗੋਬਿੰਦ ਖ਼ਾਲਸਾ ਕਾਲਜ ਦੇ ਕਾਮਰਸ ਅਤੇ ਮੈਨੇਜਮੈਂਟ ਵਿਭਾਗ ਦੇ ਵਿਦਿਆਰਥੀਆਂ ਨੇ ਬੀ.ਬੀ.ਏ ਅਤੇ ਬੀ.ਕਾਮ ਚੌਥੇ ਸਮੈਸਟਰ ਵਿੱਚ ਯੂਨੀਵਰਸਿਟੀ 'ਚ ਕਈ ਪੁਜ਼ੀਸ਼ਨਾਂ ਹਾਸਲ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ। ਬੀ.ਬੀ.ਏ ਵਿੱਚ ਸਿਮਰਨ ਕੌਰ ਨੇ 8.08 ਗ੍ਰੇਡ ਪੁਆਇੰਟ ਨਾਲ ਯੂਨੀਵਰਸਿਟੀ ਵਿੱਚ 7ਵਾਂ ਸਥਾਨ, ਜਦ ਕਿ ਜਸ਼ਨਪ੍ਰੀਤ ਕੌਰ ਨੇ 8.00 ਗ੍ਰੇਡ ਪੁਆਇੰਟ



ਨਾਲ 8ਵਾਂ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਗੁਰਜੋਤ ਕੌਰ, ਅਰਸ਼ਪ੍ਰੀਤ ਕੌਰ ਲਿੱਟ, ਜਸ਼ਨਪ੍ਰੀਤ ਕੌਰ ਸੰਧੂ, ਅਰਸ਼ਦੀਪ ਕੌਰ, ਪਰੀ, ਨਵਜੋਤ ਕੌਰ, ਸਿਮਰਨਜੀਤ ਕੌਰ ਹੇਰ ਅਤੇ ਮਹਿਕਦੀਪ ਕੌਰ ਨੇ ਵੀ ਯੂਨੀਵਰਸਿਟੀ ਵਿੱਚ ਮਾਣਮੱਤੀਆਂ ਪੁਜ਼ੀਸ਼ਨਾਂ ਹਾਸਲ ਕੀਤੀਆਂ ਹਨ। ਬੀ.ਕਾਮ ਦੀ ਭਵਨੀਤ ਕੌਰ ਅਤੇ ਗੁਰਲੀਨ ਕੌਰ ਨੇ ਸ਼ਾਨਦਾਰ 8.33 ਗ੍ਰੇਡ ਪੁਆਇੰਟ ਨਾਲ ਸਾਂਝੇ ਤੌਰ 'ਤੇ 11ਵਾਂ ਸਥਾਨ ਹਾਸਲ ਕੀਤਾ। ਗੁਰਨੂਰ ਕੌਰ, ਦਿਵਦੀਪ ਕੌਰ ਅਤੇ ਬਾਣੀ ਜੈਨ ਨੇ ਵੀ ਯੂਨੀਵਰਸਿਟੀ ਦੀਆਂ ਪੁਜ਼ੀਸ਼ਨਾਂ ਹਾਸਲ ਕਰਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਕਾਲਜ ਦੇ ਪ੍ਰਿੰਸੀਪਲ ਪ੍ਰੋ. ਇੰਦਰਜੀਤ ਸਿੰਘ ਨੇ ਸਾਰੇ ਹੋਣਹਾਰ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਾਮਰਸ ਅਤੇ ਮੈਨੇਜਮੈਂਟ ਵਿਭਾਗ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ।

## ਬਾਲ ਭਿੱਖਿਆ ਖ਼ਿਲਾਫ਼ ਪ੍ਰਸ਼ਾਸਨ ਦੀ ਸਖ਼ਤ ਚੈਕਿੰਗ ਮੁਹਿੰਮ

ਫ਼ਰੀਦਕੋਟ/ ਕੋਟਕਪੂਰਾ (ਐਲਿਗਜ਼ੈਂਡਰ ਡਿਸੂਜ਼ਾ) : ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀ ਰਤਨਦੀਪ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ੍ਰੀ ਅਮਨਦੀਪ ਸਿੰਘ ਸੋਢੀ ਦੀ ਅਗਵਾਈ ਹੇਠ



ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਫ਼ਰੀਦਕੋਟ ਵੱਲੋਂ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ 'ਪ੍ਰੋਜੈਕਟ ਜੀਵਨਜੋਤ-02' ਤਹਿਤ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੌਰਾਨ ਬਾਲ ਸੁਰੱਖਿਆ ਟੀਮ ਨੇ ਪੁਲਿਸ ਵਿਭਾਗ ਦੇ ਨਾਲ ਮਿਲ ਕੇ ਕੋਟਕਪੂਰਾ ਸ਼ਹਿਰ ਦੇ ਪ੍ਰਮੁੱਖ ਸਥਾਨਾਂ-ਜਿਵੇਂ ਕਿ ਬੱਸ ਸਟੈਂਡ, ਮੇਨ ਬਾਜ਼ਾਰ, ਬੱਤੀਆਂ ਵਾਲਾ ਚੌਕ ਅਤੇ ਰੇਲਵੇ ਸਟੇਸ਼ਨ 'ਤੇ ਚੈਕਿੰਗ ਕੀਤੀ। ਪ੍ਰੋਟੈਕਸ਼ਨ ਅਫ਼ਸਰ ਸ੍ਰੀ ਸੁਖਮੰਦਰ ਸਿੰਘ ਅਤੇ ਸ੍ਰੀ ਸੁਖਮਜੀਤ ਸਿੰਘ ਨੇ ਆਮ ਲੋਕਾਂ ਨੂੰ ਜਾਗਰੂਕ ਕਰਦਿਆਂ ਦੱਸਿਆ ਕਿ ਬੱਚਿਆਂ ਤੋਂ ਭੀਖ ਮੰਗਵਾਉਣਾ ਜਾਂ ਉਨ੍ਹਾਂ ਨੂੰ ਮਜ਼ਦੂਰੀ/ਰੈਗ ਪਿਕਿੰਗ ਵਿੱਚ ਲਗਾਉਣਾ ਕਾਨੂੰਨਨ ਗੰਭੀਰ ਅਪਰਾਧ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਬੱਚਿਆਂ ਤੋਂ ਭੀਖ ਮੰਗਵਾਉਣ ਵਾਲੇ ਦੋਸ਼ੀਆਂ ਵਿਰੁੱਧ ਜੁਵੇਨਾਇਲ ਜਸਟਿਸ ਐਕਟ ਦੀ ਧਾਰਾ 76 ਤਹਿਤ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਖੇਤ 'ਚੋਂ 454 ਗ੍ਰਾਮ ਹੈਰੋਇਨ ਬਰਾਮਦ, ਅਣਪਛਾਤਿਆਂ ਖ਼ਿਲਾਫ਼ ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ): ਫਿਰੋਜ਼ਪੁਰ ਜ਼ਿਲ੍ਹੇ ਵਿਚ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਸਦਰ ਫਿਰੋਜ਼ਪੁਰ ਦੀ ਪੁਲਿਸ ਨੇ ਕਾਰਵਾਈ ਕਰਦਿਆਂ ਪਿੰਡ ਜਲਾਲਵਾਲਾ ਦੇ ਇੱਕ ਖੇਤ ਵਿੱਚੋਂ 454 ਗ੍ਰਾਮ ਹੈਰੋਇਨ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪੁਲਸ ਨੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਥਾਣਾ ਸਦਰ ਫਿਰੋਜ਼ਪੁਰ ਵਿਖੇ ਦਰਜ ਕੀਤੇ ਗਏ ਮਾਮਲੇ ਮੁਤਾਬਕ ਮੁਕੱਦਮਾ ਨੰਬਰ 273 ਮਿਤੀ 11-08-2026 ਤਹਿਤ ਧਾਰਾ 21/61/85 ਐਨ.ਡੀ.ਪੀ.ਐਸ. ਐਕਟ ਅਧੀਨ ਕਾਰਵਾਈ ਕੀਤੀ ਗਈ ਹੈ। ਪੁਲਸ ਅਨੁਸਾਰ ਐਸ.ਆਈ. ਵਿਨੋਦ ਕੁਮਾਰ ਦੀ ਅਗਵਾਈ ਹੇਠ ਪੁਲਿਸ ਟੀਮ ਨੂੰ ਗੁਪਤ ਸੂਚਨਾ ਪ੍ਰਾਪਤ ਹੋਈ ਸੀ ਕਿ ਪਿੰਡ ਜਲਾਲਵਾਲਾ ਦੇ ਇੱਕ ਖੇਤ ਵਿੱਚ ਮੋਟਰ ਨੇੜੇ ਕਿਸੇ ਵਿਅਕਤੀ ਵੱਲੋਂ ਹੈਰੋਇਨ ਲੁਕਾ ਕੇ ਰੱਖੀ ਗਈ ਹੈ। ਸੂਚਨਾ ਮਿਲਣ ਉਪਰੰਤ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਦੱਸੇ ਗਏ ਸਥਾਨ 'ਤੇ ਪਹੁੰਚ ਕੇ ਤਲਾਸ਼ੀ ਮੁਹਿੰਮ ਚਲਾਈ। ਤਲਾਸ਼ੀ ਦੌਰਾਨ ਖੇਤ ਵਿੱਚ ਮੋਟਰ ਨੇੜਿਓਂ 454 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਬਰਾਮਦ ਕੀਤੇ ਨਸ਼ੀਲੇ ਪਦਾਰਥ ਨੂੰ ਕਬਜ਼ੇ ਵਿੱਚ ਲੈ ਕੇ ਮਾਮਲੇ ਦੀ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਬਰਾਮਦਗੀ ਤੋਂ ਬਾਅਦ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਹੈਰੋਇਨ ਉੱਥੇ ਕਿਸ ਵਿਅਕਤੀ ਵੱਲੋਂ ਲੁਕਾਈ ਗਈ ਸੀ ਤੇ ਇਸ ਦੀ ਸਪਲਾਈ ਕਿੱਥੋਂ ਹੋਣੀ ਸੀ। ਇਸ ਤੋਂ ਇਲਾਵਾ ਇਲਾਕੇ ਵਿੱਚ ਨਸ਼ਾ ਤਸਕਰੀ ਨਾਲ ਜੁੜੇ ਵਿਅਕਤੀਆਂ ਬਾਰੇ ਵੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ।

# ਸਫਾ 1 ਦੇ ਬਾਕੀ...

## ਹਵਾਰਾ ਨੂੰ ਪੈਰੋਲ ਦਿਵਾਉਣ ਲਈ ਮਾਨ ਰਾਜਪਾਲ ਨੂੰ ਮਿਲੇ

ਹਵਾਰਾ ਨੂੰ ਦਸ ਦਿਨ ਦੀ ਪੈਰੋਲ ਮਿਲੇ, ਪਰ ਕੇਂਦਰੀ ਗ੍ਰਹਿ ਮੰਤਰਾਲਾ ਸੀਮਤ ਸਮੇਂ ਲਈ ਪੈਰੋਲ ਦੇਣ ਦਾ ਇੱਛੁਕ ਹੈ। ਸੂਤਰ ਦੱਸਦੇ ਹਨ ਕਿ ਕੇਂਦਰੀ ਗ੍ਰਹਿ ਮੰਤਰਾਲਾ ਹਵਾਰਾ ਨੂੰ ਕੁਝ ਘੰਟਿਆਂ ਦੀ ਪੈਰੋਲ ਦੇ ਸਕਦਾ ਹੈ ਜਾਂ ਫਿਰ ਇੱਕ ਦਿਨ ਦੀ ਪੈਰੋਲ ਵੀ ਮਿਲ ਸਕਦੀ ਹੈ। ਇੱਕ-ਦੋ ਦਿਨਾਂ 'ਚ ਹੀ ਪੈਰੋਲ ਮਿਲਣ ਦੀ ਸੰਭਾਵਨਾ ਹੈ।

ਜਗਤਾਰ ਸਿੰਘ ਹਵਾਰਾ ਨੂੰ 1995 ਵਿੱਚ ਮੁੱਖ ਮੰਤਰੀ ਬੇਅੰਤ ਸਿੰਘ ਦੇ ਬੰਬ ਧਮਾਕੇ ਦੀ ਸਾਜ਼ਿਸ਼ ਰਚਣ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ। ਟਰਾਇਲ ਕੋਰਟ ਨੇ 2007 ਵਿੱਚ ਹਵਾਰਾ ਨੂੰ ਫਾਂਸੀ ਦੀ ਸਜ਼ਾ ਸੁਣਾਈ ਸੀ, ਪਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅਕਤੂਬਰ 2010 ਵਿੱਚ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲ ਦਿੱਤਾ ਸੀ। ਹਵਾਰਾ ਇਸ ਵੇਲੇ ਨਵੀਂ ਦਿੱਲੀ ਦੀ ਮੰਡੋਲੀ ਜੇਲ੍ਹ ਵਿੱਚ ਬੰਦ ਹੈ। ਪਹਿਲਾਂ ਹਵਾਰਾ ਬੁੜੈਲ ਜੇਲ੍ਹ ਵਿੱਚ ਵੀ ਬੰਦ ਰਿਹਾ, ਜਿੱਥੋਂ ਉਹ ਸੁਰੰਗ ਜ਼ਰੀਏ ਸਾਲ 2004 ਵਿੱਚ ਫਰਾਰ ਵੀ ਹੋ ਗਿਆ ਸੀ। ਸੁਰੱਖਿਆ ਅਤੇ ਖੁਫੀਆ ਏਜੰਸੀਆਂ ਵੱਲੋਂ ਹੁਣ ਤੱਕ ਹਵਾਰਾ ਦੀ ਪੈਰੋਲ ਦਾ ਵਿਰੋਧ ਕੀਤਾ ਜਾਂਦਾ ਰਿਹਾ ਹੈ।

## ਪੰਜਾਬੀ 'ਵਰਸਿਟੀ ਦੇ ਵੀ ਸੀ ਦੇ ਦਫਤਰ ਬਾਹਰ ਪੱਕਾ ਧਰਨਾ ਸ਼ੁਰੂ

ਜਿਸ ਵਿੱਚ 397 ਕਰੋੜ ਸਰਕਾਰ ਦੀ ਗਰਾਂਟ ਹੈ ਅਤੇ ਲਗਭਗ 240 ਕਰੋੜ ਵਿਦਿਆਰਥੀਆਂ ਦੀਆਂ ਫੀਸਾਂ ਤੋਂ ਇਕੱਠਾ ਹੁੰਦਾ ਹੈ। ਇਸ ਦੇ ਨਾਲ ਹੀ ਪੰਜਾਬੀ ਯੂਨੀਵਰਸਿਟੀ ਸਿਰ 150 ਕਰੋੜ ਦਾ ਕਰਜ਼ਾ ਵੀ ਹੈ। ਜਿਸ ਦਾ ਯੂਨੀਵਰਸਿਟੀ ਹਰ ਸਾਲ 14 ਕਰੋੜ ਵਿਆਜ ਦਿੰਦੀ ਹੈ। ਮੁੱਖ ਮੰਤਰੀ ਦੇ ਐਲਾਨ ਤੋਂ ਬਾਅਦ ਵੀ ਇਹ ਕਰਜ਼ਾ ਅਜੇ ਤੱਕ ਮਾਫ਼ ਨਹੀਂ ਹੋਇਆ। ਫਰੰਟ ਦੇ ਬੁਲਾਰਿਆਂ ਨੇ ਕਿਹਾ ਕਿ ਯੂਨੀਵਰਸਿਟੀ ਪ੍ਰਸ਼ਾਸਨ ਯੂਨੀਵਰਸਿਟੀ ਨੂੰ ਡੋਬਣ ਵਾਲੀ ਦਿਸ਼ਾ ਵਿੱਚ ਤੁਰਿਆ ਹੋਇਆ ਹੈ। ਵਿਦਿਆਰਥੀਆਂ ਦੇ ਵਾਰ-ਵਾਰ ਮੰਗ ਪੱਤਰ ਦੇਣ ਤੋਂ ਬਾਅਦ ਵੀ ਯੂਨੀਵਰਸਿਟੀ ਪ੍ਰਸ਼ਾਸਨ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕਦੀ। ਇਸ ਲਈ ਜਦੋਂ ਤੱਕ ਫਰੰਟ ਦੀਆਂ ਮੰਗਾਂ ਪੂਰੀਆਂ ਨਹੀਂ ਹੋ ਜਾਂਦੀਆਂ, ਓਦੋਂ ਤੱਕ ਵੀ ਸੀ ਦਫਤਰ ਦੇ ਬਾਹਰ ਪੱਕਾ ਧਰਨਾ ਜਾਰੀ ਰਹੇ।

## ਬੀ ਬੀ ਐੱਮ ਬੀ ਪ੍ਰੋਜੈਕਟਾਂ ਨੂੰ ਲੈ ਕੇ ਪੰਜਾਬ-ਹਿਮਾਚਲ ਝੇੜਾ ਹੱਲ ਹੋਣ ਦੇ ਆਸਾਰ

ਹੈ। ਸੂਤਰਾਂ ਮੁਤਾਬਕ ਬੀ ਬੀ ਐੱਮ ਬੀ 1 ਨਵੰਬਰ 2011 ਤੋਂ ਬਾਅਦ ਭਾਖੜਾ ਬਿਆਸ ਪ੍ਰੋਜੈਕਟਾਂ ਵਿੱਚੋਂ ਹਿਮਾਚਲ ਪ੍ਰਦੇਸ਼ ਦਾ 7.19 ਫੀਸਦੀ ਬਿਜਲੀ ਦਾ ਹਿੱਸਾ ਦੇ ਰਿਹਾ ਹੈ, ਜਦੋਂ ਕਿ ਪੰਜਾਬ ਅਤੇ ਹਰਿਆਣਾ ਨੇ ਪਿਛਲੇ ਸਮੇਂ ਦੇ ਬੀ ਬੀ ਐੱਮ ਬੀ ਪ੍ਰੋਜੈਕਟਾਂ ਦੇ ਬਕਾਏ ਦੀ ਅਦਾਇਗੀ ਨਹੀਂ ਕੀਤੀ, ਜੋ ਕਿ 13,0660 ਲੱਖ ਬਿਜਲੀ ਯੂਨਿਟ ਬਣਦੀ ਹੈ। ਇਸ ਪ੍ਰਸਤਾਵ ਤਹਿਤ ਧਿਰਾਂ ਵਿਚਕਾਰ ਬਿਜਲੀ ਦੀ ਦਰ ਬਾਰੇ ਕੋਈ ਸਹਿਮਤੀ ਨਹੀਂ ਬਣ ਸਕੀ। ਇਸ ਤੋਂ ਬਾਅਦ ਕੇਂਦਰ ਨੇ ਸੁਝਾਅ ਦਿੱਤਾ ਹੈ ਕਿ ਪੰਜਾਬ ਅਤੇ ਹਰਿਆਣਾ ਵੱਲੋਂ ਹਿਮਾਚਲ ਨੂੰ ਬਕਾਏ ਦੀ ਅਦਾਇਗੀ ਪੈਸੇ ਦੀ ਰੂਪ ਵਿੱਚ ਨਹੀਂ, ਸਗੋਂ ਊਰਜਾ (ਬਿਜਲੀ) ਦੇ ਰੂਪ ਵਿੱਚ ਕੀਤੀ ਜਾਵੇ। ਇਹ ਵੀ ਤੈਅ ਕੀਤਾ ਗਿਆ ਕਿ ਹਿਮਾਚਲ, ਪੰਜਾਬ ਅਤੇ ਹਰਿਆਣਾ ਨੂੰ ਬਕਾਏ ਦਾ ਭੁਗਤਾਨ ਨਹੀਂ ਕਰੇਗਾ ਅਤੇ ਇਹ ਰਕਮ ਯੂਨਿਟ ਬਿਜਲੀ ਵਿੱਚੋਂ ਐਡਜਸਟ ਕਰ ਲਈ ਜਾਵੇਗੀ। ਲਗਭਗ 60 ਸਾਲਾਂ ਬਾਅਦ ਭਾਖੜਾ ਬਿਆਸ ਪ੍ਰੋਜੈਕਟਾਂ ਵਿੱਚ ਹਿਮਾਚਲ ਦੇ ਹਿੱਸੇ ਬਾਰੇ ਵਿਵਾਦ ਆਖ਼ਰਕਾਰ ਹੱਲ ਹੋਣ ਦੀ ਉਮੀਦ ਜਾਗ ਰਹੀ ਹੈ।

## ਚਹਿਲ ਤੇ ਭਾਣਾ 'ਚ ਜਨ-ਸੰਪਰਕ

ਨੇ ਕੇਂਦਰ ਦੀ ਮੋਦੀ ਸਰਕਾਰ 'ਤੇ ਤਿੱਖੇ ਹਮਲੇ ਕੀਤੇ। ਆਗੂਆਂ ਦੋਸ਼ ਲਾਇਆ ਕਿ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਲਗਾਤਾਰ ਮਜ਼ਦੂਰ, ਕਿਸਾਨ ਅਤੇ ਲੋਕ-ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ। ਦੇਸ਼ ਵਿੱਚ ਫ਼ਿਰਕਾਪ੍ਰਸਤੀ, ਜਾਤ-ਪਾਤ ਅਤੇ ਨਫ਼ਰਤ ਦੀ ਰਾਜਨੀਤੀ ਵਧਾ ਕੇ ਧਰਮ-ਨਿਰਪੱਖ ਸੰਵਿਧਾਨ ਨੂੰ ਖ਼ਤਰੇ ਵਿੱਚ ਪਾਇਆ ਜਾ ਰਿਹਾ ਹੈ। ਆਗੂਆਂ ਐਲਾਨ ਕੀਤਾ ਕਿ 1 ਸਤੰਬਰ ਦੀ ਦਿੱਲੀ ਰੈਲੀ ਮੋਦੀ ਸਰਕਾਰ ਨੂੰ ਲੋਕ-ਪੱਖੀ ਫ਼ੈਸਲੇ ਲੈਣ ਲਈ ਮਜਬੂਰ ਕਰੇਗੀ ਅਤੇ ਇਸ ਵਿੱਚ ਸ਼ਾਮਲ ਹੋਣ ਲਈ ਫ਼ਰੀਦਕੋਟ ਤੋਂ ਇੱਕ ਵੱਡਾ ਜਥਾ ਦਿੱਲੀ ਲਈ ਰਵਾਨਾ ਹੋਵੇਗਾ।

ਇਸ ਮੌਕੇ ਹਰਪ੍ਰੀਤ ਕੌਰ ਮੇਟ ਚਹਿਲ, ਰੇਸ਼ਮ ਸਿੰਘ ਜਿਉਣ ਵਾਲਾ, ਸੁਰਜੀਤ ਸਿੰਘ, ਗੁਰਦੀਪ ਸਿੰਘ, ਮੀਤਾ ਸਿੰਘ, ਜੈ ਸਿੰਘ, ਭੋਲਾ ਸਿੰਘ, ਜੀਤ ਸਿੰਘ, ਸੁਖਦੇਵ ਸਿੰਘ ਗੇਗੀ, ਚੰਦ ਸਿੰਘ, ਤਰਲੋਚਨ ਸਿੰਘ, ਰੁਲਦੂ ਸਿੰਘ, ਮੋਂਗਾ ਸਿੰਘ, ਅਸ਼ੋਕ ਕੁਮਾਰ, ਅਜਮੇਰ ਕੌਰ, ਲਖਵੀਰ ਕੌਰ, ਮਨਜੀਤ ਕੌਰ, ਗੁੱਡੋ ਕੌਰ ਭਾਣਾ, ਰਮਨਦੀਪ ਰਿੰਕੂ ਕੰਮੇਆਣਾ ਅਤੇ ਸਤਨਾਮ ਸਿੰਘ ਕੰਮੇਆਣਾ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

## ਮਲੇਰਕੋਟਲਾ ਦੀਆਂ ਧੀਆਂ ਨੂੰ 5 ਮੰਜ਼ਲਾ...

ਅਜਿਹੇ ਉਕਸਾਵੇ ਵਿੱਚ ਨਹੀਂ ਆਉਣਾ ਚਾਹੀਦਾ। ਇਸ ਮੌਕੇ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ, ਪੰਜਾਬ ਵਕਫ ਬੋਰਡ ਦੇ ਚੇਅਰਮੈਨ ਮੁਹੰਮਦ ਉਵੈਸ, ਚੇਅਰਮੈਨ ਸਾਕਿਬ ਅਲੀ ਰਾਜ਼ਾ, ਡਾ. ਮੁਹੰਮਦ ਗੁਲਜ਼ਾਰ, ਆਜ਼ਮ ਦਾਰਾ, ਡਿਪਟੀ ਕਮਿਸ਼ਨਰ ਵਿਰਾਜ ਐੱਸ ਤਿੜਕੇ, ਐੱਸ ਐੱਸ ਪੀ ਗੁਰਮੀਤ ਸਿੰਘ ਸਮੇਤ ਆਗੂ ਤੇ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਸਨ।

## 'ਮੇਰਾ ਘਰ ਮੇਰੇ ਨਾਮ' ਦੀ ਮੈਪਿੰਗ 'ਤੇ ਉਦੋਕੇ ਖੁਰਦ ਵਾਸੀਆਂ ਨੇ ਚੁੱਕੇ ਸਵਾਲ

ਸ਼ਿਕਾਇਤਾਂ ਦਿੱਤੀਆਂ ਗਈਆਂ ਹਨ। ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਇਤਿਹਾਸਕ ਗੁਰਦੁਆਰਾ ਥੰਮ੍ਹ ਸਾਹਿਬ ਵੀ ਉਦੋਕੇ ਖੁਰਦ ਦੀ ਮਾਲੀਆ ਹੱਦ ਅੰਦਰ ਆਉਂਦਾ ਹੈ, ਪਰ ਡਿਜੀਟਲ ਸਰਵੇਖਣ ਵਿੱਚ ਇਸ ਨੂੰ ਉਦੋਕੇ ਕਲਾਂ ਦੀ ਹੱਦ ਵਿੱਚ ਦਰਸਾਇਆ ਗਿਆ ਹੈ। ਇਸੇ ਤਰ੍ਹਾਂ ਲਾਲ ਲਕੀਰ ਅੰਦਰ ਆਉਂਦੇ ਕਈ ਰਿਹਾਇਸ਼ੀ ਘਰਾਂ ਨੂੰ ਵੀ ਦੂਜੇ ਪਿੰਡ ਦੇ ਡਿਜੀਟਲ ਨਕਸ਼ੇ ਵਿੱਚ ਸ਼ਾਮਲ ਕਰ ਦਿੱਤਾ ਗਿਆ ਹੈ। ਸਾਬਕਾ ਸਰਪੰਚ ਸੰਦੀਪ ਸਿੰਘ ਨੇ ਦੱਸਿਆ ਕਿ ਪਿੰਡ ਦੀਆਂ ਪੁਰਾਣੀਆਂ ਵੋਟਰ ਸੂਚੀਆਂ, ਰਾਸ਼ਨ ਕਾਰਡ, ਬਿਜਲੀ ਕੁਨੈਕਸ਼ਨ, ਵੋਟਰ ਕਾਰਡ, ਜਾਤੀ ਅਤੇ ਰਿਹਾਇਸ਼ ਸਰਟੀਫਿਕੇਟ ਅਤੇ ਆਧਾਰ ਕਾਰਡਾਂ ਸਮੇਤ ਕਈ ਸਰਕਾਰੀ ਦਸਤਾਵੇਜ਼ਾਂ ਵਿੱਚ ਇਨ੍ਹਾਂ ਪਰਵਾਰਾਂ ਦਾ ਪਤਾ ਉਦੋਕੇ ਖੁਰਦ ਦਰਜ ਹੈ। ਉਨ੍ਹਾਂ ਕਿਹਾ ਕਿ ਜੇ ਡਿਜੀਟਲ ਰਿਕਾਰਡ ਵਿੱਚ ਪਿੰਡ ਦੀ ਹੱਦ ਹੀ ਬਦਲ ਦਿੱਤੀ ਜਾਂਦੀ ਹੈ ਤਾਂ ਭਵਿੱਖ ਵਿੱਚ ਵੋਟਾਂ, ਪੰਚਾਇਤੀ ਅਧਿਕਾਰ ਖੇਤਰ, ਸਰਕਾਰੀ ਸਹੂਲਤਾਂ, ਵਿਕਾਸ ਕਾਰਜਾਂ ਅਤੇ ਜਾਇਦਾਦ ਸੰਬੰਧੀ ਦਸਤਾਵੇਜ਼ਾਂ ਨੂੰ ਲੈ ਕੇ ਗੰਭੀਰ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਪਿੰਡ ਵਾਸੀਆਂ ਨੇ ਦਾਅਵਾ ਕੀਤਾ ਕਿ ਪਹਿਲਾਂ ਤਿਆਰ ਕੀਤੇ ਗਏ ਨਕਸ਼ਿਆਂ ਵਿੱਚ ਲਾਲ ਲਕੀਰ ਅੰਦਰ ਕਰੀਬ 36 ਘਰ ਦਰਸਾਏ ਗਏ ਸਨ, ਪਰ ਬਾਅਦ ਦੀ ਮੈਪਿੰਗ ਵਿੱਚ ਸਥਿਤੀ ਬਦਲ ਗਈ। ਉਨ੍ਹਾਂ ਮੰਗ ਕੀਤੀ ਕਿ ਮੌਜੂਦਾ ਡਿਜੀਟਲ ਸਰਵੇਖਣ ਨੂੰ ਅੰਤਿਮ ਰੂਪ ਦੇਣ ਤੋਂ ਪਹਿਲਾਂ ਮਾਲੀਆ ਰਿਕਾਰਡ, ਮੁਸਾਵੀ, ਅਕਸ਼ ਸ਼ਜਰਾ, ਜਮ੍ਹਾਂਬੰਦੀ, ਤਤੀਮਾ ਅਤੇ ਹੋਰ ਪੁਰਾਣੇ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾਵੇ। ਸਾਬਕਾ ਸਰਪੰਚ ਮਨਜੀਤ ਕੌਰ ਨੇ ਕਿਹਾ ਕਿ ਉਨ੍ਹਾਂ ਕੋਲ ਪੁਰਾਣੇ ਦਸਤਾਵੇਜ਼ ਅਤੇ ਸਰਕਾਰੀ ਸਰਟੀਫਿਕੇਟ ਮੌਜੂਦ ਹਨ, ਜਿਨ੍ਹਾਂ ਵਿੱਚ ਉਨ੍ਹਾਂ ਦਾ ਪਤਾ ਉਦੋਕੇ ਖੁਰਦ ਦਰਜ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਜੇ ਨਕਸ਼ੇ ਵਿੱਚ ਪਿੰਡ ਦੀ ਹੱਦ ਬਦਲਦੀ ਹੈ ਤਾਂ ਲੋਕਾਂ ਦੇ ਘਰਾਂ ਦੀ ਮਲਕੀਅਤ ਅਤੇ ਭਵਿੱਖ ਵਿੱਚ ਹੋਣ ਵਾਲੀਆਂ ਰਜਿਸਟਰੀਆਂ 'ਤੇ ਵੀ ਅਸਰ ਪੈ ਸਕਦਾ ਹੈ। ਦੂਜੇ ਪਾਸੇ, ਤਰਸਿੱਕਾ ਦੇ ਤਹਿਸੀਲਦਾਰ ਰਣਜੀਤ ਸਿੰਘ ਨੇ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਡਰੋਨ ਸਰਵੇਖਣ, ਮੈਪਿੰਗ ਅਤੇ ਘਰ-ਘਰ ਜਾ ਕੇ ਜਾਣਕਾਰੀ ਇਕੱਠੀ ਕਰਨ ਦੀ ਪ੍ਰਕਿਰਿਆ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਿੰਡ ਵਾਸੀਆਂ ਵੱਲੋਂ ਇਤਰਾਜ਼ ਸਾਹਮਣੇ ਆਉਣ ਤੋਂ ਬਾਅਦ ਮਾਲੀਆ ਰਿਕਾਰਡ ਦੇ ਆਧਾਰ 'ਤੇ ਮੁੜ ਨਿਸ਼ਾਨਦੇਹੀ ਕਰਵਾਈ ਗਈ ਹੈ। ਤਹਿਸੀਲਦਾਰ ਨੇ ਕਿਹਾ ਕਿ ਮਾਲੀਆ ਵਿਭਾਗ ਕੋਲ 1960-61 ਅਤੇ 1961-62 ਦੇ ਪੁਰਾਣੇ ਬੰਦੋਬਸਤੀ ਰਿਕਾਰਡ ਸਮੇਤ ਹੋਰ ਦਸਤਾਵੇਜ਼ ਮੌਜੂਦ ਹਨ। ਜੇ ਪਿੰਡ ਵਾਸੀਆਂ ਕੋਲ ਇਸ ਤੋਂ ਇਲਾਵਾ ਕੋਈ ਪੁਰਾਣਾ ਅਤੇ ਮਾਨਤਾ ਪ੍ਰਾਪਤ ਰਿਕਾਰਡ ਹੈ ਤਾਂ ਉਹ ਵਿਭਾਗ ਨੂੰ ਮੁਹੱਈਆ ਕਰਵਾਉਣ। ਉਨ੍ਹਾਂ ਭਰੋਸਾ ਦਿੱਤਾ ਕਿ ਉਪਲੱਬਧ ਰਿਕਾਰਡਾਂ ਦਾ ਆਪਸ ਵਿੱਚ ਮਿਲਾਨ ਕਰਕੇ ਜੋ ਤੱਥ ਸਾਹਮਣੇ ਆਉਣਗੇ, ਉਸ ਅਨੁਸਾਰ ਉੱਚ ਅਧਿਕਾਰੀਆਂ ਨੂੰ ਰਿਪੋਰਟ ਭੇਜੀ ਜਾਵੇਗੀ। ਪਿੰਡ ਵਾਸੀਆਂ ਨੇ ਮੰਗ ਕੀਤੀ ਹੈ ਕਿ ਅੰਤਿਮ ਮੈਪਿੰਗ ਤੋਂ ਪਹਿਲਾਂ ਦੋਵਾਂ ਪਿੰਡਾਂ ਦੀ ਸਾਂਝੀ ਜਾਂਚ ਕਰਵਾਈ ਜਾਵੇ ਅਤੇ ਪੁਰਾਣੇ ਮਾਲੀਆ ਰਿਕਾਰਡਾਂ ਦੀ ਤਸਦੀਕ ਤੋਂ ਬਾਅਦ ਹੀ ਡਿਜੀਟਲ ਨਕਸ਼ੇ ਨੂੰ ਅੰਤਿਮ ਰੂਪ ਦਿੱਤਾ ਜਾਵੇ। ਉਨ੍ਹਾ ਕਿਹਾ ਕਿ ਮਾਮਲੇ ਦਾ ਜਲਦ ਨਿਪਟਾਰਾ ਨਾ ਹੋਇਆ ਤਾਂ ਪਿੰਡ ਦੀ ਹੱਦ, ਪੰਚਾਇਤੀ ਅਧਿਕਾਰ ਖੇਤਰ, ਮਾਲਕੀ ਅਤੇ ਸਰਕਾਰੀ ਸਹੂਲਤਾਂ ਨਾਲ ਜੁੜੇ ਕਈ ਵਿਵਾਦ ਪੈਦਾ ਹੋ ਸਕਦੇ ਹਨ। ਪਿੰਡ ਵਾਸੀਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਗਲਤ ਮੈਪਿੰਗ ਵਿੱਚ ਜੇ ਕੋਈ ਤਕਨੀਕੀ ਜਾਂ ਰਿਕਾਰਡ ਸੰਬੰਧੀ ਗਲਤੀ ਹੋਈ ਹੈ ਤਾਂ ਉਸ ਨੂੰ ਤੁਰੰਤ ਦਰੁਸਤ ਕਰਕੇ ਉਦੋਕੇ ਖੁਰਦ ਦੀ ਅਸਲ ਹੱਦ ਬਹਾਲ ਕੀਤੀ ਜਾਵੇ।

## ਦਿੱਲੀ ਰੈਲੀ ਦੀ ਲਾਮਬੰਦੀ..

ਖਤਰਾ ਮਹਿਸੂਸ ਕਰ ਰਹੇ ਹਨ, ਜਦੋਂ ਕਿ ਵਿਸ਼ਵ ਪੱਧਰ 'ਤੇ ਭਾਰਤ ਦੀ ਪਛਾਣ ਇੱਕ ਸੈਕੂਲਰ ਦੇਸ਼ ਵਜੋਂ ਹੈ, ਜਿੱਥੇ ਸਭ ਧਰਮਾਂ ਦੇ ਲੋਕਾਂ ਦਾ ਬਰਾਬਰ ਸਤਿਕਾਰ ਹੁੰਦਾ ਹੈ।

ਉਨ੍ਹਾ ਕਿਹਾ ਕਿ ਵਿਕਾਸ ਹਮੇਸ਼ਾ ਰਾਜ-ਸੱਤਾ ਬਦਲਣ ਨਾਲ ਹੁੰਦਾ ਹੈ ਅਤੇ ਇਸੇ ਮਕਸਦ ਦੀ ਪੂਰਤੀ ਲਈ ਸੀ ਪੀ ਆਈ ਵੱਲੋਂ ਪਹਿਲੀ ਸਤੰਬਰ ਨੂੰ ਦਿੱਲੀ ਵਿਖੇ 'ਬਦਲਾਅ ਜ਼ਰੂਰੀ ਹੈ' ਨਾਂਅ ਦੀ ਰੈਲੀ ਕੀਤੀ ਜਾ ਰਹੀ ਹੈ। ਉਹਨਾ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਰੈਲੀ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ।

ਹੋਰਨਾਂ ਤੋਂ ਇਲਾਵਾ ਜਗਜੀਤ ਸਿੰਘ ਦੁਗਾਲ, ਗੁਰਜੰਟ ਸਿੰਘ ਬਣਵਾਲਾ, ਕੁਲਦੀਪ ਸਿੰਘ ਗਲੋਲੀ, ਅਮਰਜੀਤ ਸਿੰਘ ਦੁਗਾਲ, ਨਸੀਬ ਸਿੰਘ ਪੈਂਦ, ਘੇਸਾ ਰਾਮ ਨਾਈਵਾਲਾ, ਰਾਮਪਾਲ ਸਿੰਘ, ਲੱਖਾ ਸਿੰਘ, ਬੰਤ ਸਿੰਘ, ਸੁਖਦੇਵ ਸਿੰਘ ਅਤੇ ਬਲਵਾਨ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ 2.44 ਲੱਖ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ : ਛੀਨਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** - ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਲਾਗੂ ਕੀਤੀ ਗਈ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਹੁਣ ਤੱਕ ਸਿਖਰਲੀਆਂ 10 ਮੈਡੀਕਲ ਪ੍ਰਕਿਰਿਆਵਾਂ ਅਧੀਨ 316.50 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ 2,44,468 ਕੈਸ਼ਲੈੱਸ ਇਲਾਜ ਮੁਹੱਈਆ ਕਰਵਾਏ ਜਾ ਚੁੱਕੇ ਹਨ। ਇਹ ਜਾਣਕਾਰੀ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਗੁਰਸ਼ਰਨ ਸਿੰਘ ਛੀਨਾ ਨੇ ਦਿੱਤੀ। ਛੀਨਾ ਨੇ ਕਿਹਾ ਕਿ ਗੰਭੀਰ ਬਿਮਾਰੀ ਸਿਰਫ਼ ਮਰੀਜ਼ ਦੀ ਸਿਹਤ ਲਈ ਹੀ ਚੁਣੌਤੀ ਨਹੀਂ ਹੁੰਦੀ, ਸਗੋਂ ਇਸ ਦਾ ਸਿੱਧਾ ਪ੍ਰਭਾਵ ਪਰਵਾਰ ਦੀ ਆਰਥਿਕ ਸਥਿਤੀ ’ਤੇ ਵੀ ਪੈਂਦਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਅਜਿਹੇ ਪਰਵਾਰਾਂ ਨੂੰ ਮਹਿੰਗੇ ਇਲਾਜ ਦੇ ਖਰਚੇ ਦੀ ਚਿੰਤਾ ਤੋਂ ਰਾਹਤ ਦੇਣ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ। ਉਨ੍ਹਾਂ ਦੱਸਿਆ ਕਿ ਯੋਜਨਾ ਤਹਿਤ ਹੁਣ ਤੱਕ 1,87,656 ਡਾਇਲਸਿਸ ਸੈਸ਼ਨ, ਜਿਨ੍ਹਾਂ ਦੀ ਲਾਗਤ 30.65 ਕਰੋੜ ਰੁਪਏ ਤੋਂ ਵੱਧ ਹੈ, ਮੁਹੱਈਆ ਕਰਵਾਏ ਜਾ ਚੁੱਕੇ ਹਨ। ਇਸ ਨਾਲ ਗੁਰਦੇ ਦੀ ਬਿਮਾਰੀ ਨਾਲ ਲੰਬੇ ਸਮੇਂ ਤੋਂ ਜੂਝ ਰਹੇ ਮਰੀਜ਼ਾਂ ਨੂੰ ਹਰ ਵਾਰ ਇਲਾਜ ਲਈ ਪੈਸਿਆਂ ਦਾ ਪ੍ਰਬੰਧ ਕਰਨ ਦੀ ਚਿੰਤਾ ਤੋਂ ਬਿਨਾਂ ਆਪਣਾ ਇਲਾਜ ਜਾਰੀ ਰੱਖਣ ਵਿੱਚ ਮਦਦ ਮਿਲੀ ਹੈ। ਉਨ੍ਹਾਂ ਕਿਹਾ ਕਿ ਯੋਜਨਾ ਤਹਿਤ 17,698 ਗਾਲ ਬਲੈਡਰ ਦੀਆਂ ਲੈਪ੍ਰੋਸਕੋਪਿਕ ਸਰਜਰੀਆਂ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ 10,751 ਗੋਡੇ ਬਦਲਣ ਦੀਆਂ ਸਰਜਰੀਆਂ ਕੀਤੀਆਂ ਗਈਆਂ ਹਨ। ਇਸੇ ਤਰ੍ਹਾਂ 9,317 ਕੈਸ਼ਲੈੱਸ ਸੀਜ਼ੇਰੀਅਨ ਡਿਲਿਵਰੀਆਂ ਕੀਤੀਆਂ ਗਈਆਂ ਹਨ, ਜਿਸ ਨਾਲ ਪਰਵਾਰਾਂ ’ਤੇ ਬੱਚੇ ਦੇ ਜਨਮ ਸਮੇਂ ਪੈਣ ਵਾਲਾ ਆਰਥਿਕ ਬੋਝ ਘਟਿਆ ਹੈ। ਚੇਅਰਮੈਨ ਛੀਨਾ ਨੇ ਦੱਸਿਆ ਕਿ ਦਿਲ ਦੇ ਇਲਾਜ ਨੂੰ ਵੀ ਯੋਜਨਾ ਵਿੱਚ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ।



ਉਨ੍ਹਾਂ ਕਿਹਾ ਕਿ ‘ਮੁੱਖ ਮੰਤਰੀ ਸਿਹਤ ਯੋਜਨਾ’ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਪੈਸਿਆਂ ਦੀ ਕਮੀ ਕਿਸੇ ਵੀ ਮਰੀਜ਼ ਦੇ ਇਲਾਜ ਵਿੱਚ ਰੁਕਾਵਟ ਨਾ ਬਣੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸੂਬੇ ਦੇ ਹਰੇਕ ਯੋਗ ਨਾਗਰਿਕ ਤੱਕ ਮਿਆਰੀ ਸਿਹਤ ਸੇਵਾਵਾਂ ਦੀ ਪਹੁੰਚ ਯਕੀਨੀ ਬਣਾਉਣਾ ਹੈ ਅਤੇ ਇਸ ਦਿਸ਼ਾ ਵਿੱਚ ‘ਮੁੱਖ ਮੰਤਰੀ ਸਿਹਤ ਯੋਜਨਾ’ ਇੱਕ ਮਹੱਤਵਪੂਰਨ ਕਦਮ ਹੈ।

# ਰਿਆੜਕੀ ਸਕੂਲ ਦੀਆਂ ਧੀਆਂ ਨੇ ਖੋ-ਖੋ ’ਚ ਲਹਿਰਾਇਆ ਜਿੱਤ ਦਾ ਪਰਚਮ

**ਧਾਰੀਵਾਲ (ਮਨਦੀਪ ਵਿੱਕੀ)**- ਖੇਡ ਦਾ ਮੈਦਾਨ ਕੇਵਲ ਦੌੜ-ਭੱਜ ਦਾ ਹੀ ਨਹੀਂ, ਸਗੋਂ ਸੰਸਕਾਰਾਂ, ਜਜ਼ਬੇ ਅਤੇ ਸਮੂਹਿਕ ਸ਼ਕਤੀ ਦਾ ਵੀ ਪ੍ਰਤੀਕ ਹੁੰਦਾ ਹੈ। ਇਸੇ ਭਾਵਨਾ ਨੂੰ ਸਾਕਾਰ ਕਰਦਿਆਂ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਦੀਆਂ ਖਿਡਾਰਨਾਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜੋਨ ਹਰਚੋਵਾਲ ਅਧੀਨ ਕਰਵਾਈ ਗਈ 76ਵੀਂ ਜ਼ੋਨਲ ਖੇਡ ਪ੍ਰਤੀਯੋਗਤਾ ਦੇ ਖੋ-ਖੋ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਅਤੇ ਸਮੁੱਚੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਖਿਡਾਰਨਾਂ ਏਕਮਪ੍ਰੀਤ ਕੌਰ, ਰਛਲੀਨ ਕੌਰ, ਜਸਨੀਤ ਕੌਰ, ਜਸਮੀਤ ਕੌਰ, ਗੁਰਲੀਨ ਕੌਰ, ਮਨਰੀਤ ਕੌਰ, ਸ਼ੁਭਨੀਤ ਕੌਰ, ਨਵਰੋਜ਼ਪ੍ਰੀਤ ਕੌਰ, ਜਸਮੀਤ ਕੌਰ, ਗੁਰਆਸੀਸ ਕੌਰ ਅਤੇ ਹਰਲੀਨ ਕੌਰ ਨੇ ਮੈਦਾਨ ਵਿੱਚ ਬਿਹਤਰੀਨ ਤਾਲਮੇਲ, ਫੁਰਤੀ ਅਤੇ ਖੇਡ ਭਾਵਨਾ ਦਾ ਮੁਜ਼ਾਹਰਾ ਕਰਦਿਆਂ ਹਰ ਵਿਰੋਧੀ ਟੀਮ ਨੂੰ ਪਛਾੜਿਆ। ਇਸ ਜਿੱਤ ਪਿੱਛੇ ਕੋਚ ਰਾਜਵਿੰਦਰ ਕੌਰ ਦੀ ਸਖ਼ਤ ਮਿਹਨਤ ਅਤੇ ਬਾਰੀਕ ਸਿਖਲਾਈ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਸ਼ਾਨਦਾਰ ਪ੍ਰਾਪਤੀ ’ਤੇ ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਅਤੇ ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਨੇ ਜੇਤੂ ਟੀਮ ਨੂੰ ਹਾਰਦਿਕ ਵਧਾਈ ਦਿੰਦਿਆਂ ਆਖਿਆ ਕਿ ਸੰਸਥਾ ਹਮੇਸ਼ਾ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਪ੍ਰੇਰਿਤ ਕਰਦੀ ਰਹੇਗੀ।ਇਸ ਮੌਕੇ ਰਿਆੜਕੀ ਕਾਲਜ ਤੁਗਲਵਾਲਾ ਦੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਵੀ ਖਿਡਾਰਨਾਂ ਦੀ ਇਸ ਪ੍ਰਾਪਤੀ ’ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਅਜਿਹੀਆਂ ਜਿੱਤਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ ਅਤੇ ਆਤਮਵਿਸ਼ਵਾਸ ਪੈਦਾ ਕਰਦੀਆਂ ਹਨ। ਪ੍ਰਿੰਸੀਪਲ ਇੰਦਰਜੀਤ ਕੌਰ ਅਤੇ ਖੇਡ ਵਿਭਾਗ ਦੇ ਮੁਖੀ ਜਤਿੰਦਰ ਕੁਮਾਰ ਨੇ ਵੀ ਖਿਡਾਰਨਾਂ ਅਤੇ ਕੋਚ ਦੀ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ।



# ਸੈਂਕੜੇ ਪਰਵਾਰ ‘ਆਪ’ ਤੇ ਅਕਾਲੀ ਦਲ ਛੱਡ ਕਾਂਗਰਸ ’ਚ ਸ਼ਾਮਲ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** ਹਲਕਾ ਖਡੂਰ ਸਾਹਿਬ ਵਿੱਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਪਿੰਡ ਜਹਾਂਗੀਰ ਕਲਾਂ ਅਤੇ ਜਹਾਂਗੀਰ ਖੁਰਦ ਤੋਂ ਸੈਂਕੜੇ ਪਰਵਾਰਾਂ ਨੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਵੱਖ-ਵੱਖ ਸਿਆਸੀ ਪਾਰਟੀਆਂ ਤੋਂ ਮੁੱਖ ਮੋੜਦਿਆਂ ਕਾਂਗਰਸ ਪਾਰਟੀ ਵਿੱਚ ਵੱਡੇ ਪੱਧਰ ’ਤੇ ਸ਼ਮੂਲੀਅਤ ਕੀਤੀ।

ਸ੍ਰੀ ਰਮਨਜੀਤ ਸਿੰਘ ਸਿੱਕੀ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲੀਆਂ ਸ਼ਖਸੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਕਾਂਗਰਸ ਪਰਵਾਰ ਵਿੱਚ ਸ਼ਾਮਲ ਹੋਣ ਵਾਲੀਆਂ ਸ਼ਖਸੀਅਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਹਰ ਵਰਕਰ ਨੂੰ ਸਨਮਾਨ ਦਿੰਦੀ ਹੈ ਇਸ ਲਈ ਅਸੀਂ ਕਾਂਗਰਸ ਪਾਰਟੀ ਨਾਲ ਜੁੜਨ ਵਾਲੇ ਸਾਰੇ ਸਾਥੀਆਂ ਨੂੰ ਹਮੇਸ਼ਾ ਸਤਿਕਾਰਿਤ ਦਰਜੇ ਉੱਤੇ ਬਰਕਰਾਰ ਰੱਖਣ ਦੀ ਹਰ ਸੰਭਵ ਕੋਸ਼ਿਸ਼ ਕਰਦੇ ਰਹਾਂਗੇ। ਇਸ ਮੌਕੇ ਤੇ ਨਿਰਮਲ ਸਿੰਘ, ਅਨਮੋਲਦੀਪ ਸਿੰਘ, ਜੁਗਰਾਜ ਸਿੰਘ, ਹਰਮਨਦੀਪ ਸਿੰਘ, ਦਿਲਪ੍ਰੀਤ ਸਿੰਘ, ਕੁਲਵੰਤ ਸਿੰਘ, ਹਰਦੀਪ ਸਿੰਘ, ਪੂਰਨ ਸਿੰਘ ਪਰਜਾਪਤ, ਜਗੀਰ ਸਿੰਘ, ਗੁਰਦੀਪ ਸਿੰਘ, ਕੁਲਦੀਪ ਸਿੰਘ, ਅਵਤਾਰ ਸਿੰਘ, ਮੰਗਲ ਸਿੰਘ, ਮਹਿਰ ਸਿੰਘ, ਤਰਲੋਕ ਸਿੰਘ, ਰਾਜਵਿੰਦਰ ਸਿੰਘ ਰਾਜੂ, ਤਰਸੇਮ ਸਿੰਘ, ਅਮਨ ਸਿੰਘ ਹਰਵਿੰਦਰ ਸਿੰਘ, ਮਨਜੀਤ ਸਿੰਘ ਮੰਨਾ ਮੁਰਲ, ਗੁਰਦੀਪ ਸਿੰਘ ,ਬਲਜਿੰਦਰ ਸਿੰਘ ਬੱਬੂ, ਕੁਲਵਿੰਦਰ ਸਿੰਘ, ਚਰਨਜੀਤ ਸਿੰਘ, ਜੁਗਰਾਜ ਸਿੰਘ, ਵਿਸ਼ਾਲ ਸਿੰਘ, ਜਗਪਾਲ ਸਿੰਘ, ਸ਼ਮਸ਼ੇਰ ਸਿੰਘ ,ਗੁਰਦੀਪ ਸਿੰਘ, ਬਲਵਿੰਦਰ ਸਿੰਘ, ਦਿਲਬਾਗ ਸਿੰਘ, ਸੁਖਵਿੰਦਰ ਸਿੰਘ, ਬਲਵਿੰਦਰ ਸਿੰਘ, ਜਸਪਾਲ ਸਿੰਘ ਜੱਸਾ ,ਮਲਕੀਤ ਸਿੰਘ ਮੀਤਾ, ਅਮਨ ਸਿੰਘ ਮੁਰਲ, ਅਰਸ਼ਦੀਪ ਸਿੰਘ, ਹਰਮਨ ਸਿੰਘ, ਮੰਗਾ ਸਿੰਘ, ਸਤਨਾਮ ਸਿੰਘ, ਸਾਹਿਬ ਸਿੰਘ ,ਅਨਮੋਲ ਸਿੰਘ, ਦਿਲਪ੍ਰੀਤ ਰਾਜਾ ਸਿੰਘ, ਕਰਨ ਸਿੰਘ, ਸਾਜਨ ਸਿੰਘ, ਜੋਬਨਜੀਤ ਸਿੰਘ, ਅਰਸ਼ ਸਿੰਘ, ਗਗਨਦੀਪ ਸਿੰਘ, ਪ੍ਰਿੰਸ ਸਿੰਘ, ਵਿਸ਼ਾਲ ਦੀਪ ਸਿੰਘ ਆਦਿ ਪਿੰਡ ਵਾਸੀਆਂ ਨੇ ਵੱਖ ਵੱਖ ਸਿਆਸੀ ਪਾਰਟੀਆਂ ਨੂੰ ਨਕਾਰ ਕੇ ਰਮਨਜੀਤ ਸਿੰਘ ਸਿੱਕੀ ਵਿੱਚ ਵਿਸ਼ਵਾਸ ਪ੍ਰਗਟ ਕਰਦੇ ਹੋਏ ਕਾਂਗਰਸ ਪਾਰਟੀ ਵਿੱਚ ਭਰਵੀਂ ਸ਼ਮੂਲੀਅਤ ਕੀਤੀ।

# ਅਵਾਰਾ ਪਸ਼ੂ ਸਾਹਮਣੇ ਆਉਣ ਕਾਰਨ ਹੋਇਆ ਹਾਦਸਾ

**ਬਲਾਚੌਰ (ਜਸਵਿੰਦਰ ਬੈਂਸ)**- ਤਾਜੋਵਾਲ ਪਿੰਡ ਨੇੜੇ ਇੱਕ ਸੜਕ ਹਾਦਸਾ ਵਾਪਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ, ਇੱਕ ਬਲੈਰੋ ਕੈਂਪਰ ਗੱਡੀ, ਜਿਸ ਨੂੰ ਬਲਵਿੰਦਰ ਕੁਮਾਰ ਵਾਸੀ ਘਾਗੋ ਗੁਰੂ, ਗੜ੍ਹਸ਼ੰਕਰ ਚਲਾ ਰਿਹਾ ਸੀ, ਬਲਾਚੌਰ ਤੋਂ ਰੋਪੜ ਵੱਲ ਜਾ ਰਹੀ ਸੀ। ਸਫ਼ਰ ਦੌਰਾਨ ਅਚਾਨਕ ਗੱਡੀ ਦੇ ਸਾਹਮਣੇ ਅਵਾਰਾ ਪਸ਼ੂ ਆ ਜਾਣ ਕਾਰਨ ਹਾਦਸਾ ਵਾਪਰ ਗਿਆ। ਇਸ ਹਾਦਸੇ ਵਿੱਚ ਗੱਡੀ ਵਿੱਚ ਸਵਾਰ ਲੋਕਾਂ ਦੇ ਮਾਮੂਲੀ ਸੱਟਾਂ ਲੱਗੀਆਂ ਹਨ ਅਤੇ ਗੱਡੀ ਦਾ ਵੀ ਨੁਕਸਾਨ ਹੋਇਆ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਮੌਕੇ ਤੇ ਪਹੁੰਚੇ ਐੱਨ ਐੱਚ ਏ ਆਈ ਐਂਬੂਲੈਂਸ ਦੀ ਮਦਦ ਨਾਲ ਜ਼ਖ਼ਮੀਆਂ ਨੂੰ ਇਲਾਜ ਲਈ ਸਿਵਲ ਹਸਪਤਾਲ ਬਲਾਚੌਰ ਵਿਖੇ ਦਾਖ਼ਲ ਕਰਵਾਇਆ।ਇਸ ਤੋਂ ਇਲਾਵਾ ਹਾਦਸਾਗ੍ਰਸਤ ਗੱਡੀ ਨੂੰ ਕ੍ਰੇਨ ਦੀ ਮਦਦ ਨਾਲ ਸੜਕ ਤੋਂ ਹਟਾ ਕੇ ਇੱਕ ਪਾਸੇ ਕਰਵਾ ਦਿੱਤਾ ਗਿਆ ਹੈ ਤਾਂ ਜੋ ਆਵਾਜਾਈ ਵਿੱਚ ਕੋਈ ਵਿਘਨ ਨਾ ਪਵੇ। ਇਸ ਸਬੰਧੀ ਥਾਣਾ ਕਾਠਗੜ੍ਹ ਨੂੰ ਸੂਚਿਤ ਕਰ ਦਿੱਤਾ ਗਿਆ ਹੈ।



# ਘਟੀਆ ਮਿਆਰ ਦੀਆਂ ਮਠਿਆਈਆਂ ਤੇ ਹੋਰ ਸਮਾਨ ਦੀ ਵਿਕਰੀ ਜ਼ੋਰਾਂ ’ਤੇ

**ਗੁਰਦਾਸਪੁਰ (ਜਨਕ ਮਹਾਜਨ)**- ਤਿਉਹਾਰੀ ਸੀਜਨ ਸ਼ੁਰੂ ਹੋਣ ਵਾਲਾ ਹੈ ਅਤੇ ਸਭ ਤੋਂ ਪਹਿਲਾਂ ਰਖੜੀ ਦਾ ਤਿਉਹਾਰ ਨੇੜੇ ਹੈ ਜਿਸ ਕਾਰਨ ਹਲਵਾਈਆਂ ਆਦਿ ਦੀਆਂ ਦੁਕਾਨਾਂ ’ਤੇ ਮਿਠਾਆਈਆਂ ਦੀ ਖ਼ਰੀਦਦਾਰੀ ਵੱਡੀ ਮਾਤਰਾ ਵਿਚ ਸ਼ੁਰੂ ਹੋ ਚੁੱਕੀ ਹੈ। ਦੁਕਾਨਾਂ ’ਤੇ ਮਠਿਆਈ ਆਦਿ ਦੇ ਸੈਂਪਲ ਭਰੇ ਜਾਣ ਦੀ

● **ਸਿਹਤ ਵਿਭਾਗ ਦੇ ਫੂਡ ਕਮਿਸ਼ਨਰ ਪਾਸੋਂ ਸੈਂਪਲ ਭਰਨ ਦੀ ਮੰਗ**

ਖ਼ਬਰ ਵੀ ਪੜਨ ਅਤੇ ਸੁਣਨ ਨੂੰ ਨਹੀਂ ਮਿਲੀ ਅਤੇ ਨਾ ਹੀ ਕਾਫ਼ੀ ਦੇਰ ਤੋਂ ਕਿਸੇ ਡੇਅਰੀ ਵਾਲੇ ਦਾ ਦੁਧ ਜਾਂ ਪਨੀਰ, ਖੋਏ ਆਦਿ ਦੇ ਸੈਂਪਲ ਭਰਨ ਦੀ ਖ਼ਬਰ ਮਿਲੀ ਹੈ। ਇੰਝ ਜਾਪਦਾ ਹੈ ਕਿ ਸ਼ਹਿਰ ਗੁਰਦਾਸਪੁਰ ਅੰਦਰ ਮੌਜੂਦਾ ਸਮੇਂ ਕੋਈ ਸੈਂਪਲ ਭਰਨ ਵਾਲਾ ਡਾਕਟਰ ਅਥਵਾ ਅਧਿਕਾਰੀ ਕੰਮ ਨਹੀਂ ਕਰ ਰਿਹਾ। ਇਸ ਸੰਬੰਧੀ ਗੱਲਬਾਤ ਦੌਰਾਨ ਕੁਝ ਵਾਤਾਵਰਣ ਪ੍ਰੇਮੀਆਂ ਨੇ ਦੱਸਿਆ ਕਿ ਗੁਰਦਾਸਪੁਰ ਸ਼ਹਿਰ ਅੰਦਰ ਜਿੰਨੀ ਮਿਕਦਾਰ ਵਿਚ ਦੁੱਧ, ਪਨੀਰ ਆਦਿ ਦੀ ਵਿਕਰੀ ਹੋ ਰਹੀ ਹੈ। ਇਸ ਦੇ ਨੇੜੇ ਤੇੜੇ ਵੀ ਦੁਧ ਦੀ ਪੈਦਾਵਾਰ ਇਸ ਇਲਾਕੇ ਅੰਦਰ ਨਹੀਂ ਹੋ ਰਹੀ। ਹਲਵਾਈ ਦੀਆਂ ਦੁਕਾਨਾਂ ਵੱਲ ਝਾਤ ਮਾਰੀਏ ਤਾਂ ਪਨੀਰ, ਮਠਿਆਈ ਆਦਿ ਵੱਡੀ ਤਾਦਾਦ ਵਿਚ ਟਰੇਆਂ ਵਿੱਚ ਸੱਜੀਆਂ ਦਿਖਾਈ ਦਿੰਦੀਆਂ ਹਨ ਅਤੇ ਜ਼ਿਆਦਾਤਰ ਮਠਿਆਈ ਦੀਆਂ ਟ੍ਰੇਆਂ ’ਤੇ ਬਣਨ ਅਤੇ ਇਸਤੇਮਾਲ ਕਰਨ ਦੀ ਮਿਤੀ ਨਹੀਂ ਲਿਖੀ ਹੁੰਦੀ ਜਦਕਿ ਇਨ੍ਹਾਂ ਮਠਿਆਈਆਂ ਦੇ ਰੇਟ 700 ਤੋਂ 800 ਰੁਪਏ ਪ੍ਰਤੀ ਕਿਲੋ ਦੇ ਹਿਸਾਬ ਨਾਲ ਹੁੰਦੇ ਹਨ। ਦੂਜੇ



ਪਾਸੇ ਪੰਜ-ਦਸ ਰੁਪਏ ਦੇ ਭੁਜੀਆ ਵਗੈਰਾ ਦੇ ਪੈਕਟ ਖਰੀਦਣ ’ਤੇ ਉਸ ਉੱਪਰ ਰੇਟ ਦੇ ਨਾਲ-ਨਾਲ ਬਣਨ ਅਤੇ ਇਸਤੇਮਾਲ ਕਰਨ ਦੀ ਮਿਤੀ ਲਿਖੀ ਹੁੰਦੀ ਹੈ। ਇਹ ਸਭ ਕੁਝ ਪ੍ਰਸ਼ਾਸਨ ਦੀ ਅਣਦੇਖੀ ਜਾਂ ਮਿਲੀ ਭੁਗਤ ਨਾਲ ਹੋ ਰਿਹਾ ਹੈ। ਹਲਵਾਈ ਦੀਆਂ ਦੁਕਾਨਾਂ ਵਿਚ ਕਦੇ ਵੀ ਕੋਈ ਹਲਵਾਈ ਮਠਿਆਈ ਦੁਕਾਨ ਤੋਂ ਸੜਕ ’ਤੇ ਸੁੱਟਦਾ ਨਹੀਂ ਦੇਖਿਆ। ਉਨ੍ਹਾਂ ਕਿਹਾ ਇਸੇ ਤਰ੍ਹਾਂ ਸਿਹਤ ਵਿਭਾਗ ਦੀ ਅਣਦੇਖੀ ਵਜੋਂ ਸ਼ਹਿਰ ਗੁਰਦਾਸਪੁਰ ਵਿਚ ਰੇਹੜੀਆਂ ’ਤੇ ਧੜਾ ਧੜ ਫਾਸਟ ਫੂਡ ਘਟੀਆ ਮਿਆਰ ਦਾ ਵਿਕ ਰਿਹਾ ਹੈ। ਫਾਸਟਫੂਡ ਵਿਚ ਵਰਤੇ ਜਾਣ ਵਾਲੇ ਤੇਲ ਕੁਝ ਹੱਦ ਤੱਕ ਘਟੀਆ ਮਿਆਰ ਦੇ ਹਨ। ਜਿਲ੍ਹਾ ਪ੍ਰਸ਼ਾਸਨ ਦਾ ਇਸ ਪ੍ਰਤੀ ਕੋਈ ਧਿਆਨ ਨਹੀਂ ਹੈ। ਇਨ੍ਹਾਂ ਰੇਹੜੀਆਂ ’ਤੇ ਜ਼ਿਆਦਾਤਰ ਦਰਮਿਆਨਾ ਅਤੇ ਗਰੀਬ ਤਬਕੇ ਦੇ ਲੋਕ ਖਾਂਦੇ ਪੀਂਦੇ ਹਨ। ਲੋਕਾਂ ਦਾ ਕਹਿਣਾ ਹੈ ਕਿ 40-50 ਸਾਲ ਪਹਿਲਾਂ ਅਜਿਹੇ ਦਿਨ ਸੁਣਨ ਵਿਚ ਆਉਂਦਾ ਸੀ ਕਿ ਐਸ ਫਲਾਂ, ਦੁਕਾਨਦਾਰਾਂ ਦਾ ਕਰਿਆਨੇ ਜਾਂ ਹਲਵਾਈ ਦੀ ਦੁਕਾਨ ਦੇ ਮਠਿਆਈ ਆਦਿ ਦੇ ਸੈਂਪਲ ਭਰੇ ਗਏ ਹਨ। ਸੈਂਪਲ ਭਰਵਾਉਣ ਵਾਲੇ ਦੁਕਾਨਦਾਰਾਂ ਵਿਚ ਡਰ ਪਾਇਆ ਜਾਂਦਾ ਸੀ ਅਤੇ ਬਾਕੀ ਦੁਕਾਨਦਾਰ ਵੀ ਚੁਕੰਨੇ ਹੋ ਜਾਂਦੇ ਸਨ, ਉਸ ਵੇਲੇ ਬਹੁਤੀਆਂ ਅਖ਼ਬਾਰਾਂ ਵੀ ਨਹੀਂ ਹੁੰਦੀਆਂ ਸਨ ਇੱਕ ਦੋ ਕਿ ਸੋਸ਼ਲ ਮੀਡੀਆ ਦਾ ਵੀ ਨਾਂ ਨਹੀਂ ਪਤਾ ਸੀ। ਹੁਣ ਜਦਕਿ ਅਣਗਿਣਤ ਅਖ਼ਬਾਰਾਂ ਅਤੇ ਬੇਸ਼ੁਮਾਰ ਸੋਸ਼ਲ ਮੀਡੀਆ ਦਾ ਜ਼ੋਰ ਹੋਣ ਦੇ ਬਾਵਜੂਦ ਵੀ ਦੁਕਾਨਦਾਰਾਂ ’ਤੇ ਘਟੀਆ ਮਿਆਰ ਦੀਆਂ ਮਿਠਿਆਈਆਂ ਦੀ ਵਿਕਰੀ ਧੜੱਲੇ ਨਾਲ ਜਾਰੀ ਹੈ। ਜਦੋਂ ਇਸ ਸਬੰਧੀ ਸਿਹਤ ਵਿਭਾਗ ਫੂਡ ਕਮਿਸ਼ਨਰ ਡਾਕਟਰ ਜੀ.ਐਸ. ਪੰਨੂੰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਟੀਮ ਵਲੋਂ ਸਮੇਂ-ਸਮੇਂ ਸਿਰ ਇਨ੍ਹਾਂ ਦੁਕਾਨਾਂ ਤੋਂ ਇਲਾਵਾ ਹੋਰ ਵੀ ਕਈ ਸਬੰਧਿਤ ਖ਼ਾਣ ਪੀਣ ਵਾਲੀਆਂ ਵਸਤੂਆਂ ਦੇ ਸੈਂਪਲ ਭਰੇ ਜਾ ਰਹੇ ਹਨ।

# ਪੰਜਾਬ ਸਰਕਾਰ ਲੋਕਾਂ ਦੇ ਦੁਆਰ ’ਤੇ ਪਹੁੰਚ ਕੇ ਸੁਣ ਰਹੀ ਸਮੱਸਿਆਵਾਂ : ਕਟਾਰੂਚੱਕ

**ਪਠਾਨਕੋਟ (ਦਵਿੰਦਰ ਸਿੰਘ)** — ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਘਰ-ਦੁਆਰ ’ਤੇ ਸੁਣ ਕੇ ਮੌਕੇ ’ਤੇ ਹੱਲ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਲੋਕ ਮਿਲਣੀਆਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸੇ ਲੜੀ ਤਹਿਤ ਕੈਬਨਿਟ ਮੰਤਰੀ ਪੰਜਾਬ



ਲਾਲ ਚੰਦ ਕਟਾਰੂਚੱਕ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ ਗਿਆ।ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਪਿੰਡ ਗੁਗਰਾਂ, ਮੱਲੜਵਾਂ, ਅੰਬੀ ਖੜਖੜਾ ਅਤੇ ਖੜਖੜਾ ਠੂਠੋਵਾਲ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੀਆਂ ਨਿੱਜੀ ਅਤੇ ਸਾਂਝੀਆਂ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਸੜਕਾਂ, ਬੁਨਿਆਦੀ ਸਹੂਲਤਾਂ, ਪਾਣੀ, ਬਿਜਲੀ, ਗਲੀਆਂ-ਨਾਲੀਆਂ, ਵਿਕਾਸ ਕਾਰਜਾਂ ਸਮੇਤ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮਾਮਲੇ ਕੈਬਨਿਟ ਮੰਤਰੀ ਦੇ ਧਿਆਨ ਵਿੱਚ ਲਿਆਂਦੇ ਗਏ।ਸ੍ਰੀ ਲਾਲ ਚੰਦ ਕਟਾਰੂਚੱਕ ਜੀ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਅਤੇ ਉਨ੍ਹਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਦਾ ਮੁੱਖ ਮਕਸਦ ਹੀ ਇਹ ਹੈ ਕਿ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ, ਸਗੋਂ ਸਰਕਾਰ ਖੁਦ ਲੋਕਾਂ ਦੇ ਵਿਚਕਾਰ ਪਹੁੰਚ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੇ।ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ ਹਿੱਤ ਵਿੱਚ ਲਏ ਜਾ ਰਹੇ ਫੈਸਲਿਆਂ ਨੂੰ ਜ਼ਮੀਨੀ ਪੱਧਰ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਨਾਲ ਜਿੱਥੇ ਸਰਕਾਰ ਨੂੰ ਜ਼ਮੀਨੀ ਹਕੀਕਤਾਂ ਬਾਰੇ ਜਾਣਕਾਰੀ ਮਿਲਦੀ ਹੈ, ਉੱਥੇ ਹੀ ਲੋਕਾਂ ਨੂੰ ਵੀ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਸਿੱਧਾ ਮੰਚ ਮਿਲਦਾ ਹੈ।

# ਇੰਟਰ ਹਾਊਸ ਸਾਇੰਸ ਕੁਇੱਜ਼ ਮੁਕਾਬਲੇ ਕਰਵਾਏ

**ਧਾਰੀਵਾਲ (ਮਨਦੀਪ ਵਿੱਕੀ)** - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸਨੰਗਲ ਵਿਖੇ ਇੰਟਰ ਹਾਊਸ ਸਾਇੰਸ ਕੁਇੱਜ ਮੁਕਾਬਲੇ ਕਰਵਾਏ। ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਸਰਪ੍ਰਸਤੀ ਹੇਠ ਵਿੱਦਿਆ ਸਕੱਤਰ ਇੰਜੀਨੀਅਰ ਸੁਖਮਿੰਦਰ ਸਿੰਘ ਦੇ ਦਿਸਾਂ-ਨਿਰਦੇਸਾਂ ਅਨੁਸਾਰ ਕਰਵਾਏ ਇਸ ਇੰਟਰ ਹਾਊਸ ਸਾਇੰਸ ਕੁਇੱਜ ਮੁਕਾਬਲੇ ਵਿੱਚ ਚਾਰ ਹਾਊਸਾਂ (ਸਰਦਾਰ ਊਧਮ ਸਿੰਘ ਹਾਊਸ, ਸਰਦਾਰ ਕਰਤਾਰ ਸਿੰਘ ਹਾਊਸ, ਸਰਦਾਰ ਭਗਤ ਸਿੰਘ ਹਾਊਸ ਅਤੇ ਗਿਆਨੀ ਦਿੱਤ ਸਿੰਘ ਹਾਊਸ) ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਦੌਰਾਨ ਸਾਇੰਸ ਨਾਲ ਸਬੰਧਤ ਸੁਆਲ ਪੁੱਛੇ ਗਏ ਜਿਨ੍ਹਾਂ ਦਾ ਉੱਤਰ ਵਿਦਿਆਰਥੀਆਂ ਨੇ ਆਪਣੀ ਸੂਝ ਤੇ ਸਿਆਣਪ ਨਾਲ ਜਵਾਬ ਦਿੱਤਾ। ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੱਸਿਆ ਮੁਕਾਬਲੇ ਵਿੱਚ ਸਰਦਾਰ ਕਰਤਾਰ ਸਿੰਘ ਹਾਊਸ ਨੇ ਪਹਿਲਾ ਸਥਾਨ, ਸਰਦਾਰ ਊਧਮ ਸਿੰਘ ਹਾਊਸ ਨੇ ਦੂਜਾ ਅਤੇ ਸਰਦਾਰ ਭਗਤ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਮੁਕਾਬਲੇ ਦੌਰਾਨ ਅਧਿਆਪਕਾ ਕੁਲਬੀਰ ਕੌਰ, ਜਗਦੀਪ ਕੌਰ, ਨਵਨੀਤ ਕੌਰ ਨੇ ਬਤੌਰ ਜੱਜ ਭੂਮਿਕਾ ਨਿਭਾਈ ਅਤੇ ਅਧਿਆਪਕਾ ਸੁਖਮਨੀ ਉੱਪਲ ਨੇ ਸਟੇਜ ਦੀ ਭੂਮਿਕਾ ਨਿਭਾਈ। ਇਸ ਮੌਕੇ ਅਧਿਆਪਕਾ ਹਰਮਿੰਦਰ ਕੌਰ, ਐਕਟੀਵਿਟੀ ਇੰਚਾਰਜ ਅਧਿਆਪਕਾ ਦਵਿੰਦਰ ਕੌਰ,ਮੈਡਮ ਮੁਨੀਸ਼ਾ ਸ਼ਰਮਾ, ਐਨ.ਡੀ.ਏ. ਕੋਆਰਡੀਨੇਟਰ ਅਮਰੀਕ ਸਿੰਘ ਲੇਹਲ ਹਾਜਰ ਸਨ।



# ਥਾਣਾ ਖਾਲੜਾ ’ਚ ਲੰਮੇ ਸਮੇਂ ਤੋਂ ਤਾਇਨਾਤ ਮੁਲਾਜ਼ਮਾਂ ਦੀ ‘ਚਾਂਦੀ’ ਦੀ ਚਰਚਾ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)** ਥਾਣਾ ਖਾਲੜਾ ਵਿੱਚ ਕੁਝ ਮੁਲਾਜ਼ਮਾਂ ਦੇ ਲੰਮੇ ਸਮੇਂ ਤੋਂ ਇੱਕੋ ਥਾਂ ’ਤੇ ਤਾਇਨਾਤ ਰਹਿਣ ਨੂੰ ਲੈ ਕੇ ਇਲਾਕੇ ਵਿੱਚ ਚਰਚਾ ਛਿੜੀ ਹੋਈ ਹੈ। ਲੋਕਾਂ ਵੱਲੋਂ ਸਵਾਲ ਉਠਾਇਆ ਜਾ ਰਿਹਾ ਹੈ ਕਿ ਸਮੇਂ-ਸਮੇਂ ’ਤੇ ਥਾਣਾ ਮੁਖੀਆਂ ਦੀਆਂ ਬਦਲੀਆਂ ਹੁੰਦੀਆਂ ਰਹੀਆਂ ਹਨ, ਪਰ ਕੁਝ ਮੁਲਾਜ਼ਮਾਂ ਦੀ ਤਾਇਨਾਤੀ ਲਗਾਤਾਰ ਇਸੇ ਥਾਣੇ ਵਿੱਚ ਬਣੀ ਹੋਈ ਹੈ।ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਇੱਕੋ ਥਾਂ ’ਤੇ ਲੰਮੇ ਸਮੇਂ ਤੱਕ ਤਾਇਨਾਤ ਰਹਿਣ ਨਾਲ ਸਥਾਨਕ ਪੱਧਰ ’ਤੇ ਜਾਣ-ਪਛਾਣ ਵਧਣ ਦੇ ਨਾਲ ਮੁਲਾਜ਼ਮਾਂ ਦੀ ਪਕੜ ਵੀ ਮਜ਼ਬੂਤ ਹੋ ਜਾਂਦੀ ਹੈ।ਇਸ ਕਾਰਨ ਪੁਲੀਸ ਪ੍ਰਬੰਧ ਦੀ ਨਿਰਪੱਖਤਾ ਅਤੇ ਤਬਾਦਲਾ ਨੀਤੀ ਨੂੰ ਲੈ ਕੇ ਸਵਾਲ ਖੜ੍ਹੇ ਹੋ ਰਹੇ ਹਨ।ਲੋਕਾਂ ਵਿੱਚ ਕੁਝ ਮੁਲਾਜ਼ਮਾਂ ਵੱਲੋਂ ਕਥਿਤ ਤੌਰ ’ਤੇ ‘ਚਾਂਦੀ ਕੱਟਣ’ ਦੀਆਂ ਵੀ ਚਰਚਾਵਾਂ ਹਨ।ਹਾਲਾਂਕਿ ਇਨ੍ਹਾਂ ਦੋਸ਼ਾਂ ਦੀ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ ਹੈ।ਇਸੇ ਦੌਰਾਨ ਪਿਛਲੇ ਸਮੇਂ ਦੌਰਾਨ ਥਾਣਾ ਖਾਲੜਾ ਵਿੱਚ ਲੰਮੇ ਸਮੇਂ ਤੋਂ ਤਾਇਨਾਤ ਰਹੇ ਸਬ-ਇੰਸਪੈਕਟਰ ਗੁਰਸਾਹਿਬ ਸਿੰਘ ਕੋਲੋਂ ਹੈਰੋਇਨ ਦੀ ਖੇਪ ਬਰਾਮਦ ਹੋਣ ਦਾ ਮਾਮਲਾ ਵੀ ਸਾਹਮਣੇ ਆਇਆ ਸੀ।ਇਸ ਘਟਨਾ ਤੋਂ ਬਾਅਦ ਲੰਮੇ ਸਮੇਂ ਦੀ ਤਾਇਨਾਤੀ ਅਤੇ ਪੁਲਸ ਅੰਦਰੂਨੀ ਨਿਗਰਾਨੀ ਪ੍ਰਬੰਧ ’ਤੇ ਵੀ ਸਵਾਲ ਉੱਠੇ ਸਨ।ਲੋਕਾਂ ਦਾ ਕਹਿਣਾ ਹੈ ਕਿ ਸਿਰਫ਼ ਥਾਣਾ ਮੁਖੀ ਬਦਲਣ ਨਾਲ ਪ੍ਰਬੰਧਕੀ ਤਬਦੀਲੀ ਪੂਰੀ ਨਹੀਂ ਹੁੰਦੀ।ਲੰਮੇ ਸਮੇਂ ਤੋਂ ਤਾਇਨਾਤ ਮੁਲਾਜ਼ਮਾਂ ਦੀ ਵੀ



ਸਮੇਂ-ਸਮੇਂ ’ਤੇ ਸਮੀਖਿਆ ਹੋਣੀ ਚਾਹੀਦੀ ਹੈ।ਉਨ੍ਹਾਂ ਨੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਤਾਇਨਾਤੀਆਂ ਦੀ ਸਮੀਖਿਆ ਕਰਕੇ ਲੋੜ ਅਨੁਸਾਰ ਬਦਲੀਆਂ ਕੀਤੀਆਂ ਜਾਣ।ਇਸ ਸੰਬੰਧੀ ਜਦੋਂ ਐਸ ਪੀ ਹੈੱਡਕੁਆਰਟਰ ਸੁਖਨਿੰਦਰ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਮੀਟਿੰਗ ਵਿੱਚ ਹੋਣ ਦੀ ਗੱਲ ਆਖ ਕੇ ਫੋਨ ਕੱਟ ਦਿੱਤਾ।ਬਾਅਦ ਵਿੱਚ ਕਈ ਵਾਰ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਉਨ੍ਹਾਂ ਫੋਨ ਨਹੀਂ ਚੁੱਕਿਆ।

# ਔਲਖ ਨੂੰ ਦੁਬਾਰਾ ਸ਼੍ਰੋਮਣੀ ਅਕਾਲੀ ਦਲ ਦਾ ਸੂਬਾ ਮੀਤ ਪ੍ਰਧਾਨ ਬਣਾਉਣ ’ਤੇ ਅਕਾਲੀ ਵਰਕਰਾਂ ਵੱਲੋਂ ਹਾਈਕਮਾਂਡ ਦਾ ਧੰਨਵਾਦ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** ਸ੍ਰੋਮਣੀ ਅਕਾਲੀ ਦਲ ਦੇ ਹਲਕਾ ਖਡੂਰ ਸਾਹਿਬ ਦੇ ਸੀਨੀਅਰ ਆਗੂ ਅਤੇ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ ਨੂੰ ਪਾਰਟੀ ਵੱਲੋਂ ਦੂਸਰੀ ਵਾਰ ਸੂਬਾ ਮੀਤ ਪ੍ਰਧਾਨ ਬਣਾਇਆ ਗਿਆ ਹੈ ਇਸ ਤੋਂ ਪਹਿਲਾਂ ਉਹ ਪਾਰਟੀ ਵਿੱਚ ਬਤੌਰ ਵਰਕਿੰਗ ਕਮੇਟੀ ਮੈਂਬਰ, ਜਥੇਬੰਦਕ ਸਕੱਤਰ, ਯੂਥ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ, ਯੂਥ ਅਕਾਲੀ ਦਲ ਦੇ ਜਰਨਲ ਸਕੱਤਰ, ਯੂਥ ਅਕਾਲੀ ਦਲ ਦੇ ਪ੍ਰੈਸ ਸਕੱਤਰ ਅਤੇ ਜਿਲ੍ਹਾ ਯੋਜਨਾ ਬੋਰਡ ਵਿੱਚ ਕੰਮ ਕਰ ਚੁੱਕੇ ਹਨ। ਉਨ੍ਹਾਂ ਨੇ ਆਪਣੀ ਨਿਯੁਕਤੀ ਲਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ, ਹਲਕਾ ਇੰਚਾਰਜ ਬੀਬੀ ਰਮਨਦੀਪ ਕੌਰ ਖਹਿਰਾ, ਯੂਥ ਅਕਾਲੀ ਆਗੂ ਸਰਪੰਚ ਅਵਤਾਰ ਸਿੰਘ ਬਿੱਲਾ ਅਤੇ ਹਾਈ ਕਮਾਂਡ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਉਨ੍ਹਾਂ ਉਪਰ ਦੂਸਰੀ ਵਾਰ ਸੂਬਾ ਮੀਤ ਪ੍ਰਧਾਨ ਬਣਾ ਕੇ ਵਿਸਵਾਸ਼ ਪ੍ਰਗਟ ਕੀਤਾ ਗਿਆ ਹੈ ਉਨ੍ਹਾ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਦੀ ਨਿਯੁਕਤੀ ਤੇ ਸਰਕਲ ਗੋਇੰਦਵਾਲ ਸਾਹਿਬ ਦੇ ਪ੍ਰਧਾਨ ਕੁਲਦੀਪ ਸਿੰਘ ਲਾਹੌਰੀਆ, ਐਸ ਈ ਵਿੰਗ ਦੇ ਜਿਲ੍ਹਾ ਪ੍ਰਧਾਨ ਜਗਤਾਰ ਸਿੰਘ ਧੂੰਦਾ, ਬੀ ਸੀ ਵਿੰਗ ਦੇ ਪ੍ਰਧਾਨ ਤੇ ਸਾਬਕਾ ਸਰਪੰਚ ਭੂਪਿੰਦਰ ਸਿੰਘ ਭਿੰਦਾ, ਐਸ ਈ ਵਿੰਗ ਹਲਕਾ ਖਡੂਰ ਸਾਹਿਬ ਦੇ ਪ੍ਰਧਾਨ ਕਸਮੀਰ ਸਿੰਘ ਫਤਿਆਬਾਦ, ਬਲਾਕ ਸੰਮਤੀ ਮੈਬਰ ਤੇਜਿੰਦਰ ਸਿੰਘ ਪ੍ਰਿੰਸ, ਬਲਾਕ ਸੰਮਤੀ ਮੈਬਰ ਬਲਵਿੰਦਰ ਸਿੰਘ, ਯੂਥ ਆਗੂ ਹਰਦੀਪ ਸਿੰਘ ਖੱਖ, ਗੁਰਮੇਜ ਸਿੰਘ ਸਰਪੰਚ ਖੱਖ, ਨੰਬਰਦਾਰ ਅਮਰਜੀਤ ਸਿੰਘ, ਸਰਵਨ ਸਿੰਘ ਸਿਮਾ ਪ੍ਰਧਾਨ ਯੂਥ ਅਕਾਲੀ ਦਲ, ਗੁਰਮੀਤ ਸਿੰਘ ਪ੍ਰਧਾਨ ਬਾਬਾ ਜੀਵਨ ਸਿੰਘ ਭਲਾਈ ਮਿਸਨ, ਗੁਰਨਾਮ ਸਿੰਘ ਲਾਡੀ, ਮੱਸਾ ਸਿੰਘ ਮੈਬਰ, ਦਲਜੀਤ ਸਿੰਘ ਵਿਰਕ, ਮੋਹਨ ਸਿੰਘ ਮੈਬਰ ਪੰਚਾਇਤ, ਬਾਬਾ ਇੰਦਰਜੀਤ ਸਿੰਘ ਖੱਖ,,ਸਾਹਿਬ ਸਿੰਘ ਭਗਤ, ਹਰਜਿੰਦਰ ਸਿੰਘ ਫੋਜੀ, ਤਰਸੇਮ ਸਿੰਘ, ਸੇਰ ਸਿੰਘ ਅਤੇ ਹੋਰਨਾਂ ਨੇ ਹਾਈ ਕਮਾਂਡ ਦਾ ਧੰਨਵਾਦ ਕੀਤਾ ਹੈ।



# ਭੀਲੋਵਾਲ ’ਚ ਵਿਕਾਸ ਕਾਰਜਾਂ ਨੂੰ ਮਿਲੀ ਰਫ਼ਤਾਰ : ਜਗਦੀਸ਼ ਸਿੰਘ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**— ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਵਿੱਚ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਸੂਬੇ ਵਿੱਚ ਨਵੀਆਂ ਅਤੇ ਮਜ਼ਬੂਤ ਸੜਕਾਂ ਬਣਾਉਣ ਦੇ ਨਾਲ-ਨਾਲ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ ਅਤੇ ਪਿੰਡ-ਪਿੰਡ ਖੇਡ ਗਰਾਊਂਡਾਂ ਤੇ ਜਿਮ ਬਣਾਏ ਜਾ ਰਹੇ ਹਨ।ਇਹ ਪ੍ਰਗਟਾਵਾ ਪਿੰਡ ਭੀਲੋਵਾਲ ਦੇ ਸਰਪੰਚ ਜਗਦੀਸ਼ ਸਿੰਘ ਨੇ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਪਿੰਡ ਭੀਲੋਵਾਲ ਦੇ ਐੱਸ.ਸੀ. ਭਾਈਚਾਰੇ ਦੇ ਮੁਹੱਲੇ ਵਿੱਚ ਨਲਕੇ ਲਗਾਉਣ ਦੇ ਕਾਰਜ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਕੁੱਲ 8 ਨਲਕੇ ਲਗਾਏ ਜਾਣਗੇ।ਇਹ ਉਪਰਾਲਾ ਪਿੰਡ ਵਾਸੀਆਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਕੀਤਾ ਜਾ ਰਿਹਾ ਹੈ।ਸਰਪੰਚ ਜਗਦੀਸ਼ ਸਿੰਘ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਮੁਹੱਈਆ ਕਰਵਾਉਣਾ ਹੈ। ਇਸ ਮੌਕੇ ਮੈਂਬਰ ਵਿਜੇ ਕੁਮਾਰ, ਮੈਂਬਰ ਸੁਖਪਾਲ ਸਿੰਘ, ਮੈਂਬਰ ਸੁਰਜੀਤ ਸਿੰਘ, ਰਵਿੰਦਰ ਸਿੰਘ ਬਾਠ, ਨਰਿੰਦਰ ਸਿੰਘ, ਜਸਪਾਲ ਸਿੰਘ, ਅਮਰੀਕ ਸਿੰਘ, ਫੋਰਮੈਨ ਅਜੀਤ ਸਿੰਘ, ਹੀਰਾ ਸਿੰਘ, ਗੁਰਦਿਆਲ ਸਿੰਘ ਅਤੇ ਤਰਸੇਮ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# 650ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਤ ਜ਼ਿਲ੍ਹੇ ’ਚ 6.50 ਲੱਖ ਬੂਟੇ ਲਗਾਉਣ ਦੀ ਮੁਹਿੰਮ ਜਾਰੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** - ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਤ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਜ਼ਿਲ੍ਹੇ ਭਰ ਵਿੱਚ 6.50 ਲੱਖ ਬੂਟੇ ਲਗਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤੇਜ਼ੀ ਨਾਲ ਜਾਰੀ ਹੈ। ਵੱਖ-ਵੱਖ ਵਿਭਾਗਾਂ ਅਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਜ਼ਿਲ੍ਹੇ ਦੀਆਂ ਜਨਤਕ ਥਾਵਾਂ ਉੱਪਰ ਬੂਟੇ ਲਗਾਏ ਜਾ ਰਹੇ ਹਨ। ਇਸ ਸਬੰਧੀ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮੁੱਚੀ ਮਨੁੱਖਤਾ ਨੂੰ ਸਮਾਨਤਾ, ਨਿਰਸਵਾਰਥ ਸੇਵਾ ਅਤੇ ਕੁਦਰਤ ਨਾਲ ਪਿਆਰ ਕਰਨ ਦਾ ਸੰਦੇਸ਼ ਦਿੱਤਾ ਹੈ। ਗੁਰੂ ਸਾਹਿਬ ਦੇ 650ਵੇਂ ਪ੍ਰਕਾਸ਼ ਉਤਸਵ ਨੂੰ ਵਾਤਾਵਰਣ ਸੰਭਾਲ ਨਾਲ ਜੋੜਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਭਰ ਵਿੱਚ 6.50 ਲੱਖ ਪੌਦੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ, ਜਿਸ ਨੂੰ ਸਮੇਂ ਸਿਰ ਪੂਰਾ ਕਰਨ ਲਈ ਸਾਰੇ ਵਿਭਾਗ ਅਤੇ ਸਮਾਜ ਸੇਵੀ ਸੰਸਥਾਵਾਂ ਮਿਲ ਕੇ ਕੰਮ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਹ ਪੌਦੇ ਪਿੰਡਾਂ ਦੀਆਂ ਸਾਂਝੀਆਂ ਥਾਵਾਂ, ਸ਼ਾਮਲਾਟ ਜ਼ਮੀਨਾਂ, ਸ਼ਹਿਰੀ ਪਾਰਕਾਂ, ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ-ਕਾਲਜਾਂ, ਸਰਕਾਰੀ ਦਫ਼ਤਰਾਂ, ਹਸਪਤਾਲਾਂ, ਸੜਕਾਂ ਦੇ ਕਿਨਾਰਿਆਂ, ਨਹਿਰਾਂ ਅਤੇ ਹੋਰ ਜਨਤਕ ਥਾਵ ਤੇ ਲਗਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮੁਹਿੰਮ ਦਾ ਮਕਸਦ ਸਿਰਫ਼ ਪੌਦੇ ਲਗਾਉਣਾ ਨਹੀਂ, ਸਗੋਂ ਉਨ੍ਹਾਂ ਨੂੰ ਸੁਰੱਖਿਅਤ ਰੱਖਣਾ ਅਤੇ ਵੱਡੇ ਰੁੱਖਾਂ ਵਜੋਂ ਵਿਕਸਤ ਕਰਨਾ ਵੀ ਹੈ। ਉਨ੍ਹਾਂ ਸਕੂਲੀ ਵਿਦਿਆਰਥੀਆਂ, ਗ੍ਰਾਮ ਪੰਚਾਇਤਾਂ, ਸਮਾਜ ਸੇਵੀ ਸੰਸਥਾਵਾਂ, ਕਲੱਬਾਂ ਅਤੇ ਆਮ ਲੋਕਾਂ ਨੂੰ ਇਸ ਵਾਤਾਵਰਣ ਪੱਖੀ ਮੁਹਿੰਮ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਹਰ ਨਾਗਰਿਕ ਘੱਟੋ-ਘੱਟ ਇੱਕ ਪੌਦਾ ਲਗਾ ਕੇ ਉਸ ਦੀ ਸੰਭਾਲ ਕਰਨ ਦਾ ਸੰਕਲਪ ਲਵੇ।



# ਸਿਮਰਪ੍ਰੀਤ ਸਿੰਘ ਨੈਸ਼ਨਲ ਪੱਧਰੀ ਖੇਡਾਂ ਲਈ ਚੁਣਿਆ

**ਤਰਨ ਤਾਰਨ ( ਪ੍ਰਿਤਪਾਲ ਸਿੰਘ)** ਸਥਾਨਕ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ , ਗੋਇੰਦਵਾਲ ਸਾਹਿਬ ਦੇ ਵਿਦਿਆਰਥੀ ਸਿਮਰਪ੍ਰੀਤ ਸਿੰਘ ਨੇ ਖੇਡਾਂ ਦੇ ਖੇਤਰ ਵਿੱਚ ਸੰਸਥਾ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਵਿਖੇ ਆਯੋਜਿਤ ਹੋਈਆਂ ਸੀ.ਬੀ.ਐੱਸ.ਈ. ਕਲੱਸਟਰ ਖੇਡਾਂ ਦੌਰਾਨ ਸਿਮਰਪ੍ਰੀਤ ਸਿੰਘ ਨੇ ਅੰਡਰ-19 ਜੈਵਲਿਨ ਥਰੋਅ (ਨੇਜ਼ਾ ਬਾਜ਼ੀ) ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ ਹੈ।ਇਸ ਸ਼ਾਨਦਾਰ ਪ੍ਰਾਪਤੀ ਸਦਕਾ ਹੁਣ ਇਸ ਹੋਣਹਾਰ ਖਿਡਾਰੀ ਦੀ ਚੋਣ ਨੈਸ਼ਨਲ ਲੈਵਲ (ਰਾਸ਼ਟਰੀ ਪੱਧਰ) ਦੇ ਮੁਕਾਬਲਿਆਂ ਲਈ ਹੋ ਗਈ ਹੈ।ਵਿਦਿਆਰਥੀ ਸਿਮਰਪ੍ਰੀਤ ਸਿੰਘ, ਜੋ ਕਿ ਜਰਨੈਲ ਸਿੰਘ ਦਾ ਸਪੁੱਤਰ ਹੈ, ਨੇ ਆਪਣੀ ਮਿਹਨਤ ਅਤੇ ਲਗਨ ਸਦਕਾ ਖੇਡ ਮੈਦਾਨ ਵਿੱਚ ਵਿਰੋਧੀਆਂ ਨੂੰ ਕਰੜੀ ਟੱਕਰ ਦਿੱਤੀ।ਉਸ ਦੀ ਇਸ ਵੱਡੀ ਕਾਮਯਾਬੀ ’ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸੰਸਥਾ ਦੇ ਡਾਇਰੈਕਟਰ ਡਾ:ਜਤਿੰਦਰ ਪਾਲ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਸ਼੍ਰੀਮਤੀ ਮਨੀਸ਼ਾ ਸੂਦ ਨੇ ਸਾਂਝੇ ਤੌਰ ’ਤੇ ਵਿਦਿਆਰਥੀ, ਉਸ ਦੇ ਮਾਪਿਆਂ ਅਤੇ ਖੇਡ ਵਿਭਾਗ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸੰਸਥਾ ਲਈ ਇਹ ਬੇਹੱਦ ਮਾਣ ਵਾਲੀ ਗੱਲ ਹੈ ਅਤੇ ਉਹ ਉਮੀਦ ਕਰਦੇ ਹਨ ਕਿ ਸਿਮਰਪ੍ਰੀਤ ਸਿੰਘ ਨੈਸ਼ਨਲ ਪੱਧਰ ’ਤੇ ਵੀ ਮੈਡਲ ਜਿੱਤ ਕੇ ਸੰਸਥਾ ਦਾ ਨਾਮ ਪੂਰੇ ਦੇਸ਼ ਵਿੱਚ ਰੌਸ਼ਨ ਕਰੇਗਾ।ਇਸ ਮੌਕੇ ਵਿਦਿਆਰਥੀ ਦੇ ਕੋਚ ਸੁਖਵਿੰਦਰ ਸਿੰਘ, ਰੇਸ਼ਮ ਸਿੰਘ ਅਤੇ ਮੈਡਮ ਅਨੂਦੀਪ ਕੌਰ ਦੀ ਸਖ਼ਤ ਮਿਹਨਤ ਦੀ ਵੀ ਸ਼ਲਾਘਾ ਕੀਤੀ ਗਈ, ਜਿਨ੍ਹਾਂ ਦੀ ਯੋਗ ਅਗਵਾਈ ਸਦਕਾ ਖਿਡਾਰੀ ਨੇ ਇਹ ਮੁਕਾਮ ਹਾਸਲ ਕੀਤਾ ਹੈ। ਇਸ ਖੁਸ਼ੀ ਦੇ ਮੌਕੇ ਸਮੂਹ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।




# ਸਤਪਾਲ ਪਹਿਲਵਾਨ ਦੀ ਅਗਵਾਈ ਹੇਠ ਕੁਸ਼ਤੀਆਂ ਕਰਵਾਈਆਂ

**ਛੇਹਰਟਾ, (ਮਨੋਜ ਕੁਮਾਰ) :** ਬਾਬਾ ਪੰਜ ਪੀਰ ਅਖਾੜਾ ਹਲਕਾ ਈਸਟ ਜੀ ਟੀ ਰੋਡ ਵਿਖੇ ਉਸਤਾਦ ਸਤਪਾਲ ਪਹਿਲਵਾਨ ਦੀ ਅਗਵਾਈ ਹੇਠ ਕੁਸ਼ਤੀਆਂ ਕਰਵਾਈਆਂ ਗਈਆਂ। ਇਸ ਮੌਕੇ ਆਮ ਆਦਮੀ ਪਾਰਟੀ ਐੱਸ ਸੀ ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ ਤੇ ਜ਼ਿਲ੍ਹਾ ਪ੍ਰਧਾਨ ਸਰਬਜੋਤ ਸਿੰਘ ਧੰਜਲ ਵਿਸ਼ੇਸ਼ ਤੌਰ ’ਤੇ ਪੁੱਜੇ ਅਤੇ ਵੱਖ-ਵੱਖ ਭਾਰ ਵਰਗ ਦੀਆਂ ਕੁਸ਼ਤੀਆਂ ਸ਼ੁਰੂ ਕਰਵਾਈਆਂ। ਦੋਹਾਂ ਆਗੂਆਂ ਨੂੰ ਅਖਾੜਾ ਕਮੇਟੀ ਦੇ ਅਹੁਦੇਦਾਰਾਂ ਨੇ ਸਨਮਾਨਿਤ ਕੀਤਾ। ਇਸ ਮੌਕੇ ਡਾਕਟਰ ਇੰਦਰ ਪਾਲ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਦਾ ਇਸ ਅਖਾੜੇ ਵੱਲੋਂ ਬਹੁਤ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਅਖਾੜਾ ਕਮੇਟੀ ਵੱਲੋਂ ਨੌਜਵਾਨ ਪੀੜ੍ਹੀ ਨੂੰ ਪਹਿਲਵਾਨੀ ਕਰਵਾਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ ਜਾ ਰਿਹਾ ਹੈ। ਇਸ ਮੌਕੇ ਕੇਵਲ ਅਟਵਾਲ, ਵਿੱਕੀ ਚੀਂਦਾ, ਭਰਤਰਾਜ ਸਿੰਘ, ਰਾਮੇਸ਼ ਕੁਮਾਰ ਥਾਪਾ, ਤ੍ਰਿਲੋਕ ਨਾਥ ਸਮੇਤ ਸ਼ਹਿਰ ਦੇ ਵੱਖ-ਵੱਖ ਅਖਾੜਿਆਂ ਦੇ ਉਸਤਾਦ ਤੇ ਪਹਿਲਵਾਨ ਹਾਜ਼ਰ ਸਨ।

# ਜੇ ਐੱਮ ਕੇ ਪ੍ਰੀ-ਸਕੂਲ ’ਚ ਮਾਪਿਆਂ ਨਾਲ ‘ਟੀ ਐਂਡ ਟਾਕ’ ਪ੍ਰੋਗਰਾਮ

**ਪਠਾਨਕੋਟ (ਦਵਿੰਦਰ ਸਿੰਘ)** ਜੇ ਐਮ ਕੇ ਪ੍ਰੀ-ਸਕੂਲ ਵਿੱਚ ਮਾਪਿਆਂ ਨਾਲ ਸੰਵਾਦ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ‘ਟੀ ਐਂਡ ਟਾਕ’ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਸਕੂਲ ਦੇ ਚੇਅਰਮੈਨ ਅਨੁਜ ਸੂਦ ਅਤੇ ਡਾਇਰੈਕਟਰ ਤਾਨਿਆ ਸੂਦ ਦੇ ਮਾਰਗਦਰਸ਼ਨ ਹੇਠ ਕਰਵਾਇਆ ਗਿਆ।ਪ੍ਰੋਗਰਾਮ ਦਾ ਸੰਚਾਲਨ ਹੈੱਡ ਮਿਸਟ੍ਰੈੱਸ ਰਿੰਪਲ ਭੰਡਾਰੀ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਮਾਪਿਆਂ ਨੇ ਸਕੂਲ ਦੇ ਵਿਦਿਅਕ ਮਾਹੌਲ, ਬੱਚਿਆਂ ਦੇ ਸਰਵਪੱਖੀ ਵਿਕਾਸ, ਸਿੱਖਿਆ ਪ੍ਰਣਾਲੀ ਅਤੇ ਵੱਖ-ਵੱਖ ਗਤੀਵਿਧੀਆਂ ਨਾਲ ਸਬੰਧਤ ਆਪਣੇ ਵਿਚਾਰ ਸਾਂਝੇ ਕੀਤੇ। ਸਕੂਲ ਪਰਿਵਾਰ ਨੇ ਮਾਪਿਆਂ ਦੇ ਸੁਝਾਵਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨਾਲ ਖੁੱਲ੍ਹ ਕੇ ਸੰਵਾਦ ਕੀਤਾ। ਇਸ ਮੌਕੇ ਜੇ ਐਮ ਕੇ ਪ੍ਰੀ-ਸਕੂਲ ਦੇ ਡਾਇਰੈਕਟਰ ਡਾ. ਨੀਰਜ ਮੋਹਨ ਪੁਰੀ ਨੇ ਕਿਹਾ ਕਿ ਸਕੂਲ ਅਤੇ ਮਾਪਿਆਂ ਵਿਚਕਾਰ ਮਜ਼ਬੂਤ ਤਾਲਮੇਲ ਹੀ ਬੱਚਿਆਂ ਦੇ ਉਜਵਲ ਭਵਿੱਖ ਦੀ ਨੀਂਹ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਦੇ ਬੌਧਿਕ, ਸਮਾਜਿਕ ਅਤੇ ਭਾਵਨਾਤਮਕ ਵਿਕਾਸ ਲਈ ਮਾਪਿਆਂ ਅਤੇ ਅਧਿਆਪਕਾਂ ਦਾ ਨਿਰੰਤਰ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਜੇਐਮਕੇ ਪ੍ਰੀ-ਸਕੂਲ ਦਾ ਉਦੇਸ਼ ਸਿਰਫ਼ ਗੁਣਵੱਤਾਪੂਰਨ ਸਿੱਖਿਆ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਹਰ ਬੱਚੇ ਦੀ ਸ਼ਖ਼ਸੀਅਤ, ਨੈਤਿਕ ਮੁੱਲਾਂ, ਰਚਨਾਤਮਕਤਾ ਅਤੇ ਆਤਮ-ਵਿਸ਼ਵਾਸ ਦਾ ਵਿਕਾਸ ਕਰਨਾ ਵੀ ਹੈ। ਸਕੂਲ ਭਵਿੱਖ ਵਿੱਚ ਵੀ ਮਾਪਿਆਂ ਨਾਲ ਅਜਿਹੇ ਸੰਵਾਦਾਤਮਕ ਪ੍ਰੋਗਰਾਮ ਕਰਵਾਉਂਦਾ ਰਹੇਗਾ, ਤਾਂ ਜੋ ਬੱਚਿਆਂ ਦੇ ਹਿੱਤ ਵਿੱਚ ਹੋਰ ਵਧੀਆ ਵਿਦਿਅਕ ਮਾਹੌਲ ਤਿਆਰ ਕੀਤਾ ਜਾ ਸਕੇ।ਪ੍ਰੋਗਰਾਮ ਦੇ ਅੰਤ ਵਿੱਚ ਮਾਪਿਆਂ ਨੇ ਸਕੂਲ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਇਸਨੂੰ ਬਹੁਤ ਲਾਭਦਾਇਕ ਦੱਸਿਆ ਅਤੇ ਸਕੂਲ ਪ੍ਰਬੰਧਨ ਦਾ ਧੰਨਵਾਦ ਕੀਤਾ।



# ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** - ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਅਧੀਨ ਚੱਲ ਰਹੇ ਕਮਿਊਨਿਟੀ ਹੋਮ ਫਾਰ ਮੈਂਟਲੀ ਰਿਟਾਰਡਿਡ ਅਤੇ ਸਟੇਟ ਆਫਟਰ ਕੇਅਰ ਹੋਮ, ਨਾਰੀ ਨਿਕੇਤਨ ਕੰਪਲੈਕਸ ਅੰਮ੍ਰਿਤਸਰ ਵਿਖੇ ਇੰਡੀਅਨ ਰੈਡ ਕਰਾਸ ਸੁਸਾਇਟੀ ਵੱਲੋਂ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਅਸਿਸਟੈਂਟ ਕਮਿਸ਼ਨਰ ਪ੍ਰਗਤੀ ਸੇਠੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਤਿਉਹਾਰ ਦੌਰਾਨ ਸਟੇਟ ਆਫਟਰ ਕੇਅਰ ਹੋਮ ਅਤੇ ਕਮਿਊਨਿਟੀ ਹੋਮ ਦੀਆਂ ਸਹਿਵਾਸਣਾਂ ਵੱਲੋਂ ਪੰਜਾਬੀ ਸੱਭਿਆਚਾਰ ਨਾਲ ਸੰਬੰਧਤ ਗਰੁੱਪ ਡਾਂਸ ਪੇਸ਼ ਕੀਤਾ ਗਿਆ। ਇਸ ਮੌਕੇ ਸਹਿਵਾਸਣਾਂ ਵੱਲੋਂ ਆਪਣੇ ਹੱਥੀਂ ਦੁਪੱਟਿਆਂ ’ਤੇ ਗੋਟਾ-ਪੱਟੀ ਦਾ ਕੰਮ ਕਰਕੇ ਉਨ੍ਹਾਂ ਨੂੰ ਸੁੰਦਰ ਰੂਪ ਦਿੱਤਾ ਗਿਆ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਤਿਆਰ ਕੀਤੀਆਂ ਰੱਖੜੀਆਂ ਅਤੇ ਪੱਖੀਆਂ ਨੂੰ ਵੀ ਸੱਭਿਆਚਾਰਕ ਢੰਗ ਨਾਲ ਸਜਾਇਆ ਗਿਆ। ਵਿਸ਼ੇਸ਼ ਜ਼ਰੂਰਤਾਂ ਵਾਲੀਆਂ ਸਹਿਵਾਸਣਾਂ ਵੱਲੋਂ ਹੱਥੀਂ ਤਿਆਰ ਕੀਤੀ ਗਈ ਪੇਂਟਿੰਗ ਵੀ ਮੁੱਖ ਮਹਿਮਾਨ ਨੂੰ ਭੇਟ ਕੀਤੀ ਗਈ। ਇੰਡੀਅਨ ਰੈਡ ਕਰਾਸ ਸੁਸਾਇਟੀ ਵੱਲੋਂ ਸਹਿਵਾਸਣਾਂ ਨੂੰ ਸੈਨੇਟਰੀ ਪੈਡ ਅਤੇ ਖੀਰ-ਪੂੜੇ ਵੀ ਵੰਡੇ ਗਏ। ਮੁੱਖ ਮਹਿਮਾਨ ਪ੍ਰਗਤੀ ਸੇਠੀ ਨੇ ਸਹਿਵਾਸਣਾਂ ਵੱਲੋਂ ਪੇਸ਼ ਕੀਤੀਆਂ ਸੱਭਿਆਚਾਰਕ ਗਤੀਵਿਧੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਸੈਕਟਰੀ ਰੈਡ ਕਰਾਸ; ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਅਸੀਸਇੰਦਰ ਸਿੰਘ; ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਤਰੁਨਜੀਤ ਸਿੰਘ; ਜਗਤ ਜਯੋਤੀ ਵੈਲਫੇਅਰ ਸੁਸਾਇਟੀ ਦੇ ਮੈਂਬਰ; ਸੁਪਰਡੈਂਟ ਹੋਮਜ਼ ਮਿਸ ਸਵਿਤਾ ਰਾਣੀ ਅਤੇ ਸੰਦੀਪ ਕੌਰ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।

# ਮੁੱਖ ਮੰਤਰੀ ਵੱਲੋਂ ਹਵਾਰਾ ਦੀ ਪੈਰੋਲ ਦੀ ਮੰਗ ਦੀ ਸ਼ਲਾਘਾ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**— ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਗਵਰਨਰ ਨੂੰ ਚਿੱਠੀ ਲਿਖ ਕੇ ਸਰਦਾਰ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਦੀ ਮੰਗ ਕੀਤੇ ਜਾਣ ਦਾ ਪੰਜਾਬ ਦੇ ਲੋਕਾਂ ਵੱਲੋਂ ਸਵਾਗਤ ਕੀਤਾ ਜਾ ਰਿਹਾ ਹੈ।ਇਹ ਪ੍ਰਗਟਾਵਾ ਹਲਕਾ ਮਜੀਠਾ ਅਧੀਨ ਪੈਂਦੇ ਪਿੰਡ ਪੁਰਾਣਾ ਤਨੇਲ ਦੇ ਸਰਪੰਚ ਅਤੇ ਮਜੀਠਾ ਦੇ ਕੋਆਰਡੀਨੇਟਰ ਮਨਦੀਪ ਸਿੰਘ ਨੇ ਕੀਤਾ।ਮਨਦੀਪ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਸ ਮਾਮਲੇ ਸੰਬੰਧੀ ਗਵਰਨਰ ਨੂੰ ਪੱਤਰ ਲਿਖਣਾ ਇੱਕ ਸ਼ਲਾਘਾਯੋਗ ਕਦਮ ਹੈ।ਉਨ੍ਹਾਂ ਕਿਹਾ ਕਿ ਨਾਨਕ ਨਾਮ ਲੇਵਾ ਸੰਗਤ ਵਿੱਚ ਇਸ ਪਹਿਲਕਦਮੀ ਨੂੰ ਲੈ ਕੇ ਖੁਸ਼ੀ ਦੀ ਲਹਿਰ ਹੈ।ਪੰਜਾਬ ਦੇ ਲੋਕ ਇਸ ਪਹਿਲਕਦਮੀ ਨੂੰ ਉਮੀਦ ਅਤੇ ਸਦਭਾਵਨਾ ਦੀ ਨਜ਼ਰ ਨਾਲ ਦੇਖ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਨਾਲ ਸਬੰਧਤ ਅਹਿਮ ਮਾਮਲਿਆਂ ਨੂੰ ਗੰਭੀਰਤਾ ਨਾਲ ਉਠਾਉਣਾ ਪੰਜਾਬ ਦੇ ਹਿੱਤ ਵਿੱਚ ਹੈ।ਮਨਦੀਪ ਸਿੰਘ ਨੇ ਉਮੀਦ ਜਤਾਈ ਕਿ ਇਸ ਮਾਮਲੇ ਵਿੱਚ ਅੱਗੇ ਵੀ ਸਕਾਰਾਤਮਕ ਪਹਿਲਕਦਮੀ ਕੀਤੀ ਜਾਵੇਗੀ।



# ਵਾਲੀਆਂ ਖੋਹਣ ਵਾਲਿਆਂ ਖ਼ਿਲਾਫ਼ ਪੁਲਸ ਨੇ ਮਾਮਲਾ ਕੀਤਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਵਾਲੀਆਂ ਝਪਟਣ ਵਾਲੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਬਲਵਿੰਦਰ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਫੌਜੀ ਕਲੋਨੀ ਨੌਸਹਿਰਾ ਨੇ ਦੱਸਿਆ ਕਿ ਮਿਤੀ 11 ਅਗਸਤ 2026 ਨੂੰ ਪੀੜਤਾ ਅਤੇ ਉਸ ਦੀ ਪਤਨੀ ਆਪਣੀ ਸਕੂਟਰੀ ਪੀ.ਬੀ..06.ਬੀ.ਈ..3589 ’ਤੇ ਸਵਾਰ ਹੋ ਕੇ ਗੁਰਦਾਸਪੁਰ ਤੋਂ ਆਪਣੇ ਪਿੰਡ ਨੌਸਹਿਰਾ ਨੂੰ ਜਾ ਰਹੇ ਸੀ ਸਮਾਂ ਕਰੀਬ 5.15 ਵਜੇ ਸ਼ਾਮ ਨੂੰ ਜਦ ਉਹ ਪੁੱਲ ਤਿੱਬੜੀ ਤੋਂ ਥੋੜਾ ਅੱਗੇ ਪੁੱਜੇ ਤਾਂ ਪਿੱਛੇ ਤੋਂ ਇਕ ਮੋਟਰਸਾਈਕਲ ਹੀਰੋ ਡੀਲਕਸ ਰੰਗ ਕਾਲਾ ਆਇਆ ਜਿਸ ਨੂੰ ਇਕ ਮੋਨਾ ਵਿਅਕਤੀ ਚਲਾ ਰਿਹਾ ਸੀ ਅਤੇ ਉਸ ਦੇ ਪਿੱਛੇ ਇਕ ਔਰਤ ਬੈਠੀ ਹੋਈ ਸੀ, ਮੋਟਰਸਾਈਕਲ ਚਾਲਕ ਨੇ ਆਪਣਾ ਮੋਟਰਸਾਈਕਲ ਦੀ ਸਕੂਟਰੀ ਨੇੜੇ ਕਰਕੇ ਪਤਨੀ ਦੇ ਸੱਜੇ ਕੰਨ ਵਿਚ ਪਾਈ ਵਾਲੀ ਝਪਟ ਮਾਰ ਕੇ ਲਾਹ ਲਈ ਅਤੇ ਪਿੰਡ ਅਰਜੁਨਪੁਰ ਗੂੰਝੀਆਂ ਸਾਇਡ ਨੂੰ ਚਲੇ ਗਏ। ਬਾਅਦ ਵਿਚ ਪਤਾ ਲੱਗਾ ਕਿ ਪੀੜਤਾ ਦੀ ਪਤਨੀ ਦੀ ਵਾਲੀ ਸੋਨੂੰ ਪੁੱਤਰ ਲੱਖਾ ਮਸੀਹ, ਰਾਣੀ ਪਤਨੀ ਸੋਨੂੰ ਵਾਸੀਅ ਗੁਰਦਾਸਨੰਗਲ ਨੇ ਖੋਹੀ ਹੈ। ਤਫਤੀਸੀ ਅਫਸਰ ਨੇ ਕਥਿਤ ਦੋਸੀਆ ਨੂੰ ਮੋਟਰਸਾਈਕਲ ਮਾਰਕਾ ਹੀਰੋ-ਡੀਲਕਸ ਬਿਨਾਂ ਨੰਬਰੀ ਸਮੇਤ ਕਾਬੂ ਕੀਤਾ, ਜਿਸ ਪਾਸੋਂ ਇਕ ਸੋਨੇ ਦੀ ਵਾਲੀ ਵਜਨੀ 2 ਗਰਾਮ ਬਰਾਮਦ ਹੋਈ ਹੈ। ਪੁਰਾਣਾ ਸ਼ਾਲਾ ਪੁਲਿਸ ਨੇ ਉਕਤ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅੰਰਭ

# ਡੀ ਡੀ ਆਈ ਸਕੂਲ ਦੇ ਵਿਦਿਆਰਥੀਆਂ ਨੇ ਬੈਡਮਿੰਟਨ ਮੁਕਾਬਲਿਆਂ ’ਚ ਪਹਿਲ ਸਥਾਨ ਕੀਤਾ ਹਾਸਲ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਬੀਤੇ ਦਿਨੀ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਲਾ ਅਫਗਾਨਾ ਵਿਖੇ ਬੈਡਮਿੰਟਨ ਲੜਕੇ ਅਤੇ ਲੜਕੀਆਂ ਦੇ ਅੰਡਰ- 14, 17 ਅਤੇ 19 ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਵੱਖ-ਵੱਖ ਸਕੂਲਾਂ ਦੀਆਂ ਬੈਡਮਿੰਟਨ ਟੀਮਾਂ ਨੇ ਹਿੱਸਾ ਲਿਆ। ਇਸ ਮੁਕਾਬਲੇ ’ਵਿਚ ਇਲਾਕੇ ’ਚ ਦੀ ਨਾਮਵਰ ਵਿਦਿਅਕ ਸੰਸਥਾ ਡੀ.ਡੀ.ਆਈ ਸਕੂਲ ਦ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਮੈਡਮ ਸਵਲੀਨ ਭਾਟੀਆ ਨੇ ਦੱਸਿਆ ਕਿ ਇਸ ਖੇਡ ਮੁਕਾਬਲੇ ਵਿਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਭਾਗ ਲਿਆ। ਉਨ੍ਹਾਂ ਕਿਹਾ ਕਿ ਇਸੇ ਲੜੀ ਤਹਿਤ ਡੀ.ਡੀ.ਆਈ ਸਕੂਲ ਫਤਿਹਗੜ੍ਹ ਚੂੜੀਆਂ ਦੇ ਵਿਦਿਆਰਥੀਆਂ ਨੇ ਵੀ ਇਸ ਮੁਕਾਬਲੇ ਵਿਚ ਭਾਗ ਲਿਆ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਸਕੂਲ ਦੀ ਅੰਡਰ-14, 17 ਅਤੇ 19 ਦੀ ਬੈਡਮਿੰਟਨ ਟੀਮ ਨੇ ਇਯ ਮੁਕਾਬਲੇ ਵਿਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਸਕੂਲ ਦੇ ਐੱਮ.ਡੀ ਡਾ. ਇੰਦਰਜੀਤ ਸਿੰਘ ਭਾਟੀਆ ਦੀ ਅਗਵਾਈ ਹੇਠ ਸਕੂਲ ਦੇ ਵਿਦਿਆਰਥੀ ਜਿਥੇ ਪੜਾਈ ’ਚ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ, ਉੱਥੇ ਨਾਲ ਹੀ ਵੱਖ-ਵੱਖ ਗਤੀਵਿਧੀਆਂ ਅਤੇ ਖੇਡਾਂ ’ਚ ਹਿੱਸਾ ਲੈਂਦੇ ਹੋਏ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਵਲੋਂ ਇਸ ਤੋਂ ਪਹਿਲਾਂ ਵੀ ਵੱਖ-ਵੱਖ ਖੇਡਾਂ ਅਤੇ ਮੁਕਾਬਲਿਆਂ ’ਚ ਹਿੱਸਾ ਲੈਂਦੇ ਹੋਏ ਸਕੂਲ ਦਾ ਨਾਮ ਰੋਸ਼ਨ ਕੀਤਾ ਗਿਆ ਹੈ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਭਵਿੱਖ ’ਚ ਵੀ ਸਕੂਲ ਦੇ ਵਿਦਿਆਰਥੀ ਇਸੇ ਤਰ੍ਹਾਂ ਹੀ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕਰਦੇ ਰਹਿਣਗੇ। ਉਨ੍ਹਾਂ ਕਿਹਾ ਕਿ ਡੀ.ਡੀ.ਆਈ ਸਕੂਲ ਵਲੋਂ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਹੀ ਕਾਰਨ ਹੈ ਕਿ ਸਕੂਲ ਦੇ ਵਿਦਿਆਰਥੀ ਖੇਡਾਂ ਅਤੇ ਪੜਾਈ ’ਚ ਮੱਲਾ ਮਾਰ ਰਹੇ ਹਨ। ਇਸ ਮੌਕੇ ਜੇਤੂ ਵਿਦਿਆਰਥੀਆਂ ਦਾ ਸਕੂਲ ਪਹੁੰਚਣ ’ਤੇ ਪ੍ਰਿੰ. ਸਵਲੀਨ ਭਾਟੀਆ ਅਤੇ ਅਧਿਆਪਕਾਂ ਵਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਇਸ ਜਿੱਤ ਲਈ ਵਧਾਈ ਦਿੱਤੀ ਗਈ। ਪ੍ਰਿੰ. ਸਵਲੀਨ ਭਾਟੀਆ ਨੇ ਵਿਦਿਆਰਥੀਆਂ ਨੂੰ ਭਵਿੱਖ ’ਚ ਹੋਰ ਮਿਹਨਤ ਕਰਨ ਅਤੇ ਸਕੂਲ ਦਾ ਨਾਮ ਰੋਸ਼ਨ ਕਰਨ ਲਈ ਪ੍ਰੇਰਿਤ ਕੀਤਾ।



# ਹਿੰਦੂ ਕੰਨਿਆ ਮਹਾਂਵਿਦਿਆਲਿਆ ਧਾਰੀਵਾਲ ਵਿਖੇ ਯੁਵਾ ਦਿਵਸ ਮਨਾਇਆ

**ਧਾਰੀਵਾਲ (ਮਨਦੀਪ ਵਿੱਕੀ)**- ਸਥਾਨਕ ਹਿੰਦੂ ਕੰਨਿਆ ਮਹਾਵਿਦਿਆਲਿਆ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਨ.ਡੀ ਅਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਰੈੱਡ ਰਿਬਨ ਕਲੱਬ ਤੇ ਐਨ.ਐਸ.ਐਸ ਵਿਭਾਗ ਵੱਲੋਂ ਕਾਲਜ ਵਿਖੇ ਯੁਵਾ ਦਿਵਸ ਮਨਾਇਆ ਗਿਆ। ਇਸ ਸਬੰਧ ਵਿੱਚ ਕਰਵਾਏ ਭਾਸ਼ਣ ਮੁਕਾਬਲੇ ਵਿੱਚ ਵੱਖ-ਵੱਖ ਵਿਦਿਆਰਥਣਾਂ ਵੱਲੋਂ ਯੁਵਾ ਦਿਵਸ ਨਾਲ ਸੰਬੰਧਤ ਆਪਣੇ ਵਿਚਾਰ ਸਾਂਝੇ ਕੀਤੇ ਗਏ।ਉਹਨਾਂ ਦੱਸਿਆ ਕਿ ਯੁਵਾ ਦਿਵਸ ਨੂੰ ਮਨਾਉਣ ਦਾ ਮੁੱਖ ਉਦੇਸ਼ ਵਿਸ਼ਵ ਪੱਧਰ ’ਤੇ ਨੌਜਵਾਨਾਂ ਦੀਆਂ ਸਮੱਸਿਆਵਾਂ ਤੇ ਉਹਨਾਂ ਦੀ ਆਵਾਜ਼ ਅਤੇ ਸਮਾਜ ਵਿੱਚ ਉਹਨਾਂ ਦੇ ਯੋਗਦਾਨ ਨੂੰ ਉਜਾਗਰ ਕਰਨਾ ਹੈ। ਅੰਤ ਵਿੱਚ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਇਸ ਦਿਨ ਦੀ ਮੁਬਾਰਕਬਾਦ ਦਿੱਤੀ ਗਈ ਅਤੇ ਵਿਦਿਆਰਥਣਾਂ ਨੂੰ ਸਹੀ ਰਸਤੇ ਉੱਪਰ ਚੱਲਣ ਲਈ ਪ੍ਰੇਰਿਤ ਕੀਤਾ। ਉਹਨਾਂ ਦੱਸਿਆ ਕਿ ਜੇਕਰ ਅਸੀਂ ਅੱਜ ਸਹੀ ਰਸਤੇ ਤੇ ਚੱਲਾਂਗੇ ਤੇ ਆਉਣ ਵਾਲਾ ਕੱਲ੍ਹ ਆਪਣੇ ਆਪ ਹੀ ਸੁੰਦਰ ਹੋ ਜਾਵੇਗਾ। ਇਸ ਦੌਰਾਨ ਕਾਲਜ ਦਾ ਸਮੂਹ ਸਟਾਫ ਹਾਜ਼ਰ ਸੀ।




# ਗਿਆਨ ਜੋਤੀ ਪਬਲਿਕ ਸਕੂਲ ਝਬਾਲ ਵਿਖੇ ਤੀਆਂ ਦਾ ਤਿਉਹਾਰ ਮਨਾਇਆ




**ਝਬਾਲ, (ਹਰਜਿੰਦਰ ਸਿੰਘ ਸੋਨੀ)**- ਗਿਆਨ ਜੋਤੀ ਪਬਲਿਕ ਸਕੂਲ ਝਬਾਲ ਵਿਖੇ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ।ਗਿਆਨ ਜੋਤੀ ਪਬਲਿਕ ਸਕੂਲ ਝਬਾਲ ਦੇ ਮੈਨੇਜਿੰਗ ਡਾਇਰੈਕਟਰ ਅਮਰਜੀਤ ਸਿੰਘ ਅਤੇ ਸਕੂਲ ਪ੍ਰਿੰਸੀਪਲ ਮੈਡਮ ਸੁਖਬੀਰ ਕੌਰ ਦੀ ਅਗਵਾਈ ਹੇਠ ਮਨਾਏ ਗਏ ਤੀਆਂ ਦੇ ਤਿਉਹਾਰ ਮੌਕੇ ਸਕੂਲ ਦੀਆਂ ਬੱਚੀਆਂ ਵੱਲੋਂ ਪੰਜਾਬ ਦੇ ਅਮੀਰ ਸੱਭਿਆਚਾਰ ਵਿਰਸੇ ਤੀਆਂ ਨੂੰ ਬੋਲੀਆਂ ਤੇ ਗਿੱਧਾ ਪਾ ਕੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਜਦ ਕਿ ਸਕੂਲ ਪ੍ਰਿੰਸੀਪਲ ਮੈਡਮ ਸੁਖਬੀਰ ਕੌਰ ਨੇ ਤੀਆਂ ਦੇ ਤਿਉਹਾਰ ਦੀ ਮਹਤੱਤਾ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਅਧਿਆਪਕ ਰਜਵੰਤ ਕੌਰ, ਰਮਨਦੀਪ ਕੌਰ, ਗੁਰਜੀਤ ਕੌਰ, ਮਨਦੀਪ ਕੌਰ ਸਮੇਤ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਬਲਜਿੰਦਰ ਸਿੰਘ ਸਿੰਘ ਨਹੀਂ ਰਹੇ



**ਭਿੱਖੀਵਿੰਡ (ਨ ਜ਼ ਸ)** ਕਾਮਰੇਡ ਚਰਨ ਸਿੰਘ ਤਰਨ ਤਾਰਨ ਦੇ ਲੜਕੇ ਬਲਜਿੰਦਰ ਸਿੰਘ ਦੀ ਦਿਲ ਦਾ ਦੌਰਾ ਪੈਣ ਕਾਰਨ ਬੇਵਕਤੀ ਮੌਤ ਹੋ ਗਈ ਹੈ।ਬਲਜਿੰਦਰ ਦੀ ਉਮਰ ਸਿਰਫ 50 ਸਾਲ ਦੇ ਕਰੀਬ ਸੀ।ਕਾਮਰੇਡ ਚਰਨ ਸਿੰਘ ਸੀ ਪੀ ਆਈ ਤਰਨ ਤਾਰਨ ਜ਼ਿਲ੍ਹੇ ਦੇ ਦਫ਼ਤਰ ਸਕੱਤਰ ਹਨ।ਕਾਮਰੇਡ ਚਰਨ ਸਿੰਘ ਦੇ ਤਿੰਨ ਲੜਕੇ ਹਨ ਤੇ ਇਹ ਵਿਚਕਾਰਲਾ ਸੀ।ਚਰਨ ਸਿੰਘ ਨੂੰ ਪਹਿਲਾਂ ਆਪਣੇ ਮੁੰਡਿਆਂ ਦੇ ਆਸਰੇ ਘਰ ਦਾ ਫ਼ਿਕਰ ਨਹੀਂ ਸੀ ਕਿਉਂਕਿ ਘਰ ਦੀ ਜ਼ਿੰਮੇਵਾਰੀ ਉਹ ਨਿਭਾਉਂਦੇ ਸਨ, ਹੁਣ ਬਲਜਿੰਦਰ ਸਿੰਘ ਦੇ ਪ੍ਰਵਾਰ ਦਾ ਚਰਨ ਸਿੰਘ ਨੂੰ ਖਿਆਲ ਰੱਖਣਾ ਪਵੇਗਾ। ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਸੰਧੂ ਨੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਹੋਇਆਂ ਕਿਹਾ ਹੈ ਕਿ ਪਾਰਟੀ ਚਰਨ ਸਿੰਘ ਦੇ ਪ੍ਰਵਾਰ ਨਾਲ ਦੁੱਖ ਸਾਂਝਾ ਕਰਦੀ ਹੈ।

# ਦਲਬਦਲੂਆਂ ਦੀ ਸ਼ਾਮਤ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਨਾਸ਼ਤਾ ਕਰਨ ਵਾਲੇ ਤ੍ਰਿਣਮੂਲ ਕਾਂਗਰਸ ਦੇ ਭਾਜਪਾ-ਸਮਰਥਤ ਬਾਗੀ ਧੜਿਆਂ ਦੇ ਆਗੂਆਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਦੇ ਗੁੱਸੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਕੂਚ ਬਿਹਾਰ ਦੇ ਸੰਸਦ ਮੈਂਬਰ ਜਗਦੀਸ਼ ਚੰਦਰ ਬਰਮਾ ਬਾਸੁਨੀਆ ਲਈ ਮੋਦੀ ਨਾਲ ਨਾਸ਼ਤਾ ਕਰਨ ਤੋਂ ਬਾਅਦ ਲੰਘੇ ਸੋਮਵਾਰ ਦੀ ਰਾਤ ਆਪਣੇ ਹਲਕੇ ਵਿੱਚ ਇੱਕ ਸ਼ਾਨਦਾਰ ਵਾਪਸੀ ਥੋੜ੍ਹ-ਚਿਰੀ ਸਾਬਤ ਹੋਈ। ਐੱਨ ਡੀ ਏ-ਸੰਬੰਧਤ ਐੱਨ ਸੀ ਪੀ ਆਈ ਨਾਲ ਆਪਣੇ ਵਿਵਾਦਪੂਰਨ ਗੱਠਜੋੜ ਤੋਂ ਬਾਅਦ ਰਾਸ਼ਟਰੀ ਰਾਜਧਾਨੀ ਤੋਂ ਹਫਤਿਆਂ ਬਾਅਦ ਸੀਤਾਈ ਬਾਜ਼ਾਰ ਵਾਪਸ ਆਉਣ 'ਤੇ, ਬਾਸੁਨੀਆ ਅਤੇ ਉਸ ਦੀ ਪਤਨੀ (ਸੀਤਾਈ ਦੀ ਵਿਧਾਇਕ) ਸੰਗੀਤਾ ਰਾਏ ਨੇ ਦੇਖਿਆ ਕਿ ਲੋਕ ਗੁੱਸੇ ਵਿੱਚ ਹਨ। ਜੋੜੇ ਦੇ ਪੁਲਸ ਸੁਰੱਖਿਆ ਹੇਠ ਪਹੁੰਚਣ ਦੇ ਕੁਝ ਘੰਟਿਆਂ ਦੇ ਅੰਦਰ ਲੋਕ ਵੱਡੀ ਗਿਣਤੀ ਵਿੱਚ ਇਕੱਠੇ ਹੋ ਗਏ ਅਤੇ ਨਾਅਰੇਬਾਜ਼ੀ ਕਰ ਦਿੱਤੀ। ਨਤੀਜੇ ਵਜੋਂ ਜੋੜੇ ਨੂੰ ਹਨੇਰੇ ਦੀ ਆੜ ਵਿੱਚ ਕੂਚ ਬਿਹਾਰ ਕਸਬੇ ਵਿੱਚ ਆਪਣੇ ਸੁਰੱਖਿਅਤ ਘਰ ਵਿੱਚ ਵਾਪਸ ਜਾਣ ਲਈ ਮਜਬੂਰ ਕਰ ਦਿੱਤਾ, ਜਦੋਂ ਕਿ ਜੋੜੇ ਨੇ ਕੋਈ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਇੱਕ ਪ੍ਰਦਰਸ਼ਨਕਾਰੀ ਨੇ ਕਿਹਾ, "ਇਹ ਉਨ੍ਹਾਂ ਦੇ ਵਿਸ਼ਵਾਸਘਾਤ 'ਤੇ ਗੁੱਸੇ ਦਾ ਪ੍ਰਗਟਾਵਾ ਸੀ। ਜੇ ਉਹ ਮੁੜ ਸੀਤਾਈ ਵਾਪਸ ਆਉਂਦੇ ਹਨ ਤਾਂ ਉਨ੍ਹਾਂ ਨੂੰ ਹੋਰ ਵੀ ਬੁਰੀ ਹਾਲਤ ਦਾ ਸਾਹਮਣਾ ਕਰਨਾ ਪੈ ਸਕਦਾ ਹੈ।"

ਤ੍ਰਿਣਮੂਲ ਛੱਡ ਕੇ ਭਾਜਪਾ ਦਾ ਸਾਥ ਦੇਣ ਵਾਲਿਆਂ ਖਿਲਾਫ ਜਿਸਮਾਨੀ ਵਿਰੋਧ ਤੇਜ਼ੀ ਨਾਲ ਸ਼ਹਿਰੀ ਅਤੇ ਪੇਂਡੂ ਇਲਾਕਿਆਂ ਵਿੱਚ ਫੈਲ ਰਿਹਾ ਹੈ। ਦੱਖਣੀ ਕੋਲਕਾਤਾ ਦੇ ਗਾਰਫਾ ਵਿੱਚ ਜਿਸ ਪਾਰਟੀ ਦਫਤਰ ਨੂੰ ਪਹਿਲਾਂ ਜਾਦਵਪੁਰ ਦੀ ਸੰਸਦ ਮੈਂਬਰ ਸਯਾਨੀ ਘੋਸ਼ ਵੱਲੋਂ ਵਰਤਿਆ ਜਾਂਦਾ ਸੀ, ਉੱਤੇ ਕਬਜ਼ਾ ਕਰਕੇ ਮਮਤਾ ਦੇ ਵਫਾਦਾਰਾਂ ਨੇ ਦਰਵਾਜ਼ੇ 'ਤੇ ਭਾਰੀ ਤਾਲਾ ਜੜ ਦਿੱਤਾ। ਕੇਸ਼ਪੁਰ ਦੇ ਵਿਧਾਇਕ ਸਿਉਲੀ ਸਾਹਾ ਨੂੰ ਵੀ ਪੱਛਮੀ ਮਿਦਨਾਪੁਰ ਵਿੱਚ ਇਨਕਲਾਬੀ ਆਜ਼ਾਦੀ ਘੁਲਾਟੀਏ ਖੁਦੀਰਾਮ ਬੋਸ ਦੇ ਜੱਦੀ ਘਰ ਵਿੱਚ ਉਨ੍ਹਾ ਦੀ ਬਰਸੀ 'ਤੇ ਸ਼ਰਧਾਂਜਲੀ ਦੇਣ ਲਈ ਜਾਂਦੇ ਸਮੇਂ 'ਵਾਪਸ ਜਾਓ' ਦੇ ਨਾਅਰਿਆਂ ਦਾ ਸਾਹਮਣਾ ਕਰਨਾ ਪਿਆ। ਸਾਹਾ, ਜਿਸ ਨੂੰ ਰਿਤਾਬ੍ਰਤ ਬੈਨਰਜੀ ਦੀ ਅਗਵਾਈ ਵਾਲੇ ਧੜੇ ਦਾ ਸਾਥ ਦੇਣ ਤੋਂ ਬਾਅਦ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦਾ ਡਿਪਟੀ ਲੀਡਰ ਨਿਯੁਕਤ ਕੀਤਾ ਗਿਆ ਸੀ, ਉੱਤੇ ਸਥਾਨਕ ਔਰਤਾਂ ਨੇ ਵਿਕਾਸ ਸੰਬੰਧੀ ਅਣਗਹਿਲੀ ਅਤੇ ਤੰਗ-ਪ੍ਰੇਸ਼ਾਨ ਕਰਨ ਦਾ ਦੋਸ਼ ਲਗਾਇਆ, ਜਿਸ ਕਾਰਨ ਸਾਹਾ ਨੂੰ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਦੇ ਆਉਣ ਤੋਂ ਪਹਿਲਾਂ ਸਟੇਜ ਛੱਡਣ ਲਈ ਮਜਬੂਰ ਹੋਣਾ ਪਿਆ। ਮਮਤਾ ਦੇ ਵਫਾਦਾਰਾਂ ਨੇ ਹਾਲੀ ਸ਼ਹਿਰ ਵਿਖੇ ਸਾਬਕਾ ਮੁੱਖ ਮੰਤਰੀ ਦੇ ਕਾਫਲੇ 'ਤੇ ਹੋਏ ਹਮਲੇ ਦੇ ਖਿਲਾਫ ਵਿਧਾਨ ਸਭਾ ਕੰਪਲੈਕਸ ਵਿੱਚ ਸੋਮਵਾਰ ਤਿੱਖਾ ਵਿਰੋਧ ਪ੍ਰਦਰਸ਼ਨ ਕੀਤਾ। ਮੇਟੀਆਬੁਰਜ਼ ਦੇ ਵਿਧਾਇਕ ਅਬਦੁਲ ਖਾਲਿਕ ਮੁੱਲਾ, ਬਸੀਰਹਾਟ ਉੱਤਰ ਦੇ ਵਿਧਾਇਕ ਮੁਹੰਮਦ ਤੌਸੀਫ ਰਹਿਮਾਨ ਅਤੇ ਬਰੂਈਪੁਰ ਪੂਰਬ ਦੇ ਵਿਧਾਇਕ ਵਿਵਾਸ ਸਰਦਾਰ, ਜਿਨ੍ਹਾਂ ਨੇ ਆਪਣੇ ਆਪ ਨੂੰ ਪਹਿਲਾਂ ਬਾਗੀ ਰਿਤਾਬ੍ਰਤ ਦੀ ਅਗਵਾਈ ਵਾਲੇ ਬਲਾਕ ਨਾਲ ਜੋੜਿਆ ਸੀ, ਜਲੂਸ ਵਿੱਚ ਬਾਲੀਗੰਜ ਦੇ ਵਿਧਾਇਕ ਸੋਭਾਨਦੇਬ ਚੱਟੋਪਾਧਿਆਏ ਅਤੇ ਬੇਲੇਘਾਟਾ ਦੇ ਵਿਧਾਇਕ ਕੁਨਾਲ ਘੋਸ਼ ਵਰਗੀਆਂ ਹਸਤੀਆਂ ਨਾਲ ਸ਼ਾਮਲ ਹੋ ਕੇ ਆਪਣੇ-ਆਪ ਨੂੰ ਜਨਤਕ ਗੁੱਸੇ ਤੋਂ ਬਚਾਉਣ ਦੀ ਕੋਸ਼ਿਸ਼ ਕੀਤੀ। ਰਹਿਮਾਨ ਨੇ ਕਿਹਾ ਕਿ ਜਿੱਥੇ ਦੀਦੀ ਹੈ, ਉਹ ਵੀ ਉੱਥੇ ਹੈ। ਮਮਤਾ ਬੈਨਰਜੀ ਦੀ ਤਸਵੀਰ ਤੋਂ ਬਿਨਾਂ ਉਸ ਨੂੰ 500 ਵੋਟਾਂ ਵੀ ਨਹੀਂ ਮਿਲਣੀਆਂ ਸਨ। ਸਰਦਾਰ ਨੇ ਐਲਾਨ ਕੀਤਾ, "ਸਾਡੀ ਸਰਬਉੱਚ ਲੀਡਰ 'ਤੇ ਹਮਲਾ ਹੋਇਆ ਹੈ। ਅਸੀਂ ਇਸ ਦਾ ਜ਼ੋਰਦਾਰ ਵਿਰੋਧ ਕਰ ਰਹੇ ਹਾਂ। ਅਸੀਂ ਮਮਤਾ ਦੇ ਚੋਣ ਨਿਸ਼ਾਨ 'ਤੇ ਜਿੱਤੇ ਹਾਂ। ਸਾਰੇ 80 ਤ੍ਰਿਣਮੂਲ ਵਿਧਾਇਕਾਂ ਨੂੰ ਇਸ ਦਾ ਵਿਰੋਧ ਕਰਨਾ ਚਾਹੀਦਾ ਹੈ।" ਇਹ ਰੱਖਿਆਤਮਕ ਕੋਰੀਓਗ੍ਰਾਫੀ ਘੱਟਗਿਣਤੀ ਬਹੁਤਾਤ ਵਾਲੇ ਮੁਰਸ਼ਿਦਾਬਾਦ ਦੇ ਤਿੰਨ ਸੰਸਦ ਮੈਂਬਰਾਂ ਨੂੰ ਵੀ ਦਰਪੇਸ਼ ਇੱਕ ਗੰਭੀਰ ਸੰਕਟ ਨੂੰ ਦਰਸਾਉਂਦੀ ਹੈ। ਅਬੂ ਤਾਹਿਰ ਖਾਨ, ਖਲੀਲੁਰ ਰਹਿਮਾਨ ਅਤੇ ਯੂਸਫ ਪਠਾਨ ਆਪਣੀ ਸਿਆਸੀ ਜ਼ਮੀਨ ਬਚਾਉਣ ਲਈ ਜੱਦੋਜਹਿਦ ਕਰ ਰਹੇ ਹਨ। ਸਥਾਨਕ ਪ੍ਰਤੀਕਿਰਿਆ ਦੀ ਇੱਕ ਲਹਿਰ ਨੂੰ ਰੋਕਣ ਦੀ ਕੋਸ਼ਿਸ਼ ਵਿੱਚ ਇਨ੍ਹਾਂ ਤਿੰਨਾਂ ਨੇ ਵਿਵਾਦਪੂਰਨ ਬੰਗਾਲ ਐੱਸ ਆਈ ਆਰ ਅਤੇ ਮਸਜਿਦਾਂ ਤੋਂ ਮਾਈਕ੍ਰੋਫ਼ੋਨ ਹਟਾਉਣ ਦੇ ਆਲੇ-ਦੁਆਲੇ ਜਨਤਕ ਚਿੰਤਾ ਨੂੰ ਹਥਿਆਰ ਬਣਾਉਣ ਦੀ ਕੋਸ਼ਿਸ਼ ਕੀਤੀ ਤਾਂ ਜੋ ਆਪਣੇ-ਆਪ ਨੂੰ ਘੱਟਗਿਣਤੀ ਅਧਿਕਾਰਾਂ ਦੇ ਰਾਖਿਆਂ ਵਜੋਂ ਦੁਬਾਰਾ ਪੇਸ਼ ਕੀਤਾ ਜਾ ਸਕੇ। ਫਿਰ ਵੀ ਸਥਾਨਕ ਲੋਕਾਂ ਨੇ ਇਸ ਪਹੁੰਚ ਨੂੰ ਦਹਿਸ਼ਤ-ਸੰਚਾਲਤ ਬਚਾਅ ਰਣਨੀਤੀਆਂ ਵਜੋਂ ਖਾਰਜ ਕਰ ਦਿੱਤਾ। ਤ੍ਰਿਣਮੂਲ ਕਾਂਗਰਸ ਦੀ ਟਿਕਟ 'ਤੇ ਜਿੱਤ ਕੇ ਮਮਤਾ ਦਾ ਸਾਥ ਛੱਡਣ ਵਾਲਿਆਂ ਤੋਂ ਲੋਕ ਹਿਸਾਬ ਮੰਗਣ ਲੱਗ ਪਏ ਹਨ ਅਤੇ ਕੁਝ ਦਿਨਾਂ ਤੱਕ ਅਜਿਹੀਆਂ ਖਬਰਾਂ ਵੀ ਆ ਸਕਦੀਆਂ ਹਨ ਕਿ ਫਲਾਂ ਥਾਂ ਫਲਾਂ ਦਲਬਦਲੂ 'ਤੇ ਲੋਕਾਂ ਨੇ ਪੱਥਰ ਤੇ ਅੰਡੇ ਵਰ੍ਹਾਏ।

# ਲੋਕਤੰਤਰ ਦੀ ਬਿਹਤਰੀ ਲਈ ਬਦਲਾਅ ਜ਼ਰੂਰੀ



ਗੁਰਮੀਤ ਸਿੰਘ ਪਲਾਹੀ

ਲੋਕਤੰਤਰ ਅਸਲ ਮਾਇਨਿਆਂ ਵਿੱਚ ਸਿਰਫ਼ ਪੰਜ ਸਾਲਾਂ ਬਾਅਦ ਵੋਟ ਪਾਉਣ ਜਾਂ ਸਰਕਾਰਾਂ ਬਦਲਣ ਦਾ ਨਾਂਅ ਨਹੀਂ ਹੈ, ਸਗੋਂ ਇਹ ਨਾਗਰਿਕਾਂ ਦੀ ਆਜ਼ਾਦੀ, ਸਮਾਨਤਾ, ਇਨਸਾਫ਼ ਅਤੇ ਸ਼ਾਸਨ ਕੋਲੋਂ ਨਿਡਰ ਹੋ ਕੇ ਸਵਾਲ ਪੁੱਛਣ ਦੇ ਅਧਿਕਾਰ ਦਾ ਜਿਉਂਦਾ-ਜਾਗਦਾ ਢਾਂਚਾ ਹੈ।

ਇੱਕ ਤੰਦਰੁਸਤ ਲੋਕਤੰਤਰ ਉਹ ਹੁੰਦਾ ਹੈ, ਜਿੱਥੇ ਸਮਾਜ ਦੇ ਅਖ਼ੀਰਲੇ ਕੰਢੇ 'ਤੇ ਖੜ੍ਹੇ ਵਿਅਕਤੀ ਦੀ ਆਵਾਜ਼ ਵੀ ਦੇਸ਼ ਦੇ ਸਭ ਤੋਂ ਸ਼ਕਤੀਸ਼ਾਲੀ ਹਾਕਮ ਦੇ ਕੰਨਾਂ ਤੱਕ ਪਹੁੰਚੇ ਅਤੇ ਉਸ ਆਵਾਜ਼ ਦੀ ਸੁਣਵਾਈ ਹੋਵੇ। ਅੱਜ ਭਾਰਤ ਦੇਸ਼ ਵਿੱਚ ਲੋਕਤੰਤਰ ਦੀਆਂ ਜੜ੍ਹਾਂ ਏਨੀਆਂ ਕਮਜ਼ੋਰ ਹੁੰਦੀਆਂ ਜਾ ਰਹੀਆਂ ਹਨ ਕਿ ਲੋਕ ਅਤੇ ਰਾਜਨੇਤਾ ਦੋਵੇਂ ਹੀ ਲੋਕਤੰਤਰ ਦੀ ਸੀਮਾ ਨੂੰ ਸਿਰਫ਼ ਚੋਣਾਂ ਜਿੱਤਣ ਅਤੇ ਹਾਰਨ ਦੇ ਅੰਕੜਿਆਂ ਤੱਕ ਹੀ ਸੀਮਤ ਮੰਨ ਬੈਠੇ ਹਨ । ਨੇਤਾ ਲੋਕ ਵੋਟ ਬੈਂਕ ਬਣਾਉਣ ਲਈ ਧਰਮ, ਜਾਤ, ਇਲਾਕਾਪ੍ਰਸਤੀ ਅਤੇ ਝੂਠੇ ਵਾਅਦਿਆਂ ਸਮੇਤ ਹਰ ਸੰਭਵ ਹਥਿਆਰ ਦੀ ਵਰਤੋਂ ਕਰਦੇ ਹਨ।

ਸਵਾਲ ਉਠਦਾ ਹੈ ਕਿ ਕੀ ਇਹੋ ਅਸਲ ਲੋਕਤੰਤਰ ਹੈ ? ਕੀ ਅਜਿਹਾ ਲੋਕਤੰਤਰ ਦੇਸ਼ ਦੀ ਆਜ਼ਾਦੀ ਅਤੇ ਸੰਵਿਧਾਨ ਲਈ ਖ਼ਤਰਨਾਕ ਨਹੀਂ ? ਕੀ ਭਾਰਤੀ ਨਾਗਰਿਕ ਲੋਕਤੰਤਰ ਦੀ ਅਸਲੀ ਅਹਿਮੀਅਤ ਨੂੰ ਸਮਝ ਰਹੇ ਹਨ ? ਦੇਸ਼ ਵਿੱਚ ਲੋਕਤੰਤਰੀ ਢਾਂਚਾ ਅੱਜ ਗੰਭੀਰ ਖ਼ਤਰੇ ਵਿੱਚ ਹੈ, ਇਸ ਵਿੱਚ ਕੋਈ ਦੂਜੀ ਰਾਇ ਨਹੀਂ ।

ਨਰਿੰਦਰ ਮੋਦੀ ਦੇ ਸ਼ਾਸਨ ਕਾਲ ਵਿੱਚ ਦੇਸ਼ ਅੰਦਰ ਅਜਿਹਾ ਖੌਫ਼ਨਾਕ ਮਾਹੌਲ ਸਿਰਜ ਦਿੱਤਾ ਗਿਆ ਹੈ ਕਿ ਵੱਡੇ-ਵੱਡੇ ਪ੍ਰਸਿੱਧ ਪੱਤਰਕਾਰ, ਸੰਪਾਦਕ ਅਤੇ ਟੀ ਵੀ ਐਂਕਰ ਵੀ ਦੱਬੀ ਜ਼ਬਾਨ ਵਿੱਚ ਹੀ ਗੱਲ ਕਰਦੇ ਹਨ ਜਾਂ ਡਰ-ਡਰ ਕੇ ਲਿਖਦੇ ਹਨ। ਸੱਤਾਧਾਰੀ ਧਿਰ ਵੱਲੋਂ ਇੱਕ ਅਜਿਹਾ ਅੰਧ-ਭਗਤੀ ਦਾ ਮਾਹੌਲ ਤਿਆਰ ਕੀਤਾ ਗਿਆ ਹੈ, ਜਿੱਥੇ ਕੁਝ ਲੋਕ ਨਰਿੰਦਰ ਮੋਦੀ ਨੂੰ ਇਨਸਾਨ ਨਹੀਂ, ਸਗੋਂ ਭਗਵਾਨ ਦਾ ਦਰਜਾ ਦੇਣ ਲੱਗੇ ਹਨ। ਉਹ ਇਹ ਪ੍ਰਚਾਰਦੇ ਹਨ ਕਿ ਪ੍ਰਧਾਨ ਮੰਤਰੀ ਜਾਂ ਉਨ੍ਹਾਂ ਦੀਆਂ ਨੀਤੀਆਂ ਖ਼ਿਲਾਫ਼ ਕੁਝ ਵੀ ਬੋਲਣਾ ਦੇਸ਼-ਧ੍ਰੋਹ ਹੈ ਜਾਂ ਭਗਵਾਨ ਦਾ ਅਪਮਾਨ ਹੈ। ਲੋਕਤੰਤਰ ਵਿੱਚ ਆਲੋਚਨਾ ਨੂੰ ਸ਼ਾਸਨ ਦਾ ਸੁਧਾਰਕ ਮੰਨਿਆ ਜਾਂਦਾ ਹੈ, ਪਰ ਇੱਥੇ ਆਲੋਚਨਾ ਨੂੰ ਕੀ ਗੁਨਾਹ ਨਹੀਂ ਬਣਾ ਦਿੱਤਾ ਗਿਆ ?

ਲੋਕਤੰਤਰ ਦੇ ਨਾਂਅ 'ਤੇ ਮੋਦੀ ਸਰਕਾਰ ਵੱਲੋਂ ਦੇਸ਼ ਦੀਆਂ ਖੁਦਮੁਖਤਾਰ ਅਤੇ ਸੰਵਿਧਾਨਕ ਸੰਸਥਾਵਾਂ ਦਾ ਜਿਸ ਬੇਰਹਿਮੀ ਨਾਲ ਘਾਣ ਕੀਤਾ ਗਿਆ ਹੈ। ਚੋਣ ਕਮਿਸ਼ਨ, ਜਿਸ ਦਾ ਕੰਮ ਨਿਰਪੱਖ ਅਤੇ ਆਜ਼ਾਦਾਨਾ ਚੋਣਾਂ ਕਰਵਾਉਣਾ ਸੀ, ਉਸ ਦੀ ਸੁਤੰਤਰਤਾ 'ਤੇ ਗੰਭੀਰ ਸਵਾਲ ਖੜ੍ਹੇ ਹੋਏ ਹਨ । ਕੇਂਦਰੀ ਤਫ਼ਤੀਸ਼ੀ ਏਜੰਸੀਆਂ, ਜਿਵੇਂ ਈ ਡੀ, ਸੀ ਬੀ ਆਈ ਅਤੇ ਇਨਕਮ ਟੈਕਸ ਵਿਭਾਗ ਨੂੰ ਵਿਰੋਧੀ ਧਿਰਾਂ ਦੇ ਨੇਤਾਵਾਂ ਦੀਆਂ ਆਵਾਜ਼ਾਂ ਦੱਬਣ ਅਤੇ ਉਨ੍ਹਾਂ ਨੂੰ ਡਰਾਉਣ ਅਤੇ ਪਾਰਟੀਆਂ ਤੋੜਨ ਲਈ ਕੀ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ ?

ਪ੍ਰੈੱਸ ਦੀ ਆਜ਼ਾਦੀ ਦਾ ਗਲਾ ਘੋਟ ਕੇ 'ਗੋਦੀ ਮੀਡੀਆ' ਨੂੰ ਝੂਠ ਅਤੇ ਨਫ਼ਰਤ ਫੈਲਾਉਣ ਦੀ ਖੁੱਲ੍ਹ ਦਿੱਤੀ ਗਈ ਹੈ। ਪ੍ਰਭੂਸੱਤਾ ਸੰਪੰਨ ਸੰਸਥਾਵਾਂ ਦੀ ਨਿਰਪੱਖਤਾ ਨੂੰ ਭੰਗ ਕਰਕੇ ਸ਼ਾਸਕ ਦਾ ਅਕਸ ਇੱਕ 'ਅਜੇਤੂ ਡਿਕਟੇਟਰ' ਵਰਗਾ ਬਣਾਇਆ ਗਿਆ ਹੈ।

ਭਾਰਤ ਵਿੱਚ ਲੋਕਤੰਤਰ ਦੀ ਬੁਨਿਆਦ ਰੱਖਣ ਅਤੇ ਲੋਕਾਂ ਨੂੰ ਸੰਗਠਿਤ ਕਰਨ ਵਿੱਚ ਕਾਂਗਰਸ ਪਾਰਟੀ ਦਾ ਇਤਿਹਾਸਕ ਰੋਲ ਰਿਹਾ ਹੈ। ਕਾਂਗਰਸ ਨੇ ਦੇਸ਼ ਦੀ ਆਜ਼ਾਦੀ ਦੇ ਸੰਗਰਾਮ ਦੌਰਾਨ ਦੇਸ਼ ਦੇ ਕੋਨੇ-ਕੋਨੇ ਤੋਂ ਲੱਖਾਂ ਲੋਕਾਂ, ਕਿਸਾਨਾਂ, ਮਜ਼ਦੂਰਾਂ ਅਤੇ ਨੌਜਵਾਨਾਂ ਨੂੰ ਇੱਕ ਛਤਰੀ ਹੇਠ ਇਕੱਠਾ ਕੀਤਾ। ਆਜ਼ਾਦੀ ਤੋਂ ਬਾਅਦ ਜਵਾਹਰ ਲਾਲ ਨਹਿਰੂ ਅਤੇ ਹੋਰ ਮੋਹਰੀ ਆਗੂਆਂ ਨੇ ਨੌਜਵਾਨਾਂ ਨੂੰ ਦੇਸ਼ ਨਿਰਮਾਣ ਵਿੱਚ ਜੋੜਨ ਲਈ ਅਕਾਦਮਿਕ, ਵਿਗਿਆਨਕ ਅਤੇ ਸਮਾਜਿਕ ਮੰਚ ਪ੍ਰਦਾਨ ਕੀਤੇ। ਚੋਣਾਂ ਰਾਹੀਂ ਸਰਕਾਰਾਂ ਬਣਾ ਕੇ ਕਾਂਗਰਸ ਨੇ ਭਾਰਤੀ ਲੋਕਤੰਤਰ ਦੇ ਮਜ਼ਬੂਤ ਸਤੰਭ ਖੜ੍ਹੇ ਕੀਤੇ- ਜਿਵੇਂ ਸੰਵਿਧਾਨਕ ਸ਼ਾਸਨ, ਧਰਮ-ਨਿਰਪੱਖਤਾ, ਸਮਾਜਿਕ ਰਾਖਵਾਂਕਰਨ, ਭਾਸ਼ਾ ਆਧਾਰਤ ਸੂਬਿਆਂ ਦੀ ਰਚਨਾ, ਸੁਤੰਤਰ ਕੇਂਦਰੀ ਬੈਂਕ ਅਤੇ ਭੂਮੀ ਸੁਧਾਰ।

ਗਲਤੀਆਂ ਕਾਂਗਰਸੀ ਨੇਤਾਵਾਂ ਤੋਂ ਵੀ ਹੋਈਆਂ। 1975 ਵਿੱਚ ਇੰਦਰਾ ਗਾਂਧੀ ਵੱਲੋਂ ਲਗਾਈ ਗਈ ਐਮਰਜੈਂਸੀ ਲੋਕਤੰਤਰ 'ਤੇ ਇੱਕ ਵੱਡਾ ਦਾਗ ਸੀ, ਪਰ ਉਸ ਵੇਲੇ ਵੀ ਜੈਪ੍ਰਕਾਸ਼ ਨਾਰਾਇਣ ਦੀ ਅਗਵਾਈ ਹੇਠ ਦੇਸ਼ ਦਾ ਨੌਜਵਾਨ ਸੰਗਠਿਤ ਹੋਇਆ, ਵਿਸ਼ਾਲ ਜਨ-ਅੰਦੋਲਨ ਛਿੜਿਆ, ਕੇਂਦਰ ਸਰਕਾਰ ਬਦਲੀ ਅਤੇ ਲੋਕਤੰਤਰ ਦੀ ਮੁੜ ਬਹਾਲੀ ਲਈ ਸੰਵਿਧਾਨਕ ਸੁਰੱਖਿਆ ਢਾਂਚਾ ਲਾਗੂ ਕੀਤਾ ਗਿਆ। ਇਹ ਸਭ ਬਦਲਾਅ ਰਾਜਨੀਤਕ ਧਿਰਾਂ ਦੀਆਂ ਕੋਸ਼ਿਸ਼ਾਂ, ਨੌਜਵਾਨਾਂ ਦੀ ਜਾਗਰੂਕਤਾ ਅਤੇ ਸੰਵਿਧਾਨਕ ਸੰਘਰਸ਼ਾਂ ਰਾਹੀਂ ਹੀ ਸੰਭਵ ਹੋਏ ਸਨ।

ਅੱਜ ਦੇ ਦੌਰ ਵਿੱਚ ਜਦੋਂ ਰਵਾਇਤੀ ਰਾਜਨੀਤਕ ਪਾਰਟੀਆਂ ਸੱਤਾਧਾਰੀ ਧਿਰ ਦੀਆਂ ਧੱਕੇਸ਼ਾਹੀਆਂ ਅੱਗੇ ਬੇਵੱਸ ਨਜ਼ਰ ਆ ਰਹੀਆਂ ਸਨ। ਪਿਛਲੇ ਦਿਨੀਂ ਜੰਤਰ-ਮੰਤਰ 'ਤੇ ਜਾਗਰੂਕ ਨੌਜਵਾਨਾਂ ਨੇ ਇਕੱਠੇ ਹੋ ਕੇ ਲੋਕਤੰਤਰ ਦਾ ਅਸਲੀ ਮਤਲਬ ਪੂਰੇ ਦੇਸ਼ ਨੂੰ ਸਮਝਾ ਦਿੱਤਾ । ਉਨ੍ਹਾਂ ਸਾਬਤ ਕਰ ਦਿੱਤਾ ਕਿ ਜੇਕਰ ਲੋਕ ਇੱਕਜੁੱਟ ਹੋ ਜਾਣ ਤਾਂ ਹੰਕਾਰੀ ਸੱਤਾ ਨੂੰ ਹਿਲਾਇਆ ਜਾ ਸਕਦਾ ਹੈ ਅਤੇ ਸ਼ਾਸਕ ਨੂੰ ਗੋਡਿਆਂ ਭਾਰ ਕੀਤਾ ਜਾ ਸਕਦਾ ਹੈ। ਆਪ-ਮੁਹਾਰੀਆਂ ਤਾਕਤਾਂ ਹਾਸਲ ਕਰੀ ਬੈਠੇ ਡਿਕਟੇਟਰ ਸੋਚ ਵਾਲੇ ਸ਼ਾਸਕ ਨੂੰ, ਜੋ ਵਿਰੋਧੀਆਂ ਨੂੰ ਬੌਣੇ ਸਮਝਦਾ ਹੈ, ਸਬਕ ਸਿਖਾਇਆ ਜਾ ਸਕਦਾ ਹੈ। ਨੌਜਵਾਨਾਂ ਨੇ ਪੇਪਰ ਲੀਕੇਜ ਵਰਗੇ ਗੰਭੀਰ ਮੁੱਦਿਆਂ 'ਤੇ ਡਟ ਕੇ ਪ੍ਰਦਰਸ਼ਨ ਕੀਤਾ, ਮੰਤਰੀਆਂ ਦੇ ਅਸਤੀਫ਼ੇ ਦੀ ਮੰਗ ਕੀਤੀ ਅਤੇ ਸਰਕਾਰੀ ਤਸ਼ੱਦਦ ਸਹਿ ਕੇ ਵੀ ਸ਼ਾਂਤਮਈ ਸੰਘਰਸ਼ ਜਿੱਤਿਆ। ਇਸ ਅੰਦੋਲਨ ਨੇ ਮੋਦੀ ਦੇ ਵਿਰੋਧੀਆਂ ਦੇ ਮਨਾਂ ਵਿੱਚੋਂ ਡਰ ਦਾ ਮਾਹੌਲ ਖ਼ਤਮ ਕਰ ਦਿੱਤਾ।

ਇੱਕ ਵੱਡੀ ਮਿਸਾਲ ਤਾਮਿਲਨਾਡੂ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਦੇਖਣ ਨੂੰ ਮਿਲੀ, ਜਿੱਥੇ ਨਵੀਂ ਸਥਾਪਤ ਤਮਿਲਗਾ ਵੈਟਰੀ ਕੜਗਮ (ਟੀ ਵੀ ਕੇ) ਵਰਗੀ ਪਾਰਟੀ ਨੇ ਇਤਿਹਾਸ ਰਚ ਦਿੱਤਾ। ਇਸ ਪਾਰਟੀ ਕੋਲ ਨਾ ਕੋਈ ਦਹਾਕਿਆਂ ਪੁਰਾਣਾ ਸੰਗਠਨ ਸੀ, ਨਾ ਵੱਡਾ ਕਾਡਰ, ਨਾ ਮੈਂਬਰਸ਼ਿਪ ਦੀਆਂ ਲੰਮੀਆਂ ਕਤਾਰਾਂ, ਪਰ ਫਿਰ ਵੀ ਲੋਕਾਂ ਦੇ ਵਿਸ਼ਵਾਸ ਨਾਲ ਇਸ ਨੇ ਲਗਭਗ 35 ਫ਼ੀਸਦੀ (34.92 ਫੀਸਦੀ) ਵੋਟਾਂ ਹਾਸਲ ਕਰਕੇ ਰਾਜਨੀਤਕ ਸਮੀਕਰਨ ਬਦਲ ਦਿੱਤੇ। ਕੀ ਇਹ ਘਟਨਾਕ੍ਰਮ ਇਹ ਨਹੀਂ ਦਰਸਾਉਂਦਾ ਕਿ ਲੋਕਤੰਤਰ ਵਿੱਚ ਸ਼ਕਤੀ ਦਾ ਅਸਲ ਸਰੋਤ ਜਨਤਾ ਹੈ, ਕੋਈ ਖਾਸ ਰਾਜਨੀਤਕ ਘਰਾਣਾ ਜਾਂ ਪਾਰਟੀ ਢਾਂਚਾ ਨਹੀਂ ?

ਅੱਜ ਦੇ ਨੌਜਵਾਨਾਂ ਨੇ ਆਪਣੇ ਸੰਘਰਸ਼ ਲਈ ਸੋਸ਼ਲ ਮੀਡੀਆ-ਜਿਵੇਂ ਇੰਸਟਾਗ੍ਰਾਮ, ਯੂਟਿਊਬ ਅਤੇ ਐਕਸ (ਟਵਿੱਟਰ) ਨੂੰ ਇੱਕ ਸ਼ਕਤੀਸ਼ਾਲੀ ਹਥਿਆਰ ਬਣਾਇਆ ਹੈ। ਜਿੱਥੇ ਗੋਦੀ ਮੀਡੀਆ ਲੋਕਾਂ ਦੀਆਂ ਸਮੱਸਿਆਵਾਂ ਦਿਖਾਉਣ ਤੋਂ ਇਨਕਾਰੀ ਹੈ, ਉੱਥੇ ਨੌਜਵਾਨਾਂ ਨੇ ਆਪਣੀ ਆਵਾਜ਼ ਹਰ ਘਰ ਤੱਕ ਪਹੁੰਚਾਈ । ਉਨ੍ਹਾਂ ਜਾਤ, ਧਰਮ, ਲਿੰਗ, ਵਿਰਾਸਤ ਅਤੇ ਧਨ-ਦੌਲਤ ਦੇ ਭੇਦਭਾਵ ਨੂੰ ਨਜ਼ਰਅੰਦਾਜ਼ ਕਰਕੇ ਇੱਕ ਅਜਿਹਾ ਸਾਂਝਾ ਮੰਚ ਤਿਆਰ ਕੀਤਾ, ਜਿਸ ਦੀ ਆਵਾਜ਼ ਲੋਕਾਂ ਦੇ ਦਿਲਾਂ ਤੱਕ ਪਹੁੰਚੀ।

ਹਾਲਾਂਕਿ, ਸੱਤਾਧਾਰੀ ਧਿਰ ਅਤੇ ਮੋਦੀ ਭਗਤ ਅਜਿਹੇ ਲੋਕਤੰਤਰੀ ਪ੍ਰਦਰਸ਼ਨਾਂ ਨੂੰ 'ਅਲੋਕਤੰਤਰਕ' ਜਾਂ ਦੇਸ਼ ਨੂੰ ਅਸਥਿਰ ਕਰਨ ਦੀ ਸਾਜ਼ਿਸ਼ ਆਖਦੇ ਹਨ। ਉਹ ਦਾਅਵਾ ਕਰਦੇ ਹਨ ਕਿ ਭਾਰਤ ਵਿੱਚ ਏਨੀ ਆਜ਼ਾਦੀ ਹੈ ਕਿ ਪ੍ਰਧਾਨ ਮੰਤਰੀ ਖ਼ਿਲਾਫ਼ ਬੋਲਣ 'ਤੇ ਵੀ ਕੋਈ ਕਾਰਵਾਈ ਨਹੀਂ ਹੁੰਦੀ ਅਤੇ ਪੁੱਛਦੇ ਹਨ ਕਿ ਕੀ ਅਜਿਹੀ ਆਜ਼ਾਦੀ ਚੀਨ, ਰੂਸ ਜਾਂ ਉੱਤਰੀ ਕੋਰੀਆ ਵਿੱਚ ਮਿਲ ਸਕਦੀ ਹੈ ?

ਇਹ ਅਟੱਲ ਸੱਚਾਈ ਹੈ ਕਿ ਜਦੋਂ ਨਾਗਰਿਕ ਬਦਲਾਅ ਲਿਆਉਣ ਦਾ ਮਨ ਬਣਾ ਲੈਂਦੇ ਹਨ, ਤਾਂ ਕੋਈ ਵੀ ਤਾਨਾਸ਼ਾਹੀ ਤਾਕਤ ਉਨ੍ਹਾਂ ਨੂੰ ਰੋਕ ਨਹੀਂ ਸਕਦੀ। ਜਿਹੜੇ ਲੋਕ ਇੱਕ-ਦੂਜੇ ਨੂੰ ਪਹਿਲਾਂ ਜਾਣਦੇ ਵੀ ਨਹੀਂ ਸਨ, ਜਿਨ੍ਹਾਂ ਦਾ ਆਪਸ ਵਿੱਚ ਕੋਈ ਨਿੱਜੀ ਸੰਬੰਧ ਨਹੀਂ ਸੀ, ਜੇਕਰ ਉਨ੍ਹਾਂ ਦੀ ਸੋਚ ਦੇਸ਼ ਨੂੰ ਬਚਾਉਣ ਲਈ ਇੱਕ ਹੋ ਜਾਵੇ ਤਾਂ ਉਹ ਚੋਣਾਂ ਰਾਹੀਂ ਅਤੇ ਸ਼ਾਂਤਮਈ ਸੰਘਰਸ਼ਾਂ ਰਾਹੀਂ ਵੱਡੀਆਂ-ਵੱਡੀਆਂ ਸੱਤਾਵਾਂ ਨੂੰ ਬਦਲ ਸਕਦੇ ਹਨ।

ਜਦੋਂ ਅਦਾਲਤਾਂ ਸਮੇਂ ਸਿਰ ਇਨਸਾਫ਼ ਨਾ ਕਰ ਸਕਣ, ਜਦੋਂ ਵਿਧਾਨ ਸਭਾਵਾਂ ਅਤੇ ਲੋਕ ਸਭਾ ਦੇ ਚੁਣੇ ਹੋਏ ਨੁਮਾਇੰਦੇ ਲੋਕਾਂ ਦੇ ਦੁੱਖ-ਦਰਦ ਤੋਂ ਦੂਰ ਹੋ ਕੇ ਸੱਤਾ ਦੇ ਨਸ਼ੇ ਵਿੱਚ ਗੂੜ੍ਹੀ ਨੀਂਦ ਸੌਂ ਜਾਣ, ਉਦੋਂ ਕੀ ਸੜਕਾਂ 'ਤੇ ਉੱਤਰ ਕੇ ਕੀਤਾ ਗਿਆ ਜਨ-ਸੰਘਰਸ਼ ਹੀ ਲੋਕਤੰਤਰ ਨੂੰ ਬਚਾਉਣ ਦਾ ਅਸਲ ਅਤੇ ਸੰਵਿਧਾਨਕ ਰਾਹ ਨਹੀਂ ਹੁੰਦਾ ?

ਦੇਸ਼ ਵਿੱਚ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਯੂਨੀਵਰਸਿਟੀਆਂ ਅਤੇ ਉੱਚ ਸਿੱਖਿਆ ਸੰਸਥਾਵਾਂ ਵਿੱਚੋਂ ਅੰਧ-ਵਿਸ਼ਵਾਸ, ਫ਼ਿਰਕੇਦਾਰੀ ਅਤੇ ਮੱਧਵਰਗੀ ਜਮੂਦ (ਅੰਧ-ਸਵੀਕਾਰਤਾ) ਨੂੰ ਖ਼ਤਮ ਕਰਨਾ ਪਵੇਗਾ। ਵਿਦਿਆਰਥੀਆਂ ਨੂੰ ਮੁਕਤ ਸੋਚ ਦਾ ਮਾਹੌਲ ਦੇਣਾ ਹੋਵੇਗਾ। ਇਸ ਦੇ ਨਾਲ ਹੀ, ਗੈਰ-ਕਾਨੂੰਨੀ 'ਨੈਤਿਕ ਪੁਲਿਸਿੰਗ' ਕਰਨ ਵਾਲੇ ਅਨਸਰਾਂ, ਪੁਲਸ ਦੀ ਧੱਕੇਸ਼ਾਹੀ ਅਤੇ ਬਜਰੰਗ ਦਲ ਵਰਗੀਆਂ ਕੱਟੜਪੰਥੀ ਸੰਸਥਾਵਾਂ ਦੀ ਗੈਰ-ਸੰਵਿਧਾਨਕ ਗੁੰਡਾਗਰਦੀ ਨਾਲ ਕਾਨੂੰਨੀ ਅਤੇ ਲੋਕਤੰਤਰੀ ਢੰਗ ਨਾਲ ਨਜਿੱਠਣਾ ਪਵੇਗਾ।

ਲੋਕਤੰਤਰ ਦੀ ਲੜਾਈ ਸਿਰਫ਼ ਵੱਡੇ ਰਾਜਨੀਤਕ ਮੰਚਾਂ ਤੱਕ ਸੀਮਤ ਨਹੀਂ ਹੋਣੀ ਚਾਹੀਦੀ। ਸਥਾਨਕ ਪੱਧਰ 'ਤੇ ਸਰਕਾਰੀ ਹਸਪਤਾਲਾਂ, ਰਾਸ਼ਨ ਦੀਆਂ ਦੁਕਾਨਾਂ, ਸਰਕਾਰੀ ਦਫ਼ਤਰਾਂ ਵਿੱਚ ਫੈਲੇ ਦਮਨਕਾਰੀ ਭ੍ਰਿਸ਼ਟਾਚਾਰ ਦਾ ਖ਼ਾਤਮਾ ਕਰਨਾ ਅਤੇ ਦੇਸ਼ ਦੇ ਲੱਖਾਂ ਪੜ੍ਹੇ-ਲਿਖੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੁਹੱਈਆ ਸਾਧਨ ਬਣਾਉਣਾ ਹੀ ਲੋਕਤੰਤਰ ਦਾ ਅਸਲ ਮੁੱਦਾ ਹੈ।

ਲੋਕਤੰਤਰ ਦੀ ਬਿਹਤਰੀ ਲਈ ਹਰ ਨਾਗਰਿਕ ਦਾ ਜਾਗਰੂਕ ਹੋਣਾ, ਸਵਾਲ ਪੁੱਛਣਾ ਅਤੇ ਬਦਲਾਅ ਲਈ ਡਟਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

**# ਸੰਪਰਕ : 98158-02070**

# ਸੋਸ਼ਲ ਮੀਡੀਆ ਬਨਾਮ ਬੱਚੇ



ਨਰਿੰਦਰ ਸਿੰਘ

ਅਜੋਕੇ ਸਮੇਂ ਬੱਚਿਆਂ ਵਿੱਚ ਸੋਸ਼ਲ ਮੀਡੀਆ ਦੀ ਲਤ ਲਗਾਤਾਰ ਵਧ ਰਹੀ ਹੈ । ਇਹ ਇਕੱਲੀ ਭਾਰਤ ਦੀ ਸਮੱਸਿਆ ਹੀ ਨਹੀਂ, ਸਗੋਂ ਦੁਨੀਆਂ ਭਰ ਵਿੱਚ ਬੱਚਿਆਂ ਨੂੰ ਸੋਸ਼ਲ ਮੀਡੀਆ ਨੇ ਬੁਰੀ ਤਰ੍ਹਾਂ ਜਕੜਿਆ ਹੋਇਆ ਹੈ । ਤਾਜ਼ਾ ਅੰਕੜਿਆਂ ਅਨੁਸਾਰ ਪੰਜ ਤੋਂ ਸੋਲਾਂ ਸਾਲ ਦੀ ਉਮਰ ਵਰਗ ਦੇ 60 ਪ੍ਰਤੀਸ਼ਤ ਤੋਂ ਵਧੇਰੇ ਬੱਚਿਆਂ ਨੂੰ ਸਮਾਰਟ ਫੋਨ ਦੀ ਲਤ ਲੱਗ ਚੁੱਕੀ ਹੈ । 11 ਤੋਂ 14 ਸਾਲ ਦੀ ਉਮਰ ਦੇ 91 ਫ਼ੀਸਦੀ ਬੱਚਿਆਂ ਕੋਲ ਫੋਨ ਅਤੇ ਇੰਟਰਨੈੱਟ ਦੀ ਸਹੂਲਤ ਹੈ । ਇਸ ਉਮਰ ਵਰਗ ਦੇ ਬੱਚੇ ਰੋਜ਼ਾਨਾ 4 ਤੋਂ 6 ਘੰਟੇ ਸਮਾਰਟ ਫੋਨ ਦੀ ਵਰਤੋਂ ਕਰਦੇ ਹਨ ।

ਭਾਰਤ ਵਿੱਚ 64 ਫ਼ੀਸਦੀ ਬੱਚਿਆਂ ਨੂੰ ਸਮਾਰਟ ਫੋਨ ਦੀ ਲਤ ਲੱਗ ਚੁੱਕੀ ਹੈ । ਇਹ ਬੱਚੇ ਔਸਤਨ ਚਾਰ-ਪੰਜ ਘੰਟੇ ਫੋਨ 'ਤੇ ਰੁਝੇ ਰਹਿੰਦੇ ਹਨ । ਬਹੁਤੇ ਮੁਲਕਾਂ ਵਿੱਚ ਇਹ ਫ਼ੀਸਦੀ ਭਾਰਤ ਨਾਲੋਂ ਕਾਫੀ ਘੱਟ ਹੈ । ਉਪਰੋਕਤ ਵਰਗ ਦੇ ਬੱਚਿਆਂ ਵਿਚੋਂ ਵਧੇਰੇ ਬੱਚੇ ਸਮਾਰਟ ਫੋਨ 'ਤੇ ਗੇਮਾਂ ਖੇਡਣ ਨੂੰ ਤਰਜੀਹ ਦਿੰਦੇ ਹਨ । ਇਸ ਨਾਲ ਅਨੇਕ ਤਰ੍ਹਾਂ ਦੀਆਂ ਮਾਨਸਿਕ ਸਮੱਸਿਆਵਾਂ ਪੈਦਾ ਹੋਣ ਦੀ ਸੰਭਾਵਨਾ ਰਹਿੰਦੀ ਹੈ । ਮਾਹਰ ਮੰਨਦੇ ਹਨ ਕਿ ਤੇਰਾਂ ਸਾਲ ਦੀ ਉਮਰ ਤੋਂ ਪਹਿਲਾਂ ਸਮਾਰਟ ਫੋਨ ਦੀ ਵਰਤੋਂ ਵਧੇਰੇ ਨੁਕਸਾਨਦਾਇਕ ਹੈ। ਸਮਾਰਟ ਫੋਨ ਦੀ ਜ਼ਿਆਦਾ ਵਰਤੋਂ ਕਰਨ ਵਾਲੇ ਬੱਚੇ ਚਿੰਤਾ, ਡਰ ਅਤੇ ਉਦਾਸੀ ਦਾ ਸ਼ਿਕਾਰ ਹੁੰਦੇ ਹਨ ।

ਬੱਚੇ ਜ਼ਿਆਦਾ ਸਮਾਂ ਮੋਬਾਇਲ ਨਾਲ ਬਿਤਾ ਰਹੇ ਹਨ । ਉੱਥੇ ਉਹ ਕੀ ਦੇਖ ਰਹੇ ਹਨ ਤੇ ਉਨ੍ਹਾਂ ਦੇ ਦਿਮਾਗ 'ਤੇ ਕੀ ਅਸਰ ਪੈ ਰਿਹਾ ਹੈ । ਇਸ ਦਾ ਵਿਸ਼ਲੇਸ਼ਣ ਕਰਨ ਦੀ ਲੋੜ ਹੈ । ਕਰੀਬ 40 ਫ਼ੀਸਦੀ ਬੱਚੇ ਵੱਖ-ਵੱਖ ਤਰ੍ਹਾਂ ਦੀਆਂ ਸਰੀਰਕ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ । 62 ਫ਼ੀਸਦੀ ਬੱਚਿਆਂ ਨੂੰ ਗੂੜ੍ਹੀ ਨੀਂਦ ਲੈਣ ਵਿੱਚ ਦਿੱਕਤ ਆਉਣ ਲੱਗਦੀ ਹੈ । 40 ਫ਼ੀਸਦੀ ਬੱਚੇ ਅੱਖਾਂ ਦੀਆਂ ਬਿਮਾਰੀਆਂ ਵਿੱਚ ਘਿਰ ਜਾਂਦੇ ਹਨ ਅਤੇ ਏਨੇ ਹੀ ਗਰਦਨ ਅਤੇ ਮੋਢਿਆਂ ਦੇ ਦਰਦ ਕਾਰਨ ਪ੍ਰੇਸ਼ਾਨ ਰਹਿੰਦੇ ਹਨ ।67 ਫ਼ੀਸਦੀ ਅਧਿਆਪਕਾਂ ਦਾ ਮੰਨਣਾ ਹੈ ਕਿ ਸਮਾਰਟ ਫੋਨ ਦੀ ਵਜ੍ਹਾ ਕਰਕੇ ਵਧੇਰੇ ਬੱਚਿਆਂ ਦੀ ਕਲਾਸ ਰੂਮ ਅਤੇ ਇਮਤਿਹਾਨਾਂ ਵਿੱਚ ਕਾਰਗੁਜਾਰੀ ਪ੍ਰਭਾਵਤ ਹੋ ਰਹੀ ਹੈ ।

ਭਾਰਤ ਵਿੱਚ ਸੋਸ਼ਲ ਮੀਡੀਆ ਦੀ ਵਰਤੋਂ ਅੰਨ੍ਹੇਵਾਹ ਹੋ ਰਹੀ ਹੈ, ਇੱਥੋਂ ਤੱਕ ਕਿ ਬੱਚਿਆਂ ਤੋਂ ਇਲਾਵਾ ਜਵਾਨ ਤੇ ਬਜ਼ੁਰਗ ਵੀ ਸੋਸ਼ਲ ਮੀਡੀਆ ਐਪਸ ਦੀ ਵਰਤੋਂ ਧੜੱਲੇ ਨਾਲ ਕਰ ਰਹੇ ਹਨ । ਭਾਰਤ ਵਿੱਚ ਪੰਜ ਸੌ ਮਿਲੀਅਨ ਤੋਂ ਵੱਧ ਸੋਸ਼ਲ ਮੀਡੀਆ ਖਾਤੇ ਹਨ । ਯੂਟਿਊਬ, ਇੰਸਟਾਗ੍ਰਾਮ , ਫੇਸਬੁਕ, ਸਨੈਪਚੈਟ ਤੇ ਸ਼ੇਅਰਚੈਟ ਐਪਸ ਦੀ ਵਰਤੋਂ ਮਨੋਰੰਜਨ ਲਈ ਕੀਤੀ ਜਾਂਦੀ ਹੈ । ਬੱਚੇ ਜ਼ਿਆਦਾ ਸਮਾਂ ਮੋਬਾਈਲ ਨਾਲ ਬਿਤਾ ਰਹੇ ਹਨ, ਜਿਸ ਦਾ ਉਨ੍ਹਾਂ ਦੇ ਮਾਨਸਿਕ ਵਿਕਾਸ 'ਤੇ ਮਾੜਾ ਪ੍ਰਭਾਵ ਪੈਂਦਾ ਹੈ । ਹਾਲਾਂਕਿ ਆਸਟ੍ਰੇਲੀਆ ਦੁਨੀਆ ਦਾ ਪਹਿਲਾ ਮੁਲਕ ਹੈ, ਜਿਸ ਨੇ ਸੋਲਾਂ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਿੱਚ ਸੋਸ਼ਲ ਮੀਡੀਆ ਦੀ ਵਰਤੋਂ 'ਤੇ ਮੁਕੰਮਲ ਪਾਬੰਦੀ ਲਗਾਈ ਹੈ ।

ਆਸਟ੍ਰੇਲੀਆ ਨੇ ਨਾਬਾਲਗ ਬੱਚਿਆਂ ਦੇ ਸੰਤਾਲੀ ਲੱਖ ਤੋਂ ਵੱਧ ਸੋਸ਼ਲ ਮੀਡੀਆ ਖਾਤੇ ਬੰਦ ਕਰ ਦਿੱਤੇ ਹਨ । ਹੁਣ ਡੈਨਮਾਰਕ ਵੀ 15 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੇ ਸੋਸ਼ਲ ਮੀਡੀਆ ਖਾਤਿਆਂ 'ਤੇ ਪਾਬੰਦੀ ਲਗਾਉਣ ਦੀ ਤਿਆਰੀ ਵਿੱਚ ਹੈ । ਨਾਰਵੇ ਨੇ ਵੀ ਅਜਿਹੀ ਤਿਆਰੀ ਖਿੱਚੀ ਹੈ। ਫਰਾਂਸ ਦੀ ਸੰਸਦ ਵੱਲੋਂ ਵੀ 15 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੇ ਸੋਸ਼ਲ ਮੀਡੀਆ ਖਾਤੇ ਬੰਦ ਕਰਨ ਦੀ ਸਿਫ਼ਾਰਿਸ਼ ਕੀਤੀ ਗਈ ਹੈ । ਸਪੇਨ ਦੀ ਸਰਕਾਰ ਨੇ ਵੀ ਇਕ ਖਰੜਾ ਤਿਆਰ ਕੀਤਾ ਹੈ, ਜਿਸ ਮੁਤਾਬਕ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੇ ਖਾਤਿਆ ਦਾ ਧਿਆਨ ਰੱਖਿਆ ਜਾਵੇਗਾ ।

ਯੂ ਕੇ ਨੇ ਵੀ ਸੋਸ਼ਲ ਮੀਡੀਆ ਕੰਪਨੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਜੇ ਇੰਟਰਨੈੱਟ ਮੀਡੀਆ ਬੱਚਿਆਂ ਦਾ ਨੁਕਸਾਨ ਕਰਦਾ ਹੈ ਤਾਂ ਉਨ੍ਹਾਂ ਨੂੰ ਜੇਲ੍ਹ ਜਾਣਾ ਪੈ ਸਕਦਾ ਹੈ । ਅਮਰੀਕਾ ਦੇ ਇਕ ਸੂਬੇ ਨੇ ਵੀ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੇ ਖਾਤਿਆਂ 'ਤੇ ਪਾਬੰਦੀ ਲਾਈ ਹੈ । ਭਾਰਤ ਸਰਕਾਰ ਨੂੰ ਵੀ ਆਸਟ੍ਰੇਲੀਆ ਤੋਂ ਸੇਧ ਲੈ ਕੇ ਬੱਚਿਆ ਦੇ ਮਾਨਸਿਕ ਵਿਕਾਸ ਲਈ ਫੌਰੀ ਕਦਮ ਚੁੱਕਣ ਦੀ ਜ਼ਰੂਰਤ ਹੈ । ਮਾਨਸਿਕ ਸਿਹਤ ਇਕ ਵਿਅਕਤੀ ਦੀ ਭਾਵਨਾਤਮਕ, ਮਨੋਵਿਗਿਆਨਕ ਅਤੇ ਸਮਾਜਿਕ ਤੰਦਰੁਸਤੀ ਨੂੰ ਦਰਸਾਉਂਦੀ ਹੈ । ਚੰਗੀ ਮਾਨਸਿਕ ਸਿਹਤ ਤਣਾਅ ਨੂੰ ਸੰਭਾਲਣ, ਫੈਸਲੇ ਲੈਣ ਅਤੇ ਜ਼ਿੰਦਗੀ ਦਾ ਆਨੰਦ ਲੈਣ ਵਿੱਚ ਮਦਦ ਕਰਦੀ ਹੈ । ਇਸ ਉੱਤੇ ਉਚਿਤ ਧਿਆਨ ਦੇ ਕੇ ਵਿਦਿਆਰਥੀਆਂ ਨੂੰ ਮਾਨਸਿਕ ਪੱਖੋਂ ਤੰਦਰੁਸਤ ਬਣਾਇਆ ਜਾ ਸਕਦਾ ਹੈ ।

ਖੋਜ ਕਰਤਾਵਾਂ ਨੇ ਪਾਇਆ ਹੈ ਕਿ ਜਦੋਂ ਡਿਜੀਟਲ ਪਹੁੰਚ ਨੌਜਵਾਨਾਂ ਤੱਕ ਤੁਰੰਤ ਸਮੱਗਰੀ ਦੀ ਇਕ ਵਿਸ਼ਾਲ ਸ਼੍ਰੇਣੀ ਲਿਆਉਂਦੀ ਹੈ ਤਾਂ ਇਹ ਧਿਆਨ ਭਟਕਾਉਣ ਅਤੇ ਘੱਟ ਧਿਆਨ ਦੇਣ ਦੇ ਸਮੇਂ ਨੂੰ ਵੀ ਉਤਸ਼ਾਹਿਤ ਕਰਦੀ ਹੈ । ਅੱਜ ਹਰ ਖਾਲੀ ਸਕਿੰਟ ਡਿਜੀਟਲ ਸ਼ੋਰ ਨਾਲ ਭਰਿਆ ਹੋਇਆ ਹੈ, ਜਿਸ ਕਾਰਨ ਬੱਚੇ ਨੂੰ ਸਿਰਫ਼ ਉਤਸੁਕਤਾ ਕਰਕੇ ਕਿਤਾਬ ਚੁੱਕਣ ਦੀ ਕੋਈ ਥਾਂ ਨਹੀਂ ਮਿਲਦੀ । ਸਮਾਰਟ ਫੋਨ ਦੀ ਵਧ ਰਹੀ ਲੱਤ ਕਾਰਨ ਹੀ ਬੱਚਿਆਂ ਵਿੱਚ ਸਾਹਿਤ ਪੜ੍ਹਨ ਦੀ ਰੁਚੀ ਘਟ ਰਹੀ ਹੈ। ਬਾਲ ਸਾਹਿਤ ਦੀ ਘਾਟ ਦਾ ਅਸਰ ਸਿਰਫ਼ ਬੌਧਿਕ ਵਿਕਾਸ ਤੱਕ ਹੀ ਸੀਮਿਤ ਨਹੀਂ, ਸਗੋਂ ਇਹ ਬੱਚਿਆਂ ਦੇ ਭਾਵਨਾਤਮਕ ਅਤੇ ਸਮਾਜਿਕ ਵਿਹਾਰ ਨੂੰ ਵੀ ਪ੍ਰਭਾਵਤ ਕਰਦਾ ਹੈ ।

ਬਾਲ ਸਾਹਿਤ ਦੀ ਘਾਟ ਇਕ ਸਿੱਖਿਅਕ ਸਮੱਸਿਆ ਨਹੀਂ, ਸਗੋਂ ਸਮਾਜਿਕ ਅਤੇ ਮਾਨਸਿਕ ਸੰਕਟ ਦਾ ਵੀ ਸੰਕੇਤ ਹੈ। ਬੱਚਿਆਂ ਦੇ ਭਵਿੱਖ ਨੂੰ ਚੰਗਾ ਬਣਾਉਣ ਲਈ ਉਨ੍ਹਾਂ ਨੂੰ ਕਿਤਾਬਾਂ ਨਾਲ ਜੋੜਨਾ ਚਾਹੀਦਾ ਹੈ, ਕਿਉਂਕਿ ਕਿਤਾਬਾਂ ਬੱਚਿਆਂ ਦੇ ਸੁਪਨਿਆਂ ਅਤੇ ਸੋਚ ਨੂੰ ਪਰਵਾਜ਼ ਦੇਣ ਵਾਲੇ ਖੰਭ ਹੁੰਦੀਆਂ ਹਨ । ਬੱਚਿਆਂ ਨੂੰ ਸਫ਼ਾਈ ਰੱਖਣ, ਖੇਡਾਂ ਵਿੱਚ ਭਾਗ ਲੈਣ, ਪੌਸ਼ਟਿਕ ਭੋਜਨ ਖਾਣ, ਦੂਸਰਿਆਂ ਨਾਲ ਮਿਲਵਰਤਨ ਰੱਖਣ ਆਦਿ ਬਾਰੇ ਉਤਸ਼ਾਹਿਤ ਕਰਦੇ ਰਹਿਣਾ ਚਾਹੀਦਾ ਹੈ । ਜੇ ਅਸੀਂ ਬੱਚਿਆਂ ਨੂੰ ਸਹੀ ਦਿਸ਼ਾ ਤੇ ਸਹੀ ਗੱਲਾਂ ਸਿਖਾ ਦੇਈਏ ਤਾਂ ਉਹ ਨਾ ਸਿਰਫ਼ ਚੰਗੇ ਵਿਦਿਆਰਥੀ, ਸਗੋਂ ਚੰਗੇ ਇਨਸਾਨ ਵੀ ਬਣ ਕੇ ਉਭਰਦੇ ਹਨ ।

ਬੱਚੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿਣ, ਕੋਈ ਅਣਕਿਆਸਿਆ ਖ਼ਤਰਨਾਕ ਕਦਮ ਨਾ ਚੁੱਕਣ ਤੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਰਹੇ, ਵਾਸਤੇ ਮਾਂ-ਬਾਪ ਅਤੇ ਅਧਿਆਪਕ ਉਨ੍ਹਾਂ ਨੂੰ ਸਮਾਰਟ ਫੋਨ ਵੱਲੋਂ ਵਰਜ ਕੇ ਸਿਰਜਣਾਤਮਿਕ ਸਰਗਰਮੀਆਂ ਨਾਲ ਜੋੜਨ ਦੀ ਕੋਸ਼ਿਸ਼ ਕਰਨ ।

**# ਸੰਪਰਕ : 98146-62260**

# ਅਮਰੀਕਾ ਲਈ ਇਜ਼ਰਾਈਲ ਦਾ ਸਾਥ ਛੱਡਣਾ ਮੁਸ਼ਕਲ ਕਿਉਂ



ਵਿਸ਼ਵਾ ਮਿੱਤਰ

ਮੱਧ-ਪੂਰਬ ਦੀ ਰਾਜਨੀਤੀ ਵਿੱਚ ਅਮਰੀਕਾ ਅਤੇ ਇਜ਼ਰਾਈਲ ਦੇ ਰਿਸ਼ਤੇ ਨੂੰ ਸਮਝੇ ਬਿਨਾਂ ਈਰਾਨ ਨਾਲ ਚੱਲ ਰਹੇ ਟਕਰਾਅ ਨੂੰ ਸਮਝਣਾ ਮੁਸ਼ਕਿਲ ਹੈ। ਪਿਛਲੇ ਕਈ ਦਹਾਕਿਆਂ ਤੋਂ ਇਜ਼ਰਾਈਲ ਅਤੇ ਅਰਬ ਸੰਸਾਰ ਦੇ ਕਈ ਦੇਸ਼ਾਂ ਵਿਚਕਾਰ ਜੰਗਾਂ, ਕਬਜ਼ਿਆਂ ਅਤੇ ਟਕਰਾਵਾਂ ਦਾ ਲੰਮਾ ਇਤਿਹਾਸ ਰਿਹਾ ਹੈ। 1967 ਦੀ ਛੇ ਦਿਨਾਂ ਦੀ ਜੰਗ ਤੋਂ ਬਾਅਦ ਇਜ਼ਰਾਈਲ ਨੇ ਗੋਲਾਨ ਹਾਈਟਸ ਅਤੇ ਪੱਛਮੀ ਕੰਢੇ ਸਮੇਤ ਕਈ ਇਲਾਕਿਆਂ 'ਤੇ ਕਬਜ਼ਾ ਕਰ ਲਿਆ। ਗਾਜ਼ਾ, ਲਿਬਨਾਨ, ਸੀਰੀਆ ਅਤੇ ਹੋਰ ਖੇਤਰਾਂ ਨਾਲ ਜੁੜੇ ਸੰਘਰਸ਼ਾਂ ਨੇ ਵੀ ਪੂਰੇ ਖੇਤਰ ਨੂੰ ਦਹਾਕਿਆਂ ਤੋਂ ਅਸਥਿਰ ਰੱਖਿਆ ਹੈ।

ਈਰਾਨ ਨਾਲ ਇਜ਼ਰਾਈਲ ਦਾ ਟਕਰਾਅ ਵੀ ਕੋਈ ਨਵੀਂ ਘਟਨਾ ਨਹੀਂ। ਦੋਵਾਂ ਦੇਸ਼ਾਂ ਵਿਚਕਾਰ ਸਿੱਧੀ ਅਤੇ ਅਸਿੱਧੀ ਟੱਕਰ ਲੰਮੇ ਸਮੇਂ ਤੋਂ ਚੱਲ ਰਹੀ ਹੈ। ਜੂਨ 2025 ਵਿੱਚ ਇਜ਼ਰਾਈਲ ਨੇ ਈਰਾਨ ਦੇ ਪਰਮਾਣੂ ਅਤੇ ਫੌਜੀ ਟਿਕਾਣਿਆਂ 'ਤੇ ਹਮਲੇ ਕੀਤੇ ਅਤੇ ਬਾਅਦ ਵਿੱਚ ਅਮਰੀਕਾ ਵੀ ਸਿੱਧੇ ਤੌਰ 'ਤੇ ਇਸ ਟਕਰਾਅ ਵਿੱਚ ਸ਼ਾਮਲ ਹੋਇਆ। 24 ਜੂਨ ਨੂੰ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਜ਼ਰਾਈਲ ਅਤੇ ਈਰਾਨ ਵਿਚਕਾਰ 12 ਦਿਨਾਂ ਦੀ ਜੰਗ ਨੂੰ ਖ਼ਤਮ ਕਰਨ ਲਈ ਜੰਗਬੰਦੀ ਦਾ ਐਲਾਨ ਕੀਤਾ, ਪਰ ਇਹ ਜੰਗਬੰਦੀ ਸਥਾਈ ਹੱਲ ਸਾਬਤ ਨਹੀਂ ਹੋਈ। 28 ਫਰਵਰੀ 2026 ਨੂੰ ਇਜ਼ਰਾਈਲ ਅਤੇ ਅਮਰੀਕਾ ਨੇ ਮੁੜ ਈਰਾਨ 'ਤੇ ਹਮਲੇ ਸ਼ੁਰੂ ਕਰ ਦਿੱਤੇ । ਰਾਇਟਰਜ਼ ਦੀ ਰਿਪੋਰਟ ਅਨੁਸਾਰ ਅਮਰੀਕੀ ਕਾਰਵਾਈ ਦਾ ਨਾਂਅ 'ਅਪ੍ਰੇਸ਼ਨ ਐਪਿਕ ਫ਼ਯੂਰੀ' (Operation Epic Fury ) ਰੱਖਿਆ ਗਿਆ ਅਤੇ ਹਮਲਿਆਂ ਵਿੱਚ ਈਰਾਨ ਦੇ ਫੌਜੀ ਢਾਂਚੇ, ਮਿਜ਼ਾਈਲ ਪ੍ਰਣਾਲੀਆਂ ਅਤੇ ਉੱਚ ਪੱਧਰੀ ਨੇਤ੍ਰਿਤਵ ਨੂੰ ਨਿਸ਼ਾਨਾ ਬਣਾਇਆ ਗਿਆ।

ਸੋਵੀਅਤ ਯੂਨੀਅਨ ਦੇ ਵਿਘਟਨ ਤੋਂ ਬਾਅਦ ਇੱਕ ਸਮੇਂ ਲਈ ਅਮਰੀਕਾ ਦੁਨੀਆ ਦੀ ਸਭ ਤੋਂ ਪ੍ਰਭਾਵਸ਼ਾਲੀ ਮਹਾਂਸ਼ਕਤੀ ਬਣ ਗਿਆ ਸੀ, ਪਰ ਇਹ ਇਕਧਰੁਵੀ ਵਿਵਸਥਾ ਸਥਾਈ ਨਹੀਂ ਰਹੀ। ਪਿਛਲੇ ਦੋ ਦਹਾਕਿਆਂ ਵਿੱਚ ਚੀਨ ਦਾ ਆਰਥਿਕ ਅਤੇ ਸੈਨਿਕ ਉਭਾਰ ਅਤੇ ਰੂਸ ਦੀ ਸੈਨਿਕ ਤੇ ਭੂ-ਰਾਜਨੀਤਕ ਭੂਮਿਕਾ ਨੇ ਵਿਸ਼ਵ ਸ਼ਕਤੀ ਸੰਤੁਲਨ ਨੂੰ ਮੁੜ ਬਦਲ ਦਿੱਤਾ ਹੈ।

ਅਜਿਹੇ ਮਾਹੌਲ ਵਿੱਚ ਕਿਸੇ ਵੀ ਮਹਾਂਸ਼ਕਤੀ ਲਈ ਸਿਰਫ਼ ਆਪਣੀ ਸੈਨਿਕ ਤਾਕਤ ਦੇ ਆਧਾਰ 'ਤੇ ਦੂਜੇ ਦੇਸ਼ ਨੂੰ ਝੁਕਾਉਣਾ ਆਸਾਨ ਨਹੀਂ। ਅਮਰੀਕਾ ਕੋਲ ਅਤਿ-ਆਧੁਨਿਕ ਹਵਾਈ ਤਾਕਤ, ਬੰਕਰ-ਬਸਟਰ ਬੰਬ ਅਤੇ ਵਿਸ਼ਾਲ ਸੈਨਿਕ ਸਾਧਨ ਹਨ, ਪਰ ਈਰਾਨ ਕੋਲ ਵੀ ਲੰਮੀ ਦੂਰੀ ਦੀਆਂ ਮਿਜ਼ਾਈਲਾਂ, ਡਰੋਨ ਅਤੇ ਖੇਤਰ ਵਿੱਚ ਸਹਿਯੋਗੀ ਹਥਿਆਰਬੰਦ ਗਰੁੱਪਾਂ ਦਾ ਜਾਲ ਹੈ । ਇਸ ਲਈ ਜੰਗ ਦਾ ਖ਼ਤਰਾ ਕੇਵਲ ਈਰਾਨ ਤੱਕ ਸੀਮਤ ਨਹੀਂ ਰਹਿੰਦਾ। ਖਾੜੀ ਦੇਸ਼ਾਂ ਵਿੱਚ ਮੌਜੂਦ ਅਮਰੀਕੀ ਸੈਨਿਕ ਅੱਡੇ, ਇਜ਼ਰਾਈਲ ਅਤੇ ਵਿਸ਼ਵ ਦੇ ਊਰਜਾ ਮਾਰਗ ਵੀ ਇਸ ਟਕਰਾਅ ਦੀ ਲਪੇਟ ਵਿੱਚ ਆ ਸਕਦੇ ਹਨ।

**ਈਰਾਨ ਦੀ ਜੰਗੀ ਤਿਆਰੀ ਦਾ ਇਤਿਹਾਸ :** 1979 ਦੀ ਇਸਲਾਮੀ ਕ੍ਰਾਂਤੀ ਤੋਂ ਪਹਿਲਾਂ ਈਰਾਨ ਵਿੱਚ ਸ਼ਾਹ ਮੁਹੰਮਦ ਰਜ਼ਾ ਪਹਿਲਵੀ ਦੀ ਹਕੂਮਤ ਸੀ । ਉਸ ਸਮੇਂ ਈਰਾਨ ਦੇ ਅਮਰੀਕਾ ਅਤੇ ਪੱਛਮੀ ਦੇਸ਼ਾਂ ਨਾਲ ਬਹੁਤ ਨੇੜਲੇ ਸਬੰਧ ਸਨ। ਕ੍ਰਾਂਤੀ ਤੋਂ ਬਾਅਦ ਇਹ ਸੰਬੰਧ ਪੂਰੀ ਤਰ੍ਹਾਂ ਬਦਲ ਗਏ ਅਤੇ ਅਮਰੀਕਾ ਤੇ ਈਰਾਨ ਵਿਚਕਾਰ ਦੁਸ਼ਮਣੀ ਦਾ ਇੱਕ ਲੰਮਾ ਦੌਰ ਸ਼ੁਰੂ ਹੋਇਆ ।

1979 ਦੀ ਕ੍ਰਾਂਤੀ, ਅਮਰੀਕੀ ਦੂਤਾਵਾਸ ਬੰਧਕ ਸੰਕਟ, ਈਰਾਨ-ਇਰਾਕ ਜੰਗ ਅਤੇ ਬਾਅਦ ਦੀਆਂ ਪਾਬੰਦੀਆਂ ਨੇ ਈਰਾਨੀ ਰਾਜ ਨੂੰ ਇਹ ਸਿਖਾਇਆ ਕਿ ਉਸ ਨੂੰ ਆਪਣੀ ਰੱਖਿਆ ਲਈ ਖੁਦਮੁਖਤਿਆਰ ਸੈਨਿਕ ਸਮਰੱਥਾ ਵਿਕਸਤ ਕਰਨੀ ਪਵੇਗੀ। ਇਸੇ ਕਾਰਨ ਈਰਾਨ ਨੇ ਪਰੰਪਰਾਗਤ ਹਵਾਈ ਤਾਕਤ ਦੀ ਬਜਾਏ ਮਿਜ਼ਾਈਲਾਂ, ਡਰੋਨਾਂ, ਭੂਗਰਭੀ ਸੈਨਿਕ ਢਾਂਚਿਆਂ ਅਤੇ ਅਸੀਮਤ ਜੰਗੀ ਰਣਨੀਤੀਆਂ 'ਤੇ ਵਧੇਰੇ ਧਿਆਨ ਦਿੱਤਾ । ਇਸ ਰਣਨੀਤੀ ਦਾ ਮਕਸਦ ਇਹ ਰਿਹਾ ਕਿ ਜੇਕਰ ਈਰਾਨ 'ਤੇ ਵੱਡੀ ਸੈਨਿਕ ਤਾਕਤ ਹਮਲਾ ਕਰੇ ਤਾਂ ਉਹ ਉਸ ਨੂੰ ਸਿੱਧੇ ਮੈਦਾਨ ਵਿੱਚ ਹੀ ਨਹੀਂ, ਸਗੋਂ ਦੂਰ-ਦੁਰਾਡੇ ਸੈਨਿਕ ਅਤੇ ਆਰਥਿਕ ਟਿਕਾਣਿਆਂ 'ਤੇ ਵੀ ਨੁਕਸਾਨ ਪਹੁੰਚਾ ਸਕੇ। ਇਸੇ ਲਈ ਈਰਾਨ ਨੂੰ ਸਿਰਫ਼ ਉਸ ਦੀ ਪਰੰਪਰਾਗਤ ਫੌਜ ਦੇ ਆਧਾਰ 'ਤੇ ਸਮਝਣਾ ਗਲਤ ਹੋਵੇਗਾ।

ਜਿਥੋਂ ਤੱਕ ਅਮਰੀਕਾ ਇਜ਼ਰਾਈਲ ਦਾ ਸਾਥ ਕਿਉਂ ਨਹੀਂ ਛੱਡ ਸਕਦਾ ? ਦਾ ਪ੍ਰਸ਼ਨ ਹੈ ਤਾਂ ਇਹ ਸਵਾਲ ਬਹੁਤ ਮਹੱਤਵਪੂਰਨ ਹੈ। ਇਸ ਦਾ ਜਵਾਬ ਕਿਸੇ ਇੱਕ ਕਾਰਨ ਵਿੱਚ ਨਹੀਂ ਮਿਲਦਾ। ਅਮਰੀਕਾ ਵੱਲੋਂ ਇਜ਼ਰਾਈਲ ਨੂੰ ਸਮਰਥਨ ਦੇ ਪਿੱਛੇ ਕਈ ਰਾਜਨੀਤਕ, ਰਣਨੀਤਿਕ, ਸੈਨਿਕ ਅਤੇ ਇਤਿਹਾਸਕ ਕਾਰਨ ਹਨ।

ਸਭ ਤੋਂ ਪਹਿਲਾਂ, ਇਜ਼ਰਾਈਲ ਮੱਧ-ਪੂਰਬ ਵਿੱਚ ਅਮਰੀਕਾ ਦਾ ਸਭ ਤੋਂ ਮਹੱਤਵਪੂਰਨ ਰਣਨੀਤਕ ਸਾਥੀ ਹੈ। ਇਜ਼ਰਾਈਲ ਕੋਲ ਉੱਚ ਪੱਧਰੀ ਸੈਨਿਕ ਤਕਨਾਲੋਜੀ, ਖੁਫੀਆ ਸਮਰੱਥਾ ਅਤੇ ਖੇਤਰੀ ਸੈਨਿਕ ਪ੍ਰਭਾਵ ਹੈ। ਅਮਰੀਕਾ ਲਈ ਇਹ ਸਾਂਝ ਇਰਾਨ, ਸੀਰੀਆ ਅਤੇ ਖੇਤਰ ਵਿੱਚ ਹੋਰ ਵਿਰੋਧੀ ਤਾਕਤਾਂ ਨੂੰ ਸੰਤੁਲਿਤ ਕਰਨ ਦੀ ਰਣਨੀਤੀ ਦਾ ਹਿੱਸਾ ਹੈ । ਦੂਜਾ ਕਾਰਨ ਅਮਰੀਕੀ ਘਰੇਲੂ ਰਾਜਨੀਤੀ ਹੈ। ਅਮਰੀਕਾ ਵਿੱਚ ਇਜ਼ਰਾਈਲ-ਪੱਖੀ ਰਾਜਨੀਤਕ ਲਾਬੀ, ਧਾਰਮਿਕ ਸਮੂਹ, ਚੋਣੀ ਦਾਨਦਾਤਾ ਅਤੇ ਵੱਖ-ਵੱਖ ਰਾਜਨੀਤਕ ਸੰਸਥਾਵਾਂ ਲੰਮੇ ਸਮੇਂ ਤੋਂ ਪ੍ਰਭਾਵਸ਼ਾਲੀ ਹਨ । ਡੈਮੋਕਰੇਟ ਅਤੇ ਰਿਪਬਲਿਕਨ—ਦੋਵਾਂ ਪਾਰਟੀਆਂ ਵਿੱਚ ਇਜ਼ਰਾਈਲ ਦੇ ਸਮਰਥਕ ਮੌਜੂਦ ਹਨ। ਇਸ ਨੂੰ ਸਮਝਣ ਲਈ ਯਹੂਦੀ ਅਮਰੀਕੀਆਂ ਦੀ ਭੂਮਿਕਾ ਨੂੰ ਪੂਰੇ ਯਹੂਦੀ ਭਾਈਚਾਰੇ ਨਾਲ ਜੋੜਨਾ ਠੀਕ ਨਹੀਂ। ਅਮਰੀਕਾ ਵਿੱਚ ਰਹਿਣ ਵਾਲੇ ਯਹੂਦੀ ਲੋਕਾਂ ਦੇ ਰਾਜਨੀਤਕ ਵਿਚਾਰ ਇੱਕੋ ਜਿਹੇ ਨਹੀਂ ਹਨ। ਕਈ ਇਜ਼ਰਾਈਲ ਦੀਆਂ ਨੀਤੀਆਂ ਦੇ ਆਲੋਚਕ ਵੀ ਹਨ।

ਗੱਲ ਜੇਕਰ ਟਰੰਪ ਅਤੇ ਇਜ਼ਰਾਈਲ ਦੇ ਸੰਬੰਧਾਂ ਦੀ ਕਰੀਏ ਤਾਂ ਡੋਨਾਲਡ ਟਰੰਪ ਦੇ ਇਜ਼ਰਾਈਲ ਨਾਲ ਨੇੜਲੇ ਰਾਜਨੀਤਿਕ ਸਬੰਧ ਜਨਤਕ ਤੌਰ 'ਤੇ ਜਾਣੇ ਜਾਂਦੇ ਹਨ। ਉਸ ਦੀ ਧੀ ਇਵਾਂਕਾ ਟਰੰਪ ਨੇ ਯਹੂਦੀ ਧਰਮ ਅਪਣਾਇਆ ਅਤੇ ਜੇਰੇਡ ਕੁਸ਼ਨਰ ਨਾਲ ਵਿਆਹ ਕੀਤਾ। ਕੁਸ਼ਨਰ ਟਰੰਪ ਦੇ ਨੇੜਲੇ ਸਲਾਹਕਾਰਾਂ ਵਿੱਚ ਰਹਿ ਚੁੱਕਾ ਹੈ ਅਤੇ ਮੱਧ-ਪੂਰਬ ਨੀਤੀ ਵਿੱਚ ਵੀ ਉਸ ਦੀ ਭੂਮਿਕਾ ਰਹੀ ਹੈ।ਕਿਸੇ ਵਿਅਕਤੀ ਦੇ ਯਹੂਦੀ ਹੋਣ ਨੂੰ ਉਸ ਦੀ ਰਾਜਨੀਤਕ ਭੂਮਿਕਾ ਦਾ ਮੁੱਖ ਕਾਰਨ ਮੰਨਣਾ ਠੀਕ ਨਹੀਂ। ਸਟੀਵ ਵਿਟਕੌਫ਼, ਡੇਵਿਡ ਫ੍ਰੀਡਮੈਨ ਜਾਂ ਹੋਰ ਵਿਅਕਤੀਆਂ ਦੀਆਂ ਨਿੱਜੀ ਧਾਰਮਿਕ ਪਛਾਣਾਂ ਨਾਲੋਂ ਉਨ੍ਹਾਂ ਦੀਆਂ ਅਸਲ ਰਾਜਨੀਤਕ ਭੂਮਿਕਾਵਾਂ ਅਤੇ ਨੀਤੀਗਤ ਸਥਿਤੀਆਂ ਦਾ ਵਿਸ਼ਲੇਸ਼ਣ ਵਧੇਰੇ ਮਹੱਤਵਪੂਰਨ ਹੈ।

**ਕੀ ਦੁਨੀਆ ਦੀ ਦੌਲਤ ਕਿਸੇ ਇੱਕ ਭਾਈਚਾਰੇ ਦੇ ਹੱਥ ਵਿੱਚ ਹੈ ?**

ਇਸ ਸੰਦਰਭ ਵਿੱਚ ਅਕਸਰ ਲੈਰੀ ਐਲਿਸਨ, ਮਾਰਕ ਜ਼ੁਕਰਬਰਗ, ਲੈਰੀ ਪੇਜ, ਸਰਗੇਈ ਬ੍ਰਿਨ, ਸਟੀਵ ਬਾਲਮਰ ਅਤੇ ਮਾਈਕਲ ਬਲੂਮਬਰਗ ਵਰਗੇ ਅਰਬਪਤੀਆਂ ਦੇ ਨਾਂਅ ਗਿਣਾਏ ਜਾਂਦੇ ਹਨ ਅਤੇ ਉਨ੍ਹਾਂ ਦੇ ਯਹੂਦੀ ਪਿਛੋਕੜ ਨੂੰ ਅਮਰੀਕੀ ਨੀਤੀ ਨਾਲ ਜੋੜਿਆ ਜਾਂਦਾ ਹੈ। ਇਹ ਤਰਕ ਨਾ ਤਾਂ ਆਰਥਿਕ ਤੌਰ 'ਤੇ ਸਹੀ ਹੈ ਅਤੇ ਨਾ ਹੀ ਰਾਜਨੀਤਕ ਤੌਰ 'ਤੇ। ਕਿਸੇ ਵਿਅਕਤੀ ਦੀ ਧਾਰਮਿਕ ਜਾਂ ਪਰਿਵਾਰਕ ਪਛਾਣ ਆਪਣੇ ਆਪ ਇਹ ਸਾਬਤ ਨਹੀਂ ਕਰਦੀ ਕਿ ਉਹ ਕਿਸੇ ਸਰਕਾਰ ਦੀ ਵਿਦੇਸ਼ ਨੀਤੀ ਨੂੰ ਨਿਯੰਤਰਿਤ ਕਰਦਾ ਹੈ। ਅਮਰੀਕੀ ਅਰਥ ਵਿਵਸਥਾ ਇੱਕ ਬਹੁਤ ਵਿਸ਼ਾਲ ਅਤੇ ਜਟਿਲ ਪ੍ਰਣਾਲੀ ਹੈ, ਜਿਸ ਵਿੱਚ ਲੱਖਾਂ ਕਾਰੋਬਾਰ, ਨਿਵੇਸ਼ਕ, ਬੈਂਕ, ਪੈਨਸ਼ਨ ਫੰਡ, ਸਰਕਾਰੀ ਸੰਸਥਾਵਾਂ ਅਤੇ ਆਮ ਨਾਗਰਿਕ ਸ਼ਾਮਲ ਹਨ। ਇਸ ਨੂੰ ਕਿਸੇ ਇੱਕ ਧਾਰਮਿਕ ਭਾਈਚਾਰੇ ਦੇ ਹੱਥ ਵਿੱਚ ਦੱਸਣਾ ਹਕੀਕਤ ਨੂੰ ਬਹੁਤ ਸਰਲ ਕਰ ਦੇਣਾ ਹੈ।

ਈਰਾਨ ਅਤੇ ਅਮਰੀਕਾ ਵਿਚਕਾਰ ਟਕਰਾਅ ਦਾ ਇੱਕ ਬਹੁਤ ਮਹੱਤਵਪੂਰਨ ਪੱਖ ਹਾਰਮੁਜ਼ ਦੀ ਖਾੜੀ ਹੈ। ਦੁਨੀਆ ਦੇ ਤੇਲ ਵਪਾਰ ਦਾ ਵੱਡਾ ਹਿੱਸਾ ਇਸ ਸਮੁੰਦਰੀ ਰਸਤੇ ਰਾਹੀਂ ਲੰਘਦਾ ਹੈ। ਇਸ ਲਈ ਜੇਕਰ ਇਹ ਰਸਤਾ ਲੰਮੇ ਸਮੇਂ ਲਈ ਬੰਦ ਜਾਂ ਬੁਰੀ ਤਰ੍ਹਾਂ ਪ੍ਰਭਾਵਤ ਹੁੰਦਾ ਹੈ ਤਾਂ ਇਸ ਦਾ ਅਸਰ ਕੇਵਲ ਈਰਾਨ ਅਤੇ ਅਮਰੀਕਾ 'ਤੇ ਨਹੀਂ, ਸਗੋਂ ਪੂਰੀ ਦੁਨੀਆ ਦੀ ਅਰਥ ਵਿਵਸਥਾ 'ਤੇ ਪੈ ਸਕਦਾ ਹੈ।

ਈਰਾਨ ਲਈ ਹਾਰਮੁਜ਼ ਇੱਕ ਭੂਗੋਲਿਕ ਅਤੇ ਰਣਨੀਤਕ ਹਥਿਆਰ ਹੈ, ਪਰ ਇਹ ਕਹਿਣਾ ਕਿ ਇਰਾਨ ਇਸ ਸਮੁੰਦਰੀ ਰਸਤੇ ਤੋਂ ਨਿਯਮਿਤ ਤੌਰ 'ਤੇ ਹਰ ਜਹਾਜ਼ ਤੋਂ ਟੋਲ ਟੈਕਸ ਵਸੂਲਦਾ ਹੈ, ਇੱਕ ਅਜਿਹਾ ਦਾਅਵਾ ਹੈ, ਜਿਸ ਨੂੰ ਭਰੋਸੇਯੋਗ ਸਬੂਤ ਤੋਂ ਬਿਨਾਂ ਤੱਥ ਵਜੋਂ ਪੇਸ਼ ਨਹੀਂ ਕੀਤਾ ਜਾਣਾ ਚਾਹੀਦਾ । ਅੱਜ ਦੀ ਸਥਿਤੀ ਵਿੱਚ ਵੀ ਹਾਰਮੁਜ਼ ਨੂੰ ਲੈ ਕੇ ਤਣਾਅ ਬਹੁਤ ਗੰਭੀਰ ਹੈ।

ਈਰਾਨ, ਅਮਰੀਕਾ ਅਤੇ ਇਜ਼ਰਾਈਲ ਵਿਚਕਾਰ ਸਥਾਈ ਸ਼ਾਂਤੀ ਦਾ ਰਾਹ ਅਜੇ ਵੀ ਬਹੁਤ ਔਖਾ ਦਿਖਾਈ ਦਿੰਦਾ ਹੈ। ਇਸ ਦਾ ਇੱਕ ਕਾਰਨ ਇਹ ਹੈ ਕਿ ਤਿੰਨਾਂ ਪੱਖਾਂ ਦੀਆਂ ਸੁਰੱਖਿਆ ਸੰਬੰਧੀ ਧਾਰਨਾਵਾਂ ਇੱਕ-ਦੂਜੇ ਦੇ ਬਿਲਕੁਲ ਉਲਟ ਹਨ । ਇਜ਼ਰਾਈਲ ਈਰਾਨ ਦੇ ਪਰਮਾਣੂ ਅਤੇ ਮਿਜ਼ਾਈਲ ਪ੍ਰੋਗਰਾਮ ਨੂੰ ਆਪਣੇ ਲਈ ਵੱਡਾ ਖ਼ਤਰਾ ਮੰਨਦਾ ਹੈ । ਈਰਾਨ ਇਜ਼ਰਾਈਲ ਅਤੇ ਅਮਰੀਕਾ ਨੂੰ ਆਪਣੀ ਹਕੂਮਤ ਲਈ ਖ਼ਤਰਾ ਮੰਨਦਾ ਹੈ । ਅਮਰੀਕਾ ਇੱਕ ਪਾਸੇ ਈਰਾਨ ਨੂੰ ਪਰਮਾਣੂ ਹਥਿਆਰ ਬਣਾਉਣ ਤੋਂ ਰੋਕਣਾ ਚਾਹੁੰਦਾ ਹੈ ਅਤੇ ਦੂਜੇ ਪਾਸੇ ਇਜ਼ਰਾਈਲ ਦੀ ਸੁਰੱਖਿਆ ਦੀ ਗਾਰੰਟੀ ਦੇਣ ਵਾਲੀ ਆਪਣੀ ਪੁਰਾਣੀ ਨੀਤੀ ਨੂੰ ਵੀ ਜਾਰੀ ਰੱਖਣਾ ਚਾਹੁੰਦਾ ਹੈ। ਇਸੇ ਕਰਕੇ ਜਦੋਂ ਵੀ ਗੱਲਬਾਤ ਦਾ ਕੋਈ ਰਾਹ ਖੁੱਲ੍ਹਦਾ ਹੈ, ਕਿਸੇ ਨਾ ਕਿਸੇ ਪੱਧਰ 'ਤੇ ਨਵਾਂ ਵਿਵਾਦ ਸਾਹਮਣੇ ਆ ਜਾਂਦਾ ਹੈ।

ਅੱਜ ਦੀ ਸਥਿਤੀ ਇਹ ਵੀ ਦਿਖਾਉਂਦੀ ਹੈ ਕਿ ਅਮਰੀਕਾ ਅਤੇ ਇਜ਼ਰਾਈਲ ਵਿਚਕਾਰ ਪੂਰੀ ਸਹਿਮਤੀ ਹੋਣਾ ਜ਼ਰੂਰੀ ਨਹੀਂ। ਮੌਜੂਦਾ ਘਟਨਾਕ੍ਰਮ ਵਿੱਚ ਵੀ ਇਜ਼ਰਾਈਲ ਵੱਲੋਂ ਅਮਰੀਕੀ ਯੋਜਨਾਵਾਂ 'ਤੇ ਅਸਹਿਮਤੀ ਦੇ ਉਦਾਹਰਨ ਸਾਹਮਣੇ ਆ ਰਹੇ ਹਨ । ਇਸ ਲਈ ਅਮਰੀਕਾ ਦਾ ਇਜ਼ਰਾਈਲ 'ਤੇ ਪ੍ਰਭਾਵ ਹੋਣ ਦੇ ਬਾਵਜੂਦ ਉਸ ਨੂੰ ਹਰ ਫੈਸਲੇ ਲਈ ਮਜਬੂਰ ਕਰ ਦੇਣਾ ਸੌਖਾ ਨਹੀਂ । ਇਸ ਪੂਰੇ ਮਾਮਲੇ ਦਾ ਇੱਕ ਹੋਰ ਪੱਖ ਅਮਰੀਕਾ ਦਾ ਵਿਸ਼ਾਲ ਰੱਖਿਆ ਉਦਯੋਗ ਹੈ। ਦੁਨੀਆ ਵਿੱਚ ਜਿੱਥੇ ਜੰਗ ਹੁੰਦੀ ਹੈ, ਉੱਥੇ ਹਥਿਆਰਾਂ ਦੀ ਮੰਗ ਵਧਦੀ ਹੈ। ਅਮਰੀਕਾ ਦੁਨੀਆ ਦੇ ਸਭ ਤੋਂ ਵੱਡੇ ਹਥਿਆਰ ਨਿਰਯਾਤਕਾਂ ਵਿੱਚੋਂ ਇੱਕ ਹੈ ਅਤੇ ਉਸ ਦਾ ਵਿਸ਼ਾਲ ਸੈਨਿਕ ਉਦਯੋਗ ਰੱਖਿਆ ਬਜਟ ਅਤੇ ਹਥਿਆਰਾਂ ਦੀ ਵਿਕਰੀ ਨਾਲ ਜੁੜਿਆ ਹੋਇਆ ਹੈ, ਪਰ ਇਸ ਦਾ ਇਹ ਮਤਲਬ ਨਹੀਂ ਕਿ ਹਰ ਜੰਗ ਸਿਰਫ਼ ਹਥਿਆਰ ਵੇਚਣ ਲਈ ਹੀ ਕਰਵਾਈ ਜਾਂਦੀ ਹੈ। ਜੰਗਾਂ ਦੇ ਪਿੱਛੇ ਰਾਸ਼ਟਰੀ ਸੁਰੱਖਿਆ, ਭੂ-ਰਾਜਨੀਤੀ, ਸਰਹੱਦੀ ਵਿਵਾਦ, ਵਿਚਾਰਧਾਰਾ, ਸਰੋਤਾਂ ਅਤੇ ਖੇਤਰੀ ਤਾਕਤ ਦੇ ਅਨੇਕ ਕਾਰਨ ਹੁੰਦੇ ਹਨ । ਹਥਿਆਰ ਉਦਯੋਗ ਦਾ ਪ੍ਰਭਾਵ ਇਨ੍ਹਾਂ ਕਾਰਕਾਂ ਵਿੱਚੋਂ ਇੱਕ ਮਹੱਤਵਪੂਰਨ ਕਾਰਕ ਹੋ ਸਕਦਾ ਹੈ, ਪਰ ਇਕੱਲਾ ਕਾਰਨ ਨਹੀਂ।

ਅਸੀਂ ਕਹਿ ਸਕਦੇ ਹਾਂ ਕਿ ਅਮਰੀਕਾ ਲਈ ਇਜ਼ਰਾਈਲ ਦਾ ਸਾਥ ਛੱਡਣਾ ਮੁਸ਼ਕਲ ਹੈ, ਪਰ ਇਸ ਦਾ ਕਾਰਨ ਕਿਸੇ ਇੱਕ ਧਾਰਮਿਕ ਭਾਈਚਾਰੇ ਦੀ ਕਥਿਤ ਆਰਥਿਕ ਤਾਕਤ ਨਹੀਂ। ਇਸ ਦੇ ਪਿੱਛੇ ਅਮਰੀਕਾ ਦੀ ਮੱਧ-ਪੂਰਬ ਨੀਤੀ, ਇਜ਼ਰਾਈਲ ਨਾਲ ਦਹਾਕਿਆਂ ਪੁਰਾਣਾ ਰਣਨੀਤਕ ਗਠਜੋੜ, ਅਮਰੀਕੀ ਘਰੇਲੂ ਰਾਜਨੀਤੀ, ਰੱਖਿਆ ਸਹਿਯੋਗ, ਖੁਫੀਆ ਸਾਂਝ, ਚੋਣੀ ਰਾਜਨੀਤੀ ਅਤੇ ਈਰਾਨ ਨੂੰ ਲੈ ਕੇ ਅਮਰੀਕੀ ਸੁਰੱਖਿਆ ਚਿੰਤਾਵਾਂ ਹਨ।

ਦੂਜੇ ਪਾਸੇ ਈਰਾਨ ਨੇ ਵੀ ਪਿਛਲੇ ਕਈ ਦਹਾਕਿਆਂ ਵਿੱਚ ਅਜਿਹੀ ਸੈਨਿਕ ਰਣਨੀਤੀ ਵਿਕਸਤ ਕੀਤੀ ਹੈ, ਜਿਸ ਕਾਰਨ ਉਸ ਨੂੰ ਸਿਰਫ਼ ਹਵਾਈ ਹਮਲਿਆਂ ਨਾਲ ਝੁਕਾਉਣਾ ਆਸਾਨ ਨਹੀਂ। ਮਿਜ਼ਾਈਲਾਂ, ਡਰੋਨ, ਭੂਗਰਭੀ ਸੈਨਿਕ ਢਾਂਚੇ ਅਤੇ ਖੇਤਰੀ ਸਹਿਯੋਗੀ ਤਾਕਤਾਂ ਉਸ ਦੀ ਰਣਨੀਤੀ ਦਾ ਹਿੱਸਾ ਹਨ। ਇਸ ਲਈ ਮੱਧ-ਪੂਰਬ ਦੀ ਸਮੱਸਿਆ ਦਾ ਹੱਲ ਹੋਰ ਬੰਬਾਂ ਵਿੱਚ ਨਹੀਂ, ਸਗੋਂ ਇੱਕ ਅਜਿਹੇ ਰਾਜਨੀਤਕ ਸਮਝੌਤੇ ਵਿੱਚ ਹੈ, ਜਿਸ ਵਿੱਚ ਈਰਾਨ ਦੀ ਸੁਰੱਖਿਆ, ਇਜ਼ਰਾਈਲ ਦੀ ਸੁਰੱਖਿਆ, ਫਲਸਤੀਨੀਆਂ ਦੇ ਅਧਿਕਾਰ ਅਤੇ ਖੇਤਰ ਦੇ ਹੋਰ ਦੇਸ਼ਾਂ ਦੀ ਪ੍ਰਭੂਸੱਤਾ ਨੂੰ ਬਰਾਬਰ ਮਹੱਤਵ ਦਿੱਤਾ ਜਾਵੇ। ਜੇਕਰ ਅਮਰੀਕਾ ਸੱਚਮੁੱਚ ਮੱਧ-ਪੂਰਬ ਵਿੱਚ ਸ਼ਾਂਤੀ ਚਾਹੁੰਦਾ ਹੈ ਤਾਂ ਉਸ ਨੂੰ ਕੇਵਲ ਇਜ਼ਰਾਈਲ ਦਾ ਸੈਨਿਕ ਸਾਥੀ ਨਹੀਂ, ਸਗੋਂ ਇੱਕ ਨਿਰਪੱਖ ਰਾਜਨੀਤਕ ਸਾਲਸੀ ਬਣਨ ਦੀ ਕੋਸ਼ਿਸ਼ ਕਰਨੀ ਪਵੇਗੀ। ਨਹੀਂ ਤਾਂ ਜੰਗਬੰਦੀ ਆਉਂਦੀ-ਜਾਂਦੀ ਰਹੇਗੀ, ਪਰ ਸਥਾਈ ਸ਼ਾਂਤੀ ਦੂਰ ਹੀ ਰਹੇਗੀ।

**# ਸੰਪਰਕ : 94176-32228**

# ਮੰਗਾਂ ਨਾ ਮੰਨਣ 'ਤੇ ਮੁਲਾਜ਼ਮਾਂ ਵੱਲੋਂ 17, 18 ਨੂੰ ਕਲਮਛੋੜ ਹੜਤਾਲ ਦਾ ਐਲਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੇ ਸੂਬਾ ਪੱਧਰੀ ਸੱਦੇ 'ਤੇ ਐਸ.ਡੀ.ਐਮ. ਅਤੇ ਤਹਿਸੀਲ ਦਫ਼ਤਰ ਮਹਿਲ ਕਲਾਂ ਦੇ ਮੁਲਾਜ਼ਮਾਂ ਵੱਲੋਂ ਜਥੇਬੰਦੀ ਦੇ ਜਨਰਲ ਸਕੱਤਰ ਤੇ ਸੁਪਰਡੈਂਟ ਵਿੱਕੀ ਡਾਬਲਾ ਦੀ ਅਗਵਾਈ ਹੇਠ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮਹਾਂ ਰੈਲੀ ਕਰ ਰਹੀਆਂ ਮੁਲਾਜ਼ਮ ਜਥੇਬੰਦੀਆਂ ਨੂੰ ਕਥਿਤ ਤੌਰ 'ਤੇ 'ਐਂਟੀ ਸਟੇਟ' ਕਹਿਣ ਦੇ ਵਿਰੋਧ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਮੁਲਾਜ਼ਮਾਂ ਨੇ ਹੱਥਾਂ ਵਿੱਚ ਰਾਸ਼ਟਰੀ ਝੰਡੇ ਫੜ ਕੇ ਨਾਅਰੇਬਾਜ਼ੀ ਕਰਦਿਆਂ ਵਿੱਤ ਮੰਤਰੀ ਤੋਂ ਆਪਣੇ ਬਿਆਨ ਬਦਲੇ ਮੁਆਫ਼ੀ ਮੰਗਣ ਦੀ ਮੰਗ ਕੀਤੀ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਆਪਣੀਆਂ ਜਾਇਜ਼ ਮੰਗਾਂ ਦੀ ਪੂਰਤੀ ਲਈ ਸੰਵਿਧਾਨਕ ਅਤੇ ਲੋਕਤੰਤਰਿਕ ਢੰਗ ਨਾਲ ਆਵਾਜ਼ ਉਠਾਉਣ ਵਾਲੇ ਸਰਕਾਰੀ ਮੁਲਾਜ਼ਮਾਂ ਨੂੰ 'ਐਂਟੀ ਸਟੇਟ' ਕਹਿਣਾ ਨਾ ਸਿਰਫ਼ ਮੁਲਾਜ਼ਮ ਵਰਗ ਦਾ ਅਪਮਾਨ ਹੈ, ਸਗੋਂ ਇਸ ਨਾਲ ਉਨ੍ਹਾਂ ਦੇ ਦੇਸ਼ ਪ੍ਰਤੀ ਫ਼ਰਜ਼ ਅਤੇ ਰਾਸ਼ਟਰੀ ਭਾਵਨਾ 'ਤੇ ਵੀ ਸਵਾਲ ਖੜ੍ਹੇ ਹੁੰਦੇ ਹਨ। ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਮੁਲਾਜ਼ਮਾਂ ਵੱਲੋਂ ਨਿੰਦਾ ਪ੍ਰਸਤਾਵ ਪਾਸ ਕੀਤਾ ਗਿਆ । ਮੁਲਾਜ਼ਮਾਂ ਨੇ ਐਲਾਨ ਕੀਤਾ ਕਿ ਜੇਕਰ ਸਰਕਾਰ ਵੱਲੋਂ ਇਸ ਮਾਮਲੇ ਵਿੱਚ ਕੋਈ ਠੋਸ ਕਾਰਵਾਈ ਨਾ ਕੀਤੀ ਗਈ ਤਾਂ 13 ਅਗਸਤ ਨੂੰ ਸਮੁੱਚੇ ਪੰਜਾਬ ਵਿੱਚ ਜ਼ਿਲ੍ਹਾ ਪੱਧਰ 'ਤੇ ਰੈਲੀਆਂ ਕਰਕੇ ਵਿੱਤ ਮੰਤਰੀ ਦੇ ਪੁਤਲੇ ਫੂਕੇ ਜਾਣਗੇ। ਮੁਲਾਜ਼ਮ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਸਬੰਧੀ ਕੋਈ ਠੋਸ ਫੈਸਲਾ ਨਾ ਲਿਆ ਤਾਂ ਦਫ਼ਤਰੀ ਕਾਮਿਆਂ ਵੱਲੋਂ 17 ਅਤੇ 18 ਅਗਸਤ ਨੂੰ ਕਲਮ ਛੋੜ ਹੜਤਾਲ ਅਤੇ ਕੰਪਿਊਟਰ ਬੰਦ ਹੜਤਾਲ ਕੀਤੀ ਜਾਵੇਗੀ । ਇਸ ਮੌਕੇ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਜ਼ਿਲ੍ਹਾ ਬਰਨਾਲਾ ਦੇ ਜਨਰਲ ਸਕੱਤਰ ਸ੍ਰੀ ਵਿੱਕੀ ਡਾਬਲਾ ਸਮੇਤ ਐਸ.ਡੀ.ਐਮ. ਦਫ਼ਤਰ ਮਹਿਲ ਕਲਾਂ ਅਤੇ ਤਹਿਸੀਲ ਦਫ਼ਤਰ ਦੇ ਮੁਲਾਜ਼ਮ ਹਾਜ਼ਰ ਸਨ। ਇਸ ਮੌਕੇ ਮੈਡਮ ਗੁਰਮੀਤ ਕੌਰ ਸੀਨੀਅਰ ਸਹਾਇਕ, ਸਰਬਜੀਤ ਕੌਰ ਜੂਨੀਅਰ ਸਹਾਇਕ, ਮਨਪ੍ਰੀਤ ਕੌਰ, ਸੰਦੀਪ ਕੌਰ ਕਲਰਕ, ਕਰਨ ਅਵਤਾਰ ਸਿੰਘ ਪੰਧੇਰ, ਮਨਜੀਤ ਸਿੰਘ, ਜਗਦੇਵ ਸਿੰਘ , ਕਰਨਵੀਰ ਸਿੰਘ, ਮਨਦੀਪ ਸਿੰਘ ਕਲਰਕ ਆਦਿ ਹਾਜ਼ਰ ਸਨ।

## ਜ਼ਿਲ੍ਹਾ ਪੱਧਰੀ ਅਜ਼ਾਦੀ ਦਿਵਸ ਦੀਆਂ ਤਿਆਰੀਆਂ ਦਾ ਜਾਇਜ਼ਾ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** 15 ਅਗਸਤ ਨੂੰ ਆਜ਼ਾਦੀ ਦਿਹਾੜੇ ਮੌਕੇ ਖੇਡ ਸਟੇਡੀਅਮ ਮਾਧੋਪੁਰ ਸਰਹਿੰਦ ਵਿਖੇ ਕਰਾਏ ਜਾ ਰਹੇ ਜ਼ਿਲ੍ਹਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਦੱਸਿਆ ਕਿ ਇਸ ਵਾਰ ਪੰਜਾਬ, ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਕੌਮੀ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਡਾ. ਸੋਨਾ ਥਿੰਦ ਨੇ ਦੱਸਿਆ ਕਿ ਸੁਤੰਤਰਤਾ ਦਿਵਸ ਸਮਾਗਮ ਦੌਰਾਨ ਪੰਜਾਬ ਪੁਲਸ, ਮਹਿਲਾ ਪੁਲਸ, ਪੰਜਾਬ ਹੋਮ ਗਾਰਡਜ਼, ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਤੇ ਐਨ.ਸੀ.ਸੀ. ਕੈਡਿਟਾਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਜਾਵੇਗਾ।ਜਦਕਿ ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਨਾਲ ਭਰਪੂਰ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੇ ਜਾਣਗੇ।ਇਸ ਤੋਂ ਇਲਾਵਾ ਜ਼ਿਲ੍ਹੇ ਨਾਲ ਸਬੰਧਤ ਸੁਤੰਤਰਤਾ ਸੰਗਰਾਮੀਆਂ ਤੇ ਵੱਖ-ਵੱਖ ਖੇਤਰਾਂ 'ਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਵੀ ਸਨਮਾਨਤ ਕੀਤਾ ਜਾਵੇਗਾ।ਇਸ ਤੋਂ ਇਲਾਵਾ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਲੋੜਵੰਦਾਂ ਨੂੰ ਟਰਾਈ ਸਾਇਕਲ, ਵੀਲ੍ਹ ਚੇਅਰ ਤੇ ਸਿਲਾਈ ਮਸ਼ੀਨਾਂ ਵੀ ਵੰਡੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮਾਗਮ ਨਾਲ ਸਬੰਧਤ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਲਈ ਵੱਖ-ਵੱਖ ਵਿਭਾਗਾਂ ਵੱਲੋਂ ਆਪਸੀ ਤਾਲਮੇਲ ਨਾਲ ਕੰਮ ਕੀਤਾ ਜਾ ਰਿਹਾ ਹੈ।ਸਮਾਗਮ ਵਿੱਚ ਆਉਣ ਵਾਲੇ ਮਹਿਮਾਨਾਂ ਅਤੇ ਆਮ ਲੋਕਾਂ ਦੀ ਸਹੂਲਤ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ ਤਾਂ ਜੁ ਸੁਤੰਤਰਤਾ ਦਿਵਸ ਨੂੰ ਪੂਰੇ ਉਤਸ਼ਾਹ, ਗੌਰਵ ਤੇ ਸ਼ਾਨ ਨਾਲ ਮਨਾਇਆ ਜਾ ਸਕੇ।[

## ਆਪਣੇ ਹੱਕਾਂ ਲਈ ਸੰਘਰਸ਼ ਨੂੰ ਠੰਢਾ ਨਹੀਂ ਪੈਣ ਦੇਵਾਂਗੇ : ਜਗਦੀਸ਼ ਚਾਹਲ



**ਮੋਗਾ (ਇਕਬਾਲ ਸਿੰਘ ਖਹਿਰਾ)** - ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਬ੍ਰਾਂਚ ਜ਼ਿਲ੍ਹਾ ਮੋਗਾ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਬਚਿੱਤਰ ਸਿੰਘ ਧੋਥੜ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਵਿੱਛੜੇ ਸਾਥੀ ਲਛਮਣ ਸਿੰਘ ਰਾਊਕੇ ਦੀ ਮੌਤ 'ਤੇ ਡੂੰਘਾ ਦੁੱਖ ਪ੍ਰਗਟ ਕਰਦੇ ਹੋਏ ਦੋ ਮਿੰਟ ਦਾ ਮੋਨ ਧਾਰਨ ਕੀਤਾ ਗਿਆ। ਇਸ ਮੌਕੇ ਬੋਲਦਿਆਂ ਭੁਪਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਬਾਰੇ ਕਿਹਾ ਹੈ ਕਿ ਇਹ ਵੱਧ ਤਨਖਾਹਾਂ ਲੈ ਰਹੇ ਹਨ ਜਦ ਕਿ ਇਹ ਸਰਕਾਰ ਲੋਕਾਂ ਸਾਮ੍ਹਣੇ ਲਗਾਤਾਰ ਝੂਠ ਬੋਲ ਰਹੀ ਹੈ। ਵਿਧਾਇਕਾਂ ਲਈ ਇੱਕ ਪੈਨਸ਼ਨ ਦਾ ਇਨ੍ਹਾਂ ਨੇ ਰੱਜ ਕੇ ਪ੍ਰਚਾਰ ਕੀਤਾ ਪਰ ਅਸਲ ਵਿੱਚ ਇਨ੍ਹਾਂ ਨੇ ਵਿਧਾਇਕਾਂ ਦੀ ਪੈਨਸ਼ਨ ਵਿੱਚ ਏਨਾ ਵਾਧਾ ਕਰ ਦਿੱਤਾ ਕਿ ਉਹ ਪੰਜ ਵਾਰ ਦੀਆਂ ਪੈਨਸ਼ਨਾਂ ਤੋਂ ਵੀ ਵੱਧ ਬਣਦੀ ਹੈ। ਆਈ ਏ ਐਸ, ਆਈ.ਪੀ.ਐਸ, ਪੀ.ਸੀ.ਐਸ ਅਧਿਕਾਰੀ ਜੋ ਤਨਖਾਹਾਂ ਦੇ ਗੱਫੇ ਲੈ ਰਹੇ ਹਨ , ਉਨ੍ਹਾਂ ਨੂੰ ਡੀ.ਏ ਨਾਲ ਦੀ ਨਾਲ ਦੇ ਰਹੀ ਹੈ ਉਸ ਸਮੇਂ ਤਾਂ ਇਸ ਸਰਕਾਰ ਨੂੰ ਖਜ਼ਾਨੇ 'ਤੇ ਪੈਂਦਾ ਬੋਝ ਦਿਖਾਈ ਨਹੀਂ ਦਿੰਦਾ। ਬੇਲੋੜੀਆਂ ਮਸ਼ਹੂਰੀਆਂ 'ਤੇ ਅੰਨ੍ਹੇਵਾਹ ਖਰਚਾ ਕੀਤਾ ਜਾ ਰਿਹਾ ਹੈ। ਮੰਤਰੀਆਂ ਵਿਧਾਇਕਾਂ ਦੀ ਤਨਖਾਹਾਂ, ਭੱਤੇ ਉਹ ਵੀ ਦਿਖਾਈ ਨਹੀਂ ਦਿੰਦੇ। ਇਹ ਸਰਕਾਰ ਤਾਂ ਅਦਾਲਤ ਨੂੰ ਵੀ ਟਿੱਚ ਸਮਝ ਰਹੀ ਹੈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਨੇ 7 ਅਗਸਤ ਦੀ ਰੈਲੀ ਦੀ ਰਿਪੋਰਟਿੰਗ ਕੀਤੀ। ਉਨ੍ਹਾਂ ਕਿਹਾ ਕਿ ਭਾਵੇਂ ਪੰਜਾਬ ਸਰਕਾਰ ਮਾਣਯੋਗ ਸੁਪਰੀਮ ਕੋਰਟ ਵਿੱਚ ਚਲੀ ਗਈ ਹੈ ਅਸੀਂ ਕੋਰਟ ਦੇ ਫੈਸਲੇ ਦਾ ਸਤਿਕਾਰ ਕਰਦੇ ਹਾਂ ਪਰ ਅਸੀਂ ਆਪਣੇ ਹੱਕਾਂ ਲਈ ਸੰਘਰਸ਼ ਨੂੰ ਠੰਢਾ ਨਹੀਂ ਪੈਣ ਦੇਵਾਂਗੇ । 17-18 ਅਗਸਤ ਨੂੰ ਮੁਲਾਜ਼ਮ ਕੰਮ ਛੋੜ ਹੜ੍ਹਤਾਲ ਕਰਨਗੇ ਅਤੇ ਪੈਨਸ਼ਨਰ ਸਾਰੇ ਪੰਜਾਬ ਵਿੱਚ ਪੰਜਾਬ ਸਰਕਾਰ ਦੇ ਪੁਤਲੇ ਫੂਕਣਗੇ। ਉਹਨਾਂ ਕਿਹਾ ਕਿ ਮੁਲਾਜ਼ਮ 30-35 ਸਾਲ ਦੀ ਨੌਕਰੀ ਕਰਨ ਤੋਂ ਬਾਅਦ ਵੀ ਪੈਨਸ਼ਨ ਅਤੇ ਡੀ ਏ ਲਈ ਧੱਕੇ ਖਾ ਰਹੇ ਹਨ ਪਰ ਵਿਧਾਇਕ ਜੇ ਇੱਕ ਦਿਨ ਲਈ ਵੀ ਸਹੁੰ ਚੁੱਕ ਲਵੇ ਤਾਂ ਪੈਨਸ਼ਨ ਦਾ ਹੱਕਦਾਰ ਬਣ ਜਾਂਦਾ ਹੈ। ਉਹਨਾਂ ਕਿਹਾ ਕਿ ਜੋ ਵੀ ਠੇਕਾ ਪ੍ਰਣਾਲੀ ਜਾਂ ਆਊਟ ਸੋਰਸ ਪ੍ਰਣਾਲੀ ਜਾਂ ਨਵੀਂ ਪੈਨਸ਼ਨ ਸਕੀਮ ਹੈ ਉਹ ਸਿਰਫ਼ ਤੇ ਸਿਰਫ਼ ਛੋਟੇ ਮੁਲਾਜ਼ਮਾਂ ਲਈ ਹੈ ਕਿਉਂਕਿ ਇਹ ਮੁਲਾਜ਼ਮ ਆਮ ਲੋਕਾਂ ਦੇ ਬੱਚੇ ਹਨ । ਇਸ ਮੌਕੇ ਸਟੇਜ ਦੀ ਕਾਰਵਾਈ ਬੂਟਾ ਸਿੰਘ ਭੱਟੀ ਨੇ ਚਲਾਈ । ਸਤਪਾਲ ਸਹਿਗਲ, ਅਜਮੇਰ ਸਿੰਘ ਅਖਾੜਾ ਨੇ ਵੀ ਸੰਬੋਧਨ ਕੀਤਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਛਿੰਦਰਪਾਲ ਵਰ੍ਹੇ, ਦਵਿੰਦਰਪਾਲ ਸਿੰਘ ਭਾਗੀਕੇ, ਕਰਨੈਲ ਸਿੰਘ, ਅਜਮੇਰ ਸਿੰਘ ਕੈਸ਼ੀਅਰ, ਭੁਪਿੰਦਰ ਸਿੰਘ ਭਿੰਡਾ, ਚਮਕੌਰ ਸਿੰਘ ਲੰਗੇਆਣਾ, ਅਵਤਾਰ ਸਿੰਘ ਰਿਟਾ ਲੈਕ, ਮੱਘਰ ਸਿੰਘ, ਬਚਿੱਤਰ ਸਿੰਘ ਘੋਲੀਆ, ਲਛਮਣ ਸਿੰਘ ਘੋਲੀਆ, ਕਰਨੈਲ ਸਿੰਘ ਭਲੂਰ ਆਦਿ ਵੀ ਹਾਜ਼ਰ ਸਨ।

# 'ਰਨਵੇਅ ਆਫ਼ ਡਰੀਮਜ਼' ਨੇ ਬੱਚਿਆਂ ਲਈ ਵੱਖ-ਵੱਖ ਸ਼੍ਰੇਣੀਆਂ ਦੇ ਮੁਕਾਬਲੇ ਕਰਾਏ




**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਬੱਚਿਆਂ ਦੀ ਪ੍ਰਤਿਭਾ, ਰਚਨਾਤਮਕ ਹੁਨਰ ਤੇ ਆਤਮ-ਵਿਸ਼ਵਾਸ ਨੂੰ ਉਤਸ਼ਾਹਤ ਕਰਨ ਲਈ ਇੱਕ ਰੰਗਾ-ਰੰਗ ਤੇ ਪ੍ਰੇਰਨਾਦਾਇਕ ਸਮਾਗਮ 'ਸੇਪੀਅਨਜ਼ ਸਿਲੇਸਟੀਆ 2026-ਰਨਵੇਅ ਆਫ਼ ਡ੍ਰੀਮਜ਼' ਕਰਾਇਆ ਗਿਆ, ਜਿਸ ਵਿੱਚ ਸ਼ਹਿਰ ਭਰ ਦੇ ਬੱਚਿਆਂ ਨੇ ਆਪਣੀ ਯੋਗਤਾ ਦਾ ਪ੍ਰਦਰਸ਼ਨ ਕੀਤਾ। 'ਲਿਟਲ ਸੇਪੀਅਨਜ਼' ਤੇ 'ਸੇਪੀਅਨਜ਼ ਕਿੰਡਰਗਾਰਟਨ' ਵੱਲੋਂ ਮਹਾਰਾਣੀ ਕਲੱਬ ਵਿਖੇ ਕਰਾਏ ਇਸ ਸਮਾਗਮ ਨੇ ਬੱਚਿਆਂ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਤੋਂ ਬਾਹਰ ਨਿਕਲ ਕੇ ਵਿਭਿੰਨ ਗਤੀਵਿਧੀਆਂ ਤੇ ਮੁਕਾਬਲਿਆਂ ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਬਹਿਤਰੀਨ ਮੰਚ ਮੁਹੱਈਆ ਕਰਾਇਆ। ਦਿਨ ਭਰ ਚੱਲੇ ਇਸ ਸਮਾਗਮ ਵਾਲੀ ਥਾਂ 'ਤੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ, ਜਿੱਥੇ ਬੱਚਿਆਂ ਪ੍ਰਤੀਯੋਗੀਆਂ ਨੇ ਜੱਜਾਂ, ਮਾਪਿਆਂ ਤੇ ਆਪਣੇ ਸਾਥੀਆਂ ਸਾਹਮਣੇ ਮੰਚ 'ਤੇ ਸ਼ਾਨਦਾਰ ਪੇਸ਼ਕਾਰੀਆਂ ਦਿੱਤੀਆਂ।ਹਰ ਪੇਸ਼ਕਾਰੀ ਬੱਚਿਆਂ ਦੀ ਸਖ਼ਤ ਮਿਹਨਤ, ਤਿਆਰੀ ਤੇ ਜਜ਼ਬੇ ਨੂੰ ਦਰਸਾਉਂਦੀ ਸੀ।ਸਮਾਗਮ ਵਿੱਚ ਮੌਜੂਦ ਹਰ ਇੱਕ ਨੇ ਤਾੜੀਆਂ ਮਾਰ ਕੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਪ੍ਰਬੰਧਕਾਂ ਨੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਹਰ ਬੱਚੇ ਵਿੱਚ ਵਿਲੱਖਣ ਯੋਗਤਾਵਾਂ ਹੁੰਦੀਆਂ ਹਨ ਤੇ ਉਹ ਇੱਕ ਅਜਿਹੇ ਮੰਚ ਦੇ ਹੱਕਦਾਰ ਹੈ ਜਿੱਥੇ ਉਨ੍ਹਾਂ ਦੀ ਪ੍ਰਤਿਭਾ ਦੀ ਪਛਾਣ ਅਤੇ ਸ਼ਲਾਘਾ ਕੀਤੀ ਜਾ ਸਕੇ।ਉਨ੍ਹਾਂ ਜ਼ੋਰ ਦਿੱਤਾ ਕਿ ਅਜਿਹੇ ਸਮਾਗਮ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਗੱਲਬਾਤ ਦਾ ਢੰਗ, ਰਚਨਾਤਮਕਤਾ ਤੇ ਸਿੱਖਣ ਪ੍ਰਤੀ ਸਕਾਰਾਤਮਕ ਰਵੱਈਆ ਵਿਕਸਿਤ ਕਰਨ ਵਿੱਚ ਮਦਦ ਕਰਦੇ ਹਨ।ਅਜਿਹੇ ਸਮਾਗਮਾਂ ਵਿੱਚ ਹਿੱਸਾ ਲੈਣਾ ਹੀ ਆਪਣੇ ਆਪ ਵਿੱਚ ਇੱਕ ਪ੍ਰਾਪਤੀ ਹੁੰਦਾ ਹੈ, ਜੋ ਇਸ ਵਿਚਾਰ ਨੂੰ ਮਜ਼ਬੂਤ ਕਰਦਾ ਹੈ ਕਿ ਜਿੱਤਣ ਦੇ ਨਾਲ-ਨਾਲ ਸ਼ਖ਼ਸੀਅਤ ਦਾ ਵਿਕਾਸ ਅਤੇ ਸਵੈ-ਪ੍ਰਗਟਾਵਾ ਵੀ ਓਨਾ ਹੀ ਮਹੱਤਵਪੂਰਨ ਹੈ। ਸਮਾਗਮ ਦਾ ਸਮਾਪਤੀ ਸਰਟੀਫਿਕੇਟ ਅਤੇ ਇਨਾਮ ਵੰਡ ਸਮਾਰੋਹ ਨਾਲ ਹੋਇਆ, ਜਿਸ ਵਿੱਚ ਬਿਹਤਰ ਪ੍ਰਦਰਸ਼ਨ ਕਰਨ ਵਾਲੇ ਵੱਖ-ਵੱਖ ਸ਼੍ਰੇਣੀਆਂ ਦੇ ਪ੍ਰਤੀਯੋਗੀਆਂ ਨੂੰ ਸਨਮਾਨਤ ਕੀਤਾ ਗਿਆ।ਹੱਸਦੇ ਚਿਹਰਿਆਂ, ਖੁਸ਼ੀ ਨਾਲ ਭਰੇ ਮਾਪਿਆਂ ਤੇ ਉਤਸ਼ਾਹੀ ਬੱਚਿਆਂ ਨੇ ਸਮਾਪਤੀ ਦੇ ਪਲਾਂ ਨੂੰ ਹੋਰ ਯਾਦਗਾਰੀ ਬਣਾ ਦਿੱਤਾ।

## ਰਣਜੋਧ ਸਿੰਘ ਹਡਾਣਾ ਵੱਲੋਂ ਲੋਕ ਮਿਲਣੀ ਦੌਰਾਨ ਸਮੱਸਿਆਵਾਂ ਬਾਰੇ ਵਿਚਾਰਾਂ



**ਸਨੌਰ /ਪਟਿਆਲਾ (ਰਾਜਿੰਦਰ ਸਿੰਘ ਥਿੰਦ)** -ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਸ਼ਸਪੁਰ, ਮਾਜਰੀ ਅਤੇ ਸ਼ੇਖੂਪੁਰ ਕੰਬੋਆ ਵਿਖੇ ਲੋਕ ਮਿਲਣੀ ਪ੍ਰੋਗਰਾਮ ਵਿੱਚ ਪਿੰਡ ਵਾਸੀਆਂ ਨਾਲ ਲੋਕ ਮਸਲਿਆਂ 'ਤੇ ਖੁੱਲ ਕੇ ਗੱਲਬਾਤ ਕੀਤੀ ਗਈ, ਜਿਸ ਵਿੱਚ ਹਰਪ੍ਰੀਤ ਸਿੰਘ ਘੁੰਮਣ, ਗੁਰਪ੍ਰੀਤ ਸਿੰਘ ਤੇ ਹੋਰ ਆਪ ਆਗੂਆਂ ਦੀ ਅਗਵਾਈ ਵਿੱਚ ਵੱਖ ਵੱਖ ਲੋਕ ਮਿਲਣੀ ਪ੍ਰੋਗਰਾਮਾਂ ਵਿੱਚ ਦੇਰ ਰਾਤ ਤੱਕ ਇਲਾਕਾ ਵਾਸੀਆਂ ਦਾ ਵਿਸ਼ਾਲ ਇਕੱਠ ਅਤੇ ਅਥਾਹ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਕਿਰਨਜੀਤ ਕੌਰ ਘੁੰਮਣ ਵਾਇਸ ਚੇਅਰਮੈਨ, ਬਲਵਿੰਦਰ ਕੌਰ ਸਰਪੰਚ ਵਿਦਿਆਲ ਨਗਰ, ਮਨਜੀਤ ਕੌਰ, ਗੁਰਜੀਤ ਸਿੰਘ ਝੰਡਲ ਬਲਾਕ ਪ੍ਰਧਾਨ ਤੇ ਸਰਪੰਚ, ਇੰਦਰ ਕੁਮਾਰ ਸਰਪੰਚ ਤੇ ਬਲਾਕ ਪ੍ਰਧਾਨ ਯੂਥ ਵਿੰਗ, ਲਖਵਿੰਦਰ ਸਿੰਘ ਪੰਚਾਇਤ ਮੈਂਬਰ, ਗੁਰਮੀਤ ਸਿੰਘ, ਪੰਚਾਇਤ ਮੈਂਬਰ ਗੁਰਦੇਵ ਸਿੰਘ, ਸਰਪੰਚ ਵਿਕਰਮ ਸਿੰਘ, ਕੁਲਦੀਪ ਸਿੰਘ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ ਪੰਚਾਇਤ ਮੈਂਬਰ ਮਹਿਮੂਦਪੁਰ ਤੋਂ ਇਲਾਵਾ 'ਆਪ' ਦੇ ਸੀਨੀਅਰ ਆਗੂ, ਸਥਾਨਕ ਸਰਪੰਚ-ਪੰਚ, ਪਾਰਟੀ ਵਰਕਰ ਅਤੇ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ। ਇਸ ਮੌਕੇ ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਪਿੰਡ ਮਹਿਮੂਦਪੁਰ ਅਰਾਈਆਂ ਤੋਂ ਹਰਦੀਪ ਸਿੰਘ ਨੰਬਰਦਾਰ, ਅਮਰਦੀਪ ਸਿੰਘ, ਦਵਿੰਦਰ ਸਿੰਘ, ਜਸਵੀਰ ਸਿੰਘ ਅਤੇ ਹੋਰ ਭਾਰੀ ਗਿਣਤੀ ਵਿੱਚ ਨੌਜਵਾਨ ਮੌਜੂਦ ਸਨ ।

# ਮਕਾਨ ਵੇਚਣ ਦੇ ਨਾਂਅ 'ਤੇ ਸਾਢੇ 7 ਲੱਖ ਰੁਪਏ ਦੀ ਠੱਗੀ, ਪੁਲਸ ਵੱਲੋਂ ਮਾਮਲਾ ਦਰਜ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਮਕਾਨ ਵੇਚਣ ਦੇ ਨਾਂਅ 'ਤੇ ਬਿਆਨੇ ਵਜੋਂ 7 ਲੱਖ 50 ਹਜ਼ਾਰ ਰੁਪਏ ਲੈਣ ਅਤੇ ਬਾਅਦ 'ਚ ਉਸੇ ਮਕਾਨ ਦੀ ਰਜਿਸਟਰੀ ਕਿਸੇ ਹੋਰ ਵਿਅਕਤੀ ਦੇ ਨਾਂਅ ਕਰ ਦੇਣ ਦੇ ਦੋਸ਼ ਹੇਠ ਪੁਲਿਸ ਨੇ ਦੋ ਔਰਤਾਂ ਖ਼ਿਲਾਫ਼ ਧੋਖਾਧੜੀ ਦਾ ਮਾਮਲਾ ਦਰਜ ਕੀਤਾ ਹੈ। ਪੁਲਸ ਵੱਲੋਂ ਦਰਜ ਕੀਤੇ ਗਏ ਮਾਮਲੇ ਵਿੱਚ ਬੀ.ਐਨ.ਐੱਸ. ਦੀਆਂ ਧਾਰਾਵਾਂ 318(4), 61(2) ਤੇ ਹੋਰ ਸੰਬੰਧਤ ਧਾਰਾਵਾਂ ਤਹਿਤ ਕਾਰਵਾਈ ਕੀਤੀ ਗਈ ਹੈ। ਪੁਲਸ ਰਿਕਾਰਡ ਅਨੁਸਾਰ ਮੁਕੱਦਮਾ ਨੰਬਰ 142 ਮਿਤੀ 11-08-2026 ਦਰਜ ਕੀਤਾ ਗਿਆ ਹੈ। ਮਾਮਲੇ ਵਿੱਚ ਸ਼ਿਕਾਇਤ ਸਿੰਘ ਪੁੱਤਰ ਕਰਮਜੀਤ ਸਿੰਘ ਵਾਸੀ ਲੋਹ ਮਾਣੇ ਕੇ, ਥਾਣਾ ਸਦਰ ਪੱਟੀ ਵੱਲੋਂ ਦਿੱਤੀ ਗਈ ਦਰਖ਼ਾਸਤ ਤੇ ਪੁਲਸ ਪੜਤਾਲ ਦੇ ਆਧਾਰ 'ਤੇ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਮਾਮਲੇ ਵਿੱਚ ਮੁਲਜ਼ਮ ਵਜੋਂ ਸਿਮਰਜੀਤ ਕੌਰ ਪਤਨੀ ਵਿਕਰਮ ਸਿੰਘ ਵਾਸੀ ਫਤਿਹਗੜ੍ਹ ਸਭਰਾ ਅਤੇ ਰਾਜ ਕੌਰ ਪਤਨੀ ਮਲੂਕ ਸਿੰਘ ਵਾਸੀ ਵਾਰਡ ਨੰਬਰ 1, ਬਸਤੀ ਕਰਤਾਰਪੁਰ, ਸੰਗਰੂਰ ਦੇ ਨਾਂਅ ਦਰਜ ਕੀਤੇ ਗਏ ਹਨ। ਦਰਖਾਸਤਕਰਤਾ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਮਕਾਨ ਨੂੰ ਵੇਚਣ ਲਈ ਉਸ ਨਾਲ ਸੌਦਾ ਕੀਤਾ ਗਿਆ ਸੀ। ਸੌਦੇ ਤਹਿਤ ਮਕਾਨ ਦੀ ਕੀਮਤ ਤੈਅ ਕਰਕੇ ਉਸ ਵੱਲੋਂ ਬਿਆਨੇ ਦੀ ਰਕਮ ਵਜੋਂ 7,50,000 ਰੁਪਏ ਦਿੱਤੇ ਗਏ। ਬਿਆਨਾ ਲੈਣ ਤੋਂ ਬਾਅਦ ਮਕਾਨ ਦੀ ਰਜਿਸਟਰੀ ਕਰਵਾਉਣ ਲਈ ਤਰੀਕ ਵੀ ਤੈਅ ਕੀਤੀ ਗਈ ਸੀ। ਦਰਖਾਸਤਕਰਤਾ ਨੂੰ ਉਮੀਦ ਸੀ ਕਿ ਤੈਅ ਕੀਤੀ ਤਰੀਕ 'ਤੇ ਮਕਾਨ ਦੀ ਰਜਿਸਟਰੀ ਉਸਦੇ ਨਾਂਅ ਕਰ ਦਿੱਤੀ ਜਾਵੇਗੀ। ਸ਼ਿਕਾਇਤ ਅਨੁਸਾਰ ਬਾਅਦ ਵਿੱਚ ਮੁਲਜ਼ਮਾਂ ਨੇ ਕਥਿਤ ਤੌਰ 'ਤੇ ਆਪਸ ਵਿੱਚ ਮਿਲੀਭੁਗਤ ਕਰਕੇ ਦਰਖਾਸਤਕਰਤਾ ਨਾਲ ਕੀਤੇ ਸਮਝੌਤੇ ਦੀ ਉਲੰਘਣਾ ਕੀਤੀ ਤੇ ਮਕਾਨ ਦੀ ਰਜਿਸਟਰੀ ਕਿਸੇ ਹੋਰ ਵਿਅਕਤੀ ਦੇ ਨਾਂਅ ਕਰ ਦਿੱਤੀ। ਇਸ ਕਾਰਨ ਦਰਖਾਸਤਕਰਤਾ ਨੂੰ ਨਾ ਤਾਂ ਮਕਾਨ ਮਿਲਿਆ ਅਤੇ ਨਾ ਹੀ ਉਸ ਵੱਲੋਂ ਬਿਆਨੇ ਵਜੋਂ ਦਿੱਤੀ ਗਈ 7.50 ਲੱਖ ਰੁਪਏ ਦੀ ਰਕਮ ਵਾਪਸ ਕੀਤੀ ਗਈ। ਪੁਲਸ ਵੱਲੋਂ ਕੀਤੀ ਗਈ ਪੜਤਾਲ ਤੋਂ ਬਾਅਦ ਮਾਮਲੇ ਵਿੱਚ ਧੋਖਾਧੜੀ ਦੇ ਦੋਸ਼ਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਕੇਸ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਵੱਲੋਂ ਸੌਦੇ ਨਾਲ ਸਬੰਧਤ ਦਸਤਾਵੇਜ਼ਾਂ, ਬਿਆਨੇ ਦੀ ਰਕਮ, ਮਕਾਨ ਦੀ ਮਲਕੀਅਤ ਤੇ ਰਜਿਸਟਰੀ ਨਾਲ ਸਬੰਧਤ ਰਿਕਾਰਡ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਸ ਇਹ ਵੀ ਪਤਾ ਲਗਾ ਰਹੀ ਹੈ ਕਿ ਮਕਾਨ ਦੀ ਰਜਿਸਟਰੀ ਕਿਸ ਵਿਅਕਤੀ ਦੇ ਨਾਂਅ ਕੀਤੀ ਗਈਤੇ ਇਸ ਸਬੰਧੀ ਮੁਲਜ਼ਮਾਂ ਵੱਲੋਂ ਕਿਹੜੇ ਦਸਤਾਵੇਜ਼ ਵਰਤੇ ਗਏ। ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਹੈ ਤੇ ਪੁਲਸ ਵੱਲੋਂ ਤੱਥਾਂ ਦੇ ਆਧਾਰ 'ਤੇ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਸੰਤ ਲੌਂਗੋਵਾਲ ਦੀ ਬਰਸੀ ਸੰਬੰਧੀ ਅਕਾਲੀ ਦਲ ਦੀ ਅਹਿਮ ਮੀਟਿੰਗ



**ਭਵਾਨੀਗੜ੍ਹ (ਰਾਜ ਖੁਰਮੀ)** ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਸਬੰਧੀ ਤਿਆਰੀਆਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਮੀਟਿੰਗ ਸੰਗਰੂਰ ਵਿਖੇ ਪ੍ਰਨੀਆ ਟਾਵਰ ਵਿੱਚ ਹਲਕਾ ਇੰਚਾਰਜ ਸ੍ਰੀ ਅਰਵਿੰਦ ਖੰਨਾ ਦੀ ਅਗਵਾਈ ਹੇਠ ਹੋਈ।ਮੀਟਿੰਗ ਦੌਰਾਨ 20 ਅਗਸਤ ਨੂੰ ਪਿੰਡ ਲੌਂਗੋਵਾਲ ਵਿਖੇ ਮਨਾਈ ਜਾਣ ਵਾਲੀ ਸੰਤ ਲੌਂਗੋਵਾਲ ਦੀ ਬਰਸੀ ਨੂੰ ਲੈ ਕੇ ਪਾਰਟੀ ਆਗੂਆਂ ਅਤੇ ਵਰਕਰਾਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਅਰਵਿੰਦ ਖੰਨਾ ਨੇ ਕਿਹਾ ਕਿ ਸੰਤ ਹਰਚੰਦ ਸਿੰਘ ਲੌਂਗੋਵਾਲ ਪੰਜਾਬ ਦੀ ਇੱਕ ਮਹਾਨ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਸਮਾਜ ਅਤੇ ਪੰਜਾਬ ਦੀ ਸੇਵਾ ਨੂੰ ਸਮਰਪਿਤ ਕਰ ਦਿੱਤਾ। ਉਨ੍ਹਾਂ ਕਿਹਾ ਕਿ ਸੰਤ ਲੌਂਗੋਵਾਲ ਨੇ ਪੰਜਾਬ ਵਿੱਚ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਕਾਇਮ ਰੱਖਣ ਲਈ ਵੱਡਾ ਯੋਗਦਾਨ ਪਾਇਆ। ਉਨ੍ਹਾਂ ਦੇ ਜੀਵਨ ਤੋਂ ਅੱਜ ਦੀ ਪੀੜ੍ਹੀ ਨੂੰ ਸੇਧ ਲੈਣੀ ਚਾਹੀਦੀ ਹੈ। ਉਨ੍ਹਾਂ ਸੰਤ ਲੌਂਗੋਵਾਲ ਵੱਲੋਂ ਦਿੱਤੀ ਕੁਰਬਾਨੀ ਨੂੰ ਯਾਦ ਕਰਦਿਆਂ ਕਿਹਾ ਕਿ ਪੰਜਾਬ ਦੇ ਰਾਜਨੀਤਿਕ ਤੇ ਧਾਰਮਿਕ ਹਾਲਾਤ ਤਣਾਅਪੂਰਨ ਹੋਣ ਦੇ ਬਾਵਜੂਦ ਸੰਤ ਜੀ ਨੇ ਪੰਜਾਬ ਦੇ ਮਸਲਿਆਂ ਨੂੰ ਸੰਵਿਧਾਨਕ ਤੇ ਰਾਜਨੀਤਕ ਢੰਗ ਨਾਲ ਹੱਲ ਕਰਉਣ ਲਈ ਅਗਵਾਈ ਕੀਤੀ।ਉਨ੍ਹਾਂ ਕਿਹਾ ਕਿ 24 ਜੁਲਾਈ 1985 ਨੂੰ ਹੋਇਆ ਰਾਜੀਵ-ਲੌਂਗੋਵਾਲ ਸਮਝੌਤਾ ਪੰਜਾਬ ਨਾਲ ਸਬੰਧਤ ਕਈ ਰਾਜਨੀਤਕ, ਆਰਥਿਕ ਤੇ ਪ੍ਰਸ਼ਾਸਕੀ ਮਸਲਿਆਂ ਦੇ ਹੱਲ ਵੱਲ ਇੱਕ ਮਹੱਤਵਪੂਰਨ ਕਦਮ ਸੀ।ਸੰਤ ਲੌਂਗੋਵਾਲ ਨੇ ਪੰਜਾਬ ਵਿੱਚ ਸ਼ਾਂਤੀ ਸਥਾਪਤ ਕਰਨ ਲਈ ਅਹਿਮ ਭੂਮਿਕਾ ਨਿਭਾਈ।

## ਗਲੀਆਂ-ਸੜਕਾਂ ਵਿਚਕਾਰ ਖੜ੍ਹੇ ਵਾਹਨਾਂ ਤੋਂ ਲੋਕ ਪ੍ਰੇਸ਼ਾਨ

**ਬਰੇਟਾ (ਰੀਤਵਾਲ)** ਸ਼ਹਿਰ ਦੀਆਂ ਮੁੱਖ ਗਲੀਆਂ ਤੇ ਸੜਕਾਂ ਦੇ ਵਿਚਕਾਰ ਬੇਤਰਤੀਬੇ ਢੰਗ ਨਾਲ ਖੜ੍ਹੇ ਵਾਹਨਾਂ ਕਾਰਨ ਸਥਾਨਕ ਲੋਕਾਂ ਤੇ ਰਾਹਗੀਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਲਾਕਾ ਨਿਵਾਸੀਆਂ ਦਾ ਕਹਿਣਾ ਹੈ ਕਿ ਕਈ ਵਾਹਨ ਚਾਲਕ ਆਪਣੇ ਵਾਹਨ ਸੜਕ ਦੇ ਵਿਚਕਾਰ ਹੀ ਖੜ੍ਹੇ ਕਰ ਦਿੰਦੇ ਹਨ, ਜਿਸ ਨਾਲ ਆਵਾਜਾਈ ਪੂਰੀ ਤਰ੍ਹਾਂ ਪ੍ਰਭਾਵਿਤ ਹੁੰਦੀ ਹੈ ਤੇ ਅਕਸਰ ਲੰਮਾ ਜਾਮ ਲੱਗ ਜਾਂਦਾ ਹੈ। ਸਥਾਨਕ ਦੁਕਾਨਦਾਰਾਂ ਤੇ ਵਸਨੀਕਾਂ ਨੇ ਦੱਸਿਆ ਕਿ ਤੰਗ ਗਲੀਆਂ ਵਿੱਚ ਖੜ੍ਹੇ ਇਹ ਵਾਹਨ ਨਾ ਸਿਰਫ਼ ਪੈਦਲ ਚੱਲਣ ਵਾਲਿਆਂ ਲਈ ਮੁਸ਼ਕਲ ਖੜ੍ਹੀ ਕਰਦੇ ਹਨ, ਸਗੋਂ ਸਕੂਲੀ ਬੱਚਿਆਂ ਤੇ ਬਜ਼ੁਰਗਾਂ ਲਈ ਵੀ ਖ਼ਤਰਾ ਬਣੇ ਰਹਿੰਦੇ ਹਨ। ਐਂਬੂਲੈਂਸ ਅਤੇ ਹੋਰ ਐਮਰਜੈਂਸੀ ਵਾਹਨਾਂ ਨੂੰ ਵੀ ਲੰਘਣ 'ਚ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਨਾਲ ਕਈ ਵਾਰ ਜਾਨੀ ਨੁਕਸਾਨ ਦਾ ਖ਼ਤਰਾ ਵੀ ਬਣਿਆ ਰਹਿੰਦਾ ਹੈ। ਲੋਕਾਂ ਨੇ ਸਬੰਧਤ ਪ੍ਰਸ਼ਾਸਨ ਅਤੇ ਟ੍ਰੈਫਿਕ ਪੁਲਿਸ ਤੋਂ ਮੰਗ ਕੀਤੀ ਹੈ ਕਿ ਸੜਕਾਂ ਵਿਚਕਾਰ ਖੜ੍ਹੇ ਕੀਤੇ ਜਾਣ ਵਾਲੇ ਵਾਹਨਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਨਿਯਮਿਤ ਗਸ਼ਤ ਵਧਾਈ ਜਾਵੇ।ਨਾਲ ਹੀ ਇਲਾਕੇ ਵਿੱਚ ਢੁਕਵੀਂ ਪਾਰਕਿੰਗ ਥਾਂ ਦੀ ਵਿਵਸਥਾ ਕਰਨ ਦੀ ਵੀ ਅਪੀਲ ਕੀਤੀ ਗਈ ਹੈ, ਤਾਂ ਜੁ ਆਮ ਲੋਕਾਂ ਨੂੰ ਆਉਣ-ਜਾਣ ਵਿੱਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

## ਪਾਵਰਕਾਮ ਪੈਨਸ਼ਨਰਾਂ ਵੱਲੋਂ ਆਪ ਸਰਕਾਰ ਨੂੰ ਵੋਟਾਂ ਨਾ ਪਾਉਣ ਦਾ ਫ਼ੈਸਲਾ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਮੰਡਲ ਧੂਰੀ ਦੀ ਸੁਖਦੇਵ ਸਿੰਘ, ਪ੍ਰਧਾਨ ਦੀ ਪ੍ਰਧਾਨਗੀ ਹੇਠ ਜਨਰਲ ਹਾਊਸ ਦੀ ਹੋਈ ਮੀਟਿੰਗ 'ਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਆਪਣੇ ਸਾਂਝੇ ਸੰਘਰਸ਼ ਨੂੰ ਹੋਰ ਪ੍ਰਚੰਡ ਕਰਨ ਦਾ ਦ੍ਰਿੜ੍ਹ ਸੰਕਲਪ ਲਿਆ ਗਿਆ।



ਇਸ ਮੌਕੇ ਸਰਵਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਸਮੂਹ ਪੈਨਸ਼ਨਰ ਆਪਣੇ ਪਰਿਵਾਰਾਂ ਸਮੇਤ ਆਉਣ ਵਾਲੀਆਂ ਚੋਣਾਂ ਵਿੱਚ ਮੌਜੂਦਾ ਪੰਜਾਬ ਸਰਕਾਰ ਦਾ ਮੁਕੰਮਲ ਬਾਈਕਾਟ ਕਰਨਗੇ ਅਤੇ ਕਿਸੇ ਵੀ ਸੂਰਤ ਵਿੱਚ ਇਸ ਸਰਕਾਰ ਦੇ ਹੱਕ ਵਿੱਚ ਵੋਟ ਨਹੀਂ ਭੁਗਤਾਉਣਗੇ। ਮੀਟਿੰਗ ਦੇ ਆਗਾਜ਼ ਵਿੱਚ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪਵਨ ਹਰਦੇਵਪੁਰੀ ਦੀ ਧਰਮਪਤਨੀ ਸ੍ਰੀਮਤੀ ਪੁਸ਼ਪਾ ਸ਼ਰਮਾ ਅਤੇ ਚਰਨਜੀਤ ਸਿੰਘ ਜੇਈ ਦੀ ਧਰਮਪਤਨੀ ਸ੍ਰੀਮਤੀ ਗੁਰਬਚਨ ਕੌਰ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਸਾਂਝੀ ਕੀਤੀ ਗਈ।ਇਸ ਜਨਰਲ ਹਾਊਸ ਮੀਟਿੰਗ ਵਿੱਚ ਰੂਪ ਸਿੰਘ ਜੇ.ਈ. ਸਰਕਲ ਆਗੂ, ਹਰਦੇਵ ਸਿੰਘ, ਅਮਰਜੀਤ ਸਿੰਘ ਅਮਨ, ਲੋਹ ਸਿੰਘ, ਦਲਜੀਤ ਸਿੰਘ, ਕੇਹਰ ਸਿੰਘ, ਜਸਪਾਲ ਸਿੰਘ ਧੂਰਮੀ, ਇੰਦਰਜੀਤ ਸਿੰਘ, ਜੋਗਿੰਦਰ ਸਿੰਘ ਸਾਬਕਾ ਸਰਪੰਚ ਹਰਚੰਦਪੁਰ, ਅਮਰਜੀਤ ਸਿੰਘ ਸੁਪਰਡੈਂਟ ਅਤੇ ਦਲਵੀਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਸ਼ਮੂਲੀਅਤ ਕੀਤੀ।

## ਬੀ ਕੇ ਯੂ ਏਕਤਾ ਆਜ਼ਾਦ ਵੱਲੋਂ ਭਖਦੇ ਮਸਲਿਆਂ 'ਤੇ ਵਿਚਾਰਾਂ



**ਅਜੀਤਵਾਲ (ਨਛੱਤਰ ਸੰਧੂ)** - ਉਂਝਵਾਰ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਮੀਟਿੰਗ ਠਾਠ ਧੂਹੀ ਸਾਹਿਬ ਬੰਧਨੀ ਕਲਾਂ ਜ਼ਿਲਾ ਆਗੂ ਜਗਰਾਜ ਸਿੰਘ ਦਦਾਹੂਰ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਸੂਬਾ ਆਗੂ ਲਖਵੀਰ ਸਿੰਘ ਦੌਧਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ । ਮੀਟਿੰਗ ਵਿੱਚ ਫੰਡਾਂ ਨੂੰ ਲੈ ਕੇ ਵਿਸ਼ੇਸ਼ ਚਰਚਾ ਹੋਈ ਤੇ ਪਿਛਲੇ ਦਿਨੀ ਬਰਨਾਲਾ ਵਿਖੇ ਹੋਏ ਸਫਾਈ ਕਰਮਚਾਰੀਆਂ ਉੱਤੇ ਲਾਠੀ ਚਾਰਜ , ਬੇਰੁਜ਼ਗਾਰ ਲਾਈਨ ਮੈਨਾਂ ਤੇ ਈ ਟੀ ਟੀ ਅਧਿਆਪਕ ਅਤੇ ਆਸ਼ਾ ਵਰਕਰਾਂ ਉੱਤੇ ਹੋਏ ਲਾਠੀ ਚਾਰਜ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ । ਫੈਸਲਾ ਕੀਤਾ ਕਿ ਬਿਜਲੀ ਸੋਧ ਬਿਲ 2025 ਤੇ ਅਮਰੀਕਾ ਨਾਲ ਵਪਾਰ ਸਮਝੌਤੇ ਨੂੰ ਰੱਦ ਕਰਾਉਣ ਦੇ ਲਈ ਆਉਣ ਵਾਲੇ ਸਮੇਂ ਵਿੱਚ ਤਿੱਖਾ ਸੰਗਰਸ਼ ਵਿੱਢਿਆ ਜਾਵੇਗਾ। ਮੀਟਿੰਗ ਵਿੱਚ ਅਜਮੇਰ ਸਿੰਘ,ਦਰਸ਼ਨ ਸਿੰਘ ਕਿਸ਼ਨਪੁਰਾ,ਸੁਖਜੀਤ ਸਿੰਘ ਕਰਮਜੀਤ ਸਿੰਘ ਪਰਮਜੀਤ ਸਿੰਘ,ਕੁਲਵੰਤ ਸਿੰਘ ਦੌਧਰ ਗੁਰਜੀਤ ਸਿੰਘ ਕਾਲੀਆ ਵਾਲਾ,ਸਿਰਮਜੀਤ ਸਿੰਘ, ਸੁਖਰਾਜ ਸਿੰਘ, ਹਰਜੀਤ ਸਿੰਘ ਦੱਦਾਹੂਰ, ਗਿਆਨ ਸਿੰਘ ਬੁੱਟਰ ਗੁਰਪ੍ਰੀਤ ਸਿੰਘ ਦੋਸਾਂਝ ਆਦਿ ਹਾਜ਼ਰ ਹੋਏ।

## ਮਜ਼ਦੂਰਾਂ 'ਚ ਪਾੜ ਪਾਉਣ ਵਾਲਿਆਂ ਤੋਂ ਲੋਕ ਸੁਚੇਤ ਰਹਿਣ : ਜੱਸੀ ਪੇਧਨੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** - ਪਿੰਡ ਰਾਏਸਰ ਪੰਜਾਬ ਵਿਖੇ ਮਨਰੇਗਾ ਮਜ਼ਦੂਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਉੱਘੇ ਸਮਾਜ ਸੇਵੀ ਭਾਨ ਸਿੰਘ ਜੱਸੀ ਪੇਧਨੀ ਨੇ ਕਿਹਾ ਕਿ ਇਨਕਲਾਬੀ ਲੋਕ ਕਵੀ ਸੰਤ ਰਾਮ ਉਦਾਸੀ ਦੇ ਪਿੰਡ ਅੱਜ ਵੀ ਮਜ਼ਦੂਰਾਂ ਦੀ ਹਾਲਤ ਤਰਸਯੋਗ ਹੈ, ਸਰਕਾਰਾਂ ਵੱਲੋਂ ਮਜ਼ਦੂਰ ਵਰਗ ਨੂੰ ਹਮੇਸ਼ਾ ਅਣਦੇਖਿਆ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਨੂੰ ਉਨ੍ਹਾਂ ਲੀਡਰਾਂ ਤੋਂ ਸੁਚੇਤ ਹੋਣ ਦੀ ਲੋੜ ਹੈ, ਜਿਹੜੇ ਸਾਨੂੰ ਆਪਸ ਵਿੱਚ ਪਾੜ ਕੇ ਆਪਣੀਆਂ ਸਿਆਸੀ ਰੋਟੀਆਂ ਸੇਕਣੀਆਂ ਚਾਹੁੰਦੇ ਹਨ । ਪੰਜਾਬ ਖੇਤ ਮਜ਼ਦੂਰ ਸਭਾ ਬਰਨਾਲਾ ਦੇ ਪ੍ਰਧਾਨ ਖੁਸ਼ੀਆ ਸਿੰਘ ਨੇ ਕਿਹਾ ਕਿ ਮਜ਼ਦੂਰ ਜਮਾਤ ਚੇਤਨ ਨਾ ਹੋਣ ਕਰਕੇ ਇਨ੍ਹਾਂ ਨੂੰ ਸਿਆਸੀ ਲੋਕ ਵਰਤਦੇ ਹਨ, ਨਾ ਹੀ ਇਹ ਸਰਕਾਰੀ ਸਕੀਮਾਂ ਦਾ ਲਾਭ ਉਠਾ ਸਕਦੇ ਹਨ। ਇਸ ਸਮੇਂ ਅਕਾਲੀ ਦਲ (ਵਾਰਿਸ ਪੰਜਾਬ ਦੇ) ਪਾਰਟੀ ਦੇ ਆਗੂ ਭਾਈ ਅਵਤਾਰ ਸਿੰਘ ਰਾਏਸਰ ਨੇ ਆਏ ਮਹਿਮਾਨਾਂ ਅਤੇ ਪਤਵੰਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਮਾਜ ਸੇਵੀ ਸ਼ਖ਼ਸੀਅਤ ਭਾਨ ਸਿੰਘ ਜੱਸੀ ਵਰਗੇ ਆਗੂਆਂ 'ਤੇ ਸਮਾਜ ਨੂੰ ਮਾਣ ਰਹੇਗਾ। ਇਸ ਸਮੇਂ ਸਰਪੰਚ ਸੁਰਿੰਦਰ ਕੌਰ ਰਾਏਸਰ, ਬਲਵੀਰ ਸਿੰਘ ਰਾਏਸਰ, ਜਗਰੂਪ ਸਿੰਘ ਰਾਏਸਰ, ਮਦਨ ਸਿੰਘ, ਚੰਦ ਸਿੰਘ, ਬੇਅੰਤ ਸਿੰਘ, ਜਗਤਾਰ ਸਿੰਘ, ਜਰਨੈਲ ਸਿੰਘ, ਬਾਰਾ ਖਾਂ, ਕੁਲਦੀਪ ਕੌਰ, ਗੁਰਮੇਲ ਕੌਰ, ਸੁੱਖੀ ਕੌਰ, ਪਾਲਾ ਕੌਰ ਸਾਬਕਾ ਪੰਚ, ਲਛਮਣ ਸਿੰਘ ਸਮੇਤ ਵੱਡੀ ਗਿਣਤੀ ਪਿੰਡ ਨਿਵਾਸੀ ਹਾਜ਼ਰ ਸਨ।

## ਐਡਵਾਂਸ ਹੱਜ ਰਕਮ ਜਮ੍ਹਾਂ ਕਰਾਉਣ ਦੀ ਤਰੀਕ 17 ਤੱਕ ਵਧੀ



**ਮਾਲੇਰਕੋਟਲਾ (ਅਸਗਰ ਪਰਿਹਾਰ)** ਹੱਜ ਯਾਤਰੀਆਂ ਦੀ ਨਿਸ਼ਕਾਮ ਸੇਵਾ 'ਚ ਹਮੇਸ਼ਾ ਮੋਹਰੀ ਰਹਿਣ ਵਾਲੇ ਪ੍ਰਸਿੱਧ ਸਮਾਜ ਸੇਵੀ ਮਾਸਟਰ ਅਬਦੁਲ ਅਜ਼ੀਜ਼, ਤਨਵੀਰ ਅਹਿਮਦ, ਖਾਲਿਕ ਚਿਸ਼ਤੀ, ਸ਼ਹਿਬਾਜ਼ ਅਹਿਮਦ ਤੇ ਮੁਹੰਮਦ ਸ਼ਫੀਕ ਰਾਣਾ ਨੇ ਦੱਸਿਆ ਕਿ ਹੱਜ ਕਮੇਟੀ ਆਫ਼ ਇੰਡੀਆ (ਘੱਟ ਗਿਣਤੀ ਮਾਮਲਿਆਂ ਦੇ ਮੰਤਰਾਲੇ, ਭਾਰਤ ਸਰਕਾਰ) ਵੱਲੋਂ ਜਾਰੀ ਸਰਕੂਲਰ ਅਨੁਸਾਰ ਆਜ਼ਮੀਨ-ਏ-ਹੱਜ ਅਤੇ ਰਾਜ ਹੱਜ ਕਮੇਟੀਆਂ ਦੀਆਂ ਬੇਨਤੀਆਂ ਨੂੰ ਧਿਆਨ 'ਚ ਰੱਖਦਿਆਂ ਐਡਵਾਂਸ ਹੱਜ ਰਕਮ ਜਮ੍ਹਾਂ ਕਰਾਉਣ ਦੀ ਆਖਰੀ ਮਿਤੀ ਵਧਾ ਕੇ 17 ਅਗਸਤ ਕਰ ਦਿੱਤੀ ਗਈ ਹੈ। ਸਾਰੇ ਚੁਣੇ ਗਏ ਹੱਜ ਯਾਤਰੀ ਜਿਨ੍ਹਾਂ ਨੇ ਅਜੇ ਤੱਕ ਨਿਰਧਾਰਤ ਰਕਮ ਜਮ੍ਹਾਂ ਨਹੀਂ ਕਰਾਈ, ਉਹ 1,52,300 17 ਅਗਸਤ ਤੱਕ ਲਾਜ਼ਮੀ ਜਮ੍ਹਾਂ ਕਰਾਉਣ, ਜਿਨ੍ਹਾਂ ਆਜ਼ਮੀਨ ਨੇ 'ਛੋਟਾ ਹੱਜ ਪੈਕੇਜ' ਦੀ ਚੋਣ ਕੀਤੀ ਸੀ, ਉਨ੍ਹਾਂ ਨੂੰ ਇਸ ਪੈਕੇਜ ਅਧੀਨ ਸ਼ਾਮਲ ਕਰ ਲਿਆ ਗਿਆ ਹੈ ਤੇ ਉਨ੍ਹਾਂ ਲਈ ਵੀ ਰਕਮ ਜਮ੍ਹਾਂ ਕਰਾਉਣ ਦੀ ਆਖਰੀ ਤਾਰੀਖ 17 ਅਗਸਤ ਹੀ ਹੈ। ਮਾਸਟਰ ਅਬਦੁਲ ਅਜ਼ੀਜ਼ ਅਤੇ ਉਨ੍ਹਾਂ ਦੀ ਟੀਮ ਨੇ ਸਾਰੇ ਆਜ਼ਮੀਨ-ਏ-ਹੱਜ ਨੂੰ ਅਪੀਲ ਕੀਤੀ ਹੈ ਕਿ ਉਹ ਸਮੇਂ ਸਿਰ ਆਪਣੀ ਪ੍ਰਕਿਰਿਆ ਪੂਰੀ ਕਰਨ।ਉਨ੍ਹਾਂ ਕਿਹਾ ਕਿ ਫਾਰਮ ਭਰਨ ਜਾਂ ਪੇਮੈਂਟ ਜਮ੍ਹਾਂ ਕਰਾਉਣ 'ਚ ਮਦਦ ਲਈ ਉਨ੍ਹਾਂ ਦੀ ਟੀਮ ਹਰ ਵੇਲੇ ਸੇਵਾ ਲਈ ਹਾਜ਼ਰ ਹੈ।

# ਮੋਗਾ ਵਿਖੇ ਪੰਜਾਬ ਸਰਕਾਰ ਵਿਰੁੱਧ ਕੀਤੀ ਗੇਟ ਰੈਲੀ



**ਮੋਗਾ (ਇਕਬਾਲ ਸਿੰਘ ਖਹਿਰਾ)** - ਪੀ.ਐਸ.ਐਸ.ਐਸ.ਯੂ ਪੰਜਾਬ ਦੇ ਸੱਦੇ 'ਤੇ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਦੇ ਅੱਗੇ ਪੰਜਾਬ ਸਰਕਾਰ ਵਿਰੁੱਧ ਵੰਦੇ ਮਾਤਰਮ/ਭਾਰਤ ਮਾਤਾ ਦੀ ਜੈ ਦੇ ਨਾਰੇ ਲਗਾ ਕੇ ਗੇਟ ਰੈਲੀ ਕੀਤੀ ਗਈ। ਆਗੂਆਂ ਨੇ ਦੱਸਿਆ ਕਿ ਗੇਟ ਰੈਲੀ ਪੰਜਾਬ ਸਰਕਾਰ ਵਿਰੁੱਧ ਤਾਂ ਕੀਤੀ ਜਾ ਰਹੀ ਹੈ ਕਿਉਂਕਿ 7 ਅਗਸਤ ਨੂੰ ਪੰਜਾਬ ਦੇ ਮੁਲਾਜਮਾਂ/ ਪੈਨਸ਼ਨਰਾਂ ਵੱਲੋਂ ਚੰਡੀਗੜ੍ਹ ਸੈਕਟਰ 39 ਵਿਖੇ ਮੰਗਾਂ ਸਬੰਧੀ ਮਹਾਂ ਰੈਲੀ ਕੀਤੀ ਗਈ ਸੀ। ਵਿੱਤ ਮੰਤਰੀ ਵੱਲੋਂ ਇਸ ਇਕੱਠ ਨੂੰ ਸਟੇਟ ਵਿਰੋਧੀ ਦੱਸਿਆ ਗਿਆ ਸੀ। ਜਿਸ ਦੇ ਵਿਰੋਧ ਵਜੋਂ ਪੰਜਾਬ ਬਾਡੀ ਦੇ ਸੱਦੇ ਮੁਤਾਬਿਕ ਇਹ ਗੇਟ ਰੈਲੀਆਂ ਪੰਜਾਬ ਸਰਕਾਰ ਦੇ ਵਿਰੁੱਧ ਕੀਤੀਆਂ ਜਾ ਰਹੀਆਂ ਹਨ । ਅੱਜ ਦੀ ਇਸ ਰੋਸ ਰੈਲੀ ਵਿਚ ਜਿਲ੍ਹਾ ਪ੍ਰਧਾਨ ਕੁਲਦੀਪ ਸਿੰਘ, ਜਿਲ੍ਹਾ ਜਨਰਲ ਸਕੱਤਰ ਸੰਦੀਪ ਕੁਮਾਰ, ਜਿਲ੍ਹਾ ਪ੍ਰਧਾਨ ਡੀ.ਸੀ.ਦਫਤਰ ਦਲਬੀਰ ਸਿੰਘ, ਕੁਲਦੀਪ ਸਿੰਘ ਘਾਲੀ, ਗੁਰਜੀਤ ਧਾਲੀਵਾਲ ਡੀ.ਸੀ. ਦਫਤਰ ਰਾਜਦੀਪ ਜੈਦਕਾ ਸੀਨੀ:ਮੀਤ ਪ੍ਰਧਾਨ ਬਲਤੇਜ ਸਿੰਘ,ਗੁਣਵੀਰ ਸਿੰਘ, ਅਮ੍ਰਿਤਪਾਲ ਸਿੰਘ, ਹਰਪ੍ਰੀਤ ਸਿੰਘ ਵਾਟਰ ਸਪਲਾਈ ਜਗਰਾਜ ਸਿੰਘ ਜਲਾਲਾਬਾਦੀ, ਰੂਪ ਸਿੰਘ, ਕਮਲਦੀਪ ਸਿੰਘ, ਸੁਰੇਸ਼ ਕੁਮਾਰ, ਤਨੀਸਾ, ਗੁਰਪ੍ਰੀਤ ਕੌਰ ਪੀ.ਡਬਲਯੂ.ਡੀ. ਵਿਭਾਗ ਮੋਗਾ, ਅਨਮੋਲ ਰੋਜਗਾਰ ਦਫਤਰ ਕਰਨਵੀਰ ਸਿੰਘ ਸੁਪਰਡੈਂਟ, ਹਰਦੀਪ ਮੱਕੜ, ਅਮਨਪ੍ਰੀਤ ਕੌਰ ਅੱਕੀ ਕੌਰ ਸੋਰਵ ਅਰੋੜਾ ਤੋਂ ਇਲਾਵਾ ਹੋਰ ਸਾਥੀ ਵੱਡੀ ਗਿਣਤੀ ਵਿਚ ਸ਼ਾਮਲ ਸਨ।

# ਡਾ. ਬਲਜੀਤ ਕੌਰ ਵੱਲੋਂ ਬਿਜਲੀ ਗਰਿੱਡ ਦਾ ਨੀਂਹ ਪੱਥਰ




**ਮਲੋਟ/ ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** - ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਪਿੰਡ ਫ਼ਕਰਸਰ ਵਿਖੇ 4.50 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ 66 ਕੇ.ਵੀ. ਸਬ ਸਟੇਸ਼ਨ ਦਾ ਨੀਂਹ ਪੱਥਰ ਰੱਖਿਆ, ਇਸ ਨਾਲ ਲਾਗਲੇ ਪਿੰਡਾਂ ਨੂੰ ਬਿਜਲੀ ਦੀ ਦਰਪੇਸ਼ ਆ ਰਹੀ ਸਮੱਸਿਆ ਤੋਂ ਛੁਟਕਾਰਾ ਮਿਲੇਗਾ। ਇਸ ਮੌਕੇ ਕੈਬਨਿਟ ਮੰਤਰੀ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਇਸ ਗਰਿਡ ਨਾਲ ਫਕਰਸਰ—ਥੇਹੜੀ ਤੋਂ ਇਲਾਵਾ ਨਾਲ ਲੱਗਦੇ 15—20 ਪਿੰਡਾਂ ਨੂੰ ਬਿਜਲੀ ਦੀ ਪੂਰੀ ਸਪਲਾਈ ਮਿਲੇਗੀ ਅਤੇ ਇਹ 66 ਕੇ.ਵੀ. ਸਬ ਸਟੇਸ਼ਨ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵਲੋਂ ਚਾਰ—ਪੰਜ ਮਹੀਨਿਆਂ ਵਿੱਚ ਤਿਆਰ ਕੀਤਾ ਜਾਵੇਗਾ । ਇਸ ਮੌਕੇ ਜਿਲਾ ਪ੍ਰਧਾਨ ਜਸ਼ਨ ਬਰਾੜ, ਚੇਅਰਮੈਨ ਜਗਦੇਵ ਸਿੰਘ ਬਾਮ, ਜਿਲਾ ਪ੍ਰੀਸ਼ਦ ਮੈਬਰ ਕੁਲਵਿੰਦਰ ਸਿੰਘ ਬਰਾੜ, ਡਇਰੈਕਟਰ ਇੰਦਰਪਾਲ ਸਿੰਘ ਅਤੇ ਚੀਫ ਐਚ ਐਸ਼ ਬਿੰਦਰਾ ਬਿਜਲੀ ਬੋਰਡ ਪੰਜਾਬ ਅਤੇ ਐਕਸੀਅਨ ਦਲਵੀਰ ਸਿੰਘ, ਐਕਸੀਅਨ ਮਨਦੀਪ ਸਿੰਘ, ਸਰਪੰਚ ਮਨਪਰੀਤ ਸਿੰਘ ਢਿੱਲੋਂ ਫ਼ਕਰਸਰ, ਪੀ ਏ ਅਰਸ਼ ਸਿੱਧੂ ਅਤੇ ਪੀ ਏ ਸਿੰਦਰਪਾਲ ਸਿੰਘ ਸਮੇਤ ਪਿੰਡ ਵਾਸੀ ਮੌਜੂਦ ਸਨ ।

## ਰਕੇਸ਼ ਚੌਧਰੀ ਨੇ ਏ ਐੱਸ ਆਈ ਦਾ ਅਹੁਦਾ ਸੰਭਾਲਿਆ




**ਪਟਿਆਲਾ ( ਰਾਜਿੰਦਰ ਸਿੰਘ ਥਿੰਦ )** - ਪਿੰਡ ਗਨੌਰ, ਜ਼ਿਲ੍ਹਾ ਪਟਿਆਲਾ ਦੇ ਨੌਜਵਾਨ ਰਕੇਸ਼ ਚੌਧਰੀ ਨੇ ਆਪਣੀ ਮਿਹਨਤ, ਲਗਨ ਅਤੇ ਹੌਂਸਲੇ ਸਦਕਾ ਇੱਕ ਹੋਰ ਨਵਾਂ ਮੁਕਾਮ ਹਾਸਲ ਕੀਤਾ ਹੈ। ਰਕੇਸ਼ ਚੌਧਰੀ ਨੇ ਬੀਤੇ ਦਿਨ ਪੰਜਾਬ ਪੁਲਿਸ ਵਿੱਚ ਏ ਐੱਸ ਆਈ ਦਾ ਅਹੁਦਾ ਸੰਭਾਲ ਲਿਆ। ਆਪਣੀ ਡਿਊਟੀ ਪ੍ਰਤੀ ਇਮਾਨਦਾਰੀ, ਮਿਹਨਤ ਅਤੇ ਲਗਾਤਾਰ ਅੱਗੇ ਵਧਣ ਦੀ ਸੋਚ ਦੇ ਚਲਦਿਆਂ ਉਨ੍ਹਾਂ ਨੇ ਇਹ ਉਪਲਬਧੀ ਹਾਸਲ ਕੀਤੀ ਹੈ। ਉਨ੍ਹਾਂ ਦੀ ਇਸ ਕਾਮਯਾਬੀ ਨਾਲ ਪਿੰਡ ਗਨੌਰ ਅਤੇ ਸਮੁੱਚੇ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਹੈ।

## 'ਬਦਲਾਅ ਜ਼ਰੂਰੀ ਹੈ' ਦੇ ਨਾਹਰੇ ਹੇਠ ਜਨ-ਸੰਪਰਕ ਮੁਹਿੰਮ

**ਬੁਢਲਾਡਾ (ਅਸ਼ੋਕ ਲਾਕੜਾ)**- ਕੇਂਦਰ ਦੀ ਬੀ ਜੇ ਪੀ ਸਰਕਾਰ ਅਮਰੀਕਾ ਨਾਲ ਕੀਤੇ ਵਪਾਰ ਸਮਝੌਤੇ ਤਹਿਤ ਪੂਰੇ ਦੇਸ਼ ਨੂੰ ਬਰਬਾਦ ਕਰਨ ਦੇ ਰਾਹ ਚੱਲ ਰਹੀ ਹੈ ਇਸ ਦੇ ਖਿਲਾਫ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਇੱਕ ਸਤੰਬਰ ਨੂੰ ਦਿੱਲੀ ਚੱਲੋ ਬਦਲਾਅ ਜ਼ਰੂਰੀ ਹੈ ਨਾਹਰੇ ਹੇਠ ਜਨਸੰਪਰਕ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ। ਇਸ ਸੰਬੰਧੀ ਸਥਾਨਕ ਪਾਰਟੀ ਦਫਤਰ ਵਿਖੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਹਾਇਕ ਸੱਕਤਰ ਵੇਦ ਪਰਕਾਸ਼, ਬਲਾਕ ਸੱਕਤਰ ਸੀਤਾ ਰਾਮ ਗੋਬਿੰਦਪੁਰਾ,ਬਲਾਕ ਸਹਾਇਕ ਸੱਕਤਰ ਜਗਸੀਰ ਸਿੰਘ ਰਾਏਕੇ ਐਮ ਸੀ ਅਤੇ ਮਲਕੀਤ ਸਿੰਘ ਮੰਦਰਾਂ ਨੇ ਦੱਸਿਆ ਕਿ ਇਹ ਜੱਥਾ 13 ਅਗਸਤ ਨੂੰ ਪਿੰਡ ਆਲਮਪੁਰ ਮੰਦਰਾਂ ਤੋਂ 9 ਵਜੇ ਸ਼ੁਰੂ ਕਰਕੇ 10 ਵਜੇ ਟਾਹਲੀਆਂ,12 ਵਜੇ ਬੋੜਾਵਾਲ,1 ਵਜੇ ਬੱਛੋਆਣਾ,2 ਵਜੇ ਰੰਘੜਿਆਲ,3 ਵਜੇ ਕਾਹਨਗੜ੍ਹ ਅਤੇ 4 ਵਜੇ ਬਖਸ਼ੀਵਾਲਾ ਵਿਖੇ ਲੋਕਾਂ ਨੂੰ ਉਹਨਾਂ ਦੀਆਂ ਮੰਗਾਂ ਪ੍ਰਤੀ ਸੰਬੋਧਨ ਕਰੇਗਾ ਜਿਸ ਦੀ ਅਗਵਾਈ ਵਿਸ਼ੇਸ਼ ਤੌਰ 'ਤੇ ਸਾਬਕਾ ਐਮ ਐਲ ਏ ਅਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਨੈਸ਼ਨਲ ਕੰਟਰੋਲ ਕਮਿਸ਼ਨ ਮੈਂਬਰ ਹਰਦੇਵ ਸਿੰਘ ਅਰਸ਼ੀ ਕਰਨਗੇ। ਆਗੂਆਂ ਨੇ ਪਿੰਡ ਵਾਸਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹਨਾਂ ਦੇ ਵਿਚਾਰ ਸੁਣਨ ਲਈ ਵੱਖ ਵੱਖ ਪਿੰਡਾਂ ਦੇ ਜਲਸਿਆਂ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਵੋ ।1 ਸਤੰਬਰ ਨੂੰ ਦਿੱਲੀ ਰੈਲੀ ਵਿੱਚ ਜਾਣ ਲਈ 31 ਅਗਸਤ ਨੂੰ ਸਾਮ 3 ਵਜੇ ਬੁੱਢਲਾਡਾ ਤੋਂ ਟ੍ਰੇਨ ਰਾਹੀਂ ਜਾ ਰਹੇ ਹਜ਼ਾਰਾਂ ਦੇ ਕਾਫਲੇ ਵਿੱਚ ਸ਼ਾਮਲ ਹੋਣ ਲਈ ਵਹੀਰਾਂ ਘੱਤ ਕੇ ਪਹੁਚੋ।

## ਓ ਐਸ ਡੀ ਸੁਖਵੀਰ ਸਿੰਘ ਨੇ 14 ਆਂਗਣਵਾੜੀ ਵਰਕਰਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਨਾਲ-ਨਾਲ ਮਹਿਲਾਵਾਂ ਅਤੇ ਬੱਚਿਆਂ ਦੀ ਭਲਾਈ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਇਸੇ ਲੜੀ ਤਹਿਤ ਓ.ਐਸ.ਡੀ. ਸੁਖਵੀਰ ਸਿੰਘ ਨੇ 14 ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਆਂਗਣਵਾੜੀ ਵਰਕਰ ਸਰਕਾਰ ਅਤੇ ਆਮ ਲੋਕਾਂ ਦਰਮਿਆਨ ਇੱਕ ਮਹੱਤਵਪੂਰਨ ਕੜੀ ਹਨ। ਉਹ ਪਿੰਡਾਂ ਅਤੇ ਸ਼ਹਿਰਾਂ ਦੇ ਪੱਧਰ 'ਤੇ ਬੱਚਿਆਂ ਦੀ ਸਿਹਤ, ਪੋਸ਼ਣ, ਮੁੱਢਲੀ ਸਿੱਖਿਆ ਅਤੇ ਸਰਵਪੱਖੀ ਵਿਕਾਸ ਨਾਲ ਸਬੰਧਤ ਸੇਵਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਮੁੱਖ ਮੰਤਰੀ ਫ਼ੀਲਡ ਅਫ਼ਸਰ ਅਰਵਿੰਦ ਕੁਮਾਰ, ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਕੌਂਸਲਰ ਪੁਸ਼ਪਿੰਦਰ ਸ਼ਰਮਾ ਵੀ ਮੌਜੂਦ ਸਨ।

## ਮਰਨ ਉਪਰੰਤ ਸਰੀਰ ਦਾਨ ਕਰਕੇ ਮਿਸਾਲ ਪੇਸ਼ ਕੀਤੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** - ਪਿੰਡ ਕੁਰੜ ਵਿੱਚ ਬੁੱਧਵਾਰ ਨੂੰ ਡੇਰਾ ਸ਼ਰਧਾਲੂ ਦੇ ਦਿਹਾਂਤ ਉਪਰੰਤ ਸਰੀਰ ਦਾਨ ਕਰਕੇ ਇਨਸਾਨੀਅਤ ਦੀ ਮਿਸਾਲ ਪੇਸ਼ ਕੀਤੀ ਗਈ। ਜਾਣਕਾਰੀ ਅਨੁਸਾਰ ਡੇਰਾ ਸਿਰਸਾ ਦੇ ਸ਼ਰਧਾਲੂ ਜੱਗਾ ਸਿੰਘ ਪੁੱਤਰ ਗੁਲਜ਼ਾਰ ਸਿੰਘ ਵਾਸੀ ਕੁਰੜ ਜੋ ਕਿ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ । ਪਰਿਵਾਰਿਕ ਮੈਂਬਰਾਂ ਦੀ ਸਹਿਮਤੀ ਨਾਲ ਸਵ. ਜੱਗਾ ਸਿੰਘ ਦਾ ਸਰੀਰ ਦਾਨ ਕਰਕੇ ਯੂ ਪੀ ਦੇ ਹੰਬੜਾ ਮੈਡੀਕਲ ਕਾਲਜ ਵਿੱਚ ਭੇਜਿਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਇਕੱਠੇ ਹੋਏ ਸ਼ਰਧਾਲੂਆਂ ਵੱਲੋਂ ਜੱਗਾ ਸਿੰਘ ਅਮਰ ਰਹੇ ਦੇ ਨਾਅਰੇ ਲਗਾਏ ਗਏ। ਫੁੱਲਾਂ ਨਾਲ ਸ਼ਿੰਗਾਰੀ ਹੋਈ ਐਬੂਲੈਂਸ ਗੱਡੀ ਚੇਅਰਮੈਨ ਸੁਖਵਿੰਦਰ ਦਾਸ ਬਾਵਾ, ਸੀਨੀਅਰ ਕਾਂਗਰਸੀ ਆਗੂ ਜਸਮੇਲ ਸਿੰਘ ਡੇਅਰੀਵਾਲਾ ਨੇ ਸਾਂਝੇ ਰੂਪ ਵਿੱਚ ਝੰਡੀ ਦੇ ਕੇ ਰਵਾਨਾ ਕੀਤਾ। । ਇਸ ਮੌਕੇ ਦੁਨੀ ਚੰਦ, ਬਲਦੇਵ ਸਿੰਘ ਖੇੜੀ, ਰਵੀ ਗੁਰਮਾ, ਗੁਲਜ਼ਾਰ ਸਿੰਘ ਗੁਰਬਖਸ਼ਪੁਰਾ, ਹਰਪਾਲ ਸਿੰਘ ਬੜੀ ਤੋਂ ਇਲਾਵਾ ਪਰਿਵਾਰਿਕ ਮੈਂਬਰ ਤੇ ਰਿਸ਼ਤੇਦਾਰ ਸ਼ਾਮਿਲ ਹੋਏ।

## ਫ਼ਿਰੋਜ਼ਪੁਰ ਕੋਰਟ ਕੰਪਲੈਕਸ ਨੂੰ ਧਮਕੀ ਤੋਂ ਬਾਅਦ ਮਚੀ ਹਫੜਾ-ਦਫੜੀ, ਸੁਰੱਖਿਆ ਏਜੰਸੀਆਂ ਨੇ ਸੰਭਾਲਿਆ ਮੋਰਚਾ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)**- ਫਿਰੋਜ਼ਪੁਰ ਵਿੱਚ ਬੁੱਧਵਾਰ ਨੂੰ ਉਸ ਵੇਲੇ ਸਨਸਨੀ ਫੈਲ ਗਈ, ਜਦੋਂ ਕੋਰਟ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਦੀ ਸੂਚਨਾ ਸਾਹਮਣੇ ਆਈ। ਧਮਕੀ ਦੀ ਖ਼ਬਰ ਮਿਲਦੇ ਹੀ ਪੁਲਸ ਤੇ ਪ੍ਰਸ਼ਾਸਨਿਕ ਅਧਿਕਾਰੀ ਤੁਰੰਤ ਹਰਕਤ ਵਿੱਚ ਆ ਗਏ ਅਤੇ ਸੁਰੱਖਿਆ ਦੇ ਮੱਦੇਨਜ਼ਰ ਅਦਾਲਤੀ ਪਰਿਸਰ ਨੂੰ ਖਾਲੀ ਕਰਾਉਣ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਕੋਰਟ ਕੰਪਲੈਕਸ ਦੇ ਆਲੇ-ਦੁਆਲੇ ਸੁਰੱਖਿਆ ਘੇਰਾ ਸਖ਼ਤ ਕਰ ਦਿੱਤਾ ਗਿਆ। ਸੁਰੱਖਿਆ ਕਾਰਨਾਂ ਕਰਕੇ ਕੋਰਟ ਦਾ ਰੋਜ਼ਾਨਾ ਕੰਮਕਾਜ ਵੀ ਪ੍ਰਭਾਵਿਤ ਹੋਇਆ ਤੇ ਦੁਪਹਿਰ 1 ਵਜੇ ਤੱਕ ਅਦਾਲਤੀ ਕਰਾਈ ਬੰਦ ਰੱਖਣ ਦਾ ਫ਼ੈਸਲਾ ਕੀਤਾ ਗਿਆ। ਇਸ ਦੌਰਾਨ ਕੰਪਲੈਕਸ ਵਿੱਚ ਮੌਜੂਦ ਲੋਕਾਂ, ਵਕੀਲਾਂ ਤੇ ਹੋਰ ਕ੍ਰਮਚਾਰੀਆਂ ਨੂੰ ਬਾਹਰ ਕੱਢ ਕੇ ਪੂਰੇ ਇਲਾਕੇ ਨੂੰ ਸੁਰੱਖਿਆ ਨਿਗਰਾਨੀ ਹੇਠ ਲਿਆ ਗਿਆ। ਧਮਕੀ ਮਿਲਣ ਉਪਰੰਤ ਸੁਰੱਖਿਆ ਟੀਮਾਂ ਵੱਲੋਂ ਕੋਰਟ ਕੰਪਲੈਕਸ ਦੇ ਵੱਖ-ਵੱਖ ਹਿੱਸਿਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਸ਼ੱਕੀ ਵਸਤੂਆਂ ਜਾਂ ਹੋਰ ਕਿਸੇ ਖ਼ਤਰੇ ਦੀ ਸੰਭਾਵਨਾ ਨੂੰ ਦੇਖਦਿਆਂ ਹਰ ਪੱਖ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਸ ਅਧਿਕਾਰੀ ਵੀ ਮੌਕੇ ਦੀ ਸਥਿਤੀ 'ਤੇ ਨਜ਼ਰ ਰੱਖ ਰਹੇ ਹਨ ਤੇ ਸੁਰੱਖਿਆ ਪ੍ਰਬੰਧਾਂ ਦੀ ਲਗਾਤਾਰ ਸਮੀਖਿਆ ਕੀਤੀ ਜਾ ਰਹੀ ਹੈ। ਫ਼ਿਲਹਾਲ ਧਮਕੀ ਦੇਣ ਵਾਲੇ ਵਿਅਕਤੀ ਜਾਂ ਸਰੋਤ ਬਾਰੇ ਕੋਈ ਸਪੱਸ਼ਟ ਜਾਣਕਾਰੀ ਸਾਹਮਣੇ ਨਹੀਂ ਆਈ ਹੈ। ਇਹ ਵੀ ਪਤਾ ਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਧਮਕੀ ਪਿੱਛੇ ਕੀ ਮਕਸਦ ਸੀ ਤੇ ਇਸ ਨੂੰ ਕਿਸ ਤਰੀਕੇ ਨਾਲ ਅੰਜਾਮ ਦੇਣ ਦੀ ਕੋਸ਼ਿਸ਼ ਕੀਤੀ ਗਈ। ਪੁਲਸ ਵੱਲੋਂ ਤਕਨੀਕੀ ਅਤੇ ਹੋਰ ਪੱਧਰਾਂ 'ਤੇ ਜਾਂਚ ਅੱਗੇ ਵਧਾਈ ਜਾ ਰਹੀ ਹੈ। ਪ੍ਰਸ਼ਾਸਨ ਨੇ ਲੋਕਾਂ ਨੂੰ ਘਬਰਾਉਣ ਦੀ ਬਜਾਏ ਸਾਵਧਾਨ ਰਹਿਣ ਤੇ ਜਾਂਚ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ ਹੈ।



# ਲੰਗਰ ਵਾਲੀ ਗੱਡੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ




**ਨਾਭਾ (ਅਮਨ ਗਰਗ)** ਦੁਲੱਦੀ ਗੇਟ ਵਿੱਖੇ ਸ੍ਰੀ ਸਨਾਤਨ ਧਰਮ ਮਹਾਵੀਰ ਦਲ ਪੰਜਾਬ ਰਜਿ ਪਿੰਡ ਛੱਜੂ ਭੱਟ ਨਾਭਾ ਵੱਲੋਂ ਪ੍ਰਧਾਨ ਸ੍ਰੀ ਪਵਨ ਕੁਮਾਰ ਅਰੋੜਾ ਦੀ ਅਗਵਾਈ ਹੇਠ ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਪੰਜਾਬ ਰਜਿ ਪਿੰਡ ਛੱਜੂ ਭੱਟ ਨਾਭਾ ਦੇ ਸਮੂਹ ਸੇਵਾਦਾਰਾਂ ਦੇ ਵੱਲੋਂ ਸਭ ਤੋਂ ਪਹਿਲਾਂ ਕੰਜਕਾਂ ਦੀ ਪੂਜਾ ਕੀਤੀ ਗਈ।ਇਸ ਤੋਂ ਬਾਅਦ ਮਾਤਾ ਸ੍ਰੀ ਨੈਣਾ ਦੇਵੀ ਦੇ ਦਰਸ਼ਨ ਕਰਨ ਆਉਣ ਵਾਲੇ ਭਗਤਾਂ ਲਈ 19ਵਾਂ ਵਿਸ਼ਾਲ ਲੰਗਰ ਸ੍ਰੀ ਬਾਲੇਸ਼ਵਰ ਸ਼ਿਵ ਧਾਮ ਪਿੰਡ ਛੱਜੂ ਭੱਟ ਦੇ ਸੰਤ ਸ੍ਰੀ ਸ੍ਰੀ108 ਸੁਆਮੀ ਬੁੱਧ ਪੁਰੀ ਮਹਾਰਾਜ ਜੀ ਦੇ ਕਰ ਕਮਲਾਂ ਨਾਲ ਲੰਗਰ ਦੇ ਟਰੱਕ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਪਹੁੰਚੇ ਸਰਪੰਚ ਅਮਨਦੀਪ ਕੁਮਾਰ ਸ਼ਰਮਾ ਪਿੰਡ ਛੱਜੂ ਭੱਟ, ਸਮਾਜ ਸੇਵਕ ਹਰਸ਼ ਬਲੱਡ ਡੋਨਰ ਸੁਸਾਇਟੀ ਪ੍ਰਧਾਨ ਉਵੇਸ਼ ਬਾਂਸਲ ਭਾਸ਼ੀ ਪ੍ਰਧਾਨ ਅਰੋੜਾ ਵੰਸ ਸੁਸਾਇਟੀ ਦਰਸ਼ਨ ਅਰੋੜਾ ਜੀ ਵੀ ਹਾਜ਼ਰ ਸਨ।ਪ੍ਰਧਾਨ ਪਵਨ ਅਰੋੜਾ ਨੇ ਕਿਹਾ ਕੀ ਇਹ ਲੰਗਰ ਪਿੱਛਲੇ 18 ਸਾਲਾਂ ਤੋਂ ਪਿੰਡ ਛੱਜੂ ਭੱਟ, ਬੌੜਾਂ ਖੁਰਦ ਤੇ ਨਾਭਾ ਸ਼ਹਿਰ ਦੇ ਸਹਿਯੋਗ ਨਾਲ ਮਾਤਾ ਸ੍ਰੀ ਨੈਣਾ ਦੇਵੀ ਜੀ ਨੇੜੇ ਕੋਲਾਂ ਵਾਲੇ ਟੋਭੇ ਮਾਤਾ ਜੀ ਦੇ ਦਰਸ਼ਨ ਕਰਨ ਆਉਣ ਵਾਲਿਆਂ ਸੰਗਤਾਂ ਦੇ ਲਈ 24 ਘੰਟੇ ਲੰਗਰ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।ਇਸ ਵਾਰ ਇਹ ਲੰਗਰ 13 ਅਗਸਤ ਤੋਂ 20 ਅਗਸਤ ਤੱਕ ਜਾਰੀ ਰਹੇਗਾ ਪ੍ਰਧਾਨ ਸ੍ਰੀ ਪਵਨ ਅਰੋੜਾ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ। ਦਰਸ਼ਨ ਅਰੋੜਾ ਵੱਲੋਂ ਕਿਹਾ ਗਿਆ ਕਿ ਇਹ ਸੰਸਥਾ ਪਿਛਲੇ 18 ਸਾਲਾਂ ਤੋਂ ਮਾਤਾ ਸ੍ਰੀ ਨੈਣਾਂ ਦੇਵੀ ਜੀ ਦੇ ਦਰਸ਼ਨ ਕਰਨ ਆਉਣ ਵਾਲਿਆਂ ਸੰਗਤਾਂ ਦੇ ਲਈ ਲੰਗਰ ਲਗਾ ਰਹੀਆਂ ਹਨ।ਦਰਸ਼ਨ ਅਰੋੜਾ ਵੱਲੋਂ ਨੇ ਦੱਸਿਆ ਕਿ ਇਹ ਸੰਸਥਾ ਪ੍ਰਸ਼ਾਸਨਿਕ ਕੰਮ ਕਰ ਰਹੀ ਹੈ।

## ਵਿੱਕੀ ਫੂਲੇਵਾਲੀਆ ਤੇ ਲਖਵੀਰ ਸਿੰਘ ਯੂਥ ਅਕਾਲੀ ਦਲ ਦੇ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ



**ਬਾਘਾ ਪੁਰਾਣਾ (ਮਨੀ ਸਿੰਗਲਾ)** - ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਅਤੇ ਯੂਥ ਵਿੰਗ ਨੂੰ ਹੋਰ ਸਰਗਰਮ ਕਰਨ ਦੇ ਮਕਸਦ ਨਾਲ ਪਾਰਟੀ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਵੱਲੋਂ ਪਾਰਟੀ ਅੰਦਰ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ। ਇਸ ਤਹਿਤ ਪਾਰਟੀ ਦੀ ਪਿਛਲੇ ਲੰਮੇ ਸਮੇਂ ਤੋਂ ਨਿਰੰਤਰ ਸੇਵਾ ਕਰ ਰਹੇ ਸੀਨੀਅਰ ਆਗੂ ਵਿੱਕੀ ਫੂਲੇਵਾਲੀਆ ਅਤੇ ਲਖਵੀਰ ਸਿੰਘ ਨੂੰ ਯੂਥ ਅਕਾਲੀ ਦਲ ਦਾ ਜ਼ਿਲਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ।ਜਥੇਦਾਰ ਮਾਹਲਾ ਨੇ ਨਵ-ਨਿਯੁਕਤ ਆਗੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇੱਕ ਅਜਿਹੀ ਖੇਤਰੀ ਪਾਰਟੀ ਹੈ, ਜਿਸ ਨੇ ਹਮੇਸ਼ਾ ਪੰਜਾਬ ਦੇ ਹਿੱਤਾਂ, ਪੰਜਾਬੀਅਤ ਅਤੇ ਸੂਬੇ ਦੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ ਹੈ। ਉਨ੍ਹਾਂ ਕਿਹਾ ਕਿ ਜਿਹੜੇ ਵਰਕਰ ਅਤੇ ਆਗੂ ਪਾਰਟੀ ਦੀ ਚੜ੍ਹਦੀ ਕਲਾ ਲਈ ਲਗਾਤਾਰ ਮਿਹਨਤ ਕਰਦੇ ਹਨ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਸਰਗਰਮੀ ਨਾਲ ਕੰਮ ਕਰਦੇ ਹਨ, ਉਨ੍ਹਾਂ ਦੀ ਮਿਹਨਤ ਨੂੰ ਪਾਰਟੀ ਵੱਲੋਂ ਹਮੇਸ਼ਾ ਮਾਣ-ਸਨਮਾਨ ਦਿੱਤਾ ਜਾਂਦਾ ਹੈ। ਇਸ ਮੌਕੇ ਸੀਨੀਅਰ ਆਗੂ ਜਗਮੋਹਨ ਸਿੰਘ ਜੈ ਸਿੰਘ ਵਾਲਾ, ਸਰਕਲ ਨੱਥੂਵਾਲਾ ਦੇ ਯੂਥ ਪ੍ਰਧਾਨ ਗੁਰਪ੍ਰੀਤ ਸਿੰਘ ਗੋਪੀ ਹਰੀਏਵਾਲਾ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

## ਆਜ਼ਾਦੀ ਦਿਵਸ ਸੰਬੰਧੀ ਹਦਾਇਤਾਂ ਜਾਰੀ : ਐੱਸ ਡੀ ਐੱਮ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**- ਆਜ਼ਾਦੀ ਦਿਵਸ 15 ਅਗਸਤ ਨੂੰ ਲੈ ਕੇ ਪ੍ਰਸ਼ਾਸਨ ਵੱਲੋਂ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਸੰਬੰਧੀ ਐੱਸ.ਡੀ.ਐੱਮ. ਗਗਨਦੀਪ ਵੱਲੋਂ ਪ੍ਰੈਸ ਨਾਲ ਖ਼ਾਸ ਗੱਲਬਾਤ ਕਰਦਿਆਂ ਦੱਸਿਆ ਗਿਆ ਕਿ ਆਜ਼ਾਦੀ ਦਿਵਸ ਸਮਾਗਮ ਨੂੰ ਸੁਚੱਜੇ ਅਤੇ ਸ਼ਾਨਦਾਰ ਢੰਗ ਨਾਲ ਕਰਵਾਉਣ ਲਈ ਸਾਰੇ ਵਿਭਾਗਾਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਸੁਰੱਖਿਆ, ਸਫ਼ਾਈ, ਪੀਣ ਵਾਲੇ ਪਾਣੀ, ਬਿਜਲੀ, ਟ੍ਰੈਫਿਕ ਅਤੇ ਹੋਰ ਜ਼ਰੂਰੀ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਅਤੇ ਦੇਸ਼ ਭਗਤੀ ਨਾਲ ਸਬੰਧਤ ਪੇਸ਼ਕਾਰੀਆਂ ਵੀ ਕੀਤੀਆਂ ਜਾਣਗੀਆਂ।

## ਸ਼ੋਅ ਕਾਜ ਨੋਟਿਸ ਰੱਦ ਕਰਨ ਲਈ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਨੂੰ ਭੇਜਿਆ ਮੰਗ ਪੱਤਰ

**ਲੁਧਿਆਣਾ (ਸਤੀਸ਼ ਸਚਦੇਵਾ)** ਰੀਕਾਸਟ ਸੂਚੀਆਂ ਪ੍ਰਭਾਵਤ ਅਧਿਆਪਕ ਫਰੰਟ ਦੇ ਦਿੱਤੇ ਸੱਦੇ ਤਹਿਤ ਜ਼ਿਲ੍ਹਾ ਲੁਧਿਆਣਾ ਦੇ ਅਧਿਆਪਕਾਂ ਵੱਲੋਂ ਵਿਕਟਰ ਹੋ ਕੇ ਸਹਾਇਕ ਕਮਿਸ਼ਨਰ ਜਨਰਲ ਲੁਧਿਆਣਾ ਪਾਇਲ ਗੋਇਲ ਰਾਹੀਂ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਪੰਜਾਬ ਨੂੰ ਮੰਗ ਪੱਤਰ ਭੇਜਿਆ। ਡੀ ਟੀ ਐੱਫ ਲੁਧਿਆਣਾ ਦੇ ਜਨਰਲ ਸਕੱਤਰ ਰੁਪਿੰਦਰਪਾਲ ਸਿੰਘ ਗਿੱਲ ਨੇ ਦੱਸਿਆ ਕਿ ਵਿਭਾਗੀ/ਦਫ਼ਤਰੀ ਗਲਤੀਆਂ ਕਾਰਨ ਪੰਜਾਬ ਸਕੂਲ ਸਿੱਖਿਆ ਵਿਭਾਗ ਅਧੀਨ ਪਿਛਲੇ ਸਮੇਂ ਵਿੱਚ ਹੋਈਆਂ ਵੱਖ-ਵੱਖ ਭਰਤੀਆਂ (4161 ਮਾਸਟਰ ਕਾਡਰ, 2392 ਮਾਸਟਰ ਕਾਡਰ, 6635 ਈਟੀਟੀ ਕਾਡਰ ਦੀਆਂ ਸਿਲੈਕਸ਼ਨ ਸੂਚੀਆਂ ਦਫ਼ਤਰੀ/ਵਿਭਾਗੀ ਗਲਤੀਆਂ ਕਾਰਨ ਵੱਖ - ਵੱਖ ਅਧਾਰ ਬਣਾ ਕੇ ਰੀਕਾਸਟ ਕੀਤੀਆਂ ਗਈਆਂ ਹਨ, ਜਿਸ ਤਹਿਤ ਲੰਮੇ ਸਮੇਂ ਤੋਂ ਆਪਣੇ-ਆਪਣੇ ਸਕੂਲਾਂ ਵਿੱਚ ਸੇਵਾਵਾਂ ਨਿਭਾਅ ਰਹੇ ਅਧਿਆਪਕਾਂ ਨੂੰ ਸਿਲੈਕਸ਼ਨ ਲਿਸਟ ਤੋਂ ਬਾਹਰ ਕਰ ਦਿੱਤਾ ਗਿਆ ਹੈ ਤੇ ਟਰਮੀਨੇਸ਼ਨ ਸੰਬੰਧੀ ਸ਼ੋਕਾਜ ਨੋਟਿਸ ਜਾਰੀ ਕੀਤੇ ਗਏ ਹਨ। ਉਪਰੋਕਤ ਭਰਤੀਆਂ ਦੇ ਪ੍ਰਭਾਵਤ ਅਧਿਆਪਕਾਂ ਦੀ ਗਿਣਤੀ 4161 ਮਾਸਟਰ ਕਾਡਰ ਭਰਤੀ ਦੇ ਪ੍ਰਭਾਵਤ ਅਧਿਆਪਕ 253 ਤੇ 2392 ਮਾਸਟਰ ਕਾਡਰ ਭਰਤੀ ਦੇ ਪ੍ਰਭਾਵਿਤ ਅਧਿਆਪਕ 40 ਤੇ 6635 ਈਟੀਟੀ ਦੇ ਪ੍ਰਭਾਵਤ ਅਧਿਆਪਕ-108 ਅਤੇ ਉਪਰੋਕਤ 4161 ਮਾਸਟਰ ਕਾਡਰ ਭਰਤੀ ਅਤੇ 6635 ਈਟੀਟੀ ਕਾਡਰ ਭਰਤੀ ਦੇ ਪ੍ਰਭਾਵਤ ਅਧਿਆਪਕਾਂ ਦਾ ਪਰਬੇਸ਼ਨ ਪੀਰੀਅਡ ਵੀ ਕਲੀਅਰ ਨਹੀਂ ਕੀਤਾ ਗਿਆ, ਜਦੋਂਕਿ ਉਨ੍ਹਾਂ ਦੇ ਪਰਖਕਾਲ ਦੇ 3 ਸਾਲ ਵੀ ਪੂਰੇ ਹੋ ਚੁੱਕੇ ਹਨ ਤੇ ਨਾ ਹੀ ਕੋਈ ਬਦਲੀਆਂ ਵਿੱਚ ਮੌਕਾ ਦਿੱਤਾ ਗਿਆ ਹੈ। ਅਵਤਾਰ ਸਿੰਘ ਨੇ ਦੱਸਿਆ ਕਿ ਟਰਮੀਨੇਸ਼ਨ ਸੰਬੰਧੀ ਭੇਜੇ ਸ਼ੋਕਾਜ ਨੋਟਿਸ ਤੁਰੰਤ ਵਾਪਸ ਲੈ ਕੇ ਇਨ੍ਹਾਂ ਅਧਿਆਪਕਾਂ ਦੀਆਂ ਨੌਕਰੀਆਂ ਨੂੰ ਪੂਰਨ ਰੂਪ ਵਿੱਚ ਸੁਰੱਖਿਅਤ ਕੀਤਾ ਜਾਵੇ।ਤੁਰੰਤ ਪਰਖਕਾਲ ਸਮਾਂ ਕਲੀਅਰ ਕਰਕੇ ਪੂਰਾ ਪੰਜਾਬ ਪੇਅ ਸਕੇਲ ਅਨੁਸਾਰ ਲਾਗੂ ਕੀਤੇ ਜਾਣ।ਇਨ੍ਹਾਂ ਨੂੰ ਵੀ ਦਾਰ ਨੰ ਦਿੱਤ 'ਤੇ 16 ਅਗਸਤ ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਨਿਵਾਸ ਸਥਾਨ ਅੱਗੇ ਵਿਸ਼ਾਲ ਧਰਨਾ ਲਾਇਆ ਜਾਵੇਗਾ।ਰੀਕਾਸਟ ਸੂਚੀਆਂ ਕਾਰਨ ਪ੍ਰਭਾਵਿਤ ਅਧਿਆਪਕਾਂ ਨੂੰ ਨੌਕਰੀ ਤੋਂ ਬਾਹਰ ਕਰਨ ਦੀ ਨੀਤੀ ਬੰਦ ਕੀਤੀ ਜਾਵੇ।



## ਧੂਰੀ ਦੇ ਸਰਬਪੱਖੀ ਵਿਕਾਸ ਲਈ ਸਰਕਾਰ ਵਚਨਬੱਧ- ਸੁਖਵੀਰ ਸਿੰਘ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਬੁੱਧਵਾਰ ਨੂੰ ਧੂਰੀ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਕੇ ਸਥਾਨਕ ਨਿਵਾਸੀਆਂ ਨਾਲ ਮੁਲਾਕਾਤਾਂ ਕੀਤੀਆਂ। ਇਸ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੁੱਖ ਰੱਖਦਿਆਂ ਉਨ੍ਹਾਂ ਨੇ ਕਿਹਾ ਕਿ ਧੂਰੀ ਸ਼ਹਿਰ ਦੀਆਂ ਮੁੱਖ ਲੋੜਾਂ ਅਤੇ ਨਾਗਰਿਕਾਂ ਵੱਲੋਂ ਉਠਾਏ ਜਾ ਰਹੇ ਮੁੱਦਿਆਂ ਨੂੰ ਤਰਜੀਹੀ ਅਧਾਰ 'ਤੇ ਹੱਲ ਕਰਨ ਲਈ ਪੰਜਾਬ ਸਰਕਾਰ ਵੱਲੋਂ ਨਿਰੰਤਰ ਕਦਮ ਚੁੱਕੇ ਜਾ ਰਹੇ ਹਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਦੱਸਿਆ ਕਿ ਸ਼ਹਿਰ ਦੀ ਨੁਹਾਰ ਬਦਲਣ ਅਤੇ ਬੁਨਿਆਦੀ ਸੁਵਿਧਾਵਾਂ ਵਿੱਚ ਵਿਆਪਕ ਸੁਧਾਰ ਲਿਆਉਣ ਲਈ ਪ੍ਰਸ਼ਾਸਨ ਪੂਰੀ ਤਨਦੇਹੀ ਨਾਲ ਜੁਟਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਬਿਜਲੀ ਪ੍ਰਬੰਧਾਂ ਨੂੰ ਮਜ਼ਬੂਤ ਕਰਨ, ਸੀਵਰੇਜ ਸਿਸਟਮ ਨੂੰ ਬਿਹਤਰ ਬਣਾਉਣ, ਸ਼ਹਿਰ ਦੇ ਵਿਚਕਾਰੋਂ ਲੰਘਦੇ ਡਰੇਨ ਨੂੰ ਕਵਰ ਕਰਨ, ਸੀਵਰੇਜ ਟ੍ਰੀਟਮੈਂਟ ਪਲਾਂਟ (ਐਸ.ਟੀ.ਪੀ.) ਦੀ ਸਥਾਪਨਾ ਅਤੇ ਹੋਰ ਮੁੱਖ ਬੁਨਿਆਦੀ ਢਾਂਚੇ ਨਾਲ ਸਬੰਧਤ ਪ੍ਰੋਜੈਕਟਾਂ 'ਤੇ ਪ੍ਰਗਤੀ ਅਧੀਨ ਕੰਮ ਚੱਲ ਰਿਹਾ ਹੈ।



## ਸ਼ਹੀਦ ਰਾਜਵਿੰਦਰ ਸਿੰਘ ਦੇ ਨਾਂਅ 'ਤੇ ਨਵੀਂ ਸੜਕ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ

**ਸਮਾਣਾ (ਗੁਰਦਿਆਲ ਸਿੰਘ ਬੱਲ)** -ਹਲਕਾ ਸਮਾਣਾ ਦੇ ਵਿਕਾਸ ਨੂੰ ਹੋਰ ਗਤੀ ਦਿੰਦਿਆਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਬੁੱਧਵਾਰ ਨੂੰ ਪਿੰਡ ਦੌਦੜਾ ਵਿਖੇ 1.24 ਕਰੋੜ ਰੁਪਏ ਦੀ ਲਾਗਤ ਵਾਲੇ ਸੜਕੀ ਵਿਕਾਸ ਪ੍ਰੋਜੈਕਟ ਦਾ ਰਿਬਨ ਕੱਟ ਕੇ ਉਦਘਾਟਨ ਕੀਤਾ ਗਿਆ। ਇਸ ਪ੍ਰੋਜੈਕਟ ਤਹਿਤ ਬਣਾਈ ਜਾ ਰਹੀ ਸੜਕ ਦਾ ਨਾਮ ਸ਼ਹੀਦ ਨਾਇਕ ਰਾਜਵਿੰਦਰ ਸਿੰਘ ਦੇ ਨਾਮ ਰੱਖਿਆ ਗਿਆ ਹੈ। ਜਾਣਕਾਰੀ ਦਿੰਦਿਆਂ ਬਰਸਟ ਨੇ ਦੱਸਿਆ ਕਿ ਪਿੰਡ ਦੌਦੜਾਂ ਤੋਂ ਸਮਾਣਾ ਰੋਡ ਵਾਇਆ ਤਾਜ ਪੈਲੇਸ ਤੱਕ ਬਣਾਈ ਜਾਣ ਵਾਲੀ ਇਸ ਸੜਕ ਦੀ ਕੁੱਲ ਲੰਬਾਈ 2.70 ਕਿਲੋਮੀਟਰ ਹੈ ਅਤੇ ਇਸ ਦੀ ਉਸਾਰੀ 'ਤੇ ਲਗਭਗ 1.24 ਕਰੋੜ ਰੁਪਏ ਖਰਚ ਹੋਣਗੇ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਪਿੰਡ ਦੌਦੜਾ ਅਤੇ ਆਸ-ਪਾਸ ਦੇ ਖੇਤਰ ਦੇ ਲੋਕਾਂ ਨੂੰ ਆਵਾਜਾਈ ਦੀ ਬਿਹਤਰ ਸਹੂਲਤ ਮਿਲੇਗੀ ਅਤੇ ਸੜਕੀ ਸੰਪਰਕ ਹੋਰ ਮਜ਼ਬੂਤ ਹੋਵੇਗਾ।ਉਨ੍ਹਾਂ ਕਿਹਾ ਕਿ ਪੰਜਾਬ 24 ਰੈਜੀਮੈਂਟ ਦੇ ਨਾਇਕ ਰਾਜਵਿੰਦਰ ਸਿੰਘ ਸਾਲ 2020 ਵਿੱਚ ਜੰਮੂ (ਸ੍ਰੀਨਗਰ, ਪੁਲਵਾਮਾ) ਵਿਖੇ ਆਪਣੀ ਡਿਊਟੀ ਨਿਭਾਉਂਦੇ ਹੋਏ ਅੱਤਵਾਦੀਆਂ ਨਾਲ ਲੜਦੇ ਹੋਏ ਸ਼ਹੀਦ ਹੋ ਗਏ ਸਨ।ਇਸ ਮੌਕੇ ਅਵਤਾਰ ਸਿੰਘ ਪਿਤਾ ਸ਼ਹੀਦ ਨਾਇਕ ਰਾਜਵਿੰਦਰ ਸਿੰਘ, ਸੋਨੂੰ ਸਰਪੰਚ ਗੁਰੂ ਨਾਨਕ ਨਗਰ, ਜਗਸੀਰ ਸਿੰਘ ਸਰਪੰਚ ਗੁਰੂ ਤੇਗ ਬਹਾਦਰ ਨਗਰ, ਪਰਮਜੀਤ ਸਿੰਘ ਸਰਪੰਚ ਢਕੜੱਬਾ, ਮਨਪ੍ਰੀਤ ਸਿੰਘ ਸਰਪੰਚ ਹਾਜੀਮਾਜਰਾ, ਮਹਿਲ ਸਿੰਘ ਸਰਪੰਚ ਨੱਸੂਪੁਰ, ਯਾਦਵਿੰਦਰ ਸਿੰਘ ਸਰਪੰਚ ਗੋਬਿੰਦ ਨਗਰ, ਗੁਰਦੀਪ ਸਿੰਘ ਸਰਪੰਚ ਦੌਦੜਾ, ਪਰਮਜੀਤ ਸਿੰਘ ਸਰਪੰਚ ਭੇਡਪੁਰੀ, ਗੁਰਮੀਤ ਸਿੰਘ ਦੌਦੜਾ, ਐਡਵੋਕੇਟ ਹਰਕੇਸ਼ ਸੰਧੂ, ਸ਼ਾਮ ਲਾਲ ਦੱਤ, ਹਜ਼ਾਰੀ ਲਾਲ, ਜੋਂਕੀ ਮਹਿਰਾ, ਬਿਟਰ ਨਾਗਰ, ਅੰਗ੍ਰੇਜ ਭੁੱਲਰ, ਦਵਿੰਦਰ ਸਿੰਘ, ਰਵਿੰਦਰ ਸਿੰਘ ਬੱਲੀ, ਰੋਹਿਤ ਗਰਗ, ਹੈਪੀਦੇਵ ਮਲੋਮਾਜਰਾ, ਬਲਵਿੰਦਰ ਸਿੰਘ, ਨਿਰਭੈ ਸਿੰਘ ਸਾਬਕਾ ਸਰਪੰਚ ਦੌਦੜਾ, ਜਰਨੈਲ ਸਿੰਘ ਕੋਟਲੀ, ਸੁਮਿਤ ਗਰਗ ਟੀਨੂੰ, ਅੰਮ੍ਰਿਤਪਾਲ ਸਿੰਘ ਕਾਰਜਕਾਰੀ ਇੰਜੀਨੀਅਰ, ਪੰਕਜ ਮਹਿਰਾ ਐਸ.ਡੀ.ਓ., ਸੁਸ਼ੀਲ ਕੁਮਾਰ ਕਾਕਾ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਰਹੇ।



## ਮਾਰਕੀਟ ਕਮੇਟੀ ਦੇ ਨਵੇਂ ਚੇਅਰਮੈਨ ਪ੍ਰਦੀਪ ਮਿੱਤਲ ਦਾ ਸਨਮਾਨ



**ਭਵਾਨੀਗੜ੍ਹ, (ਰਾਜ ਖੁਰਮੀ)** ਮਾਰਕੀਟ ਕਮੇਟੀ ਦੇ ਨਵ-ਨਿਯੁਕਤ ਚੇਅਰਮੈਨ ਪ੍ਰਦੀਪ ਕੁਮਾਰ ਮਿੱਤਲ ਨੂੰ ਟਰੇਡ ਕਮਿਸ਼ਨ ਸੰਗਰੂਰ ਦੇ ਚੇਅਰਮੈਨ ਸੁਖਵਿੰਦਰ ਸਿੰਘ ਮਾਨ ਦੀ ਅਗਵਾਈ ਹੇਠ ਸਨਮਾਨਤ ਕੀਤਾ ਗਿਆ।ਇਸ ਮੌਕੇ ਟਰੇਡ ਕਮਿਸ਼ਨ ਦੇ ਜ਼ਿਲ੍ਹਾ ਸੈਕਟਰੀ ਸੰਦੀਪ ਕੁਮਾਰ ਤੇ ਟਰੇਡ ਕਮਿਸ਼ਨ ਭਵਾਨੀਗੜ੍ਹ ਦੇ ਮੈਂਬਰ ਕੁਲਵੰਤ ਸਿੰਘ ਵੀ ਮੌਜੂਦ ਸਨ। ਸੁਖਵਿੰਦਰ ਸਿੰਘ ਮਾਨ ਅਤੇ ਹੋਰ ਆਗੂਆਂ ਨੇ ਪ੍ਰਦੀਪ ਮਿੱਤਲ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਮਾਰਕੀਟ ਕਮੇਟੀ ਕਿਸਾਨਾਂ, ਆੜ੍ਹਤੀਆਂ ਤੇ ਵਪਾਰੀਆਂ ਨਾਲ ਸਿੱਧੇ ਤੌਰ 'ਤੇ ਜੁੜੀ ਅਹਿਮ ਸੰਸਥਾ ਹੈ।ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਪ੍ਰਦੀਪ ਮਿੱਤਲ ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਂਦੇ ਹੋਏ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਰਗਰਮ ਭੂਮਿਕਾ ਨਿਭਾਉਣਗੇ।ਆਗੂਆਂ ਨੇ ਕਿਹਾ ਕਿ ਮਾਰਕੀਟ ਕਮੇਟੀ ਦੀ ਕਾਰਗੁਜ਼ਾਰੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਅਤੇ ਕਿਸਾਨਾਂ ਤੇ ਵਪਾਰੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਸਾਰਿਆਂ ਦੇ ਸਹਿਯੋਗ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਨਵੇਂ ਚੇਅਰਮੈਨ ਤੋਂ ਇਲਾਕੇ ਦੇ ਲੋਕਾਂ ਨੂੰ ਕਾਫ਼ੀ ਉਮੀਦਾਂ ਹਨ।ਇਸ ਮੌਕੇ ਪ੍ਰਦੀਪ ਕੁਮਾਰ ਮਿੱਤਲ ਨੇ ਸਨਮਾਨ ਲਈ ਟਰੇਡ ਕਮਿਸ਼ਨ ਦੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮਿਹਨਤ ਤੇ ਲਗਨ ਨਾਲ ਨਿਭਾਇਆ ਜਾਵੇਗਾ।


# M/S CREDIFIN LIMITED

(formerly known as PHF Leasing Ltd.)
Registered Office : 87, Radio Colony, Mahavir Marg, BMC Chowk, Jalandhar - 144001, Punjab
CIN No.L65110PB1992PLC012488, Ph.No.+91 91151-00401, Website : www.credif.in, Email id : compliance@credif.in

**30 ਜੂਨ 2026 ਨੂੰ ਖਤਮ ਹੋਈ ਤਿਮਾਹੀ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ**

| ਲੜੀ ਨੰ: | ਵੇਰਵੇ | ਤਿਮਾਹੀ ਖਤਮ 30/06/2026 ਅਣ-ਪੜਤਾਲੇ | ਤਿਮਾਹੀ ਖਤਮ 30/06/2025 ਅਣ-ਪੜਤਾਲੇ | ਸਾਲ ਖਤਮ 31/03/2026 ਪੜਤਾਲੇ |
|---|---|---|---|---|
| 1 | ਕਾਰੋਬਾਰਾਂ ਤੋਂ ਕੁੱਲ ਆਮਦਨ | 1,790.52 | 1,746.56 | 7,795.86 |
| 2 | ਸਮੇਂ ਲਈ ਸ਼ੁੱਧ ਲਾਭ/(ਹਾਨੀ) ਟੈਕਸ ਤੋਂ ਪਹਿਲਾਂ, ਖਾਸ ਅਤੇ/ਜਾਂ ਗੈਰ-ਅਸਧਾਰਨ (ਆਇਟਮਾਂ) # | 135.23 | 171.10 | 707.47 |
| 3 | ਟੈਕਸ ਤੋਂ ਪਹਿਲਾਂ ਸਮੇਂ ਲਈ ਸ਼ੁੱਧ ਲਾਭ/(ਹਾਨੀ) (ਖਾਸ ਅਤੇ/ਜਾਂ ਅਸਧਾਰਨ ਆਇਟਮਾਂ ਮਗਰੋਂ)# | 135.23 | 171.10 | 707.47 |
| 4 | ਟੈਕਸ ਮਗਰੋਂ ਸਮੇਂ ਲਈ ਸ਼ੁੱਧ ਲਾਭ/(ਹਾਨੀ) (ਖਾਸ ਅਤੇ/ਜਾਂ ਅਸਧਾਰਨ ਆਇਟਮਾਂ ਮਗਰੋਂ) | 100.53 | 70.34 | 468.67 |
| 5 | ਸਮੇਂ ਲਈ ਕੁੱਲ ਵਿਆਪਕ ਆਮਦਨ [ਲਾਭ/(ਹਾਨੀ) ਸ਼ਾਮਿਲ (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ)] | 107.49 | 72.28 | 471.92 |
| 6 | ਇਕੁਇਟੀ ਸ਼ੇਅਰ ਕੈਪੀਟਲ | 3,082.93 | 1,238.68 | 3,082.93 |
| 7 | ਰਿਜ਼ਰਵਜ਼ (ਰੀਵੈਲੂਏਸ਼ਨ ਰਿਜ਼ਰਵ ਤੋਂ ਬਗੈਰ) ਜਿਵੇਂ ਕਿ ਪਿਛਲੇ ਸਾਲ ਦੀ ਪੜਤਾਲੀ ਬੈਲੇਂਸ ਸ਼ੀਟ 'ਚ ਦਰਸਾਇਆ ਗਿਆ | 5,715.12 | 5,544.72 | 5,607.62 |
| 8 | ਕਮਾਈ 10 ਰੁ:/- ਹਰੇਕ (ਚਾਲੂ ਅਤੇ ਬੰਦ ਕਾਰੋਬਾਰਾਂ ਲਈ) ਪ੍ਰਤੀ ਸ਼ੇਅਰ | | | |
| | ਬੇਸਿਕ (ਰੁਪਏ) | 0.33 | 0.57 | 2.17 |
| | ਡਿਲਿਊਟਡ (ਰੁਪਏ) | 0.33 | 0.28 | 2.17 |

ਟਿੱਪਣੀਆਂ :-
1. ਕ੍ਰੈਡੀਫਿਨ ਲਿਮਟਿਡ (ਪਹਿਲਾਂ ਪੀ ਐੱਚ ਐੱਫ ਲੀਜ਼ਿੰਗ ਲਿਮਟਿਡ ਵਜੋਂ ਜਾਣੀ ਜਾਂਦੀ) ("ਦਾ ਕੰਪਨੀ") ਦੇ ਉਪਰੋਕਤ ਨਤੀਜੇ ਆਡਿਟ ਕਮੇਟੀ ਦੀ ਮੀਟਿੰਗ ਵਿੱਚ ਨਜ਼ਰਸਾਨੀ ਕੀਤੇ ਗਏ ਹਨ ਅਤੇ ਬੋਰਡ ਦੇ ਡਾਇਰੈਕਟਰਾਂ ਵੱਲੋਂ ਕ੍ਰਮਵਾਰ ਉਨ੍ਹਾਂ 11 ਅਗਸਤ 2026 ਨੂੰ ਹੋਈਆਂ ਮੀਟਿੰਗਾਂ 'ਚ ਮਨਜ਼ੂਰ ਕੀਤੇ ਗਏ ਹਨ।
2. ਉਪਰੋਕਤ 30 ਜੂਨ 2026 ਨੂੰ ਖਤਮ ਹੋਈ ਤਿਮਾਹੀ ਦੇ ਅਣ-ਪੜਤਾਲੇ ਵਿੱਤੀ ਨਤੀਜਿਆਂ ਦੇ ਵਿਸਥਾਰਤ ਫਾਰਮਟ ਦਾ ਸਾਰ ਹੈ, ਜੋ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨ 2015, ਸੋਧੇ ਰੈਗੂਲੇਸ਼ਨ 33 ਅਧੀਨ ਸਟਾਕ ਐਕਸਚੇਂਜ ਕੋਲ ਦਾਇਰ ਕੀਤਾ ਗਿਆ ਹੈ। ਉਕਤ ਵਿੱਤੀ ਨਤੀਜਿਆਂ ਦਾ ਪੂਰਾ ਸਾਰ ਸਟਾਕ ਐਕਸਚੇਂਜ ਦੀ ਵੈੱਬਸਾਈਟ www. msei.in ਅਤੇ ਕੰਪਨੀ ਦੀ ਵੈੱਬਸਾਈਟ www. credif.in 'ਤੇ ਉਪਲੱਬਧ ਹੈ।

ਸਕੈਨ ਕਰੋ

ਬੋਰਡ ਦੇ ਡਾਇਰੈਕਟਰਾਂ ਦੇ ਹੁਕਮਾਂ ਨਾਲ
ਵਾਸਤੇ ਕ੍ਰੈਡੀਫਿਨ ਲਿਮਟਿਡ (ਪਹਿਲਾਂ ਪੀ ਐੱਚ ਐੱਫ ਲੀਜ਼ਿੰਗ ਲਿਮਟਿਡ ਵਜੋਂ ਜਾਣੀ ਜਾਂਦੀ)
ਸਹੀ/- ਵਿਜੇ ਕੁਮਾਰ ਸਰੀਨ
ਕੁੱਲ ਵਕਤੀ ਡਾਇਰੈਕਟਰ,
ਡੀ ਆਈ ਐੱਨ : 07978240

ਸਥਾਨ : ਜਲੰਧਰ
ਮਿਤੀ : 11 ਅਗਸਤ, 2026


## ਫਲ ਤੇ ਸਬਜ਼ੀਆਂ ਨੂੰ ਪ੍ਰਾਸੈਸ ਕਰਨ ਸਬੰਧੀ ਸਿਖਲਾਈ

**ਸੰਗਰੂਰ (ਪ੍ਰਵੀਨ ਸਿੰਘ )**- ਬਾਗਬਾਨੀ ਵਿਭਾਗ ਸੰਗਰੂਰ ਦੇ ਕਮਿਊਨਿਟੀ ਕੈਨਿੰਗ ਸੈਂਟਰ ਵਿਖੇ ਫਲ ਅਤੇ ਸਬਜ਼ੀਆਂ ਦੀ ਸਾਂਭ-ਸੰਭਾਲ ਸਬੰਧੀ ਆਤਮਾ ਸਕੀਮ ਅਧੀਨ ਦੋ ਦਿਨਾਂ ਟ੍ਰੇਨਿੰਗ ਪ੍ਰੋਗਰਾਮ ਉਲੀਕਿਆ ਗਿਆ ਜਿਸ ਵਿੱਚ ਲੇਟ ਮਦਨ ਸਿੰਘ ਕਪੂਰ ਪੀ.ਐਮ.ਸ੍ਰੀ ਸ (ਕੰ) ਸ.ਸ.ਸਕੂਲ ਸੰਗਰੂਰ ਦੀਆਂ 30 ਵਿਦਿਆਰਥਣਾਂ ਨੂੰ ਸ੍ਰੀਮਤੀ ਅਮਨਪ੍ਰੀਤ ਕੌਰ ਬਾਗਬਾਨੀ ਵਿਕਾਸ ਅਫਸਰ, ਧੂਰੀ-ਕਮ-ਇੰਚਾਰਜ ਕਮਿਊਨਿਟੀ ਕੈਨਿੰਗ ਸੈਂਟਰ, ਸੰਗਰੂਰ ਵੱਲੋਂ ਟ੍ਰੇਨਿੰਗ ਦਿੱਤੀ ਗਈ। ਟ੍ਰੇਨਿੰਗ ਦੌਰਾਨ ਆਲੂ ਬੁਖਾਰੇ ਦਾ ਮੁਰੱਬਾ, ਅੰਬਾਂ ਦੀ ਚਟਨੀ ਆਦਿ ਪਦਾਰਥ ਬਣਾਉਣ ਸਬੰਧੀ ਤਕਨੀਕਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਸ੍ਰੀ ਹਰਦੀਪ ਸਿੰਘ ਡਿਪਟੀ ਡਾਇਰੈਕਟਰ ਬਾਗਬਾਨੀ, ਸੰਗਰੂਰ ਵੱਲੋਂ ਟ੍ਰੇਨਿੰਗ ਲੈਣ ਆਈਆਂ ਵਿਦਿਆਰਥਣਾਂ ਨੂੰ ਸਰਟੀਫਿਕੇਟ ਵੰਡੇ ਗਏ ਅਤੇ ਦੱਸਿਆ ਗਿਆ ਕਿ ਫਲ ਅਤੇ ਸਬਜ਼ੀਆਂ ਨੂੰ ਪ੍ਰਾਸੈਸ ਕਰਨਾ ਸਮੇਂ ਦੀ ਮੁੱਖ ਲੋੜ ਹੈ ਕਿਉਂਕਿ ਸਾਡੇ ਦੇਸ਼ ਵਿੱਚ ਸਿਰਫ 5 ਪ੍ਰਤੀਸ਼ਤ ਹੀ ਪ੍ਰਾਸੈਸਿੰਗ ਹੋ ਰਹੀ ਹੈ ਜਦੋਂ ਕਿ ਅਗਾਂਹਵਧੂ ਦੇਸ਼ਾਂ ਵਿੱਚ ਇਹ ਪ੍ਰਾਸੈਸਿੰਗ ਲਗਭਗ 70 ਪ੍ਰਤੀਸ਼ਤ ਦੇ ਕਰੀਬ ਹੈ। ਇਸ ਟ੍ਰੇਨਿੰਗ ਦੌਰਾਨ ਲੇਟ ਮਦਨ ਸਿੰਘ ਕਪੂਰ ਪੀ.ਐਮ.ਸ੍ਰੀ ਸ (ਕੰ) ਸ.ਸ.ਸਕੂਲ ਸੰਗਰੂਰ ਦੇ ਅਧਿਆਪਕ ਸ੍ਰੀਮਤੀ ਸੀਮਾਂ ਜਿੰਦਲ ਅਤੇ ਬਾਗਬਾਨੀ ਵਿਭਾਗ, ਸੰਗਰੂਰ ਦੇ ਕਰਮਚਾਰੀ ਸ੍ਰੀ ਬਲਕਰਨ ਸਿੰਘ ਲੈਬ ਅਟੈਂਡੈਂਟ ਵੀ ਹਾਜ਼ਰ ਸਨ।



## ਮਾਰਕੀਟ ਕਮੇਟੀ ਜਗਰਾਉਂ ਦੇ ਨਵੇਂ ਚੇਅਰਮੈਨ ਕੁਲਵਿੰਦਰ ਸਿੰਘ ਕਾਲਾ ਨੇ ਸੰਭਾਲਿਆ ਅਹੁਦਾ

**ਜਗਰਾਉਂ (ਅਮਿਤ ਖੰਨਾ)**- ਮਾਰਕਿਟ ਕਮੇਟੀ ਜਗਰਾਉਂ ਦੇ ਚੇਅਰਮੈਨ ਵਜੋਂ ਕੁਲਵਿੰਦਰ ਸਿੰਘ ਕਾਲਾ ਦੀ ਨਿਯੁਕਤੀ ਦੀ ਖੁਸ਼ੀ ਵਿੱਚ ਬੁੱਧਵਾਰ ਨੂੰ ਜਗਰਾਉਂ ਦੀ ਵਿਧਾਇਕਾ ਸਰਬਜੀਤ ਕੌਰ ਮਾਣੂਕੇ ਵੱਲੋਂ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਵਿਧਾਇਕਾ ਮਾਣੂਕੇ ਨੇ ਕੁਲਵਿੰਦਰ ਸਿੰਘ ਕਾਲਾ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਨਾਲ ਵਿਸਥਾਰਪੂਰਵਕ ਮੀਟਿੰਗ ਕੀਤੀ। ਮੀਟਿੰਗ ਦੌਰਾਨ ਜਗਰਾਉਂ ਦੇ ਵਿਕਾਸ, ਕਿਸਾਨਾਂ ਅਤੇ ਆੜ੍ਹਤੀਆਂ ਨਾਲ ਸਬੰਧਤ ਮਸਲਿਆਂ ਅਤੇ ਲੋਕਾਂ ਦੀ ਬਿਹਤਰੀ ਲਈ ਕੀਤੇ ਜਾਣ ਵਾਲੇ ਕੰਮਾਂ ਸੰਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰੋਫੈਸਰ ਸੁਖਵਿੰਦਰ ਸਿੰਘ, ਸਾਜਨ ਮਲਹੋਤਰਾ, ਪ੍ਰਹਿਲਾਦ ਅਤੇ ਮਨਿੰਦਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।



## ਹੋਲੀ ਹਾਰਟ ਸਕੂਲ ਵਿਖੇ ਸਾਈਂ ਮੀਆਂ ਮੀਰ ਦਾ ਅਕਾਲ ਚਲਾਣਾ ਦਿਵਸ ਸ਼ਰਧਾ ਨਾਲ ਮਨਾਇਆ

**ਅਜੀਤਵਾਲ ਨਛੱਤਰ ਸੰਧੂ)** – ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਮਹਾਨ ਸੂਫ਼ੀ ਸੰਤ ਸਾਈਂ ਮੀਆਂ ਮੀਰ ਦਾ ਅਕਾਲ ਚਲਾਣਾ ਦਿਵਸ ਅਤਿਅੰਤ ਸ਼ਰਧਾ, ਉਤਸ਼ਾਹ ਅਤੇ ਆਦਰ-ਸਤਿਕਾਰ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਸਮਾਗਮ ਦੀ ਸ਼ੁਰੂਆਤ ਸਕੂਲ ਦੀ ਸਵੇਰ ਦੀ ਸਭਾ ਦੌਰਾਨ ਹੋਈ, ਜਿਸ ਵਿੱਚ ਸਕੂਲ ਦੇ ਪ੍ਰਬੰਧਕ ਚੇਅਰਮੈਨ ਸ਼ੁਬਾਸ਼ ਪਲਤਾ ਅਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਅਤੇ ਰਮਨ ਅਰੋੜਾ , ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ , ਅਧਿਆਪਕ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਸ਼ਾਮਲ ਹੋਏ। ਸਭਾ ਦੀ ਸ਼ੁਰੂਆਤ ਵਿਦਿਆਰਥੀਆਂ ਦੁਆਰਾ ਸਰਬ-ਸਾਂਝੀਵਾਲਤਾ ਅਤੇ ਅਮਨ-ਸ਼ਾਂਤੀ ਲਈ ਕੀਤੀ ਗਈ ਵਿਸ਼ੇਸ਼ ਅਰਦਾਸ ਨਾਲ ਹੋਈ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਸਾਈਂ ਮੀਆਂ ਮੀਰ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਾਨਵਤਾ ਪ੍ਰਤੀ ਦਿੱਤੇ ਯੋਗਦਾਨ 'ਤੇ ਰੋਸ਼ਨੀ ਪਾਉਂਦੇ ਹੋਏ ਭਾਵਪੂਰਤ ਭਾਸ਼ਣ, ਕਵਿਤਾਵਾਂ ਅਤੇ ਸ਼ਬਦ ਗਾਇਨ ਪੇਸ਼ ਕੀਤੇ।ਸਕੂਲ ਦੇ ਪ੍ਰਿੰਸੀਪਲ ਨੇ ਆਪਣੇ ਸੰਬੋਧਨ ਵਿੱਚ ਸਾਈਂ ਮੀਆਂ ਮੀਰ ਦੀਆਂ ਪਵਿੱਤਰ ਸਿੱਖਿਆਵਾਂ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ।

## ਜ਼ੋਨ ਕੋਟ ਈਸੇ ਖਾਂ ਸਕੂਲ ਖੇਡਾਂ ਦਾ ਰਾਜੇਸ਼ ਪਾਲ ਵੱਲੋਂ ਉਦਘਾਟਨ

**ਕੋਟ ਈਸੇ ਖਾ (ਅਰੋੜਾ)**- 29 ਵੀਆਂ ਜੋਨ ਕੋਟ ਈਸੇ ਖਾਂ ਸਕੂਲ ਖੇਡਾਂ ਜੋ ਕਿ ਜੋ ਵੱਖ-ਵੱਖ ਸਕੂਲਾਂ ਵਿੱਚ ਸ਼ੁਰੂ ਹੋ ਚੁੱਕੀਆਂ ਹਨ ਜਿਹਨਾਂ ਦਾ ਉਦਘਾਟਨ ਜੋਨ ਪ੍ਰਧਾਨ ਪ੍ਰਿੰਸੀਪਲ ਰਜੇਸ਼ ਪਾਲ ਅਰੋੜਾ ਵੱਲੋ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਲੋਟੀ ਦੀ ਗਰਾਉਂਡ ਵਿਖੇ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜੋਨ ਸਕੱਤਰ ਲੈਕਚਰਾਰ ਪਲਵਿੰਦਰ ਸਿੰਘ ਵੱਲੋਂ ਦੱਸਿਆ ਗਿਆ ਕਿ ਅੰਡਰ 14 ,17, 19 ਸਾਲ ਲੜਕੇ/ ਲੜਕੀਆਂ ਦੇ ਟੂਰਨਾਮੈਂਟ ਕਰਵਾਏ ਜਾ ਰਹੇ ਹਨ ਜਿਸ ਵਿੱਚ ਜੋਨ ਕੋਟ ਈਸੇ ਖਾਂ ਦੇ ਲਗਭਗ 30 ਸਕੂਲਾਂ ਦੇ ਖਿਡਾਰੀ ਭਾਗ ਲੈ ਰਹੇ ਹਨ। ਲਾਅਨ ਟੈਨਿਸ, ਸਾਫਟ ਟੈਨਿਸ, ਬੈਡਮਿੰਟਨ ਦੇ ਮੈਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਵਿਖੇ ਕਰਵਾਏ ਗਏ। ਚੈਸ ਦੇ ਮੈਚ ਕੈਂਬਰਿਜ ਕਾਨਵੈਂਟ ਸਕੂਲ ਕੋਟ ਈਸੇ ਖਾਂ ਵਿਖੇ ਕਰਵਾਏ ਗਏ । ਹਾਕੀ, ਕਰਾਟੇ, ਹੈਂਡਬਾਲ , ਯੋਗਾ ਦੇ ਮੈਚ ਸ਼੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਵਿਖੇ ਕਰਵਾਏ ਗਏ । ਖੋ – ਖੋ ਦੇ ਮੈਚ ਦਿੱਲੀ ਕਾਨਵੈਂਟ ਸਕੂਲ ਮੁੰਡੀ ਜਮਾਲ ਵਿਖੇ ਕਰਵਾਏ ਗਏ । ਗੱਤਕੇ ਦੇ ਮੈਚ ਅਕਾਲ ਅਕੈਡਮੀ ਮਨਾਵਾਂ ਵਿਖੇ ਕਰਵਾਏ ਗਏ ।



## ਰੂਪ ਵਾਟਿਕਾ ਸਕੂਲ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਜਗਰਾਉਂ (ਅਮਿਤ ਖੰਨਾ)**- ਰੂਪ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ, ਜਗਰਾਉਂ ਦੇ ਵਿਦਿਆਰਥੀਆਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮੁੱਲਾਂਪੁਰ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਕਿਕਬਾਕਸਿੰਗ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਮੁਕਾਬਲੇ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਪ੍ਰਤਿਭਾ, ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਬਿਹਤਰੀਨ ਪ੍ਰਦਰਸ਼ਨ ਕੀਤਾ। ਸਕੂਲ ਦੀ ਹੋਣਹਾਰ ਵਿਦਿਆਰਥਣ ਸ਼ਾਇਨਾ ਨੇ ਅੰਡਰ-19 ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਦਾ ਤਮਗਾ ਹਾਸਲ ਕੀਤਾ। ਸਿਮਰਨ ਨੇ ਅੰਡਰ-14 ਵਰਗ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਦਿਆਂ ਸੋਨੇ ਦਾ ਤਮਗਾ ਆਪਣੇ ਨਾਮ ਕੀਤਾ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਵਿੰਮੀ ਠਾਕੁਰ ਨੇ ਸ਼ਾਇਨਾ ਅਤੇ ਸਿਮਰਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਅਗਵਾਈ ਦੀ ਸਮਰੱਥਾ ਵਿਕਸਿਤ ਕਰਦੀਆਂ ਹਨ।



## ਵੋਟਰ ਸੂਚੀ ਸੁਧਾਈ ਪ੍ਰਕਿਰਿਆ ਦੇ ਦੂਜੇ ਪੜਾਅ ਦੀ ਸ਼ੁਰੂਆਤ

**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀ ਦੀ ਗਹਿਰੀ ਸੁਧਾਈ ਪ੍ਰਕਿਰਿਆ (ਐਸ.ਆਈ.ਆਰ.) ਦੇ ਦੂਜੇ ਪੜਾਅ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਚੋਣ ਅਫ਼ਸਰ ਨਵਜੋਤ ਕੌਰ ਆਈ ਏ ਐਸ ਦੀ ਨਿਗਰਾਨੀ ਹੇਠ ਮਾਸਟਰ ਟਰੇਨਰਾਂ ਵੱਲੋਂ ਸਹਾਇਕ ਇਲੈਕਟੋਰਲ ਰਜਿਸਟਰੇਸ਼ਨ ਅਫ਼ਸਰਾਂ (1, 2) ਅਤੇ ਵਧੀਕ ਸਹਾਇਕ ਇਲੈਕਟੋਰਲ ਰਜਿਸਟਰੇਸ਼ਨ ਅਫ਼ਸਰਾਂ, ਅਸੈਂਬਲੀ ਲੈਵਲ ਮਾਸਟਰ ਟਰੇਨਰਾਂ ਅਤੇ ਡਾਕੂਮੈਂਟ ਵੈਰੀਫਿਕੇਸ਼ਨ ਨੋਡਲ ਅਫਸਰਾਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਗਈ। ਜ਼ਿਲ੍ਹਾ ਚੋਣ ਅਫ਼ਸਰ ਨਵਜੋਤ ਕੌਰ ਨੇ ਦੱਸਿਆ ਕਿ ਸੁਧਾਈ ਪ੍ਰਕਿਰਿਆ ਦੇ ਦੂਜੇ ਪੜਾਅ ਤਹਿਤ ਵੋਟਰ ਸੂਚੀ ਦੀ ਮੁਢਲੀ ਪ੍ਰਕਾਸ਼ਨਾ 13 ਅਗਸਤ ਨੂੰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵੋਟਰਾਂ ਵੱਲੋਂ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਲਈ 13 ਅਗਸਤ ਤੋਂ 12 ਸਤੰਬਰ ਤੱਕ ਦਾ ਸਮਾਂ ਨਿਰਧਾਰਿਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪ੍ਰਾਪਤ ਹੋਏ ਦਾਅਵਿਆਂ 'ਤੇ ਇਤਰਾਜ਼ਾਂ ਦੇ ਨਿਪਟਾਰੇ ਅਤੇ ਨੋਟਿਸ ਜਾਰੀ ਕਰਨ ਦੀ ਪ੍ਰਕਿਰਿਆ 13 ਅਗਸਤ ਤੋਂ 8 ਅਕਤੂਬਰ ਤੱਕ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਸਾਰੀ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ 12 ਅਕਤੂਬਰ ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ।



## 'ਵਾਇਸ ਆਫ਼ ਪੰਜਾਬ' ਦੀ ਰਨਰਅੱਪ ਅਮਨਦੀਪ ਨੂੰ ਵਧਾਈ

**ਦੋਰਾਹਾ ( ਹਰਮਿੰਦਰ ਸੇਠ )** : ਪੀ.ਟੀ.ਸੀ. ਪੰਜਾਬੀ ਦੇ ਪ੍ਰਸਿੱਧ ਸੰਗੀਤਕ ਮੁਕਾਬਲੇ 'ਵਾਇਸ ਆਫ਼ ਪੰਜਾਬ' ਵਿੱਚ ਰਨਰਅੱਪ ਦਾ ਖਿਤਾਬ ਜਿੱਤ ਕੇ ਬੇਰਕਲਾ ਦਾ ਨਾਮ ਰੌਸ਼ਨ ਕਰਨ ਵਾਲੀ ਅਮਨਦੀਪ ਕੌਰ ਨੂੰ ਵਧਾਈ ਦੇਣ ਲਈ ਸਾਬਕਾ ਵਿਧਾਇਕ ਪਾਇਲ ਲਖਵੀਰ ਸਿੰਘ ਲੱਖਾ ਅਤੇ ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰਕਲਾ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜੇ।ਇਸ ਮੌਕੇ ਉਨ੍ਹਾਂ ਅਮਨਦੀਪ ਕੌਰ ਦੀ ਸ਼ਾਨਦਾਰ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਸ ਨੇ ਆਪਣੀ ਮਿਹਨਤ ਅਤੇ ਗਾਇਕੀ ਦੇ ਹੁਨਰ ਨਾਲ ਪਿੰਡ ਅਤੇ ਪੂਰੇ ਇਲਾਕੇ ਦਾ ਮਾਣ ਵਧਾਇਆ ਹੈ।ਇਸ ਮੌਕੇ ਗੁਰਮੁੱਖ ਸਿੰਘ ਗੋਮੀ ਸਿਆੜ, ਨਿਰਭੈ ਸਿੰਘ ਗਿੱਲ ਬੇਰਕਲਾ, ਮੇਘ ਸਿੰਘ ਬੇਰਕਲਾ, ਰਮਨ ਸਿੰਘ ਧਮੋਟ ਅਤੇ ਸ਼ਮਸ਼ੇਰ ਸਿੰਘ ਕੋਟਲੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ



## ਦੋਰਾਹਾ 'ਚ ਓਵਰਲੋਡਿੰਗ ਵਾਹਨਾਂ ਖ਼ਿਲਾਫ਼ ਟ੍ਰੈਫਿਕ ਪੁਲਿਸ ਸਖ਼ਤ

**ਦੋਰਾਹਾ (ਹਰਮਿੰਦਰ ਸੇਠ )** - ਐੱਸ.ਐੱਸ.ਪੀ. ਖੰਨਾ ਡਾ. ਦਰਪਣ ਆਹਲੂਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਡੀ.ਐੱਸ.ਪੀ. ਟ੍ਰੈਫਿਕ ਖੰਨਾ ਕਰਮਵੀਰ ਤੂਰ ਦੀ ਨਿਗਰਾਨੀ ਹੇਠ ਟ੍ਰੈਫਿਕ ਪੁਲਿਸ ਦੋਰਾਹਾ ਵੱਲੋਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਖ਼ਿਲਾਫ਼ ਕਾਰਵਾਈ ਤੇਜ਼ ਕਰ ਦਿੱਤੀ ਗਈ ਹੈ।ਇਸੇ ਤਹਿਤ ਟ੍ਰੈਫਿਕ ਪੁਲਿਸ ਦੋਰਾਹਾ ਦੇ ਇੰਚਾਰਜ ਜਗਤਾਰ ਸਿੰਘ ਦੀ ਅਗਵਾਈ ਹੇਠ ਦੋਰਾਹਾ ਵਿਖੇ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਦੌਰਾਨ ਸੜਕਾਂ 'ਤੇ ਆਉਣ-ਜਾਣ ਵਾਲੇ ਵਾਹਨਾਂ ਦੀ ਜਾਂਚ ਕੀਤੀ ਗਈ ਅਤੇ ਨਿਰਧਾਰਤ ਸਮਰੱਥਾ ਤੋਂ ਵੱਧ ਸਮਾਨ ਲੱਦ ਕੇ ਚੱਲ ਰਹੇ ਓਵਰਲੋਡਿੰਗ ਵਾਹਨਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਦਿਆਂ ਚਲਾਨ ਕੱਟੇ ਗਏ। ਪੁਲਿਸ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਸੜਕ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਟ੍ਰੈਫਿਕ ਵਿਵਸਥਾ ਨੂੰ ਸੁਚਾਰੂ ਬਣਾਈ ਰੱਖਣ ਲਈ ਅਜਿਹੀਆਂ ਚੈਕਿੰਗਾਂ ਅੱਗੇ ਵੀ ਜਾਰੀ ਰਹਿਣਗੀਆਂ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।



## ਵਿਸ਼ਾਲ ਪੰਥਕ ਮੀਟਿੰਗ 18 ਨੂੰ

**ਭੀਖੀ (ਗੁਰਿੰਦਰ ਸਿੰਘ ਔਲਖ)** ਪੰਥਕ ਏਕਤਾ ਉਸਾਰ ਕੇ ਅਕਾਲੀ ਦਲ ਵਾਰਸ ਪੰਜਾਬ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਵਿਸ਼ਾਲ ਪੰਥਕ ਮੀਟਿੰਗ 18 ਅਗਸਤ ਨੂੰ ਕੀਤੀ ਜਾ ਰਹੀ ਹੈ। ਪਾਰਟੀ ਦੇ ਸੀਨੀਅਰ ਆਗੂ ਪਰਮਜੀਤ ਸਿੰਘ ਭੀਖੀ ਨੇ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਹੇਠ ਇਹ ਪੰਥਕ ਇਕੱਤਰਤਾ ਕੀਤੀ ਜਾਵੇਗੀ।ਉਨ੍ਹਾਂ ਅੱਗੇ ਦੱਸਿਆ ਕਿ ਇਸ ਮੌਕੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਔਲਖ ਮੈਂਬਰ ਧਰਮ ਪ੍ਰਚਾਰ ਕਮੇਟੀ ਐਸਜੀਪੀਸੀ ਮਨਜੀਤ ਸਿੰਘ ਬੱਪੀਆਣਾ ਦੀ ਅਗਵਾਹੀ ਹੇਠ ਜ਼ਿਲ੍ਹਾ ਮਾਨਸਾ ਦੇ ਅਕਾਲੀ ਦਲ ਪੁਨਰ ਸੁਰਜੀਤ ਦੇ ਮੈਂਬਰ ਆਪਣੀ ਪਾਰਟੀ ਨੂੰ ਛੱਡ ਕੇ ਅਕਾਲੀ ਦਲ ਵਾਰਸ ਪੰਜਾਬ ਵਿੱਚ ਸ਼ਾਮਲ ਹੋਣਗੇ। ਇਸ ਮੌਕੇ ਬਾਪੂ ਤਰਸੇਮ ਸਿੰਘ, ਮਨਪ੍ਰੀਤ ਸਿੰਘ ਇਆਲੀ ਜ਼ਿਲ੍ਹਾ ਪ੍ਰਧਾਨ, ਕੁਲਵਿੰਦਰ ਸਿੰਘ ਸਿੱਧੂ ਤੇ ਹੋਰ ਸੀਨੀਅਰ ਲੀਡਰਸ਼ਿਪ ਵੀ ਪਹੁੰਚ ਰਹੀ ਹੈ।

## ਦਾਜ ਦੀ ਮੰਗ ਨੂੰ ਲੈ ਕੇ ਵਿਆਹੁਤਾ ਨੂੰ ਕਥਿਤ ਤੌਰ 'ਤੇ ਤੰਗ-ਪ੍ਰੇਸ਼ਾਨ ਕਰਨ ਦਾ ਮਾਮਲਾ

**ਪਤੀ ਸਮੇਤ ਸਹੁਰੇ ਪਰਵਾਰ ਖ਼ਿਲਾਫ਼ ਕੇਸ ਦਰਜ**

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਦਾਜ ਦੀ ਮੰਗ ਨੂੰ ਲੈ ਕੇ ਵਿਆਹੁਤਾ ਨੂੰ ਕਥਿਤ ਤੌਰ 'ਤੇ ਤੰਗ-ਪ੍ਰੇਸ਼ਾਨ ਕਰਨ ਤੇ ਕੁੱਟਮਾਰ ਕਰਕੇ ਘਰੋਂ ਕੱਢਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਵੱਲੋਂ ਮਿਲੀ ਸ਼ਿਕਾਇਤ ਦੇ ਆਧਾਰ 'ਤੇ ਮਾਮਲੇ ਦੀ ਜਾਂਚ ਸ਼ੁਰੂ ਕਰਦਿਆਂ ਵਿਆਹੁਤਾ ਦੇ ਪਤੀ ਸਮੇਤ ਸਹੁਰੇ ਪਰਿਵਾਰ ਦੇ ਮੈਂਬਰਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਗਈ ਹੈ। ਮਾਮਲਾ ਮੋਗਾ ਜ਼ਿਲ੍ਹੇ ਦੇ ਪਿੰਡ ਕੋਕਰੀ ਬੁੱਟਰਾਂ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ। ਪੁਲਸ ਰਿਕਾਰਡ ਵਿੱਚ ਦਰਜ ਸ਼ਿਕਾਇਤ ਅਨੁਸਾਰ ਵਿਆਹੁਤਾ ਦਾ ਵਿਆਹ ਸਾਲ 2024 ਵਿੱਚ ਤੇਜਿੰਦਰਪਾਲ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਪਿੰਡ ਕੋਕਰੀ ਬੁੱਟਰਾਂ, ਜ਼ਿਲ੍ਹਾ ਮੋਗਾ ਨਾਲ ਹੋਇਆ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਵਿਆਹ ਮੌਕੇ ਉਸ ਦੇ ਮਾਪਿਆਂ ਵੱਲੋਂ ਆਪਣੀ ਸਮਰੱਥਾ ਤੋਂ ਵੱਧ ਕੇ ਦਾਜ ਤੇ ਘਰੇਲੂ ਸਾਮਾਨ ਦਿੱਤਾ ਗਿਆ ਸੀ। ਇਸ ਦੇ ਬਾਵਜੂਦ ਵਿਆਹ ਤੋਂ ਬਾਅਦ ਸਹੁਰੇ ਪਰਿਵਾਰ ਵੱਲੋਂ ਕਥਿਤ ਤੌਰ 'ਤੇ ਹੋਰ ਦਾਜ ਦੀ ਮੰਗ ਕੀਤੀ ਜਾਣ ਲੱਗੀ। ਸ਼ਿਕਾਇਤ ਵਿੱਚ ਦੱਸਿਆ ਗਿਆ ਕਿ ਪਤੀ ਤੇਜਿੰਦਰਪਾਲ ਸਿੰਘ, ਸਹੁਰਾ ਮਲਕੀਤ ਸਿੰਘ ਅਤੇ ਸੱਸ ਵੱਲੋਂ ਕਥਿਤ ਤੌਰ 'ਤੇ ਵਿਆਹੁਤਾ ਨੂੰ ਦਾਜ ਦੇ ਮਾਮਲੇ ਨੂੰ ਲੈ ਕੇ ਪ੍ਰੇਸ਼ਾਨ ਕੀਤਾ ਜਾਂਦਾ ਸੀ। ਪੀੜਤਾ ਨੇ ਦੋਸ਼ ਲਾਇਆ ਕਿ ਪਰਵਾਰ ਵੱਲੋਂ ਲਗਾਤਾਰ ਹੋਰ ਸਮਾਨ ਤੇ ਦਾਜ ਲਿਆਉਣ ਲਈ ਦਬਾਅ ਬਣਾਇਆ ਗਿਆ। ਜਦੋਂ ਉਸ ਨੇ ਇਸ ਮੰਗ ਨੂੰ ਪੂਰਾ ਕਰਨ ਤੋਂ ਅਸਮਰੱਥਾ ਜਤਾਈ ਤਾਂ ਮਾਮਲਾ ਹੋਰ ਵਿਗੜ ਗਿਆ। ਸ਼ਿਕਾਇਤ ਅਨੁਸਾਰ ਦਾਜ ਦੀ ਮੰਗ ਪੂਰੀ ਨਾ ਹੋਣ 'ਤੇ ਕਥਿਤ ਤੌਰ 'ਤੇ ਉਸ ਨਾਲ ਕੁੱਟਮਾਰ ਕੀਤੀ ਗਈ ਤੇ ਉਸ ਨੂੰ ਘਰੋਂ ਬਾਹਰ ਕੱਢ ਦਿੱਤਾ ਗਿਆ। ਇਸ ਤੋਂ ਬਾਅਦ ਪੀੜਤਾ ਵੱਲੋਂ ਮਾਮਲੇ ਸਬੰਧੀ ਪੁਲਿਸ ਕੋਲ ਸ਼ਿਕਾਇਤ ਦਰਜ ਕਰਾਈ ਗਈ। ਪੁਲਸ ਵੱਲੋਂ ਸ਼ਿਕਾਇਤ ਦੇ ਆਧਾਰ 'ਤੇ ਮਾਮਲੇ ਦੀ ਪੜਤਾਲ ਕੀਤੀ ਜਾ ਰਹੀ ਹੈ।

## ਪਵਨਜੀਤ ਪੀ ਪੀ ਐਸ ਨੂੰ ਮਿਲੇਗਾ ਮੁੱਖ ਮੰਤਰੀ ਮੈਡਲ

**ਖੰਨਾ, (ਸੁਖਵਿੰਦਰ ਸਿੰਘ ਭਾਦਲਾ)** ਪੰਜਾਬ ਸਰਕਾਰ ਵੱਲੋਂ ਸੁਤੰਤਰਤਾ ਦਿਵਸ-2026 ਦੇ ਮੌਕੇ 'ਤੇ ਐਸ.ਪੀ. (ਡੀ) ਸ੍ਰੀ ਪਵਨਜੀਤ ਪੀ.ਪੀ.ਐਸ. ਨੂੰ ਉਨ੍ਹਾਂ ਦੀ ਸ਼ਾਨਦਾਰ ਪੁਲਿਸ ਸੇਵਾ, ਡਿਊਟੀ ਪ੍ਰਤੀ ਸਮਰਪਣ, ਤਨਦੇਹੀ ਤੇ ਬਿਹਤਰੀਨ ਕਾਰਗੁਜ਼ਾਰੀ ਲਈ ਵੱਕਾਰੀ ਮੁੱਖ ਮੰਤਰੀ ਮੈਡਲ ਨਾਲ ਸਨਮਾਨਤ ਕਰਨ ਦਾ ਐਲਾਨ ਕੀਤਾ ਗਿਆ ਹੈ।ਇਸ ਮਾਣਮੱਤੀ ਉਪਲਬਧੀ 'ਤੇ ਸੀਨੀਅਰ ਪੁਲਸ ਕਪਤਾਨ (ਐਸ.ਐਸ.ਪੀ.) ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਸ੍ਰੀ ਪਵਨਜੀਤ ਪੀ.ਪੀ.ਐਸ. ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਦੀ ਮਿਹਨਤ, ਫ਼ਰਜ਼ ਪ੍ਰਤੀ ਵਚਨਬੱਧਤਾ ਤੇ ਪੁਲਸ ਸੇਵਾ ਪ੍ਰਤੀ ਸਮਰਪਤ ਭਾਵਨਾ ਦੀ ਪ੍ਰਤੱਖ ਮਿਸਾਲ ਹੈ।ਡਾ. ਦਰਪਣ ਆਹਲੂਵਾਲੀਆ ਨੇ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੁਲਿਸ ਅਧਿਕਾਰੀ ਵੱਲੋਂ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦੇਣ ਨਾਲ ਪੁਲਸ ਫੋਰਸ ਦਾ ਮਨੋਬਲ ਹੋਰ ਉੱਚਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਵੱਕਾਰੀ ਸਨਮਾਨ ਪੁਲਸ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਹੋਰ ਵੀ ਇਮਾਨਦਾਰੀ, ਸਮਰਪਣ ਤੇ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਉਣ ਲਈ ਪ੍ਰੇਰਤ ਕਰਦੇ ਹਨ।




## ਬੰਦੀ ਸਿੰਘਾਂ ਦੀ ਰਿਹਾਈ ਤੇ ਭਾਰਤ-ਅਮਰੀਕਾ ਵਪਾਰ ਸਮਝੌਤੇ ਖ਼ਿਲਾਫ਼ ਕਿਸਾਨਾਂ ਦਾ ਮੋਰਚਾ

**422 ਕਿਸਾਨ ਜਥੇਬੰਦੀਆਂ ਇਕਜੁਟ ਹੋ ਕੇ ਸੰਘਰਸ਼ ਵਿੱਢਣਗੀਆਂ**

**ਮੋਗਾ, (ਇਕਬਾਲ ਸਿੰਘ ਖਹਿਰਾ)**- ਭਾਰਤੀ ਕਿਸਾਨ ਯੂਨੀਅਨ ਖੋਸਾ ਮੀਟਿੰਗ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਚੰਦ ਪੁਰਾਣਾ ਵਿਖੇ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੌਮੀ ਇਨਸਾਫ਼ ਮੋਰਚੇ ਵੱਲੋਂ 15 ਅਗਸਤ ਨੂੰ ਚੰਡੀਗੜ੍ਹ ਵਿੱਚ ਕੀਤੇ ਜਾ ਰਹੇ ਰੋਸ ਮਾਰਚ ਤੇ ਪੰਜਾਬ ਦੇ ਰਾਜਪਾਲ ਦੀ ਰਿਹਾਇਸ਼ ਦੇ ਘਿਰਾਓ 'ਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ, ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦਰਸ਼ਨ ਸਿੰਘ ਕਾਲੇਕੇ, ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਉਗੋਕੇ ਨੇ ਕਿਹਾ ਕਿ ਮੋਗਾ ਤੋਂ ਇਲਾਵਾ ਲੁਧਿਆਣਾ, ਜਲੰਧਰ, ਕਪੂਰਥਲਾ, ਰੋਪੜ, ਮੋਹਾਲੀ, ਪਟਿਆਲਾ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਹਜ਼ਾਰਾਂ ਲੋਕ ਚੰਡੀਗੜ੍ਹ ਪਹੁੰਚਣਗੇ।ਉਨ੍ਹਾਂ ਕਿਹਾ ਕਿ ਨੇੜਲੇ ਜ਼ਿਲ੍ਹਿਆਂ ਵੱਲੋਂ ਵੀ ਆਪੋ-ਆਪਣੇ ਪੱਧਰ 'ਤੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤੇ ਜਾਣਗੇ।15 ਅਗਸਤ ਨੂੰ ਇਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹੁਸੈਨੀਵਾਲਾ ਵਿਖੇ ਝੰਡਾ ਲਹਿਰਾਉਣ ਦੀ ਰਸਮ ਕੀਤੀ ਜਾ ਰਹੀ ਹੈ, ਜਿਸ ਦੌਰਾਨ ਫ਼ਿਰੋਜ਼ਪੁਰ, ਾਜ਼ਿਲਕਾ, ਤਰਨਤਾਰਨ ਅਤੇ ਮੋਗਾ ਦੇ ਵੱਡੀ ਗਿਣਤੀ ਵਿੱਚ ਕਿਸਾਨ ਉਨ੍ਹਾਂ ਦਾ ਘਿਰਾਓ ਕਰਨਗੇ। ਉਨ੍ਹਾਂ ਕਿਹਾ ਕਿ ਕਈ ਬੰਦੀ ਸਿੰਘ ਲੰਮਾ ਸਮਾਂ ਜੇਲ੍ਹਾਂ ਵਿੱਚ ਬਿਤਾ ਚੁੱਕੇ ਹਨ ਤੇ ਕਈਆਂ ਦੀਆਂ ਸਜ਼ਾਵਾਂ ਪੂਰੀਆਂ ਹੋਣ ਦੇ ਬਾਵਜੂਦ ਵੀ ਉਨ੍ਹਾਂ ਦੀ ਰਿਹਾਈ ਨਹੀਂ ਮਿਲੀ।ਉਨ੍ਹਾਂ ਖਾਸ ਤੌਰ 'ਤੇ ਭਾਈ ਜਗਤਾਰ ਸਿੰਘ ਹਵਾਰਾ ਤੇ ਹੋਰ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਸਰਕਾਰ ਤੋਂ ਮਨੁੱਖੀ ਅਤੇ ਕਾਨੂੰਨੀ ਪੱਖ ਨੂੰ ਧਿਆਨ ਵਿੱਚ ਰੱਖਦਿਆਂ ਰਿਹਾਈ ਦੀ ਮੰਗ ਕੀਤੀ। ਖੋਸਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੇਂਦਰ ਸਰਕਾਰ ਨੂੰ ਪੱਤਰ ਲਿਖੇ ਜਾਣ ਦੇ ਬਾਵਜੂਦ ਮਾਮਲੇ ਵਿੱਚ ਠੋਸ ਕਾਰਵਾਈ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੇ ਪਰਿਵਾਰ ਲੰਬੇ ਸਮੇਂ ਤੋਂ ਆਪਣੇ ਪਰਵਾਰਕ ਮੈਂਬਰਾਂ ਦੀ ਉਡੀਕ ਕਰ ਰਹੇ ਹਨ, ਇਸ ਲਈ ਸਰਕਾਰ ਨੂੰ ਇਸ ਮਾਮਲੇ 'ਤੇ ਸੰਵੇਦਨਸ਼ੀਲਤਾ ਨਾਲ ਫੈਸਲਾ ਲੈਣਾ ਚਾਹੀਦਾ ਹੈ।ਉਨ੍ਹਾਂ ਐਲਾਨ ਕੀਤਾ ਕਿ 14 ਅਗਸਤ ਤੋਂ ਮੋਗਾ ਸਮੇਤ ਵੱਖ-ਵੱਖ ਥਾਵਾਂ ਤੋਂ ਜਥੇ ਤੇ ਕਾਫ਼ਲੇ ਚੰਡੀਗੜ੍ਹ ਲਈ ਰਵਾਨਾ ਹੋਣੇ ਸ਼ੁਰੂ ਹੋ ਜਾਣਗੇ ਤੇ 15 ਅਗਸਤ ਨੂੰ ਕੌਮੀ ਇਨਸਾਫ਼ ਮੋਰਚੇ ਦੀ ਸਟੇਜ 'ਤੇ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਸਰਕਾਰਾਂ 'ਤੇ ਦੋਹਰੇ ਮਾਪਦੰਡ ਅਪਣਾਉਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਇੱਕ ਪਾਸੇ ਡੇਰਾ ਸੱਚਾ ਸੌਦਾ ਮੁਖੀ ਨੂੰ ਵਾਰ-ਵਾਰ ਪੈਰੋਲ ਦਿੱਤੀ ਜਾਂਦੀ ਹੈ, ਜਦਕਿ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਰਾਹਤ ਦੇਣ ਤੋਂ ਟਾਲਾ ਵੱਟਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸੰਘਰਸ਼ ਵਿੱਚ ਵੱਧ ਤੋਂ ਵੱਧ ਕਿਸਾਨਾਂ ਨੂੰ ਸ਼ਾਮਲ ਕੀਤਾ ਜਾਵੇਗਾ।ਉਨ੍ਹਾਂ ਭਾਰਤ-ਅਮਰੀਕਾ ਵਪਾਰਕ ਸਮਝੌਤੇ 'ਤੇ ਵੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਵਿਦੇਸ਼ੀ ਸਮਾਨ ਭਾਰਤੀ ਬਾਜ਼ਾਰ ਵਿੱਚ ਵੱਡੇ ਪੱਧਰ 'ਤੇ ਆਇਆ ਤਾਂ ਇਸ ਦਾ ਸਿੱਧਾ ਪ੍ਰਭਾਵ ਕਿਸਾਨਾਂ, ਮਜ਼ਦੂਰਾਂ, ਛੋਟੇ ਦੁਕਾਨਦਾਰਾਂ, ਆੜ੍ਹਤੀਆਂ ਤੇ ਛੋਟੇ ਵਪਾਰੀਆਂ 'ਤੇ ਪਵੇਗਾ।



## ਗੁਰੂ ਨਾਨਕ ਕਾਲਜ 'ਚ ਸਿਵਲ ਸੇਵਾਵਾਂ ਪ੍ਰੀਖਿਆ ਟੈੱਸਟ ਕਰਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਵਿੱਦਿਆ ਸਕੱਤਰ ਸੁਖਮਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਨਾਨਕ ਕਾਲਜ, ਮੋਗਾ ਵਿਖੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਸੀ.ਸੀ.ਐਲ.ਪੀ. ਪ੍ਰੋਗਰਾਮ ਦੇ ਰਾਹੀਂ ਜੋ ਵਿਦਿਆਰਥੀ ਸਿਵਲ ਸੇਵਾਵਾਂ ਪ੍ਰੀਖਿਆ ਦੀ ਤਿਆਰੀ ਕਰਨਾ ਚਾਹੁੰਦੇ ਹਨ, ਉਨ੍ਹਾਂ ਲਈ ਕਾਲਜ ਪੱਧਰ 'ਤੇ ਇੱਕ ਟੈਸਟ ਲਿਆ ਗਿਆ।ਲਗਭਗ 68 ਵਿਦਿਆਰਥੀਆਂ ਨੇ ਇਹ ਟੈਸਟ ਦਿੱਤਾ। ਸੀ.ਸੀ.ਐਲ.ਪੀ. ਦੇ ਨੋਡਲ ਅਫ਼ਸਰ ਡਾ. ਰਾਗਨੀ ਸ਼ਰਮਾ, ਅਸਿ. ਪ੍ਰੋ. (ਇਤਿਹਾਸ) ਨੇ ਦੱਸਿਆ ਕਿ ਜੋ ਵਿਦਿਆਰਥੀ ਇਸ ਟੈਸਟ ਵਿੱਚ ਪਾਸ ਹੋਣਗੇ, ਉਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੁਫ਼ਤ ਕੋਚਿੰਗ ਦਿੱਤੀ ਜਾਵੇਗੀ।ਡਾ. ਮਨਪ੍ਰੀਤ ਕੌਰ, ਅਸਿ. ਪ੍ਰੋ. (ਪੋਲ. ਸਾਇੰਸ) ਨੇ ਦੱਸਿਆਂ ਕਿ ਕਾਲਜ ਦੇ ਵਿਦਿਆਰਥੀਆਂ ਵਿੱਚ ਇਸ ਟੈੱਸਟ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਵਿਦਿਆਰਥੀਆਂ ਨੂੰ ਜੋ ਸਹੂਲਤ ਸੀ.ਸੀ.ਐਲ.ਪੀ. ਦੇ ਪ੍ਰੋਗਰਾਮ ਅਧੀਨ ਮਿਲ ਰਹੀ ਹੈ, ਉਸਦਾ ਵੱਧ ਤੋਂ ਵੱਧ ਫ਼ਾਇਦਾ ਲੈਣਾ ਚਾਹੀਦਾ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਗੁਰਿੰਦਰ ਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਸੀ.ਸੀ.ਐਲ.ਪੀ. ਪ੍ਰੋਗਰਾਮ ਦੇ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਹ ਬਹੁਤ ਹੀ ਸ਼ਲਾਘਾਯੋਗ ਕਦਮ ਚੁੱਕਿਆ ਹੈ।ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਇਸਦਾ ਫ਼ਾਇਦਾ ਉਠਾ ਕੇ ਆਪਣੇ ਵਰਤਮਾਨ ਦੀ ਸੁਚੱਜੇ ਢੰਗ ਨਾਲ ਵਰਤੋਂ ਕਰਕੇ ਭਵਿੱਖ ਨੂੰ ਸੰਵਾਰਨਾ ਚਾਹੀਦਾ ਹੈ।ਪ੍ਰਿੰਸੀਪਲ ਸਾਹਿਬ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਉਪਰਾਲਾ ਸਮਾਜ ਦੀ ਬਿਹਤਰੀ ਤੇ ਨੌਜਵਾਨਾਂ ਨੂੰ ਸਹੀ ਮਾਰਗ ਦਿਖਾਉਣ ਵਿੱਚ ਬਹੁਤ ਮਹੱਤਵਪੂਰਨ ਰੋਲ ਅਦਾ ਕਰੇਗਾ ਤੇ ਆਸ ਕਰਦੇ ਹਾਂ ਕਿ ਭਵਿੱਖ ਵਿੱਚ ਇਸ ਤੋਂ ਵੱਧ ਵਿਦਿਆਰਥੀ ਉਤਸ਼ਾਹ ਨਾਲ ਇਸ ਵਿੱਚ ਹਿੱਸਾ ਲੈਣਗੇ।


**YES BANK**

ਰਜਿਸਟਰਡ ਅਤੇ ਕਾਰਪੋਰੇਟ ਦਫਤਰ : ਯੈੱਸ ਬੈਂਕ ਹਾਊਸ, ਆਫ ਵੈੱਸਟਰਨ ਐੱਕਸਪ੍ਰੈੱਸ ਹਾਈਵੇ, ਸਾਂਤਾਕਰੂਜ਼ (ਈਸਟ), ਮੁੰਬਈ-400055, ਭਾਰਤ, ਵੈਬਸਾਈਟ : www.yesbank.in
ਨਾਲ ਹੀ : ਐੱਸ ਸੀ ਓ ਨੰ. 129-130, ਦੂਜੀ ਮੰਜ਼ਲ, ਸੈਕਟਰ 9-ਸੀ, ਮਧਿਆ ਮਾਰਗ, ਚੰਡੀਗੜ੍ਹ-160009
ਨਾਲ ਹੀ : ਬੀ XX, 2427-928, ਗੋਬਿੰਦ ਨਗਰ, ਫਿਰੋਜ਼ਪੁਰ ਰੋਡ, ਲੁਧਿਆਣਾ-141001
ਈ ਮੇਲ : comminications@yesbank.in ਸੀ ਆਈ ਐੱਨ : ਐੱਲ 65190 ਐੱਮ ਐੱਚ 2003 ਪੀ ਐੱਲ ਸੀ 143249

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ (ਗਰੰਟਰਾਂ)/ਰਹਿਣਕਾਰ (ਰਹਿਣਕਾਰਾਂ) ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ, ਜੋ ਬਿਨਾਂ ਤਾਮੀਲ ਵਾਪਸ ਆ ਗਏ ਅਤੇ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਰਹਿਣਕਾਰਾਂ ਦਾ ਨਾਂਅ/ਖਾਤਾ ਨੰ./ਕਰਜ਼ੇ ਦੀ ਕਿਸਮ | ਐੱਨ ਪੀ ਏ ਮਿਤੀ/ਨੋਟਿਸ ਦੀ ਮਿਤੀ 13(2) ਨੋਟਿਸ ਅਨੁਸਾਰ ਬਕਾਇਆ ਰਕਮ |
|---|---|
| 1. ਸ੍ਰੀ ਯਸ਼ਪਾਲ ਸ਼ਰਮਾ ਪੁੱਤਰ ਸੁਰਿੰਦਰ ਕੁਮਾਰ ਸ਼ਰਮਾ ਵਾਸੀ ਮਕਾਨ #150, ਜੱਟਾਂ ਵਾਲਾ ਬੈਂਸ, ਨਾਭਾ, ਪਟਿਆਲਾ-147201, ਪੰਜਾਬ (ਸਹਿ-ਕਰਜ਼ਦਾਰ) 2. ਸ੍ਰੀਮਤੀ ਪਰਮਜੀਤ ਕੌਰ ਪਤਨੀ ਯਸ਼ਪਾਲ ਸ਼ਰਮਾ ਵਾਸੀ ਮਕਾਨ #150, ਜੱਟਾਂ ਵਾਲਾ ਬੈਂਸ, ਨਾਭਾ, ਪਟਿਆਲਾ-147201, ਪੰਜਾਬ ("ਗਰੰਟਰ") (ਕਰਜ਼ਦਾਰ) ਖਾਤਾ ਨੰ./ਕਰਜ਼ੇ ਦੀ ਕਿਸਮ : ਐੱਮ ਈ ਐੱਫ 083001655836/ਓ ਡੀ ਡੀ ਲਿਮਟ | 8 ਜੁਲਾਈ 2026/ 7 ਅਗਸਤ 2026/ ਰੁਪਏ 8,36,301.67/- (ਅੱਠ ਲੱਖ ਛੱਤੀ ਹਜ਼ਾਰ ਤਿੰਨ ਸੌ ਇੱਕ ਰੁਪਏ ਅਤੇ ਸਤਾਹਠ ਪੈਸੇ ਕੇਵਲ) |
| ਸਕਿਉਰਡ ਐਸਟ ਦਾ ਵੇਰਵਾ : ਜਾਇਦਾਦ ਨਾਲ ਸੰਬੰਧਤ ਸਭ ਕੁੱਝ ਜੋ ਕਿ ਮਕਾਨ ਰਕਬਾ 80 ਵਰਗ ਗਜ਼, ਜੱਟਾਂ ਵਾਲਾ ਬੈਂਸ ਵਿਖੇ ਸਥਿਤ, ਤਹਿਸੀਲ ਨਾਭਾ ਜੋ ਕਿ ਰਜਿਸਟਰਡ ਬੈਨਾਮਾ ਨੰ. 1020 ਦੁਆਰਾ ਖਰੀਦਿਆ ਗਿਆ, ਵਹੀ ਨੰ. 1, ਜਿਲਦ ਨੰ. 0, ਸਫਾ ਨੰ. 0, ਸਬ-ਰਜਿਸਟਰਾਰ ਕੋਲ ਦਰਜ, ਨਾਭਾ ਮਿਤੀ 21.06.2021 ਨੂੰ | |
| 2. ਸ੍ਰੀ ਅਨਿਲ ਕੁਮਾਰ ਪੁੱਤਰ ਅਮਰਜੀਤ ਕੁਮਾਰ ਵਾਸੀ ਪਿੰਡ ਖਰਲ ਕਲਾਂ, ਨੇੜੇ ਰਵਿਦਾਸ ਧਰਮਸ਼ਾਲਾ, ਜਲੰਧਰ-144201, ਪੰਜਾਬ, ਨਾਲ ਹੀ : ਦਫ਼ਤਰ ਘੁਮਾਣ ਮਾਰਕਿਟ ਨੇੜੇ ਅਧਾਰ ਮੱਲ ਭੋਗਪੁਰ, ਜਲੰਧਰ-144201, ਪੰਜਾਬ ("ਕਰਜ਼ਦਾਰ ਅਤੇ ਰਹਿਣਕਾਰ") 2. ਸ੍ਰੀਮਤੀ ਰੇਸ਼ਮ ਕੌਰ ਪਤਨੀ ਅਨਿਲ ਕੁਮਾਰ ਵਾਸੀ ਪਿੰਡ ਖਰਲ ਕਲਾਂ, ਨੇੜੇ ਰਵਿਦਾਸ ਧਰਮਸ਼ਾਲਾ, ਜਲੰਧਰ-144201, ਪੰਜਾਬ ("ਸਹਿ-ਕਰਜ਼ਦਾਰ") ਖਾਤਾ ਨੰ. : ਐੱਮ ਈ ਐੱਫ 007101249861, ਕਰਜ਼ੇ ਦੀ ਕਿਸਮ : ਮਾਈਕਰੋ ਐੱਲ ਏ ਪੀ ਮਿਆਦੀ ਕਰਜ਼ਾ | 14 ਜੁਲਾਈ 2026/ 4 ਅਗਸਤ 2026/ ਰੁਪਏ 16,04,410.80/- (ਸੋਲਾਂ ਲੱਖ ਚਾਰ ਹਜ਼ਾਰ ਚਾਰ ਸੌ ਦਸ ਰੁਪਏ ਅਤੇ ਅੱਸੀ ਪੈਸੇ ਕੇਵਲ) |
| ਸਕਿਉਰਡ ਐੱਸਟ ਦਾ ਵੇਰਵਾ : ਜਾਇਦਾਦ ਨਾਲ ਸੰਬੰਧਤ ਸਭ ਕੁਝ, ਜੋ ਕਿ ਮਕਾਨ ਰਕਬਾ 7 ਮਰਲਾ, ਖੱਤਾ # 304/329, ਖਸਰਾ #13//3/1(4-4), ਜਮ੍ਹਾਂਬੰਦੀ ਸਾਲ 2016-2017, ਪਿੰਡ ਖਰਲ ਕਲਾਂ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਜਲੰਧਰ। | |
| 3. ਮੈਸਰਜ਼ ਈਸ਼ਵਰ ਚੰਦਰ ਐਂਡ ਕੰਪਨੀ, ਰਾਹੀਂ ਇਸ ਦੇ ਮਾਲਕ ਸ੍ਰੀ ਈਸ਼ਵਰ ਚੰਦਰ ਮਿੱਤਲ ਪੁੱਤਰ ਭਜਨ ਸਿੰਘ ਮਾਰਫਤ ਕਰੀਰਵਾਰੀ ਦਾਣਾ ਮੰਡੀ, ਜੈਤੋ ਦਾਣਾ ਮੰਡੀ, ਫਰੀਦਕੋਟ, ਪੰਜਾਬ-151202 ("ਕਰਜ਼ਦਾਰ") 1. ਸ੍ਰੀ ਈਸ਼ਵਰ ਚੰਦਰ ਮਿੱਤਲ ਪੁੱਤਰ ਭਜਨ ਸਿੰਘ ਵਾਸੀ ਮਕਾਨ #133, ਵਾਰਡ #12, ਕਾਲਜ ਰੋਡ, ਜੈਤੋ ਫਰੀਦਕੋਟ, ਪੰਜਾਬ-151202 ("ਸਹਿ-ਕਰਜ਼ਦਾਰ") 2. ਸ੍ਰੀ ਅਮਿਤ ਕੁਮਾਰ ਪੁੱਤਰ ਭਾਰਤ ਭੂਸ਼ਨ ਵਾਸੀ ਮਕਾਨ # 76, ਵਾਰਡ ਨੰ. #12, ਬੂਟ ਸਿੰਘ ਗਲੀ, ਜੈਤੋ ਫਰੀਦਕੋਟ, ਪੰਜਾਬ-151202 ("ਗਰੰਟਰ ਅਤੇ ਰਹਿਣਕਾਰ"), ਖਾਤਾ ਨੰ. 9646970000233, ਕਰਜ਼ੇ ਦੀ ਕਿਸਮ : ਓ ਡੀ ਡੀ ਲਿਮਟ। | 11 ਜੁਲਾਈ 2026/ 5 ਅਗਸਤ 2026/ ਰੁਪਏ 5,76,484.90/- (ਪੰਜ ਲੱਖ ਛਿਹੱਤਰ ਹਜ਼ਾਰ ਚਾਰ ਸੌ ਚੌਰਾਸੀ ਰੁਪਏ ਅਤੇ ਨੱਬੇ ਪੈਸੇ ਕੇਵਲ) |
| ਸਕਿਉਰਡ ਐਸਟ ਦਾ ਵੇਰਵਾ : ਜਾਇਦਾਦ ਨਾਲ ਸੰਬੰਧਤ ਸਭ ਕੁੱਝ ਰਕਬਾ 463.6 ਵਰਗ ਫੁੱਟ (51.5 ਵਰਗ ਗਜ਼) ਗਊਸ਼ਾਲਾ ਰੋਡ ਵਿਖੇ ਸਥਿਤ, ਜੈਤੋ, ਤਹਿਸੀਲ ਜੈਤੋ, ਜ਼ਿਲ੍ਹਾ ਫਰੀਦਕੋਟ ਰਜਿਸਟਰਡ ਬੈਨਾਮਾ # 2020/21-39/1/1992 ਮਿਤੀ 08/01/2021 ਸ੍ਰੀ ਅਮਿਤ ਕੁਮਾਰ ਦੀ ਮਲਕੀਅਤ | |
| 4. ਸ੍ਰੀ ਸੁਖਵਿੰਦਰ ਸਿੰਘ ਪੁੱਤਰ ਜੋਗਿੰਦਰ ਡਾਂਗ ਵਾਸੀ ਮਕਾਨ #ਬੀ-27/196/ਐੱਫ/12, ਗਲੀ #4, ਬਲਾਕ-ਡੀ ਦੇ ਨਾਲ ਲਗਦਾ, ਮਾਡਲ ਟਾਊਨ ਐਕਸਟੈਨਸ਼ਨ ਨਿਊ ਕਰਤਾਰ ਨਗਰ, ਮਾਡਲ ਟਾਊਨ, ਲੁਧਿਆਣਾ-141002 ("ਕਰਜ਼ਦਾਰ ਅਤੇ ਰਹਿਣਕਾਰ") 2. ਸ੍ਰੀਮਤੀ ਤੱਸਿਆ ਡਾਂਗ ਪਤਨੀ ਸੁਖਵਿੰਦਰ ਸਿੰਘ ਵਾਸੀ ਮਕਾਨ #ਬੀ-27/196/ਐੱਫ/12, ਗਲੀ #4, ਬਲਾਕ-ਡੀ ਦੇ ਨਾਲ ਲਗਦਾ, ਮਾਡਲ ਟਾਊਨ ਐਕਸਟੈਨਸ਼ਨ ਨਿਊ ਕਰਤਾਰ ਨਗਰ, ਮਾਡਲ ਟਾਊਨ, ਲੁਧਿਆਣਾ-141002 ("ਸਹਿ-ਕਰਜ਼ਦਾਰ") ਖਾਤਾ ਨੰ. ਐੱਮ ਓ ਆਰ 002301507275, ਕਰਜ਼ੇ ਦੀ ਕਿਸਮ : ਰਹਿਣ ਕਰਜ਼ਾ | 31 ਜੁਲਾਈ 2026/ 5 ਅਗਸਤ 2026/ ਰੁਪਏ 77,96,307.93/- (ਸਤੱਤਰ ਲੱਖ ਛਿਆਨਵੇਂ ਹਜ਼ਾਰ ਤਿੰਨ ਸੌ ਸੱਤ ਰੁਪਏ ਅਤੇ ਤਿਰਾਨਵੇਂ ਪੈਸੇ ਕੇਵਲ) |
| ਸਕਿਉਰਡ ਐਸਟ ਦਾ ਵੇਰਵਾ : ਜਾਇਦਾਦ ਨਾਲ ਸੰਬੰਧਤ ਸਭ ਕੁੱਝ ਜੋ ਕਿ ਰਹਿਣ ਕੀਤੀ ਜਾਣ ਵਾਲੀ ਜਾਇਦਾਦ ਜਿਸ ਦਾ ਮਿਊਂਸਪਲ ਕਾਰਪੋਰੇਸ਼ਨ ਨੰ. ਬੀ-19-431/5/ਏ/1/ਐਸ-1, ਰਕਬਾ 66.2/3 ਵਰਗ ਗਜ਼ ਗਲੈਕਸੀ ਕੰਪਲੈਕਸ ਵਿਖੇ ਸਥਿਤ, ਗੌਰਮਿੰਟ ਕਾਲਜ ਰੋਡ, ਲੁਧਿਆਣਾ ਬੈਨਾਮਾ ਮਿਤੀ 21.06.2010 ਦੇ ਆਧਾਰ 'ਤੇ, ਵਸੀਕਾ ਨੰ. 1073 ਜਾਇਦਾਦ ਦੀਆਂ ਹੱਦਾਂ ਹੇਠ ਅਨੁਸਾਰ :- ਪੂਰਬ : ਬੇਦੀ ਫਾਇਨੈਂਸ਼ੀਅਲ, ਪੱਛਮ : ਗੁਆਂਢ, ਉੱਤਰ : ਸਾਂਝਾ ਲਾਂਘਾ ਅਤੇ ਸੜਕ, ਦੱਖਣ : ਡਾ. ਵਾਈ ਸੀ ਮਨੋਚਾ। ਜਾਇਦਾਦ #2. ਜਾਇਦਾਦ ਨਾਲ ਸੰਬੰਧਤ ਸਭ ਕੁੱਝ। ਜਾਇਦਾਦ ਰਹਿਣ ਕੀਤੀ ਜਾਣ ਵਾਲੀ ਮਕਾਨ ਹੈ, ਜਿਸ ਦਾ ਮਿਊਂਸਪਲ ਕਾਰਪੋਰੇਸ਼ਨ ਨੰ. ਬੀ-27-196/ਐੱਫ/12, ਰਕਬਾ 100 ਵਰਗ ਗਜ਼ ਨਿਊ ਕਰਤਾਰ ਨਗਰ ਵਿਖੇ ਸਥਿਤ, ਲੁਧਿਆਣਾ, ਖੱਤਾ ਨੰ. 1620/2179 ਖਸਰਾ ਨੰ. 46, ਜਮ੍ਹਾਂਬੰਦੀ ਸਾਲ 2005-2006, ਹੱਦਬਸਤ ਨੰ. 263, ਪਿੰਡ ਗਿੱਲ 1, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਬੈਨਾਮਾ ਮਿਤੀ 07.01.2013 ਦੇ ਆਧਾਰ 'ਤੇ, ਵਸੀਕਾ ਨੰ. 12268, ਜਾਇਦਾਦ ਦੀਆਂ ਹੱਦਾਂ ਹੇਠ ਅਨੁਸਾਰ :- ਪੂਰਬ : ਸੜਕ20' ਚੌੜੀ, ਪੱਛਮ : ਭਾਗ ਸਿੰਘ ਅਤੇ ਹੋਰ, ਉੱਤਰ : ਗੁਆਂਢ, ਦੱਖਣ : ਗੁਆਂਢ। | |
| 5. ਮੈਸਰਜ਼ ਐੱਮ ਐੱਲ ਚਮਨ ਕੈਪ ਹਾਊਸ ਰਾਹੀਂ ਇਸ ਦੇ ਮਾਲਕ ਸ੍ਰੀ ਮੋਤੀ ਲਾਲ ਨਾਰੰਗ (ਕਰਜ਼ਦਾਰ) ਮਾਰਫਤ 62 ਚਮਨ ਕੈਪ ਹਾਊਸ, ਕੇਂਦਰੀ ਡਾਕਖਾਨਾ ਨਵਾਂ ਮੁਹੱਲਾ ਲੁਧਿਆਣਾ-141008 2. ਸ੍ਰੀ ਮੋਤੀ ਲਾਲ ਨਾਰੰਗ ਪੁੱਤਰ ਚਮਨ ਲਾਲ (ਸਹਿ-ਕਰਜ਼ਦਾਰ-ਰਹਿਣਕਾਰ) ਵਾਸੀ ਮਕਾਨ # ਬੀ-VIII/452, ਚਮਨ ਕੈਪ ਸਟਰੀਟ ਨਵਾਂ ਮੁਹੱਲਾ ਨੇੜੇ ਅਲਫਾ ਟਾਵਰ, ਵਾਰਡ #36 ਲੁਧਿਆਣਾ-141008 3. ਸ੍ਰੀ ਆਸ਼ੂਤੋਸ਼ ਨਾਰੰਗ ਪੁੱਤਰ ਮੋਤੀ ਲਾਲ ਨਾਰੰਗ (ਸਹਿ-ਕਰਜ਼ਦਾਰ) ਵਾਸੀ ਮਕਾਨ #ਬੀ-VIII/452, ਚਮਨ ਕੈਪ ਸਟਰੀਟ ਨਵਾਂ ਮੁਹੱਲਾ ਨੇੜੇ ਅਲਫਾ ਟਾਵਰ, ਵਾਰਡ #36 ਲੁਧਿਆਣਾ-141008, 4. ਸ੍ਰੀਮਤੀ ਪਿੰਕੀ ਰਾਣੀ ਪਤਨੀ ਮੋਤੀ ਲਾਲ ਨਾਰੰਗ (ਸਹਿ-ਕਰਜ਼ਦਾਰ) ਵਾਸੀ ਮਕਾਨ #ਬੀ VIII/452, ਚਮਨ ਕੈਪ ਸਟਰੀਟ ਨਵਾਂ ਮੁਹੱਲਾ ਨੇੜੇ ਅਲਫਾ ਟਾਵਰ, ਵਾਰਡ #36 ਲੁਧਿਆਣਾ-141008, ਖਾਤਾ ਨੰ. ਐੱਮ ਓ ਆਰ 002301423602 ਅਤੇ ਬੀ ਐੱਲ ਐੱਨ 002301915847/ਕਰਜ਼ੇ ਦੀ ਕਿਸਮ : ਰਹਿਣ ਕਰਜ਼ਾ ਅਤੇ ਬਿਜ਼ਨਸ ਕਰਜ਼ਾ | 07 ਜੁਲਾਈ 2026/ 5 ਅਗਸਤ 2026/ ਰੁਪਏ 49,35,555.67/- (ਉਣੰਜਾ ਲੱਖ ਪੈਂਤੀ ਹਜ਼ਾਰ ਪੰਜ ਸੌ ਪਚਵੰਜਾ ਰੁਪਏ ਅਤੇ ਸਤਾਹਠ ਪੈਸੇ ਕੇਵਲ) |
| ਸਕਿਉਰਡ ਐੱਸਟ ਦਾ ਵੇਰਵਾ : ਜਾਇਦਾਦ ਨਾਲ ਸੰਬੰਧਤ ਸਭ ਕੁੱਝ ਜੋ ਕਿ ਨਿਰਮਤ ਮਕਾਨ #ਬੀ-8-452 ਅਤੇ ਨਵਾਂ #ਬੀ-8-621, ਜਾਇਦਾਦ ਰਕਬਾ 63.5/9 ਵਰਗ ਗਜ਼ ਯੂ ਆਈ ਡੀ #ਬੀ 004-01842 (ਸਾਲ 2021-22 ਲਈ ਜਾਇਦਾਦ ਟੈਕਸ ਅਨੁਸਾਰ) ਅਬਾਦੀ ਗਲੀ ਵਾਲਮੀਕੀ ਵਿਖੇ ਸਥਿਤ, ਨਵਾਂ ਮੁਹੱਲਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141008 | |
| 6. ਮੈਸਰਜ਼ ਸ਼ਿਵ ਓਮ ਡਿਸਟਰੀਬਿਊਟਰਜ਼ ਰਾਹੀਂ ਇਸ ਦੇ ਮਾਲਕ ਸ੍ਰੀ ਯਸ਼ਪਾਲ ਸ਼ਰਮਾ ਪੁੱਤਰ ਸੁਰਿੰਦਰ ਕੁਮਾਰ ਸ਼ਰਮਾ ਮਾਰਫਤ #150, ਜੱਟਾਂ ਵਾਲਾ ਬੈਂਸ, ਨਾਭਾ, ਪਟਿਆਲਾ-147201, ਪੰਜਾਬ ("ਕਰਜ਼ਦਾਰ ਅਤੇ ਰਹਿਣਕਾਰ") 1. ਸ੍ਰੀ ਯਸ਼ਪਾਲ ਸ਼ਰਮਾ ਪੁੱਤਰ ਸੁਰਿੰਦਰ ਕੁਮਾਰ ਸ਼ਰਮਾ ਵਾਸੀ ਮਕਾਨ ਨੰ. #150, ਜੱਟਾਂ ਵਾਲਾ ਬੈਂਸ, ਨਾਭਾ, ਪਟਿਆਲਾ-147201, ਪੰਜਾਬ (ਸਹਿ-ਕਰਜ਼ਦਾਰ) 2. ਸ੍ਰੀਮਤੀ ਪਰਮਜੀਤ ਕੌਰ ਪਤਨੀ ਯਸ਼ਪਾਲ ਸ਼ਰਮਾ ਵਾਸੀ #150, ਜੱਟਾਂ ਵਾਲਾ ਬੈਂਸ, ਨਾਭਾ, ਪਟਿਆਲਾ -147201, ਪੰਜਾਬ ("ਗਰੰਟਰ") ਖਾਤਾ ਨੰ. 8306970000506, ਕਰਜ਼ੇ ਦੀ ਕਿਸਮ : ਓ ਡੀ ਲਿਮਟ | 08 ਜੁਲਾਈ 2026/ 7 ਅਗਸਤ 2026/ ਰੁਪਏ 9,41,124.14/- (ਨੌਂ ਲੱਖ ਇਕਤਾਲੀ ਹਜ਼ਾਰ ਇੱਕ ਸੌ ਚੌਵੀ ਰੁਪਏ ਅਤੇ ਚੌਦਾਂ ਪੈਸੇ ਕੇਵਲ) |
| ਸਕਿਉਰਡ ਐੱਸਟ ਦਾ ਵੇਰਵਾ : ਜਾਇਦਾਦ ਨਾਲ ਸੰਬੰਧਤ ਸਭ ਕੁੱਝ ਜੋ ਕਿ ਮਕਾਨ ਰਕਬਾ 80 ਵਰਗ ਗਜ਼ ਜੱਟਾਂ ਵਾਲਾ ਬੈਂਸ ਵਿਖੇ ਸਥਿਤ, ਨਾਭਾ, ਤਹਿਸੀਲ ਨਾਭਾ, ਜੋ ਕਿ ਰਜਿਸਟਰਡ ਬੈਨਾਮਾ ਨੰ. 1020 ਦੇ ਆਧਾਰ 'ਤੇ ਖਰੀਦਿਆ ਵਹੀ ਨੰ. 1, ਜਿਲਦ ਨੰ. 0, ਸਫਾ ਨੰ. 0, ਸਬ-ਰਜਿਸਟਰਾਰ ਕੋਲ ਦਰਜ, ਨਾਭਾ 21-06-2021 ਨੂੰ। | |
| 6.1. ਮੈਸਰਜ਼ ਪਦਮ ਇੰਡਸਟ੍ਰੀਜ਼ ਰਾਹੀਂ ਇਸ ਦੇ ਮਾਲਕ ਰਾਜਿੰਦਰ ਸਿੰਘ ਪਤਾ : ਬੀ 21-1712/1, ਗਲੀ ਨੰ. 38 ਜਨਤਾ ਨਗਰ, ਲੁਧਿਆਣਾ, ਪੰਜਾਬ-141003 ("ਕਰਜ਼ਦਾਰ") 2. ਮੈਸਰਜ਼ ਨਾਮਪ੍ਰੀਤ ਟਰੇਡਰਜ਼ ਰਾਹੀਂ ਇਸ ਦੇ ਮਾਲਕ ਸਰਬਸ਼ਕਤੀ ਕੌਰ ਪਤਾ ਪਲਾਟ ਨੰ. 47 ਏ, ਹੱਦਬਸਤ ਨੰ. 220, ਸ਼ਿਵ ਸ਼ਕਤੀ ਇੰਡਸਟ੍ਰੀਅਲ ਇਸਟੇਟ, ਰਾਜਗੜ੍ਹ ਸਾਹਨੇਵਾਲ ਡੇਹਲੋਂ ਰੋਡ, ਪਿੰਡ ਦੁੱਗਰੀ, ਤਹਿਸੀਲ ਪਾਇਲ, ਲੁਧਿਆਣਾ, ਪੰਜਾਬ-141421, 3. ਸ੍ਰੀ ਰਾਜਿੰਦਰ ਸਿੰਘ ਪੁੱਤਰ ਬੂਟਾ ਸਿੰਘ ਪਤਾ : ਮਕਾਨ ਨੰ. 1712/1ਏ, ਗਲੀ ਨੰ. 38, ਜਨਤਾ ਨਗਰ, ਲੁਧਿਆਣਾ, ਪੰਜਾਬ-141003 ("ਸਹਿ-ਕਰਜ਼ਦਾਰ", ਰਹਿਣਕਾਰਅਤੇ ਗਰੰਟਰ") 4. ਸ੍ਰੀਮਤੀ ਸਰਬਸ਼ਕਤੀ ਕੌਰ ਮਾਰਫਤ ਰਾਜਿੰਦਰ ਸਿੰਘ ਪਤਾ ਮਕਾਨ ਨੰ. 1712/1ਏ, ਗਲੀ ਨੰ. 38, ਜਨਤਾ ਨਗਰ, ਲੁਧਿਆਣਾ, ਪੰਜਾਬ-141003 ("ਸਹਿ-ਕਰਜ਼ਦਾਰ ਅਤੇ ਗਰੰਟਰ") ਖਾਤਾ ਨੰ. ਐੱਮ ਓ ਆਰ 00230104929, ਕਰਜ਼ੇ ਦੀ ਕਿਸਮ : ਮਿਆਦੀ ਕਰਜ਼ਾ | 9 ਮਈ 2023/ 30 ਜੁਲਾਈ 2026/ ਰੁਪਏ 72,69,503.14/- (ਬਹੱਤਰ ਲੱਖ ਉਣੱਤਰ ਹਜ਼ਾਰ ਪੰਜ ਸੌ ਤਿੰਨ ਰੁਪਏ ਅਤੇ ਚੌਦਾਂ ਪੈਸੇ ਕੇਵਲ) |
| ਸਕਿਉਰਡ ਐਸਟ ਦਾ ਵੇਰਵਾ : ਗੈਰ-ਖੇਤੀਬਾੜੀ ਵਾਲੀ ਜਾਇਦਾਦ ਨਾਲ ਸੰਬੰਧਤ ਸਭ ਕੁੱਝ ਜੋ ਕਿ ਮਕਾਨ ਐੱਮ ਸੀ ਨੰ. ਬੀ-21-1712/1, ਯੂ ਆਈ ਡੀ ਨੰ. ਬੀ 021-19687 ਸਾਲ 2019-20 ਲਈ ਜਾਇਦਾਦ ਟੈਕਸ ਫਾਰਮ ਅਨੁਸਾਰ (ਜਾਇਦਾਦ ਰਕਬਾ 150 ਵਰਗ ਗਜ਼, ਖਸਰਾ ਨੰ. 3570/408, ਖੱਤਾ ਨੰ. 628/996, ਜਮ੍ਹਾਂਬੰਦੀ ਸਾਲ 2010-11, ਪਿੰਡ ਗਿੱਲ ਨੰ. 1 ਵਿਖੇ ਸਥਿਤ, ਹੱਦਬਸਤ ਨੰ. 263, ਅਬਾਦੀ ਜਨਤਾ ਨਗਰ ਵਜੋਂ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। | |

ਉਪਰੋਕਤ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ (ਗਰੰਟਰਾਂ)/ਰਹਿਣਕਾਰ (ਰਹਿਣਕਾਰਾਂ) (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਸਰਫੇਸੀ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਕਿਉਰਡ ਕ੍ਰੈਡਿਟਰ ਦੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਨਿਲਾਮੀ/ਟੈਂਡਰ/ਨਿੱਜੀ ਸੰਧੀ ਦੇ ਪਬਲਿਕ ਨੋਟਿਸ ਦੀ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

**ਮਿਤੀ : 13.08.2026, ਸਥਾਨ : ਪੰਜਾਬ** — **ਸਹੀ/- (ਅਧਿਕਾਰਤ ਅਫ਼ਸਰ) ਯੈੱਸ ਬੈਂਕ ਲਿਮਟਿਡ**



AB COTSPIN INDIA LTD.

# A B COTSPIN INDIA LIMITED

Regd. Office: Bathinda Road, Jaitu, Faridkot, Punjab-151202
CIN : L17111PB1997PLC020118, Email : info@abcotspin.in,
Website : www.abcotspin.co.in, Ph.: 01635-232670

**30 ਜੂਨ 2026 ਨੂੰ ਖਤਮ ਹੋਈ ਤਿਮਾਹੀ ਲਈ ਅਣਪੜਤਾਲੇ ਸਟੈਂਡਅਲੋਨ ਅਤੇ ਕੰਸੋਲੀਡੇਟਿਡ ਵਿੱਤੀ ਨਤੀਜਿਆਂ ਦਾ ਸਾਰ**

ਮੈਸਰਜ਼ ਏ ਬੀ ਕਾਟਸਪਿਨ ਇੰਡੀਆ ਲਿਮਟਿਡ ("ਦ ਕੰਪਨੀ") ਦੇ ਬੋਰਡ ਡਾਇਰੈਕਟਰਾਂ ਨੇ ਬੁੱਧਵਾਰ, 12 ਅਗਸਤ 2026 ਨੂੰ ਹੋਈ ਮੀਟਿੰਗ 'ਚ 30 ਜੂਨ 2026 ਨੂੰ ਖਤਮ ਹੋਈ ਤਿਮਾਹੀ ਅਤੇ ਵਿੱਤੀ ਸਾਲ ਦੇ ਅਣ-ਪੜਤਾਲੇ ਸਟੈਂਡਅਲੋਨ ਅਤੇ ਕੰਸੋਲੀਡੇਟਿਡ ਵਿੱਤੀ ਨਤੀਜਿਆਂ ਨੂੰ ਮਨਜ਼ੂਰੀ ਦੇ ਦਿੱਤੀ ਹੈ।

ਉਪਰੋਕਤ ਵਿੱਤੀ ਨਤੀਜੇ ਸੀਮਤ ਨਜ਼ਰਸਾਨੀ ਰਿਪੋਰਟ ਦੇ ਨਾਲ ਕੰਪਨੀ ਦੀ ਵੈੱਬਸਾਈਟ www.abcot-spin.co.in ਅਤੇ ਸਟਾਕ ਐਕਚੇਜਿਜ਼ ਦੀ ਵੈੱਬਸਾਈਟ www.nseindia.com ਅਤੇ www.bsein-dia.com 'ਤੇ ਦਰਜ ਕੀਤੇ ਗਏ ਹਨ ਅਤੇ ਕਿਊ ਆਰ ਕੋਡ ਨੂੰ ਸਕੈਨ ਕਰਕੇ ਵੀ ਇਸ 'ਤੇ ਪਹੁੰਚ ਕੀਤੀ ਜਾ ਸਕਦੀ ਹੈ।

ਵਾਸਤੇ ਏ ਬੀ ਕਾਟਸਪਿਨ ਇੰਡੀਆ ਲਿਮਟਿਡ
ਸਹੀ/-
ਦੀਪਕ ਗਰਗ
ਚੇਅਰਮੈਨ ਅਤੇ ਪ੍ਰਬੰਧਕ ਨਿਰਦੇਸ਼ਕ
ਡੀ ਆਈ ਐੱਨ: 00843929

ਮਿਤੀ : 12.08.2026
ਸਥਾਨ : ਜੈਤੋ, ਫਰੀਦਕੋਟ

ਨੋਟ:ਉਕਤ ਜਾਣਕਾਰੀ ਸਕਿਉਰਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਰੈਗੂਲੇਸ਼ਨ, 2015 ਦੇ ਰੈਗੂਲੇਸ਼ਨ 33 ਅਤੇ 47(1) ਦੇ ਅਨੁਸਾਰ ਹੈ।

# ਅੱਖਾਂ ਦੀ ਜਾਂਚ ਲਈ ਮੁਫ਼ਤ ਚੈੱਕਅੱਪ ਕੈਂਪ ਲਾਇਆ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਸਿਵਲ ਸਰਜਨ ਡਾ. ਮੀਨਾਕਸ਼ੀ ਢੀਂਗਰਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀ.ਐੱਚ.ਸੀ. ਮਮਦੋਟ ਅਧੀਨ ਆਉਂਦੇ ਪਿੰਡ ਗੱਟੀ ਰਾਜੋ ਕੇ ਵਿਖੇ ਅੱਖਾਂ ਦੀ ਜਾਂਚ ਲਈ ਮੁਫ਼ਤ ਚੈੱਕਅੱਪ ਕੈਂਪ ਲਾਇਆ ਗਿਆ। ਕੈਂਪ ਵਿਚ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾ. ਦਿਕਸ਼ਿਤ ਸਿੰਗਲਾ ਅੱਖਾਂ ਦੇ ਮਾਹਰ ਵੱਲੋਂ 63 ਮਰੀਜ਼ਾਂ ਦੀ ਅੱਖਾਂ ਦੀ ਸਕਰੀਨਿੰਗ ਕੀਤੀ ਗਈ ਚੈੱਕਅੱਪ ਤੋਂ ਬਾਅਦ ਮੁਫ਼ਤ ਦਵਾਈਆਂ ਅਤੇ 45 ਸਾਲ ਤੋਂ ਉੱਪਰ ਦੀ ਉਮਰ ਦੇ 30 ਮਰੀਜ਼ਾਂ ਨੂੰ ਐਨਕਾਂ ਵੀ ਮੁਹੱਈਆ ਕਰਵਾਈਆਂ ਗਈਆਂ। ਇਸ ਤੋਂ ਇਲਾਵਾ 12 ਮਰੀਜ਼ ਚਿੱਟੇ ਮੋਤੀਏ ਤੋਂ ਪੀੜਤ ਪਾਏ ਗਏ, ਉਨ੍ਹਾਂ ਨੂੰ ਸਿਵਲ ਹਸਪਤਾਲ ਵਿਖੇ ਮੁਫ਼ਤ ਅਪ੍ਰੇਸ਼ਨ ਕਰਵਾਉਣ ਲਈ ਸਲਾਹ ਦਿੱਤੀ ਗਈ। ਆਸ਼ੂ ਸ਼ਰਮਾ ਉਪਥੈਲਮਿਕ ਅਫ਼ਸਰ ਤੇ ਅਮਰਜੀਤ ਸਿੰਘ ਸੀ.ਈ.ਟੀ ਵੱਲੋਂ ਦੱਸਿਆ ਗਿਆ ਕਿ ਅੱਖਾਂ ਕੁਦਰਤ ਦੀ ਦਿੱਤੀ ਹੋਈ ਇਕ ਅਨਮੋਲ ਦਾਤ ਹਨ। ਇਨ੍ਹਾਂ ਦੀ ਰੋਸ਼ਨੀ ਨਾਲ ਹੀ ਅਸੀਂ ਇਸ ਰੰਗ-ਬਿਰੰਗੀ ਦੁਨੀਆ ਨੂੰ ਦੇਖ ਸਕਦੇ ਹਾਂ। ਅੱਖਾਂ ਦੀ ਸਹੀ ਸੰਭਾਲ ਲਈ ਸਮੇਂ ਸਮੇਂ 'ਤੇ ਅੱਖਾਂ ਦੀ ਜਾਂਚ ਕਰਾਉਣੀ ਚਾਹੀਦੀ ਹੈ ਅਤੇ ਲੋੜ ਪੈਣ 'ਤੇ ਮਾਹਿਰ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ ਜੇ 6 ਮਹੀਨੇ ਬਾਅਦ ਅੱਖਾਂ ਦੇ ਡਾਕਟਰ ਤੋਂ ਆਪਣੀ ਨਜ਼ਰ ਦੀ ਜਾਂਚ ਜ਼ਰੂਰ ਕਰਵਾਓ ਸੰਤੁਲਤ ਖ਼ੁਰਾਕ ਵਿਟਾਮਿਨ ਏ ਸੀ ਤੇ ਈ ਨਾਲ ਭਰਪੂਰ ਭੋਜਨ ਜਿਵੇਂ ਕਿ ਗਾਜਰ, ਪਾਲਕ ਅਤੇ ਖੱਟੇ ਫਲ ਦਾ ਸੇਵਨ ਕਰੋ, ਮੋਬਾਇਲ, ਕੰਪਿਊਟਰ ਜਾਂ ਟੀ.ਵੀ. ਦੀ ਵਰਤੋਂ ਲਗਾਤਾਰ ਨਾ ਕਰੋ ਵਿਚ-ਵਿਚਾਲੇ ਅੱਖਾਂ ਨੂੰ ਆਰਾਮ ਦਿਓ, ਧੁੱਪ ਤੇ ਧੂੜ ਤੋਂ ਬਚਾਅ ਲਈ ਬਾਹਰ ਜਾਂਦੇ ਸਮੇਂ ਚੰਗੀ ਕੁਆਲਿਟੀ ਦੇ ਸਨਗਲਾਸ ਧੁੱਪ ਵਾਲੇ ਚਸ਼ਮੇ ਦੀ ਵਰਤੋਂ ਕਰੋ, ਅੱਖਾਂ ਦੇ ਲੈਂਜ਼ (ਕੋਂਟੈਕਟਲਿੰਜ਼) ਵਰਗੀਆਂ ਸਮੱਸਿਆਵਾਂ ਤੋਂ ਬਚਣ ਲਈ ਆਪਣੀਆਂ ਅੱਖਾਂ ਨੂੰ ਵਾਰ-ਵਾਰ ਨਾ ਛੂਹੋ ਤੇ ਹੱਥਾਂ ਦੀ ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖੋ।

## ਪਬਲਿਕ ਨੋਟਿਸ

ਦਫ਼ਤਰ ਉਪ ਮੰਡਲ ਮੈਜਿਸਟਰੇਟ ਅੰਮ੍ਰਿਤਸਰ-2
ਵਿਸ਼ਾ : ਵਰਾਸਤ ਇੰਤਕਾਲ ਨੰਬਰ 3120 ਵਾਕਿਆ ਕਸਬਾ ਪਿੰਡ ਝਬਾਲ, ਤਹਿਸੀਲ ਤੇ ਜ਼ਿਲਾ ਅੰਮ੍ਰਿਤਸਰ
ਨੋਟਿਸ ਬਨਾਮ ਜਨਰਲ ਪਬਲਿਕ

[illegible]

ਸਹੀ/-ਉਪ ਮੰਡਲ ਮੈਜਿਸਟਰੇਟ ਅੰਮ੍ਰਿਤਸਰ-2
ਨੰਬਰ 93 ਮਿਤੀ : 12/8/26

# ਐਚ ਡੀ ਐਫ ਸੀ ਬੈਂਕ ਵੱਲੋਂ ਗਾਹਕਾਂ ਨੂੰ 'ਕੈਸ਼ ਘੁਟਾਲਿਆਂ' ਤੋਂ ਸੁਚੇਤ ਰਹਿਣ ਦੀ ਸਲਾਹ

ਜਲੰਧਰ : ਐਚ ਡੀ ਐਫ ਸੀ ਬੈਂਕ ਨੇ ਗਾਹਕਾਂ ਅਤੇ ਕਾਰੋਬਾਰੀ ਸੰਗਠਨਾਂ ਨੂੰ 'ਕੈਸ਼ ਘੁਟਾਲਿਆਂ' ਤੋਂ ਸਾਵਧਾਨ ਰਹਿਣ ਦੀ ਅਪੀਲ ਕੀਤੀ ਹੈ। ਇਨ੍ਹਾਂ ਘੁਟਾਲਿਆਂ ਵਿੱਚ ਧੋਖੇਬਾਜ਼ ਸੋਸ਼ਲ ਮੈਸੇਜਿੰਗ ਐਪਸ ਰਾਹੀਂ ਸੀਨੀਅਰ ਅਧਿਕਾਰੀਆਂ ਜਾਂ ਭਰੋਸੇਯੋਗ ਸਹਿਯੋਗੀਆਂ ਦਾ ਰੂਪ ਧਾਰ ਕੇ ਕਰਮਚਾਰੀਆਂ ਨੂੰ ਪੈਸੇ ਟ੍ਰਾਂਸਫਰ ਕਰਨ ਜਾਂ ਸੰਵੇਦਨਸ਼ੀਲ ਜਾਣਕਾਰੀ ਸਾਂਝੀ ਕਰਨ ਲਈ ਮਜਬੂਰ ਕਰਦੇ ਹਨ। ਬੈਂਕ ਦੇ ਸੀਨੀਅਰ ਕਾਰਜਕਾਰੀ ਉਪ-ਪ੍ਰਧਾਨ ਮਨੀਸ਼ ਅਗਰਵਾਲ ਨੇ ਕਿਹਾ ਕਿ ਜਾਗਰੂਕਤਾ ਅਜਿਹੇ ਧੋਖਾਧੜੀਆਂ ਤੋਂ ਬਚਾਅ ਦਾ ਸਭ ਤੋਂ ਮਜ਼ਬੂਤ ਸਾਧਨ ਹੈ। ਉਨ੍ਹਾਂ ਸਲਾਹ ਦਿੱਤੀ ਕਿ ਕਿਸੇ ਵੀ ਭੁਗਤਾਨ ਬੇਨਤੀ 'ਤੇ ਕਾਰਵਾਈ ਕਰਨ ਤੋਂ ਪਹਿਲਾਂ ਉਸ ਦੀ ਸੁਤੰਤਰ ਤੌਰ 'ਤੇ ਤਸਦੀਕ ਕੀਤੀ ਜਾਵੇ ਅਤੇ ਸਿਰਫ਼ ਟੈਕਸਟ ਜਾਂ ਈਮੇਲ ਦੇ ਅਧਾਰ 'ਤੇ ਭੁਗਤਾਨ ਨਾ ਕੀਤਾ ਜਾਵੇ।

## COURT NOTICE

(U/o 5 Rule 20 CPC)
In the Court of
MS. Parminder Pindu
Judicial Magistrate-1st Class-8, Patiala
CNR No. PBPT03-013093-2023
Next Date : 25-11-2026
Mohini Kaura
Vs.
Harmeet Singh
Detail of offence :-
Notice To :
Harmeet Singh S/o Mohinder Singh R/o Latala, Distt. Ludhiana

In above titled case, the accused could not be served. It is ordered that accused should appear in person or through counsel on 25-11-2026 at 10.00 A.M.

For details logon to https://highcourtchd.gov.in/?mod=district_notice&district=patiala

Judicial Magistrate-1st Class-8, Patiala
Dated, this day of 10.08.2026

## COURT NOTICE

(U/o 5 Rule 20 CPC)
In the Court of
Sh. Varinder Kumar
Additional Civil Judge Senior Division, Nabha
CNR No. PBPTB0-000529-2026
Next Date : 27-08-2026
Manpreet Kaur
Vs.
General Public
Notice to : General Public
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 27.08.2026 at 10:00 A.M.

For details logon to https://highcourtchd.gov.in/?mod=district_notice&district=patiala

Additional Civil Judge Senior Division, Nabha
Dated, this day of 10.08.2026

## ਆਮ ਸੂਚਨਾ

ਮੈਂ, ਲਖਬੀ ਕੁਮਾਰ ਪੁੱਤਰ ਸ਼ਸ਼ਪਾਲ ਚੰਦਰ ਵਾਸੀ ਮਕਾਨ ਨੰ: 412, ਗਲੀ ਨੰ: 14, ਵਿਕਾਸ ਸਿੰਘ ਕਲੋਨੀ, [illegible]

## PUBLIC NOTICE

Under the instruction of Subham Housing Development Finance Co. Ltd I hereby informed the general public that Jaspal Singh S/o Bhola Singh is absolute owner of Property [illegible]

Vikas Verma (Advocate)
Distt. Courts, Amritsar MB. 9815156302

## ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਈ ਗੋਇੰਦਵਾਲ ਇੰਡੀਅਨ ਇੰਡਸਟਰੀਅਲ ਸਹਿਕਾਰੀ ਖੇਤੀਬਾੜੀ ਸੇਵਾ ਸੁਸਾਇਟੀ, [illegible]

ਵੱਲੋਂ:- ਪ੍ਰਧਾਨ, ਦੀ ਗੋਇੰਦਵਾਲ ਇੰਡਸਟਰੀਅਲ ਸਹਿਕਾਰੀ ਖੇਤੀਬਾੜੀ ਸੇਵਾ ਸੁਸਾਇਟੀ, ਗੋਇੰਦਵਾਲ ਸਾਹਿਬ

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਾਇਬ ਤਹਿਸੀਲਦਾਰ, ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ (ਪੰਜਾਬ)
(ਨੋਟਿਸ ਬਨਾਮ ਆਮ ਜਨਤਾ)

[illegible]

ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਉਕਤ ਕੇਸ ਤਕਸੀਮ ਵਿੱਚ ਉਕਤ ਮਸੂਲਇਲਮ ਦੀ ਤਲਬੀ ਸਾਧਾਰਨ ਢੰਗ ਨਾਲ ਨਹੀਂ ਹੋ ਰਹੀ। ਇਸ ਲਈ ਮਸੂਲਇਲਮ ਦੀ ਤਲਬੀ/ਇਤਲਾਹ ਲਈ ਇਸ਼ਤਿਹਾਰ ਜਾਰੀ ਕੀਤਾ ਜਾਂਦਾ ਹੈ ਕਿ ਜੇਕਰ ਉਕਤ ਮਸੂਲਇਲਮ ਆਪਣਾ ਕੋਈ ਉਜ਼ਰ ਪੇਸ਼ ਕਰਨਾ ਚਾਹੁੰਦਾ ਹੈ ਤਾਂ ਉਹ ਆਪ ਖੁਦ ਜਾਂ ਇਨ੍ਹਾਂ ਦੇ ਵਾਰਸ ਜਾਂ ਆਪਣੇ ਕਿਸੇ ਵਕੀਲ ਰਾਹੀਂ ਨਿਰਧਾਰਿਤ ਮਿਤੀ 07/09/2026 ਨੂੰ ਸਵੇਰੇ 10:00 ਵਜੇ ਅਦਾਲਤ ਵਿੱਚ ਪੇਸ਼ ਹੋ ਕੇ ਕੇਸ ਦੀ ਪੈਰਵੀ ਕਰ ਸਕਦਾ ਹੈ। ਨਿਰਧਾਰਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਮਸੂਲਇਲਮ ਖਿਲਾਫ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਕੇਸ ਵਿੱਚ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਬਾਅਦ ਗੁਜ਼ਰਨੇ ਮਿਆਦ ਉਨ੍ਹਾਂ ਦਾ ਕੋਈ ਵੀ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ।

ਅੱਜ ਮਿਤੀ: 11/08/2026 ਨੂੰ ਮੇਰੇ ਦਸਤਖਤਾਂ ਅਤੇ ਅਦਾਲਤ ਮੋਹਰ ਨਾਲ ਜਾਰੀ ਕੀਤਾ ਗਿਆ।

ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਾਇਬ ਤਹਿਸੀਲਦਾਰ, ਸਰਦੂਲਗੜ੍ਹ
ਪੱਤਰ ਨੰਬਰ: 274/ਰੀਡਰ-2 ਮਿਤੀ: 11.08.2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਾਇਬ ਤਹਿਸੀਲਦਾਰ, ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ (ਪੰਜਾਬ)
(ਨੋਟਿਸ ਬਨਾਮ ਆਮ ਜਨਤਾ)

[illegible] ਰਾਮ ਪੁੱਤਰ ਸਸਨ ਰਾਮ, 20. ਦੂਤੋ ਕਲਾ ਪਤਨੀ ਰਾਜਾ ਰਾਮ ਪੁੱਤਰ ਦੇਵੀ ਲਾਲ, 21. ਰਸ਼ਨੀ ਪਤਨੀ ਰਾਕੇਸ਼ ਕੁਮਾਰ ਪੁੱਤਰ ਕ੍ਰਿਸ਼ਨ ਲਾਲ, 22. ਰਵੀ ਕਾਂਤ ਪੁੱਤਰ ਸੀਤਾ ਰਾਮ ਪੁੱਤਰ ਸੰਪਤ ਰਾਮ ਵਾਸੀਆਨ ਖੈਰਾ ਕਲਾਂ ਤਹਿਸੀਲ ਸਰਦੂਲਗੜ੍ਹ ਜ਼ਿਲ੍ਹਾ ਮਾਨਸਾ।

ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਉਕਤ ਕੇਸ ਤਕਸੀਮ ਵਿੱਚ ਉਕਤ ਮਸੂਲਇਲਮ ਦੀ ਤਲਬੀ ਸਾਧਾਰਨ ਢੰਗ ਨਾਲ ਨਹੀਂ ਹੋ ਰਹੀ। ਇਸ ਲਈ ਮਸੂਲਇਲਮ ਦੀ ਤਲਬੀ/ਇਤਲਾਹ ਲਈ ਇਸ਼ਤਿਹਾਰ ਜਾਰੀ ਕੀਤਾ ਜਾਂਦਾ ਹੈ ਕਿ ਜੇਕਰ ਉਕਤ ਮਸੂਲਇਲਮ ਆਪਣਾ ਕੋਈ ਉਜ਼ਰ ਪੇਸ਼ ਕਰਨਾ ਚਾਹੁੰਦਾ ਹੈ ਤਾਂ ਉਹ ਆਪ ਖੁਦ ਜਾਂ ਇਨ੍ਹਾਂ ਦੇ ਵਾਰਸ ਜਾਂ ਆਪਣੇ ਕਿਸੇ ਵਕੀਲ ਰਾਹੀਂ ਨਿਰਧਾਰਿਤ ਮਿਤੀ 07/09/2026 ਨੂੰ ਸਵੇਰੇ 10:00 ਵਜੇ ਅਦਾਲਤ ਵਿੱਚ ਪੇਸ਼ ਹੋ ਕੇ ਕੇਸ ਦੀ ਪੈਰਵੀ ਕਰ ਸਕਦਾ ਹੈ। ਨਿਰਧਾਰਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਮਸੂਲਇਲਮ ਖਿਲਾਫ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਕੇਸ ਵਿੱਚ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਬਾਅਦ ਗੁਜ਼ਰਨੇ ਮਿਆਦ ਉਨ੍ਹਾਂ ਦਾ ਕੋਈ ਵੀ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ।

ਅੱਜ ਮਿਤੀ: 11/08/2026 ਨੂੰ ਮੇਰੇ ਦਸਤਖਤਾਂ ਅਤੇ ਅਦਾਲਤ ਮੋਹਰ ਨਾਲ ਜਾਰੀ ਕੀਤਾ ਗਿਆ।

ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਾਇਬ ਤਹਿਸੀਲਦਾਰ, ਸਰਦੂਲਗੜ੍ਹ
ਪੱਤਰ ਨੰਬਰ: 275/ਰੀਡਰ-2 ਮਿਤੀ: 11.08.2026

## ਉੱਤਰ ਰੇਲਵੇ

### ਟੈਂਡਰ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਇਲੈਕਟ੍ਰਿਕ ਲੋਕੋ ਸ਼ੈਡ, ਉੱਤਰ ਰੇਲਵੇ, ਲੁਧਿਆਣਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰ ਨੰ: 2026-27-05 ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 05.09.2026 ਨੂੰ 14.00 ਵਜੇ ਤਕ ਪੇਸ਼ ਕਰ ਸਕਦੇ ਹਨ। ਇਨ੍ਹਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੀ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਟੈਂਡਰਕਰਤਾ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਆਰਾ ਜਿਸ ਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ ਤੇ ਕ੍ਰੇਡਿਟ ਕਾਰਡ ਤੋਂ ਭੁਗਤਾਨ ਕਰ ਸਕਦੇ ਹਨ।

| | |
|---|---|
| ਟੈਂਡਰ ਨੰਬਰ | 2026-27-05 |
| ਕੰਮਾਂ ਦਾ ਵੇਰਵਾ | ਲੁਧਿਆਣਾ ਦੇ ਇਲੈਕਿਟ੍ਰਕ ਲੋਕੋ ਸ਼ੇਡ ਵਿਚ EOT ਗੈਨਟਰੀ ਰੇਲਸ ਓ ਜ਼ਰੂਰੀ ਫਾਸਟਰਨਸ ਨੂੰ ਹਟਾਣਾ, ਅਲਾਈਨਮੈਂਟ ਕਰਨਾ, ਗੇਜ ਠੀਕ ਕਰਨਾ ਅਤੇ ਉਨ੍ਹਾਂ ਨੂੰ ਲਗਾਣਾ। |
| ਅਨੁਮਾਨਿਤ ਲਾਗਤ | ਰੁ: 35,51,656/- |
| ਟੈਂਡਰ ਦੀ ਕੀਮਤ | ਰੁ: 0 |
| ਟੈਂਡਰ ਪੂਰਾ ਕਰਨ ਦੀ ਮਿਤੀ ਅਤੇ ਸਮਾਂ | 05.09.2026, 14:00 ਵਜੇ ਤਕ |
| ਬਿਆਨਾ ਰਾਸ਼ੀ | ਰੁ: 71,000/- |
| ਕੰਮ ਦਾ ਸਮਾਂ | 06 ਮਹੀਨੇ |
| ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | 05.09.2026, 14:00 ਵਜੇ ਦੇ ਬਾਦ |
| ਵੈੱਬਸਾਈਟ | www.ireps.gov.in |

ਨੰ: 230-Elect/TRS/LDH/WC/EOT Gantry/2026-27/05 ਮਿਤੀ : 12.08.2026 2789/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਡਵੀਜਨ ਸਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫ਼ਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਟੈਂਡਰ ਨੰ: 433-ਸਿੰਗ-ਟੀ-35-26-27 ਈ-ਟੈਂਡਰਿੰਗ ਦੁਆਰਾ ਤੋਂ ਮਿਤੀ 02.09.2026 ਨੂੰ 15.00 ਵਜੇ ਤਕ https://www.ireps.gov.in ਵੇਬਸਾਈਟ ਉਤੇ ਟੈਂਡਰਾਂ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੀ ਟੈਂਡਰਾਂ ਅਸਲੀ/ਸੰਸ਼ੋਧਿਤ ਨਿਸ਼ਚਿਤ ਕੀਤੇ ਗਏ ਸਮੇਂ ਅਤੇ ਮਿਤੀ ਤਕ ਜ਼ਰੂਰ ਜਮਾਂ ਕਰਵਾਏ। ਇਸ ਟੈਂਡਰ ਦੇ ਤਹਿਤ ਮੈਨੂਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਵਾਰਾ ਟੈਂਡਰ ਡਾਕਯੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਸ ਤਰ੍ਹਾਂ ਕਿ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਆਦਿ ਦੁਵਾਰਾ ਹੀ ਸਵੀਕਾਰ ਕੀਤੀ ਜਾਵੇਗੀ ਇਸਦੇ ਅਤਿਰਿਕਤ ਡਿਮਾਂਡ ਡਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਦੁਵਾਰਾ ਜਮਾਂ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

| | | | |
|---|---|---|---|
| ਕੰਮ ਦਾ ਨਾਮ | (i) ਫ਼ਿਰੋਜ਼ਪੁਰ ਡਵੀਜਨ ਦੇ ਸਬੰਧ ਵਿਚ S&T ਦਾ ਕੰਮ – TTR(FS+TWS+WCMSC) - 54 ਸੇਟ, TTR(TWS) – 4 ਸੇਟ, TTR(TSR) – 22 ਸੇਟ ਅਤੇ TTR(TWS+WCMSC) – 23 ਸੇਟ (ii) ਫ਼ਿਰੋਜ਼ਪੁਰ ਡਵੀਜਨ ਦੇ ਬਟਾਲਾ (BAT) ਸਟੇਸ਼ਨ ਉਤੇ ਲਗੇ ਸੀਮੇਂਸ (ਵੇਸਟਰੇਸ ਮਾਰਕ-II) ਮੇਕ ਇਲੈਕਟ੍ਰੋਨਿਕ ਇੰਟਰਲਾਕਿੰਗ ਸਿਸਟਮ ਦਾ ਤਿੰਨ (03) ਸਾਲਾਂ ਦੇ ਲਈ ਪੂਰਾ ਸਲਾਨਾ ਰੱਖ-ਰੱਖਾਵ ਅਨੁਬੰਧ ਦਾ ਕੰਮ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | (i) 02/09/2026 15:00<br>(ii) 02/09/2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 11/08/2026 16:05 |
| ਅਨੁਮਾਨਿਤ ਕੀਮਤ | (i) 39088876.00<br>(ii) 5370407.25 | ਬਿਡਿੰਗ ਸ਼ੁਰੂ ਦੀ ਮਿਤੀ (ਆਈ.ਆਰ.ਈ.ਪੀ.ਐਸ) | (i) 19/08/2026<br>(ii)19/08/2026 |
| ਬਿਆਨਾ ਰਾਸ਼ੀ (ਰੁ:) | (i) 781800.00<br>(ii) 107400.00 | ਕੰਮ ਪੂਰਾ ਕਰਨ ਦਾ ਸਮਾਂ | (i) 09 ਮਹੀਨੇ<br>(ii) 36 ਮਹੀਨੇ |
| ਨੋਟ | ਟੈਂਡਰਕਰਤਾ ਨਿਯਮਿਤ ਰੂਪ ਤੋਂ ਵੈਬਸਾਈਟ ਦੇ ਸੰਪਰਕ ਵਿਚ ਰਹਿਕ ਟੈਂਡਰ ਸੰਸ਼ੋਧਨਾਂ, ਸ਼ੁੱਧੀਪੱਤਰ ਆਦਿ ਬਾਰੇ ਵਿਚ ਖੁਦ ਨੂੰ ਅਪਡੇਟ ਰੱਖੇ। | | |

ਟੈਂਡਰ ਸੂਚਨਾ ਨੰ: 433-ਸਿਗ-ਟੀ-35-26-27 ਬੰਦ ਹੋਣ ਦੀ ਮਿਤੀ/ਸਮਾਂ: ਨੂੰ 02/09/2026 15:00 ਵਜੇ ਮਿਤੀ- 11/08/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2781/26

# ਕਲਾਸੀਫਾਈਡ ਇਸ਼ਤਿਹਾਰ

## Change of Name

I, Paramjeet Kaur W/O Joginder Singh R/o Hargobindpur Road, Umarpura, Teh. Batala, Distt. Gurdaspur. I have changed my name from Param Jeet to Paramjeet Kaur. Please concerned note.

I, Baljeet Kaur Johal D/o Sakkattar singh R/o 341, Shubam Enclave Daburji G.T. Road Amritsar have changed my name from Baljeet Kaur Johal to Baljeet Kaur.

I, Nandini Sehgal W/o Munish Sehgal R/o H.No. N.E. 98, Sehgalan Mohalla, Khingra Gate, Jalandhar, Punjab have changed my name from Samta Rani to Nandini Sehgal after marriage. All concerned please note.

I Yasmeen Duggal W/o Sandeep Kumar Banger R/o Vpo Bhojowal, Tehsil Ajnala Distt. Amritsar, Punjab 143102 India I have changed my name from Yashmini Duggal to Yasmeen Duggal and declare that Yasmeen is my given name and Duggal is my Surname.

I, Bimla W/o Rakesh Kumar Bhalla R/o H.No. BDB, Vishal Vihar, Near N.H. Public School, Batala Road, Amritsar, Punjab-143001 have changed my name from Bimla to Bimla Kumari Bhalla.

I, Rainika W/o Jaspal Masih R/o Village Rajpur, PO & Tehsil Bholath, Distt. Kapurthala - 144622, Punjab have changed my name from Rainika to Rainika Khosla. All concerned please note.

I, Rainika Khosla W/o Jaspal Masih R/o Village Rajpur, PO & Tehsil Bholath, Distt. Kapurthala - 144622, Punjab have changed the name of my minor son Godson aged 11 years and he shall hereafter be known as Godson Khosla. All concerned please note.

I, Rainika Khosla W/o Jaspal Masih R/o Village Rajpur, PO & Tehsil Bholath, Distt. Kapurthala - 144622, Punjab have changed the name of my minor daughter Riya aged 13 years and she shall hereafter be known as Riya Khosla. All concerned please note.

I, Gurpal Singh S/o Gurcharan Singh R/o Village Oladni, PO. Mehatpur ,Teh Balachaur Distt. S.B.S Nagar - 144521, Punjab have changed my name from Gurpal Singh to Gurpal as given name and Singh as surname.

I, Promila Rani W/o Munshi Ram R/o H.No.67, Gali No.2, Near Virse Di Haveli, Mohkampura, Amritsar have changed my name from Parmila Devi to Promila Rani

I, Kulwinder Singh S/o Santokh Singh R/o VPO Rasulpur Tehsil and District Amritsar have declare that Kulwinder is my Given name and Singh is my Surname.

I, Gurjant Singh S/o Resham Singh R/o Vpo Behru, Tehsil Dudhan Sadhan, Patiala have changed my name from Gurjant Singh to Gurjant Singh as my surname and given name is Gurjant.

I, Maya Bhatta W/o Vijay Dutt R/o H.No. A-56, street no.1, Jujhar Singh Avenue, Near Post office, Airport road, Amritsar -143001(pb) have changed my name from Maya Bhatta to Maya Dutt, please note.

I, Amritpal Singh S/o Gurmukh Singh R/o VPO Abdal district Amritsar have declare that Amritpal is my given name and Singh is my Surname.

I, Hardip Singh Gill S/o Ajit Singh R/o Village Varpal Khurd Tehsil and District Amritsar have changed my name from Hardip Singh Gill to Hardip Singh.

I, Manjit Singh S/o Satnam Singh R/o Village Kohala, Distt Amritsar, have declared that Singh is my surname and Manjit is my given name. Concerned Note.

I, Parul D/o Raj Kumar Goswami,R/o ?.no 140, Street no 1,Green Avenue,New Geeta colony, Jalandhar have changed my name to Parul Goswami.

I, Sameer s/o Pawan Kumar R/o H. No.2944, Bhargo Nagar, Jalandhar-144001, Punjab have changed my name from Sameer to Sameer Gotra. All Please Note.

I, Amarjeet Singh S/o Mohan Singh R/o Vill. Dhade Bawa Mohar Singh, PO. Bulhowal, Hoshiarpur, Punjab have changed my name from Amarjeet Singh to Amarjit Singh. All Please Note.

## Change of Name

I, Deepika Chopra w/o Sumeer Chopra r/o H.No.50, residency Vihar Sudama Vihar Road, Jalandhar have changed my name from Deepika Sehgal to Deepika Chopra, after marriage. All Please Note.

I, Sheela Rani w/o Ram Saran Dass R/o H.No. BIX-556, New Santokhpura, Jalandhar, have changed my name from Sheela Rani to Rani Sheela (surname as rani) All Please Note.

I, Avtar Singh S/o Karnail Singh R/o V. Khusropur, P.O. Pattar Kalan, Distt.Jalandhar, Punjab-144806, have changed my name from Avtar Singh to Jhirmal Singh. All Please Note.

I, Shobhita Kakkar W/o Pradeep Kumar Mago R/o H.No.146, Choti Baradari, Phase-1, Jalandhar, Punjab-144022 have changed my name from Shobhita Kakkar to Shobhita Mago. All Please Note.

I, Mohit S/o Kartar Chand R/o New Nagra, PO: Nagra, Distt. Jalandhar, Punjab-144013 have changed my name from Mohit to Mohit Panjgotra in which given name Mohit and Surname as Panjgotra. All concerned please note.

I, Rajinder Parsad Dogra S/o Charan Singh R/o Village H.No. 332, Ekta Nagar, Jalandhar-I, Jalandhar, Punjab-144009 have changed my name from Rajinder Parsad Dogra to Rajinder Parshad Dogra. All concerned please note.

I, Jugantar S/o Mantu Samanta R/o W.No. 3, H.No. 149, Gulmarg Colony, Post Office Nurpur, Reru, Jalandhar, Punjab-144012 have changed my name from Jugantar to Jugantar Samanta. All concerned please note.

## ਨਾਂਅ ਦੀ ਬਦਲੀ

[illegible]

## PUBLIC NOTICE

I, Kanwar Singh S/o Shri Ram Yadav, R/o H.No 12, New Anand Nagar , Jalandhar (Punjab), do hereby notify the public that my has been incorrectly recorded as Sita in the educational and official records of my minor son Aarav. My correct, legal and actual name is Kanwar Singh and my wife (Aarav's Mother) name has been incorrectly recorded as Sita in the educational and official records of my minor son Aarav. My correct, legal and actual name is Seeta for all documents related to my son Aarav . All concerned may note.

I , Surinder Kaur W/O Malkiat Singh R/O H. No. 18/96 Mohalla Jatpura New Abadi, Kapurthala , Punjab, declare that my son Mandip Singh, who is residing in Holland, is out of my control . I, disinherit my above said son Mandip Singh from my movable and immovable property. Any person making with him landing and borrowing will be self responsible.

I, Amin Chand S/o Karam Chand R/o Village Dhandour, P.O. Isharwal, Tehsil and Distt. Jalandhar, Punjab, India at present City Of Nanaimo, Province Of British Columbia, Canada declare that my son Narinder Kumar and his wife Kamaljit Kaur and their daughter Dilpreet Kaur they are out of my control. I disinherit them from my movable and immovable properties. I and my family members shall not be held responsible for any kind of dealings done with them. All please note.

## ਬੇਦਖ਼ਲੀ ਨੋਟਿਸ

[illegible]

## ਬੇਦਖ਼ਲੀ ਨੋਟਿਸ

[illegible]

## ਆਮ ਸੂਚਨਾ

[illegible]

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ / ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

---

**AXIS BANK LTD.** ਰਿਟੇਲ ਐੱਸਟ ਸੈਂਟਰ "50, ਕੋਰਟ ਰੋਡ। ਐਡਜੁਆਇਨਿੰਗ ਹੁੰਡਈ ਸ਼ੋਅ ਰੂਮ। ਅੰਮ੍ਰਿਤਸਰ-143001

ਕਾਰਪੋਰੇਟ ਦਫਤਰ : "ਐਕਸਿਸ ਹਾਊਸ" ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਜਬਰਿਜ, ਅਹਿਮਦਾਬਾਦ-380006

### ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੈ, ਜਿਸ ਦਾ ਭੌਤਿਕ ਕਬਜ਼ਾ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਪ੍ਰਦੀਪ ਕੁਮਾਰ ਪੁੱਤਰ ਜੀਵਨ ਕੁਮਾਰ (2) ਜੀਵਨ ਕੁਮਾਰ ਪੁੱਤਰ ਕੇਦਾਰ ਨਾਥ ਰਾਹੀਂ ਇਸ ਦੇ ਸਕਿਉਰਡ ਕ੍ਰੈਡਿਟਰ ਦੀ 11 ਅਗਸਤ 2026 ਨੂੰ ਬਕਾਇਆ ਰਕਮ ਰੁਪਏ 37,16,739/- (ਸੈਂਤੀ ਲੱਖ ਸੋਲਾਂ ਹਜ਼ਾਰ ਸੱਤ ਸੌ ਉਨਤਾਲੀ ਰੁਪਏ ਕੇਵਲ) ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 29 ਅਗਸਤ 2026 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 6,50,250/- (ਛੇ ਲੱਖ ਪੰਜਾਹ ਹਜ਼ਾਰ ਦੋ ਸੌ ਪੰਜਾਹ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 65,025/- (ਪੈਂਹਠ ਹਜ਼ਾਰ ਪੱਚੀ ਰੁਪਏ ਕੇਵਲ) |
| ਬੋਲੀ ਵਾਧਾ ਰਕਮ | ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ,ਐਗਰੀ ਲੋਨ ਸੈਂਟਰ 50, ਕੋਰਟ ਰੋਡ ਹੁੰਡਈ ਸ਼ੋਅ ਰੂਮ ਦੇ ਨਾਲ ਲੱਗਦਾ ਅੰਮ੍ਰਿਤਸਰ-143001 ਵਿਖੇ 28 ਅਗਸਤ 2026 ਨੂੰ 05.00 ਵਜੇ ਸ਼ਾਮ ਤੱਕ। |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ http://BidDeal. in 'ਤੇ 29 ਅਗਸਤ 2026 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 12.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ : ਜਾਇਦਾਦ ਦਾ ਵੇਰਵਾ : (ਏ) ਜਾਇਦਾਦ ਜੋ ਕਿ ਪਲਾਟ ਸੂਰਿਆ ਇਨਕਲੇਵ, ਭਾਦਸੋਂ, ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ, ਸ੍ਰੀ ਪ੍ਰਦੀਪ ਕੁਮਾਰ ਪੁੱਤਰ ਸ੍ਰੀ ਜੀਵਨ ਕੁਮਾਰ ਦੇ ਨਾਂਅ ਖੇਤਰ ਰਕਬਾ 0-21/2, ਬਿਸਵਾ ਜੋ ਕਿ 125 ਵਰਗ ਗਜ਼, ਬੈਨਾਮਾ ਨੰਬਰ 196 ਮਿਤੀ 24-08-2015 ਅਨੁਸਾਰ, ਖੱਤਾ ਨੰ. 43/182, ਖਸਰਾ ਨੰ. 81 (5-0) 622/73 (3-16), 625/77 (3-1), 627/76 (2-0), 628/79(2-17), 630/82(4-5), 0 ਬੀ-2 ਵੀ-10ਵੀਂ 'ਚੋਂ 5/838 ਹਿੱਸੇ ਦਾ ਕੁੱਲ 20-19 ਜਮ੍ਹਾਂਬੰਦੀ ਸਾਲ 2011-2012। ਹੱਦਾਂ (ਤਜਵੀਜ਼ਤ ਸਾਈਟ ਪਲਾਟ ਅਨੁਸਾਰ) ਉੱਤਰ : ਅਮਿਤ ਕੁਮਾਰ ਦੀ ਜਾਇਦਾਦ ਬਾਹੀ 86', ਦੱਖਣ : ਸੰਜੀਵ ਕੁਮਾਰ ਦਾ ਮਕਾਨ ਬਾਹੀ 86', ਪੂਰਬ : ਗਲੀ 24', ਪੱਛਮ : ਜਰਨੈਲ ਸਿੰਘ ਦੀ ਖੇਤੀਬਾੜੀ ਵਾਲੀ ਜ਼ਮੀਨ, ਬਾਹੀ 13'-1"

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axis-bank.com/ auction-retail ਦਾ ਹਵਾਲਾ ਲਿਆ ਜਾਵੇ। ਨਿਲਾਮੀ ਬੈਂਕ ਦੇ ਅਧਿਕਾਰਤ ਸਰਵਿਸ ਪ੍ਰੋਵਾਈਡਰ, ਵੈਲਯੂ ਟਰੱਸਟ ਕੈਪੀਟਲ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਸਹਾਇਕ ਬੈਂਕ ਅਤੇ ਇਸ ਦੇ ਬੋਲੀਕਾਰਾਂ ਰਾਹੀਂ ਆਨਲਾਈਨ ਨਿਲਾਮੀ ਪ੍ਰਕਿਰਿਆ 'ਚ ਆਨਲਾਈਨ ਕੀਤੀ ਜਾਵੇਗੀ। ਨਿਲਾਮੀ ਪ੍ਰਕਿਰਿਆ ਦੀ ਸਹਾਇਤਾ ਲਈ ਕਿਰਪਾ ਕਰਕੇ ਉਨ੍ਹਾਂ ਦੇ ਕੇਂਦਰੀਕ੍ਰਿਤ ਹੈਲਪਡੈਸਕ ਈ-ਮੇਲ ਆਈ ਡੀ : Auction.Manager@BidDeal.in ਜਾਂ ਸ੍ਰੀ ਸੁਮਿਤ ਕੁਮਾਰ ਡਿਸਪੋਜ਼ਲ ਅ.ਫ਼ਸਰ ਐਕਸਿਸ ਬੈਂਕ ਲਿਮਟਿਡ (ਮੋਬਾਇਲ ਨੰ. +91 98769-88348) 'ਤੇ ਸੰਪਰਕ ਕੀਤਾ ਜਾਵੇ।

ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 13.08.2026, ਸਥਾਨ : ਅੰਮ੍ਰਿਤਸਰ ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

---

**AXIS BANK LTD.** ਰਿਟੇਲ ਐੱਸਟ ਸੈਂਟਰ, ਦੂਸਰੀ ਅਤੇ ਤੀਸਰੀ ਮੰਜ਼ਲ ਪ੍ਰਾਪਰਟੀ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : "ਐਕਸਿਸ ਹਾਊਸ" ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਜਬਰਿਜ, ਅਹਿਮਦਾਬਾਦ-380006

### ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਰੁਪਿੰਦਰ ਕੌਰ ਪਤਨੀ ਸੁਖਜਿੰਦਰ ਸਿੰਘ ਰਾਹੀਂ ਸਕਿਉਰਡ ਕ੍ਰੈਡਿਟਰ ਦੀ 11 ਅਗਸਤ 2026 ਨੂੰ ਬਕਾਇਆ ਰਕਮ ਰੁਪਏ 38,09,494/- (ਅਠੱਤੀ ਲੱਖ ਨੌਂ ਹਜ਼ਾਰ ਚਾਰ ਸੌ ਚੁਰਾਨਵੇਂ ਰੁਪਏ ਕੇਵਲ) ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 29 ਅਗਸਤ 2026 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 18,35,468/- (ਅਠਾਰਾਂ ਲੱਖ ਪੈਂਤੀ ਹਜ਼ਾਰ ਚਾਰ ਸੌ ਅਠਾਹਠ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 1,83,550/- (ਇੱਕ ਲੱਖ ਤਰਿਆਸੀ ਹਜ਼ਾਰ ਪੰਜ ਸੌ ਪੰਜਾਹ ਰੁਪਏ ਕੇਵਲ) ਡੀ ਡੀ/ ਪੀ ਓ ਰਾਹੀਂ ਐਕਸਿਸ ਬੈਂਕ ਲਿਮਟਿਡ ਦੇ ਹੱਕ 'ਚ ਲੁਧਿਆਣਾ ਵਿਖੇ ਅਦਾਇਗੀਯੋਗ। |
| ਬੋਲੀ ਵਾਧਾ ਰਕਮ | 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ, ਰਿਟੇਲ ਐੱਸਟ ਸੈਂਟਰ, ਦੂਸਰੀ ਅਤੇ ਤੀਸਰੀ ਮੰਜ਼ਲ ਪ੍ਰਾਪਰਟੀ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਵਿਖੇ 28 ਅਗਸਤ 2026 ਨੂੰ 05.00 ਵਜੇ ਸ਼ਾਮ ਤੱਕ। |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ http://BidDeal.in 'ਤੇ 29 ਅਗਸਤ 2026 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 12.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ-ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 117 ਵਰਗ ਗਜ਼, ਜਿਸ 'ਚ ਸ਼ਾਮਲ 78//44, 78//45, ਖੇਵਟ ਖਤੌਨੀ ਨੰ. 1261/1710, ਜਮ੍ਹਾਂਬੰਦੀ ਸਾਲ 2003-2004, ਹੱਦਬਸਤ ਨੰ. 368, ਕਾਲਾ ਘਨੂੰਪੁਰ ਵਿਖੇ ਸਥਿਤ ਸਬ-ਅਰਬਨ ਆਬਾਦੀ ਬਸੰਤ ਵਿਹਾਰ, ਤਹਿ. ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ, ਜੋ ਕਿ ਸ੍ਰੀਮਤੀ ਰੁਪਿੰਦਰ ਕੌਰ ਪਤਨੀ ਸੁਖਜਿੰਦਰ ਸਿੰਘ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ. 2088 ਮਿਤੀ 20/05/2009 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸ੍ਰ. ਜੋਗਿੰਦਰ ਸਿੰਘ, ਪੱਛਮ : ਵਿਨੋਦ ਕੁਮਾਰ, ਉੱਤਰ : ਗਲੀ 16' ਚੌੜੀ, ਦੱਖਣ: ਸ੍ਰ. ਜੋਗਿੰਦਰ ਸਿੰਘ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axis-bank.com/ auction-retail ਦਾ ਹਵਾਲਾ ਲਿਆ ਜਾਵੇ। ਨਿਲਾਮੀ ਬੈਂਕ ਦੇ ਅਧਿਕਾਰਤ ਸਰਵਿਸ ਪ੍ਰੋਵਾਈਡਰ, ਵੈਲਯੂ ਟਰੱਸਟ ਕੈਪੀਟਲ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਸਹਾਇਕ ਬੈਂਕ ਅਤੇ ਇਸ ਦੇ ਬੋਲੀਕਾਰਾਂ ਰਾਹੀਂ ਆਨਲਾਈਨ ਨਿਲਾਮੀ ਪ੍ਰਕਿਰਿਆ 'ਚ ਆਨਲਾਈਨ ਕੀਤੀ ਜਾਵੇਗੀ। ਨਿਲਾਮੀ ਪ੍ਰਕਿਰਿਆ ਦੀ ਸਹਾਇਤਾ ਲਈ ਕਿਰਪਾ ਕਰਕੇ ਉਨ੍ਹਾਂ ਦੇ ਕੇਂਦਰੀਕ੍ਰਿਤ ਹੈਲਪਡੈਸਕ ਈ-ਮੇਲ ਆਈ ਡੀ : Auction.Manager@BidDeal.in ਜਾਂ ਸ੍ਰੀ ਸੁਮਿਤ ਕੁਮਾਰ ਡਿਸਪੋਜ਼ਲ ਅ.ਫ਼ਸਰ ਐਕਸਿਸ ਬੈਂਕ ਲਿਮਟਿਡ (ਮੋਬਾਇਲ ਨੰ. +91 98769-88348) 'ਤੇ ਸੰਪਰਕ ਕੀਤਾ ਜਾਵੇ।

ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 13.08.2026, ਸਥਾਨ : ਅੰਮ੍ਰਿਤਸਰ ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

---

**AXIS BANK LTD.** ਰਿਟੇਲ ਐੱਸਟ ਸੈਂਟਰ : "ਦੂਜੀ ਅਤੇ ਤੀਜੀ ਮੰਜ਼ਲ, ਪਲਾਟ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

### ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਰਚਨਾਤਮਕ ਭੌਤਿਕ ਕਬਜ਼ਾ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਸ੍ਰੀ ਰਾਹੁਲ ਸਹਿਗਲ ਪੁੱਤਰ ਬਲਦੇਵ ਸਹਿਗਲ (2) ਸ੍ਰੀ ਰੋਹਿਤ ਸਹਿਗਲ ਪੁੱਤਰ ਬਲਦੇਵ ਸਹਿਗਲ ਸਕਿਉਰਡ ਕ੍ਰੈਡਿਟਰ ਦੀ 11 ਅਗਸਤ 26 ਨੂੰ ਬਕਾਇਆ ਰਕਮ ਰੁਪਏ 48,52,396 (ਅਠਤਾਲੀ ਲੱਖ ਬਵੰਜਾ ਹਜ਼ਾਰ ਤਿੰਨ ਸੌ ਛਿਆਨਵੇਂ ਰੁਪਏ ਕੇਵਲ) ਸਮੇਤ ਭਵਿਖੀ ਵਿਆਜ ਅਤੇ ਲਾਗਤਾਂ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 29 ਅਗਸਤ 2026 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 21,14,610/- (ਇੱਕੀ ਲੱਖ ਚੌਦਾਂ ਹਜ਼ਾਰ ਛੇ ਸੌ ਦਸ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 2,11,461/- (ਦੋ ਲੱਖ ਗਿਆਰਾਂ ਹਜ਼ਾਰ ਚਾਰ ਸੌ ਇਕਾਹਠ ਰੁਪਏ ਕੇਵਲ) |
| ਬੋਲੀ ਵਾਧਾ ਰਕਮ | 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ "ਦੂਜੀ ਅਤੇ ਤੀਜੀ ਮੰਜ਼ਲ, ਪਲਾਟ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਵਿਖੇ 28 ਅਗਸਤ 2026 ਨੂੰ 05.00 ਵਜੇ ਸ਼ਾਮ ਤੱਕ। |
| ਜਨਤਕ ਈ-ਨਿਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://BidDeal.in 'ਤੇ 29 ਅਗਸਤ 2026 ਨੂੰ ਸਵੇਰੇ 10.00 ਵਜੇ ਅਤੇ ਦੁਪਹਿਰ 12.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ ਜਾਇਦਾਦ ਦਾ ਵੇਰਵਾ : ਬੈਨਾਮਾ ਵਸੀਕਾ ਨੰ. 14050 ਮਿਤੀ 05.02.2018 ਅਨੁਸਾਰ ਸ੍ਰੀ ਰਾਹੁਲ ਸਹਿਗਲ ਪੁੱਤਰ ਬਲਦੇਵ ਸਹਿਗਲ ਅਤੇ ਸ੍ਰੀ ਰੋਹਿਤ ਕੁਮਾਰ ਸਹਿਗਲ ਪੁੱਤਰ ਬਲਦੇਵ ਸਹਿਗਲ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 80, ਰਕਬਾ 79 ਵਰਗ ਗਜ਼ (ਲੰਬਾਈ 32' x ਚੌੜਾਈ 22') ਖਸਰਾ ਨੰ. 191 ਮਿੰਨ ਤੁੰਗਪਾਈ ਸਬ-ਅਰਬਨ ਆਬਾਦੀ ਟੰਡਨ ਨਗਰ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ, ਪੱਛਮ : ਵੇਚਣ ਵਾਲੇ ਦੀ ਮਾਲਕੀ-ਰਮੇਸ਼ ਚੰਦਰ ਅਤੇ ਪ੍ਰੇਮ ਕਾਂਤਾ, ਉੱਤਰ : ਵੇਚਣ ਵਾਲੇ ਦੀ ਮਾਲਕੀ- ਰਮੇਸ਼ ਚੰਦਰ ਅਤੇ ਪ੍ਰੇਮ ਕਾਂਤਾ, ਦੱਖਣ : ਮੁਨਸ਼ੀ ਰਾਮ ਮਾਲਕ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axis-bank.com/ auction-retail ਦਾ ਹਵਾਲਾ ਲਿਆ ਜਾਵੇ। ਨਿਲਾਮੀ ਬੈਂਕ ਦੇ ਅਧਿਕਾਰਤ ਸਰਵਿਸ ਪ੍ਰੋਵਾਈਡਰ, ਵੈਲਯੂ ਟਰੱਸਟ ਕੈਪੀਟਲ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਸਹਾਇਕ ਬੈਂਕ ਅਤੇ ਇਸ ਦੇ ਬੋਲੀਕਾਰਾਂ ਰਾਹੀਂ ਆਨਲਾਈਨ ਨਿਲਾਮੀ ਪ੍ਰਕਿਰਿਆ 'ਚ ਆਨਲਾਈਨ ਕੀਤੀ ਜਾਵੇਗੀ। ਨਿਲਾਮੀ ਪ੍ਰਕਿਰਿਆ ਦੀ ਸਹਾਇਤਾ ਲਈ ਕਿਰਪਾ ਕਰਕੇ ਉਨ੍ਹਾਂ ਦੇ ਕੇਂਦਰੀਕ੍ਰਿਤ ਹੈਲਪਡੈਸਕ ਈ-ਮੇਲ ਆਈ ਡੀ : Auction.Manager@BidDeal.in ਜਾਂ ਸ੍ਰੀ ਸੁਮਿਤ ਕੁਮਾਰ ਡਿਸਪੋਜ਼ਲ ਅ.ਫ਼ਸਰ ਐਕਸਿਸ ਬੈਂਕ ਲਿਮਟਿਡ (ਮੋਬਾਇਲ ਨੰ. +91 98769-88348) 'ਤੇ ਸੰਪਰਕ ਕੀਤਾ ਜਾਵੇ।

ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 13.08.2026, ਸਥਾਨ : ਅੰਮ੍ਰਿਤਸਰ ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

---

**AXIS BANK LTD.** ਰਿਟੇਲ ਐੱਸਟ ਸੈਂਟਰ : "ਦੂਜੀ ਅਤੇ ਤੀਜੀ ਮੰਜ਼ਲ, ਪਲਾਟ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : "ਐਕਸਿਸ ਹਾਊਸ" ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

### ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਸ੍ਰੀ ਜੋਗਿੰਦਰ ਸਿੰਘ ਪੁੱਤਰ ਬੀਰ ਸੇਨ (2) ਸ੍ਰੀਮਤੀ ਬਬੀਤਾ ਪਤਨੀ ਜੋਗਿੰਦਰ ਸਿੰਘ ਤੋਂ ਸਕਿਉਰਡ ਕ੍ਰੈਡਿਟਰ ਦੀ 11 ਅਗਸਤ 26 ਨੂੰ ਬਕਾਇਆ ਰਕਮ ਰੁਪਏ 32,07,625/- (ਬੱਤੀ ਲੱਖ ਸੱਤ ਹਜ਼ਾਰ ਛੇ ਸੌ ਪੱਚੀ ਰੁਪਏ ਕੇਵਲ) ਸਮੇਤ ਅਸਲ ਅਦਾਇਗੀ ਦੀ ਮਿਤੀ ਤੱਕ ਅਣਲਾਗੂ ਵਿਆਜ ਤੇ ਹੋਰ ਚਾਰਜਿਜ ਸਮੇਤ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 29 ਅਗਸਤ 2026 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 15,31,755/- (ਪੰਦਰਾਂ ਲੱਖ ਇਕੱਤੀ ਹਜ਼ਾਰ ਸੱਤ ਸੌ ਪਚਵੰਜਾ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 1,53,175/- (ਇਕ ਲੱਖ ਤਰਵੰਜਾ ਹਜ਼ਾਰ ਇਕ ਸੌ ਪਝੱਤਰ ਰੁਪਏ ਕੇਵਲ) ਡੀ ਡੀ /ਪੀ ਓ ਰਾਹੀਂ ਐਕਸਿਸ ਬੈਂਕ ਲਿਮਟਿਡ ਦੇ ਪੱਖ 'ਚ |
| ਬੋਲੀ ਵਾਧਾ ਰਕਮ | 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ ਰਿਟੇਲ ਐੱਸਟ ਸੈਂਟਰ "ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਵਿਖੇ 28 ਅਗਸਤ 2026 ਨੂੰ 05.00 ਵਜੇ ਸ਼ਾਮ ਤੱਕ। |
| ਜਨਤਕ ਈ-ਨਿਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://BidDeal.in 'ਤੇ 29 ਅਗਸਤ 2026 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 12.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ ਜਾਇਦਾਦ ਦਾ ਵੇਰਵਾ : ਜਾਇਦਾਦ/ਮਕਾਨ ਦਾ ਅਟੁੱਟ ਹਿੱਸਾ ਨੰ. ਬੀ-29-157/3/4 ਜਿਸ ਦਾ ਨਵਾਂ ਨੰਬਰ ਬੀ-29-157/3/204/1 ਰਕਬਾ 71 ਵਰਗ ਗਜ਼ ਖਸਰਾ ਨੰ. 2//18/2-8//4/2/1-6/2-16-15/2-2//24, ਖੱਤਾ ਨੰ. 734/798-735/799-736/800-737/801-742/806-744/808 ਜਮ੍ਹਾਂਬੰਦੀ ਸਾਲ 2008-2009 ਅਨੁਸਾਰ ਹੱਦਬਸਤ ਨੰ. 261 ਸਥਿਤ ਪਿੰਡ ਗਿਆਸਪੁਰਾ ਅਬਾਦੀ ਗੁਰੂ ਅਮਰਦਾਸ ਕਲੋਨੀ, ਗਲੀ ਨੰ. 6, ਤਹਿ. ਤੇ ਜ਼ਿਲ੍ਹਾ ਲੁਧਿਆਣਾ, ਜੋ ਕਿ ਸ੍ਰੀਮਤੀ ਬਬੀਤਾ ਪਤਨੀ ਜੋਗਿੰਦਰ ਸਿੰਘ ਦੇ ਨਾਂਅ 'ਤੇ ਬੈਨਾਮਾ ਮਿਤੀ 07.01.2019 ਦਸਤਾਵੇਜ਼ ਨੰ. 2018-19/103/1/5433 ਸਬ-ਰਜਿਸਟਰਡ ਲੁਧਿਆਣਾ ਵਿਖੇ ਰਜਿਸਟਰਡ ਹੈ। ਹੱਦਬੰਦੀ ਬੈਨਾਮਾ ਅਨੁਸਾਰ ਉੱਤਰ : ਗੁਰਜੀਤ ਸਿੰਘ ਪਾਸਾ 15'-6", ਦੱਖਣ : ਗਲੀ 16' ਚੌੜੀ ਪਾਸਾ 15'6", ਪੂਰਬ : ਕਮਲੇਸ਼ ਪਰਮਾਰ ਪਾਸਾ 41', ਪੱਛਮ : ਅਵਤਾਰ ਸਿੰਘ ਪਾਸਾ 41'

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axis-bank.com/ auction-retail ਦਾ ਹਵਾਲਾ ਲਿਆ ਜਾਵੇ। ਨਿਲਾਮੀ ਬੈਂਕ ਦੇ ਅਧਿਕਾਰਤ ਸਰਵਿਸ ਪ੍ਰੋਵਾਈਡਰ, ਵੈਲਯੂ ਟਰੱਸਟ ਕੈਪੀਟਲ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਸਹਾਇਕ ਬੈਂਕ ਅਤੇ ਇਸ ਦੇ ਬੋਲੀਕਾਰਾਂ ਰਾਹੀਂ ਆਨਲਾਈਨ ਨਿਲਾਮੀ ਪ੍ਰਕਿਰਿਆ 'ਚ ਆਨਲਾਈਨ ਕੀਤੀ ਜਾਵੇਗੀ। ਨਿਲਾਮੀ ਪ੍ਰਕਿਰਿਆ ਦੀ ਸਹਾਇਤਾ ਲਈ ਕਿਰਪਾ ਕਰਕੇ ਉਨ੍ਹਾਂ ਦੇ ਕੇਂਦਰੀਕ੍ਰਿਤ ਹੈਲਪਡੈਸਕ ਈ-ਮੇਲ ਆਈ ਡੀ : Auction.Manager@BidDeal.in ਜਾਂ ਸ੍ਰੀ ਸੁਮਿਤ ਕੁਮਾਰ ਡਿਸਪੋਜ਼ਲ ਅ.ਫ਼ਸਰ ਐਕਸਿਸ ਬੈਂਕ ਲਿਮਟਿਡ (ਮੋਬਾਇਲ ਨੰ. +91 98769-88348) 'ਤੇ ਸੰਪਰਕ ਕੀਤਾ ਜਾਵੇ।

ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 13.08.2026, ਸਥਾਨ : ਲੁਧਿਆਣਾ ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

---

**AXIS BANK** Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road,Sarabha Nagar, Ludhiana - 141001. Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025 Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006

### [ ਰੂਲ 8 (1) (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਹਰੇਕ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ 'ਤੇ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਦਰਸਾਏ ਰੂਲ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਵਿਰੁੱਧ ਵਰਨਣ ਜਾਇਦਾਦ ਦਾ ਹੇਠਾਂ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ। ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ 'ਤੇ ਰਕਮ ਅਤੇ ਉਸ ਉਪਰ ਵਿਆਜ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ। **ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।**

**ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ ਅਤੇ ਪਤਾ:** 1. ਸ੍ਰੀ ਰਾਜੂ ਮਸੀਹ ਪੁੱਤਰ ਸ੍ਰੀ ਨਿਸ਼ਾਨ ਮਸੀਹ (ਕਰਜ਼ਦਾਰ ਅਤੇ 2. ਸ੍ਰੀਮਤੀ ਰਾਜ ਪਤਨੀ ਰਾਜੂ ਮਸੀਹ (ਸਹਿ-ਕਰਜ਼ਦਾਰ/ਰਹਿਣਕਾਰ)

**ਜਾਇਦਾਦ ਦਾ ਵੇਰਵਾ:** ਜਾਇਦਾਦ/ਪਲਾਟ ਪ੍ਰਾਈਵੇਟ ਨੰ: 3, ਰਕਬਾ 138.66 ਵਰਗ ਗਜ਼ ਨਾਲ ਸੰਬੰਧਤ ਸਭ ਕੁਝ ਖਸਰਾ ਨੰ: 55//6, 4/1, 4/2, 43//11/2, 12, 19, 68//5/1, 55//24, 68//4, 42//16, 54//11/1, 12, 2, 9, 55//13, 55/14, 54//8,43//22,55//7, 14,15,13,43//20/1,54//1,10,43//21/2, 42//25/2, 42//15, 43//21/1, 20/2 ਮਿਨ ਪਿੰਡ ਨੰਗਲੀ ਵਿਖੇ ਸਥਿਤ, ਅਬਾਦੀ ਬਾਬਾ ਦੀਪ ਸਿੰਘ ਕਾਲੋਨੀ, ਫ਼ਤਹਿਗੜ੍ਹ ਚੂੜੀਆਂ ਰੋਡ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਪੰਜਾਬ, ਰਜਿਸਟਰ ਬੈਨਾਮਾ ਵਸੀਕਾ ਨੰ: 2012-22/93/1/6401 ਮਿਤੀ 05.08.2021 ਅਨੁਸਾਰ, ਜੋ ਕਿ ਸ੍ਰੀਮਤੀ ਰਾਜ ਪਤਨੀ ਰਾਜੂ ਮਸੀਹ ਦੇ ਨਾਂਅ 'ਤੇ ਹੈ। ਹੱਦਾਂ ਬੈਨਾਮੇ ਅਨੁਸਾਰ: ਪੂਰਬ: ਪਲਾਟ ਨੰ: 4, ਪੱਛਮ: ਪਲਾਟ ਨੰ: 1,2, ਉੱਤਰ: ਸੜਕ 30 ਫੁੱਟ ਚੌੜੀ, ਦੱਖਣ: ਮਾਲਕ ਰਾਜ ਕੌਰ

| ਡਿਮਾਂਡ ਨੋਟਿਸ ਦੀ ਮਿਤੀ: | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ): |
|---|---|---|
| 12-06-2025 | 11-ਅਗਸਤ-2026 | ਰੁ: 18,39,504.05/-(ਅਠਾਰਾਂ ਲੱਖ ਉਨਤਾਲੀ ਹਜ਼ਾਰ ਪੰਜ ਸੌ ਚਾਰ ਰੁਪਏ ਅਤੇ ਪੰਜ ਪੈਸੇ ਕੇਵਲ) |

ਉਪਰੋਕਤ ਦਰਸਾਏ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ (ਗਰੰਟਰਾਂ) ਨੂੰ ਰਕਮ ਵਾਪਸ ਮੋੜਨ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ, ਨਹੀਂ ਤਾਂ ਰਹਿਣ ਕੀਤੀਆਂ ਜਾਇਦਾਦਾਂ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 30 ਦਿਨ ਗੁਜ਼ਰ ਜਾਣ 'ਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਅਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀਆਂ ਜਾਣਗੀਆਂ।

ਮਿਤੀ: 13-08-2026, ਸਥਾਨ: ਪੰਜਾਬ ਸਹੀ/- ਅਧਿਕਾਰਤ ਅ.ਫ਼ਸਰ, ਐਕਸਿਸ ਬੈਂਕ ਲਿਮ.

## ਬਲਵੰਤ ਸਿੰਘ ਖੇੜਾ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਮਾਜਵਾਦੀ ਨੇਤਾ ਸਵਰਗੀ ਬਲਵੰਤ ਸਿੰਘ ਖੇੜਾ ਦੀ ਯਾਦ ਵਿੱਚ ਲਾਜਪਤ ਰਾਏ ਸੀਨੀਅਰ ਸੈਕੰਡਰੀ ਸਕੂਲ (ਨੇੜੇ ਸਰਕਾਰੀ ਕਾਲਜ, ਹੁਸ਼ਿਆਰਪੁਰ) ਵਿਖੇ ਇੱਕ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਦਾ ਆਯੋਜਨ ਬੜੇ ਹੀ ਅਦੀਤ ਅਤੇ ਉਤਸ਼ਾਹ ਨਾਲ ਕੀਤਾ ਗਿਆ। ਇਸ ਸਮਾਗਮ ਵਿੱਚ ਵੱਖ-ਵੱਖ ਖੇਤਰਾਂ ਤੋਂ ਆਏ ਸਮਾਜਵਾਦੀ ਸਾਥੀਆਂ, ਬੁੱਧੀਜੀਵੀਆਂ ਅਤੇ ਸਮਾਜ ਸੇਵੀਆਂ ਨੇ ਸ਼ਿਰਕਤ ਕਰਕੇ ਸ. ਖੇੜਾ ਨੂੰ ਆਪਣੇ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮਾਗਮ ਵਿੱਚ ਸੋਸ਼ਲਿਸਟ ਪਾਰਟੀ ਇੰਡੀਆ ਦੇ ਸਕੱਤਰ ਜਨਰਲ ਅਤੇ ਮੈਗਸੇਸੇ ਐਵਾਰਡ ਵਿਜੇਤਾ ਡਾ. ਸੰਦੀਪ ਪਾਂਡੇ ਨੇ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੇ ਆਯੋਜਕਾਂ ਸੂਬਾ ਪ੍ਰਧਾਨ ਓਮ ਸਿੰਘ ਸਟਿਆਣਾ ਅਤੇ ਕੌਮੀ ਕੌਂਸਲ ਮੈਂਬਰ ਜਗਦੀਸ਼ ਸਿੰਘ ਖੇੜਾ ਵੱਲੋਂ ਮੁੱਖ ਮਹਿਮਾਨ ਡਾ. ਸੰਦੀਪ ਪਾਂਡੇ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਹਰਿੰਦਰ ਸਿੰਘ ਮਾਨਸ਼ਾਹੀਆ (ਕੌਮੀ ਜਨਰਲ ਸਕੱਤਰ), ਸੰਦੀਪ ਸਿੰਘ ਸੈਣੀ (ਚੇਅਰਮੈਨ, ਬੈਂਕ ਵਿੰਗ), ਐਡਵੋਕੇਟ ਬੀ ਐੱਸ ਰਿਆੜ (ਰਿਟਾਇਰਡ ਡਿਸਟ੍ਰਿਕਟ ਅਟਾਰਨੀ), ਅਸ਼ਵਨੀ ਕੁਮਾਰ ਕਾਲੀਆ (ਚੇਅਰਮੈਨ, ਐੱਸ ਓ ਪੀ ਐੱਸ),



ਬੀ. ਐਸ. ਬੇਦੀ (ਪੱਤਰਕਾਰ) ਅਤੇ ਬਲਰਾਜ ਸਿੰਘ ਨੰਗਲ (ਜੁਆਇੰਟ ਸਕੱਤਰ) 'ਤੇ ਆਧਾਰਿਤ ਮੰਡਲ ਵੱਲੋਂ ਕੀਤੀ ਗਈ। ਇਸ ਦੌਰਾਨ ਪ੍ਰਬੰਧਕਾਂ ਅਤੇ ਪ੍ਰਧਾਨਗੀ ਮੰਡਲ ਦੇ ਮੈਂਬਰਾਂ ਵੱਲੋਂ ਡਾ. ਪਾਂਡੇ ਨੂੰ ਉਨ੍ਹਾਂ ਦੀਆਂ ਸਮਾਜਿਕ ਸੇਵਾਵਾਂ ਅਤੇ ਪਾਰਟੀ ਵਿੱਚ ਅਹਿਮ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਬੁਲਾਰਿਆਂ ਨੇ ਸਵਰਗੀ ਬਲਵੰਤ ਸਿੰਘ ਖੇੜਾ ਦੁਆਰਾ ਸੋਸ਼ਲਿਸਟ ਪਾਰਟੀ ਇੰਡੀਆ ਦੀ ਬੇਹਤਰੀ, ਮਜ਼ਬੂਤੀ ਅਤੇ ਸਮਾਜਿਕ ਨਿਆਂ ਦੀ ਲੜਾਈ ਲਈ ਦਿੱਤੇ ਅਤੁਲਨੀ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਖੇੜਾ ਨੇ ਆਪਣਾ ਪੂਰਾ ਜੀਵਨ ਲੋਕ ਹਿੱਤਾਂ ਅਤੇ ਸਮਾਜਵਾਦੀ ਸੋਚ ਨੂੰ ਪ੍ਰਫੁੱਲਤ ਕਰਨ ਲਈ ਲੇਖੇ ਲਾਇਆ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਡਾ. ਸੰਦੀਪ ਪਾਂਡੇ ਨੇ ਕਿਹਾ ਕਿ ਸ. ਬਲਵੰਤ ਸਿੰਘ ਖੇੜਾ ਸਮਾਜਵਾਦੀ ਅੰਦੋਲਨ ਦੇ ਮਜ਼ਬੂਤ ਥੰਮ੍ਹ ਸਨ।

ਉਨ੍ਹਾਂ ਨੇ ਸੋਸ਼ਲਿਸਟ ਪਾਰਟੀ ਇੰਡੀਆ ਦੇ ਅਸੂਲਾਂ ਨੂੰ ਘਰ-ਘਰ ਪਹੁੰਚਾਉਣ ਅਤੇ ਸਮਾਜ ਦੀ ਬੇਹਤਰੀ ਲਈ ਜੋ ਨਿਸ਼ਕਾਮ ਸੇਵਾ ਦਿੱਤੀ ਹੈ, ਉਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਸਮਾਗਮ ਦੀ ਸਫਲਤਾ ਵਿੱਚ ਪਾਏ ਯੋਗਦਾਨ ਲਈ ਓਮ ਸਿੰਘ ਸਟਿਆਣਾ ਅਤੇ ਜਗਦੀਸ਼ ਸਿੰਘ ਖੇੜਾ ਨੇ ਆਏ ਮਹਿਮਾਨਾਂ ਦਾ ਹਾਰਦਿਕ ਧੰਨਵਾਦ ਕਰਦਿਆਂ ਉਹਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ।

## ਚੱਬੇਵਾਲ ਨੇ 'ਇੱਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਸਮਾਗਮ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਫਗਵਾੜਾ (ਡਾ. ਰਮਨ)**- ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਡਿਪਟੀ ਕਮਿਸ਼ਨਰ ਅਕਸ਼ਤਾ ਬਾਂਸਲ ਅਤੇ ਐਸ.ਐਸ.ਪੀ. ਗੌਰਵ ਤੂਰਾ ਨੇ ਸਕੂਲ ਆਫ ਐਮੀਨੈਂਸ ਦੇ ਖੇਡ ਮੈਦਾਨ ਵਿੱਚ 13 ਅਗਸਤ ਨੂੰ ਹੋਣ ਵਾਲੇ ਧਾਰਮਿਕ ਪ੍ਰੋਗਰਾਮ 'ਇੱਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।



ਧਾਰਮਿਕ ਸਮਾਗਮ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸ਼ਰਧਾਲੂ ਵਜੋਂ ਸ਼ਿਰਕਤ ਕਰਨਗੇ। ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ, ਡਿਪਟੀ ਕਮਿਸ਼ਨਰ ਅਕਸ਼ਤਾ ਬਾਂਸਲ ਤੇ ਐਸ.ਐਸ.ਪੀ. ਗੌਰਵ ਤੂਰਾ ਨੇ ਸਟੇਜ, ਬੈਠਣ ਦੇ ਪ੍ਰਬੰਧ, ਸੁਰੱਖਿਆ, ਸੁਚਾਰੂ ਟ੍ਰੈਫਿਕ, ਪਾਰਕਿੰਗ, ਸਾਫ- ਸਫ਼ਾਈ, ਪੀਣ ਵਾਲੇ ਸਾਫ ਪਾਣੀ, ਬਿਜਲੀ ਦੀ ਸਪਲਾਈ, ਸਿਹਤ ਸੇਵਾਵਾਂ, ਅੱਗ ਬੁਝਾਊ ਸੁਰੱਖਿਆ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਬੁੱਧਵਾਰ ਤੱਕ ਸਾਰੀਆਂ ਤਿਆਰੀਆਂ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਅਤੇ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਸਮਾਗਮ ਦੌਰਾਨ ਆਉਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਐਮ.ਪੀ. ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਸ਼ਰਧਾਲੂਆਂ ਦੀ ਸਹੂਲਤ ਲਈ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਸਮਾਗਮ ਨੂੰ ਸੁਚਾਰੂ ਅਤੇ ਨਿਰਵਿਘਨ ਢੰਗ ਨਾਲ ਕਰਵਾਉਣ ਲਈ ਸਾਰੇ ਵਿਭਾਗਾਂ ਵਿਚਕਾਰ ਤਾਲਮੇਲ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਧਾਰਮਿਕ ਪ੍ਰੋਗਰਾਮ ਵਿੱਚ ਬਾਲੀਵੁੱਡ ਦੇ ਪ੍ਰਸਿੱਧ ਗਾਇਕ ਕੈਲਾਸ਼ ਖੇਰ ਆਪਣੀ ਪੇਸ਼ਕਾਰੀ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਅਕਸ਼ਤਾ ਬਾਂਸਲ ਨੇ ਸਾਰੇ ਵਿਭਾਗਾਂ ਨੂੰ ਮਿਲ ਕੇ ਅੰਦਰ ਆਪਣੀਆਂ ਜ਼ਿੰਮੇਵਾਰੀਆਂ ਪੂਰੀਆਂ ਕਰਨ ਅਤੇ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

## ਨਰਸਿੰਗ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਦੇਸ਼ ਭਗਤ ਯਾਦਗਾਰ ਹਾਲ ਵਿਖੇ ਨਰਸਿੰਗ ਐਸੋਸੀਏਸ਼ਨ ਪੰਜਾਬ ਦੀ ਸੂਬਾ ਪ੍ਰਧਾਨ ਜਸਵਿੰਦਰ ਕੌਰ ਦੀ ਅਗਵਾਈ ਹੇਠ ਸੂਬੇ ਭਰ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੀਆਂ ਸਟਾਫ ਨਰਸਾਂ ਦੀ ਇੱਕ ਵਿਸ਼ਾਲ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਸਰਕਾਰਾਂ ਦੀ ਵੱਲੋਂ ਮੁਲਾਜ਼ਮਾਂ ਪ੍ਰਤੀ ਬੇਰੁਖ਼ੀ ਖ਼ਿਲਾਫ਼ ਤਿੱਖਾ ਰੋਸ ਪ੍ਰਗਟ ਕਰਦਿਆਂ ਆਉਣ ਵਾਲੇ ਦਿਨਾਂ ਵਿੱਚ ਤਿੱਖੇ ਸੰਘਰਸ਼ ਦੀ ਅਗਲੀ ਰਣਨੀਤੀ ਉਲੀਕੀ ਗਈ। ਸੂਬਾ ਪ੍ਰਧਾਨ ਜਸਵਿੰਦਰ ਕੌਰ ਨੇ ਦੱਸਿਆ ਕਿ ਉਹ ਪਿਛਲੇ 18 ਸਾਲਾਂ ਤੋਂ ਨੈਸ਼ਨਲ ਹੈਲਥ ਮਿਸ਼ਨ ਤਹਿਤ ਪੰਜਾਬ ਸਰਕਾਰ ਦੇ ਸਿਹਤ ਵਿਭਾਗ ਵਿੱਚ ਨਿਸ਼ਠਾ ਨਾਲ ਸੇਵਾਵਾਂ ਨਿਭਾ ਰਹੀਆਂ ਹਨ, ਪਰ ਬਦਲੇ ਵਿੱਚ ਉਨ੍ਹਾਂ ਨੂੰ ਸਿਰਫ਼ ਨਿਰਾਸ਼ਾ ਹੀ ਮਿਲੀ ਹੈ। ਪਿਛਲੇ ਦੋ ਦਹਾਕਿਆਂ ਵਿੱਚ ਤਿੰਨ ਵੱਡੀਆਂ ਸਰਕਾਰਾਂ ਦਾ ਕਾਰਜਕਾਲ ਦੇਖ ਚੁੱਕੀਆਂ ਇਨ੍ਹਾਂ ਨਰਸਾਂ ਦਾ ਦੋਸ਼ ਹੈ ਕਿ ਸਰਕਾਰਾਂ ਤਾਂ ਬਦਲ ਜਾਂਦੀਆਂ ਪਰ ਕੱਚੇ ਮੁਲਾਜ਼ਮਾਂ ਦੀ ਹਾਲਤ ਸੁਧਾਰਨ ਦੀ ਬਜਾਏ ਲਗਾਤਾਰ ਵਿਗੜਦੀ ਗਈ ਹੈ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਸੇਵਾ ਦੌਰਾਨ ਆਰਥਿਕ ਤੰਗੀ, ਮਾਨਸਿਕ ਤਣਾਅ ਅਤੇ ਸਰੀਰਕ ਥਕਾਵਟ ਕਾਰਨ ਸਟਾਫ ਨਰਸਾਂ ਦੀ ਆਪਣੀ ਸਿਹਤ ਵੀ ਖਰਾਬ ਹੋ ਚੁੱਕੀ ਹੈ, ਪਰ ਸਿਹਤ ਵਿਭਾਗ ਨੇ ਕਦੇ ਵੀ ਉਨ੍ਹਾਂ ਦੀ ਸਾਰ ਨਹੀਂ ਲਈ। ਉਨ੍ਹਾਂ ਦੱਸਿਆ ਕਿ ਕਰੋਨਾ ਮਹਾਂਮਾਰੀ (ਕੋਵਿਡ-19) ਦੇ ਭਿਆਨਕ ਦੌਰ ਵਿੱਚ ਜਦੋਂ ਹਰ ਕੋਈ ਆਪਣੇ ਘਰਾਂ ਵਿੱਚ ਬੰਦ ਸੀ, ਇਨ੍ਹਾਂ



ਨਰਸਾਂ ਨੇ ਆਪਣੇ ਪਰਿਵਾਰਾਂ ਦੀ ਪਰਵਾਹ ਕੀਤੇ ਬਿਨਾਂ ਆਪਣੀਆਂ ਜਾਨਾਂ ਜੋਖਮ ਵਿੱਚ ਪਾ ਕੇ ਮਰੀਜ਼ਾਂ ਦੀ ਦਿਨ-ਰਾਤ ਸੇਵਾ ਕੀਤੀ, ਪਰ ਸਰਕਾਰ ਨੇ ਇਸ ਕੁਰਬਾਨੀ ਦਾ ਮੁੱਲ ਨਹੀਂ ਪਾਇਆ। ਮੀਟਿੰਗ ਦੇ ਅੰਤ ਵਿੱਚ ਸਪੱਸ਼ਟ ਕੀਤਾ ਗਿਆ ਕਿ ਹੁਣ ਹੋਰ ਸ਼ੋਸ਼ਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਹਰ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ।ਇਸ ਮੀਟਿੰਗ ਵਿੱਚ ਸੂਬੇ ਭਰ ਤੋਂ ਵੱਡੀ ਗਿਣਤੀ ਵਿੱਚ ਨਰਸਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ 'ਤੇ ਪਰਜੀਤ ਕੌਰ (ਵਾਈਸ ਪ੍ਰਧਾਨ, ਪਟਿਆਲਾ), ਅੰਜੂ ਬਾਲਾ (ਕੈਸ਼ੀਅਰ, ਜਲੰਧਰ), ਪ੍ਰਵੀਨ ਕੁਮਾਰੀ (ਜ਼ਿਲ੍ਹਾ ਪ੍ਰਧਾਨ, ਨਵਾਂਸ਼ਹਿਰ), ਇਸ ਤੋਂ ਇਲਾਵਾ ਅੰਮ੍ਰਿਤਸਰ, ਸੰਗਰੂਰ, ਮਾਨਸਾ, ਮੋਗਾ, ਤਰਨਤਾਰਨ, ਬਠਿੰਡਾ, ਪਠਾਨਕੋਟ ਅਤੇ ਗੁਰਦਾਸਪੁਰ ਸਮੇਤ ਵੱਖ-ਵੱਖ ਜ਼ਿਲ੍ਹਿਆਂ ਦੀਆਂ ਪ੍ਰਤੀਨਿਧ ਸਟਾਫ ਨਰਸਾਂ ਹਾਜ਼ਰ ਸਨ।

## ਸਫ਼ਾਈ ਸੇਵਕਾਂ ਦੀ ਤਨਖ਼ਾਹ 10,500 ਤੋਂ 20,500 ਰੁਪਏ ਕਰਨ 'ਤੇ ਰੰਧਾਵਾ ਦਾ ਧੰਨਵਾਦ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਨਗਰ ਕੌਂਸਲ ਡੇਰਾਬੱਸੀ ਵਿਖੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੇ ਪਹੁੰਚਣ 'ਤੇ ਸਫ਼ਾਈ ਸੇਵਕਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੇ ਹੱਕ ਵਿੱਚ ਲਏ ਗਏ



ਅਹਿਮ ਫ਼ੈਸਲਿਆਂ ਲਈ ਵਿਧਾਇਕ ਰੰਧਾਵਾ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਸਫ਼ਾਈ ਸੇਵਕਾਂ ਨੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਗੰਭੀਰਤਾ ਨਾਲ ਲੈਂਦਿਆਂ ਤਨਖ਼ਾਹ ਵਿੱਚ ਵੱਡਾ ਵਾਧਾ ਕਰਨ ਅਤੇ ਸੇਵਾਵਾਂ ਨੂੰ ਲੈ ਕੇ ਕੀਤੇ ਗਏ ਫ਼ੈਸਲਿਆਂ ਦੀ ਸ਼ਲਾਘਾ ਕੀਤੀ। ਸਫ਼ਾਈ ਸੇਵਕਾਂ ਨੇ ਕਿਹਾ ਕਿ ਸਰਕਾਰ ਵੱਲੋਂ ਉਨ੍ਹਾਂ ਦੀ ਤਨਖ਼ਾਹ 10,500 ਰੁਪਏ ਤੋਂ ਵਧਾ ਕੇ 20,500 ਰੁਪਏ ਪ੍ਰਤੀ ਮਹੀਨਾ ਕਰਨ ਦਾ ਫ਼ੈਸਲਾ ਉਨ੍ਹਾਂ ਲਈ ਵੱਡੀ ਰਾਹਤ ਹੈ। ਇਸ ਤੋਂ ਇਲਾਵਾ 5 ਸਾਲ ਦੀ ਸੇਵਾ ਪੂਰੀ ਕਰਨ ਵਾਲੇ ਸਫ਼ਾਈ ਸੇਵਕਾਂ ਨੂੰ ਰੈਗੂਲਰ ਕਰਨ ਅਤੇ ਠੇਕੇਦਾਰੀ ਪ੍ਰਣਾਲੀ ਵਿੱਚ ਅਹਿਮ ਬਦਲਾਅ ਕਰਨ ਦੇ ਫ਼ੈਸਲੇ ਨੂੰ ਵੀ ਉਨ੍ਹਾਂ ਨੇ ਮੁਲਾਜ਼ਮ ਹਿੱਤ ਵਿੱਚ ਮਹੱਤਵਪੂਰਨ ਕਦਮ ਕਰਾਰ ਦਿੱਤਾ। ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਸਫ਼ਾਈ ਸੇਵਕ ਸ਼ਹਿਰ ਦੀ ਸਫ਼ਾਈ ਵਿਵਸਥਾ ਦੀ ਰੀੜ੍ਹ ਦੀ ਹੱਡੀ ਹਨ।ਉਨ੍ਹਾਂ ਨੇ ਕਿਹਾ ਕਿ ਤਨਖ਼ਾਹ ਵਿੱਚ ਵਾਧੇ ਨਾਲ ਸਫ਼ਾਈ ਸੇਵਕਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤੀ ਮਿਲੇਗੀ ਅਤੇ 5 ਸਾਲ ਦੀ ਸੇਵਾ ਪੂਰੀ ਕਰਨ ਵਾਲਿਆਂ ਨੂੰ ਰੈਗੂਲਰ ਕਰਨ ਨਾਲ ਉਨ੍ਹਾਂ ਦੇ ਭਵਿੱਖ ਵਿੱਚ ਵੀ ਸਥਿਰਤਾ ਆਵੇਗੀ।

ਵਿਧਾਇਕ ਨੇ ਕਿਹਾ ਕਿ ਉਹ ਹਲਕਾ ਡੇਰਾਬੱਸੀ ਨਾਲ ਸਬੰਧਤ ਮੁਲਾਜ਼ਮਾਂ ਅਤੇ ਸਫ਼ਾਈ ਸੇਵਕਾਂ ਦੀਆਂ ਜਾਇਜ਼ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਉਣ ਲਈ ਹਮੇਸ਼ਾ ਯਤਨਸ਼ੀਲ ਰਹੇ ਹਨ।

## ਤੀਆਂ ਦੇ ਤਿਉਹਾਰ ਮੌਕੇ ਪੰਚਾਇਤ ਨੇ ਲਗਾਏ 101 ਪੌਦੇ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪਿੰਡ ਰਾਜਪੁਰ ਵਿੱਚ ਸਰਪੰਚ ਦਵਿੰਦਰ ਕੌਰ ਬੰਗੜ ਦੀ ਅਗਵਾਈ ਹੇਠ ਗ੍ਰਾਮ ਪੰਚਾਇਤ ਵੱਲੋਂ ਤੀਆਂ ਦਾ ਤਿਉਹਾਰ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪਿੰਡ



ਦੀਆਂ ਮਹਿਲਾਵਾਂ ਨੇ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕਰਦਿਆਂ ਰਵਾਇਤੀ ਪਹਿਰਾਵੇ ਵਿੱਚ ਤੀਆਂ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਗਿੱਧੇ ਦੀਆਂ ਧਮਾਲਾਂ ਅਤੇ ਤੀਆਂ ਦੀਆਂ ਬੋਲੀਆਂ ਨਾਲ ਪਿੰਡ ਦਾ ਮਾਹੌਲ ਖੁਸ਼ਨੁਮਾ ਹੋ ਗਿਆ। ਮਹਿਲਾਵਾਂ ਨੇ ਗਿੱਧਾ ਪਾ ਕੇ ਪੰਜਾਬੀ ਵਿਰਸੇ ਨਾਲ ਜੁੜੀਆਂ ਬੋਲੀਆਂ ਪਾਈਆਂ, ਜਿਸ ਦਾ ਸਾਰਿਆਂ ਨੇ ਆਨੰਦ ਮਾਣਿਆ।ਤੀਆਂ ਦੇ ਇਸ ਸਮਾਗਮ ਨੂੰ ਵਾਤਾਵਰਨ ਸੰਭਾਲ ਨਾਲ ਜੋੜਦਿਆਂ ਪੰਚਾਇਤ ਵੱਲੋਂ ਵਿਸ਼ੇਸ਼ ਮੁਹਿੰਮ ਵੀ ਚਲਾਈ ਗਈ। ਪਿੰਡ ਨੂੰ ਹਰਿਆ-ਭਰਿਆ ਬਣਾਉਣ ਅਤੇ ਸਾਫ਼-ਸੁਥਰਾ ਵਾਤਾਵਰਨ ਯਕੀਨੀ ਬਣਾਉਣ ਦੇ ਉਦੇਸ਼ ਨਾਲ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਮਿਲ ਕੇ 101 ਪੌਦੇ ਲਗਾਏ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਤ੍ਰਿਵੇਣੀ ਦਾ ਪੌਦਾ ਵੀ ਲਗਾਇਆ ਗਿਆ।ਸਰਪੰਚ ਦਵਿੰਦਰ ਕੌਰ ਬੰਗੜ ਨੇ ਕਿਹਾ ਕਿ ਤੀਆਂ ਸਿਰਫ਼ ਖੁਸ਼ੀਆਂ ਸਾਂਝੀਆਂ ਕਰਨ ਦਾ ਤਿਉਹਾਰ ਹੀ ਨਹੀਂ, ਸਗੋਂ ਇਹ ਸਾਨੂੰ ਆਪਣੇ ਵਿਰਸੇ ਅਤੇ ਕੁਦਰਤ ਨਾਲ ਜੁੜਨ ਦਾ ਸੰਦੇਸ਼ ਵੀ ਦਿੰਦਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਲਗਾਏ ਗਏ ਪੌਦਿਆਂ ਦੀ ਸੰਭਾਲ ਕਰਨ ਅਤੇ ਵੱਧ ਤੋਂ ਵੱਧ ਪੌਦੇ ਲਗਾਉਣ ਦੀ ਅਪੀਲ ਕੀਤੀ।ਇਸ ਮੌਕੇ ਸਰਪੰਚ ਦਵਿੰਦਰ ਕੌਰ ਬੰਗੜ ਦੇ ਪਤੀ ਸੂਬੇਦਾਰ ਮੇਜਰ ਜਸਬੀਰ ਸਿੰਘ ਬੰਗੜ, ਪੰਚ ਬੱਬੀ, ਪੰਚ ਗੁਰਿੰਦਰ ਕੌਰ, ਪੰਚ ਕੁਲਦੀਪ ਕੌਰ, ਐਕਸ ਹਵਲਦਾਰ ਬੁੱਧ ਸਿੰਘ, ਹਵਲਦਾਰ ਸੂਬੇਦਾਰ ਲਖਵੀਰ ਸਿੰਘ, ਰਣਜੀਤ ਸਿੰਘ, ਜਗੀਰ ਸਿੰਘ ਲਵਲੀ, ਰਾਹੁਲ, ਕ੍ਰਿਸ਼ਨਾ, ਲਵ, ਜੋਤ, ਧਰਮ ਕੌਰ, ਰਣਜੀਤ ਕੌਰ, ਪਰਮਜੀਤ ਕੌਰ, ਸਰੋਜ, ਹਰਮਨ, ਜੋਤੀ, ਸੁਰਜੀਤ, ਰੇਨੂ ਬੰਗੜ, ਮਨਦੀਪ, ਸੁਮਨ, ਸਰਬਜੀਤ, ਕਮਲਾ, ਬਖਸ਼ੋ ਅਤੇ ਜਿੰਦੋ ਸਮੇਤ ਪੰਚਾਇਤ ਟੀਮ ਤੇ ਪਿੰਡ ਵਾਸੀ ਮੌਜੂਦ ਸਨ।

## ਸੜਕ ਹਾਦਸੇ 'ਚ ਬਾਈਕ ਸਵਾਰ ਨੌਜਵਾਨ ਦੀ ਮੌਤ, ਸਾਥੀ ਗੰਭੀਰ ਜ਼ਖ਼ਮੀ

**ਪੰਚਕੂਲਾ (ਜਤਿੰਦਰ ਕੁਮਾਰ)**- ਪੰਚਕੂਲਾ ਜ਼ਿਲ੍ਹੇ ਵਿੱਚ ਚੰਡੀਮੰਦਿਰ ਟੋਲ ਨੇੜੇ ਬੁੱਧਵਾਰ ਨੂੰ ਇੱਕ ਸੜਕ ਹਾਦਸੇ ਵਿੱਚ ਬਾਈਕ ਸਵਾਰ ਨੌਜਵਾਨ ਦੀ ਮੌਤ ਹੋ ਗਈ, ਜਦਕਿ ਉਸ ਦਾ ਸਾਥੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਹਾਦਸਾ ਉਸ ਸਮੇਂ ਵਾਪਰਿਆ ਜਦੋਂ ਇੱਕ ਬਾਈਕ ਬੇਕਾਬੂ ਹੋ ਕੇ ਡਿਵਾਈਡਰ ਨਾਲ ਜਾ ਟਕਰਾਈ। ਜਾਣਕਾਰੀ ਅਨੁਸਾਰ ਬੁੱਧਵਾਰ ਨੂੰ ਮੋਨੂ ਆਪਣੇ ਸਾਥੀ ਨਾਲ ਬਾਈਕ 'ਤੇ ਚੰਡੀਮੰਦਿਰ ਟੋਲ ਨੇੜਿਓਂ ਲੰਘ ਰਿਹਾ ਸੀ। ਇਸ ਦੌਰਾਨ ਬਾਈਕ ਬੇਕਾਬੂ ਹੋ ਕੇ ਡਿਵਾਈਡਰ ਨਾਲ ਟਕਰਾ ਗਈ। ਟੱਕਰ ਤੋਂ ਬਾਅਦ ਦੋਵੇਂ ਬਾਈਕ ਸਵਾਰ ਸੜਕ 'ਤੇ ਡਿੱਗ ਗਏ।ਇਸ ਦੌਰਾਨ ਪਿੱਛੋਂ ਆ ਰਹੀ ਇੱਕ ਬੱਸ ਦੀ ਚਪੇਟ ਵਿੱਚ ਮੋਨੂ ਆ ਗਿਆ। ਗੰਭੀਰ ਸੱਟਾਂ ਲੱਗਣ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਹਾਦਸੇ ਵਿੱਚ ਦੂਜਾ ਬਾਈਕ ਸਵਾਰ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਰਾਹਗੀਰਾਂ ਨੇ ਤੁਰੰਤ ਪੁਲਸ ਨੂੰ ਸੂਚਨਾ ਦਿੱਤੀ। ਮੌਕੇ 'ਤੇ ਪਹੁੰਚੀ ਪੁਲਸ ਨੇ ਜ਼ਖਮੀ ਨੌਜਵਾਨ ਨੂੰ ਪੰਚਕੂਲਾ ਦੇ ਸੈਕਟਰ-6 ਸਥਿਤ ਨਾਗਰਿਕ ਹਸਪਤਾਲ ਪਹੁੰਚਾਇਆ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ। ਮ੍ਰਿਤਕ ਨੌਜਵਾਨ ਦੀ ਪਛਾਣ ਮੋਨੂ ਵਜੋਂ ਹੋਈ ਹੈ, ਜਦਕਿ ਜ਼ਖ਼ਮੀ ਨੌਜਵਾਨ ਦਾ ਨਾਮ ਨੀਰਜ ਕੁਮਾਰ, ਉਮਰ 19 ਸਾਲ, ਦੱਸਿਆ ਜਾ ਰਿਹਾ ਹੈ। ਦੋਵੇਂ ਨੌਜਵਾਨ ਕਾਲਕਾ ਦੇ ਟਿਪਰਾ ਪਿੰਡ ਦੇ ਰਹਿਣ ਵਾਲੇ ਹਨ। ਦੱਸਿਆ ਜਾ ਰਿਹਾ ਹੈ ਕਿ ਦੋਵੇਂ ਕਿਸੇ ਕੰਮ ਲਈ ਬਾਈਕ 'ਤੇ ਪੰਚਕੂਲਾ ਆ ਰਹੇ ਸਨ।

## ਡਾ. ਗੁਰਦਿਆਲ ਕੁਮਾਰ ਨੇ ਖੇਤੀਬਾੜੀ ਅਫ਼ਸਰ (ਵਿਸਥਾਰ) ਵਜੋਂ ਅਹੁਦਾ ਸੰਭਾਲਿਆ

**ਮੁਹਾਲੀ (ਗੁਰਜੀਤ ਬਿੱਲਾ)**- ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਸਰਕਾਰ ਦੇ ਵਿਸ਼ੇਸ਼ ਹੁਕਮ ਮਿਤੀ 10 ਅਗਸਤ 2026 ਰਾਹੀਂ ਡਾ ਗੁਰਦਿਆਲ ਕੁਮਾਰ ਖੇਤੀਬਾੜੀ ਵਿਕਾਸ ਅਫਸਰ ਨੇ ਬਤੌਰ ਖੇਤੀਬਾੜੀ ਅਫਸਰ (ਵਿਸਥਾਰ) ਦਫਤਰ ਡਾਇਰੈਕਟਰ ਖੇਤੀਬਾੜੀ ਪੰਜਾਬ ਤੇ ਕਿਸਾਨ ਭਲਾਈ ਵਿਭਾਗ, ਖੇਤੀ ਭਵਨ, ਐਸ.ਏ.ਐਸ.ਨਗਰ ਵਿਖੇ ਪਦ ਉਨਤੀ ਉਪਰੰਤ ਮਿਤੀ 11 ਅਗਸਤ ਨੂੰ ਹਾਜ਼ਰੀ ਦਿੱਤੀ। ਉਹ ਵਿਭਾਗ ਵਿੱਚ ਸਾਲ 2000 ਦੌਰਾਨ ਬਤੌਰ ਖੇਤੀਬਾੜੀ ਵਿਕਾਸ ਅਫਸਰ ਭਰਤੀ ਹੋਏ। ਉਨ੍ਹਾਂ ਨੇ ਆਪਣੇ ਲਗਭਗ 25 ਸਾਲ ਦੇ ਸੇਵਾ ਕਾਲ ਸਮੇਂ ਤਕਰੀਬਨ



14 ਸਾਲ ਦਫਤਰ ਡਾਇਰੈਕਟਰ ਖੇਤੀਬਾੜੀ ਪੰਜਾਬ ਵਿਖੇ ਬੀਜ, ਪੌਦ ਸੁਰੱਖਿਆ ਤੇ ਤੇਲ ਬੀਜ ਦੇ ਰਾਜ ਪੱਧਰੀ ਅਹੁਦਿਆਂ ਤੇ ਕੰਮ ਕੀਤਾ ਅਤੇ ਉਹਨਾਂ ਨੇ ਪਿਛਲੇ 8 ਸਾਲਾਂ ਤੋਂ ਦਫਤਰ ਮੁੱਖ ਖੇਤੀਬਾੜੀ ਅਫਸਰ ਐਸ.ਏ.ਐਸ.ਨਗਰ ਵਿਖੇ ਬਤੌਰ ਤਕਨੀਕੀ ਸਹਾਇਕ ਅਤੇ ਬਲਾਕ ਖਰੜ ਲਈ ਖਾਦ ਤੇ ਬੀਜਾਂ ਦੇ ਪ੍ਰਬੰਧਨ ਤੋਂ ਇਲਾਵਾ ਜ਼ਿਲ੍ਹੇ ਵਿੱਚ ਮਸ਼ੀਨਰੀ, ਕੁਦਰਤੀ ਖੇਤੀ, ਕੌਮੀ ਅੰਨ ਸੁਰੱਖਿਆ ਮਿਸ਼ਨ, ਦਾਲਾਂ, ਤੇਲ ਬੀਜ ਫਸਲਾਂ ਦੀ ਕਾਸ਼ਤ, ਝੋਨੇ ਦੀ ਸਿੱਧੀ ਬਿਜਾਈ, ਮੱਕੀ ਅਤੇ ਕਿਸਾਨਾਂ ਦੀ ਪੈਨਸ਼ਨ ਆਦਿ ਸਬੰਧੀ ਚਲਾਈਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਹਿੱਤ ਬਤੌਰ ਨੋਡਲ ਅਫਸਰ ਸੇਵਾ ਨਿਭਾਈ।

## ਜਨਰਲ ਧੀਰਜ ਸੇਠ ਨੇ ਨਾਇਬ ਸਿੰਘ ਸੈਣੀ ਨਾਲ ਕੀਤੀ ਮੁਲਾਕਾਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਭਾਰਤੀ ਸੈਨਾ ਦੇ ਪ੍ਰਮੁੱਖ ਜਨਰਲ ਧੀਰਜ ਸੇਠ, ਪੀ ਵੀ ਐੱਸ ਐੱਮ, ਯੂ ਵਾਈ ਐੱਸ ਐੱਮ, ਏ ਵੀ ਐੱਸ ਐੱਮ ਨੇ ਉਨ੍ਹਾਂ ਦੇ ਨਿਵਾਸ ਸੰਤ ਕਬੀਰ ਕੁਟੀਰ ਵਿਖੇ ਮੁਲਾਕਾਤ ਕੀਤੀ। ਮੀਟਿੰਗ ਵਿੱਚ ਸਿਵਲ-ਮਿਲਟਰੀ ਤਾਲਮੇਲ ਨੂੰ ਮਜ਼ਬੂਤ ਕਰਨ ਅਤੇ ਖੇਤਰੀ ਸੁਰੱਖਿਆ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਚਰਚਾ ਹੋਈ।ਮੀਟਿੰਗ ਵਿੱਚ ਅੰਦਰੂਨੀ ਸੁਰੱਖਿਆ, ਨੌਜਵਾਨਾਂ ਦੇ ਸਸ਼ਕਤੀਕਰਨ, ਅਗਨੀਵੀਰਾਂ ਲਈ ਰੁਜ਼ਗਾਰ ਦੇ ਮੌਕੇ, ਸਾਬਕਾ ਸੈਨਿਕਾਂ ਦੀ ਭਲਾਈ, ਰਿਹਾਇਸ਼ੀ ਪ੍ਰੋਜੈਕਟਾਂ, ਆਤਮਨਿਰਭਰਤਾ ਦੀ ਦਿਸ਼ਾ ਵਿੱਚ ਪਹਿਲਕਦਮੀਆਂ ਅਤੇ ਸੰਚਾਲਨ ਤਿਆਰੀਆਂ ਸਮੇਤ ਵੱਖ-ਵੱਖ ਮਹੱਤਵਪੂਰਨ ਮੁੱਦਿਆਂ 'ਤੇ ਵਿਆਪਕ ਚਰਚਾ ਹੋਈ।

## ਰਣਜੀਤ ਸਿੰਘ ਰਾਣਾ ਮੀਤ ਪ੍ਰਧਾਨ ਨਿਯੁਕਤ



**ਜਲੰਧਰ (ਇਕਬਾਲ ਸਿੰਘ ਉਭੀ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਦੁਆਬੇ ਦੇ ਸੀਨੀਅਰ ਆਗੂ ਰਣਜੀਤ ਸਿੰਘ ਰਾਣਾ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ। ਸ਼੍ਰੋਮਣੀ ਅਕਾਲੀ ਦਲ ਦੇ ਯੂਥ ਵਿੰਗ ਦੇ ਆਗੂ ਸਤਿੰਦਰ ਸਿੰਘ ਪੀਤਾ ਨੇ ਦੱਸਿਆ ਕਿ ਰਣਜੀਤ ਰਾਣਾ ਪਿਛਲੇ ਲੰਮੇ ਸਮੇਂ ਤੋਂ ਅਕਾਲੀ ਦਲ ਦੀ ਮਜ਼ਬੂਤੀ ਲਈ ਅਹਿਮ ਭੂਮਿਕਾ ਨਿਭਾ ਰਹੇ ਹਨ। ਉਹ ਹਮੇਸ਼ਾ ਹੀ ਸੀਨੀਅਰ ਅਤੇ ਯੂਥ ਆਗੂਆ ਨਾਲ ਮਿਲ ਕੇ ਚਲਦੇ ਹਨ ਅਤੇ ਧਾਰਮਿਕ ਤੇ ਸਮਾਜਿਕ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਰਣਜੀਤ ਸਿੰਘ ਰਾਣਾ ਵਲੋਂ ਸ਼੍ਰੋਮਣੀ ਅਕਾਲੀ ਦਲ ਹਾਈ ਕਮਾਨ ਦਾ ਧੰਨਵਾਦ ਕੀਤਾ।

## ਸਕੂਲ ਆਫ਼ ਐਮੀਨੈਂਸ 'ਚ ਬੱਚਿਆਂ ਤੋਂ 4 ਫੁੱਟ ਡੂੰਘੇ ਟੋਏ ਖੁਦਵਾਏ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸਕੂਲ ਆਫ਼ ਐਮੀਨੈਂਸ ਟਾਂਡਾ ਵਿੱਚ ਕਰੀਬ 4 ਫੁੱਟ ਡੂੰਘੇ ਟੋਏ ਵਿੱਚੋਂ ਬੱਚਿਆਂ ਤੋਂ ਮਿੱਟੀ ਕਢਵਾਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸਿਆ ਗਿਆ ਕਿ ਪਾਣੀ ਦੀ ਨਿਕਾਸੀ ਲਈ ਇਹ ਖੁਦਾਈ ਕਰਵਾਈ ਜਾ ਰਹੀ ਸੀ। ਬੱਚਿਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਇੱਕ ਅਧਿਆਪਕ ਵੱਲੋਂ ਕੰਮ 'ਤੇ ਲਾਇਆ ਗਿਆ ਸੀ। ਸਕੂਲ ਕੈਂਪਸ ਵਿੱਚ ਬੱਚਿਆਂ ਤੋਂ ਇਸ ਤਰ੍ਹਾਂ ਦਾ ਸਰੀਰਕ ਕੰਮ ਕਰਵਾਏ ਜਾਣ ਨਾਲ ਉਨ੍ਹਾਂ ਦੀ ਸੁਰੱਖਿਆ ਅਤੇ ਸਕੂਲ ਪ੍ਰਬੰਧਨ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ।ਮੌਕੇ 'ਤੇ ਪਹੁੰਚੇ ਪੱਤਰਕਾਰਾਂ ਨੇ ਜਦੋਂ ਬੱਚਿਆਂ ਨਾਲ ਗੱਲ ਕੀਤੀ ਤਾਂ ਉਨ੍ਹਾਂ ਨੇ ਅਧਿਆਪਕ ਵੱਲੋਂ ਕੰਮ 'ਤੇ ਲਗਾਏ ਜਾਣ ਦੀ ਗੱਲ ਕਹੀ। ਕਰੀਬ 4 ਫੁੱਟ ਡੂੰਘੇ ਟੋਏ ਵਿੱਚ ਉਤਰ ਕੇ ਮਿੱਟੀ ਕੱਢ ਰਹੇ ਬੱਚਿਆਂ ਦੀ ਸੁਰੱਖਿਆ ਨੂੰ ਲੈ ਕੇ ਵੀ ਸਵਾਲ ਖੜ੍ਹਾ ਹੁੰਦਾ ਹੈ। ਟੋਆ ਧੱਸਣ ਜਾਂ ਕਿਸੇ ਬੱਚੇ ਦੇ ਜ਼ਖ਼ਮੀ ਹੋਣ ਦੀ ਸਥਿਤੀ ਵਿੱਚ ਜ਼ਿੰਮੇਵਾਰੀ ਕਿਸ ਦੀ ਹੁੰਦੀ, ਇਹ ਵੀ ਜਾਂਚ ਦਾ ਵਿਸ਼ਾ ਹੈ।ਮੌਕੇ 'ਤੇ ਡੀਪੀ ਗੁਰਚਰਨ ਸਿੰਘ ਤੋਂ ਬੱਚਿਆਂ ਨੂੰ ਖੁਦਾਈ ਦੇ ਕੰਮ ਵਿੱਚ ਲਗਾਉਣ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਨੇ ਕਥਿਤ ਤੌਰ 'ਤੇ ਕਿਹਾ, ਅਸੀਂ ਬੱਚਿਆਂ ਤੋਂ ਜੋ ਮਰਜ਼ੀ ਕੰਮ ਕਰਵਾਈਏ, ਤੁਹਾਨੂੰ ਕੀ। ਉਨ੍ਹਾਂ ਨੇ ਬੱਚਿਆਂ ਨੂੰ ਐੱਨ ਐੱਸ ਐੱਸ ਨਾਲ ਸਬੰਧਤ ਦੱਸਿਆ। ਜਦੋਂ ਉਨ੍ਹਾਂ ਤੋਂ ਐੱਨ ਸੀ ਸੀ ਰਜਿਸਟ੍ਰੇਸ਼ਨ ਬਾਰੇ ਪੁੱਛਿਆ ਗਿਆ ਤਾਂ ਉਹ ਸਪਸ਼ਟ ਜਵਾਬ ਨਹੀਂ ਦੇ ਸਕੇ। ਬਾਅਦ ਵਿੱਚ ਮੌਕੇ 'ਤੇ ਪਹੁੰਚੇ ਇੱਕ ਹੋਰ ਅਧਿਆਪਕ ਨੇ ਦੱਸਿਆ ਕਿ ਇਹ ਬੱਚੇ +1 ਅਤੇ +2 ਜਮਾਤਾਂ ਦੇ ਹਨ। ਅਜਿਹੇ ਵਿੱਚ ਸਵਾਲ ਹੈ ਕਿ ਬੱਚਿਆਂ ਨੂੰ ਕਿਸ ਗਤੀਵਿਧੀ ਤਹਿਤ ਅਤੇ ਕਿਸ ਦੀ ਇਜਾਜ਼ਤ ਨਾਲ ਖੁਦਾਈ ਦੇ ਕੰਮ ਵਿੱਚ ਲਗਾਇਆ ਗਿਆ ਸੀ।ਜ਼ਿਲ੍ਹਾ ਸਿੱਖਿਆ ਅਫ਼ਸਰ ਹੁਸ਼ਿਆਰਪੁਰ ਹਰਜਿੰਦਰ ਕੌਰ ਨੇ ਕਿਹਾ ਕਿ ਐੱਨ ਐੱਸ ਐੱਸ ਕੈਂਪ ਦੌਰਾਨ ਵਿਦਿਆਰਥੀਆਂ ਤੋਂ ਗਤੀਵਿਧੀਆਂ ਤਹਿਤ ਕੰਮ ਕਰਵਾਇਆ ਜਾ ਸਕਦਾ ਹੈ, ਪਰ ਇਸ ਲਈ ਕੈਂਪ, ਸਕੂਲ ਸਟਾਫ਼ ਦੀ ਮੌਜੂਦਗੀ ਅਤੇ ਬੈਨਰ ਆਦਿ ਦੀ ਵਿਵਸਥਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਾਹਮਣੇ ਆਈ ਘਟਨਾ ਦੀ ਜਾਂਚ ਕਰਵਾਈ ਜਾਵੇਗੀ ਅਤੇ ਜੇਕਰ ਬੱਚਿਆਂ ਤੋਂ ਨਿਯਮਾਂ ਦੇ ਉਲਟ ਕੰਮ ਕਰਵਾਇਆ ਗਿਆ ਹੈ ਤਾਂ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ। ਸਕੂਲ ਦੀ ਪ੍ਰਿੰਸੀਪਲ ਸੁਖਵਿੰਦਰ ਕੌਰ ਨੇ ਕਿਹਾ ਕਿ ਉਹ ਇਸ ਸਮੇਂ ਖੁੱਡਾ ਸਕੂਲ ਵਿੱਚ ਹਨ ਅਤੇ ਟਾਂਡਾ ਸਕੂਲ ਦਾ ਉਨ੍ਹਾਂ ਨੂੰ ਵਾਧੂ ਚਾਰਜ ਮਿਲਿਆ ਹੋਇਆ ਹੈ। ਸਟਾਫ਼ ਦੀ ਘਾਟ ਕਾਰਨ ਉਹ ਹਫ਼ਤੇ ਵਿੱਚ ਦੋ-ਤਿੰਨ ਵਾਰ ਹੀ ਸਕੂਲ ਆਉਂਦੀਆਂ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਘਟਨਾ ਦੀ ਜਾਣਕਾਰੀ ਨਹੀਂ ਸੀ। ਬੱਚਿਆਂ ਤੋਂ ਇਸ ਤਰ੍ਹਾਂ ਕੰਮ ਕਰਵਾਉਣਾ ਗਲਤ ਹੈ। ਜਾਂਚ ਤੋਂ ਬਾਅਦ ਜੋ ਵੀ ਜ਼ਿੰਮੇਵਾਰੀ ਬਣਦੀ ਹੋਵੇਗੀ, ਉਸ ਦੇ ਆਧਾਰ 'ਤੇ ਕਾਰਵਾਈ ਕੀਤੀ ਜਾਵੇਗੀ।



## ਆਜ਼ਾਦੀ ਦਿਹਾੜੇ ਨੂੰ ਕਾਲੇ ਦਿਨ ਵਜੋਂ ਮਨਾਇਆ ਜਾਏਗਾ : ਦਲ ਖਾਲਸਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਦੀ ਆਜ਼ਾਦੀ ਦੇ ਟੀਚੇ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਦਲ ਖਾਲਸਾ ਨੇ ਐਲਾਨ ਕੀਤਾ ਕਿ ਉਹ ਭਾਰਤੀ ਗੁਲਾਮੀ ਅਤੇ ਦਮਨ ਵਿਰੁੱਧ ਆਪਣਾ ਵਿਰੋਧ ਪ੍ਰਗਟ ਕਰਨ ਲਈ ਭਾਰਤ ਦੇ ਆਜ਼ਾਦੀ ਦਿਹਾੜੇ 15 ਅਗਸਤ ਨੂੰ ਕਾਲੇ ਦਿਨ ਵਜੋਂ ਮਨਾਏਗਾ।

ਪੱਤਰਕਾਰਾਂ ਨੂੰ ਸੰਬੋਧਨ ਹੁੰਦੇ ਹੋਏ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਪਰਮਜੀਤ ਸਿੰਘ ਮੰਡ, ਸਕੱਤਰ ਪਰਮਜੀਤ ਸਿੰਘ ਟਾਂਡਾ, ਜੱਥੇਬੰਧਕ ਸਕੱਤਰ ਰਣਵੀਰ ਸਿੰਘ ਗੀਗਨਵਾਲ, ਯੂਥ ਪ੍ਰਧਾਨ ਗੁਰਨਾਮ ਸਿੰਘ ਅਤੇ ਹਰਵਿੰਦਰ ਸਿੰਘ ਹਰਮੋਏ ਨੇ ਦੱਸਿਆ ਕਿ ਭਾਰਤ ਦੇ ਆਜ਼ਾਦੀ ਦਿਵਸ ਦੀ ਪੂਰਵ ਸੰਧਿਆ 'ਤੇ ਕਾਲੇ ਝੰਡੇ ਦਿਖਾ ਕੇ ਪ੍ਰਦਰਸ਼ਨ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਮਾਰਚ 14 ਅਗਸਤ ਨੂੰ ਬਾਅਦ ਦੁਪਹਿਰ ਤਿੰਨ ਵਜੇ ਗੁਰਦਵਾਰਾ ਸਿੰਘ ਸਭਾ ਤੋਂ ਆਰੰਭ ਹੋਵੇਗਾ ਜੋ ਘੰਟਾ ਘਰ ਤੋਂ ਫਗਵਾੜਾ ਚੌਂਕ ਵੱਲ ਹੁੰਦਾ ਹੋਇਆ ਅੰਬੇਡਕਰ ਚੌਂਕ ਤੱਕ ਜਾਵੇਗਾ।

ਆਗੂਆਂ ਨੇ ਦੱਸਿਆ ਕਿ ਇਹ ਪ੍ਰੋਟੈਸਟ ਭਾਰਤੀ ਗੁਲਾਮੀ ਤੋਂ ਇਲਾਵਾ ਤਿੰਨ ਪ੍ਰਮੁੱਖ ਮੁੱਦਿਆਂ ਵਿਰੁਧ ਕੀਤਾ ਜਾਵੇਗਾ ਜਿਸ ਵਿਚ ਵੰਦੇ ਮਾਤਰਮ ਗਾਉਣ ਨੂੰ ਲਾਜ਼ਮੀ ਬਣਾਉਣ, ਪੰਜਾਬ ਅੰਦਰ ਵਧ ਰਹੀ ਪ੍ਰਵਾਸੀਆਂ ਦੀ ਆਮਦ ਅਤੇ ਸੁਰੱਖਿਆ ਬਲਾਂ ਨੂੰ ਦਿੱਤੀ ਗਈ ਅੰਨ੍ਹੀ ਖੁਲ ਸ਼ਾਮਲ ਹੋਣਗੇ। ਪ੍ਰੋਗਰਾਮ ਦਾ ਐਲਾਨ ਕਰਦੇ ਹੋਏ ਦਲ ਖਾਲਸਾ ਦੇ ਕਾਰਜਕਾਰੀ ਪ੍ਰਧਾਨ ਪਰਮਜੀਤ ਸਿੰਘ ਮੰਡ ਨੇ ਕਿਹਾ, ਪਿਛਲੇ ਅੱਠ ਦਹਾਕਿਆਂ ਤੋ ਸਿਰਫ ਤਰੀਕੇ ਬਦਲੇ ਹਨ ਪਰ ਸਰਕਾਰਾਂ ਦੀ ਮਾਨਸਿਕਤਾ ਉਹੀ ਹੈ। ਪੰਜਾਬ ਨੂੰ ਭਾਰਤ ਆਪਣੀ ਇਕ ਬਸਤੀ ਵਜੋਂ ਹੀ ਦੇਖਦਾ ਹੈ।

## ਸ੍ਰੀ ਗੁਰੂ ਰਵਿਦਾਸ ਦੇ ਜੀਵਨ 'ਤੇ ਆਧਾਰਿਤ ਡਾਕੂਮੈਂਟਰੀ ਫ਼ਿਲਮ ਦਿਖਾਈ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਪਿੰਡ ਮਾਣਕਪੁਰ, ਉਰਨਾ ਅਤੇ ਲਹਿਲਾਂ ਵਿਖੇ ਐੱਲ ਈ ਡੀ. ਵੈਨ ਸਕਰੀਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਬਾਣੀ, ਫ਼ਲਸਫ਼ੇ ਅਤੇ ਸਮਾਜ ਸੁਧਾਰਕ ਵਿਚਾਰਧਾਰਾ 'ਤੇ ਆਧਾਰਿਤ ਕਰੀਬ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਫ਼ਿਲਮ ਦਿਖਾਈ ਗਈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਬਾਣੀ ਅਤੇ ਜੀਵਨ ਮਨੁੱਖਤਾ ਨੂੰ



ਬਰਾਬਰੀ, ਸੱਚਾਈ, ਮਿਹਨਤ, ਆਪਸੀ ਭਾਈਚਾਰੇ ਅਤੇ ਸਮਾਜਿਕ ਸਦਭਾਵਨਾ ਦਾ ਰਾਹ ਦਿਖਾਉਂਦੇ ਹਨ।ਉਨ੍ਹਾਂ ਕਿਹਾ ਕਿ ਐੱਲ ਈ ਡੀ ਸਕਰੀਨਾਂ ਰਾਹੀਂ ਪਿੰਡਾਂ ਅਤੇ ਵੱਖ-ਵੱਖ ਸਥਾਨਾਂ 'ਤੇ ਡਾਕੂਮੈਂਟਰੀ ਦਿਖਾਉਣ ਦਾ ਉਪਰਾਲਾ ਲੋਕਾਂ, ਖਾਸ ਕਰਕੇ ਨੌਜਵਾਨਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਮਹਾਨ ਜੀਵਨ ਅਤੇ ਉੱਚੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਂਦੇ ਹੋਏ ਸਮਾਜ ਵਿੱਚ ਭਾਈਚਾਰੇ, ਸਦਭਾਵਨਾ ਅਤੇ ਬਰਾਬਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ।

## 28 ਨੂੰ ਹੋਣ ਵਾਲੀ ਪੰਥਕ ਕਾਨਫਰੰਸ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਅਕਾਲੀ ਦਲ ਵਾਰਿਸ ਪੰਜਾਬ ਜਥੇਬੰਦੀ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਖਾਲਸਾ ਅਤੇ ਪੰਜਾਬ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ



ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਹਲਕਾ ਟਾਂਡਾ ਵਿਖੇ ਜ਼ਿਲ੍ਹੇ ਦੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ 28 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਹੋਣ ਵਾਲੀ ਵਿਸ਼ਾਲ ਪੰਥਕ ਕਾਨਫਰੰਸ ਸਬੰਧੀ ਵਿਸਥਾਰਪੂਰਵਕ ਵਿਚਾਰ-ਚਰਚਾ ਕੀਤੀ ਗਈ। ਕਾਨਫਰੰਸ ਦੀਆਂ ਤਿਆਰੀਆਂ, ਪ੍ਰਬੰਧਾਂ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਧ ਤੋਂ ਵੱਧ ਪਿੰਡਾਂ ਵਿੱਚ ਜਾ ਕੇ ਸੰਗਤਾਂ ਨੂੰ ਲਾਮਬੰਦ ਕਰਨ ਸਬੰਧੀ ਆਗੂਆਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਦੇ ਨਾਲ ਹੀ ਕਾਨਫਰੰਸ ਦੌਰਾਨ ਵੱਖ-ਵੱਖ ਆਗੂਆਂ ਅਤੇ ਵਰਕਰਾਂ ਵੱਲੋਂ ਨਿਭਾਈਆਂ ਜਾਣ ਵਾਲੀਆਂ ਡਿਊਟੀਆਂ ਸਬੰਧੀ ਵੀ ਖੁੱਲ੍ਹ ਕੇ ਵਿਚਾਰ ਕੀਤਾ ਗਿਆ। ਜ਼ਿਲ੍ਹਾ ਹੁਸ਼ਿਆਰਪੁਰ ਤੋਂ ਇੱਕ ਵਿਸ਼ਾਲ ਕਾਫ਼ਲਾ ਬਾਬਾ ਬਕਾਲਾ ਸਾਹਿਬ ਦੀ ਧਰਤੀ ਵੱਲ ਰਵਾਨਾ ਕਰਨ ਸਬੰਧੀ ਵੀ ਵਿਸ਼ੇਸ਼ ਤੌਰ 'ਤੇ ਚਰਚਾ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਮਨਜਿੰਦਰ ਸਿੰਘ ਰੜਾ, ਜ਼ਿਲ੍ਹਾ ਮੀਤ ਪ੍ਰਧਾਨ ਮੰਦੀਪ ਸਿੰਘ ਢੱਗੜ, ਜ਼ਿਲ੍ਹਾ ਕਾਰਜਕਾਰੀ ਮੈਂਬਰ ਕੁਲਵਿੰਦਰ ਸਿੰਘ, ਜ਼ਿਲ੍ਹਾ ਕਾਰਜਕਾਰੀ ਮੈਂਬਰ ਸਰਦਾਰ ਕੁਲਦੀਪ ਸਿੰਘ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਲਾਡੀ ਨਿੱਝਰ ਹਾਜ਼ਰ ਸਨ।

## ਪੰਜਾਬੀ ਸੱਭਿਆਚਾਰ ਦੇ ਰੰਗ 'ਚ ਰੰਗੀ ਡਰੀਮ ਕਰਾਫਟ ਦੀ ਤੀਜ ਪਾਰਟੀ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਡਰੀਮ ਕਰਾਫਟ ਇਵੈਂਟ ਮੈਨੇਜਮੈਂਟ ਕੰਪਨੀ ਵੱਲੋਂ ਹੇਅਰ ਕਲਰ ਬਾਰ ਸੈਲੂਨ, ਫਗਵਾੜਾ ਦੇ ਸਹਿਯੋਗ ਨਾਲ ਸਥਾਨਕ ਹੋਟਲ ਗ੍ਰੈਂਡ ਐਂਬੈਸਡਰ ਵਿਖੇ ਤੀਜ ਦਾ ਤਿਉਹਾਰ ਧੂਮਧਾਮ ਅਤੇ ਰੰਗਾਰੰਗ ਢੰਗ ਨਾਲ ਮਨਾਇਆ ਗਿਆ। ਸਮਾਗਮ ਦਾ ਆਯੋਜਨ



ਇੰਜੀਨੀਅਰ ਭਾਰਤੀ ਨਾਹਰ ਅਤੇ ਇੰਜੀਨੀਅਰ ਮਨਪ੍ਰੀਤ ਕੌਰ ਵੱਲੋਂ ਕੀਤਾ ਗਿਆ। ਸਮਾਗਮ ਵਿੱਚ ਕਰੀਬ 45 ਔਰਤਾਂ ਨੇ ਪੰਜਾਬੀ ਰਵਾਇਤੀ ਪਹਿਰਾਵਿਆਂ ਵਿੱਚ ਸ਼ਾਮਲ ਹੋ ਕੇ ਸਮਾਗਮ ਦੀ ਰੌਣਕ ਵਧਾਈ।ਸਮਾਗਮ ਸਥਾਨ ਨੂੰ ਵਿਸ਼ੇਸ਼ ਤੌਰ 'ਤੇ ਪੰਜਾਬੀ ਸੱਭਿਆਚਾਰ ਦੀ ਥੀਮ ਅਨੁਸਾਰ ਸਜਾਇਆ ਗਿਆ ਸੀ। ਪੁਰਾਣੇ ਤਾਂਬੇ ਦੇ ਭਾਂਡਿਆਂ, ਚਰਖੇ, ਫੁਲਕਾਰੀ, ਛੱਜ ਅਤੇ ਹੋਰ ਰਵਾਇਤੀ ਵਸਤੂਆਂ ਨਾਲ ਕੀਤੀ ਸਜਾਵਟ ਨੇ ਸਮਾਗਮ ਵਿੱਚ ਪੰਜਾਬੀ ਵਿਰਸੇ ਦੀ ਖੂਬਸੂਰਤ ਝਲਕ ਪੇਸ਼ ਕੀਤੀ।ਸਮਾਗਮ ਦੀ ਸ਼ੁਰੂਆਤ ਸ਼੍ਰੀਮਤੀ ਪ੍ਰਿਅੰਕਾ ਅਤੇ ਸ਼੍ਰੀਮਤੀ ਕਿਰਨ ਦੀ ਸ਼ਾਨਦਾਰ ਨ੍ਰਿਤ ਪੇਸ਼ਕਾਰੀ ਨਾਲ ਹੋਈ। ਇਸ ਤੋਂ ਬਾਅਦ ਭਾਰਤੀ, ਮਨਪ੍ਰੀਤ ਕੌਰ, ਕਿਰਨਦੀਪ, ਕਾਂਤਾ, ਜਸਵਿੰਦਰ, ਨਤਿਸ਼ਾ, ਰੁਪਿੰਦਰ, ਹਰਮਿੰਦਰ ਅਤੇ ਦੀਪਿਕਾ ਨੇ ਸਮੂਹਿਕ ਗੀਤ ਪੇਸ਼ ਕਰਕੇ ਸਮਾਂ ਬੰਨ੍ਹ ਦਿੱਤਾ।ਔਰਤਾਂ ਦੇ ਮਨੋਰੰਜਨ ਲਈ ਤੰਬੋਲਾ, ਮਿਊਜ਼ੀਕਲ ਚੇਅਰ ਅਤੇ ਗੁਬਾਰਾ ਖੇਡ ਸਮੇਤ ਕਈ ਮਨੋਰੰਜਕ ਖੇਡਾਂ ਕਰਵਾਈਆਂ ਗਈਆਂ। ਜੇਤੂਆਂ ਨੂੰ ਡਰੀਮ ਕਰਾਫਟ ਇਵੈਂਟ ਮੈਨੇਜਮੈਂਟ ਅਤੇ ਹੇਅਰ ਕਲਰ ਬਾਰ ਸੈਲੂਨ, ਫਗਵਾੜਾ ਵੱਲੋਂ ਆਕਰਸ਼ਕ ਇਨਾਮ ਦਿੱਤੇ ਗਏ। ਸਾਰੀਆਂ ਭਾਗੀਦਾਰ ਔਰਤਾਂ ਨੂੰ ਪਰਾਂਦਾ, ਕਸ਼ਮੀਰੀ ਵਾਲੀਆਂ, ਚੂੜੀਆਂ, ਰਵਾਇਤੀ ਬੈਗ, ਬਿੰਦੀ ਅਤੇ ਮਹਿੰਦੀ ਸਮੇਤ ਸੁੰਦਰ ਤੋਹਫ਼ੇ ਵੀ ਦਿੱਤੇ ਗਏ।ਤੀਜ ਸਮਾਗਮ ਦੌਰਾਨ ਔਰਤਾਂ ਨੇ ਰੈਂਪ ਵਾਕ ਰਾਹੀਂ ਆਪਣੇ ਆਤਮ-ਵਿਸ਼ਵਾਸ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਇਸ ਦੇ ਨਾਲ ਹੀ ਬੋਲੀਆਂ ਮੁਕਾਬਲੇ ਵਿੱਚ ਦੋ ਟੀਮਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਪੰਜਾਬੀ ਲੋਕ ਗੀਤਾਂ ਅਤੇ ਬੋਲੀਆਂ ਨੇ ਪੂਰੇ ਮਾਹੌਲ ਨੂੰ ਰਵਾਇਤੀ ਰੰਗ ਵਿੱਚ ਰੰਗ ਦਿੱਤਾ।ਸਮਾਗਮ ਦਾ ਮੁੱਖ ਆਕਰਸ਼ਣ ਲੱਕੀ ਡਰਾਅ ਰਿਹਾ, ਜਿਸ ਵਿੱਚ ਸੁਸ਼੍ਰੀ ਸ਼ਿਵਾਨੀ ਅਰੋੜਾ ਨੇ ਸੂਟ ਦਾ ਇਨਾਮ ਜਿੱਤਿਆ। ਇਸ ਤੋਂ ਬਾਅਦ ਸਾਰੀਆਂ ਔਰਤਾਂ ਨੇ ਸੁਆਦਲੇ ਭੋਜਨ ਦਾ ਆਨੰਦ ਮਾਣਿਆ।


## ਸੁਮਨ ਨਈਅਰ ਦੀ ਰੋਟਰੀ ਪ੍ਰਧਾਨ ਵਜੋਂ ਹੋਈ ਤਾਜ-ਪੋਸ਼ੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਕਲੱਬ ਹੁਸ਼ਿਆਰਪੁਰ ਦਾ ਸਾਲਾਨਾ ਇੰਸਟਾਲੈਸ਼ਨ ਸਮਾਰੋਹ ਅਤੇ ਅਵਾਰਡ ਫੰਕਸ਼ਨ ਪ੍ਰਧਾਨ ਟਿਮਾਟਨੀ ਆਹਲੂਵਾਲੀਆ ਦੀ ਪ੍ਰਧਾਨਗੀ ਵਿੱਚ ਹੋਇਆ ਜਿਸ ਵਿਚ ਜ਼ਿਲ੍ਹਾ ਗਵਰਨਰ ਇਲੈਕਟ ਰੋਟੇਰੀਅਨ ਵਿਜੇ ਸਹਿਦੇਵ ਸਾਲ 2027-28 ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ ਅਤੇ ਇਸ ਤੋਂ ਇਲਾਵਾ ਵਿਸ਼ੇਸ਼ ਰੂਪ ਵਿੱਚ ਰੋਟੇਰੀਅਨ ਪੀ ਪੀ ਵਿਨੋਦ ਗੁਪਤਾ ਪੱਤਰਕਾਰ ਹੁਸ਼ਿਆਰਪੁਰ ਅਤੇ ਰੋਟੇਰੀਅਨ ਪੀ ਡੀ ਜੀ ਜੀ ਐਸ. ਬਾਵਾ, ਸਰਿੰਦਰ ਵਿਜ, ਅਰੁਣ ਜੈਨ, ਹਰਸ਼ਵਿੰਦਰ ਸਿੰਘ ਸਹਾਇਕ ਗਵਰਨਰ, ਰਜਿੰਦਰ ਮੋਦਗਿਲ ਸਹਾਇਕ ਗਵਰਨਰ ਅਤੇ ਪ੍ਰੋਜੈਕਟ ਚੇਅਰਮੈਨ, ਸਨੇਹ ਜੈਨ ਜੋਨਲ ਚੇਅਰਮੈਨ, ਰੋਟੇਰੀਅਨ ਟਿਮਾਟਨੀ ਆਹਲੂਵਾਲੀਆ, ਰਵੀ ਜੈਨ ਅਸ਼ੋਕ ਜੈਨ, ਸੰਜੀਵ ਕੁਮਾਰ, ਤਰਨਜੀਤ ਕੌਰ, ਯੋਗੇਸ਼ ਚੰਦਰ, ਸੁਰਿੰਦਰ ਕੁਮਾਰ, ਐਡਵੋਕੇਟ ਅਰਵਿੰਦ ਸੂਦ, ਐਡਵੋਕੇਟ ਨਵੀਨ ਜੈਰਥ, ਐਡਵੋਕੇਟ ਪਰਮਜੀਤ ਸਿੰਘ ਨਈਅਰ, ਐਡਵੋਕੇਟ ਮਨੀਸ਼ ਹਾਂਡਾ, ਓਮ ਕਾਂਤਾ ਅਤੇ ਚੰਦਨ ਸਰੀਨ ਸਾਰੇ ਪਰਿਵਾਰਾਂ ਸਹਿਤ ਸ਼ਾਮਿਲ ਹੋਏ ਇਸ ਤੋਂ ਇਲਾਵਾ ਲੋਕਲ ਕਲੱਬਾਂ ਦੇ ਪ੍ਰਧਾਨ ਅਤੇ ਸੈਕਟਰੀ ਵੀ ਸ਼ਾਮਿਲ ਹੋਏ। ਬੈਠਕ ਵਿੱਚ ਸਭ ਤੋਂ ਪਹਿਲਾਂ ਰਾਸ਼ਟਰ ਗੀਤ ਗਾਇਆ ਗਿਆ ਅਤੇ ਸਟੇਜ ਸਕੱਤਰ ਤਰਨਜੀਤ ਕੌਰ ਨੇ ਮੁੱਖ ਮਹਿਮਾਨ ਅਤੇ ਹੋਰ ਬਾਕੀਆਂ ਨੂੰ ਸਟੇਜ ਤੇ ਬੁਲਾਇਆ ਗਿਆ। ਇਸ ਤੋਂ ਬਾਅਦ ਕਲੱਬ ਮੈਂਬਰਾਂ ਵਲੋਂ ਉਹਨਾਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਅਤੇ ਫੁੱਲਾਂ ਦਾ ਹਾਰ ਪਾ ਕੇ ਸਨਮਾਨਤ ਕੀਤਾ ਗਿਆ ਤੇ ਸਹਾਇਕ ਗਵਰਨਰ ਹਰਸ਼ਵਿੰਦਰ ਸਿੰਘ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਅੱਜ

**ਨਵਾਂਸ਼ਹਿਰ (ਮਨੋਜ ਲਾਡੀ)** ਸ਼ਹੀਦ ਭਗਤ ਸਿੰਘ ਨਗਰ ਵਿੱਚ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦੇ ਸ਼ੈਡਿਊਲ ਅਨੁਸਾਰ ਵੋਟਰ ਸੂਚੀ ਦੀ ਮੁਢੱਲੀ ਪ੍ਰਕਾਸ਼ਨਾ ਮਿਤੀ 13 ਅਗਸਤ ਨੂੰ ਕੀਤੀ ਜਾਣੀ ਹੈ। ਐੱਸ ਆਈ ਆਰ ਦੌਰਾਨ ਜਿਨ੍ਹਾਂ ਵੋਟਰਾ ਵੱਲੋਂ ਆਪਣੀ ਵੋਟ ਦੀ ਮੈਪਿੰਗ ਵੋਟਰ ਸੂਚੀ ਸਾਲ 2003 ਨਾਲ ਨਹੀਂ ਕਰਵਾਈ ਗਈ ਨੂੰ ਮਿਤੀ 13 ਅਗਸਤ ਤੋਂ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾ ਵੱਲੋ ਨੋਟਿਸ ਜਾਰੀ ਕੀਤੇ ਜਾਣੇ ਹਨ। ਨੋਟਿਸ ਜਨਰੇਟ ਕਰਨ ਤੋਂ ਲੈ ਕੇ ਪ੍ਰਿੰਟਿੰਗ ਅਤੇ ਬੀ ਐੱਲ ਓਜ਼ ਵੱਲੋਂ ਨੋਟਿਸ ਵੋਟਰ ਤੱਕ ਵੰਡਣ, ਇਸ ਉਪਰੰਤ ਵੋਟਰ ਵੱਲੋਂ



ਭਾਰਤ ਚੋਣ ਕਮਿਸ਼ਨ ਵੱਲੋਂ ਨਿਰਧਾਰਿਤ 12 ਡਾਕੂਮੈਂਟ ਦੀ ਲਿਸਟ ਵਿੱਚੋਂ ਕੋਈ ਇੱਕ ਡਾਕੂਮੈਂਟ ਪੇਸ਼ ਕਰਨ, ਉਸ ਦੀ ਸਬੰਧਤ ਵਿਭਾਗ ਤੋਂ ਵੈਰੀਵਿਕੇਸ਼ਨ ਕਰਨ ਉਪਰੰਤ ਹੀ ਉਸ ਦੀ ਸਬੰਧਤ ਈ ਆਰ ਓਜ਼ ਵੱਲੋਂ ਅਪਰੂਵ ਕੀਤੀ ਜਾਣੀ ਹੈ। ਇਸ ਸਾਰੀਆ ਪ੍ਰਕਿਰਿਆ ਨੂੰ ਕਰਨ ਸਬੰਧੀ ਜ਼ਿਲ੍ਹਾ ਪੱਧਰ ਤੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਸੰਜੀਵ ਸ਼ਰਮਾ ਦੀ ਨਿਗਰਾਨੀ ਵਿੱਚ ਜਿਲ੍ਹਾ ਪੱਧਰ ਤੇ ਟੈਕਨੀਕਲ ਟੀਮ ਦੇ ਹੈਡ ਅਮਿਤ ਸੈਣੀ, ਪ੍ਰੋਗਰਾਮਰ ਵੱਲੋਂ ਟ੍ਰੇਨਿੰਗ ਦਿੱਤੀ ਗਈ।ਇਸ ਟ੍ਰੇਨਿੰਗ ਵਿੱਚ ਚੋਣ ਹਲਕੇ ਦੇ ਏ.ਈ.ਆਰ.ਓਜ਼, ਅਡੀਸ਼ਨਲ ਏ.ਈ.ਆਰ.ਓ, ਟੈਕਨੀਕਲ ਟੀਮ ਦੇ ਮੈਂਬਰ, ਚੋਣ ਕਲਰਕ ਅਤੇ ਜਿਲ੍ਹਾ ਪੱਧਰ ਤੇ ਸਹਾਇਕ ਕਮਿਸ਼ਨਰ(ਜ)-ਕਮ-ਨੋਡਲ ਅਫ਼ਸਰ ਡਾਕੂਮੈਂਟ ਵੈਰੀਫਿਕੇਸ਼ਨ ਸ਼੍ਰੀ ਰਮਨਦੀਪ, ਚੋਣ ਤਹਿਸੀਲਦਾਰ ਅਮਨਦੀਪ ਸਿੰਘ ਵੀ ਹਾਜ਼ਰ ਸਨ।

## ਰੇਲਵੇ ਪੁਲਸ ਨੂੰ ਮਿਲੀ ਨੌਜਵਾਨ ਦੀ ਲਾਸ਼

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਰੇਲਵੇ ਪੁਲਸ ਨੂੰ ਮੋਰਿੰਡਾ ਖਰੜ ਰੇਲਵੇ ਲਾਈਨ ਤੇ ਮੋਰਿੰਡਾ ਜੰਕਸ਼ਨ ਦੇ ਨੇੜਿਓਂ ਇੱਕ 30, 32 ਸਾਲਾਂ ਨੌਜਵਾਨ ਦੀ ਲਾਸ਼ ਮਿਲੀ ਹੈ ਜਿਸ ਦੀ ਮੌਤ ਸਬੰਧੀ ਰੇਲਵੇ ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਮੌਤ ਕਿਸੇ ਅਗਿਆਤ ਟ੍ਰੇਨ ਦੀ ਲਪੇਟ ਵਿੱਚ ਆਉਣ ਨਾਲ ਹੋਈ ਜਾਪਦੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰੇਲਵੇ ਚੌਕੀ ਇੰਚਾਰਜ ਏ ਐੱਸ ਆਈ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਰੇਲਵੇ ਪੁਲਿਸ ਨੂੰ ਇਹ ਲਾਸ਼ ਰੇਲਵੇ ਦੇ ਕਿਲੋਮੀਟਰ 40 ਦੇ 14-15 ਦਰਮਿਆਨ ਮਿਲੀ ਹੈ। ਉਹਨਾਂ ਦੱਸਿਆ ਕਿ ਇਸ ਸਬੰਧੀ ਏ ਐੱਸ ਆਈ ਰਘਵਿੰਦਰ ਸਿੰਘ ਵੱਲੋਂ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ ਅਤੇ ਮ੍ਰਿਤਕ ਦੀ ਦੇਹ ਨੂੰ ਸ਼ਨਾਖਤ ਲਈ ਸਰਕਾਰੀ ਹਸਪਤਾਲ ਰੋਪੜ ਵਿਖੇ 72 ਘੰਟੇ ਦੀ ਰੱਖਿਆ ਗਿਆ ਹੈ।

## 10 ਲੱਖ ਰੁਪਏ ਤੱਕ ਦੇ ਇਲਾਜ ਦੀ ਸਹੂਲਤ ਦਾ ਮਰੀਜ਼ ਨੇ ਲਿਆ ਲਾਭ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਅਨੰਦਪੁਰ ਸਾਹਿਬ ਸਥਿਤ ਸਾਈਂ ਹਸਪਤਾਲ ਵਿਖੇ ਮਰੀਜ਼ਾਂ ਨੂੰ ਇਲਾਜ ਸੰਬੰਧੀ ਵੱਡੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ।ਹਸਪਤਾਲ



ਵਿੱਚ 10 ਲੱਖ ਰੁਪਏ ਤੱਕ ਦੇ ਇਲਾਜ ਦੀ ਸਹੂਲਤ ਵਾਲਾ ਸਿਹਤ ਕਾਰਡ ਚੱਲ ਰਿਹਾ ਹੈ, ਜਿਸ ਦਾ ਲਾਭ ਲੈਂਦਿਆਂ ਪਿੰਡ ਜੱਜਰ ਦੇ ਵਸਨੀਕ ਗਗਨਦੀਪ ਪੁੱਤਰ ਵੀਰਪਾਲ ਸਿੰਘ ਨੇ ਸਾਈਂ ਹਸਪਤਾਲ ਵਿਖੇ ਆਪਣਾ ਇਲਾਜ ਕਰਵਾਇਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਾਈਂ ਹਸਪਤਾਲ ਦੇ ਐੱਮ ਡੀ ਡਾ. ਭਰਤ ਜਸਵਾਲ ਅਤੇ ਡਾ. ਸਾਰਿਕਾ ਜਸਵਾਲ ਨੇ ਦੱਸਿਆ ਕਿ ਹਾਲ ਹੀ ਵਿੱਚ ਇੱਕ ਮਰੀਜ਼ ਨੇ ਇਸ ਕਾਰਡ ਰਾਹੀਂ ਸਾਈਂ ਹਸਪਤਾਲ ਵਿਖੇ ਇਲਾਜ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਮਰੀਜ਼ਾਂ ਕੋਲ 10 ਲੱਖ ਰੁਪਏ ਤੱਕ ਦੇ ਇਲਾਜ ਦੀ ਸਹੂਲਤ ਵਾਲਾ ਕਾਰਡ ਮੌਜੂਦ ਹੈ ਅਤੇ ਉਹ ਇਸ ਦੇ ਦਾਇਰੇ ਵਿੱਚ ਆਉਂਦੇ ਹਨ, ਉਹ ਸਾਈਂ ਹਸਪਤਾਲ ਨਾਲ ਸੰਪਰਕ ਕਰਕੇ ਇਸ ਸਹੂਲਤ ਸਬੰਧੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਬਿਮਾਰੀ ਨੂੰ ਲੈ ਕੇ ਇਲਾਜ ਵਿੱਚ ਦੇਰੀ ਨਾ ਕੀਤੀ ਜਾਵੇ ਅਤੇ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਪੂਰਾ ਲਾਭ ਲਿਆ ਜਾਵੇ। ਇਸ ਮੌਕੇ ਰਾਜ ਕੁਮਾਰ, ਰੇਖਾ, ਦਲਬੀਰ, ਰਜਨੀ, ਮਹੇਸ਼, ਸਵਿਤਾ, ਕੋਮਲ, ਵੰਦਨਾ, ਜੈਸਮੀਨ, ਜੱਸੀ, ਆਂਚਲ, ਵੀਨਾ, ਗਗਨ ਆਦਿ ਹਾਜ਼ਰ ਸਨ।

## ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ ਅੱਜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐਸ ਆਈ ਆਰ) ਦੀ ਜ਼ਿਲ੍ਹੇ ਵਿਚ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ 13 ਅਗਸਤ ਨੂੰ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਜਾਵੇਗੀ ਅਤੇ ਵੋਟਰ ਸੂਚੀਆਂ ਸਬੰਧੀ ਬੂਥ ਲੈਵਲ ਅਫ਼ਸਰਾਂ ਵਲੋਂ 16 ਅਗਸਤ ਨੂੰ ਆਪਣੇ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ।ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ ਤੋਂ ਬਾਅਦ ਬੀ.ਐਲ.ਓਜ਼ ਵਲੋਂ ਵਿਸ਼ੇਸ਼ ਕੈਂਪ ਲਾਏ ਜਾਣਗੇ ਜਿਸ ਤਹਿਤ 16 ਅਗਸਤ ਨੂੰ ਬੀ.ਐਲ.ਓਜ਼ ਸਵੇਰੇ 8 ਵਜੇ ਤੋਂ ਸ਼ਾਮ 3 ਵਜੇ ਤੱਕ ਆਪਣੇ ਸਬੰਧਤ ਬੂਥ 'ਤੇ ਮੌਜੂਦ ਰਹਿ ਕੇ ਵੋਟਰ ਸੂਚੀਆਂ ਸਬੰਧੀ ਵੋਟਰਾਂ ਤੋਂ ਫਾਰਮ ਨੰਬਰ 6, 7 ਅਤੇ 8 ਰਾਹੀਂ ਦਾਅਵੇ ਇਤਰਾਜ਼ ਵੀ ਪ੍ਰਾਪਤ ਕਰਨਗੇ। ਉਨ੍ਹਾਂ ਨੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਕੈਂਪਾਂ ਵਿਚ ਜਾ ਕੇ ਬੀ.ਐਲ.ਓਜ਼ ਰਾਹੀਂ ਇਨ੍ਹਾਂ ਸੂਚੀਆਂ ਵਿਚ ਆਪਣੇ ਵੇਰਵੇ ਆਦਿ ਦੇਖ ਸਕਦੇ ਹਨ। ਉਨ੍ਹਾਂ ਦੱਸਿਆ ਕਿ ਡਰਾਫ਼ਟ ਵੋਟਰ ਸੂਚੀ ਬਾਰੇ ਜੇਕਰ ਕੋਈ ਦਾਅਵਾ ਜਾਂ ਇਤਰਾਜ ਹੋਵੇ ਤਾਂ 12 ਸਤੰਬਰ ਤੱਕ ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਰਾਹੀਂ ਇਹ ਦਾਅਵੇ ਅਤੇ ਇਤਰਾਜ ਦਿੱਤੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵਲੋਂ ਦਾਅਵੇ ਅਤੇ ਇਤਰਾਜ ਪ੍ਰਾਪਤ ਕਰਨ ਉਪਰੰਤ ਮਿਤੀ 8 ਅਕਤੂਬਰ 2026 ਤੱਕ ਇਨ੍ਹਾਂ ਦਾ ਨਿਪਟਾਰਾ ਕੀਤਾ ਜਾਵੇਗਾ ਅਤੇ 12 ਅਕਤੂਬਰ 2026 ਨੂੰ ਵੋਟਰ ਸੂਚੀ ਦੀ ਅੰਮਿਤ ਪ੍ਰਕਾਸ਼ਨਾ ਕੀਤੀ ਜਾਵੇਗੀ।

## ਗੁਰੂ ਰਵਿਦਾਸ ਸਨਮਾਨ ਯਾਤਰਾ ਦੇ ਸਵਾਗਤ ਲਈ ਸੰਗਤਾਂ 'ਚ ਭਾਰੀ ਉਤਸ਼ਾਹ : ਦਲਜੀਤ ਰਾਏ, ਸ਼ੇਰਪੁਰੀ


**ਹੁਸ਼ਿਆਰਪੁਰ (ਓ ਪੀ ਰਾਣਾ)**- ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੇ 650ਵੇਂ



ਆਗਮਨ ਪੁਰਬ ਨੂੰ ਸਮਰਪਿਤ ਪਰਾਧੀਨਤਾ ਦਾ ਅੰਤ ਅਤੇ ਬੇਗਮਪੁਰੇ ਦਾ ਸੰਕਲਪ ਗੁਰੂ ਰਵਿਦਾਸ ਸਨਮਾਨ ਯਾਤਰਾ 14 ਅਗਸਤ ਨੂੰ ਗੜ੍ਹਸ਼ੰਕਰ, ਚੱਬੇਵਾਲ ਅਤੇ 15 ਅਗਸਤ ਨੂੰ ਹੁਸ਼ਿਆਰਪੁਰ ਪਹੁੰਚ ਰਹੀ ਹੈ।ਇਸ ਯਾਤਰਾ ਦੇ ਭਾਰੀ ਇਤਿਹਾਸਿਕ ਸਵਾਗਤ ਲਈ ਸੰਗਤਾਂ ਅੰਦਰ ਭਾਰੀ ਉਤਸ਼ਾਹ ਅਤੇ ਸ਼ਰਧਾ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਬਸਪਾ ਹੁਸ਼ਿਆਰਪੁਰ ਜ਼ਿਲ੍ਹਾ ਪ੍ਰਧਾਨ ਦਲਜੀਤ ਰਾਏ ਅਤੇ ਮਨਿੰਦਰ ਸਿੰਘ ਸ਼ੇਰਪੁਰੀ ਸਕੱਤਰ ਪੰਜਾਬ ਨੇ ਕਿਹਾ ਕਿ ਯਾਤਰਾ ਦੇ ਰੂਟ, ਸਵਾਗਤੀ ਪੁਆਇੰਟਾਂ ਅਤੇ ਵੱਖ-ਵੱਖ ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਆਗੂਆਂ ਅਤੇ ਸੰਗਤਾਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਪਾਰਟੀ ਆਗੂਆਂ ਤੇ ਵਰਕਰਾਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਵੀ ਸੌਂਪੀਆਂ ਗਈਆਂ ਹਨ। ਦਲਜੀਤ ਰਾਏ ਤੇ ਸ਼ੇਰਪੁਰੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਉਨ੍ਹਾਂ ਦਾ 'ਬੇਗਮਪੁਰਾ' (ਜਿੱਥੇ ਕੋਈ ਗਮ, ਭੇਦਭਾਵ ਜਾਂ ਪਰਾਧੀਨਤਾ ਨਾ ਹੋਵੇ) ਦਾ ਸੰਕਲਪ ਸਮੁੱਚੀ ਮਾਨਵਤਾ ਲਈ ਰੋਸ਼ਨ ਮੁਨਾਰਾ ਹੈ। ਇਹ ਯਾਤਰਾ ਸਮਾਜ ਵਿੱਚ ਸਮਾਨਤਾ, ਆਜ਼ਾਦੀ ਅਤੇ ਗੁਰੂ ਸਾਹਿਬ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਦਾ ਕੰਮ ਕਰੇਗੀ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਇਸ ਇਤਿਹਾਸਿਕ ਯਾਤਰਾ ਦਾ ਨਿੱਘਾ ਸਵਾਗਤ ਕਰਨ ਅਤੇ 2027 ਵਿੱਚ ਪ੍ਰਾਧੀਨਤਾ ਦਾ ਅੰਤ ਬੇਗਮਪੁਰੇ ਦਾ ਸੰਕਲਪ ਪੂਰਾ ਕਰਨ ਲਈ ਬਸਪਾ ਵਿੱਚ ਸ਼ਾਮਲ ਹੋਣ।

## ਪ੍ਰਕਾਸ਼ ਪੁਰਬ ਨੂੰ ਸਮਰਪਤ ਮੈਰਾਥਨ ਕਰਵਾਈ

**ਨਵਾਂਸ਼ਹਿਰ (ਮਨੋਜ ਲਾਡੀ)**- ਗੁਰੂ ਰਵਿਦਾਸ ਜੀ ਮਹਾਰਾਜ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਯੋਜਿਤ 5 ਕਿਲੋਮੀਟਰ ਮੈਰਾਥਨ 'ਚ ਅੱਠਵੀਂ ਜਮਾਤ ਦੇ ਵਿਦਿਆਰਥੀ ਰੋਸ਼ਨ ਕੁਮਾਰ ਨੇ ਪਹਿਲਾ ਸਥਾਨ ਹਾਸਲ ਕੀਤਾ।ਪੰਜਾਬ ਸਰਕਾਰ ਵੱਲੋਂ ਗੁਰੂ ਰਵਿਦਾਸ ਜੀ ਮਹਾਰਾਜ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾ ਦੀ ਲੜੀ ਤਹਿਤ ਜ਼ਿਲ੍ਹਾ ਪ੍ਰਧਾਨ ਵੱਲੋਂ ਗੁਲਪ੍ਰੀਤ ਸਿੰਘ ਔਲਖ ਦੀ ਅਗਵਾਈ ਅਧੀਨ ਆਈ ਟੀ ਆਈ ਗਰਾਊਂਡ ਵਿਖੇ ਇਕ ਖ਼ਾਸ ਮੈਰਾਥਨ ਦਾ ਆਯੋਜਨ ਕੀਤਾ ਗਿਆ। ਇਸ ਮੈਰਾਥਨ ਵਿਚ 500 ਤੋਂ ਵੱਧ ਹਰ ਉਮਰ ਦੇ ਭਾਗੀਦਾਰਾਂ ਨੇ ਹਿੱਸਾ ਲਿਆ। ਇਸ ਮੈਰਾਥਨ ਦੀ ਸ਼ੁਰੂਆਤ ਵਧੀਕ ਡਿਪਟੀ ਕਮਿਸ਼ਨਰ ਸੰਜੀਵ ਸ਼ਰਮਾ ਅਤੇ ਸਹਾਇਕ ਕਮਿਸ਼ਨਰ ਰਮਨਜੀਤ ਵਲੋਂ ਹਰੀ ਝੰਡੀ ਦਿਖਾ ਕੇ ਕੀਤੀ ਗਈ।



ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੰਜੀਵ ਸ਼ਰਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਮੈਰਾਥਨ ਦਾ ਮੰਤਵ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ ਅਤੇ ਉਨ੍ਹਾਂ ਦੇ ਬਰਾਬਰੀ, ਮਨੁੱਖਤਾ ਅਤੇ ਮਾਣ-ਸਤਿਕਾਰ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਸਕੇ। ਇਸ ਮੌਕੇ ਗੱਲਬਾਤ ਕਰਦਿਆਂ ਮੈਰਾਥਨ ਵਿਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਹਿੰਦੂ ਹਾਈ ਸਕੂਲ ਦੇ ਅੱਠਵੀਂ ਜਮਾਤ ਦੇ ਵਿਦਿਆਰਥੀ ਰੌਸ਼ਨ ਕੁਮਾਰ ਪੁੱਤਰ ਨੰਦ ਲਾਲ ਪਾਸਵਾਨ ਵਸਨੀਕ ਪਿੰਡ ਜਿੰਦਵਾਲ ਨੇ ਦੱਸਿਆ ਕਿ ਉਸਦੇ ਪਿਤਾ ਦਿਹਾੜੀਦਾਰ ਹਨ ਅਤੇ ਮਾਤਾ ਪਿਤਾ ਅਥਲੈਟਿਕ ਦੇ ਅਭਿਆਸ ਲਈ ਪੂਰਾ ਸਹਿਯੋਗ ਦਿੰਦੇ ਹਨ। ਮੈਰਾਥਨ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਰੌਸ਼ਨ ਕੁਮਾਰ ਅਤੇ ਲੜਕੀਆਂ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੀ, ਮੈਰਾਥਨ ਵਿੱਚ ਚੌਦਵੇ ਸਥਾਨ ਉੱਤੇ ਰਹੀ, ਇੰਦਰਜੋਤ ਕੌਰ ਪੁੱਤਰੀ ਜਸਵਿੰਦਰ ਸਿੰਘ ਨੇ ਆਪਣੇ ਅਥਲੈਟਿਕ ਕੋਚ ਮਲਕੀਤ ਸਿੰਘ ਦਾ ਧੰਨਵਾਦ ਕੀਤਾ ਜੋ ਉਨ੍ਹਾਂ ਨੂੰ ਰੋਜ਼ਾਨਾ ਪੇਸ਼ੇਵਰ ਸਿਖਲਾਈ ਦਿੰਦੇ ਹਨ। ਇੰਦਰਜੀਤ ਕੌਰ ਸਿੱਖ ਨੈਸ਼ਨਲ ਕਾਲਜ ਦੀ ਐੱਮ ਏ ਦੇ ਪਹਿਲੇ ਸਾਲ ਦੀ ਵਿਦਿਆਰਥਣ ਹੈ ਜਿਸ ਵਲੋਂ ਖੇਲੋ ਇੰਡੀਆ ਸਮੇਤ ਰਾਜ ਅਤੇ ਰਾਸ਼ਟਰੀ ਪੱਧਰੀ ਮੁਕਾਬਲੇ ਵਿੱਚ ਹਿੱਸਾ ਲਈ ਕੇ ਵੱਡੇ ਮੁਕਾਮ ਹਾਸਲ ਕੀਤੇ ਹਨ। ਲੜਕਿਆਂ ਵਿੱਚੋਂ ਪਹਿਲਾ ਰੌਸ਼ਨ ਕੁਮਾਰ, ਦੂਜਾ ਅਮਨ ਨਵਾਂਸਰ, ਤੀਜਾ ਸਾਹਿਲ ਬੰਗਾ, ਲੜਕੀਆਂ ਵਿਚੋਂ ਇੰਦਰਜੋਤ ਕੌਰ ਬੰਗਾ, ਦੂਜਾ ਪਲਕ ਸੜੋਆ, ਤੀਜਾ ਬਲਵਿੰਦਰ ਕੌਰ ਸੜੋਆ ਨੇ ਹਾਸਲ ਕੀਤਾ। ਇਸ ਮੌਕੇ ਪੌਦੇ ਲਗਾ ਕੇ ਜਿਲ੍ਹੇ ਨੂੰ ਹਰਾ- ਭਰਿਆ ਅਤੇ ਸਾਫ ਸੁਥਰਾ ਵਾਤਾਵਰਣ ਬਣਾਉਣ ਦਾ ਸੰਦੇਸ਼ ਦਿੱਤਾ ਗਿਆ ਅਤੇ ਭਾਗੀਦਾਰਾਂ ਨੂੰ ਮੁਫ਼ਤ ਪੌਦੇ ਵੀ ਵੰਡੇ ਗਏ।ਇਸ ਮੌਕੇ ਡੀ ਪੀ ਆਰ ਓ ਕਰਨ ਮਹਿਤਾ, ਨਾਇਬ ਤਹਿਸੀਲਦਾਰ ਜਸਕਰਨ ਸਿੰਘ, ਖੇਡ ਵਿਭਾਗ ਕੋਚ ਮਲਕੀਤ ਸਿੰਘ, ਅਨਾਮਿਕਾ, ਰਾਧਾ ਦੇਵੀ (ਐਥਲੈਟਿਕਸ ਕੋਚ), ਜਸਕਰਨ ਕੌਰ (ਕਬੱਡੀ ਕੋਚ), ਜਸਵਿੰਦਰ ਸਿੰਘ, ਸਤਬੀਰ ਸਿੰਘ ਸੱਤੀ, ਗੁਰਪ੍ਰੀਤ ਸਿੰਘ (ਫੁੱਟਬਾਲ ਕੋਚ), ਗੁਰਤੇਜ ਸਿੰਘ ਸੁਪਰਵਾਈਜਰ (ਨਰਸਰੀ), ਰਮਨਦੀਪ ਕੌਰ (ਬੈਡਮਿੰਟਨ ਕੋਚ), ਅਕੁਲਜੀਤ ਸਿੰਘ (ਹਾਕੀ ਕੋਚ), ਮਨਪ੍ਰੀਤ ਸਿੰਘ, ਨਵੀਨ ਕੁਮਾਰ (ਵਾਲੀਬਾਲ ਕੋਚ) ਹਾਜ਼ਰ ਸਨ।

## ਸਾਈਂ ਜਸਵੀਰ ਦਾਸ ਸਾਬਰੀ ਖਾਨਖਾਨਾ ਵਾਲੇ ਸਵਰਗ ਸਿਧਾਰ ਗਏ

**ਬੰਗਾ (ਅਵਤਾਰ ਕਲੇਰ)**-ਦਰਬਾਰ ਸਾਈਂ ਭੋਲੇ ਸ਼ਾਹ ਜੀ, ਸਾਈਂ ਨਿੱਕੂ ਸ਼ਾਹ ਜੀ ਪਿੰਡ ਖ਼ਾਨਖਾਨਾ ਦੇ ਗੱਦੀ ਨਸ਼ੀਨ ਸਾਈਂ ਜਸਵੀਰ ਦਾਸ ਸਾਬਰੀ ਇਸ ਦੁਨੀਆਂ ਤੋਂ ਪਰਦਾ ਕਰ ਗਏ। ਉਹਨਾਂ ਦੇ ਅਚਾਨਕ ਹੋਏ



ਇੰਤਕਾਲ ਤੇ ਇਲਾਕੇ ਭਰ ਦੀਆਂ ਸੰਗਤਾਂ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਬਹੁਤ ਸਦਮਾ ਲੱਗਾ। ਡੇਰੇ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਈਂ ਜਸਵੀਰ ਦਾਸ ਸਾਬਰੀ ਦੀਆਂ ਅੰਤਿਮ ਰਸਮਾਂ ਵਾਰੇ ਸੰਗਤਾਂ ਨੂੰ ਛੇਤੀ ਹੀ ਦੱਸਿਆ ਜਾਵੇਗਾ। ਸਾਈਂ ਉਮਰੇ ਸ਼ਾਹ ਕਾਦਰੀ ਗੱਦੀ ਨਸ਼ੀਨ ਰੱਜਾ ਸ਼ਰੀਫ਼ ਮੰਢਾਲੀ, ਸਾਈਂ ਪੱਪਲ ਸ਼ਾਹ ਭਰੋਮਜਾਰਾ, ਸਤਨਾਮ ਸੰਧੂ ਖਾਨਖਾਨਾ, ਸਾਈ ਕੁਲਰਾਜ ਮੁਹੰਮਦ, ਸਾਈਂ ਅਵਿਨਾਸ਼ ਸ਼ਾਹ ਕਾਦਰੀ ਕੋਟ ਫਤੂਹੀ, ਬੀਬੀ ਮੋਬੀਨਾ ਸਾਬਰੀ, ਸਾਈਂ ਕਰਨੈਲ ਸ਼ਾਹ,ਸਾਈਂ ਮਨਜੀਤ ਦਾਸ ਸਾਬਰੀ ਲਿੱਦੜਾਂ, ਧਲਵਿੰਦਰ ਰਾਜ, ਸਾਈਂ ਮਦਨ ਲਾਲ, ਸਾਈਂ ਸਾਧੂ ਸ਼ਾਹ ਚਿਸ਼ਤੀ ਕਟਾਰੀਆ, ਸਾਈਂ ਲਖਵੀਰ ਸ਼ਾਹ ਕਾਦਰੀ ਕਟਾਰੀਆ, ਬਾਬਾ ਮੁਖਤਿਆਰ ਸਿੰਘ ਕਟਾਰੀਆ, ਬੀਬੀ ਮਨਜੀਤ ਕੌਰ, ਬੀਬੀ ਤਾਰੋ ਸਾਬਰ, ਗੁਰਦੇਵ ਸ਼ਾਹ, ਮਹੰਤ ਅਮਰੀਕ ਦਾਸ ਜਗਤਪੁਰ, ਸੰਤ ਮੱਖਣ ਸਿੰਘ ਜਗਤਪੁਰ ਬਘੌਰਾ, ਮੰਗਾ ਬਾਬਾ, ਸਰਪੰਚ ਰਵਿੰਦਰ ਸਿੰਘ, ਸਾਬਕਾ ਸਰਪੰਚ ਨਰਿੰਦਰ ਸਿੰਘ ਰਾਏ, ਸਾਬਕਾ ਸਰਪੰਚ ਬਲਵੀਰ ਸਿੰਘ ਸੰਧੂ, ਡਾ. ਦੇਸ ਰਾਜ ਸਾਬਕਾ ਚੇਅਰਮੈਨ ਬਲਾਕ ਸੰਮਤੀ ਬੰਗਾ, ਪਰਦੀਪ ਸਿੰਘ ਪੰਚ, ਹੈਪੀ ਲਾਲ ਪੰਚ, ਸੰਤੋਖ ਸਿੰਘ ਪੰਚ, ਬੂਟਾ ਸਿੰਘ ਪੰਚ, ਅਮਨਦੀਪ ਕੌਰ ਪੰਚ, ਕੁਲਜੀਤ ਸਿੰਘ, ਪ੍ਰਿੰਸੀਪਲ ਜਸਵੀਰ ਸਿੰਘ, ਸਾਬਕਾ ਸਰਪੰਚ ਲੱਡੂ ਰਾਮ, ਮਾਸਟਰ ਪਰਮਜੀਤ, ਬਿੱਟੂ ਭਾਜੀ, ਗੁਰਦਿਆਲ ਸਿੰਘ, ਬਾਬਾ ਹਰਬਲਾਸ, ਸੇਵਾਦਾਰ ਸੁਖਰਾਜ, ਗਾਇਕ ਹਰਮੇਸ਼ ਚੌਹਾਨ, ਬਿੱਟੂ ਮੇਹਟਾਂ ਵਾਲਾ, ਨੂਰ ਮੁਹੰਮਦ ਆਦਿ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਫਰੀਦਪੁਰ, ਨੌਗੱਜ਼ਾ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਬਣੇਗਾ : ਚੀਮਾ




**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਪੰਜਾਬ ਦੇ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਪਵਿੱਤਰ ਬਾਣੀ ਸਮਾਨਤਾ, ਮਨੁੱਖੀ ਸਨਮਾਨ, ਸਮਾਜਿਕ ਨਿਆਂ ਅਤੇ ਸਰਬੱਤ ਦੇ ਭਲੇ ਤੇ ਭਾਈਚਾਰਕ ਸਾਂਝ ਦਾ ਸਦੀਵੀ ਸੰਦੇਸ਼ ਦਿੰਦੀ ਹੈ, ਜੋ ਅੱਜ ਦੇ ਸਮੇਂ ਵਿੱਚ ਵੀ ਬੇਹੱਦ ਪ੍ਰਸੰਗਿਕ ਹੈ। ਐਮਿਟੀ ਯੂਨੀਵਰਸਿਟੀ, ਮੋਹਾਲੀ ਵਿਖੇ 'ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਬਾਣੀ ਅਤੇ ਸਮਾਜਿਕ ਬਰਾਬਰੀ' ਵਿਸ਼ੇ 'ਤੇ ਕਰਵਾਏ ਗਏ ਰਾਜ ਪੱਧਰੀ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸ੍ਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਗੁਰੂ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੇ ਜਾਤ, ਧਰਮ ਅਤੇ ਸਮਾਜਿਕ ਹੈਸੀਅਤ ਦੀਆਂ ਹੱਦਾਂ ਤੋਂ ਉੱਪਰ ਉੱਠ ਕੇ ਹਰੇਕ ਮਨੁੱਖ ਦੀ ਅੰਦਰੂਨੀ ਇੱਜ਼ਤ ਅਤੇ ਬਰਾਬਰੀ 'ਤੇ ਜ਼ੋਰ ਦਿੱਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਹਾਲੀਆ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਡੇਰਾ ਬੱਲਾਂ ਦੇ ਫਰੀਦਪੁਰਾ ਨੌਗਜ਼ਾ ਵਿਖੇ ਸਟੇਟ-ਆਫ-ਦ-ਆਰਟ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਸਥਾਪਿਤ ਕਰਨ ਦੀ ਪਹਿਲ ਕੀਤੀ ਗਈ ਹੈ। ਇਹ ਕੇਂਦਰ 25 ਕਰੋੜ ਰੁਪਏ ਦੀ ਲਾਗਤ ਨਾਲ ਉਸਾਰਿਆ ਜਾਵੇਗਾ, ਜਦਕਿ ਜ਼ਮੀਨ ਦੀ ਖਰੀਦ 'ਤੇ ਲਗਭਗ 11 ਕਰੋੜ ਰੁਪਏ ਦੀ ਰਕਮ ਪਹਿਲਾਂ ਹੀ ਖਰਚ ਕੀਤੀ ਜਾ ਚੁੱਕੀ ਹੈ। ਇਹ ਕੇਂਦਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਡੂੰਘੀਆਂ ਸਿੱਖਿਆਵਾਂ ਦੀ ਖੋਜ, ਅਧਿਐਨ ਅਤੇ ਪ੍ਰਸਾਰ ਲਈ ਇੱਕ ਮਹੱਤਵਪੂਰਨ ਕੇਂਦਰ ਵਜੋਂ ਕੰਮ ਕਰੇਗਾ। 'ਬੇਗਮਪੁਰਾ' ਦੇ ਸੰਕਲਪ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸ੍ਰੀ ਚੀਮਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਰਸਾਇਆ 'ਬੇਗਮਪੁਰਾ' ਅਜਿਹੇ ਆਦਰਸ਼ ਸਮਾਜਿਕ ਪ੍ਰਬੰਧ ਦਾ ਪ੍ਰਤੀਕ ਹੈ, ਜੋ ਵਿਤਕਰੇ, ਸ਼ੋਸ਼ਣ ਅਤੇ ਅਸਮਾਨਤਾ ਤੋਂ ਮੁਕਤ ਹੋਵੇ। ਗੁਰੂ ਜੀ ਮਹਾਰਾਜ ਦੀ ਬਾਣੀ ਵਿੱਚ ਦਰਸਾਏ ਸਿਧਾਂਤ ਇੱਕ ਨਿਆਂਪੂਰਨ, ਸ਼ਾਂਤਮਈ ਅਤੇ ਸਦਭਾਵਨਾਪੂਰਨ ਸਮਾਜ ਦੀ ਉਸਾਰੀ ਲਈ ਮਾਰਗਦਰਸ਼ਕ ਸਾਬਤ ਹੋ ਸਕਦੇ ਹਨ।

# ਕੇ ਐੱਮ ਐੱਸ ਕਾਲਜ ਵਿਖੇ ਨਵੇਂ ਅਕਾਦਮਿਕ ਸੈਸ਼ਨ ਦਾ ਸ਼ਾਨਦਾਰ ਆਗਾਜ਼



**ਦਸੂਹਾ (ਕਰਨੈਲ ਮਾਂਗਟ)**- ਕੇ ਐੱਮ ਐੱਸ ਕਾਲਜ ਆਫ ਆਈ.ਟੀ. ਐਂਡ ਮੈਨੇਜਮੈਂਟ ਚੌ. ਬੰਤਾ ਸਿੰਘ ਕਲੋਨੀ ਦਸੂਹਾ ਵਿਖੇ ਨਵੇਂ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਸਬੰਧੀ ਕਰਵਾਏ ਜਾ ਰਹੇ ਦੋ-ਦਿਨਾ ਸਮਾਗਮ ਦੇ ਪਹਿਲੇ ਦਿਨ 'ਆਗਾਜ਼-ਏ-ਖ਼ਾਸ' ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਸੂਫੀ ਗਾਇਕ ਸੁਨੀਲ ਡੋਗਰਾ ਵੱਲੋਂ ਪੇਸ਼ ਕੀਤੀ ਗਈ ਵਿਸ਼ੇਸ਼ ਸੰਗੀਤਮਈ ਪ੍ਰਸਤੁਤੀ ਨੇ ਵਿਦਿਆਰਥੀਆਂ ਅਤੇ ਹਾਜ਼ਰੀਨ ਦਾ ਮਨ ਮੋਹ ਲਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਕਾਂਗਰਸ ਦੇ ਸੀਨੀਅਰ ਨੇਤਾ ਮਨੀਸ਼ ਚੱਢਾ ਨੇ ਸ਼ਿਰਕਤ ਕੀਤੀ। ਇਸ ਮੌਕੇ ਕਾਲਜ ਦੇ ਚੇਅਰਮੈਨ ਚੌਧਰੀ ਕੁਮਾਰ ਸੈਣੀ ਵਿਸ਼ੇਸ਼ ਰੂਪ ਵਿੱਚ ਹਾਜ਼ਰ ਹੋਏ। ਸਮਾਗਮ ਦੌਰਾਨ ਕਾਲਜ ਕੈਂਪਸ ਵਿੱਚ ਉਤਸ਼ਾਹ ਅਤੇ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ। ਵਿਦਿਆਰਥੀਆਂ ਨੇ ਸੰਗੀਤਮਈ ਪੇਸ਼ਕਾਰੀ ਦਾ ਭਰਪੂਰ ਆਨੰਦ ਮਾਣਿਆ। ਸੂਫੀ ਗਾਇਕ ਸੁਨੀਲ ਡੋਗਰਾ ਨੇ ਆਪਣੀ ਪੇਸ਼ਕਾਰੀ ਰਾਹੀਂ ਵਿਦਿਆਰਥੀਆਂ ਨੂੰ ਸਕਾਰਾਤਮਕ ਸੋਚ, ਸਦਾਚਾਰ, ਅਨੁਸ਼ਾਸਨ ਅਤੇ ਉੱਚ ਜੀਵਨ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਮਾਨਵ ਸੈਣੀ ਨੇ ਮੁੱਖ ਮਹਿਮਾਨ ਅਤੇ ਸਮੂਹ ਪਤਵੰਤਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਨਵੇਂ ਸੈਸ਼ਨ ਦੀ ਸ਼ੁਰੂਆਤ ਨੂੰ ਅਜਿਹੇ ਪ੍ਰੇਰਨਾਦਾਇਕ ਸਮਾਗਮ ਨਾਲ ਜੋੜਨਾ ਵਿਦਿਆਰਥੀਆਂ ਲਈ ਇੱਕ ਯਾਦਗਾਰ ਅਨੁਭਵ ਹੈ। ਉਹਨਾ ਕਿਹਾ ਕਿ ਸਵਰਗਵਾਸੀ ਡਾ. ਸ਼ਬਨਮ ਕੌਰ ਦਾ ਇਹ ਸੁਪਨਾ ਸੀ ਕਿ ਕਾਲਜ ਵਿਖੇ ਇੱਕ ਅਜਿਹਾ ਸੰਗੀਤਮਈ ਵਿਸ਼ੇਸ਼ ਸਮਾਗਮ ਕਰਵਾਇਆ ਜਾਵੇ ਅਤੇ ਅੱਜ ਇਹ ਸਮਾਗਮ ਕਰਵਾਇਆ ਜਾ ਰਿਹਾ ਹੈ। ਕਾਲਜ ਦੇ ਡੀਨ ਅਕੈਡਮਿਕਸ ਡਾ. ਰਾਜੇਸ਼ ਕੁਮਾਰ ਨੇ ਕਿਹਾ ਕਿ 'ਆਗਾਜ਼-ਏ-ਖ਼ਾਸ' ਨੇ ਨਵੇਂ ਅਕਾਦਮਿਕ ਸੈਸ਼ਨ ਲਈ ਵਿਦਿਆਰਥੀਆਂ ਵਿੱਚ ਨਵਾਂ ਉਤਸ਼ਾਹ ਅਤੇ ਊਰਜਾ ਪੈਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਸਮਾਗਮ ਦਾ ਪਹਿਲਾ ਦਿਨ ਵਿਦਿਆਰਥੀਆਂ ਲਈ ਯਾਦਗਾਰ ਅਤੇ ਪ੍ਰੇਰਨਾਦਾਇਕ ਰਿਹਾ। ਇਸ ਮੌਕੇ ਪ੍ਰਿੰਸੀਪਲ ਡਾ. ਮਾਨਵ ਸੈਣੀ ਅਤੇ ਡੀਨ ਅਕਾਦਮਿਕ ਡਾ. ਰਾਜੇਸ਼ ਕੁਮਾਰ ਵੱਲੋਂ ਮੁੱਖ ਮਹਿਮਾਨ ਮਨੀਸ਼ ਚੱਢਾ ਨੂੰ ਸਮ੍ਰਿਤੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਤੋਂ ਇਲਾਵਾ ਸੂਫੀ ਗਾਇਕ ਸੁਨੀਲ ਡੋਗਰਾ, ਆਰ ਸੀ ਸ਼ਾਵਰ, ਮਮਤਾ ਚੌਧਰੀ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਮ੍ਰਿਤੀ ਚਿੰਨ੍ਹ ਭੇਂਟ ਕਰਕੇ ਸਨਮਾਨਤ ਕੀਤਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਡਾ. ਦਿਲਬਾਗ ਸਿੰਘ ਹੁੰਦਲ, ਆਰ ਸੀ ਸ਼ਾਵਰ, ਡਾ. ਵਿਵੇਕ ਗੁਪਤਾ, ਜੋਗਿੰਦਰ ਪਾਲ ਨਿੱਕੂ ਐੱਮ ਸੀ, ਸੁਖਜੀਤ ਝਾਂਸਾ, ਸਰਪੰਚ ਤਜਿੰਦਰਪਾਲ ਸਿੰਘ, ਸਾਬਕਾ ਸਰਪੰਚ ਹਰਦਿਆਲ ਸਿੰਘ, ਸੁਰਿੰਦਰ ਸਿੰਘ, ਲਖਵੀਰ ਸਿੰਘ ਰੰਧਾਵਾ ਤੇ ਮਮਤਾ ਚੌਧਰੀ ਸਮੇਤ ਇਲਾਕੇ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਫੈਕਲਟੀ ਮੈਂਬਰ, ਐੱਨ ਐੱਸ ਐੱਸ ਵਲੰਟੀਅਰਜ਼ ਤੇ ਵਿਦਿਆਰਥੀ ਹਾਜ਼ਰ ਸਨ।

# ਮੁਲਾਜ਼ਮਾਂ ਤੇ ਪੈਨਸ਼ਨਰਾਂ 'ਤੇ ਪਾਣੀ ਦੀਆਂ ਬੁਛਾੜਾਂ ਮਾਰਨ ਦੀ ਨਿਖੇਧੀ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿਟੀ ਮੰਡਲ ਹੁਸ਼ਿਆਰਪੁਰ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾ ਵਾਰ ਮੀਟਿੰਗ ਸ਼੍ਰੀ ਰਾਮ ਧੀਮਾਨ ਪ੍ਰਧਾਨ ਸ਼ਹਿਰੀ ਮੰਡਲ ਹੁਸ਼ਿਆਰਪੁਰ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਰਾਮ ਧੀਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨਾਂ ਨਾਲ ਜਲਦੀ ਮੀਟਿੰਗ ਕਰਕੇ ਮੰਗਾਂ ਦਾ ਤੁਰੰਤ ਨਿਪਟਾਰਾ ਕਰੇ। ਪੰਜਾਬ ਦੇ ਹਰ ਮਹਿਕਮੇ ਦੇ ਮੁਲਾਜ਼ਮ ਧਰਨੇ ਤੇ ਰੈਲੀਆਂ ਕਰ ਰਹੇ ਹਨ ਨੇਤਾਵਾਂ ਨੇ ਪੈਨਸ਼ਨਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਦਾ ਮੁਲਾਜ਼ਮਾਂ ਦੇ ਪ੍ਰਤੀ ਜਿਹੜਾ ਅੜੀਅਲ ਰਵੱਈਆ ਹੈ ਉਸ ਨੂੰ ਤਿਆਗ ਕੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਸਵੀਕਾਰ ਕਰਨਾ ਚਾਹੀਦਾ ਹੈ। ਆਗੂਆਂ ਨੇ ਚੰਡੀਗੜ੍ਹ ਵਿਖੇ ਸ਼ਾਂਤਮਈ ਪ੍ਰੋਟੈਸਟ ਕਰ ਰਹੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਉੱਤੇ ਪਾਣੀ ਦੀਆਂ ਬੁਛਾੜਾਂ ਮਾਰਨ ਦੀ ਜ਼ੋਰਦਾਰ ਨਿੰਦਾ ਕੀਤੀ। ਉਹਨਾਂ ਮੰਗ ਕੀਤੀ ਕਿ 1-1-2016 ਤੋਂ ਪਹਿਲਾਂ ਰਿਟਾਇਰ ਹੋਏ ਕਰਮਚਾਰੀਆਂ ਨੂੰ 2.59 ਦੇ ਗੁਣਾਂਕ ਨਾਲ ਪੈਨਸ਼ਨ ਵਿੱਚ ਸੋਧ ਕੀਤੀ ਜਾਵੇ, 1-1-2016 ਤੋਂ ਬਾਅਦ ਦਾ ਏਰੀਆ ਯਕਮੁਸ਼ਤ ਦਿੱਤਾ ਜਾਵੇ, ਮਹਿੰਗਾਈ ਭੱਤਾ ਜੋ ਕੇਂਦਰ ਸਰਕਾਰ ਤੋਂ 18% ਘੱਟ ਮਿਲ ਰਿਹਾ ਹੈ ਕੇਂਦਰ ਸਰਕਾਰ ਦੇ ਬਰਾਬਰ ਦਿੱਤਾ ਜਾਵੇ, ਮੈਡੀਕਲ ਕੈਸ਼ਲੈਸ ਸਕੀਮ ਲਾਗੂ ਕੀਤੀ ਜਾਵੇ, ਮੈਡੀਕਲ ਭੱਤਾ 2000/- ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, 200/- ਰੁਪਏ ਜਜ਼ੀਆ ਟੈਕਸ ਬੰਦ ਕੀਤਾ ਜਾਵੇ। ਇਸ ਮੌਕੇ ਸੰਤੋਸ਼ ਕੁਮਾਰ, ਮਨਧੀਰ ਸਿੰਘ, ਗੀਤਪਾਲ ਸਿੰਘ, ਰਾਮ ਗੋਪਾਲ ਸ਼ਰਮਾ, ਬਲਵੰਤ ਸਿੰਘ, ਮਹਿੰਦਰ ਸਿੰਘ, ਸਤਪਾਲ ਕਪੂਰ, ਮਲਕੀਤ ਸਿੰਘ ਠਾਕੁਰ, ਅਵਤਾਰ ਸਿੰਘ, ਗੁਰਮੇਲ ਸਿੰਘ, ਜੈਦੇਵ, ਨਿਰਮਲ ਸਿੰਘ ਅਤੇ ਹਰਭਜਨ ਸਿੰਘ ਆਦਿ ਨੇ ਸੰਬੋਧਨ ਕੀਤਾ।

# ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਵੱਲੋਂ ਉਦਯੋਗਿਕ ਓਰੀਐਂਟੇਸ਼ਨ ਕਰਵਾਈ




**ਆਦਮਪੁਰ (ਪਰਮਜੀਤ ਸਿੰਘ)**- ਪੂਜਨੀਕ ਸੰਤਾਂ ਦੇ ਆਸ਼ੀਰਵਾਦ ਸਦਕਾ ਕੁਲਪਤੀ ਸੰਤ ਮਨਮੋਹਨ ਸਿੰਘ, ਉਪ-ਕੁਲਪਤੀ ਪ੍ਰੋ.ਪਲਵਿੰਦਰ ਸਿੰਘ ਦੀ ਅਗਵਾਈ ਹੇਠ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਵੱਲੋਂ ਅਕਾਦਮਿਕ ਸਿੱਖਿਆ ਅਤੇ ਉਦਯੋਗਿਕ ਤਕਨੀਕੀ ਅਭਿਆਸ ਵਿਚਕਾਰ ਫਾਸਲਾ ਮਿਟਾਉਣ ਦੇ ਮਕਸਦ ਨਾਲ ਵਿਦਿਆਰਥੀਆਂ ਲਈ ਉਦਯੋਗ-ਮੁਖੀ ਸੈਸ਼ਨਾਂ ਦੀ ਲੜੀ ਦਾ ਆਯੋਜਨ ਕੀਤਾ ਗਿਆ। ਟ੍ਰਾਂਸ ਨਿਊਰੋਨ ਟੈਕਨਾਲੋਜੀਜ਼ ਪ੍ਰਾਈਵੇਟ ਲਿਮਿਟਡ (ਆਈ ਬੀ ਐੱਮ ਪਾਰਟਨਰ) ਦੇ ਨੁਮਾਇੰਦੇ ਐਸ. ਸਰਬਜੀਤ ਸਿੰਘ ਦੁਆਰਾ 'ਆਈ.ਬੀ.ਐਮ. ਪਾਠਕ੍ਰਮ' 'ਤੇ ਇੱਕ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ, ਜਿਸ ਨਾਲ ਵਿਦਿਆਰਥੀਆਂ ਨੂੰ ਉਦਯੋਗ-ਅਨੁਕੂਲ ਪਾਠਕ੍ਰਮ ਅਤੇ ਹੁਨਰ-ਨਿਰਮਾਣ ਦੇ ਮੌਕਿਆਂ ਬਾਰੇ ਜਾਣਕਾਰੀ ਮਿਲੀ। ਇਸ ਮੌਕੇ 'ਅੰਸ਼ ਇਨਫੋਟੈਕ' ਦੇ ਸੰਸਥਾਪਕ ਆਸ਼ਿਸ਼ ਜਲੋਟਾ ਨੇ ਵਿਸ਼ੇਸ਼ ਭਾਸ਼ਣ ਵੀ ਦਿੱਤਾ, ਜਿਨ੍ਹਾਂ ਨੇ ਆਪਣੇ ਉਦਯੋਗਿਕ ਤਜ਼ਰਬੇ ਤੇ ਆਈ ਟੀ ਖੇਤਰ ਵਿੱਚ ਉੱਭਰ ਰਹੀ ਤਕਨਾਲੋਜੀ ਤੇ ਰੋਜ਼ਗਾਰ ਦੇ ਮੌਕਿਆਂ ਬਾਰੇ ਵਿਚਾਰ ਸਾਂਝੇ ਕੀਤੇ। ਡਿਜੀਟਲ ਸ਼ਕਤੀਕਰਨ ਅਤੇ ਕੈਂਪਸ ਨਵੀਨਤਾ ਵੱਲ ਇੱਕ ਵੱਡਾ ਕਦਮ ਚੁੱਕਦਿਆਂ, ਕੰਪਿਊਟਰ ਸਾਇੰਸ ਵਿਭਾਗ ਦੇ ਸਹਾਇਕ ਪ੍ਰੋਫੈਸਰ ਅਤੇ ਯੂਨੀਵਰਸਿਟੀ ਵੈੱਬਸਾਈਟ ਇੰਚਾਰਜ ਇੰਜ. ਅਕਾਸ਼ਦੀਪ ਸਿੰਘ ਰਾਣਾ ਨੇ (ਸੈਮ-1 ਪੋਰਟਲ) ਨਾਂਅ ਦੀ ਇੱਕ ਵਿਆਪਕ ਵੈੱਬਸਾਈਟ-ਕਮ-ਐਪ ਤਿਆਰ ਕੀਤੀ ਜੋ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਬਣਾਈ ਗਈ। ਇਹ ਪੋਰਟਲ ਇੱਕ ਕੇਂਦਰੀਕ੍ਰਿਤ ਡਿਜੀਟਲ ਪਲੇਟਫਾਰਮ ਪ੍ਰਦਾਨ ਕਰਦੀ ਹੈ, ਜਿਸ ਰਾਹੀਂ ਵਿਦਿਆਰਥੀ ਸਮਾਂ-ਸਾਰਣੀ, ਯੂਨੀਵਰਸਿਟੀ ਸੰਪਰਕ, ਪ੍ਰੀਖਿਆ ਨਮੂਨੇ, ਪਾਠਕ੍ਰਮ ਅਤੇ ਵਿਸ਼ਾ ਅਧਿਆਪਕਾਂ ਦੇ ਵੇਰਵਿਆਂ ਤੱਕ ਆਸਾਨੀ ਨਾਲ ਪਹੁੰਚ ਕਰ ਕੇ ਕੈਂਪਸ ਜੀਵਨ ਨਾਲ ਸੁਚਾਰੂ ਰੂਪ ਵਿੱਚ ਜੁੜ ਸਕਦੇ ਹਨ।

# ਰੰਧਾਵਾ ਨੇ ਵਿਆਪਕ ਟ੍ਰਾਂਸਪੋਰਟ ਨੀਤੀ ਦੀ ਕੀਤੀ ਮੰਗ




**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਵਿਧਾਨ ਸਭਾ ਦੇ ਹਾਲ ਹੀ ਦੇ ਇਜਲਾਸ ਦੌਰਾਨ ਐਮ.ਐਲ.ਏ. ਕੁਲਜੀਤ ਸਿੰਘ ਰੰਧਾਵਾ ਨੇ ਸਪੀਕਰ ਕੁਲਤਾਰ ਸਿੰਘ ਸੰਧਵਾ ਰਾਹੀਂ ਟ੍ਰਾਂਸਪੋਰਟ ਖੇਤਰ ਦੇ ਗੰਭੀਰ ਮੁੱਦਿਆਂ ਵੱਲ ਸਰਕਾਰ ਦਾ ਧਿਆਨ ਦਿਵਾਇਆ। ਉਨ੍ਹਾਂ ਨੇ ਟ੍ਰਾਂਸਪੋਰਟਰਾਂ ਦੇ ਪਿਛਲੇ ਸੰਘਰਸ਼ਾਂ ਅਤੇ ਧਰਨਿਆਂ ਦਾ ਹਵਾਲਾ ਦਿੰਦੇ ਹੋਏ, ਸਥਾਨਕ ਟ੍ਰਾਂਸਪੋਰਟਰਾਂ ਦੀ ਆਜੀਵਿਕਾ ਨੂੰ ਬਚਾਉਣ ਲਈ ਪੂਰੇ ਖੇਤਰ ਵਿੱਚ ਠੋਸ ਸੁਧਾਰਾਂ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ। ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਦੇ ਨੌਜਵਾਨ ਕੈਨੇਡਾ ਅਤੇ ਅਮਰੀਕਾ ਵਰਗੇ ਦੇਸ਼ਾਂ ਵਿੱਚ ਟਰੱਕ, ਟੈਕਸੀਆਂ ਅਤੇ ਹੋਰ ਵਾਹਨ ਚਲਾ ਕੇ ਵਧੀਆ ਰੋਜ਼ੀ-ਰੋਟੀ ਕਮਾ ਰਹੇ ਹਨ, ਜਦੋਂ ਕਿ ਪੰਜਾਬ ਦਾ ਟ੍ਰਾਂਸਪੋਰਟਰ ਅੱਜ ਵੀ ਭਾਰੀ ਆਰਥਿਕ ਮੰਦਹਾਲੀ ਅਤੇ ਅਨਿਸ਼ਚਿਤਤਾ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਨੇ ਮੁੱਖ ਮੰਤਰੀ ਅਤੇ ਟ੍ਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਅਪੀਲ ਕੀਤੀ ਕਿ ਸਰਕਾਰੀ ਤੇ ਪ੍ਰਾਈਵੇਟ ਬੱਸਾਂ, ਸਕੂਲ ਬੱਸਾਂ, ਟਰੱਕਾਂ, ਟੈਕਸੀਆਂ ਅਤੇ ਕੈਂਟਰਾਂ ਲਈ ਇੱਕ ਵਿਆਪਕ ਅਤੇ ਸਪੱਸ਼ਟ ਟ੍ਰਾਂਸਪੋਰਟ ਨੀਤੀ ਬਣਾਈ ਜਾਵੇ। ਰੰਧਾਵਾ ਨੇ ਜ਼ੋਰ ਦਿੱਤਾ ਕਿ ਅਜਿਹੀ ਨੀਤੀ ਨਾਲ ਪੰਜਾਬ ਦੇ ਟ੍ਰਾਂਸਪੋਰਟ ਕਾਮਿਆਂ ਨੂੰ ਵੀ ਵਿਦੇਸ਼ਾਂ ਵਾਂਗ ਆਪਣੇ ਹੀ ਸੂਬੇ ਵਿੱਚ ਸਥਿਰਤਾ, ਸਤਿਕਾਰ ਅਤੇ ਵਧੀਆ ਆਮਦਨ ਮਿਲ ਸਕੇਗੀ।

# 174ਵਾਂ ਮੁਫ਼ਤ ਮੈਡੀਕਲ ਕੈਂਪ ਲਗਾਇਆ




**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ।ਸੰਸਥਾ ਵੱਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵਲੋਂ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਬਾਬਾ ਜ਼ੋਰਾਵਰ ਸਿੰਘ ਬਾਬਾ ਫਤਹਿ ਸਿੰਘ ਚੜ੍ਹਦੀ ਪੱਤੀ ਪਿੰਡ ਸਾਹਨੀ ਵਿਖੇ 174ਵਾਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਡਾਕਟਰਾਂ ਦੀ ਟੀਮ ਵਲੋਂ 170 ਮਰੀਜ਼ਾਂ ਦਾ ਚੈਕਅੱਪ ਕਰਕੇ ਫਰੀ ਵਿੱਚ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਗੁਰੂ ਘਰ ਵਜ਼ੀਰ ਭਾਈ ਭਗਵਾਨ ਸਿੰਘ, ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਡਾਕਟਰ ਤਰਸੇਮ ਸਿੰਘ, ਡਾਕਟਰ ਸਤਨਾਮ ਸਿੰਘ ਖਾਲਸਾ, ਬਲਜੀਤ ਸਿੰਘ ਬਿੱਲਾ ਅਜਨੋਹਾ, ਜਰਨੈਲ ਸਿੰਘ,ਸੁਮੀਤ ਪਾਲ ਸਿੰਘ ਅਜਨੋਹਾ ਮਨਪ੍ਰੀਤ ਸਿੰਘ, ਸੁਖਦੇਵ ਸਿੰਘ ਬਾਂਸਲ ਇੰਡਸਟਰੀ ਵਾਲੇ, ਤਰਲੋਚਨ ਸਿੰਘ, ਸਰਪੰਚ ਬਖ਼ਸ਼ਇੰਦਰ ਕੌਰ, ਸੁਖਵਿੰਦਰ ਕੌਰ, ਪਰਮਜੀਤ ਕੌਰ, ਮਹਿੰਦਰ ਕੌਰ, ਨਰਿੰਦਰ ਕੌਰ, ਲੰਬੜਦਾਰ ਅਜੀਤ ਸਿੰਘ, ਭਾਈ ਗੁਰਦੀਪ ਸਿੰਘ ਪ੍ਰੇਮਪੁਰ, ਅਜੀਤ ਸਿੰਘ,ਸਾਬਕਾ ਸਰਪੰਚ ਬਲਜਿੰਦਰ ਸਿੰਘ, ਹਰਵਿੰਦਰ ਸਿੰਘ ਸੰਨੀ, ਮਿੰਟੂ ਆਦਿ ਹਾਜ਼ਰ ਸਨ।

# ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ ਦਾ ਪ੍ਰਣ ਲਿਆ



**ਆਦਮਪੁਰ (ਪਰਮਜੀਤ ਸਿੰਘ)** ਬ੍ਰਹਮ ਕੁਮਾਰੀਆਂ ਦੁਆਰਾ ਚਲਾਈ ਜਾ ਰਹੀ ਦੇਸ਼ ਵਿਆਪੀ 'ਨਸ਼ਾ ਛੁਡਾਊ ਮੁਹਿੰਮ' ਦੇ ਹਿੱਸੇ ਵਜੋਂ ਖੇਤਰ ਦੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਨਸ਼ਿਆਂ ਤੋਂ ਪਰਹੇਜ਼ ਕਰਨ ਦੀ ਸਹੁੰ ਚੁੱਕੀ। ਇਹ ਜ਼ਿਕਰਯੋਗ ਹੈ ਕਿ 6 ਅਗਸਤ ਤੋਂ 20 ਅਗਸਤ ਤੱਕ ਚੱਲਣ ਵਾਲੀ ਇਸ ਵਿਸ਼ਾਲ ਜਨਤਕ ਜਾਗਰੂਕਤਾ ਮੁਹਿੰਮ ਦਾ ਮੁੱਖ ਟੀਚਾ ਦੇਸ਼ ਭਰ ਦੇ 10 ਕਰੋੜ ਲੋਕਾਂ ਨੂੰ ਨਸ਼ਾ ਮੁਕਤ ਰਹਿਣ ਦਾ ਪ੍ਰਣ ਦਿਵਾਉਣਾ ਹੈ। ਇਹ ਲੋਕ ਭਲਾਈ ਸੇਵਾ ਆਦਮਪੁਰ ਸੇਵਾ ਕੇਂਦਰ ਦੇ ਮੁੱਖ ਪ੍ਰਸ਼ਾਸਕ ਬੀ.ਕੇ. ਸੀਮਾ ਦੀਦੀ ਜੀ ਅਤੇ ਬੀ ਕੇ ਅਨੀਤਾ ਦੀਦੀ, ਬੀ ਕੇ ਦਿਵਿਆ ਦੀਦੀ ਤੇ ਬੀ.ਕੇ. ਦੁਆਰਾ ਪ੍ਰਦਾਨ ਕੀਤੀ ਜਾ ਰਹੀ ਹੈ। ਦੀਦੀ ਦੀ ਯੋਗ ਅਗਵਾਈ ਅਤੇ ਮਾਰਗਦਰਸ਼ਨ ਵਿੱਚ ਸਾਧਨਾ ਸਫਲਤਾਪੂਰਵਕ ਪੂਰੀ ਹੋ ਰਹੀ ਹੈ।ਇਸ ਮੁਹਿੰਮ ਦੇ ਹਿੱਸੇ ਵਜੋਂ ਹੇਠ ਲਿਖੇ ਸਕੂਲਾਂ ਵਿੱਚ ਪ੍ਰੋਗਰਾਮ ਆਯੋਜਿਤ ਕੀਤੇ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਨੇਕ ਯਤਨ ਨੂੰ ਸਕੂਲਾਂ ਦੇ ਸਤਿਕਾਰਯੋਗ ਡਾਇਰੈਕਟਰਾਂ ਅਤੇ ਪ੍ਰਿੰਸੀਪਲਾਂ ਦਾ ਪੂਰਾ ਸਮਰਥਨ ਪ੍ਰਾਪਤ ਹੋਇਆ: ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਖੁਰਦਪੁਰ)-ਪ੍ਰਿੰਸੀਪਲ ਅਗਮ ਮੈਡਮ, ਰੇਨਬੋ ਸਕੂਲ- ਪ੍ਰਿੰਸੀਪਲ ਜੇ.ਸੀ. ਡੋਗਰਾ,ਐਸ ਡੀ ਕੇ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ (ਸ਼ਾਮਚੁਰਾਸੀ)-ਪ੍ਰਿੰਸੀਪਲ ਸੋਨੀਆ ਮੈਡਮ।

# ਸੰਤ ਬਾਬਾ ਨਰਿੰਦਰ ਸਿੰਘ ਵੱਲੋਂ ਨਡਾਲੋਂ ਤੋਂ ਹਜ਼ੂਰ ਸਾਹਿਬ ਪਹੁੰਚੀਆਂ ਸੰਗਤਾਂ ਦਾ ਸਨਮਾਨ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਪਿੰਡ ਨਡਾਲੋਂ ਤੋਂ ਹਰ ਸਾਲ ਦੀ ਤਰ੍ਹਾਂ ਸੰਤ ਬਾਬਾ ਨਿਧਾਨ ਸਿੰਘ ਅਤੇ ਸਮੂਹ ਮਹਾਂਪੁਰਸ਼ਾਂ ਦੇ ਬਰਸੀ ਸਮਾਗਮ ਮਨਾਉਣ ਲਈ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਪਿੰਡ ਨਡਾਲੋਂ ਤੋਂ ਜਥੇਦਾਰ ਇਕਬਾਲ ਸਿੰਘ ਖੇੜਾ, ਸਰਪੰਚ ਜਸਵੀਰ ਸਿੰਘ ਭੱਟੀ, ਸੰਤ ਬਾਬਾ ਜਸਪਾਲ ਸਿੰਘ, ਕਿਰਪਾਲ ਸਿੰਘ ਅਜਨੋਹਾ, ਜਥੇਦਾਰ ਲੱਖਾ ਸਿੰਘ ਪਾਲਦੀ, ਗੁਰਚਰਨ ਸਿੰਘ ਗੋਬਿੰਦਪੁਰੀ, ਜਰਨੈਲ ਸਿੰਘ ਖ਼ਾਲਸਾ ਦੀ ਅਗਵਾਈ ਵਿੱਚ ਹਜ਼ੂਰ ਸਾਹਿਬ ਵਿਖੇ 300 ਦੇ ਕਰੀਬ ਪਹੁੰਚੀ ਸੰਗਤ ਨੂੰ ਗੁਰਦੁਆਰਾ ਲੰਗਰ ਸਾਹਿਬ ਬਾਬਾ ਨਿਧਾਨ ਸਿੰਘ ਦੇ ਮੁੱਖੀ ਬਾਬਾ ਨਰਿੰਦਰ ਸਿੰਘ ਅਤੇ ਬਾਬਾ ਬਲਵਿੰਦਰ ਸਿੰਘ ਵੱਲੋਂ ਸਿਰੋਪਾਓ ਅਤੇ ਪ੍ਰਸ਼ਾਦ ਦੇ ਕੇ ਸਮੂਹ ਸੰਗਤ ਨੂੰ ਸਨਮਾਨਿਤ ਕੀਤਾ।

# ਅਸੀਂ ਪੰਥਕ ਏਕੇ ਦੇ ਹਾਮੀ ਹਾਂ : ਡਾ. ਜੱਖੂ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿੱਖ ਕੌਮ ਅੰਦਰ ਏਕੇ ਦੀ ਸਖਤ ਜ਼ਰੂਰਤ ਹੈ ਪਰ ਕਈ ਅਕਾਲੀ ਦਲ ਆਪਣੀਆਂ ਨਿਜੀ ਗਰਜਾਂ ਅਤੇ ਹਉਮੈ ਨੂੰ ਪੱਠੇ ਪਾਉਣ ਲਈ ਪੰਥਕ ਸ਼ਕਤੀ ਨੂੰ ਖੇਰੂ ਖੇਰੂ ਕਰ ਰਹੇ ਹਨ ਪਰ ਅਸੀਂ ਪੰਥਕ ਏਕਤਾ ਦੇ ਹਾਮੀ ਹਾਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਾਕਟਰ ਹਰਜਿੰਦਰ ਸਿੰਘ ਜੱਖੂ ਕੌਮੀ ਜਰਨਲ ਸਕੱਤਰ ਅਤੇ ਦੁਆਬਾ ਇੰਚਾਰਜ ਨੇ ਹਲਕਾ ਇੰਚਾਰਜਾਂ ਨਾਲ ਸੰਦੀਪ ਸਿੰਘ ਖਾਲਸਾ ਟਾਂਡਾ ਦੀ ਅਗਵਾਈ ਹੇਠ ਹੋਈ ਵਿਸ਼ੇਸ਼ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਸਮੇਂ ਡਾਕਟਰ ਜੱਖੂ ਨੇ ਕਿਹਾ ਕਿ ਇਸ ਸਮੇਂ ਪੰਥਕ ਏਕਤਾ ਦੀ ਸਖਤ ਲੋੜ ਹੈ ਪਰ ਵੱਖ-ਵੱਖ ਅਕਾਲੀ ਦਲਾਂ ਦੇ ਆਗੂ ਇਸ ਲਈ ਗੰਭੀਰ ਨਹੀਂ। ਇਸ ਸਮੇਂ ਪਾਰਟੀ ਵਿੱਚ ਸ਼ਾਮਿਲ ਹੋਏ ਪ੍ਰਿੰਸੀਪਲ ਗੁਰਨਾਮ ਸਿੰਘ ਨੂੰ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦਾ ਇੰਚਾਰਜ ਲਗਾਇਆ ਗਿਆ ਅਤੇ ਜਸਵੀਰ ਸਿੰਘ ਕਾਕਾ ਗੁੱਜਰ ਨੂੰ ਪਾਰਟੀ ਦਾ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ 11 ਸਤੰਬਰ ਨੂੰ ਗੜ੍ਹਸ਼ੰਕਰ, 15 ਅਕਤੂਬਰ ਨੂੰ ਦਸੂਹਾ ਅਤੇ 1 ਨਵੰਬਰ ਨੂੰ ਟਾਂਡਾ ਵਿਖੇ ਬੇਗਮਪੁਰਾ ਪੰਥਕ ਇਕੱਠ ਕੀਤੇ ਜਾਣਗੇ ਜਿਨਾਂ ਇਕੱਠਾਂ ਵਿੱਚ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ, ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ, ਡਾ. ਹਰਜਿੰਦਰ ਸਿੰਘ ਜੱਖੂ ਅਤੇ ਪਾਰਟੀ ਸੀਨੀਅਰ ਲੀਡਰਸ਼ਿਪ ਸਰਬੱਤ ਦੇ ਭਲੇ ਅਤੇ ਮਨੁੱਖੀ ਬਰਾਬਰੀ ਦੇ ਪਾਰਟੀ ਏਜੰਡੇ ਨੂੰ ਇਕੱਠੀਆਂ ਹੋਈਆਂ ਸੰਗਤਾਂ ਅੱਗੇ ਪੇਸ਼ ਕਰੇਗੀ ਤਾਂ ਜੋ ਉਹ ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਦ੍ਰਿੜਤਾ ਨਾਲ ਅੱਗੇ ਆ ਕੇ ਆਪਣੀ ਜ਼ਿੰਮੇਵਾਰੀ ਨਿਭਾ ਸਕਣ।

ਇਸ ਸਮੇਂ ਜਗਦੀਸ਼ ਸਿੰਘ ਚੱਬੇਵਾਲ, ਬੀਬੀ ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਮਾਸਟਰ ਕੁਲਦੀਪ ਸਿੰਘ ਮਸੀਤੀ, ਗੁਰਵਿੰਦਰ ਸਿੰਘ ਮਿਆਣੀ, ਕੁਲਦੀਪ ਸਿੰਘ ਮੌਜੀਪੁਰ, ਜਸਵੰਤ ਸਿੰਘ ਫੌਜੀ, ਵਰਿਆਮ ਸਿੰਘ ਮਿਆਣੀ, ਰਣਜੀਤ ਸਿੰਘ ਸਿੰਬਲੀ ਆਦਿ ਹਾਜ਼ਰ ਸਨ।

# ਪਲੇਸਮੈਂਟ ਕੈਂਪ ਅੱਜ


**ਮੁਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ, ਐੱਸ ਏ ਐੱਸ ਨਗਰ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ 13 ਅਗਸਤ ਦਿਨ ਵੀਰਵਾਰ ਨੂੰ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰਬਰ 461, ਤੀਜੀ ਮੰਜ਼ਿਲ, ਸੈਕਟਰ-76, ਮੋਹਾਲੀ ਵਿਖੇ ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਆਯੋਜਿਤ ਕੀਤਾ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ ਬੀ ਈ ਈ ਐੱਸ ਏ ਐੱਸ ਨਗਰ ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਦੱਸਿਆ ਕਿ ਕੈਂਪ ਦੌਰਾਨ 360 ਬਾਈਟ, ਨਾਹਰ ਇੰਡਸਟਰੀਜ਼, ਟੋਰਕ ਫਾਰਮਾਸਿਊਟੀਕਲਜ਼ ਪ੍ਰਾਈਵੇਟ ਲਿਮਿਟਡ ਅਤੇ ਊਸ਼ਾ ਯਾਰਨਜ਼ ਲਿਮਿਟਡ ਸਮੇਤ ਵੱਖ-ਵੱਖ ਕੰਪਨੀਆਂ ਵੱਲੋਂ ਵੱਖ-ਵੱਖ ਅਸਾਮੀਆਂ ਲਈ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ। ਇਨ੍ਹਾਂ ਅਸਾਮੀਆਂ ਵਿੱਚ ਐਸੋਸੀਏਟ ਮੈਨੇਜਰ, ਅਧਿਕਾਰੀ, ਸਿਖਿਆਰਥੀ ਅਤੇ ਸਹਾਇਕ ਆਦਿ ਸ਼ਾਮਲ ਹਨ। ਇਨ੍ਹਾਂ ਅਸਾਮੀਆਂ ਲਈ 10ਵੀਂ, 12ਵੀਂ ਅਤੇ ਗ੍ਰੈਜੂਏਟ ਯੋਗਤਾ ਰੱਖਣ ਵਾਲੇ ਉਮੀਦਵਾਰ ਭਾਗ ਲੈ ਸਕਦੇ ਹਨ।ਉਨ੍ਹਾਂ ਦੱਸਿਆ ਕਿ ਚੁਣੇ ਗਏ ਉਮੀਦਵਾਰਾਂ ਨੂੰ ਕੰਪਨੀ ਦੇ ਨਿਯਮਾਂ ਅਨੁਸਾਰ ਤਨਖਾਹ ਦਿੱਤੀ ਜਾਵੇਗੀ ਅਤੇ ਨੌਕਰੀ ਦਾ ਸਥਾਨ ਮੋਹਾਲੀ ਹੋਵੇਗਾ।

# ਸ਼ੋ ਕਾਜ ਨੋਟਿਸ ਰੱਦ ਕਰਨ ਲਈ ਭੇਜਿਆ ਮੰਗ ਪੱਤਰ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੀਕਾਸਟ ਸੂਚੀਆਂ ਪ੍ਰਭਾਵਿਤ ਅਧਿਆਪਕ ਫਰੰਟ ਦੇ ਦਿੱਤੇ ਸੱਦੇ ਤਹਿਤ ਜਿਲਾ ਹੁਸ਼ਿਆਰਪੁਰ ਦੇ ਅਧਿਆਪਕਾਂ ਵੱਲੋਂ ਇਕੱਤਰ ਹੋ ਕੇ ਡੀ ਸੀ ਰਾਹੀਂ ਮੁੱਖ ਮੰਤਰੀ ਪੰਜਾਬ ਤੇ ਸਿੱਖਿਆ ਮੰਤਰੀ ਪੰਜਾਬ ਨੂੰ ਮੰਗ ਪੱਤਰ ਭੇਜਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਸੂਬਾ ਆਗੂ ਬਲਕਾਰ ਸਿੰਘ ਮਘਾਣੀਆ ਅਤੇ ਨਰਿੰਦਰ ਕੌਰ ਨੇ ਦੱਸਿਆ ਕਿ ਵਿਭਾਗੀ /ਦਫ਼ਤਰੀ ਗਲਤੀਆਂ ਕਾਰਨ ਪੰਜਾਬ ਸਕੂਲ ਸਿੱਖਿਆ ਵਿਭਾਗ, ਪੰਜਾਬ ਅਧੀਨ ਪਿਛਲੇ ਸਮੇਂ ਵਿੱਚ ਹੋਈਆਂ ਵੱਖ - ਵੱਖ ਭਰਤੀਆਂ (4161 ਮਾਸਟਰ ਕਾਡਰ, 2392 ਮਾਸਟਰ ਕਾਡਰ, 6635 ਈਟੀਟੀ ਕਾਡਰ, 3704 ਮਾਸਟਰ ਕਾਡਰ) ਦੀਆਂ ਸਿਲੈਕਸ਼ਨ ਸੂਚੀਆਂ ਦਫ਼ਤਰੀ/ਵਿਭਾਗੀ ਗਲਤੀਆਂ ਕਾਰਨ ਵੱਖ - ਵੱਖ ਅਧਾਰ (ਈ ਡਬਲੂਯ ਐੱਸ ਦੀ ਰਿਜਰਵੇਸ਼ਨ ਵੰਡ ਸਹੀ ਨਾ ਹੋਣ ਕਰਕੇ ਜਾਂ ਉੱਤਰਕੁੰਜੀਆਂ ਰਿਵਾਇਜ ਹੋਣ ਕਰਕੇ ਆਦਿ) ਬਣਾ ਕੇ ਰੀਕਾਸਟ ਕੀਤੀਆਂ ਗਈਆਂ ਹਨ। ਜਿਸ ਦੇ ਤਹਿਤ ਲੰਮੇਂ ਸਮੇਂ ਤੋਂ ਆਪਣੇ-ਆਪਣੇ ਸਕੂਲਾਂ ਵਿੱਚ ਸੇਵਾਵਾਂ ਨਿਭਾਅ ਰਹੇ ਅਧਿਆਪਕਾਂ ਨੂੰ ਸਿਲੈਕਸ਼ਨ ਜੋਨ ਤੋਂ ਬਾਹਰ ਕਰ ਦਿੱਤਾ ਗਿਆ ਹੈ ਅਤੇ ਟਰਮੀਨੇਸ਼ਨ ਸੰਬੰਧੀ ਸ਼ੋਕਾਜ ਨੋਟਿਸ ਜਾਰੀ ਕੀਤੇ ਗਏ ਹਨ। ਮਧੂ ਬਾਲਾ ਅਤੇ ਨੀਲਮ ਰਾਜੂ ਨੇ ਮੰਗ ਕੀਤੀ ਕਿ ਟਰਮੀਨੇਸ਼ਨ ਸੰਬੰਧੀ ਭੇਜੇ ਸ਼ੋਕਾਜ ਨੋਟਿਸ ਤੁਰੰਤ ਵਾਪਿਸ ਲੈ ਕੇ ਇਹਨਾਂ ਅਧਿਆਪਕਾਂ ਦਾ ਭਵਿੱਖ ਪੂਰਨ ਰੂਪ ਵਿੱਚ ਸੁਰੱਖਿਅਤ ਕੀਤਾ ਜਾਵੇ। ਤੁਰੰਤ ਪਰਖਕਾਲ ਸਮਾਂ ਕਲੀਅਰ ਕਰਕੇ ਬਣਦੇ ਭੱਤੇ ਪੰਜਾਬ ਪੇਅ ਸਕੇਲ ਅਨੁਸਾਰ ਲਾਗੂ ਕੀਤੇ ਜਾਣ। ਨੋਟਿਸ ਨਾ ਰੱਦ ਹੋਣ 'ਤੇ 16 ਅਗਸਤ ਨੂੰ ਪੰਜਾਬ ਦੀਆ ਭਰਾਤਰੀ ਜਥੇਬੰਦੀਆ ਨਾਲ ਮਿਲ ਕੇ ਮੁੱਖ ਮੰਤਰੀ ਦੇ ਨਿਵਾਸ ਸਥਾਨ ਅੱਗੇ ਵਿਸ਼ਾਲ ਧਰਨਾ ਲਗਾਇਆ ਜਾਏਗਾ।ਇਸ ਮੌਕੇ ਡੈਮੋਕਰੇਟਿਕ ਟੀਚਰ ਫਰੰਟ ਵੱਲੋਂ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਡਾਨਸੀਵਾਲ, ਜ਼ਿਲ੍ਹਾ ਪ੍ਰੈਸ ਸਕੱਤਰ ਬਲਜੀਤ ਸਿੰਘ, ਡੀ ਟੀ ਐੱਫ ਆਗੂ ਪ੍ਰਵੀਨ ਕੁਮਾਰ ਅਤੇ 4161 ਮਾਸਟਰ ਕਾਡਰ ਅਧਿਆਪਕ ਯੂਨੀਅਨ ਵੱਲੋਂ ਸੂਬਾ ਪ੍ਰਧਾਨ ਸੰਦੀਪ ਸਿੰਘ ਗਿੱਲ, ਆਗੂ ਇਕਬਾਲ ਸਿੰਘ ਆਦਿ ਅਧਿਆਪਕ ਸਾਥੀ ਹਾਜ਼ਰ ਸਨ।

# ਕੈਂਸਰ ਤੋਂ ਬਚਾਉਂਦਾ ਹੈ ਐੱਚ ਪੀ ਵੀ ਟੀਕਾਕਰਨ : ਡਾ. ਸਿਮਰਦੀਪ ਕੌਰ




**ਫਗਵਾੜਾ (ਡਾ ਰਮਨ)**- ਮਹਿਲਾਵਾਂ ਵਿਚ ਹੋਣ ਵਾਲੇ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੋਂ ਬਚਾਅ ਲਈ ਸਰਕਾਰ ਵੱਲੋਂ ਸਾਰੇ ਸਰਕਾਰੀ ਸਿਹਤ ਕੇਂਦਰਾਂ ਤੇ ਐੱਚ ਪੀ ਵੀ ਟੀਕਾਕਰਨ ਮੁਫ਼ਤ ਕੀਤਾ ਜਾਂਦਾ ਹੈ। ਇਸ ਗੱਲ ਦਾ ਪ੍ਰਗਟਾਵਾ ਸਿਵਲ ਹਸਪਤਾਲ ਫਗਵਾੜਾ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ ਸਿਮਰਦੀਪ ਕੌਰ ਰਾਮਗੜ੍ਹੀਆ ਗਰਲਜ ਸੀਨੀਅਰ ਸੈਕੰਡਰੀ ਸਕੂਲ ਡਾਕਖਾਨਾ ਰੋਡ ਫਗਵਾੜਾ ਵਿੱਖੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕੀਤਾ ਉਨ੍ਹਾਂ ਐੱਚ ਪੀ ਵੀ ਟੀਕਾਕਰਨ ਮੁਹਿੰਮ ਦੇ ਸੰਬਧ 'ਚ ਜਾਣਕਾਰੀ ਦਿੰਦਿਆਂ ਦੱਸਿਆ ਕਿ 14 ਤੋਂ 15 ਸਾਲ ਦੀਆਂ ਕੁੜੀਆਂ ਦੇ ਉਕਤ ਵੈਕਸੀਨ ਸਾਰੇ ਸਰਕਾਰੀ ਸਿਹਤ ਕੇਂਦਰਾਂ ਤੇ ਮੁਫ਼ਤ ਲਗਾਈ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਐੱਚ ਪੀ ਵੀ ਟੀਕਾਕਰਨ ਮੁਹਿੰਮ ਦੇ ਤਹਿਤ 31ਅਗਸਤ ਤਕ ਰੋਜ਼ਾਨਾ ਸਾਰੇ ਸਰਕਾਰੀ ਸਿਹਤ ਕੇਂਦਰਾਂ ਵਿਖੇ 14 ਤੋਂ 15 ਸਾਲ ਤਕ ਦੀਆਂ ਕੁੜੀਆਂ ਨੂੰ ਮੁਫ਼ਤ ਟੀਕਾ ਲਗਾਇਆ ਜਾਂਦਾ ਹੈ। ਡਾ. ਸਿਮਰਦੀਪ ਕੌਰ ਨੇ ਇਹ ਵੀ ਦੱਸਿਆ ਕਿ ਉਕਤ ਟੀਕਾ ਲਗਾਉਣ ਨਾਲ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੋਂ ਕਾਫੀ ਹੱਦ ਤਕ ਬਚਿਆ ਜਾ ਸਕਦਾ ਹੈ ਇਸ ਮੌਕੇ ਰਾਮਗੜ੍ਹੀਆ ਗਰਲਜ ਸੀਨੀਅਰ ਸੈਕੰਡਰੀ ਸਕੂਲ ਪ੍ਰਿੰਸੀਪਲ ਸਵਿਤਾ ਹਾਂਡਾ ਨੇ ਸਿਹਤ ਵਿਭਾਗ ਦੀ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਮੈਡਮ ਹਰਵਿੰਦਰ ਕੌਰ ਅਰਵਿੰਦ ਕੌਰ, ਰਾਜਿੰਦਰ ਕੌਰ, ਇੰਦਰਜੀਤ ਕੌਰ ਆਦਿ ਹਾਜ਼ਰ ਸਨ।

# ਪਹਿਲਵਾਨ ਨਿਰਮਲ ਸਿੰਘ ਆਸਫਪੁਰ ਸਨਮਾਨਤ



**ਦਸੂਹਾ (ਕਰਨੈਲ ਮਾਂਗਟ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਨਮੂਲੀ ਦਾਤਾਰਪੁਰ ਵਿਖੇ ਕਰਵਾਏ ਗਏ ਪਹਿਲੇ ਮਹਾਨ ਸੰਤ ਸਮਾਗਮ , ਜਿਸ ਵਿੱਚ ਵਿਸ਼ੇਸ਼ ਤੌਰ ਤੇ ਡੇਰਾ ਸੱਚਖੰਡ ਬੱਲਾਂ ਦੇ ਗੱਦੀਨਸ਼ੀਨ ਸੰਤ ਨਿਰੰਜਨ ਦਾਸ ਮਹਾਰਾਜ ਜੀ ਸ਼ਾਮਿਲ ਹੋਏ । ਇਸ ਮੌਕੇ ਤੇ ਪ੍ਰਬੰਧਕਾਂ ਵੱਲੋਂ ਅੰਤਰਰਾਸ਼ਟਰੀ ਪਹਿਲਵਾਨ ਨਿਰਮਲ ਸਿੰਘ ਆਸਫਪੁਰ ਅਤੇ ਹੋਰ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਅੰਤਰਰਾਸ਼ਟਰੀ ਪਹਿਲਵਾਨ ਨਿਰਮਲ ਸਿੰਘ ਨੇ ਕਿਹਾ ਕਿ ਉਨਾਂ ਨੇ ਮੌਕੇ ਤੇ ਕੀਰਤਨ ਸਰਵਣ ਕੀਤਾ ਅਤੇ ਸੰਗਤਾਂ ਨੂੰ ਸੰਤ ਮਹਾਂਪੁਰਸ਼ਾਂ ਨੇ ਬਾਣੀ ਨਾਲ ਜੋੜਿਆ।

# ਮੈਨੀਫੈਸਟੋ 'ਚ ਦਰਜ ਹੋਵੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਗੱਲ



**ਫਗਵਾੜਾ (ਡਾ. ਰਮਨ)**- ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਕਪੂਰਥਲਾ ਜਨਰਲ ਸਕੱਤਰ ਅਤੇ ਜੈ ਭੀਮ ਕਾਰਪੋਰੇਸ਼ਨ ਕਰਮਚਾਰੀ ਯੂਨੀਅਨ, ਪੰਜਾਬ ਦੇ ਚੇਅਰਮੈਨ ਤੁਲਸੀ ਰਾਮ ਖੋਸਲਾ ਨੇ ਕਾਂਗਰਸ ਪਾਰਟੀ ਦੇ ਸਾਬਕਾ ਕੌਮੀ ਪ੍ਰਧਾਨ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਪੰਜਾਬ ਅਤੇ ਉੱਤਰ ਪ੍ਰਦੇਸ਼ ਵਿੱਚ ਅਗਲੇ ਸਾਲ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਪਾਰਟੀ ਦੇ ਚੋਣ ਮੈਨੀਫੈਸਟੋ ਵਿੱਚ ਇਸ ਗੱਲ ਨੂੰ ਪ੍ਰਮੁੱਖਤਾ ਨਾਲ ਦਰਜ ਕੀਤਾ ਜਾਵੇ ਕਿ ਦੋਵੇਂ ਸੂਬਿਆਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨ 'ਤੇ ਕਾਰਪੋਰੇਸ਼ਨਾਂ ਦੇ ਸਾਰੇ ਕੱਚੇ ਮੁਲਾਜ਼ਮਾਂ ਨੂੰ ਤਿੰਨ ਮਹੀਨਿਆਂ ਦੇ ਅੰਦਰ ਪੱਕਾ ਕੀਤਾ ਜਾਵੇਗਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਵੀ ਅਜਿਹੇ ਮੁਲਾਜ਼ਮਾਂ ਨੂੰ ਆਰਮੀ ਦੀ ਤਰਜ਼ 'ਤੇ ਸਹੂਲਤਾਂ ਦੇਣ ਦੀ ਗੱਲ ਕਹੀ ਗਈ ਸੀ, ਪਰ ਕੇਂਦਰ ਸਰਕਾਰ ਵੱਲੋਂ ਵੀ ਕਾਰਪੋਰੇਸ਼ਨਾਂ ਦੇ ਦਰਜਾ ਚਾਰ ਕਰਮਚਾਰੀਆਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਗਏ। ਖੋਸਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣੇ ਮੈਨੀਫੈਸਟੋ ਵਿੱਚ ਕਾਰਪੋਰੇਸ਼ਨ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਸਪੱਸ਼ਟ ਅਤੇ ਸਮਾਂਬੱਧ ਵਾਅਦਾ ਕਰਨਾ ਚਾਹੀਦਾ ਹੈ। ਉਨ੍ਹਾਂ ਅਪੀਲ ਕੀਤੀ ਕਿ ਸਰਕਾਰ ਬਣਨ ਦੇ ਪਹਿਲੇ ਤਿੰਨ ਮਹੀਨਿਆਂ ਦੇ ਅੰਦਰ ਯੋਗਤਾ ਅਤੇ ਨਿਯਮਾਂ ਅਨੁਸਾਰ ਕਾਰਪੋਰੇਸ਼ਨਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਚੋਣ ਮਨੋਰਥ ਪੱਤਰ ਵਿੱਚ ਪ੍ਰਮੁੱਖਤਾ ਦੇ ਨਾਲ ਜਿਕਰ ਕੀਤਾ ਜਾਵੇ। ਉਨ੍ਹਾਂ ਰਾਹੁਲ ਗਾਂਧੀ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਨੂੰ ਪਾਰਟੀ ਪੱਧਰ 'ਤੇ ਗੰਭੀਰਤਾ ਨਾਲ ਵਿਚਾਰਦੇ ਹੋਏ ਪੰਜਾਬ ਅਤੇ ਉੱਤਰ ਪ੍ਰਦੇਸ਼ ਦੇ ਕਾਰਪੋਰੇਸ਼ਨ ਕਰਮਚਾਰੀਆਂ ਦੇ ਹੱਕ ਵਿੱਚ ਠੋਸ ਫੈਸਲਾ ਲੈਣ।

# ਜਸਕਰਨ ਸਿੰਘ ਨੂੰ ਆਜ਼ਾਦੀ ਦਿਵਸ ਸਮਾਰੋਹ 'ਤੇ ਵਿਸ਼ੇਸ਼ ਮਹਿਮਾਨ ਵਜੋਂ ਸੱਦਾ





**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਵਿਦਿਅਕ, ਖੇਡਾਂ ਦੇ ਨਾਲ-ਨਾਲ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਰਾਹੀਂ ਆਪਣੇ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਲਈ ਕੋਈ ਕਸਰ ਨਹੀਂ ਛੱਡਦਾ। ਇਸ ਨੂੰ ਬਰਕਰਾਰ ਰੱਖਦੇ ਹੋਏ ਕਾਲਜ ਦੇ ਮਾਈ ਭਾਰਤ ਐੱਨ ਐੱਸ ਐੱਸ ਵਲੰਟੀਅਰ ਜਸਕਰਨ ਸਿੰਘ ਨੂੰ ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਨੇ ਲਾਲ ਕਿਲ੍ਹੇ, ਨਵੀਂ ਦਿੱਲੀ ਵਿਖੇ 2026 ਦੇ ਆਜ਼ਾਦੀ ਦਿਵਸ ਸਮਾਰੋਹ ਦੇਖਣ ਲਈ ਵਿਸ਼ੇਸ਼ ਮਹਿਮਾਨ ਵਜੋਂ ਸੱਦਾ ਦਿੱਤਾ ਹੈ। ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਵਲੰਟੀਅਰ ਜਸਕਰਨ ਸਿੰਘ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਖ਼ਤ ਮਿਹਨਤ ਨੂੰ ਹਮੇਸ਼ਾ ਸਹੀ ਸਮੇਂ 'ਤੇ ਮਾਨਤਾ ਦਿੱਤੀ ਜਾਂਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਵਲੰਟੀਅਰ ਦੇ ਸਮਰਪਣ, ਲਗਨ ਅਤੇ ਬੇਮਿਸਾਲ ਸਮਾਜਿਕ ਕਾਰਜ ਅਤੇ ਉਨ੍ਹਾਂ ਦੇ ਪ੍ਰੋਗਰਾਮ ਅਧਿਕਾਰੀਆਂ ਦੇ ਮਾਰਗਦਰਸ਼ਨ ਦਾ ਨਤੀਜਾ ਸੀ ਕਿ ਮੰਤਰਾਲੇ ਨੇ ਉਨ੍ਹਾਂ ਨੂੰ ਇਸ ਵੱਡੇ ਮੌਕੇ ਲਈ ਚੁਣਿਆ ਹੈ। ਐੱਨ ਐੱਸ ਐੱਸ ਦੇ ਮੁੱਖ ਪ੍ਰੋਗਰਾਮ ਅਫਸਰ ਪ੍ਰੋ. ਸਤਪਾਲ ਸਿੰਘ ਨੇ ਕਿਹਾ ਕਿ ਜਸਕਰਨ ਸਿੰਘ ਇੱਕ ਉਦਾਹਰਣ ਹੈ ਕਿ ਜੇਕਰ ਕੋਈ ਆਪਣਾ ਸਮਾਂ ਸਮਾਜ ਅਤੇ ਸਮਾਜਿਕ ਕੰਮਾਂ ਲਈ ਸਮਰਪਿਤ ਕਰਦਾ ਹੈ ਤਾਂ ਉਸ ਨੂੰ ਰਾਜ ਜਾਂ ਰਾਸ਼ਟਰੀ ਪੱਧਰ 'ਤੇ ਮਾਨਤਾ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸਨਮਾਨ ਸਮਾਰੋਹ ਦੌਰਾਨ ਜ਼ਿਲ੍ਹਾ ਪੱਧਰੀ ਨਸ਼ਾ ਮੁਕਤ ਭਾਰਤ ਅਭਿਆਨ ਨਾਲ ਸਬੰਧਤ ਸਮਾਗਮਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਹੋਰ ਐੱਨ ਐੱਸ ਐੱਸ ਵਲੰਟੀਅਰਾਂ ਨੂੰ ਵੀ ਸਨਮਾਨਤ ਕੀਤਾ ਗਿਆ। ਜਸਮੀਤ ਕੌਰ ਨੇ ਕਵਿਤਾ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਬਲਪ੍ਰੀਤ ਕੌਰ ਅਤੇ ਵੰਸ਼ਿਕਾ ਨੇ ਭਾਸ਼ਣ ਪ੍ਰਤੀਯੋਗਤਾ ਵਿਚ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ, ਐਨ.ਐਸ.ਐਸ. ਵਲੰਟੀਅਰ ਪ੍ਰਣਵ ਧਮੀਜਾ, ਧਰੁਵ ਆਨੰਦ, ਸੌਰਭ ਕੁਮਾਰ, ਦੀਪਕ ਕੁਮਾਰ ਅਤੇ ਅਨਮੋਲ ਨੇ ਪੰਜਾਬ ਸਰਕਾਰ ਦੇ ਯੁਵਾ ਮਾਮਲਿਆਂ ਦੇ ਵਿਭਾਗ ਦੁਆਰਾ ਚੰਡੀਗੜ੍ਹ ਵਿਖੇ ਆਯੋਜਿਤ 4 ਦਿਨਾਂ ਰਿਹਾਇਸ਼ੀ ਰਾਜ ਪੱਧਰੀ ਯੁਵਾ ਵਿਕਾਸ ਵਰਕਸ਼ਾਪ ਨੂੰ ਸਫਲਤਾ ਪੂਰਵਕ ਪੂਰਾ ਕੀਤਾ।

# ਪੀ ਸੀ ਬੀ ਟੀ ਵਿਖੇ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ




**ਫਗਵਾੜਾ (ਡਾ ਰਮਨ)**- ਪਿਰਾਮਿਡ ਕਾਲਜ ਆਫ਼ ਬਿਜ਼ਨਸ ਐਂਡ ਟੈਕਨੋਲੋਜੀ (ਪੀ ਸੀ ਬੀ ਟੀ) ਫਗਵਾੜਾ ਵੱਲੋਂ ਸੰਸਥਾ, ਪ੍ਰਬੰਧਕ ਕਮੇਟੀ, ਅਧਿਆਪਕਾਂ, ਕਰਮਚਾਰੀਆਂ ਅਤੇ ਵਿਦਿਆਰਥੀਆਂ ਦੀ ਖੁਸ਼ਹਾਲੀ, ਏਕਤਾ ਅਤੇ ਨਿਰੰਤਰ ਉੱਨਤੀ ਲਈ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਪਰਮਾਤਮਾ ਵਾਹਿਗੁਰੂ ਜੀ ਦੀ ਅਪਾਰ ਬਖ਼ਸ਼ਿਸ਼ ਪ੍ਰਾਪਤ ਕਰਨ ਦੇ ਉਦੇਸ਼ ਨਾਲ ਪਾਵਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਆਯੋਜਨ ਕੀਤਾ ਗਿਆ।ਇਹ ਧਾਰਮਿਕ ਸਮਾਗਮ ਕਾਲਜ ਕੈਂਪਸ ਵਿੱਚ ਸ਼ਾਂਤਮਈ, ਆਧਿਆਤਮਿਕ ਅਤੇ ਭਗਤੀਮਈ ਮਾਹੌਲ ਵਿੱਚ ਆਯੋਜਿਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਗੁਰਬਾਣੀ ਦੇ ਮਿੱਠੇ ਉਚਾਰਨ ਨਾਲ ਹੋਈ, ਜਿਸ ਤੋਂ ਬਾਅਦ ਰਸਭਿੰਨੇ ਕੀਰਤਨ ਨੇ ਸਮੂਹ ਵਾਤਾਵਰਣ ਨੂੰ ਆਤਮਿਕ ਸ਼ਾਂਤੀ ਅਤੇ ਅਨੰਦ ਨਾਲ ਭਰ ਦਿੱਤਾ। ਇਸ ਪਾਵਨ ਸਮਾਗਮ ਵਿੱਚ ਕਾਲਜ ਦੀ ਪ੍ਰਬੰਧਕ ਕਮੇਟੀ, ਅਧਿਆਪਕ, ਪ੍ਰਸ਼ਾਸਨਿਕ ਸਟਾਫ਼, ਵਿਦਿਆਰਥੀਆਂ ਅਤੇ ਵਿਸ਼ੇਸ਼ ਮਹਿਮਾਨਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਅਤੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਪ੍ਰਬੰਧਕ ਕਮੇਟੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਆਧਿਆਤਮਿਕ ਅਤੇ ਨੈਤਿਕ ਕਦਰਾਂ-ਕੀਮਤਾਂ ਜ਼ਿੰਮੇਵਾਰ ਨਾਗਰਿਕਾਂ ਦੀ ਸਿਰਜਣਾ ਅਤੇ ਸਕਾਰਾਤਮਕ ਸਿੱਖਿਆਕ ਮਾਹੌਲ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਸਮਾਗਮ ਦਾ ਸਮਾਪਨ ਅਰਦਾਸ ਨਾਲ ਹੋਇਆ, ਜਿਸ ਦੌਰਾਨ ਪੀਸੀਬੀਟੀ ਦੀ ਨਿਰੰਤਰ ਤਰੱਕੀ, ਖੁਸ਼ਹਾਲੀ ਅਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ। ਇਸ ਤੋਂ ਬਾਅਦ ਸਮੂਹ ਸੰਗਤ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ, ਜੋ ਸਮਾਨਤਾ, ਏਕਤਾ, ਨਿਮਰਤਾ ਅਤੇ ਨਿਸ਼ਕਾਮ ਸੇਵਾ ਦੀ ਭਾਵਨਾ ਦਾ ਪ੍ਰਤੀਕ ਹੈ।

# ਸੁਖਵਿੰਦਰ ਕੌਰ ਸਾਥੀਆਂ ਸਮੇਤ 'ਆਪ' 'ਚ ਸ਼ਾਮਲ




**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਕੋਟਲੀ ਅਰਾਈਆਂ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ ਜਦੋਂ ਸੁਖਵਿੰਦਰ ਕੌਰ ਅਤੇ ਪਿੰਡ ਦੀ ਪੰਚਾਇਤ ਸਮੇਤ ਕਾਂਗਰਸ ਨਾਲ ਜੁੜੇ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਕਾਂਗਰਸ ਨੂੰ ਛੱਡ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਇਸ ਮੌਕੇ ਸਰਪੰਚ ਮਨਜੀਤ ਕੌਰ, ਰਾਮ ਚੰਦ, ਮੁਖਤਿਆਰ ਸਿੰਘ, ਸ਼ਾਦੀ ਲਾਲ ਪੰਚ, ਸੋਹਣ ਲਾਲ ਪੰਚ, ਪਰਮਜੀਤ ਕੌਰ ਪੰਚ ਸਮੇਤ ਹੋਰ ਸਾਥੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਸ. ਹਰਕੀਤ ਸਿੰਘ ਨਿੱਝਰ, ਹਲਕਾ ਕੋਆਡੀਨੇਟਰ ਕਿਸਾਨ ਵਿੰਗ, ਤੇ ਲਖਵੀਰ ਸਿੰਘ ਹਜ਼ਾਰਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਕਿਸਾਨ ਵਿੰਗ ਬਲਾਕ ਪ੍ਰਧਾਨ ਲਖਵੀਰ ਸਿੰਘ ਸਾਰੋਬਾਦ, ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਨੇ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਪਿੰਡਾਂ ਵਿੱਚ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਪਾਰਟੀ ਨਾਲ ਜੁੜ ਰਹੇ ਹਨ। ਪਾਰਟੀ ਆਗੂਆਂ ਵੱਲੋਂ ਨਵੇਂ ਸਾਥੀਆਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿੱਤਾ ਗਿਆ ਅਤੇ ਆਉਣ ਵਾਲੇ ਸਮੇਂ ਵਿੱਚ ਪਿੰਡ ਦੇ ਵਿਕਾਸ ਲਈ ਮਿਲਜੁਲ ਕੇ ਕੰਮ ਕਰਨ ਦਾ ਸੱਦਾ ਦਿੱਤਾ ਗਿਆ।

# ਭਗਵੰਤ ਮਾਨ ਸਰਕਾਰ ਵੱਲੋਂ ਹਰ ਵਾਅਦਾ ਪੂਰਾ ਕੀਤਾ : ਸ਼ਾਵਰ



**ਅੱਡਾ ਸਰਾਂ (ਜਸਵੀਰ ਕਾਜਲ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਤੋਂ ਪੰਜਾਬ ਵਾਸੀ ਖੁਸ਼ ਅਤੇ ਸੂਬੇ ਦੇ ਲੋਕਾ ਨਾਲ ਕੀਤਾ ਹਰ ਵਾਆਦਾ ਪੂਰਾ ਕੀਤਾ ਗਿਆ। ਇਨ੍ਹਾ ਸ਼ਬਦਾਂ ਦਾ ਪ੍ਰਗਟਾਵਾ, ਸੁੱਖਵਿਦਰਜੀਤ ਸਿੰਘ ਸ਼ਾਵਰ ਚੈਅਰਮੈਨ ਬਲਾਕ ਸੰਮਤੀ ਟਾਡਾਂ ਨੇ ਪਿੰਡ ਕੰਧਾਲਾ ਜੱਟਾ ਸੋਸਾਇਟੀ ਵਿਖੇ ਰਾਸ਼ਨ ਕਿੱਟਾਂ ਵੰਡਣ ਮੌਕੇ ਕੀਤਾ।ਉਨ੍ਹਾ ਕਿਹਾ ਸਿਹਤ ਦੇ ਖੇਤਰ ਵਿੱਚ ਸੂਬੇ ਦੇ ਲੋਕਾਂ ਨੂੰ ਦਸ ਲੱਖ ਰੁਪਏ ਤੱਕ ਦਾ ਮੁਫਤ ਇਲਾਜ ਮੁਹੱਈਆ ਕੀਤਾ ਗਿਆ ਅਤੇ ਮਾਵਾਂ ਧੀਆਂ ਸਤਕਾਰ ਯੋਜਾਨਾ ਦੇ ਤਹਿਤ ਹਰ ਵਰਗ ਦੀਆਂ ਅਰੋਤਾ ਨੂੰ ਮਹੀਨਾਵਾਰ ਸਨਮਾਨ ਰਾਸ਼ੀ ਦੇ ਕੇ ਭਗਵੰਤ ਮਾਨ ਨੇ ਸੂਬੇ ਵਿਚ ਇਤਹਾਸ ਦਰਜ ਕੀਤਾ ਹੈ। ਸੂਬੇ ਦੇ ਲੋਕ ਭਗਵੰਤ ਮਾਨ ਸਰਕਾਰ ਤੋਂ ਬਹੁਤ ਖੁਸ਼ ਹਨ। ਇਸ ਮੌਕੇ ਚੈਅਰਮੈਨ ਸ਼ਾਵਰ ਨੇ ਤਿੰਨ ਸੌ ਅੱਸੀ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ। ਇਸ ਮੌਕੇ ਪਵਨਦੀਪ ਕੌਰ ਸੰਮਤੀ ਮੈਬਰ, ਸਰਪੰਚ ਹਰਪ੍ਰੀਤ ਕੌਰ, ਸੁਚਾ ਸਿੰਘ ਪੰਚ, ਤਰਸੇਮ ਪੰਚ, ਬਲਦੇਲ ਸਿੰਘ ਪੰਚ, ਰਾਜ ਰਾਣੀ ਪੰਚ, ਦਰਸ਼ਨ ਕੌਰ ਪੰਚ ਮਨਦੀਪ ਸਿੰਘ ਮੰਨਾ, ਜਥੇਦਾਰ ਅਵਤਾਰ ਸਿੰਘ ਤਾਰੀ, ਅੰਮ੍ਰਿਤਪਾਲ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਬਾ ਬਿਸਨ ਸਿੰਘ, ਕੈਪਟਨ ਸੁਰਿੰਦਰ ਸਿੰਘ, ਮਨਜੀਤ ਸਿੰਘ, ਸੈਕਟਰੀ ਰੂਪ ਲਾਲ, ਸੁਸਾਇਟੀ ਪ੍ਰਧਾਨ ਮਹਿਦਰ ਸਿੰਘ ਧਾਲੀਵਾਲ, ਗੁਰਵਿੰਦਰ ਸਿੰਘ ਕੰਧਾਲਾ ਜੱਟਾ, ਨਵਪ੍ਰੀਤ ਸਿੰਘ, ਮਨਜੀਤ ਸਿੰਘ, ਕਰਮਜੀਤ ਸਿੰਘ, ਮਨਜੀਤ ਕੌਰ ਆਦਿ ਪਿੰਡ ਵਾਸੀ ਹਾਜ਼ਰ ਸਨ।

# ਵੈੱਲਫੇਅਰ ਸੋਸਾਇਟੀ ਨੇ ਲੋੜਵੰਦ ਵਿਧਵਾ ਦੀ ਕੀਤੀ ਵਿੱਤੀ ਸਹਾਇਤਾ



**ਚੰਡੀਗੜ੍ਹ (ਸੁਰਜੀਤ ਸੁਮਨ)**- ਪਰਮ ਸੇਵਾ ਵੈੱਲਫੇਅਰ ਸੋਸਾਇਟੀ ਦੇ ਸਰਗਰਮ ਮੈਂਬਰ ਚੰਦਰ ਕਾਂਤਾ ਵੱਲੋਂ ਧਿਆਨ ਵਿੱਚ ਲਿਆਉਣ 'ਤੇ ਅਸ਼ਰਫੀ ਵਿਧਵਾ ਰਵੀ ਸ਼ਰਮਾ, ਵਾਸੀ ਡੱਡੂ ਮਾਜਰਾ, ਚੰਡੀਗੜ੍ਹ, ਜਿਸ ਦੇ ਵਿੱਤੀ ਹਾਲਾਤ ਬਹੁਤੇ ਸੁਖਾਵੇਂ ਨਹੀਂ ਹਨ, ਦੀ ਵਿੱਤੀ ਸਹਾਇਤਾ ਕੀਤੀ ਗਈ। ਇਹ ਵਿੱਤੀ ਸਹਾਇਤਾ ਸੋਸਾਇਟੀ ਦੇ ਪ੍ਰਧਾਨ ਸੋਮ ਨਾਥ ਭੱਟ, ਬਲਜਿੰਦਰ ਸਿੰਘ ਅਤੇ ਚੰਦਰ ਕਾਂਤਾ ਵੱਲੋਂ ਮੌਕੇ 'ਤੇ ਜਾ ਕੇ ਕੀਤੀ ਗਈ। ਸੋਸਾਇਟੀ ਦੇ ਪ੍ਰਧਾਨ ਸੋਮ ਨਾਥ ਭੱਟ ਅਤੇ ਜਨਰਲ ਸਕੱਤਰ ਸੁਰਜੀਤ ਸੁਮਨ ਵੱਲੋਂ ਦੱਸਿਆ ਗਿਆ ਕਿ ਸੋਸਾਇਟੀ ਦੇ ਸਰਗਰਮ ਮੈਂਬਰਾਂ, ਜਿਨ੍ਹਾਂ ਵਿੱਚ ਡਾ. ਸੰਤ ਸੁਰਿੰਦਰ ਪਾਲ ਸਿੰਘ, ਸੁਰਜੀਤ ਮੰਡ, ਨਿਰਮਲ ਸਿੰਘ, ਮਾਸਟਰ ਲਛਮਣ ਸਿੰਘ, ਮਾਸਟਰ ਰਵਿੰਦਰ, ਸੁਰਿੰਦਰ ਸਿੰਘ-ਐਲ.ਆਈ.ਸੀ., ਸੁਨੀਲ ਸ਼ਰਮਾ, ਸਮਰੱਥ ਸਿੰਘ, ਹਰਬੰਸ ਸਿੰਘ, ਗੁਰਸ਼ਰਨਜੀਤ ਸਿੰਘ, ਸੁਦੇਸ਼ ਗੌਤਮ, ਬਲਵੰਤ ਸਿੰਘ, ਜਸਵੀਰ ਸਿੰਘ, ਮਦਨ ਲਾਲ ਸ਼ਰਮਾ, ਵਿਨੋਦ ਮਹਾਜਨ, ਰਮੇਸ਼ ਚੰਦਰ ਭੱਲਾ, ਚਰਨਜੀਤ ਸਿੰਘ, ਸਤੀਸ਼ ਕੁਮਾਰ, ਅਨਿਲ ਕੁਮਾਰ, ਰਾਕੇਸ਼ ਕੁਮਾਰ, ਰਵਿੰਦਰ ਕੌਸ਼ਲ, ਨਰੇਸ਼ ਕੁਮਾਰ, ਕਰਨਵੀਰ ਸਿੰਘ, ਲਖਵੀਰ ਸਿੰਘ, ਅਰਮਾਨ ਸਿੰਘ, ਗੁਰਸ਼ਰਨ ਸਿੰਘ, ਸੁਰਿੰਦਰਪਾਲ ਸਿੰਘ, ਪੰਕਜ ਪ੍ਰਧਾਨ, ਧਰਮਪਾਲ ਸ਼ਰਮਾ ਅਤੇ ਸੋਸਾਇਟੀ ਦੀਆਂ ਸਰਗਰਮ ਔਰਤ ਮੈਂਬਰਜ਼ ਪ੍ਰਿੰ. ਕੁਲਦੀਪ ਕੌਰ, ਪ੍ਰਵੀਨ ਭੱਟ, ਮਧੂ ਅੰਬਾਲ਼ਾ, ਆਰਤੀ ਸਹਿਗਲ, ਸੁਚਿਤਾ ਤਿਵਾੜੀ, ਮਿਨਾਕਸ਼ੀ ਕੌਸ਼ਲ, ਵਨੀਤਾ ਪੰਚਕੂਲਾ, ਸੁਨੀਤਾ ਗੌਤਮ, ਕਮਲੇਸ਼ ਕਾਲਕਾ, ਮਮਤਾ, ਅੰਜੂ ਛਾਬੜਾ, ਮਮਤਾ ਗੌਤਮ, ਨਲਿਨੀ ਬੰਗਾ, ਰਾਜ ਕੁਮਾਰੀ, ਸੁਖਵੰਤ ਕੌਰ ਆਦਿ ਸ਼ਾਮਿਲ ਹਨ। ਇਸ ਨੇਕ ਕਾਰਜ ਹਿੱਤ ਸੋਸਾਇਟੀ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿੰਦੇ ਹਨ।

# ਗਿਲਜੀਆਂ ਨੇ ਪਿੰਡ ਵਾਸੀਆਂ ਨੂੰ ਕਾਂਗਰਸ ਨਾਲ ਜੁੜਨ ਲਈ ਕੀਤਾ ਲਾਮਬੰਦ



**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਝਾਂਵਾ ਵਿਖੇ ਕਾਂਗਰਸ ਪਾਰਟੀ ਦੀ ਇੱਕ ਭਰਵੀਂ ਮੀਟਿੰਗ ਜਤਿੰਦਰ ਸਿੰਘ ਝਾਵਰ ਦੀ ਅਗਵਾਈ ਹੇਠ ਕਰਵਾਈ ਗਈ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਅਤੇ ਕਾਂਗਰਸ ਪਾਰਟੀ ਦੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਸਥਾਨਕ ਅਤੇ ਸੂਬਾਈ ਪੱਧਰ ਦੇ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਦਿਆਂ ਕਾਂਗਰਸ ਪਾਰਟੀ ਦੀ ਲੋਕ ਹਿਤੈਸ਼ੀ ਵਿਚਾਰਧਾਰਾ ਨਾਲ ਜੁੜਨ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਲਾਮਬੰਦ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਕੇਂਦਰ ਸਰਕਾਰ 'ਤੇ ਕਿਸਾਨਾਂ ਅਤੇ ਕਿਰਤੀਆਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਨ ਦੇ ਦੋਸ਼ ਲਗਾਏ। ਉਨ੍ਹਾਂ ਕਿਹਾ ਕਿ ਕਿਸਾਨ ਆਪਣੇ ਹੱਕਾਂ ਲਈ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਢੁਕਵਾਂ ਹੱਲ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਮੰਗਾਂ ਨੂੰ ਅੱਖੋਂ-ਪਰੋਖੇ ਕਰਨ ਦੀ ਬਜਾਏ ਸਰਕਾਰ ਨੂੰ ਉਨ੍ਹਾਂ ਨਾਲ ਗੱਲਬਾਤ ਕਰਕੇ ਮਸਲਿਆਂ ਦਾ ਸਥਾਈ ਹੱਲ ਕੱਢਣਾ ਚਾਹੀਦਾ ਹੈ। ਗਿਲਜੀਆਂ ਨੇ ਖਾਸ ਤੌਰ 'ਤੇ ਗੰਨੇ ਦੀ ਫ਼ਸਲ ਦੀ ਅਦਾਇਗੀ ਦੇ ਮਾਮਲੇ ਨੂੰ ਉਠਾਉਂਦਿਆਂ ਕਿਹਾ ਕਿ ਕਿਸਾਨਾਂ ਵੱਲੋਂ ਆਪਣੀ ਫ਼ਸਲ ਵੇਚਣ ਤੋਂ ਬਾਅਦ ਵੀ ਉਨ੍ਹਾਂ ਨੂੰ ਬਣਦੀ ਰਕਮ ਲੈਣ ਲਈ ਲੰਬਾ ਇੰਤਜ਼ਾਰ ਕਰਨਾ ਪੈ ਰਿਹਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀਆਂ ਜਾਇਜ਼ ਮੰਗਾਂ 'ਤੇ ਤੁਰੰਤ ਧਿਆਨ ਦਿੱਤਾ ਜਾਵੇ ਅਤੇ ਉਨ੍ਹਾਂ ਦੇ ਬਕਾਏ ਦੀ ਅਦਾਇਗੀ ਯਕੀਨੀ ਬਣਾਈ ਜਾਵੇ।ਇਸ ਮੌਕੇ ਦਵਿੰਦਰਜੀਤ ਸਿੰਘ ਬੁੱਢੀ ਪਿੰਡ, ਜਤਿੰਦਰਪਾਲ ਸਿੰਘ ਝਾਵਰ, ਨੰਬਰਦਾਰ ਅਵਤਾਰ ਸਿੰਘ, ਟਹਿਲ ਸਿੰਘ, ਸੰਦੀਪ ਸਿੰਘ, ਮਨਦੀਪ ਸਿੰਘ, ਪਰਮਜੀਤ ਸਿੰਘ, ਕਰਨੈਲ ਸਿੰਘ, ਪ੍ਰਗਟ ਸਿੰਘ ਸਾਬਕਾ ਸਰਪੰਚ ਹਰਭਜਨ ਸਿੰਘ, ਸਰਪੰਚ ਕੰਧਾਲਾ ਸ਼ੇਖ਼ਾਂ ਤਰਨਪ੍ਰੀਤ ਸਿੰਘ, ਸਰਪੰਚ ਸਰਬਜੀਤ ਸਿੰਘ, ਦਲਜੀਤ ਸਿੰਘ, ਦਵਿੰਦਰ ਸਿੰਘ, ਤਜਿੰਦਰ ਸਿੰਘ, ਗੁਰਦੀਪ ਸਿੰਘ ਪਟਵਾਰੀ, ਜਸਵੰਤ ਸਿੰਘ, ਨਿਰਮਲ ਸਿੰਘ , ਕੁਲਵਿੰਦਰ ਸਿੰਘ, ਮਲਕੀਤ ਸਿੰਘ, ਸਤਨਾਮ ਸਿੰਘ, ਸੋਹਣ ਸਿੰਘ, ਮਾਸਟਰ ਸੁਭਾਸ਼ ਚੰਦਰ ਸ਼ਰਮਾ, ਡਾ. ਖੁਸ਼ੀ ਮੁਹੰਮਦ, ਉਜਾਗਰ ਸਿੰਘ, ਇੰਦਰਜੀਤ ਸਿੰਘ, ਬਿੱਟੂ, ਬਲਦੇਵ ਸਿੰਘ, ਬੱਲੋ, ਵਿੱਕੀ, ਦੇਸ ਰਾਜ, ਮੋਹਨ ਲਾਲ, ਮਾਸਟਰ ਹਰਬੰਸ ਸਿੰਘ ਆਦਿ ਮੌਜੂਦ ਸਨ ।

# ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਸੁਰੱਖਿਆ ਦੇ ਪੁਖਤਾ ਪ੍ਰਬੰਧ

**ਕਪੂਰਥਲਾ (ਮਨਜੀਤ ਮਾਨ)**- ਕਪੂਰਥਲਾ ਦੇ ਐਸ ਐਸ ਪੀ ਸ੍ਰੀ ਗੌਰਵ ਤੂਰਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਬ ਡਵੀਜ਼ਨ ਕਪੂਰਥਲਾ ਦੇ ਡੀ ਐਸ ਪੀ ਡਾਕਟਰ ਸ੍ਰੀ ਸ਼ੀਤਲ ਸਿੰਘ ਦੀ ਰਹਿਨੁਮਾਈ ਹੇਠ ਥਾਣਾ ਸਦਰ ਕਪੂਰਥਲਾ ਦੇ ਮੁਖੀ ਐਸ ਐਚ ਓ ਸ੍ਰ ਮੇਜ਼ਰ ਸਿੰਘ ਦੀ ਅਗਵਾਈ ਹੇਠ ਅਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਜਿਸ ਦੇ ਤਹਿਤ ਕਸਬਾ ਕਾਲਾ ਸੰਘਿਆਂ ਤੇ ਆਸ ਪਾਸ ਦੇ ਪਿੰਡਾਂ ਵਿੱਚ ਅੱਧੀ ਰਾਤ ਨੂੰ ਐਸ ਐਚ ਓ ਮੇਜਰ ਸਿੰਘ ਵੱਲੋਂ ਆਪਣੀ ਪੁਲਿਸ ਪਾਰਟੀ ਸਮੇਤ ਆਉਣ ਜਾਣ ਵਾਲੇ ਵਾਹਨਾਂ ਦੀ ਸਖ਼ਤੀ ਨਾਲ ਚੈਕਿੰਗ ਕੀਤੀ ਗਈ। ਇਸ ਮੌਕੇ ਐਸ ਐਚ ਓ ਮੇਜਰ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਸੁਰੱਖਿਆ ਨੂੰ ਲੈ ਕੇ ਕੇ ਦਿਨ ਰਾਤ ਦੀ ਗਸ਼ਤ ਨੂੰ ਤੇਜ਼ ਕੀਤਾ ਗਿਆ ਹੈ ਤੇ ਪੁਲਿਸ ਪ੍ਰਸ਼ਾਸਨ ਵਲੋਂ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਮਾਹੌਲ ਨੂੰ ਸ਼ਾਂਤ ਰੱਖਣ ਲਈ ਮਾੜੇ ਅਨਸਰਾਂ ਤੇ ਤਿੱਖੀ ਨਜ਼ਰ ਰੱਖੀ ਗਈ ਹੈ। ਉਨ੍ਹਾਂ ਮਾੜੇ ਅਨਸਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਜਾ ਤਾਂ ਏਰੀਆ ਛੱਡ ਜਾਣ ਜਾ ਮਾੜੇ ਕੰਮਾਂ ਤੋਂ ਬਾਜ਼ ਆ ਜਾਣ ਨਹੀਂ ਤਾਂ ਉਨ੍ਹਾਂ ਨੂੰ ਸਲਾਖਾ ਪਿਛੇ ਸੁੱਟਿਆ ਜਾਵੇਗਾ। ਇਸ ਮੌਕੇ ਪੁਲਿਸ ਚੌਂਕੀ ਕਾਲਾ ਸੰਘਿਆਂ ਦੇ ਹੈੱਡ ਮੁਨਸ਼ੀ ਚਰਨਜੀਤ ਸਿੰਘ ਤੋਂ ਇਲਾਵਾ ਪੁਲਸ ਮੁਲਾਜ਼ਮ ਹਾਜ਼ਿਰ ਸਨ।

## ਆਜ਼ਾਦੀ ਦਿਵਸ ਦੇ ਮੱਦੇਨਜ਼ਰ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ

**ਸੰਗਰੂਰ (ਪ੍ਰਵੀਨ ਸਿੰਘ)**- ਸ੍ਰੀ ਸੰਦੀਪ ਕੁਮਾਰ ਸ਼ਰਮਾ, ਆਈ.ਪੀ.ਐਸ, ਮਾਨਯੋਗ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ, ਪੀ.ਏ.ਪੀ-99 ਜਲੰਧਰ ਤੇ ਡਾ. ਰਵਜੋਤ ਗਰੇਵਾਲ ਆਈ.ਪੀ.ਐਸ, ਐਸ.ਐਸ.ਪੀ. ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 15 ਅਗਸਤ ਦੇ



ਮੱਦੇਨਜ਼ਰ ਜ਼ਿਲ੍ਹਾ ਸੰਗਰੂਰ ਅੰਦਰ ਸੁਰੱਖਿਆ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ ਤੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਜ਼ਿਲ੍ਹਾ ਸੰਗਰੂਰ ਦੇ ਸਮੂਹ ਸਰਕਲ ਅਫਸਰ, ਮੁੱਖ ਅਫਸਰਾਨ ਥਾਣਾਜਾਤ ਨੂੰ ਉੱਚ ਚੌਕਸੀ ਬਣਾਈ ਰੱਖਣ, ਭੀੜ-ਭੜੱਕੇ ਵਾਲੀਆਂ ਥਾਵਾਂ 'ਤੇ ਚੈਕਿੰਗ ਵਧਾਉਣ, ਗਸ਼ਤ, ਨਾਕਾਬੰਦੀ ਤੇ ਨਿਗਰਾਨੀ ਨੂੰ ਹੋਰ ਮਜ਼ਬੂਤ ਕਰਨ ਅਤੇ ਕਿਸੇ ਵੀ ਸਥਿਤੀ ਵਿੱਚਤੁਰੰਤ ਤੇ ਤਾਲਮੇਲ ਵਾਲਾ ਜਵਾਬ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ ਗਏ।ਇਸ ਤੋਂ ਇਲਾਵਾ 10.08.2026 ਨੂੰ ਸ਼ਹਿਰ ਸੰਗਰੂਰ ਦੇ ਰੇਲਵੇ ਸਟੇਸ਼ਨ ਵਿਖੇ ਸ੍ਰੀ ਰਾਜੇਸ਼ ਛਿੱਬਰ, ਪੀ.ਪੀ.ਐਸ, ਕਪਤਾਨ ਪੁਲਿਸ (ਸਥਾਨਕ) ਸੰਗਰੂਰ ਤੇ ਸ੍ਰੀ ਦਵਿੰਦਰ ਅੱਤਰੀ ਪੀ.ਪੀ.ਐਸ, ਕਪਤਾਨ ਪੁਲਿਸ(ਇੰਨਵੈਸਟੀਗੇਸ਼ਨ) ਦੀ ਅਗਵਾਈ ਹੇਠ ਸ੍ਰੀ ਦਲਬੀਰ ਸਿੰਘ ਸਿੱਧੂ, ਉਪ ਕਪਤਾਨ ਪੁਲਿਸ ਸਬ ਡਵੀਜ਼ਨ ਸੰਗਰੂਰ ਅਤੇ ਹੋਰ ਗ਼ਜ਼ਟਿਡ ਅਫ਼ਸਰਾਨ/ਮੁੱਖ ਅਫ਼ਸਰਾਨ ਥਾਣਾ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਓਪਰੇਸ਼ਨ ਕਰਾ ਕੇ ਸ਼ੱਕੀ ਵਿਅਕਤੀਆਂ ਤੇ ਪਾਰਕਿੰਗ ਵਿੱਚ ਖੜੇ ਵਹੀਕਲਾਂ ਦੀ ਪ੍ਰੋਪਰ ਚੈਕਿੰਗ ਕੀਤੀ ਗਈ।

## ਸਾਈਬਰ ਸੁਰੱਖਿਆ, ਟ੍ਰੈਫਿਕ ਨਿਯਮਾਂ ਨਸ਼ਿਆਂ ਬਾਬਤ ਸੈਮੀਨਾਰ ਲਾਇਆ

**ਨਾਭਾ (ਅਮਨ ਗਰਗ)**- ਡੀਜੀਪੀ, ਸਪੈਸ਼ਲ ਕਮਿਊਨਿਟੀ ਅਫੇਅਰਜ਼ ਡਵੀਜ਼ਨ ਦੇ ਨਿਰਦੇਸ਼ਾਂ ਅਨੁਸਾਰ ਵੱਲਭ ਭਾਈ ਪਟੇਲ ਦੇ ਜਨਮ ਦਿਵਸ ਦੇ ਮੌਕੇ 'ਤੇ ਦਯਾਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਟ੍ਰੈਫਿਕ ਨਿਯਮਾਂ, ਸਾਈਬਰ ਸੁਰੱਖਿਆ, ਨਸ਼ਿਆਂ ਵਿਰੁੱਧ ਜੰਗ, ਔਰਤਾਂ ਦੀ



ਸੁਰੱਖਿਆ ਮੁਹਿੰਮਾਂ ਤੇ ਡਰਾਈਵਿੰਗ ਲਾਇਸੈਂਸਾਂ ਬਾਰੇ ਇੱਕ ਸੈਮੀਨਾਰ ਆਯੋਜਿਤ ਕੀਤਾ ਗਿਆ।ਪਟਿਆਲਾ ਤੋਂ ਐਜੂਕੇਸ਼ਨ ਸੈੱਲ ਟ੍ਰੈਫਿਕ ਦੇ ਇੰਚਾਰਜ ਇੰਸਪੈਕਟਰ ਸਰਬਜੀਤ ਕੌਰ, ਸਾਈਬਰ ਕ੍ਰਾਈਮ ਸੈੱਲ, ਪਟਿਆਲਾ ਤੋਂ ਏਐਸਆਈ ਰਾਮ ਸਰਨ, ਸੇਵਾਮੁਕਤ ਸਬ-ਇੰਸਪੈਕਟਰ ਲਲਿਤਾ ਸ਼ਰਮਾ, ਟ੍ਰੈਫਿਕ ਮਾਰਸ਼ਲ ਕਾਕਾ ਰਾਮ ਵਰਮਾ ਅਤੇ ਹੋਰਾਂ ਨੇ ਸਕੂਲੀ ਵਿਦਿਆਰਥੀਆਂ ਨੂੰ ਮੁੱਦਿਆਂ ਬਾਰੇ ਜਾਣਕਾਰੀ ਦਿੱਤੀ।ਸੁਭਾਸ਼ ਬਾਂਸਲ ਪ੍ਰੋਜੈਕਟ ਚੇਅਰਮੈਨ ਅਤੇ ਸੈਮੀਨਾਰ ਦੇ ਮੈਂਬਰ ਸਨ।ਸਬ-ਡਵੀਜ਼ਨ ਨਾਭਾ ਦੇ ਪੁਲਿਸ ਸੰਜ ਸੈਂਟਰ ਦੇ ਇੰਚਾਰਜ ਸਬ-ਇੰਸਪੈਕਟਰ ਸੁਰਿੰਦਰ ਕੁਮਾਰ, ਸੇਵਾਮੁਕਤ ਬੈਂਕ ਮੈਨੇਜਰ ਸੁਭਾਸ਼ ਬਾਂਸਲ ਤੇ ਏਐਸਆਈ ਹਰਮੇਸ਼ ਸਿੰਘ ਸਮੇਤ ਹੋਰ ਹਾਜ਼ਰ ਸਨ।ਸਕੂਲ ਦੇ ਪ੍ਰਿੰਸੀਪਲ ਸੁਭਾਸ਼ ਭਾਰਦਵਾਜ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਪੁਲਸ ਸ਼ਾਮ ਕੇਂਦਰ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਅਜਿਹੇ ਸੈਮੀਨਾਰ ਆਯੋਜਿਤ ਕਰਦਾ ਰਹੇਗਾ।ਆਰੀਆ ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਮਦਾਨ ਵੀ ਮੌਜੂਦ ਸਨ।9ਵੀਂ ਤੋਂ 12ਵੀਂ ਜਮਾਤ ਦੇ ਲਗਭਗ 250 ਵਿਦਿਆਰਥੀਆਂ ਨੇ ਇਸ ਸੈਮੀਨਾਰ ਦਾ ਲਾਭ ਉਠਾਇਆ।

## ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਵਿਸ਼ਵ ਬਰੈਸਟ ਫੀਡਿੰਗ ਹਫ਼ਤਾ ਮਨਾਇਆ

**ਸਮਰਾਲਾ (ਸੁਰਜੀਤ ਸਿੰਘ)**- ਦੇਸ਼ ਭਗਤ ਯੂਨੀਵਰਸਿਟੀ ਦੇ ਸਕੂਲ ਆਫ਼ ਨਰਸਿੰਗ ਵੱਲੋਂ ਵਿਸ਼ਵ ਬਰੈਸਟ ਫੀਡਿੰਗ ਹਫ਼ਤਾ ਮਨਾਇਆ ਗਿਆ।ਹਫ਼ਤਾ ਭਰ ਚੱਲੇ ਇਸ ਸਮਾਗਮ ਦਾ ਉਦੇਸ਼ ਮਾਵਾਂ ਤੇ ਬੱਚਿਆਂ ਲਈ ਮਾਂ ਦੇ ਦੁੱਧ ਦੀ ਮਹੱਤਤਾ ਅਤੇ ਇਸ ਦੇ ਲਾਭਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਮਾਂ




ਤੇ ਬੱਚੇ ਦੀ ਸਿਹਤ ਨੂੰ ਉਤਸ਼ਾਹਤ ਕਰਨ ਵਿੱਚ ਬਰੈਸਟ ਫੀਡਿੰਗ ਦੀ ਅਹਿਮ ਭੂਮਿਕਾ ਨੂੰ ਉਜਾਗਰ ਕਰਨਾ ਸੀ।ਵਿਦਿਆਰਥੀਆਂ ਦੇ ਗਿਆਨ, ਰਚਨਾਤਮਕਤਾ, ਸੰਚਾਰ ਹੁਨਰ ਤੇ ਸਤਨਪਾਨ ਸਬੰਧੀ ਵਿਹਾਰਾਂ ਦੀ ਸਮਝ ਨੂੰ ਵਧਾਉਣ ਲਈ ਵੱਖ-ਵੱਖ ਗਤੀਵਿਧੀਆਂ ਕਰਾਈਆਂ ਗਈਆਂ।ਇਨ੍ਹਾਂ ਵਿੱਚ ਸੈਮੀਨਾਰ, ਕੁਇਜ਼ ਮੁਕਾਬਲਾ, ਪੋਸਟਰ ਬਣਾਉਣ ਦਾ ਮੁਕਾਬਲਾ ਤੇ ਪਾਵਰ ਪੁਆਇੰਟ ਪੇਸ਼ਕਾਰੀਆਂ ਪ੍ਰਮੁੱਖ ਰਹੀਆਂ।ਇਨ੍ਹਾਂ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਮਾਂ ਦੇ ਦੁੱਧ ਦੇ ਵਿਗਿਆਨਕ, ਸਿਹਤ ਸਬੰਧੀ ਤੇ ਸਮਾਜਿਕ ਪੱਖਾਂ ਨੂੰ ਸਮਝਣ ਦਾ ਮੌਕਾ ਮਿਲਿਆ।ਪ੍ਰੋਗਰਾਮ ਦਾ ਸਫਲ ਆਯੋਜਨ ਦੇਸ਼ ਭਗਤ ਯੂਨੀਵਰਸਿਟੀ ਦੀ ਲੀਡਰਸ਼ਿਪ ਵੱਲੋਂ ਲਗਾਤਾਰ ਮਿਲੇ ਉਤਸ਼ਾਹ ਅਤੇ ਦੂਰਅੰਦੇਸ਼ੀ ਮਾਰਗ ਦਰਸ਼ਨ ਸਦਕਾ ਸੰਭਵ ਹੋਇਆ।ਸਕੂਲ ਆਫ਼ ਨਰਸਿੰਗ ਨੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਦਾ ਅਕਾਦਮਿਕ ਉੱਤਮਤਾ, ਸਿਹਤ ਸਿੱਖਿਆ ਅਤੇ ਭਾਈਚਾਰਕ ਭਲਾਈ ਪ੍ਰਤੀ ਉਨ੍ਹਾਂ ਦੇ ਅਮੁੱਲੇ ਸਹਿਯੋਗ ਅਤੇ ਵਚਨਬੱਧਤਾ ਲਈ ਧੰਨਵਾਦ ਕੀਤਾ।ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਅਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਇਸ ਮਹੱਤਵਪੂਰਨ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਪ੍ਰੋਗਰਾਮ ਦੇ ਸਫਲ ਆਯੋਜਨ ਲਈ ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਦੇ ਸਮਰਪਣ ਦੀ ਪ੍ਰਸ਼ੰਸਾ ਕੀਤੀ।

## ਪੰਜਾਬ ਦੀ ਜਵਾਨੀ ਨੂੰ ਖੇਡ ਮੈਦਾਨਾਂ 'ਚ ਨੱਚਦਿਆਂ ਦੇਖ ਰੂਹ ਖੁਸ਼ ਹੁੰਦੀ : ਗਰੇਵਾਲ

**ਜਗਰਾਉਂ, (ਨਛੱਤਰ ਸੰਧੂ)** : ਬੀਤੇ ਕੱਲ੍ਹ ਕੈਨੇਡਾ ਦੇ ਸ਼ਹਿਰ ਸਰੀ ਵਿਖੇ ਨੌਰਥ ਅਮਰੀਕਾ ਕਬੱਡੀ ਕਲੱਬ ਵੱਲੋਂ ਕਬੱਡੀ ਕੱਪ ਕਰਵਾਇਆ ਗਿਆ, ਜਿਸ ਵਿੱਚ ਪੰਜਾਬ, ਕੈਨੇਡਾ, ਅਮਰੀਕਾ ਤੋਂ ਪਹੁੰਚੀਆਂ ਕਬੱਡੀ ਟੀਮਾਂ ਨੇ ਆਪਣੇ ਜੌਹਰ ਵਿਖਾਏ।ਟੂਰਨਾਮੈਂਟ ਵਿੱਚ ਐਨਾ ਇਕੱਠ ਸੀ ਕਿ ਇੰਝ



ਲੱਗ ਰਿਹਾ ਸੀ ਜਿਵੇਂ ਪੰਜਾਬ ਵਿੱਚ ਬੈਠੇ ਹੋਈਏ।ਇਸ ਮੌਕੇ ਪਹੁੰਚੇ ਉੱਘੇ ਸੱਭਿਆਚਾਰ ਤੇ ਖੇਡ ਪ੍ਰੇਮੀ ਪਾਲੀ ਗਰੇਵਾਲ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਅਜਿਹੇ ਇਕੱਠ ਵੇਖ ਕੇ ਰੂਹ ਖੁਸ਼ ਹੋ ਜਾਂਦੀ ਹੈ, ਜਦੋਂ ਪੰਜਾਬ ਦੀ ਜਵਾਨੀ ਖੇਡ ਮੈਦਾਨਾਂ ਵਿੱਚ ਨੱਚਦੀ ਹੈ।ਉਨ੍ਹਾਂ ਵਾਅਦਾ ਕੀਤਾ ਕਿ ਕਲੱਬ ਦਾ ਇਸੇ ਤਰ੍ਹਾਂ ਸਹਿਯੋਗ ਦਿੰਦੇ ਰਹਾਂਗੇ ਤਾਂ ਜੋ ਇੱਥੇ ਦੇ ਜੰਮਿਆਂ ਨੂੰ ਮਾਂ ਖੇਡ ਕਬੱਡੀ ਨਾਲ ਜੋੜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਨੌਜਵਾਨ ਕਿਸੇ ਵੀ ਕੌਮ ਦਾ ਸਰਮਾਇਆ ਹੁੰਦੇ ਹਨ ਤੇ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਉਨ੍ਹਾਂ ਨੂੰ ਸਹੀ ਸੇਧ ਦੇਣ ਲਈ ਅੱਗੇ ਵਧੀਏ ਤਾਂ ਜੋ ਉਹ ਸਾਡੀ ਵਿਰਾਸਤ ਤੇ ਸਾਡੇ ਸੱਭਿਆਚਾਰ ਦੀ ਤਰੱਕੀ ਵਿੱਚ ਯੋਗਦਾਨ ਪਾਉਣ।ਆਖਰ ਵਿੱਚ ਕਲੱਬ ਮੈਂਬਰਾਂ ਸੇਠੀ ਹਰਖੋਵਾਲ, ਰੌਬੀ ਹਰਖੋਵਾਲ, ਅਮਨਾ ਥਿਗਲੀ, ਮਨਰਾਜ ਥਿਆਰਾ, ਗੁਰਸ਼ਰਨ ਥਿਆਰਾ ਤੇ ਗੁਰਪ੍ਰੀਤ ਸਿੰਘ ਸਮਰਾ ਨੇ ਉੱਘੇ ਲੇਖਕ ਸਮਾਜਸੇਵੀ ਪਾਲੀ ਗਰੇਵਾਲ ਜੱਟਪੁਰਾ ਦਾ ਵਿਸ਼ੇਸ਼ ਸਨਮਾਨ ਕੀਤਾ।ਕਲੱਬ ਨੇ ਸਾਰੀਆਂ ਆਈਆਂ ਟੀਮਾਂ ਤੇ ਪਹੁੰਚੇ ਸਮੁੱਚੇ ਦਰਸ਼ਕਾਂ ਦਾ ਧੰਨਵਾਦ ਕੀਤਾ ਕਿ ਆਪ ਸਭ ਦੇ ਸਹਿਯੋਗ ਨਾਲ ਹੀ ਇਹ ਟੂਰਨਾਮੈਂਟ ਸਿਰੇ ਚੜ੍ਹਿਆ।

## ਹੋਲੀ ਹਾਰਟ ਸਕੂਲ ਵਿਖੇ ਅਧਿਆਪਕ-ਮਾਪੇ ਮਿਲਣੀ

**ਅਜੀਤਵਾਲ (ਨਛੱਤਰ ਸੰਧੂ)**-ਅਜੀਤਵਾਲ ਦੇ ਪ੍ਰਮੁੱਖ ਵਿੱਦਿਅਕ ਅਦਾਰੇ ਹੋਲੀ ਹਾਰਟ ਸਕੂਲ ਵਿਖੇ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਗਤੀ, ਸਰਵਪੱਖੀ ਵਿਕਾਸ ਤੇ ਉਨ੍ਹਾਂ ਦੀਆਂ ਗਤੀਵਿਧੀਆਂ ਬਾਰੇ ਵਿਚਾਰ-ਵਟਾਂਦਰੇ ਲਈ ਇੱਕ ਵਿਸ਼ੇਸ਼ ਮਾਪੇ-ਅਧਿਆਪਕ ਮਿਲਣੀ ਦਾ




ਪ੍ਰਭਾਵਸ਼ਾਲੀ ਆਯੋਜਨ ਕੀਤਾ ਗਿਆ।ਇਸ ਸਮਾਗਮ ਦੀ ਸ਼ੁਰੂਆਤ ਸਕੂਲ ਦੀ ਪ੍ਰਬੰਧਕੀ ਕਮੇਟੀ ਚੇਅਰਮੈਨ ਸੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਤੇ ਰਮਨ ਅਰੋੜਾ ਅਤੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਆਏ ਹੋਏ ਸਮੂਹ ਮਾਪਿਆਂ ਦਾ ਨਿੱਘਾ ਸਵਾਗਤ ਕਰਕੇ ਕੀਤੀ ਗਈ। ਇਸ ਮਿਲਣੀ ਦੌਰਾਨ ਵੱਡੀ ਗਿਣਤੀ ਵਿੱਚ ਮਾਪਿਆਂ ਨੇ ਉਤਸ਼ਾਹਪੂਰਵਕ ਸ਼ਿਰਕਤ ਕੀਤੀ, ਜਿਸ ਨਾਲ ਸਕੂਲ ਤੇ ਘਰ ਵਿਚਕਾਰ ਇੱਕ ਮਜ਼ਬੂਤ ਸਾਂਝ ਦਾ ਪ੍ਰਗਟਾਵਾ ਹੋਇਆ।ਅਧਿਆਪਕਾਂ ਨੇ ਹਰੇਕ ਵਿਦਿਆਰਥੀ ਦੀ ਪੜ੍ਹਾਈ ਦੀ ਕਾਰਗੁਜ਼ਾਰੀ, ਕਲਾਸ ਵਿੱਚ ਵਿਵਹਾਰ ਅਤੇ ਹਾਜ਼ਰੀ ਬਾਰੇ ਮਾਪਿਆਂ ਨਾਲ ਵਿਸਥਾਰਪੂਰਵਕ ਚਰਚਾ ਕੀਤੀ।ਮਾਪਿਆਂ ਨੇ ਵੀ ਆਪਣੇ ਬੱਚਿਆਂ ਦੀਆਂ ਘਰੇਲੂ ਆਦਤਾਂ, ਪੜ੍ਹਾਈ ਦੇ ਤਰੀਕਿਆਂ ਤੇ ਹੋਰ ਸਮੱਸਿਆਵਾਂ ਬਾਰੇ ਅਧਿਆਪਕਾਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ।ਸਕੂਲ ਪ੍ਰਬੰਧਕਾਂ ਨੇ ਮਾਪਿਆਂ ਦੇ ਕੀਮਤੀ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ ਤੇ ਵਿਦਿਆਰਥੀਆਂ ਦੀ ਭਲਾਈ ਲਈ ਇਨ੍ਹਾਂ ਨੂੰ ਲਾਗੂ ਕਰਨ ਦਾ ਭਰੋਸਾ ਦਿਵਾਇਆ। ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਨੇ ਸਾਰੇ ਮਾਪਿਆਂ ਦਾ ਉਨ੍ਹਾਂ ਦੇ ਕੀਮਤੀ ਸਮੇਂ ਤੇ ਸਹਿਯੋਗ ਲਈ ਧੰਨਵਾਦ ਕੀਤਾ।

## ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ, ਬੂਟ ਤੇ ਕੋਟੀਆਂ ਵੰਡੀਆਂ



**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਨੇੜਲੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਮੀਮਸਾ ਵਿਖੇ ਦਿ ਐਂਜ ਫਾਊਂਡੇਸ਼ਨ ਧੂਰੀ ਵੱਲੋਂ ਸੰਸਥਾ ਦੇ ਪ੍ਰਧਾਨ ਜਗਸੀਰ ਸਿੰਘ ਜੱਗੀ ਢੀਂਡਸਾ ਦੀ ਅਗਵਾਈ 'ਚ ਸਕੂਲ ਦੇ ਬੱਚਿਆਂ ਨੂੰ ਸਟੇਸ਼ਨਰੀ ਸਮੱਗਰੀ ਵੰਡੀ ਗਈ।ਇਸ ਦੇ ਨਾਲ ਹੀ, ਕੈਨੇਡਾ ਨਿਵਾਸੀ ਜਸਵਿੰਦਰ ਸਿੰਘ ਰੰਧਾਵਾ ਦੇ ਪਰਵਾਰ ਵੱਲੋਂ ਵੱਡਾ ਉਪਰਾਲਾ ਕਰਦਿਆਂ ਸਕੂਲੀ ਬੱਚਿਆਂ ਨੂੰ ਬੂਟ ਤੇ ਆਉਣ ਵਾਲੀ ਸਰਦੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਕੋਟੀਆਂ ਵੰਡਣ ਦੀ ਸੇਵਾ ਨਿਭਾਈ ਗਈ।ਸਕੂਲ ਸਟਾਫ਼ ਤੇ ਪਿੰਡ ਵਾਸੀਆਂ ਵੱਲੋਂ ਦਿ ਐਂਜ ਫਾਊਂਡੇਸ਼ਨ ਤੇ ਰੰਧਾਵਾ ਪਰਵਾਰ ਦੇ ਇਸ ਨੇਕ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ।ਬੁਲਾਰਿਆਂ ਨੇ ਆਖਿਆ ਕਿ ਅਜਿਹੇ ਸਮਾਜ ਸੇਵੀ ਕਾਰਜਾਂ ਨਾਲ ਜਿੱਥੇ ਲੋੜਵੰਦ ਬੱਚਿਆਂ ਦਾ ਹੌਸਲਾ ਵਧਦਾ ਹੈ, ਉੱਥੇ ਹੀ ਉਨ੍ਹਾਂ ਨੂੰ ਪੜ੍ਹਾਈ ਵੱਲ ਹੋਰ ਪ੍ਰੇਰਿਤ ਹੋਣ ਦੀ ਵਧੀਆ ਦਿਸ਼ਾ ਮਿਲਦੀ ਹੈ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ।

## ਕਿਸਾਨਾਂ ਦੇ ਵਫਦ ਵੱਲੋਂ ਮੁੱਖ ਮੰਤਰੀ ਨਾਲ ਮੁਲਾਕਾਤ

**ਫਾਜ਼ਿਲਕਾ (ਨਿਸ਼ਾ ਸ਼ਰਮਾ )**-ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਅਤੇ ਜਲਾਲਾਬਾਦ ਦੇ ਵਿਧਾਇਕ ਸ੍ਰੀ. ਜਗਦੀਪ ਕੰਬੋਜ ਗੋਲਡੀ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਸਰਹੱਦੀ ਕਿਸਾਨਾਂ ਦੀ ਮੁਲਾਕਾਤ ਕਰਵਾਈ ਗਈ ਤੇ ਕਿਸਾਨਾਂ ਦੀਆਂ ਮੁਸ਼ਕਲਾਂ ਤੋਂ ਜਾਣੂੰ ਕਰਵਾਇਆ ਗਿਆ।ਮੁੱਖ ਮੰਤਰੀ ਨੂੰ ਕਿਸਾਨਾਂ ਦੇ ਵਫ਼ਦ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਫਾਜ਼ਿਲਕਾ ਦੇ ਲੋਕਾਂ ਨੂੰ ਦੱਸੇ ਬਿਨਾਂ ਅਤੇ ਸਲਾਹ ਤੋਂ ਬਗੈਰ ਹੀ ਬਾਰਡਰ 'ਤੇ ਬੰਨ ਬਣਾਇਆ ਜਾ ਰਿਹਾ ਹੈ, ਜਿਸ ਦਾ ਨੁਕਸਾਨ ਕਿਸਾਨਾਂ ਨੂੰ ਝੱਲਣਾ ਪਵੇਗਾ। ਮੁੱਖ ਮੰਤਰੀ ਨੇ ਵਫਦ ਨੂੰ ਵਿਸ਼ਵਾਸ਼ ਦਿਵਾਇਆ ਕਿ ਇਸ ਮਸਲੇ 'ਤੇ ਉਹ ਕੇਂਦਰ ਸਰਕਾਰ ਨਾਲ ਗੱਲ ਕਰਨਗੇ ਅਤੇ ਉਹ ਬਾਰਡਰ 'ਤੇ ਵਸਦੇ ਲੋਕਾਂ ਦਾ ਨੁਕਸਾਨ ਨਹੀਂ ਹੋਣ ਦੇਣਗੇ।

## ਲਾਜਪਤ ਰਾਏ ਡੀ ਏਵੀ. ਕਾਲਜ 'ਚ ਵਿਦਿਆਰਥੀ ਇੰਡਕਸ਼ਨ ਪ੍ਰੋਗਰਾਮ

**ਜਗਰਾਉਂ (ਅਮਿਤ ਖੰਨਾ)** ਲਾਜਪਤ ਰਾਏ ਡੀ.ਏ.ਵੀ. ਕਾਲਜ ਵਿੱਚ ਪ੍ਰਿੰ. ਡਾ. ਅਨੁਜ ਕੁਮਾਰ ਸ਼ਰਮਾ ਦੀ ਰਹਿਨੁਮਾਈ ਹੇਠ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੇ ਨਿਯਮਾਂ ਅਤੇ ਕਾਨੂੰਨਾਂ ਤੋਂ ਜਾਣੂ ਕਰਵਾਉਣ ਲਈ ਵਿਦਿਆਰਥੀ ਇੰਡਕਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। [illegible] ਮੰਚ ਸੰਚਾਲਨ ਦਾ ਕਾਰਜ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਮਿਹਨਤ ਤੇ ਟੀਚੇ 'ਤੇ ਕੇਂਦਰਤ ਰਹਿਣ ਲਈ ਪ੍ਰੇਰਿਤ ਕੀਤਾ।ਇਸ ਪਿੱਛੋਂ ਵਿਸ਼ੇਸ਼ ਮਹਿਮਾਨ ਸੂਬੇਦਾਰ ਸੋਨੂ ਸ਼ਰਮਾ ਨੇ ਵਿਦਿਆਰਥੀਆਂ ਨੂੰ ਐਨ.ਸੀ.ਸੀ. ਦੇ ਉਦੇਸ਼ ਸਬੰਧੀ ਤੇ ਅਨੁਸ਼ਾਸਨ ਬਾਰੇ ਦੱਸਿਆ ਕਿ ਵਿਦਿਆਰਥੀ ਆਪਣੇ ਜੀਵਨ ਵਿੱਚ ਅਨੁਸ਼ਾਸਨ ਨੂੰ ਅਪਣਾ ਕੇ ਨਿਰੰਤਰ ਤਰੱਕੀ ਪ੍ਰਾਪਤ ਕਰ ਸਕਦੇ ਹਨ।ਇਸ ਤੋਂ ਬਾਅਦ ਡਾ. ਕੁਨਾਲ ਮਹਿਤਾ ਨੇ



ਵਿਦਿਆਰਥੀਆਂ ਨੂੰ ਕਾਲਜ ਵਿੱਚ ਚੱਲ ਰਹੇ ਪ੍ਰੋਗਰਾਮ ਐਨ.ਸੀ.ਸੀ, ਐਨ.ਐਸ.ਐਸ. ਤੇ ਰੈਡ ਰਿਬਨ ਕਲੱਬ ਬਾਰੇ ਦੱਸਿਆ।ਉਨ੍ਹਾਂ ਨਵੀਂ ਸਿੱਖਿਆ ਨੀਤੀ 2020 ਤਹਿਤ ਨਵੇਂ ਵਿਸ਼ਿਆਂ ਬਾਰੇ ਜਾਣਕਾਰੀ ਦਿੱਤੀ। [illegible]

ਡੀ.ਏ.ਵੀ. ਐਥਮ ਨਾਲ ਹੋਈ। ਪ੍ਰਿੰ. ਡਾ. ਅਨੁਜ ਕੁਮਾਰ ਸ਼ਰਮਾ ਨੇ ਵਿਸ਼ੇਸ਼ ਮਹਿਮਾਨ ਸੂਬੇਦਾਰ ਸੋਨੂ ਸ਼ਰਮਾ ਤੇ ਇੰਸਪੈਕਟਰ ਜਤਿੰਦਰ ਕੌਰ ਤੇ ਸ੍ਰੀ ਰਾਮ ਸਿੰਘ ਜੀ ਨੂੰ ਗੁਲਦਸਤੇ ਭੇਟ ਕਰਕੇ ਸਵਾਗਤ ਕੀਤਾ।ਪ੍ਰਿੰ. ਡਾ.ਅਨੁਜ ਕੁਮਾਰ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦਿਆਂ ਵਿਦਿਅਕ ਖੇਤਰ ਵਿੱਚ ਕਾਲਜ ਦੀਆਂ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਇਤਿਹਾਸਕ ਪੱਖ ਤੋਂ ਦੱਸਿਆ ਕਿ ਕਾਲਜ ਆਜ਼ਾਦੀ ਪਿੱਛੋਂ ਜਲਦੀ ਹੀ 1959 ਵਿੱਚ ਹੋਂਦ ਵਿੱਚ ਆ ਗਿਆ ਸੀ। ਉਨ੍ਹਾਂ ਕਾਲਜ ਦੇ ਨਵੇਂ ਵਿਦਿਆਰਥੀਆਂ ਨੂੰ ਕਾਮਯਾਬ ਹੋਣ ਲਈ ਪੰਜ ਪੱਖਾਂ ਚੰਗੇ ਵਿਚਾਰ, ਕਿਤਾਬਾਂ ਪੜ੍ਹਨ ਦੀ ਆਦਤ, ਚੰਗੇ ਪਰਵਾਰਕ ਰਿਸ਼ਤੇ, ਲਗਾਤਾਰ [illegible] ਸਕਾਲਰਸ਼ਿਪ ਸਕੀਮਾਂ ਜਿਵੇਂ ਡਾਕਟਰ ਅੰਬੇਡਕਰ ਸਕਾਲਰਸ਼ਿਪ ਸਕੀਮ ਐਸ.ਸੀ. ਤੇ ਐਸ.ਟੀ. ਵਜ਼ੀਫ਼ਾ ਸਕੀਮ ਤੇ ਸਤਿਆ ਫਾਊਂਡੇਸ਼ਨ ਵਜ਼ੀਫ਼ਾ ਸਕੀਮ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ।ਇੰਸਪੈਕਟਰ ਜਤਿੰਦਰ ਕੌਰ ਨੇ ਆਪਣੇ ਨਿੱਜੀ ਜੀਵਨ ਦੇ ਤਜਰਬੇ ਸਾਂਝੇ ਕਰਦੇ ਹੋਏ ਵਿਦਿਆਰਥੀਆਂ ਨੂੰ ਆਪਣੇ ਟੀਚੇ ਦੀ ਪ੍ਰਾਪਤੀ ਲਈ ਸਪਸ਼ਟ ਹੋਣ ਤੇ ਲਗਾਤਾਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਮਾਨ ਸਰਕਾਰ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੁੱਚੇ ਕੈਦੀਆਂ ਦੀ ਰਿਹਾਈ ਲਈ ਕਰੇ ਯਤਨ : ਲਿਬਰੇਸ਼ਨ

**ਮਾਨਸਾ, (ਆਤਮਾ ਸਿੰਘ ਪਮਾਰ)**- ਭਗਵੰਤ ਮਾਨ ਸਰਕਾਰ ਵੱਲੋਂ ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ ਦਸ ਦਿਨ ਲਈ ਪੈਰੋਲ ਦੇਣ ਦੀ ਸਿਫਾਰਸ਼ [illegible] 'ਚ ਬੰਦ ਖਾਲਿਸਤਾਨੀ ਲਹਿਰ 'ਚ ਸਰਗਰਮ ਰਹੇ ਸਾਰੇ ਸਿੱਖ ਕੈਦੀਆਂ ਉਤੇ ਵੀ ਪੂਰੀ ਤਰ੍ਹਾਂ ਲਾਗੂ ਹੁੰਦੀ ਹੈ।ਇਸ ਲਈ ਭਗਵੰਤ ਮਾਨ ਨੂੰ ਚਾਹੀਦਾ ਹੈ ਕਿ ਉਹ ਇਕੱਲੇ ਜਥੇਦਾਰ ਹਵਾਰਾ ਨੂੰ 10 ਦਿਨਾਂ ਦੀ ਪੈਰੋਲ ਦੇਣ ਦੀ ਦਿਆਲਤਾ ਵਿਖਾਉਣ ਦੀ ਬਜਾਏ, ਸਿਆਸੀ ਪ੍ਰਪੱਕਤਾ ਦਾ ਸਬੂਤ ਦੇਣ ਅਤੇ ਕੇਂਦਰ ਸਰਕਾਰ ਤੋਂ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ 'ਚ ਬੰਦ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੁੱਚੇ ਕੈਦੀਆਂ ਦੀ ਰਿਹਾਈ ਲਈ ਜ਼ੋਰਦਾਰ ਢੰਗ ਨਾਲ ਮੰਗ ਕਰਨ।

## ਤਿੰਨ ਦਿਨਾ ਤਰਕਸ਼ੀਲ ਪੁਸਤਕ ਮੇਲਾ 21 ਤੋਂ



**ਸੰਗਰੂਰ 11 ਅਗਸਤ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਵੱਲੋਂ ਸੂਬਾ ਕਮੇਟੀ ਵੱਲੋਂ ਕਰਵਾਏ ਜਾ ਰਹੇ ਤਿੰਨ ਰੋਜ਼ਾ ਪੁਸਤਕ ਮੇਲੇ ਸੰਬੰਧੀ ਵਿਸ਼ੇਸ਼ ਮੀਟਿੰਗ ਕੀਤੀ ਗਈ। ਜ਼ੋਨ ਮੁਖੀ ਮਾਸਟਰ ਪਰਮਵੇਦ ਨੇ ਦੱਸਿਆ ਕਿ ਲੋਕ ਪੱਖੀ ਸਾਹਿਤ, ਸਿਹਤਮੰਦ ਸੱਭਿਆਚਾਰ ਤੇ ਵਿਗਿਆਨਕ ਚੇਤਨਾ ਨੂੰ ਵਿਕਸਤ ਕਰਨ ਦੇ ਮਕਸਦ ਵਜੋਂ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਨਾਮਵਰ ਤਰਕਸ਼ੀਲ ਬੁੱਧੀਜੀਵੀ ਡਾ. ਨਰਿੰਦਰ ਦਾਭੋਲਕਰ ਦੀ ਸ਼ਹਾਦਤ ਨੂੰ ਸਮਰਪਤ ਤਿੰਨ ਰੋਜ਼ਾ ਪੁਸਤਕ ਮੇਲਾ ਤਰਕਸ਼ੀਲ ਭਵਨ ਬਰਨਾਲਾ ਵਿਖੇ 21 ਤੋਂ 23 ਅਗਸਤ ਤੱਕ ਲਗਾਇਆ ਜਾਵੇਗਾ, ਜਿਸ ਵਿੱਚ ਪੰਜਾਬ ਦੇ ਨਾਮਵਰ ਪ੍ਰਕਾਸ਼ਕਾਂ ਵੱਲੋਂ ਤਰਕਸ਼ੀਲ, ਇਨਕਲਾਬੀ, ਮਾਨਵਵਾਦੀ ਤੇ ਅਗਾਂਹਵਧੂ ਸਾਹਿਤ ਦੇ ਸਟਾਲ ਲਗਾਏ ਜਾਣਗੇ।

## ਸ਼ਹਿਰ ਦੇ ਵਾਰਡਾਂ 'ਚ ਵਿਕਾਸ ਕਾਰਜਾਂ ਨੂੰ ਮਿਲੀ ਹੋਰ ਰਫ਼ਤਾਰ : ਪ੍ਰਿੰਸੀਪਲ ਬੁੱਧ ਰਾਮ

**ਬੁਢਲਾਡਾ, (ਅਸ਼ੋਕ ਲਾਕੜਾ)**- ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਆਮ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ।ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਵਾਰਡ ਨੰਬਰ 19 ਦੀ ਬਾਜ਼ੀਗਰ ਬਸਤੀ ਵਿਖੇ ਲੋਕਾਂ ਦੀ ਸਹੂਲਤ ਲਈ ਇੱਕ ਨਵੇਂ ਸ਼ੈਡ ਦਾ ਨਿਰਮਾਣ ਕਰਾਇਆ ਗਿਆ ਹੈ, ਜਦਕਿ ਵਾਰਡ ਨੰਬਰ 18 ਵਿੱਚ ਪ੍ਰਜਾਪਤ ਧਰਮਸ਼ਾਲਾ ਨੂੰ ਨਵਿਆਉਣ ਦਾ ਕੰਮ ਮੁਕੰਮਲ ਕੀਤਾ ਗਿਆ ਹੈ।ਇਨ੍ਹਾਂ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ ਨਾਲ ਦੋਵਾਂ ਵਾਰਡਾਂ ਦੇ ਵਸਨੀਕਾਂ ਨੂੰ ਸਮਾਜਿਕ, ਧਾਰਮਿਕ ਤੇ ਪਰਵਾਰਕ ਸਮਾਗਮਾਂ ਲਈ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ।ਇਨ੍ਹਾਂ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਵਿਕਾਸ ਕਾਰਜਾਂ ਦੇ ਮਾਮਲੇ ਵਿੱਚ ਕਿਸੇ ਵੀ ਵਾਰਡ ਨਾਲ ਕੋਈ ਵਿਤਕਰਾ ਨਹੀਂ ਕੀਤਾ ਜਾ ਰਿਹਾ ਤੇ ਲੋਕਾਂ ਵੱਲੋਂ ਲਿਆਦੀਆਂ ਜਾਂਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੜਕਾਂ, ਗਲੀਆਂ, ਨਾਲੀਆਂ ਤੇ ਜਨਤਕ ਧਰਮਸ਼ਾਲਾਵਾਂ ਦੇ ਸੁਧਾਰ ਦਾ ਮਕਸਦ ਹਰ ਵਰਗ ਦੇ ਲੋਕਾਂ ਨੂੰ ਸੁਖਾਵਾਂ ਤੇ ਸਨਮਾਨਜਨਕ ਜੀਵਨ ਪੱਧਰ ਮੁਹੱਈਆ ਕਰਾਉਣਾ ਹੈ। ਨਗਰ ਕੌਂਸਲ ਦੇ ਪ੍ਰਧਾਨ ਸਤਨਾਮ ਸਿੰਘ ਖਨਾਲੀਆ, ਮਾਰਕੀਟ ਕਮੇਟੀ ਦੇ ਚੇਅਰਮੈਨ ਸਤੀਸ਼ ਸਿੰਗਲਾ, ਵਾਰਡ 18 ਤੋਂ ਐਮ.ਸੀ. ਸਤਿਨਾਮ ਦੁੱਗਲ, ਵਾਰਡ



19 ਤੋਂ ਐਮ.ਸੀ. ਮੈਡਮ ਕਰਮਜੀਤ ਕੌਰ, 'ਆਪ' ਦੇ ਬਲਾਕ ਪ੍ਰਧਾਨ ਕੁਲਦੀਪ ਸ਼ੀਮਾਰ, ਕੋਆਰਡੀਨੇਟਰ ਜਸਵੀਰ ਸਿੰਘ ਜੱਸੀ ਸੈਣੀ, ਟਰੱਕ ਯੂਨੀਅਨ ਪ੍ਰਧਾਨ ਗੁਰਮੀਤ ਸਿੰਘ, ਐਮ.ਸੀ. ਗੁਰਪ੍ਰੀਤ ਵਿਰਕ ਅਤੇ ਐਮ.ਸੀ. ਟਿੰਕੂ ਪੰਜਾਬ ਸਮੇਤ ਚੇਅਰਮੈਨ ਭੋਲਾ ਸਿੰਘ, ਚੇਅਰਮੈਨ ਗੁਰਚੰਦ ਸਿੰਘ, ਪਾਵਨ, ਜੀਤਾ ਮੰਤਰੀ, ਟਹਿਲ ਸਿੰਘ, ਘੁਕਰ ਸਿੰਘ, ਨੰਬਰ ਸਿੰਘ, ਸਿਕੰਦਰ ਸਿੰਘ ਅਤੇ ਨਾਜਰ ਸਿੰਘ ਆਦਿ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਬੀਬੀ ਲੂੰਬਾ ਤੇ ਡੀ ਟੀ ਓ ਕਰਨ ਸਿੰਘ ਦੇ ਹੱਕ 'ਚ ਡਟੇ

**• ਅਕਾਲੀ ਆਗੂ ਵੱਲੋਂ ਸਰਪੰਚਾਂ ਨੂੰ ਦਲ ਦਾ ਸਮਰਥਕ ਦੱਸਣ ਤੋਂ ਰੋਸ**

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਸ਼੍ਰੋਮਣੀ ਅਕਾਲੀ ਦਲ ਦੇ ਇੱਕ ਆਗੂ ਵੱਲੋਂ ਸਰਪੰਚਾਂ ਦੇ ਮਸਲਿਆਂ ਸਬੰਧੀ ਵਿਚਾਰ ਵਟਾਂਦਰਾ ਕਰਨ ਦੇ ਬਹਾਨੇ ਸਰਪੰਚਾਂ ਨੂੰ ਸੱਦ ਕੇ ਇਸ ਨੂੰ ਅਕਾਲੀ ਦਲ



ਦੇ ਪ੍ਰਤੀ ਪੱਖੀ ਹੋਣ ਦੇ ਕੀਤੇ ਗਏ ਦਾਅਵੇ ਮਗਰੋਂ ਤੋਂ ਗੁੱਸੇ ਵਿੱਚ ਆਏ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਕਈ ਪਿੰਡਾਂ ਦੇ ਸਰਪੰਚਾਂ ਵੱਲੋਂ ਪੰਚਾਇਤ ਸੰਮਤੀ ਪਾਤੜਾਂ 'ਚ ਇੱਕ ਮੀਟਿੰਗ ਕੀਤੀ ਗਈ ਤੇ ਇਸ ਦੌਰਾਨ ਅਕਾਲੀ ਦਲ ਦੇ ਕੁਝ ਆਗੂਆਂ 'ਤੇ ਗੁੰਮਰਾਹ ਕਰਨ ਦੇ ਦੋਸ਼ ਲਾਉਂਦਿਆਂ ਮੀਟਿੰਗ ਵਿੱਚ ਹਾਜ਼ਰ ਸਰਪੰਚਾਂ ਨੇ ਦਾਅਵਾ ਕੀਤਾ ਕਿ ਉਹ ਆਮ ਆਦਮੀ ਪਾਰਟੀ ਦੇ ਸਿਪਾਹੀ ਹਨ। ਮੀਟਿੰਗ ਵਿੱਚ ਮੌਜੂਦ ਬਲਾਕ ਸੰਮਤੀ ਪਾਤੜਾਂ ਦੇ ਚੇਅਰਪਰਸਨ ਪਰਮਜੀਤ ਕੌਰ ਤੇ ਉਨ੍ਹਾਂ ਦੇ ਪਤੀ ਕਾਕਾ ਸਿੰਘ ਦੁਗਾਲ, ਮੈਂਬਰ ਬਲਾਕ ਸੰਮਤੀ ਬਲਵਿੰਦਰ ਸਿੰਘ, ਕੁਲਦੀਪ ਸਿੰਘ ਨਿਰਪਾਲ ਸਿੰਘ, ਬਿੱਕਰ ਸਿੰਘ, ਸਰਪੰਚ ਹਰਪਾਲ ਸਿੰਘ ਸ਼ਾਹਪੁਰ, ਕੁਲਦੀਪ ਸਿੰਘ ਮਵੀ ਕਲਾਂ, ਰਜਿੰਦਰ ਸਿੰਘ ਸਰਪੰਚ ਗੁਰਦਿਆਲਪੁਰਾ ਸਮੇਤ ਹੋਰ ਬਹੁਤ ਸਾਰੇ ਸਰਪੰਚਾਂ ਨੇ ਕਿਹਾ ਕਿ ਹਲਕਾ ਸ਼ੁਤਰਾਣਾ 'ਚ ਬਹੁਗਿਣਤੀ ਸਰਪੰਚ ਆਮ ਆਦਮੀ ਪਾਰਟੀ ਦੇ ਹਨ ਅਤੇ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਲੋਂ ਸਮਰਥਕ ਹਨ ਤੇ ਉਨ੍ਹਾਂ ਵੱਲੋਂ ਹਲਕਾ ਸ਼ੁਤਰਾਣਾ 'ਚ ਇਮਾਨਦਾਰੀ ਦੀ ਮਿਸਾਲ ਦਿੱਤੇ ਗਏ ਆਗੂ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਅਤੇ ਕਰਨ ਸਿੰਘ ਡੀਟੀਓ ਦੇ ਨਾਲ ਹਨ। ਉਨ੍ਹਾਂ ਕਿਹਾ ਕਿ ਉਕਤ ਅਕਾਲੀ ਆਗੂ ਵੱਲੋਂ ਉਹ ਗਿਣਤੀ ਸਰਪੰਚਾਂ ਨੂੰ ਉਹਨਾਂ ਦੇ ਮਸਲੇ ਹੱਲ ਕਰਨ ਲਈ ਵਿਚਾਰਾਂ ਵਟਾਂਦਰਾ ਕਰਨ ਬਾਬਤ ਸੱਦਿਆ ਸੀ ਬਦਕਿਸਮਤੀ ਦੀ ਗੱਲ ਹੈ ਕਿ ਉਕਤ ਅਕਾਲੀ ਆਗੂ ਵੱਲੋਂ ਮੌਕੇ ਉੱਤੇ ਮੌਜੂਦ ਸਰਪੰਚਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਖੜੇ ਹੋਣ ਦੀਆਂ ਝੂਠੀਆਂ ਤੇ ਬੇਬੁਨਿਆ ਤੇ ਖਬਰਾਂ ਅਖਬਾਰਾਂ ਵਿੱਚ ਛਪਵਾਈਆਂ ਗਈਆਂ।

## ਮੱਲਾਂਵਾਲਾ ਪੁਲਸ ਨੇ ਨਜਾਇਜ਼ ਪਿਸਤੌਲ ਸਮੇਤ ਵਿਅਕਤੀ ਕੀਤਾ ਕਾਬੂ

### 32 ਬੋਰ ਪਿਸਤੌਲ, ਮੈਗਜ਼ੀਨ ਤੇ ਜ਼ਿੰਦਾ ਕਾਰਤੂਸ ਬਰਾਮਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਬਣਾਈ ਰੱਖਣ ਤੇ ਗੈਰ-ਕਾਨੂੰਨੀ ਹਥਿਆਰਾਂ ਦੀ ਵਰਤੋਂ ਨੂੰ ਰੋਕਣ ਲਈ ਪੁਲਸ ਵੱਲੋਂ ਕੀਤੀ ਜਾ ਰਹੀ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਜਾਂਚ ਦੌਰਾਨ ਇੱਕ ਵਿਅਕਤੀ ਨੂੰ ਨਜਾਇਜ਼ ਹਥਿਆਰ ਸਮੇਤ ਕਾਬੂ ਕੀਤਾ ਗਿਆ ਹੈ। ਪੁਲਸ ਨੇ ਮੁਲਜ਼ਮ ਦੇ ਕਬਜ਼ੇ ਵਿੱਚੋਂ 32 ਬੋਰ ਦਾ ਪਿਸਤੌਲ, ਇੱਕ ਮੈਗਜ਼ੀਨ ਅਤੇ ਇੱਕ ਜਿੰਦਾ ਰੌਂਦ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ। ਇਸ ਕਾਰਵਾਈ ਤੋਂ ਬਾਅਦ ਪੁਲਸ ਨੇ ਮੁਲਜ਼ਮ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਥਾਣਾ ਮੱਲਾਂਵਾਲਾ ਦੀ ਪੁਲਿਸ ਟੀਮ ਇਲਾਕੇ ਵਿੱਚ ਰੁਟੀਨ ਗਸ਼ਤ 'ਤੇ ਸੀ। ਪੁਲਸ ਪਾਰਟੀ ਵੱਲੋਂ ਵੱਖ-ਵੱਖ ਥਾਵਾਂ 'ਤੇ ਨਿਗਰਾਨੀ ਕਰਨ ਦੇ ਨਾਲ-ਨਾਲ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਵੀ ਜਾਂਚ ਕੀਤੀ ਜਾ ਰਹੀ ਸੀ। ਇਸੇ ਦੌਰਾਨ ਜਦੋਂ ਪੁਲਸ ਟੀਮ ਦਾਣਾ ਮੰਡੀ ਮੱਲਾਂਵਾਲਾ ਦੇ ਨੇੜੇ ਪਹੁੰਚੀ ਤਾਂ ਉੱਥੇ ਇੱਕ ਵਿਅਕਤੀ ਸ਼ੱਕੀ ਹਾਲਾਤਾਂ ਵਿੱਚ ਮੌਜੂਦ ਦਿਖਾਈ ਦਿੱਤਾ। ਪੁਲਸ ਮੁਲਾਜ਼ਮਾਂ ਨੇ ਉਸ ਦੀਆਂ ਗਤੀਵਿਧੀਆਂ 'ਤੇ ਸ਼ੱਕ ਹੋਣ 'ਤੇ ਉਸ ਨੂੰ ਰੋਕਿਆ ਅਤੇ ਪੁੱਛਗਿੱਛ ਕੀਤੀ। ਪੁਲਿਸ ਵੱਲੋਂ ਸਾਥੀ ਕ੍ਰਮਚਾਰੀਆਂ ਦੀ ਮਦਦ ਨਾਲ ਸ਼ੱਕੀ ਵਿਅਕਤੀ ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਗਈ। ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ ਇੱਕ 32 ਬੋਰ ਦਾ ਪਿਸਤੌਲ, ਇੱਕ ਮੈਗਜ਼ੀਨ ਤੇ ਇੱਕ ਜਿੰਦਾ ਕਾਰਤੂਸ ਮਿਲਿਆ। ਪੁਲਿਸ ਨੇ ਬਰਾਮਦ ਕੀਤਾ ਹਥਿਆਰ ਅਤੇ ਗੋਲੀ ਆਪਣੇ ਕਬਜ਼ੇ ਵਿੱਚ ਲੈ ਲਈ ਅਤੇ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਪੁਲਿਸ ਅਨੁਸਾਰ ਕਾਬੂ ਕੀਤੇ ਗਏ ਵਿਅਕਤੀ ਦੀ ਪਛਾਣ ਸਤਪਾਲ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਵਾਰਡ ਨੰਬਰ 3, ਮੱਲਾਂਵਾਲਾ ਵਜੋਂ ਹੋਈ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਦਰਸ਼ਨ ਲਾਲ ਨੇ ਦੱਸਿਆ ਕਿ ਮੁਲਜ਼ਮ ਖ਼ਿਲਾਫ਼ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਹੁਣ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਬਰਾਮਦ ਕੀਤਾ ਗਿਆ ਪਿਸਤੌਲ ਮੁਲਜ਼ਮ ਕੋਲ ਕਿੱਥੋਂ ਆਇਆ ਤੇ ਉਹ ਇਸ ਨੂੰ ਕਿਸ ਮਕਸਦ ਲਈ ਆਪਣੇ ਕੋਲ ਰੱਖ ਰਿਹਾ ਸੀ। ਜਾਂਚ ਦੌਰਾਨ ਮਾਮਲੇ ਨਾਲ ਜੁੜੇ ਹੋਰ ਪੱਖਾਂ ਦੀ ਵੀ ਪੜਤਾਲ ਕੀਤੀ ਜਾ ਰਹੀ ਹੈ।

## ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ 10ਵਾਂ ਸਿਲਾਈ ਮਸ਼ੀਨ ਵੰਡ ਸਮਾਰੋਹ

**ਸਮਾਣਾ (ਇਕਬਾਲ ਸਿੰਘ ਬੱਲ)** ਸਮਾਜ ਸੇਵੀ ਸੰਸਥਾ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਆਪਣੇ ਸਮਾਜ ਸੇਵੀ ਕਾਰਜਾਂ ਨੂੰ ਅੱਗੇ ਵਧਾਉਂਦੇ ਹੋਏ ਰਮੇਸ਼ ਗਰਗ ਦੀ ਸਰਪ੍ਰਸਤੀ ਹੇਠ ਰਾਮਲੀਲਾ ਵਿਖੇ ਤਰੋਦਸ਼ੀ ਦੇ ਮੌਕੇ 'ਤੇ 10ਵਾਂ ਸਲਾਈ



ਮਸ਼ੀਨ ਵੰਡ ਸਮਾਰੋਹ ਕਰਾਇਆ ਗਿਆ।ਇਸ ਮੌਕੇ 6 ਲੋੜਵੰਦ ਔਰਤਾਂ ਨੂੰ ਸਲਾਈ ਮਸ਼ੀਨਾਂ ਭੇਟ ਕੀਤੀਆਂ ਗਈਆਂ ਤਾਂ ਜੁ ਉਹ ਸਵੈਰੋਜ਼ਗਾਰ ਨਾਲ ਜੁੜ ਕੇ ਆਪਣੇ ਪਰਵਾਰ ਦੀ ਆਰਥਿਕ ਮਦਦ ਕਰ ਸਕਣ। ਸਮਾਗਮ ਦੌਰਾਨ ਭਗਵਾਨ ਸ਼ੰਕਰ ਦਾ ਕੀਰਤਨ, ਹਨੂੰਮਾਨ ਚਾਲੀਸਾ ਤੇ ਬਜਰੰਗ ਬਾਣ ਦਾ ਪਾਠ ਵੀ ਕਰਾਇਆ ਗਿਆ। ਭਜਨ ਗਾਇਕ ਰਣਜੀਤ ਰਾਣਾ, ਦੀਪਕ ਗਰਗ ਤੇ ਪੰਕਜ ਸ਼ਰਮਾ ਵੱਲੋਂ ਧਾਰਮਿਕ ਭਜਨਾਂ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਗਿਆ।ਸਮਾਗਮ ਵਿੱਚ ਨਗਰ ਕੌਂਸਲ ਦੇ ਪ੍ਰਧਾਨ ਕਪੂਰ ਚੰਦ ਬਾਂਸਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਤੋਂ ਇਲਾਵਾ ਪੰਜਾਬ ਪ੍ਰਦੇਸ਼ ਕਾਂਗਰਸ ਦੇ ਸਪੋਕਸਪਰਸਨ ਸੰਦੀਪ ਸਿੰਗਲਾ, ਅੱਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਰਸ਼ਨ ਮਿੱਤਲ, ਪ੍ਰਦੀਪ ਗੋਇਲ ਮਿੰਕਾ, ਹੀਰਾ ਜੈਨ, ਲਵ ਕੁਮਾਰ ਲਵਲੀ, ਨਾਰਾਇਣ ਦਾਸ ਮੰਤਰੀ, ਦਯਾਨੰਦ ਮਾਡਲ ਹਾਈ ਸਕੂਲ ਦੀ ਪ੍ਰਿੰਸੀਪਲ ਅੰਜੂ ਡੈਂਬਲਾ, ਸਰੋਜ ਗੁਪਤਾ, ਗਊ ਸੇਵਾ ਸਮਿਤੀ ਦੇ ਪ੍ਰਧਾਨ ਬਿੱਟੂ ਧੀਮਾਨ ਤੇ ਦਵਿੰਦਰ ਜੈ ਸਿੰਘਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਕਪੂਰ ਚੰਦ ਬਾਂਸਲ ਨੇ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲੋੜਵੰਦ ਔਰਤਾਂ ਨੂੰ ਸਲਾਈ ਮਸ਼ੀਨਾਂ ਦੇਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਜਦੋਂ ਇੱਕ ਮਹਿਲਾ ਆਰਥਿਕ ਤੌਰ 'ਤੇ ਮਜ਼ਬੂਤ ਹੁੰਦੀ ਹੈ ਤਾਂ ਇਸ ਦਾ ਲਾਭ ਪੂਰੇ ਪਰਿਵਾਰ ਅਤੇ ਸਮਾਜ ਨੂੰ ਮਿਲਦਾ ਹੈ।ਇਹ ਸਿਲਾਈ ਮਸ਼ੀਨਾਂ ਮਹਿਲਾਵਾਂ ਲਈ ਸਵੈਰੋਜ਼ਗਾਰ ਦਾ ਸਾਧਨ ਬਣਨਗੀਆਂ।ਸੰਦੀਪ ਸਿੰਗਲਾ ਨੇ ਕਿਹਾ ਕਿ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਬਿਨਾਂ ਕਿਸੇ ਸਵਾਰਥ ਦੇ ਕੀਤੇ ਜਾ ਰਹੇ ਸਮਾਜ ਸੇਵੀ ਕਾਰਜ ਪ੍ਰੇਰਣਾਦਾਇਕ ਹਨ।ਉਨ੍ਹਾਂ ਕਿਹਾ ਕਿ ਸੰਸਥਾ ਦੇ ਇਹ ਉਪਰਾਲੇ ਸਮਾਜ ਦੇ ਹੋਰ ਲੋਕਾਂ ਨੂੰ ਵੀ ਸੇਵਾ ਕਾਰਜਾਂ ਨਾਲ ਜੁੜਨ ਦਾ ਸੁਨੇਹਾ ਦਿੰਦੇ ਹਨ।ਸ਼ਿਵ ਸ਼ੰਕਰ ਯੂਥ ਸੇਵਾ ਦਲ ਦੇ ਪ੍ਰਧਾਨ ਰਮਨ ਮਹਿੰਦਰਾ ਨੇ ਕਿਹਾ ਕਿ ਸਲਾਈ ਮਸ਼ੀਨ ਵੰਡ ਸਮਾਰੋਹ ਦਾ ਮੁੱਖ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਔਰਤਾਂ ਨੂੰ ਸਵੈਰੋਜ਼ਗਾਰ ਨਾਲ ਜੋੜ ਕੇ ਆਤਮਨਿਰਭਰ ਬਣਾਉਣਾ ਹੈ।

## ਨਹਿਰੀ ਪਾਣੀ ਨੂੰ ਤਰਸਿਆ ਜਲ ਘਰ, ਲੋਕ ਮੋਟਰਾਂ ਦਾ ਪਾਣੀ ਪੀਣ ਲਈ ਮਜਬੂਰ

**ਗੋਨਿਆਣਾ (ਪੱਤਰ ਪ੍ਰੇਰਕ)**- ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂ ਸੁਖਪਾਲ ਸਿੰਘ ਖਿਆਲੀ ਵਾਲਾ ਮੇਜਰ ਸਿੰਘ ਖਿਆਲੀ ਵਾਲਾ ਟੇਕ ਸਿੰਘ ਖਿਆਲੀ ਵਾਲਾ ਲਾਭ ਸਿੰਘ ਪ੍ਰੇਮੀ, ਜੱਗਾ ਸਿੰਘ ਪ੍ਰੇਮੀ ਨੇ ਕਿਹਾ ਕਿ ਪਿੰਡ ਖਿਆਲੀ ਵਾਲੇ ਦੇ ਲੋਕ ਪੀਣ ਵਾਲੇ ਸਾਫ ਪਾਣੀ ਦੀ ਸਮੱਸਿਆ ਨਾਲ ਜੂਝ ਰਹੇ ਹਨ। ਸੈਨੀਟੇਸ਼ਨ ਵਿਭਾਗ



ਵੱਲੋਂ ਲੋਕਾਂ ਨੂੰ ਪਿੰਡ ਦੇ ਜਲ ਘਰ ਵਿੱਚ ਲੱਗੀਆਂ ਮੱਛੀ ਮੋਟਰਾਂ ਦਾ ਪਾਣੀ ਹੀ ਸਪਲਾਈ ਕੀਤਾ ਜਾ ਰਿਹਾ ਹੈ, ਜਿਹੜਾ ਕਿ ਪਾਣੀ ਪੀਣ ਯੋਗ ਨਹੀਂ ਹੈ।ਉਹ ਪਾਣੀ ਤਾਂ ਲੋਕਾਂ ਦੇ ਘਰਾਂ ਵਿੱਚ ਲੱਗੀਆਂ ਮੋਟਰਾਂ ਵਿੱਚੋਂ ਵੀ ਆ ਰਿਹਾ ਹੈ। ਧਰਤੀ ਹੇਠਲੇ ਪਾਣੀ ਵਿਚ ਸ਼ੋਰੇ ਦੀ ਮਾਤਰਾ ਜ਼ਿਆਦਾ ਹੋਣ ਕਰਕੇ ਲੋਕ ਜੋੜਾਂ ਦੀਆਂ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਕਈ ਸਾਲਾਂ ਤੋਂ ਜਲ ਘਰ ਨੂੰ ਨਹਿਰੀ ਪਾਣੀ ਨਸੀਬ ਨਹੀਂ ਹੋ ਰਿਹਾ।ਜਲ ਘਰ ਵਿੱਚ ਬਣੇ ਡਿੱਗਾਂ ਦੀ ਹਾਲਤ ਬਿਆਨ ਕਰਦੀ ਹੈ ਕਿ ਆਮ ਆਦਮੀ ਦੀ ਸਰਕਾਰ ਤੇ ਪ੍ਰਸ਼ਾਸਨ ਨੇ ਇਸ ਗੱਲ ਵੱਲ ਬਿਲਕੁਲ ਧਿਆਨ ਨਹੀਂ ਦਿੱਤਾ।ਪਾਣੀ ਨੂੰ ਸਾਫ਼ ਕਰਨ ਵਾਸਤੇ ਪਾਏ ਜਾਦੇ ਘੱਗਰ ਦੀ ਜਲ ਘਰ ਵੱਲੋ ਕਈ ਸਾਲਾਂ ਉਡੀਕ ਕੀਤੀ ਜਾ ਰਹੀ ਹੈ।ਅਧਿਕਾਰੀਆਂ ਤੋਂ ਲੈ ਕੇ ਐਮ ਐਲ ਏ ਤੱਕ ਪਹੁੰਚ ਕਰਕੇ ਪਿੰਡ ਵਾਸੀ ਵੀ ਇਨਸਾਫ ਦੀ ਉਮੀਦ ਛੱਡ ਚੁੱਕੇ ਹਨ।ਜਿਹੜੇ ਸਰਕਾਰ ਨੇ ਲੋਕਾਂ ਨਾਲ ਵਾਅਦੇ ਕੀਤੇ ਸੀ, ਉਹ ਪੂਰੇ ਨਹੀ ਕੀਤੇ ਗਏ।

## ਮੈਡੀਕਲ ਦੁਕਾਨਾਂ 'ਤੇ ਖੁੱਲ੍ਹੇਆਮ ਵਿਕ ਰਿਹਾ ਹੈ ਨਸ਼ਾ

**ਬਰੇਟਾ (ਰੀਤਵਾਲ)** ਨਸ਼ਿਆਂ ਵਿਰੁੱਧ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸਿਰਫ਼ ਕਾਗ਼ਜ਼ਾਂ ਤੇ ਪ੍ਰੈਸ ਬਿਆਨਾਂ ਤੱਕ ਹੀ ਸੀਮਤ ਨਜ਼ਰ ਆ ਰਹੀ ਹੈ।ਸ਼ਹਿਰ ਦੀਆਂ ਮੈਡੀਕਲ ਦੁਕਾਨਾਂ 'ਤੇ ਬਿਨਾਂ ਕਿਸ ਡਰ ਦੇ ਨਸ਼ੇ ਵਾਲੀਆਂ ਗੋਲੀਆਂ, ਕੈਪਸੂਲ ਧੜੱਲੇ ਨਾਲ ਵੇਚੇ ਜਾ ਰਹੇ ਹਨ, ਜਿਸ ਨਾਲ ਮੁਹਿੰਮ ਦੀ ਅਸਲੀਅਤ ਸਾਹਮਣੇ ਆ ਗਈ ਹੈ।

ਲੋਕਾਂ ਅਨੁਸਾਰ, ਸ਼ਹਿਰ ਦੇ ਕੈਂਚੀਆਂ ਚੌਕ 'ਚ ਨਜ਼ਦੀਕ ਇੱਕ ਮੈਡੀਕਲ ਦੁਕਾਨ ਤੋਂ ਸਵੇਰ ਸ਼ਾਮ ਵੱਡੀ ਗਿਣਤੀ ਵਿਚ ਲੋਕ ਨਸ਼ੀਲੀਆਂ ਦਵਾਈਆਂ ਖਰੀਦਦੇ ਦੇਖੇ ਜਾ ਸਕਦੇ ਹਨ।ਦੁਕਾਨਦਾਰ ਮੋਟੇ ਮੁਨਾਫ਼ੇ ਦੇ ਲਾਲਚ ਵਿੱਚ ਕਾਨੂੰਨੀ ਨਿਯਮਾਂ ਨੂੰ ਛਿੱਕੇ ਟੰਗ ਕੇ ਇਹ ਦਵਾਈਆਂ ਬਿਨਾਂ ਕਿਸੇ ਪੁੱਛ-ਗਿੱਛ ਦੇ ਵੇਚ ਰਿਹਾ ਹੈ।ਇਸ ਨਾਲ ਸ਼ਹਿਰ ਵਿੱਚ ਨਸ਼ੇ ਦੀ ਸਮੱਸਿਆ ਹੋਰ ਗੰਭੀਰ ਹੁੰਦੀ ਜਾ ਰਹੀ ਹੈ ਤੇ ਕਈ ਪਰਵਾਰ ਆਪਣੇ ਬੱਚਿਆਂ ਦੇ ਭਵਿੱਖ ਨੂੰ ਲੈ ਕੇ ਫ਼ਿਕਰਮੰਦ ਹਨ।ਦੱਸਣਯੋਗ ਹੈ ਕਿ ਇਸ ਦੁਕਾਨ ਦੇ ਮਾਲਕ ਨੂੰ ਕੁਝ ਨੌਜਵਾਨਾਂ ਵੱਲੋਂ ਨਸ਼ੇ ਦੇ ਕੈਪਸੂਲਾਂ ਦੀ ਵਿਕਰੀ ਕਰਦੇ ਹੋਏ ਰੰਗੇਂ ਹੱਥੀਂ ਫੜਿਆ ਗਿਆ ਸੀ ਤੇ ਇਸ ਦੀਆਂ ਤਸਵੀਰਾਂ ਸੋਸ਼ਲ ਮੀਡੀਆ ਤੇ ਵੀ ਖੂਬ ਵਾਇਰਲ ਹੋਈਆਂ ਸਨ।ਦੂਜੇ ਪਾਸੇ ਸਿਹਤ ਵਿਭਾਗ ਦੇ ਅਧਿਕਾਰੀ ਭਾਵੇਂ ਸਮੇਂ-ਸਮੇਂ 'ਤੇ ਛਾਪੇਮਾਰੀ ਦੇ ਦਾਅਵੇ ਕਰਦੇ ਰਹਿੰਦੇ ਹਨ, ਪਰ ਜ਼ਮੀਨੀ ਹਕੀਕਤ ਇਸ ਤੋਂ ਬਿਲਕੁਲ ਵੱਖਰੀ ਹੈ। ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਅਤੇ ਦੁਕਾਨਦਾਰ ਦੀ ਮਿਲੀਭੁਗਤ ਕਾਰਨ ਹੀ ਇਹ ਗੋਰਖਧੰਦਾ ਬੇਖੌਫ਼ ਚੱਲ ਰਿਹਾ ਹੈ।ਲੋਕਾਂ ਨੇ ਮੰਗ ਕੀਤੀ ਹੈ ਕਿ ਪ੍ਰਸ਼ਾਸਨ ਸਿਰਫ਼ ਦਿਖਾਵੇ ਦੀ ਕਾਰਵਾਈ ਦੀ ਬਜਾਏ ਦੋਸ਼ੀ ਮੈਡੀਕਲ ਦੁਕਾਨਦਾਰ ਖ਼ਿਲਾਫ਼ ਸਖ਼ਤ ਤੇ ਠੋਸ ਕਾਰਵਾਈ ਕਰੇ ਤਾਂ ਜੁ ਆਉਣ ਵਾਲੀ ਪੀੜ੍ਹੀ ਨੂੰ ਨਸ਼ੇ ਦੀ ਦਲਦਲ ਤੋਂ ਬਚਾਇਆ ਜਾ ਸਕੇ।

## ਕੋਟ ਕਰੋੜ ਕਲਾਂ ਤੇ ਕੋਟ ਕਰੋੜ ਖੁਰਦ ਦੇ ਵਾਸੀਆਂ ਨੂੰ ਗੁਰੂ ਰਵਿਦਾਸ ਜੀ ਦੇ ਸੰਦੇਸ਼ ਬਾਰੇ ਕਰਾਇਆ ਜਾਣੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਐੱਲਈਡੀ ਵੈਨ ਵੱਲੋਂ ਬੀਤੀ ਸ਼ਾਮ ਫਿਰੋਜ਼ਪੁਰ ਦਿਹਾਤੀ ਹਲਕੇ ਦੇ ਪਿੰਡ ਕੋਟ ਕਰੋੜ ਕਲਾਂ ਤੇ ਕੋਟ ਕਰੋੜ ਖ਼ੁਰਦ ਵਿਖੇ ਪਹੁੰਚ ਕੇ ਪਿੰਡ ਵਾਸੀਆਂ ਨੂੰ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਉਪਦੇਸ਼ਾਂ ਬਾਰੇ ਜਾਣੂ ਕਰਵਾਇਆ ਗਿਆ। ਇਹ ਜਾਣਕਾਰੀ ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਕੁਮਾਰ ਦਹੀਯਾ ਨੇ ਦਿੱਤੀ।

ਵਿਧਾਇਕ ਰਜਨੀਸ਼ ਦਹੀਯਾ ਨੇ ਕਿਹਾ ਕਿ ਪਿੰਡ ਕੋਟ ਕਰੋੜ ਕਲਾਂ ਤੇ ਕੋਟ ਕਰੋੜ ਖ਼ੁਰਦ ਵਿਖ਼ੇ ਵੈਨ ਰਾਹੀਂ ਅੱਧੇ ਘੰਟੇ ਦੀ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫੇ ਤੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਅਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ



ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ, ਜਿਸ ਨੇ ਪਿੰਡ ਵਾਸੀਆਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਤੇ ਸਮਾਜ ਵਿੱਚ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਯੋਗਦਾਨ ਬਾਰੇ ਜਾਣੂ ਕਰਾਇਆ। ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਰਾਹੀਂ ਸ਼੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਤੇ ਮਨੁੱਖਤਾ ਦੇ ਸੰਦੇਸ਼ ਨੂੰ ਆਮ ਲੋਕਾਂ, ਵਿਸ਼ੇਸ਼ ਤੌਰ ਤੇ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ ਤੇ ਆਪਸੀ ਸਤਿਕਾਰ ਦਾ ਰਾਹ ਦਿਖਾਉਂਦੀ ਹੈ, ਜਿਸ ਨਾਲ ਸਮਾਜ ਵਿੱਚ ਭਾਈਚਾਰਾ ਅਤੇ ਸਦਭਾਵਨਾ ਹੋਰ ਮਜ਼ਬੂਤ ਹੋਵੇਗੀ।

## ਤਿਰੰਗਾ ਸਾਡੀ ਸ਼ਾਨ ਤੇ ਸਾਡੀ ਜਾਨ ਹੈ : ਸੰਜੀਵ ਗਰਗ

### ਐਂਟੀ ਡਰੱਗ ਐਂਡ ਸੋਸ਼ਲ ਵੈੱਲਫੇਅਰ ਵੱਲੋਂ 'ਹਰ ਘਰ ਤਿਰੰਗਾ' ਵੰਡ ਸਮਾਗਮ

**ਸਮਾਣਾ, (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਐਂਟੀ ਡਰੱਗ ਐਂਡ ਸੋਸ਼ਲ ਵੈੱਲਫੇਅਰ ਆਰਗੇਨਾਈਜ਼ੇਸ਼ਨ ਪੰਜਾਬ ਵੱਲੋਂ ਤਹਿਸੀਲ ਪਾਰਕ ਕਲੱਬ ਸਮਾਣਾ ਦੇ ਸਹਿਯੋਗ ਨਾਲ ਆਜ਼ਾਦੀ ਦਿਵਸ ਦੇ ਮੱਦੇਨਜ਼ਰ 'ਹਰ ਘਰ ਤਿਰੰਗਾ' ਵੰਡ ਸਮਾਗਮ ਚਿਲਡਰਨ ਮੈਮੋਰੀਅਲ ਪਾਰਕ ਸਮਾਣਾ ਵਿਖੇ ਬੜੀ ਧੂਮਧਾਮ ਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਕਰਵਾਇਆ ਗਿਆ।ਸੰਸਥਾ ਦੇ ਪੀ.ਆਰ.ਓ. ਇਕਬਾਲ ਸਿੰਘ ਬੱਲ ਦੀ ਦੇਖ-ਰੇਖ ਹੇਠ ਕਰਵਾਏ ਇਸ ਸਮਾਗਮ



ਦੌਰਾਨ ਆਮ ਲੋਕਾਂ ਤੇ ਪਰਵਾਰਾਂ ਨੂੰ ਤਿਰੰਗੇ ਵੰਡ ਕੇ ਆਪਣੇ ਘਰਾਂ ਤੇ ਕਾਰੋਬਾਰੀ ਅਦਾਰਿਆਂ 'ਤੇ ਰਾਸ਼ਟਰੀ ਝੰਡਾ ਲਹਿਰਾਉਣ ਲਈ ਪ੍ਰੇਰਿਤ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਐਂਟੀ ਡਰੱਗ ਐਂਡ ਸੋਸ਼ਲ ਵੈੱਲਫੇਅਰ ਆਰਗੇਨਾਈਜ਼ੇਸ਼ਨ ਦੇ ਚੇਅਰਮੈਨ ਸੰਜੀਵ ਗਰਗ ਨੇ ਕਿਹਾ ਕਿ ਤਿਰੰਗਾ ਸਾਡੀ ਸ਼ਾਨ ਤੇ ਸਾਡੀ ਜਾਨ ਹੈ। [illegible]


## ਘੱਗਰ ਦੇ ਮਜ਼ਦੂਰ ਪਰਵਾਰਾਂ ਦੀਆਂ ਮੰਗਾਂ ਦਾ ਮਾਮਲਾ ਉਲਝਿਆ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- [illegible]



[illegible] ਲਈ ਸੁਰੱਖਿਅਤ ਘਰ ਦੀ ਮੰਗ ਕਰ ਰਹੇ ਹਨ।ਇਸ ਦੇ ਚਲਦਿਆਂ ਨੌਜਵਾਨ ਭਾਰਤ ਸਭਾ ਦੇ ਆਗੂ ਗੁਰਦੀਪ ਅਜ਼ਾਦ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਜੇਕਰ ਮਜ਼ਦੂਰ ਪਰਵਾਰਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਗਿਆ ਤਾਂ 13 ਅਗਸਤ ਤੋਂ ਐਸਡੀਐਮ ਦਫ਼ਤਰ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਲਾਇਆ ਜਾਵੇਗਾ। ਆਗੂਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮਜ਼ਦੂਰ ਪਰਵਾਰਾਂ ਨੂੰ 5-5 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਲਈ ਯੋਗ ਮੁਆਵਜ਼ਾ ਦੇਣ ਦੀ ਮੰਗ ਨੂੰ ਤੁਰੰਤ ਪ੍ਰਵਾਨ ਕਰਕੇ ਮਸਲੇ ਦਾ ਪੱਕਾ ਹੱਲ ਕੀਤਾ ਜਾਵੇ।

## ਕ੍ਰਿਸ਼ਨ ਸਨੌਰ ਕੌਮੀ ਮੀਤ ਪ੍ਰਧਾਨ ਤੇ ਜੱਸੀ ਅਬਜ਼ਰਵਰ ਨਿਯੁਕਤ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)** - ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸਨੌਰ ਦੇ ਸੀਨੀਅਰ ਆਗੂ ਜਥੇਦਾਰ ਕ੍ਰਿਸ਼ਨ ਸਿੰਘ ਸਨੌਰ ਨੂੰ ਉਨ੍ਹਾਂ ਵੱਲੋਂ ਪਾਰਟੀ ਪ੍ਰਤੀ ਨਿਭਾਈਆਂ ਸ਼ਾਨਦਾਰ ਸੇਵਾਵਾਂ ਬਦਲੇ ਕੌਮੀ ਮੀਤ ਪ੍ਰਧਾਨ ਤੇ ਮਾਰਕੀਟ ਕਮੇਟੀ ਬਨੂੜ ਦੇ ਸਾਬਕਾ ਚੇਅਰਮੈਨ ਜਸਵਿੰਦਰ ਸਿੰਘ ਜੱਸੀ ਨੂੰ ਹਲਕਾ ਡੇਰਾਬਸੀ ਦਾ ਅਬਜ਼ਰਵਰ ਨਿਯੁਕਤ ਕੀਤਾ ਗਿਆ।ਉਨ੍ਹਾਂ ਦੀ ਇਸ ਨਿਯੁਕਤੀ ਲਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਵਿਧਾਇਕ ਨਰਿੰਦਰ ਸ਼ਰਮਾ ਅਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਇਨ੍ਹਾਂ ਆਗੂਆਂ ਨੇ ਵਿਸ਼ਵਾਸ ਦਵਾਇਆ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪੁਚਾਉਣ ਲਈ ਦਿਨ-ਰਾਤ ਮਿਹਨਤ ਕਰਨਗੇ ਤਾਂ ਜੁ ਸੂਬੇ ਵਿਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਅਕਾਲੀ ਦਲ ਬਾਦਲ ਦੀ ਸਰਕਾਰ ਬਣਾਈ ਜਾ ਸਕੇ। ਉਨ੍ਹਾਂ ਦੱਸਿਆ ਕਿ ਅਕਾਲੀ ਦਲ ਦੀ ਸਰਕਾਰ ਵੱਲੋਂ ਕਰਵਾਏ ਗਏ ਵਿਕਾਸ ਕਾਰਜਾਂ ਨੂੰ ਸੂਬੇ ਦੇ ਲੋਕ ਯਾਦ ਕਰਨ ਲੱਗ ਪਏ ਹਨ।ਉਹ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਪਾਰਟੀ ਉਮੀਦਵਾਰਾਂ ਨੂੰ ਵੋਟਾਂ ਪਾ ਕੇ ਸੂਬੇ ਵਿੱਚ ਭਾਰੀ ਬਹੁਮਤ ਨਾਲ ਅਕਾਲੀ ਦਲ ਦੀ ਸਰਕਾਰ ਬਣਾਉਣਗੇ।

## ਵੇ ਆਫ਼ ਫੇਥ ਚਰਚ ਰੇਤਗੜ੍ਹ 'ਚ ਸਮਾਗਮ 23 ਨੂੰ

**ਸਮਾਣਾ (ਇਕਬਾਲ ਸਿੰਘ ਬੱਲ)** ਪਾਸਟਰ ਗੁਰਚਰਨ ਸਿੰਘ ਰੇਤਗੜ੍ਹ ਨੇ ਦੱਸਿਆ ਕਿ ਦਾ ਓਪਨ ਡੋਰ ਚਰਚ ਖੋਜੇਵਾਲ ਦੀ ਬ੍ਰਾਂਚ ਵੇਅ ਆਫ ਫੇਥ ਚਰਚ ਰੇਤਗੜ੍ਹ ਵਿਖੇ ਆਉਣ ਵਾਲੀ 23 ਅਗਸਤ ਨੂੰ ਇੱਕ ਵੱਡੀ ਮੀਟਿੰਗ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਐਤਵਾਰ ਨੂੰ ਰੇਤਗੜ੍ਹ ਚਰਚ ਵਿੱਚ ਇੱਕ ਵੱਡੀ ਮੀਟਿੰਗ ਹੋਵੇਗੀ। ਮੀਟਿੰਗ ਵਿੱਚ ਖਾਸਕਰ ਦੁਖੀਆਂ ਤੇ ਬਿਮਾਰੀ ਲਈ ਵਿਸ਼ੇਸ਼ ਪ੍ਰਾਥਨਾ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪ੍ਰਭੂ ਯਿਸ਼ੂ ਨੇ ਸਾਰੀ ਦੁਨੀਆ ਦੇ ਪਾਪ ਆਪਣੇ ਉਪਰ ਲੈਕੇ ਆਪਣੇ-ਆਪ ਨੂੰ ਕੁਰਬਾਨ ਕਰ ਲਿਆ ਸੀ, ਪਰ ਹੁਣ ਸਾਨੂੰ ਪ੍ਰਭੂ ਯਿਸ਼ੂ ਦੇ ਦਿੱਤੇ ਬਚਨਾਂ ਅਤੇ ਉਨ੍ਹਾਂ ਦੇ ਦਿਖਾਏ ਰਸਤੇ ਉਪਰ ਚੱਲਣ ਦੀ ਲੋੜ ਹੈ। ਉਨ੍ਹਾਂ ਦੀ ਪਤਨੀ ਪਾਸਟਰ ਰਾਜਵਿੰਦਰ ਕੌਰ ਰੇਤਗੜ੍ਹ ਨੇ ਦੱਸਿਆ ਕਿ ਪ੍ਰਭੂ ਯਿਸ਼ੂ ਨੇ ਪਿਆਰ, ਮਾਫ਼ੀ ਤੇ ਮਾਨਵਤਾ ਦਾ ਜੋ ਸੰਦੇਸ਼ ਦਿੱਤਾ, ਉਹ ਅੱਜ ਦੇ ਸਮੇਂ ਵਿੱਚ ਹੋਰ ਵੀ ਪ੍ਰਸੰਗਿਕ ਹੈ।

## ਜਵੰਧਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਮੀਤ ਪ੍ਰਧਾਨ ਨਿਯੁਕਤ

**ਧੂਰੀ, (ਮਨੋਹਰ ਸਿੰਘ ਸੱਗੂ)** ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਸੂਬਾ ਪੱਧਰ 'ਤੇ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ।ਇਨ੍ਹਾਂ ਨਿਯੁਕਤੀਆਂ ਤਹਿਤ ਮੁਲਾਜ਼ਮ ਆਗੂ ਤੇ ਅਧਿਆਪਕ ਦਲ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਹਰਦੇਵ ਸਿੰਘ ਜਵੰਧਾ ਨੂੰ ਪਾਰਟੀ ਦਾ ਸੂਬਾਈ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਜ਼ਿਕਰਯੋਗ ਹੈ ਕਿ ਸ. ਜਵੰਧਾ ਨੇ ਆਪਣੀ ਸਰਵਿਸ ਦੌਰਾਨ ਅਧਿਆਪਕ ਵਰਗ ਦੀ ਜਥੇਬੰਦੀ ਅਧਿਆਪਕ ਦਲ ਪੰਜਾਬ ਵਿੱਚ ਵੱਖ-ਵੱਖ ਅਹੁਦਿਆਂ 'ਤੇ ਰਹਿੰਦਿਆਂ ਨਿਸ਼ਕਾਮ ਅਤੇ ਅਣਥੱਕ ਸੇਵਾਵਾਂ ਨਿਭਾਈਆਂ।ਬਤੌਰ ਅਧਿਆਪਕ ਉਨ੍ਹਾਂ ਵੱਲੋਂ ਨਿਭਾਈਆਂ ਸ਼ਾਨਦਾਰ ਤੇ ਸ਼ਾਨਾਮੱਤੀਆਂ ਸੇਵਾਵਾਂ ਦੇ ਸਦਕਾ ਉਨ੍ਹਾਂ ਨੂੰ ਸਟੇਟ ਐਵਾਰਡ ਤੇ ਰਾਸ਼ਟਰਪਤੀ ਐਵਾਰਡ ਨਾਲ ਵੀ ਸਨਮਾਨਤ ਕੀਤਾ ਜਾ ਚੁੱਕਾ ਹੈ।



## ਜੋਗਾ ਸਿੰਘ ਅਕਾਲੀ ਦਲ ਦੇ ਜਥੇ. ਸਕੱਤਰ ਨਿਯੁਕਤ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** ਸ਼੍ਰੋਮਣੀ ਅਕਾਲੀ ਦਲ ਸੁਖਬੀਰ ਸਿੰਘ ਬਾਦਲ ਵੱਲੋਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਸੀਨੀਅਰ ਅਕਾਲੀ ਆਗੂ ਜੋਗਾ ਸਿੰਘ ਸਿੱਧੂ ਨੂੰ ਦਲ ਦਾ ਕੌਮੀ ਜਥੇਬੰਦਕ ਸਕੱਤਰ ਨਿਯੁਕਤ ਕੀਤਾ ਗਿਆ ਹੈ।ਜਥੇਦਾਰ ਸਿੱਧੂ ਨੂੰ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਲੈ ਕੇ ਅਕਾਲੀ ਵਰਕਰਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ।ਜਥੇਦਾਰ ਜੋਗਾ ਸਿੰਘ ਸਿੱਧੂ ਨੇ ਪਾਰਟੀ ਵੱਲੋਂ ਸੌਂਪੀ ਕੇ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ ਹੈ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਗੁਰਪ੍ਰੀਤ ਸਿੰਘ ਰਾਜੂ ਖੰਨਾ, ਹਲਕਾ ਸ਼ੁਤਰਾਣਾ ਦੇ ਇੰਚਾਰਜ ਬਾਬੂ ਕਬੀਰ ਦਾਸ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਜਥੇਦਾਰ ਮਹਿੰਦਰ ਸਿੰਘ ਲਾਲਵਾ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਦਲ ਦੀ ਮਜ਼ਬੂਤੀ ਲਈ ਉਹ ਹਰ ਸੰਭਵ ਕੋਸ਼ਿਸ਼ ਕਰਨਗੇ।

## ਗੁੰਡਾਗਰਦੀ ਵਧੀ ਕਾਰਨ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਸਵਾਲ

**ਬਰੇਟਾ (ਰੀਤਵਾਲ)** ਸੂਬੇ ਵਿੱਚ ਪਿਛਲੇ ਕੁਝ ਸਮੇਂ ਤੋਂ ਗੁੰਡਾਗਰਦੀ ਅਤੇ ਅਪਰਾਧਿਕ ਘਟਨਾਵਾਂ ਵਿੱਚ ਲਗਾਤਾਰ ਵਾਧਾ ਦਰਜ ਕੀਤਾ ਜਾ ਰਿਹਾ ਹੈ, ਜਿਸ ਕਾਰਨ ਆਮ ਲੋਕਾਂ ਵਿੱਚ ਭੈਅ ਅਤੇ ਅਸੁਰੱਖਿਆ ਦੀ ਭਾਵਨਾ ਪੈਦਾ ਹੋ ਗਈ ਹੈ।ਖੁੱਲ੍ਹੇਆਮ ਹੋ ਰਹੀਆਂ ਲੜਾਈ-ਝਗੜੇ, ਧਮਕੀਆਂ ਤੇ ਹਿੰਸਕ ਘਟਨਾਵਾਂ ਨੇ ਪ੍ਰਸ਼ਾਸਨ ਦੀ ਕਾਰਜਪ੍ਰਣਾਲੀ 'ਤੇ ਵੱਡੇ ਸਵਾਲ ਖੜੇ ਕਰ ਦਿੱਤੇ ਹਨ। ਸਿਆਸੀ ਹਲਕਿਆਂ ਅਤੇ ਸਮਾਜਿਕ ਸੰਗਠਨਾਂ ਦਾ ਕਹਿਣਾ ਹੈ ਕਿ ਜੇਕਰ ਸਮੇਂ ਸਿਰ ਢੁੱਕਵੇਂ ਕਦਮ ਨਾ ਚੁੱਕੇ ਗਏ ਤਾਂ ਆਉਣ ਵਾਲੇ ਸਮੇਂ ਵਿੱਚ ਸਰਕਾਰ ਨੂੰ ਇਸ ਦਾ ਸਿਆਸੀ ਖਮਿਆਜ਼ਾ ਭੁਗਤਣਾ ਪੈ ਸਕਦਾ ਹੈ।ਵਿਰੋਧੀ ਧਿਰਾਂ ਨੇ ਵੀ ਇਸ ਮੁੱਦੇ ਨੂੰ ਲੈ ਕੇ ਸਰਕਾਰ 'ਤੇ ਨਿਸ਼ਾਨਾ ਸਾਧਿਆ ਹੈ ਤੇ ਕਾਨੂੰਨ ਵਿਵਸਥਾ ਨੂੰ ਲੈ ਕੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਵਪਾਰੀ ਵਰਗ ਤੇ ਆਮ ਨਾਗਰਿਕ ਵੀ ਇਸ ਵਧਦੀ ਗੁੰਡਾਗਰਦੀ ਤੋਂ ਬੇਹੱਦ ਪ੍ਰੇਸ਼ਾਨ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਥਾਣਿਆਂ ਵਿੱਚ ਸ਼ਿਕਾਇਤਾਂ ਦੇ ਬਾਵਜੂਦ ਵੀ ਕਈ ਵਾਰ ਸਮੇਂ ਸਿਰ ਕਾਰਵਾਈ ਨਹੀਂ ਹੁੰਦੀ, ਜਿਸ ਕਾਰਨ ਦੋਸ਼ੀਆਂ ਦੇ ਹੌਸਲੇ ਬੁਲੰਦ ਹੁੰਦੇ ਜਾ ਰਹੇ ਹਨ। ਮਾਹਿਰਾਂ ਦਾ ਮੰਨਣਾ ਹੈ ਕਿ ਲੋਕਾਂ ਦਾ ਭਰੋਸਾ ਬਹਾਲ ਕਰਨ ਲਈ ਪੁਲਿਸ ਪ੍ਰਸ਼ਾਸਨ ਨੂੰ ਸਖ਼ਤੀ ਨਾਲ ਪੇਸ਼ ਆਉਣਾ ਹੋਵੇਗਾ ਅਤੇ ਦੋਸ਼ੀਆਂ ਖ਼ਿਲਾਫ਼ ਤੁਰੰਤ ਕਾਰਵਾਈ ਯਕੀਨੀ ਬਣਾਉਣੀ ਹੋਵੇਗੀ। ਜੇਕਰ ਹਾਲਾਤ ਇਸੇ ਤਰ੍ਹਾਂ ਬਣੇ ਰਹੇ, ਤਾਂ ਲੋਕਾਂ ਦਾ ਗੁੱਸਾ ਆਉਣ ਵਾਲੀਆਂ ਚੋਣਾਂ ਵਿੱਚ ਸਰਕਾਰ ਖ਼ਿਲਾਫ਼ ਵੀ ਦੇਖਣ ਨੂੰ ਮਿਲ ਸਕਦਾ ਹੈ।

## ਸੰਧਵਾਂ ਵਾਅਦਿਆਂ ਤੋਂ ਭੱਜੇ, ਸਿੱਧੂਪੁਰ ਵੱਲੋਂ ਰੇਲ ਰੋਕੋ ਪ੍ਰੋਗਰਾਮ ਇੱਕ ਦਿਨ ਲਈ ਅੱਗੇ ਪਾਇਆ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਸੰਯੁਕਤ ਕਿਸਾਨ ਮੋਰਚਾ (ਗ਼ੈਰ-ਰਾਜਨੀਤਕ) ਦੀ ਅਗਵਾਈ ਹੇਠ ਭਾਰਤੀ ਕਿਸਾਨ ਯੂਨੀਅਨ (ਏਕਤਾ ਸਿੱਧੂਪੁਰ) ਵੱਲੋਂ ਲੈਂਡ ਮੋਰਗੇਜ ਬੈਂਕਾਂ ਦੀ ਧੋਖਾਧੜੀ ਦੇ ਸ਼ਿਕਾਰ ਕਿਸਾਨਾਂ ਤੇ ਪਿੰਡ ਹਰੀ ਨੌਂ ਦੇ ਪੀੜਤ ਪਰਵਾਰ ਨੂੰ ਇਨਸਾਫ਼ ਦਿਵਾਉਣ ਲਈ ਚੱਲ ਰਿਹਾ ਅੰਦੋਲਨ ਹੋਰ ਭਖ ਗਿਆ ਹੈ।ਪ੍ਰਸ਼ਾਸਨ ਵੱਲੋਂ ਵਾਰ-ਵਾਰ ਮੀਟਿੰਗਾਂ ਕਰਕੇ ਮੰਗਾਂ ਦੇ ਹੱਲ ਲਈ ਇੱਕ ਦਿਨ ਦਾ ਸਮਾਂ ਮੰਗੇ ਜਾਣ ਕਾਰਨ ਰੇਲ ਰੋਕੋ ਪ੍ਰੋਗਰਾਮ ਫ਼ਿਲਹਾਲ ਇੱਕ ਦਿਨ ਲਈ ਅੱਗੇ ਪਾ ਦਿੱਤਾ ਗਿਆ ਹੈ ਬੀ.ਕੇ.ਯੂ. ਏਕਤਾ ਸਿੱਧੂਪੁਰ ਦੇ ਸੂਬਾ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ ਨੇ ਦੱਸਿਆ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ



ਹਜ਼ੂਰੀ ਵਿੱਚ ਤੇ ਬੈਠਕਾਂ ਦੌਰਾਨ ਕਿਸਾਨਾਂ ਨਾਲ ਵਾਅਦੇ ਕੀਤੇ ਸਨ, ਜਿਨ੍ਹਾਂ ਤੋਂ ਹੁਣ ਉਹ ਪੂਰੀ ਤਰ੍ਹਾਂ ਮੁਕਰ ਚੁੱਕੇ ਹਨ।ਉਨ੍ਹਾਂ ਦੋਸ਼ ਲਾਇਆ ਕਿ ਭਗਵੰਤ ਮਾਨ ਸਰਕਾਰ ਦੀ ਛਤਰ-ਛਾਇਆ ਹੇਠ ਬੈਂਕਾਂ ਵੱਲੋਂ ਕਿਸਾਨਾਂ ਦੀ ਸ਼ਰੇਆਮ ਲੁੱਟ ਕੀਤੀ ਜਾ ਰਹੀ ਹੈ। ਕਿਸਾਨ ਆਗੂ ਨੇ ਦੱਸਿਆ ਕਿ ਪਿਛਲੀਆਂ ਮੀਟਿੰਗਾਂ ਵਿੱਚ ਸਪੀਕਰ ਸੰਧਵਾਂ ਨੇ ਵਾਅਦਾ ਕੀਤਾ ਸੀ ਕਿ ਵਿਧਾਨ ਸਭਾ ਵਿੱਚ ਲੈਂਡ ਮੋਰਗੇਜ ਬੈਂਕਾਂ ਲਈ 'ਵਨ ਟਾਈਮ ਸੈਟਲਮੈਂਟ ਸਕੀਮ' ਲਿਆਉਣ, ਕਿਸਾਨਾਂ ਦੇ ਕੋਰੇ ਚੈੱਕ ਵਾਪਸ ਕਰਾਉਣ ਅਤੇ ਖਨੌਰੀ-ਸ਼ੰਭੂ ਮੋਰਚੇ ਤੋਂ ਚੋਰੀ ਹੋਈਆਂ ਟਰਾਲੀਆਂ ਤੇ ਸਾਮਾਨ ਦੀ ਭਰਪਾਈ ਕਰਨ ਦਾ ਮਤਾ ਲਿਆਂਦਾ ਜਾਵੇਗਾ, ਪਰ ਪੰਜਾਬ ਸਰਕਾਰ ਨੇ ਇਸ ਸਬੰਧੀ ਕੋਈ ਐਲਾਨ ਨਾ ਕਰਕੇ ਕਿਸਾਨਾਂ ਨਾਲ ਵੱਡਾ ਧੋਖਾ ਕੀਤਾ ਹੈ, ਜਿਸ ਦੇ ਰੋਸ ਵਜੋਂ ਕਿਸਾਨਾਂ ਵੱਲੋਂ ਸਪੀਕਰ ਸੰਧਵਾਂ ਦੇ ਘਰ ਦਾ ਘੇਰਾਓ ਕੀਤਾ ਜਾ ਰਿਹਾ ਹੈ। ਕਾਕਾ ਸਿੰਘ ਕੋਟੜਾ ਨੇ ਸਪੱਸ਼ਟ ਕੀਤਾ ਕਿ ਜੇਕਰ ਪ੍ਰਸ਼ਾਸਨ ਵੱਲੋਂ ਮੰਗੇ ਗਏ ਇੱਕ ਦਿਨ ਦੇ ਸਮੇਂ ਅੰਦਰ ਚੈੱਕ ਵਾਪਸੀ, ਵਨ ਟਾਈਮ ਸੈਟਲਮੈਂਟ ਸਕੀਮ ਤੇ ਹੋਏ ਨੁਕਸਾਨ ਦੀ ਭਰਪਾਈ ਦਾ ਕੋਈ ਠੋਸ ਹੱਲ ਨਾ ਕੱਢਿਆ ਗਿਆ, ਤਾਂ ਐੱਸ.ਕੇ.ਐੱਮ. (ਗ਼ੈਰ-ਰਾਜਨੀਤਿਕ) ਦੀ ਅਗਵਾਈ ਹੇਠ ਸੰਘਰਸ਼ ਨੂੰ ਹੋਰ ਤਿੱਖਾ ਕਰਦਿਆਂ ਵੱਡਾ ਅਤੇ ਸਖ਼ਤ ਐਕਸ਼ਨ ਲਿਆ ਜਾਵੇਗਾ।

# ਨੈਸ਼ਨਲ ਹੈਲਥ ਮਿਸ਼ਨ ਪੰਜਾਬ ਦੇ ਮੁਲਾਜ਼ਮਾਂ ਵੱਲੋਂ ਹੱਕੀ ਮੰਗਾਂ ਲਈ ਦੋ ਰੋਜ਼ਾ ਹੜਤਾਲ ਦਾ ਐਲਾਨ



**ਚੋਹਲਾ ਸਾਹਿਬ (ਰਮਨ ਚੱਡਾ)**- ਸਿਹਤ ਵਿਭਾਗ ਵਿੱਚ ਯੋਗ ਪ੍ਰਣਾਲੀ ਰਾਹੀ ਭਰਤੀ ਕੀਤੇ ਨੈਸ਼ਨਲ ਹੈਲਥ ਮਿਸ਼ਨ ਅਧੀਨ ਪਿਛਲੇ ਪੰਦਰ੍ਹਾਂ ਵੀਹ ਸਾਲਾਂ ਤੋਂ ਠੇਕੇ ਤੇ ਕੰਮ ਕਰਦੇ ਕੱਚੇ ਸਿਹਤ ਮੁਲਾਜ਼ਮਾਂ ਨਾਲ ਪੱਕੇ ਵਾਅਦੇ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਸੱਤਾ ਦੇ ਨਸ਼ੇ ਵਿੱਚ ਆਪਣੇ ਵਾਅਦਿਆ ਭੱਜਦੀ ਨਜ਼ਰ ਆ ਰਹੀ ਹੈ। ਐਨ.ਐਚ.ਐਮ ਕਰਮਚਾਰੀਆਂ ਦੀਆਂ ਜਾਇਜ ਮੰਗਾਂ ਦੇ ਸਬੰਧ ਵਿੱਚ ਪਹਿਲਾਂ ਵਾਂਗ ਪੰਜਾਬ ਸਰਕਾਰ ਨੇ ਪਿਛਲੇ ਲਗਭਗ ਸਾਢੇ ਚਾਰ ਸਾਲਾਂ ਤੋਂ ਲਾਰੇਬਾਜੀ ਅਤੇ ਡੰਗ ਟਪਾਊ ਨੀਤੀ ਅਪਣਾਉਂਦਿਆਂ ਐਨ.ਐਚ.ਐਮ ਕਰਮਚਾਰੀਆਂ ਨੂੰ ਹਰ ਵਾਰ ਅੱਖੋਂ ਪਰੋਖੇ ਕੀਤਾ ਹੈ। ਜਿਸ ਕਾਰਨ ਸਮੂਹ ਐਨ ਐਚ ਐਮ ਮੁਲਾਜ਼ਮਾਂ ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਰਕਾਰ ਦੀ ਇਸੇ ਬੇਰੁਖੀ ਕਾਰਨ ਐਨ ਐਚ ਐਮ ਇੰਪਲਾਈਜ ਯੂਨੀਅਨ ਪੰਜਾਬ ਵੱਲੋਂ ਰੋਸ਼ ਵਜੋਂ 13 ਅਤੇ 14 ਅਗਸਤ ਤੋਂ ਦੋ ਦਿਨ ਹੜਤਾਲ ਦਾ ਐਲਾਨ ਕੀਤਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਯੂਨੀਅਨ ਦੇ ਸੂਬਾ ਪ੍ਰਧਾਨ ਸੰਦੀਪ ਕੌਰ ਬਰਨਾਲਾ ਨੇ ਕਰੜੇ ਸ਼ਬਦਾਂ ਚ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲਗਪਭ ਸਾਢੇ ਚਾਰ ਸਾਲ ਬੀਤ ਜਾਣ ਮਗਰੋਂ ਵੀ ਨੈਸਨਲ ਹੈਲਥ ਮਿਸ਼ਨ ਦੇ ਮੁਲਾਜ਼ਮਾਂ ਨੂੰ ਇੱਕ ਵੀ ਰੂਪਏ ਦਾ ਵਾਧਾ ਨਹੀਂ ਦਿੱਤਾ। ਸੂਬਾ ਪ੍ਰਧਾਨ ਸੰਦੀਪ ਕੌਰ ਬਰਨਾਲਾ ਨੇ ਕਿਹਾ ਕਿ ਜਿੱਥੇ ਸਾਰਾ ਦੇਸ ਆਜ਼ਾਦੀ ਦਿਵਸ ਨੂੰ ਬੜੇ ਪਿਆਰ ਅਤੇ ਉਤਸ਼ਾਹ ਨਾਲ ਮਨਾਉਣ ਦੀਆਂ ਤਿਆਰੀਆਂ ਕਰ ਰਿਹਾ ਹੈ ਉੱਥੇ ਹੀ ਐਨ ਐਚ ਐਮ ਮੁਲਾਜ਼ਮਾਂ ਨੂੰ ਠੇਕਾ ਪ੍ਰਣਾਲੀ ਦੀ ਗੁਲਾਮੀ ਦੀਆਂ ਜੰਜੀਰਾਂ 'ਚ ਜਕੜਿਆ ਹੋਇਆ ਨੂੰ ਇਸ ਠੇਕਾ ਪ੍ਰਥਾ ਦੀ ਗੁਲਾਮੀ ਚੋਂ ਬਾਹਰ ਨਿਕਲਣਾ ਦੀ ਉਮੀਦ ਲਗਭਗ ਇਸ ਸਰਕਾਰ ਨੇ ਖ਼ਤਮ ਕਰ ਦਿੱਤੀ ਹੈ। ਇਸ ਸਮੇਂ ਐਸ ਐਮ ਓ ਡਾਕਟਰ ਜਤਿੰਦਰ ਸਿੰਘ ਗਿੱਲ ਸੀ ਐਚ ਸੀ ਸਰਹਾਲੀ ਨੂੰ ਯੂਨੀਅਨ ਵੱਲੋਂ ਮੰਗ ਪੱਤਰ ਸੌਂਪਿਆ ਗਿਆ।

# ਰਾਵੀ ਨਾਲ ਜੁੜੀਆਂ ਮੰਗਾਂ/ਮੁਸ਼ਕਲਾਂ ਨੂੰ ਲੈ ਕੇ ਕਿਸਾਨ ਮਜ਼ਦੂਰ ਯੂਨੀਅਨ ਦਾ ਵਫਦ ਐੱਸ ਡੀ ਐੱਮ ਨੂੰ ਮਿਲਿਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਇਲਾਕਾ ਡੇਰਾ ਬਾਬਾ ਨਾਨਕ ਦੇ ਲੋਕਾਂ ਦੀਆਂ ਦਰਿਆ ਰਾਵੀ ਨਾਲ ਜੁੜੀਆਂ ਮੰਗਾਂ /ਮੁਸ਼ਕਲਾਂ ਨੂੰ ਲੈ ਕੇ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਤਹਿਸੀਲ ਡੇਰਾ ਬਾਬਾ ਨਾਨਕ ਦੇ ਆਗੂਆਂ ਦੇ ਇੱਕ ਵਫਦ ਵੱਲੋਂ ਐਸ ਡੀ ਐਮ ਡੇਰਾ ਬਾਬਾ ਨਾਨਕ ਲਸ਼ਮਣ ਸਿੰਘ ਨਾਲ ਮੁਲਾਕਾਤ ਕੀਤੀ ਗਈ ਅਤੇ ਉਹਨਾਂ ਨੂੰ ਇਹਨਾਂ ਮੰਗਾਂ /ਮੁਸ਼ਕਲਾਂ ਸਬੰਧੀ ਇੱਕ ਮੰਗ ਪੱਤਰ ਪੇਸ਼ ਕਰਕੇ ਇਹਨਾਂ ਸਮੱਸਿਆਵਾਂ ਦੇ ਤੁਰੰਤ ਹੱਲ ਦੀ ਮੰਗ ਕੀਤੀ ਗਈ।ਮੰਗ ਪੱਤਰ ਰਾਹੀਂ ਜਥੇਬੰਦੀ ਵੱਲੋਂ ਮੰਗ ਕੀਤੀ ਗਈ ਕਿ ਪਿੰਡ ਗੁਰਚੱਕ ਦੀ ਉਪਜਾਊ ਜ਼ਮੀਨ ਨੂੰ ਦਰਿਆ ਵੱਲੋਂ ਲਗਾਈ ਜਾ ਰਹੀ ਢਾਹ ਨੂੰ ਤੁਰੰਤ ਪ੍ਰਭਾਵ ਨਾਲ ਰੋਕਿਆ ਜਾਵੇ ।ਵਫਦ ਨੇ ਐਸ:ਡੀ:ਐਮ: ਦੇ ਧਿਆਨ ਵਿੱਚ ਲਿਆਂਦਾ ਕਿ ਦਰਿਆ ਰਾਵੀ ਪਿੰਡ ਗੁਰਚੱਕ ਦੀ ਉਪਜਾਊ ਜਮੀਨ ਨੂੰ ਵੱਡੇ ਪੱਧਰ ਉੱਤੇ ਢਾਹ ਲਾ ਕੇ ਲਗਾਤਾਰ ਦਰਿਆ ਬੁਰਦ ਕਰੀ ਜਾ ਰਿਹਾ ਹੈ,ਜੇਕਰ ਇੱਥੋਂ ਦਰਿਆ ਦੇ ਵਹਿਣ ਨੂੰ ਕਾਬੂ ਕਰਕੇ ਮੋੜਿਆ ਨਹੀਂ ਜਾਂਦਾ ਤਾਂ ਦਰਿਆ ਬਹੁਤ ਜਲਦੀ ਇਸ ਪਿੰਡ ਦੇ ਸਾਰੇ ਉਪਜਾਊ ਰਕਬੇ ਨੂੰ ਢਾਹ ਕੇ ਖਤਮ ਕਰ ਦੇਵੇਗਾ।ਇਸ ਦੇ ਨਾਲ ਹੀ ਵਫਦ ਨੇ ਮੰਗ ਕੀਤੀ ਕਿ ਦਰਿਆ ਰਾਵੀ ਦੇ ਵਹਿਣ ਦੇ ਰਾਹ ਵਿੱਚ ਖੜੀਆਂ ਹੋ ਗਈਆਂ ਵੱਡੀਆਂ ਰੁਕਾਵਟਾਂ ਨੂੰ ਦੂਰ ਕਰਕੇ ਇਲਾਕੇ ਨੂੰ ਠੋਸ ਸੰਭਾਵੀ ਹੜਾਂ ਦੀ ਮਾਰ ਤੋਂ ਬਚਾਉਣ ਦਾ ਪ੍ਰਬੰਧ ਕੀਤਾ ਜਾਵੇ।

ਵਫਦ ਨੇ ਇਸ ਸਬੰਧੀ ਐਸ ਡੀ ਐਮ ਸਾਹਿਬ ਨੂੰ ਵਿਸ਼ੇਸ਼ ਤੌਰ ਤੇ ਦੱਸਿਆ ਕਿ ਦਰਿਆ ਦੇ ਵਹਿਣ ਦੀ ਸਫਾਈ (ਡੀ -ਸਿਲਟਿੰਗ ) ਦੇ ਨਾਂ ਉੱਪਰ ਸਿਰਫ ਦਰਿਆ ਨਾਲ ਸੰਬੰਧਿਤ ਖੇਤਰ ਵਿੱਚੋਂ ਰੇਤਾ ਕੱਢ ਕੇ ਇਸ ਨੂੰ ਮਹਿੰਗੇ ਭਾਅ ਵੇਚਣ ਦਾ ਕਾਰੋਬਾਰ ਹੀ ਕੀਤਾ ਜਾਂਦਾ ਹੈ ।ਜਦ ਕਿ ਦਰਿਆ ਦੇ ਵਹਿਣ ਨੂੰ ਰਵਾਂ ਕਰਨ ਦੀ ਬਜਾਏ ਇਸ ਦੇ ਰਾਹ ਵਿੱਚ ਹੋਰ ਰੁਕਾਵਟਾਂ ਖੜੀਆਂ ਕਰ ਦਿੱਤੀਆਂ ਜਾਂਦੀਆਂ ਹਨ ।ਬੀਤੇ ਲੰਬੇ ਸਮੇਂ ਤੋਂ ਦਰਿਆ ਦੇ ਵਹਿਣ ਦੀ ਸਫਾਈ ਨਾ ਹੋਣ ਕਰਕੇ ਦਰਿਆ ਉੱਪਰ ਬਣੇ ਘੋਨੇ ਵਾਲਾ ਪੁਲ ਦੇ ਦੋਵੇਂ ਪਾਸੇ ਵੱਡੇ ਪੱਧਰ ਉੱਪਰ ਇਕੱਠੀ ਹੋਈ ਮਿੱਟੀ ਤੇ ਹੋਰ ਮਲਬੇ ਨਾਲ ਦਰਿਆ ਦੇ ਵਹਿਣ ਦੇ ਬਿਲਕੁਲ ਵਿਚਕਾਰ ਦੋ ਵੱਡੇ ਟਾਪੂ ਬਣ ਗਏ ਹਨ ।ਇਸ ਹਾਲਤ ਦੇ ਚਲਦਿਆਂ ਜੇਕਰ ਦਰਿਆ ਵਿੱਚ ਪਾਣੀ ਦਾ ਵਹਾਅ ਅਚਾਨਕ ਵੱਡੇ ਪੱਧਰ ਉੱਤੇ ਵੱਧ ਜਾਂਦਾ ਹੈ ਤਾਂ ਇਹ ਪੁਲ ਦੋਹਾਂ ਟਾਪੂਆਂ ਨਾਲ ਮਿਲ ਕੇ ਇੱਕ ਵੱਡੇ ਬੰਨ ਦਾ ਰੂਪ ਲੈ ਕੇ ਪਾਣੀ ਦੇ ਵਹਾਅ ਨੂੰ ਰੋਕਦਿਆਂ ਹੋਇਆਂ ਇਲਾਕੇ ਅੰਦਰ ਹੜ ਦੇ ਰੂਪ ਦੇ ਵਿੱਚ ਭਿਅੰਕਰ ਤਬਾਹੀ ਮਚਾ ਦੇਵੇਗਾ ਜਿਸ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਇਥੋਂ ਦਰਿਆ ਦੇ ਵਹਿਣ ਦੀ ਸਫਾਈ ਕੀਤੇ ਜਾਣ ਦੀ ਤੁਰੰਤ ਲੋੜ ਹੈ। ਵਫਦ ਵਿੱਚ ਹੋਰਨਾਂ ਤੋਂ ਇਲਾਵਾ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨਗੀ ਮੰਡਲ ਮੈਂਬਰ ਸ: ਬਲਬੀਰ ਸਿੰਘ ਰੰਧਾਵਾ, ਜੋਗਿੰਦਰ ਸਿੰਘ ਖੰਨਾ ਚਮਾਰਾਂ, ਸਤਬੀਰ ਸਿੰਘ ਖੋਦੇ ਬੇਟ, ਮਾ: ਸੁੱਚਾ ਸਿੰਘ ਰਾਮਦੀਵਾਲੀ, ਨਰਿੰਦਰ ਸਿੰਘ ਤਲਵੰਡੀ ਹਿੰਦੂਆਂ, ਸਰਦੂਲ ਸਿੰਘ ਗੁਰਚੱਕ,ਸ਼ਮਸ਼ੇਰ ਸਿੰਘ ਖਾਸਾਵਾਲ,ਗੁਰਮੁਖ ਸਿੰਘ ਗੁਰਚੱਕ, ਝਿਰਮਲ ਸਿੰਘ ਝੰਗੀ,ਬਲਰਾਜ ਸਿੰਘ ਗੁਰਚੱਕ ਆਦਿ ਹਾਜ਼ਰ ਸਨ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ 27 ਨੂੰ ਪੰਜਾਬ ਬੰਦ ਦੀ ਤਿਆਰੀ ਲਈ ਮੀਟਿੰਗ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਪੰਜਾਬ ਪੈਨਸ਼ਨਰਜ ਯੂਨੀਅਨ ਜਿਲ੍ਹਾ ਅੰਮ੍ਰਿਤਸਰ ਦੀ ਰੋਸ ਤੇ ਜੋਸ਼ ਵਿਚ ਜਿਲ੍ਹਾ ਪ੍ਰਧਾਨ ਬਲਰਾਜ ਸਿੰਘ ਭੰਗੂ, ਜਨਰਲ ਸਕੱਤਰ ਕੁਲਵੰਤ ਸਿੰਘ ਘੂਕੇਵਾਲੀ, ਹਰਦੇਵ ਸਿੰਘ ਭਕਨਾ, ਵਿਤ ਸਕੱਤਰ ਨਿਰਵੈਰ ਸਿੰਘ, ਜਥੇਬੰਦਕ ਸਕੱਤਰ ਭੈਣ ਰਜਿੰਦਰ ਪਾਲ ਕੌਰ ਅਤੇ ਡਿਪਟੀ ਜਰਨਲ ਸਕੱਤਰ ਮੇਲਾ ਰਾਮ ਬੀ ਪੀ ਈ ਓ ਦੀ ਅਗਵਾਈ ਵਿਚ ਹੋਈ ਜਿਸ ਵਿੱਚ ਮਜਦੂਰ, ਮੁਲਾਜ਼ਮ ਤੇ ਕਿਸਾਨ ਆਗੂ ਬਲਕਾਰ ਵਲਟੋਹਾ ਡਿਪਟੀ ਜਰਨਲ ਸਕੱਤਰ ਪੰਜਾਬ ਸਤਿਆ ਪਾਲ ਗੁਪਤਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਹਾਈਕੋਰਟ ਵਿੱਚ ਪੈਨਸ਼ਨਰਾ ਵਿਰੁੱਧ ਝੂਠੇ ਦਸਤਾਵੇਜ ਪੇਸ਼ ਕਰਨ ਤੇ ਇਹ ਕਹਿਣਾ ਕੇ ਡੀ ਏ ਪੈਨਸ਼ਨਰਾ ਦਾ ਹੱਕ ਨਹੀਂ ਦੀ ਸਖਤ ਸ਼ਬਦਾ ਵਿਚ ਨਿਖੇਧੀ ਕੀਤੀ ਗਈ। ਪੈਨਸ਼ਨਰ ਸਾਥੀਆ ਨੇ ਫੈਸਲਾ ਕੀਤਾ ਕਿ 27 ਅਗਸਤ ਨੂੰ ਪੰਜਾਬ ਮਹਾਂਬੰਦ ਵਿੱਚ ਵੱਡੀ ਗਿਣਤੀ 'ਚ ਸ਼ਾਮਲ ਹੋ ਕੇ ਪੰਜਾਬ ਸਰਕਾਰ ਨੂੰ ਸ਼ਕਤੀ ਤੋਂ ਜਾਣੂ ਕਰਵਾਇਆ ਜਾਵੇਗਾ ਅਜਨਾਲਾ ਤਹਿਸੀਲ ਤੋਂ ਸਾਥੀ ਸੁਖਦੇਵ ਸਿੰਘ ਢਿੱਲੋਂ ਪ੍ਰਿੰਸੀਪਲ, ਪਰਮਜੀਤ ਸਿੰਘ ਨਿੱਝਰ, ਹਰਜੀਤ ਸਿੰਘ ਉਪਲ, ਬਲੌਰ ਸਿੰਘ, ਰਣਜੀਤ ਸਿੰਘ ਸ਼ਾਮਲ ਹੋਏ। ਅੱਜ ਜਥੇਬੰਦੀ ਵਿਚ ਨਵੇਂ ਸਾਥੀ ਸੰਦੀਪ ਸਿੰਘ ਲੈਕਚਰਾਰ, ਕੁਲਦੀਪ ਕੁਮਾਰ ਅਧਿਆਪਕ, ਰਘਬੀਰ ਸਿੰਘ ਅਤੇ ਬਲਦੇਵ ਸਿੰਘ ਜਲ ਸਪਲਾਈ ਸ਼ਾਮਲ ਹੋਏ ਜਿਨ੍ਹਾ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ। ਮੀਟਿੰਗ ਵਿਚ ਸੁਰਿੰਦਰ ਕੁਮਾਰ, ਰਾਮ ਮੂਰਤੀ, ਭੈਣ ਹੰਸ ਕੌਰ , ਬਲਦੇਵ ਰਾਜ, ਮਨਮੋਹਨ ਸਿੰਘ, ਅੰਚਲ ਕੁਮਾਰ, ਜਸਬੀਰ ਸਿੰਘ, ਗੁਰਦੇਵ ਸਿੰਘ, ਕੇਵਲ ਸਿੰਘ, ਸਲਵਿੰਦਰ ਪਾਲ ਆਦਿ ਪੈਨਸ਼ਨਰ ਵੱਡੀ ਗਿਣਤੀ ਵਿਚ ਸ਼ਾਮਲ ਹੋਏ।

## ਸੇਂਟ ਸੋਵਰੇਨ ਕਾਨਵੈਂਟ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਸੇਂਟ ਸੋਵਰੇਨ ਕਾਨਵੈਂਟ ਸਕੂਲ ਚਵਿੰਡਾ ਦੇਵੀ ਵਿੱਚ ਤੀਆਂ ਦਾ ਰਵਾਇਤੀ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ।ਇਸ ਸਮੇਂ ਸਕੂਲ ਦੇ ਛੋਟੇ-ਛੋਟੇ ਬੱਚਿਆਂ ਨੇ ਰੰਗ-ਬਿਰੰਗੇ ਪੰਜਾਬੀ ਪਹਿਰਾਵੇ ਪਾ ਕੇ ਗਿੱਧਾ ਪਾਇਆ, ਲੋਕ-ਗੀਤ ਗਾਏ ਅਤੇ ਝੂਲਿਆਂ ਦਾ ਆਨੰਦ ਮਾਣਿਆ।ਬੱਚਿਆਂ ਦੇ ਨਾਲ-ਨਾਲ ਇਹਨਾਂ ਦੇ ਅਧਿਆਪਕਾਂ ਨੇ ਵੀ ਇਸ ਤਿਉਹਾਰ ਦਾ ਆਨੰਦ ਮਾਣਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਅਸ਼ਵਨੀ ਕਪੂਰ, ਐਮ ਡੀ ਕੋਮਲ ਕਪੂਰ, ਡਾਇਰੈਕਟਰ ਰਵੀ ਕਪੂਰ ਅਤੇ ਪ੍ਰਿੰਸੀਪਲ ਨਿਤਿਕਾ ਸੇਠੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਤੀਆਂ ਦਾ ਤਿਉਹਾਰ ਸਾਨੂੰ ਆਪਣੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਨਾਲ ਜੋੜਦਾ ਹੈ।ਅੱਜ ਦੇ ਸਮੇਂ ਵਿੱਚ ਵੀ ਸਾਨੂੰ ਇਸ ਤਿਉਹਾਰ ਨੂੰ ਮਨਾਉਂਦੇ ਹੋਏ ਇਸ ਦੀਆਂ ਚੰਗੀਆਂ ਰਵਾਇਤਾਂ ਨੂੰ ਸੰਭਾਲਣਾ ਅਤੇ ਆਉਣ ਵਾਲੀ ਪੀੜ੍ਹੀ ਤੱਕ ਪਹੁੰਚਾਉਣਾ ਚਾਹੀਦਾ ਹੈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨਿਤਿਕਾ ਸੇਠੀ, ਕੋਆਰਡੀਨੇਟਰ ਪਾਰੁਲ ਸੁੰਦਰ, ਕੋਚ ਅੰਗਰੇਜ਼ ਸਿੰਘ ਅਤੇ ਸਮੂਹ ਸਟਾਫ਼ ਹਾਜ਼ਰ ਸੀ।

## ਖਾਲਸਾ ਯੂਨੀਵਰਸਿਟੀ ਤੇ ਜੀ ਐੱਸ ਟੀ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵਿਚਾਲੇ ਸਮਝੌਤਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)— ਖਾਲਸਾ ਯੂਨੀਵਰਸਿਟੀ ਦੇ ਸਕੂਲ ਆਫ਼ ਲਾਅ ਵੱਲੋਂ ਵਿਦਿਆਰਥੀਆਂ ਨੂੰ ਬਿਹਤਰ ਸਿਖਲਾਈ, ਵਿਹਾਰਕ ਤਜਰਬਾ, ਇੰਟਰਨਸ਼ਿਪ ਦੇ ਮੌਕੇ ਅਤੇ ਪਲੇਸਮੈਂਟ ਸਹਾਇਤਾ ਪ੍ਰਦਾਨ ਕਰਨ ਦੇ ਮਕਸਦ ਤਹਿਤ ਜੀ. ਐੱਸ. ਟੀ. ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ, ਅੰਮ੍ਰਿਤਸਰ ਨਾਲ ਇਕ ਅਹਿਮ ਸਮਝੌਤਾ ਪੱਤਰ 'ਤੇ ਦਸਤਖ਼ਤ ਕੀਤੇ ਗਏ। ਇਸ ਸਮਝੌਤੇ 'ਤੇ ਖਾਲਸਾ ਯੂਨੀਵਰਸਿਟੀ ਦੇ ਫ਼ੈਕਲਟੀ ਆਫ਼ ਲੀਗਲ ਸਾਇੰਸਿਜ਼ ਦੇ ਡੀਨ ਪ੍ਰੋ. (ਡਾ.) ਜਸਪਾਲ ਸਿੰਘ ਅਤੇ ਜੀ. ਐੱਸ. ਟੀ. ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਸੁਨੀਲ ਅਰੋੜਾ ਨੇ ਹਸਤਾਖਰ ਕੀਤੇ। ਇਸ ਸੰਬੰਧੀ ਡਾ. ਜਸਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਹਿਯੋਗ ਦਾ ਮੁੱਖ ਉਦੇਸ਼ ਕਾਨੂੰਨ ਦੇ ਵਿਦਿਆਰਥੀਆਂ ਨੂੰ ਗੁੱਡਜ਼ ਐਂਡ ਸਰਵਿਸਿਜ਼ ਟੈਕਸ, ਟੈਕਸੇਸ਼ਨ ਲਾਅ, ਕਾਨੂੰਨੀ ਪਾਲਣਾ ਅਤੇ ਇਸ ਨਾਲ ਸਬੰਧਿਤ ਪੇਸ਼ੇਵਰ ਖੇਤਰਾਂ 'ਚ ਵਿਹਾਰਕ ਗਿਆਨ ਅਤੇ ਉਦਯੋਗ-ਮੁਖੀ ਹੁਨਰ ਹਾਸਲ ਕਰਨ ਦੇ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਉਕਤ ਸਮਝੌਤੇ ਤਹਿਤ ਵਿਦਿਆਰਥੀਆਂ ਨੂੰ ਸਿਖਲਾਈ, ਇੰਟਰਨਸ਼ਿਪ ਅਤੇ ਪੇਸ਼ੇਵਰ ਖੇਤਰ ਨਾਲ ਜੁੜਨ ਲਈ ਵੱਖ-ਵੱਖ ਮੌਕੇ ਮੁਹੱਈਆ ਹੋਣਗੇ।

ਇਸ ਮੌਕੇ ਡਾ. ਗੁਨੀਸ਼ਾ ਸਲੂਜਾ, ਐਸੋਸੀਏਟ ਪ੍ਰੋਫੈਸਰ ਅਤੇ ਮੁਖੀ, ਸਕੂਲ ਆਫ਼ ਲਾਅ, ਖਾਲਸਾ ਯੂਨੀਵਰਸਿਟੀ ਅਤੇ ਡਾ. ਪਵਨਦੀਪ ਕੌਰ, ਅਸਿਸਟੈਂਟ ਪ੍ਰੋਫੈਸਰ ਅਤੇ ਪ੍ਰੋਗਰਾਮ ਕੋਆਰਡੀਨੇਟਰ ਵੀ ਮੌਜੂਦ ਸਨ। ਇਸ ਮੌਕੇ ਐਸੋਸੀਏਸ਼ਨ ਵੱਲੋਂ ਮੀਤ ਪ੍ਰਧਾਨ ਐਡਵੋਕੇਟ ਇੰਦਰਪਾਲ ਸਿੰਘ, ਜਨਰਲ ਸਕੱਤਰ ਐਡਵੋਕੇਟ ਮੁਕੇਸ਼ ਵਰਮਾ ਅਤੇ ਜੁਆਇੰਟ ਸਕੱਤਰ ਐਡਵੋਕੇਟ ਸਯਮ ਕਪੂਰ ਨੇ ਸ਼ਿਰਕਤ ਕੀਤੀ।

## ਸ਼ੈਰੀ ਕਲਸੀ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਬਟਾਲਾ ਤੋਂ 2 ਬੱਸਾਂ ਰਵਾਨਾ



ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵਲੋਂ ਬਟਾਲਾ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਖਾਟੂ ਸ਼ਿਆਮ ਅਤੇ ਹਰਿਦੁਆਰ ਦੇ ਦਰਸ਼ਨਾਂ ਲਈ ਦੋ ਬੱਸਾਂ ਨੂੰ ਰਵਾਨਾ ਕੀਤਾ ਗਿਆ।ਇਸ ਮੌਕੇ ਮੇਅਰ ਭੁਪਿੰਦਰ ਸਿੰਘ ਬਾਜਵਾ, ਵਿਰਾਸਤ ਸੇਵਾ ਸੰਗਠਨ ਦੇ ਜ਼ਿਲ੍ਹਾ ਪ੍ਰਧਾਨ ਤੇ ਮਾਰਕੀਟ ਕਮੇਟੀ ਕਲਾਨੌਰ ਦੇ ਚੇਅਰਮੈਨ ਰਣਜੀਤ ਸਿੰਘ ਬਾਠ ਝੰਗੀ, ਸੀਨੀਅਰ ਆਗੂ ਹਨੀ ਚੌਹਾਨ, ਪ੍ਰਦੀਪ ਕੁਮਾਰ, ਪਰਵਿੰਦਰ ਸਿੰਘ ਲੱਭਣਦਾਰ ਅਤੇ ਵੱਖ ਵੱਖ ਸਖਸ਼ੀਅਤਾਂ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਸ਼ੁਰੂ ਕੀਤੀ ਗਈ ਤੀਰਥ ਯਾਤਰਾ ਸਕੀਮ ਵਿੱਚ ਵਿਸਥਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਪਹਿਲੀ ਅਗਸਤ ਤੋਂ ਤਿੰਨ ਹੋਰ ਰੂਟ ਸ਼ੁਰੂ ਕੀਤੇ ਗਏ ਹਨ। ਖਾਟੂ ਸ਼ਿਆਮ ਜੀ ਅਤੇ ਸਾਲਾਸਰ ਜੀ , ਹਰਿਦੁਆਰ ਅਤੇ ਰਿਸ਼ੀਕੇਸ਼ ਲਈ ਅਤੇ ਮਥੁਰਾ ਅਤੇ ਵ੍ਰਿੰਦਾਵਨ ਸ਼ਾਮਲ ਹਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਸ ਯੋਜਨਾ ਤਹਿਤ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ ਤੇ ਭੋਜਨ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਯਾਤਰੀ ਨੂੰ ਕੋਈ ਅਸੁਵਿਧਾ ਨਾ ਹੋਵੇ। ਉਨ੍ਹਾਂ ਕਿਹਾ ਕਿ ਬਜੁਰਗ ਅਵਸਥਾ ਵਿਚ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ ਤੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਮੁੱਖ ਉਦੇਸ਼ ਵੱਡੀ ਉਮਰ ਦੇ ਲੋਕਾਂ ਅਤੇ ਧਾਰਮਿਕ ਸ਼ਰਧਾਲੂਆਂ ਨੂੰ ਆਸਾਨ, ਸੁਰੱਖਿਅਤ ਅਤੇ ਮੁਫ਼ਤ ਤੀਰਥ ਦਰਸ਼ਨ ਕਰਵਾਉਣਾ ਹੈ।

## ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਦੇ ਸਮੈਸਟਰ ਦੂਜਾ ਬੀ ਐੱਡ ਦਾ ਨਤੀਜਾ 100 ਫੀਸਦੀ ਰਿਹਾ



ਧਾਰੀਵਾਲ (ਮਨਦੀਪ ਵਿੱਕੀ)- ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਧਾਰੀਵਾਲ ਦਾ ਬੀ.ਐਡ ਸਮੈਸਟਰ ਦੂਜਾ ਦਾ ਨਤੀਜਾ 100 ਫੀਸਦੀ ਰਿਹਾ। ਸੰਸਥਾ ਦੇ ਚੇਅਰਮੈਨ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਨੇ ਦੱਸਿਆ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਬੀ.ਐਡ ਸਮੈਸਟਰ ਦੂਜੇ ਦੇ ਨਤੀਜੇ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਦੀ ਵਿਦਿਆਰਥਣ ਸਰਨਦੀਪ ਕੌਰ, ਰਾਜਵਿੰਦਰ ਕੌਰ ਅਮਿਤਾ, ਮਨਪ੍ਰੀਤ ਕੌਰ, ਹਰਕੀਰਤ ਕੌਰ ਨੇ ਪਹਿਲਾ ਸਥਾਨ ਅਤੇ ਲਵਜੀਤ ਸਿੰਘ ਕਰਮਨਪ੍ਰੀਤ ਸਿੰਘ, ਹਰਮਨਪ੍ਰੀਤ ਕੌਰ, ਸਿਮਰਨਜੀਤ ਕੌਰ ,ਕੀਰਤੀ ਨੇ ਦੂਜਾ ਸਥਾਨ ਹਾਸਿਲ ਕਰਕੇ ਕਾਲਜ ਦਾ ਨਾਮ ਰੋਸ਼ਨ ਕੀਤਾ। ਚੇਅਰਮੈਨ ਅਮਰਜੀਤ ਸਿੰਘ ਨੇ ਕਿਹਾ ਵਧੀਆ ਅਧਿਆਪਕ ਹੀ ਚੰਗੇ ਸਮਾਜ ਦੀ ਸਿਰਜਣਾ ਕਰ ਸਕਦਾ ਹੈ। ਇਸ ਮੌਕੇ ਬਾਬਾ ਬੰਦਾ ਸਿੰਘ ਬਹਾਦਰ ਸਕੂਲ ਦੇ ਪ੍ਰਿੰਸੀਪਲ ਹਰਤਾਜ ਸਿੰਘ ਸਿੱਧੂ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਸਟਾਫ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਦੱਸਿਆ ਕਾਲਜ ਪ੍ਰਸ਼ਾਸ਼ਨ ਵੱਲੋਂ ਹਮੇਸ਼ਾ ਹੀ ਵਿਦਿਆਰਥੀਆਂ ਦੀ ਭਲਾਈ ਲਈ ਯੋਗ ਉਪਰਾਲੇ ਕੀਤੇ ਜਾਂਦੇ ਹਨ। ਇਸ ਮੌਕੇ ਅਸਿਸਟੈਂਟ ਪ੍ਰੋਫੈਸਰ ਮਨਦੀਪ ਕੌਰ, ਡਾਕਟਰ ਜੀਵਨ ਜੋਤੀ, ਮਨਪ੍ਰੀਤ ਕੌਰ, ਹਰਮੀਤ ਕੌਰ ਆਦਿ ਸਟਾਫ ਮੈਂਬਰ ਹਾਜ਼ਰ ਸਨ।

## ਖਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ 'ਅੰਤਰ ਖਾਲਸਾ ਪੰਜਾਬੀ ਲੋਕ ਗੀਤ ਮੁਕਾਬਲੇ' ਕਰਵਾਏ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ )—ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਵਿਖੇ ਤੀਆਂ ਦੇ ਪਵਿੱਤਰ ਤਿਉਹਾਰ ਨੂੰ ਸਮਰਪਿਤ 'ਅੰਤਰ ਖ਼ਾਲਸਾ ਪੰਜਾਬੀ ਲੋਕ ਗੀਤ ਮੁਕਾਬਲੇ' ਕਰਵਾਏ ਗਏ। ਸਕੂਲ ਪ੍ਰਿੰਸੀਪਲ ਸ੍ਰੀਮਤੀ ਨਿਰਮਲਜੀਤ ਕੌਰ ਗਿੱਲ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਉਕਤ ਸਮਾਗਮ 'ਚ ਸ੍ਰੀਮਤੀ ਮਨਤੇਜ ਕੌਰ ਛੀਨਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਬੀ. ਐੱਸ. ਸੀ. (ਆਨਰਜ਼) ਅਤੇ ਐੱਮ. ਐੱਸ.ਸੀ. (ਆਨਰਜ਼) ਹਿਊਮਨ ਜੈਨੇਟਿਕਸ-ਗੋਲਡ ਮੈਡਲਿਸਟ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ ਸਿਰਫ਼ ਇਕ ਸਕੂਲ ਹੀ ਨਹੀਂ, ਸਗੋਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਦਾ ਕੇਂਦਰ ਹੈ। ਇਸ ਮੌਕੇ ਵਿਦਿਆਰਥੀਆਂ ਦੇ 2 ਪੱਧਰਾਂ ਸੀਨੀਅਰ ਅਤੇ ਜੂਨੀਅਰ ਵਰਗ 'ਤੇ ਮੁਕਾਬਲਿਆਂ ਨੂੰ ਕਰਵਾਇਆ ਗਿਆ। ਸਮਾਗਮ ਮੌਕੇ ਵਿਦਿਆਰਥੀਆਂ ਨੇ ਪੰਜਾਬੀ ਲੋਕ ਗੀਤਾਂ, ਗਿੱਧਾ, ਭੰਗੜਾ ਅਤੇ ਹੋਰ ਲੋਕ ਕਲਾਵਾਂ ਰਾਹੀਂ ਆਪਣੀ ਪੇਸ਼ਕਾਰੀ ਦਿੱਤੀ। ਹਰੇਕ ਪੇਸ਼ਕਾਰੀ 'ਚ ਪੰਜਾਬੀ ਸੱਭਿਆਚਾਰ ਦੀ ਝਲਕ ਸਾਫ਼ ਦੇਖਣ ਨੂੰ ਮਿਲੀ। ਇਸ ਪ੍ਰੋਗਰਾਮ 'ਚ ਸਕੂਲ ਦੇ ਸਾਹਿਬਜ਼ਾਦਾ ਅਜੀਤ ਸਿੰਘ, ਸਾਹਿਬਜ਼ਾਦਾ ਜੁਝਾਰ ਸਿੰਘ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫਤਿਹ ਸਿੰਘ ਚਾਰੇ ਹਾਊਸਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਪ੍ਰਿੰ: ਗਿੱਲ ਨੇ ਕਿਹਾ ਕਿ ਇਸ ਮੁਕਾਬਲੇ ਦਾ ਮੁੱਖ ਮਕਸਦ ਵਿਦਿਆਰਥੀਆਂ ਦੇ ਅੰਦਰ ਛੁਪੇ ਹੋਏ ਹੁਨਰ ਨੂੰ ਪਛਾਣਨਾ, ਮੰਚ 'ਤੇ ਆਉਣ ਦਾ ਹੌਸਲਾ ਦੇਣਾ ਅਤੇ ਪੰਜਾਬ ਦੀ ਅਨਮੋਲ ਵਿਰਾਸਤ ਨਾਲ ਨਵੀਂ ਪੀੜ੍ਹੀ ਨੂੰ ਜੋੜਨਾ ਸੀ। ਇਸ ਮੌਕੇ ਸ੍ਰੀਮਤੀ ਮਨਤੇਜ ਛੀਨਾ ਨੇ ਪ੍ਰਿੰ: ਸ੍ਰੀਮਤੀ ਗਿੱਲ ਨਾਲ ਮਿਲ ਕੇ ਸਕੂਲ ਦੇ ਹੋਣਹਾਰ ਅਤੇ ਕਾਬਲ ਵਿਦਿਆਰਥੀ ਅਰਮਾਨਬੀਰ ਸਿੰਘ ਨੂੰ ਵਿਸ਼ੇਸ਼ ਪੇਸ਼ਕਾਰੀ ਲਈ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਅਰਮਾਨਬੀਰ ਸਿੰਘ ਵੱਲੋਂ ਪੇਸ਼ ਕੀਤਾ ਗਿਆ ਸ਼ਬਦ ਗਾਇਨ, ਲੋਕ ਗੀਤ ਅਤੇ ਹਾਊਸ ਪ੍ਰਫੋਰਮੈਂਸ ਬਾਕਮਾਲ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਰੀਵਿਊ ਮੀਟਿੰਗ



ਗੁਰਦਾਸਪੁਰ, (ਦਿਨੇਸ਼ ਕੁਮਾਰ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਅਸੰਬਲੀ ਹਲਕਾ ਗੁਰਦਾਸਪੁਰ ਦੀ ਇੱਕ ਰਿਵੀਊ ਮੀਟਿੰਗ ਜ਼ਿਲ੍ਹਾ ਵਾਈਸ ਕੋਆਰਡੀਨੇਟਰ ਨੀਰਜ਼ ਸਲਹੋਤਰਾ ਅਤੇ ਅਸੈਂਬਲੀ ਕੋਆਰਡੀਨੇਟਰ ਪਵਨ ਕੁਮਾਰ ਦੀ ਅਗਵਾਈ ਹੇਠ ਪੰਚਾਇਤ ਭਵਨ ਗੁਰਦਾਸਪੁਰ ਵਿੱਚ ਹੋਈ।ਜਿਸ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਨਾਇਬ ਤਹਿਸੀਲਦਾਰ ਮੈਡਮ ਕਿਰਨਦੀਪ ਕੌਰ ਅਤੇ ਪੁਲਸ ਪ੍ਰਸ਼ਾਸਨ ਵਲੋਂ ਡੀ ਐਸ ਪੀ ਸਿਟੀ ਸ਼ਹਿਬਾਜ਼ ਸਿੰਘ , ਪੰਚਾਇਤ ਸਕੱਤਰ ਅਤੇ ਨਸ਼ਾ ਮੁਕਤੀ ਮੋਰਚਾ ਦੇ ਵਾਇਸ ਕੋਆਰਡੀਨੇਟਰ ਅਤੇ ਬਲਾਕ ਕੋਆਰਡੀਨੇਟਰ ਸਹਿਬਾਨ ਹਾਜ਼ਰ ਹੋਏ।ਅਸੈਂਬਲੀ ਕੋਆਰਡੀਨੇਟਰ ਪਵਨ ਕੁਮਾਰ ਵਲੋਂ ਪੰਚਾਇਤ ਸਕੱਤਰ ਸਹਿਬਾਨਾਂ ਨੂੰ 16 ਅਗਸਤ ਤੋਂ 26 ਅਗਸਤ ਦੌਰਾਨ ਪਿੰਡਾਂ ਵਿੱਚ ਵਿਲੇਜ਼ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕਰਵਾਉਣ ਅਤੇ ਬਲਾਕ ਕੋਆਰਡੀਨੇਟਰਾਂ ਨੂੰ ਸਾਰੇ ਪਿੰਡਾਂ ਵਿੱਚ ਵਟਸਐਪ ਗਰੁੱਪਾਂ ਰਾਹੀਂ ਪਾਰਟੀ ਗਤੀਵਿਧੀਆਂ ਨੂੰ ਲੋਕਾਂ ਤੱਕ ਪਹੁਚਾਉਣ ਲਈ ਕਿਹਾ ਗਿਆ। ਜ਼ਿਲ੍ਹਾ ਵਾਈਸ ਕੋਆਰਡੀਨੇਟਰ ਨੀਰਜ਼ ਸਲਹੋਤਰਾ ਨੇ ਦੱਸਿਆ ਕਿ ਲੋਕਾਂ ਵਲੋਂ ਇਸ ਮੁਹਿੰਮ ਨੂੰ ਪੂਰਾ ਸਹਿਯੋਗ ਮਿਲ ਰਿਹਾ ਹੈ ਅਤੇ ਇਹ ਮੁਹਿੰਮ ਇੱਕ ਲੋਕ ਲਹਿਰ ਬਣ ਚੁੱਕੀ ਹੈ।

ਡੀ ਐਸ ਪੀ ਸਿਟੀ ਸ਼ਹਿਬਾਜ਼ ਸਿੰਘ ਨੇ ਕਿਹਾ ਕਿ ਪੁਲਸ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਲੋਕਾਂ ਵਲੋਂ ਪੁਲਸ ਪ੍ਰਸ਼ਾਸਨ ਦਾ ਪੂਰਾ ਸਹਿਯੋਗ ਕੀਤਾ ਜਾ ਰਿਹਾ ਹੈ। ਇਸ ਮੌਕੇ ਦਵਿੰਦਰ ਸਿੰਘ , ਗੁਰਜੀਵ ਸਿੰਘ, ਦਪਿੰਦਰ ਰੋਬਿਨ, ਰਜਨੀਸ਼ ਬੈਂਸ, ਬਲਵਿੰਦਰ ਕੁਮਾਰ, ਬਲਜੀਤ ਰੰਧਾਵਾ, ਮੋਹਨ ਲਾਲ ਮੁਨੀਸ਼ ਕੁਮਾਰ, ਮੋਹਿੰਦਰ ਸਿੰਘ, ਸੁਰਜੀਤ ਸਿੰਘ, ਸੁਨੀਲ ਕੁਮਾਰ ਅਤੇ ਸੰਜੇ ਕੁਮਾਰ ਹਾਜ਼ਰ ਸਨ।

## ਵਿੱਤ ਮੰਤਰੀ ਵੱਲੋਂ ਹੱਕਾਂ ਲਈ ਸੰਘਰਸ਼ ਕਰ ਰਹੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਪੰਜਾਬ ਵਿਰੋਧੀ ਕਹਿਣਾ ਮੰਦਭਾਗਾ : ਉਦੀਪੁਰ



ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਆਪਣੀ ਏਕਤਾ ਬਣਾ ਕੇ ਆਮ ਆਦਮੀ ਪਾਰਟੀ ਦੀ ਮੁਲਾਜ਼ਮ ਅਤੇ ਪੈਨਸ਼ਨਰਜ਼ ਵਿਰੋਧੀ ਸਰਕਾਰ ਖ਼ਿਲਾਫ਼ ਲੜੇ ਜਾ ਰਹੇ ਸੰਘਰਸ਼ ਤਹਿਤ 7 ਅਗਸਤ ਨੂੰ ਚੰਡੀਗੜ੍ਹ ਵਿਖੇ ਕੀਤੀ ਇਤਿਹਾਸਿਕ ਰੈਲੀ ਤੋਂ ਬੁਖਲਾਹਟ ਵਿੱਚ ਆ ਕੇ ਪੰਜਾਬ ਦੇ ਵਿੱਤ ਮੰਤਰੀ ਵਲੋਂ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਅਤੇ ਟਰੇਡ ਯੂਨੀਅਨਾਂ ਨੂੰ ਪੰਜਾਬ ਵਿਰੋਧੀ ਕਹਿਣ ਨੂੰ ਮੰਦਭਾਗਾ ਕਰਾਰ ਦਿੱਤਾ ਹੈ। ਇਸ ਸੰਬੰਧੀ ਗੱਲਬਾਤ ਕਰਦਿਆਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਟਰੇਡ ਯੂਨੀਅਨ ਆਗੂ ਕਾਮਰੇਡ ਬਲਵਿੰਦਰ ਸਿੰਘ ਉਦੀਪੁਰ ਨੇ ਦੱਸਿਆ ਸਰਕਾਰ ਦੇ ਮੁਲਾਜ਼ਮ ਰੀੜ ਦੀ ਹੱਡੀ ਹੁੰਦੇ ਹਨ ਅਤੇ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰੋਂ-ਘਰ ਪਹੁਚਾਉਣ ਲਈ ਕੰਮ ਕਰਦੇ ਹਨ, ਉਸ ਵਿੱਚ ਮੁਲਾਜ਼ਮਾਂ ਦਾਂ ਅਹਿਮ ਯੋਗਦਾਨ ਹੈ। ਉਨ੍ਹਾਂ ਨੂੰ ਹੀ ਐਂਟੀ ਸਟੇਟ ਕਹਿਣਾ ਉਨ੍ਹਾਂ ਨਾਲ ਬੇ ਇਨਸਾਫੀ ਹੈ ਜਿਸ ਕਾਰਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਾਥੀ ਉਦੀਪੁਰ ਨੇ ਦੱਸਿਆ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਮੇਂ ਦੀਆਂ ਹੀ 6 ਕਿਸ਼ਤਾਂ ਮਹਿੰਗਾਈ ਭਤੇ ਦੀਆਂ ਪੈਂਡਿਗ ਹਨ। ਪੰਜਾਬ ਦੇ ਵਿਤ ਮੰਤਰੀ ਹਾਈਕੋਰਟ ਦੇ ਹੁਕਮਾਂ ਅਨੁਸਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਡੀ ਏ ਦੇਣ ਦੀ ਬਜਾਏ ਲਮਕ ਅਵਸਥਾ ਵਿਚ ਰੱਖਣ ਲਈ ਕੰਮ ਕਰ ਰਿਹਾ ਹੈ, ਇਸ ਲਈ ਪੰਜਾਬ ਅਤੇ ਚੰਡੀਗੜ੍ਹ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਲੋਂ 27ਅਗਸਤ ਨੂੰ ਸਮੂਹਿਕ ਛੁੱਟੀ ਲੈਣ ਦਾ ਫੈਸਲਾ ਕੀਤਾ ਗਿਆ ਹੈ।

ਮੁਲਾਜ਼ਮ ਆਗੂਆਂ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਤੁਰੰਤ ਜਥੇਬੰਦੀਆਂ ਦੀ ਸੂਬਾਈ ਲੀਡਰਸ਼ਿਪ ਨਾਲ ਗੱਲਬਾਤ ਕਰਕੇ ਕੀਤਾ ਜਾਵੇ ਤਾਂ ਜੋ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਸਰਕਾਰ ਪ੍ਰਤੀ ਫ਼ੈਲੇ ਰੋਸ ਨੂੰ ਖਤਮ ਕੀਤਾ ਜਾ ਸਕੇ।

## ਆਰੀਆਂ ਦੀਆਂ ਕੁੱਲੀਆਂ ਦੇ ਕਈ ਪਰਵਾਰ ਕਾਂਗਰਸ ਨੂੰ ਛੱਡ ਕੇ 'ਆਪ' 'ਚ ਸ਼ਾਮਲ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਵਿਧਾਨਸਭਾ ਹਲਕਾ ਦੀਨਾਨਗਰ ਅੰਦਰ ਆਮ ਆਦਮੀ ਪਾਰਟੀ ਵਲੋਂ ਅਪਣੀਆਂ ਵਿਰੋਧੀ ਪਾਰਟੀਆਂ ਨੂੰ ਲਗਾਤਾਰ ਸਿਆਸੀ ਝਟਕੇ ਦੇਣ ਦਾ ਸਿਲਸਿਲਾ ਜਾਰੀ ਹੈ।

ਬੀਤੀ ਰਾਤ ਪਿੰਡ ਆਰੀਆਂ ਦੀਆਂ ਕੁੱਲੀਆਂ ਵਿਖੇ ਆਮ ਆਦਮੀ ਪਾਰਟੀ ਦੀ ਇਕ ਮੀਟਿੰਗ ਦੌਰਾਨ ਵੱਡੀ ਗਿਣਤੀ ਵਿਚ ਪਿੰਡ ਵਾਸੀਆਂ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਚ ਸਾਮਲ ਹੋਣ ਦਾ ਐਲਾਨ ਕਰ ਦਿੱਤਾ।

ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਚ ਮੁੱਖ ਤੌਰ 'ਤੇ ਡਾ. ਸੋਨੀ, ਰਾਜਨ, ਕਰਨ, ਮੋਹਿਤ, ਸੌਰਵ, ਲੱਕੀ, ਕਾਕਾ, ਅਨਿਕੇਤ, ਪ੍ਰਵੇਸ਼ ਕੁਮਾਰ, ਵਿਕਾਸ, ਅਮਨ ਕੁਮਾਰ, ਵਿੱਕੀ, ਲਖਵਿੰਦਰ ਸਿੰਘ, ਸੋਨੀਆ ਦੇਵੀ, ਸ਼ੀਲਾ ਦੇਵੀ, ਸਵਿਤਾ, ਊਸ਼ਾ ਰਾਣੀ, ਸੋਨੀਆ, ਆਰਤੀ ਦੇਵੀ, ਪੱਲਵੀ ਅਤਰੀ, ਸੀਮਾ ਦੇਵੀ, ਰਾਣੀ ਦੇਵੀ ਅਤੇ ਪਲਕ ਦੇ ਨਾਂਅ ਸ਼ਾਮਲ ਹਨ। ਜਿਨ੍ਹਾਂ ਦਾ ਆਮ ਆਦਮੀ ਪਾਰਟੀ ਚ ਸ਼ਾਮਲ ਹੋਣ 'ਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਸਵਾਗਤ ਕੀਤਾ।

## ਅਕਾਲੀ ਦਲ ਵਾਰਸ ਪੰਜਾਬ ਵੱਲੋਂ 28 ਨੂੰ ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਪੰਥਕ ਕਾਨਫਰੰਸ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) - ਅਕਾਲੀ ਦਲ 'ਵਾਰਿਸ ਪੰਜਾਬ ਦੇ' ਵੱਲੋਂ 28 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ 'ਸਾਚਾ ਗੁਰੂ ਲਾਧੋ ਰੇ' ਦਿਵਸ ਨੂੰ ਸਮਰਪਿਤ ਇੱਕ ਵਿਸ਼ਾਲ ਪੰਥਕ ਕਾਨਫਰੰਸ ਕਰਵਾਈ ਜਾ ਰਹੀ ਹੈ। ਜਿਸ ਦੇ ਸਬੰਧ ਵਿੱਚ ਮੈਂਬਰ ਸ਼੍ਰੋਮਣੀ ਕਮੇਟੀ ਭਾਈ ਬਿਕਰਮਜੀਤ ਸਿੰਘ ਕੋਟਲਾ ਅਤੇ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਵੇਰਕਾ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਸੰਗਤਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਅਤੇ ਵੱਡੀ ਗਿਣਤੀ ਵਿੱਚ ਅਕਾਲੀ ਦਲ ਵਾਰਸ ਪੰਜਾਬ ਵੱਲੋਂ ਕੀਤੀ ਜਾ ਰਹੀ ਕਾਨਫਰੰਸ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ । ਭਾਈ ਕੋਟਲਾ ਅਤੇ ਡਾਕਟਰ ਵੇਰਕਾ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਵਿੱਤਰ ਦਿਹਾੜੇ ਸਾਚਾ ਗੁਰੂ ਲਾਧੋਰੇ ਮੌਕੇ ਬਾਬਾ ਬਕਾਲਾ ਸਾਹਿਬ ਵਿਖੇ ਹੋ ਰਹੀ ਕਾਨਫਰੰਸ ਵਿੱਚ ਜਿਸ ਵਿੱਚ ਪਾਰਟੀ ਦੇ ਸੀਨੀਅਰ ਆਗੂ ਪਹੁੰਚ ਕੇ ਸੰਗਤਾਂ ਨੂੰ ਆਪਣੇ ਵਿਚਾਰ ਦੱਸ ਰਹੇ ਹਨ। ਭਾਈ ਕੋਟਲਾ ਅਤੇ ਡਾਕਟਰ ਵੇਰਕਾ ਨੇ ਹਲਕਾ ਜੰਡਿਆਲਾ ਗੁਰੂ ਦੀਆਂ ਸਮੁੱਚੀਆਂ ਸਿੱਖ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ 28 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਹੋਣ ਵਾਲੀ ਵਿਸ਼ਾਲ ਪੰਥਕ ਕਾਨਫਰੰਸ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਅਕਾਲੀ ਦਲ ਵਾਰਸ ਪੰਜਾਬ ਦੇ ਆਗੂਆਂ ਦੇ ਵਿਚਾਰ ਸੁਣਨ ਤਾਂ ਜੋ ਪੰਜਾਬ ਨੂੰ ਅੱਜ ਦੇਸ਼ ਮਾੜੇ ਦੌਰ ਵਿੱਚੋਂ ਬਾਹਰ ਕੱਢਿਆ ਜਾ ਸਕੇ ।

## ਟੈਗੋਰ ਕਾਲਜ ਆਫ ਐਜੂਕੇਸ਼ਨ ਦੇ ਬੀ ਐੱਡ ਦੇ ਦੂਸਰੇ ਸਮੈਸਟਰ ਦਾ ਨਤੀਜਾ ਸ਼ਾਨਦਾਰ



ਗੁਰਦਾਸਪੁਰ, (ਦਿਨੇਸ਼ ਕੁਮਾਰ) ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋ ਬੀ.ਐਡ ਸਮੈਸਟਰ ਦੂਸਰੇ ਦੇ ਐਲਾਨੇ ਗਏ ਨਤੀਜੇ ਵਿੱਚ ਟੈਗੋਰ ਕਾਲੇਜ ਆਫ ਐਜੂਕੇਸ਼ਨ ਬਹਿਰਾਮਪੁਰ ਰੋਡ, ਗੁਰਦਾਸਪੁਰ ਦੀਆਂ ਵਿਦਿਆਰਥਣਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਾਲੇਜ ਦਾ ਨਾਮ ਰੋਸ਼ਨ ਕੀਤਾ ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਦੱਸਿਆ ਕਿ ਜਾਹਨਵੀ ਅਤੇ ਤੁਲਸੀ ਠਾਕੁਰ ਨੇ 8.00 ਸੀਜੀਪੀਏ ਹਾਸਲ ਕਰਕੇ ਕਾਲੇਜ ਵਿਚ ਪਹਿਲਾ ਸਥਾਨਾ ਪ੍ਰਾਪਤ ਕੀਤਾ । ਸੁਨਿਦੀ ਅਤਰੀ ਨੇ 7.9 ਸੀਜੀਪੀਏ ਹਾਸਲ ਕਰਕੇ ਦੂਜਾ ਸਥਾਨ ਅਤੇ ਭਾਰਤੀ ਅਤੇ ਵਰਸ਼ਾ ਨੇ 7.8 ਸੀਜੀਪੀਏ ਹਾਸਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ ।ਇਸ ਮੌਕੇ ਕਾਲੇਜ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਸਫਲ ਵਿਦਿਆਰਥਣਾ ਅਤੇ ਉਨ੍ਹਾ ਦੇ ਮਾਪਿਆ ਨੂੰ ਵਧਾਈ ਦਿੱਤੀ।ਉਨ੍ਹਾ ਵਿਦਿਆਰਥਣਾ ਦੇ ਉਜਵੱਲ ਭਵਿੱਖ ਦੇ ਨਿਰਮਾਣ ਲਈ ਲਗਾਤਾਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ।


## ਆਜ਼ਾਦੀ ਦਿਵਸ ਸਮਾਗਮ ਮਨਾਉਣ ਸੰਬੰਧੀ ਸਕੂਲਾਂ ਦੇ ਬੱਚਿਆਂ ਕੀਤੀ ਰਿਹਰਸਲ



ਬਟਾਲਾ, ਅਗਸਤ (ਡਾਕਟਰ ਮਲਵਿੰਦਰ ਸਿੰਘ) ਆਜ਼ਾਦੀ ਦਿਵਸ ਮਨਾਉਣ ਦੀਆਂ ਤਿਆਰੀਆਂ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਕੀਤੀਆਂ ਜਾ ਰਹੀਆਂ ਹਨ ਅਤੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵਲੋਂ ਦੇਸ਼ ਭਗਤੀ 'ਤੇ ਆਧਾਰਿਤ ਸੱਭਿਆਚਾਰਕ ਪ੍ਰੋਗਰਾਮ ਦੀਆਂ ਰਿਹਰਸਲਾਂ ਕੀਤੀਆਂ ਜਾ ਰਹੀਆਂ ਹਨ। ਸਾਰੰਗਪ੍ਰੀਤ ਸਿੰਘ, ਐਸ.ਡੀ.ਐਮ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤਹਿਸੀਲਦਾਰ ਅਰਜਨ ਸਿੰਘ ਗਰੇਵਾਲ ਵੱਲੋਂ ਸ਼ਿਵ ਕੁਮਾਰ ਬਟਾਲਵੀ ਕਲਾ ਤੇ ਸੱਭਿਆਚਾਰਕ ਕੇਂਦਰ ਬਟਾਲਾ ਵਿਖੇ ਚੱਲ ਰਹੀਆਂ ਰਿਹਰਸਲ ਦਾ ਜਾਇਜ਼ਾ ਲਿਆ ਗਿਆ।ਉਨਾਂ ਦੱਸਿਆ ਕਿ 13 ਅਗਸਤ ਨੂੰ ਸਵੇਰੇ 9 ਵਜੇ ਸਥਾਨਕ ਰਾਜੀਵ ਗਾਂਧੀ ਸਟੇਡੀਅਮ, ਪੋਲੀਟੈਕਨਿਕ ਕਾਲਜ ਬਟਾਲਾ ਵਿਖੇ ਫੁੱਲ ਡਰੈੱਸ ਰਿਹਰਸਲ ਹੋਵੇਗੀ।ਇਸ ਮੌਕੇ ਸ਼ਸ਼ੀ ਭੂਸ਼ਨ ਵਰਮਾ ਐਮ ਡੀ, ਐਫ.ਸੀ ਵਰਮਾ ਸਕੂਲ, ਹਰਜਿੰਦਰ ਸਿੰਘ ਕਲਸੀ ਡੀ.ਪੀ.ਆਰ.ਓ, ਹਰਪਾਲ ਸਿੰਘ ਭੰਗੜਾ ਕੋਚ, ਡਾ. ਸਤਿੰਦਰਜੀਤ ਕੌਰ, ਮੈਡਮ ਨੀਟਾ ਭਾਟੀਆ, ਸ੍ਰੀਮਤੀ ਕਮਲਜੀਤ ਕੌਰ ਅਤੇ ਸਕੂਲਾਂ ਦੇ ਅਧਿਆਪਕ ਮੌਜੂਦ ਸਨ।

## ਟਰੇਡਰਜ਼ ਕਮਿਸ਼ਨ ਵੱਲੋਂ ਸਤਿਸੰਗ ਸਮਾਗਮ

ਬਟਾਲਾ ( ਡਾਕਟਰ ਮਲਵਿੰਦਰ ਸਿੰਘ)-ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਰਹਿਨੁਮਾਈ ਹੇਠ ਹਲਕਾ ਬਟਾਲਾ ਦੇ ਚੇਅਰਮੈਨ ਕਿਰਪਾਲ ਸਿੰਘ ਉੱਦੋਵਾਲੀ ਵੱਲੋਂ ਨਹਿਰੂ ਗੇਟ ਦੇ ਸਾਹਮਣੇ ਵਿਸ਼ਾਲ ਪੰਡਾਲ ਵਿਖੇ ਸ੍ਰੀ ਹਨੂੰਮਾਨ ਚਾਲੀਸਾ ਪਾਠ ਦਾ ਕਰਵਾਇਆ ਗਿਆ।ਪਾਠ ਉਪਰੰਤ ਆਪ ਆਗੂ ਅਤੇ ਐਮ ਸੀ ਸੁਨੀਤਾ ਮਹਿਤਾ ਦੇ ਸਹਿਯੋਗ ਨਾਲ ਧਾਰਮਿਕ ਮੰਡਲੀ ਵੱਲੋਂ ਕਥਾ-ਕੀਰਤਨ ਅਤੇ ਸਤਸੰਗ ਕੀਤਾ ਗਿਆ, ਜਿਸ ਦੌਰਾਨ ਸਮੂਹ ਸੰਗਤ ਨੇ ਭਗਤੀ ਰਸ ਦਾ ਖੂਬ ਆਨੰਦ ਮਾਣਿਆ ਅਤੇ ਬਟਾਲਾ ਸ਼ਹਿਰ ਦੇ ਵਪਾਰੀਆਂ, ਨਾਗਰਿਕਾਂ ਅਤੇ ਪੰਜਾਬ ਦੀ ਚੜ੍ਹਦੀ ਕਲਾ, ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ ਗਈ।ਇਸ ਧਾਰਮਿਕ ਸਮਾਗਮ ਵਿੱਚ ਟ੍ਰੇਡਰਜ਼ ਕਮਿਸ਼ਨ ਦੇ ਜ਼ਿਲ੍ਹਾ ਇੰਚਾਰਜ ਚਰਨਜੀਤ ਸਿੰਘ ਪਾਰੋਵਾਲ, ਅੰਮ੍ਰਿਤ ਕਲਸੀ, ਮੇਅਰ ਬਟਾਲਾ ਰੁਪਿੰਦਰ ਸਿੰਘ ਬਾਜਵਾ, ਚੇਅਰਮੈਨ ਮਾਨਿਕ ਮਹਿਤਾ, ਡਿਪਟੀ ਮੇਅਰ ਪ੍ਰਦੀਪ ਕੁਮਾਰ, ਆਪ ਆਗੂ ਮਨਜਿੰਦਰ ਸਿੰਘ ਸੰਧੂ , ਗੁਰਪ੍ਰੀਤ ਸਿੰਘ ਰਾਜੂ, ਆਪ ਆਗੂ ਗੁਰਸਾਹਿਬਵਨੂਰ, ਅੰਕੁਸ਼ ਮਹਿਤਾ, ਵਰੁਨ ਵਰਮਾ ਚੇਅਰਮੈਨ ਸਵਰਨਕਾਰ ਬੋਰਡ ਅਤੇ ਕੰਚਨ ਚੌਹਾਨ ਵੀ ਹਾਜ਼ਰ ਸਨ।ਟ੍ਰੇਡਰਜ਼ ਕਮਿਸ਼ਨ ਹਲਕਾ ਬਟਾਲਾ ਦੇ ਮੈਂਬਰ ਰਾਹੁਲ ਅਰੋੜਾ, ਜਸਵਿੰਦਰ ਸਿੰਘ, ਦਲਜਿੰਦਰ ਸੋਨੀ ਅਤੇ ਬਿਕਰਮਜੀਤ ਸਿੰਘ ਨੇ ਵੀ ਪੂਰੇ ਸਹਿਯੋਗ ਨਾਲ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਸਮਾਗਮ ਦੀ ਸਫਲਤਾ ਵਿੱਚ ਆਪਣਾ ਯੋਗਦਾਨ ਪਾਇਆ।



## ਲੇਖਕਾਂ ਨੇ ਦੀਪ ਦੇਵਿੰਦਰ ਸਿੰਘ ਦੀ ਸਿਹਤਯਾਬੀ ਲਈ ਕੀਤੀ ਕਾਮਨਾ



ਬਿਆਸ (ਪਰਮਜੀਤ ਸਿੰਘ ਰੱਖੜਾ)- ਪੰਜਾਬੀ ਸਾਹਿਤਕਾਰਾਂ, ਲੇਖਕਾਂ ਅਤੇ ਬੁੱਧੀਜੀਵੀਆਂ ਨੇ ਕੇਂਦਰੀ ਪੰਜਾਬੀ ਲੇਖਕ ਦੇ ਦਫਤਰ ਸਕੱਤਰ ਅਤੇ ਨਾਮਵਰ ਕਹਾਣੀਕਾਰ ਦੀਪ ਦੇਵਿੰਦਰ ਸਿੰਘ ਜਿਹੜੇ ਪਿਛਲੇ ਦਿਨੀਂ ਇਕ ਹਾਦਸੇ ਵਿਚ ਜ਼ਖਮੀ ਹੋ ਗਏ ਸਨ, ਦੀ ਸਿਹਤਯਾਬੀ ਲਈ ਕਾਮਨਾ ਕੀਤੀ ਹੈ । ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸੰਚਾਲਕ ਅਤੇ ਕੇਂਦਰੀ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਦੀ ਅਗਵਾਈ ਵਿਚ ਮਨਜੀਤ ਸਿੰਘ ਵੱਸੀ, ਸੁਖਵੰਤ ਕੌਰ ਵੱਸੀ ਅਤੇ ਨਾਮਵਰ ਗੀਤਕਾਰ ਮੱਖਣ ਭੈਣੀਵਾਲ ਨੇ ਮਿਲ ਕੇ ਉਨ੍ਹਾਂ ਦੀ ਸਿਹਤ ਦਾ ਹਾਲ ਜਾਣਿਆ। ਦੀਪ ਦੇਵਿੰਦਰ ਸਿੰਘ ਆਪਣੇ ਕੰਮਕਾਰ ਦੇ ਸਿਲਸਿਲੇ ਤਹਿਤ ਸੁਲਤਾਨਵਿੰਡ ਤੋਂ ਦਬੁਰਜੀ ਲਿੰਕ ਰੋਡ 'ਤੇ ਜਾ ਰਹੇ ਸਨ ਕਿ ਅਚਨਚੇਤ ਸਕੂਲੀ ਬੱਚੇ ਸੜਕ ਦੇ ਵਿਚਕਾਰ ਆਉਣ ਕਰਕੇ ਉਹ ਬੱਚਿਆਂ ਦਾ ਬਚਾਅ ਕਰਦੇ ਐਕਟਿਵਾ ਸਮੇਤ ਸੜਕ 'ਤੇ ਡਿਗ ਪਏ ਜਿਸ ਨਾਲ ਉਨ੍ਹਾਂ ਦੇ ਸੱਜੇ ਮੋਢੇ ਦੀ ਹੱਡੀ ਕਰੈਕ ਹੋ ਗਈ। ਡਾਕਟਰਾਂ ਨੇ ਉਨ੍ਹਾਂ ਨੂੰ ਮੁਕੰਮਲ ਅਰਾਮ ਦੀ ਸਲਾਹ ਦਿੱਤੀ ਹੈ।ਇਸੇ ਦੌਰਾਨ ਪ੍ਰੋ. ਗੁਰਭਜਨ ਗਿੱਲ, ਸ਼੍ਰੋਮਣੀ ਸ਼ਾਇਰ ਦਰਸ਼ਨ ਬੁੱਟਰ, ਸੁਸ਼ੀਲ ਦੁਸਾਂਝ, ਮੱਖਣ ਕੁਹਾੜ, ਡਾ. ਮਨਜਿੰਦਰ ਸਿੰਘ, ਡਾ. ਬਲਜੀਤ ਰਿਆੜ, ਗੁਰਮੀਤ ਬਾਜਵਾ, ਡਾ. ਕਸ਼ਮੀਰ ਸਿੰਘ, ਪ੍ਰਤੀਤ ਸਹਿਦੇਵ, ਮੋਹਿਤ, ਇਕਵਾਕ ਸਿੰਘ ਪੱਟੀ, ਵਰਿੰਦਰ ਅਜ਼ਾਦ, ਡਾ. ਪ੍ਰਮਿੰਦਰ ਸਿੰਘ, ਡਾ. ਹੀਰਾ ਸਿੰਘ, ਡਾ. ਕੁਲਦੀਪ ਸਿੰਘ ਢਿੱਲੋਂ, ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਡਾ. ਪਰਮਜੀਤ ਸਿੰਘ ਬਾਠ ਆਦਿ ਨੇ ਦੀਪ ਦੇਵਿੰਦਰ ਸਿੰਘ ਦੀ ਸਿਹਤ ਦਾ ਹਾਲ ਜਾਣਿਆ ਅਤੇ ਤੰਦਰੁਸਤੀ ਦੀ ਕਾਮਨਾ ਕੀਤੀ।

# ਡਾ. ਅਨੁਪਮਾ ਗੁਪਤਾ ਨੂੰ ਰੋਟਰੀ ਗਵਰਨਰ ਨੇ ਕੀਤਾ ਸਨਮਾਨਤ



ਅੰਮ੍ਰਿਤਸਰ (ਅਰੋੜਾ)-ਰੋਟਰੀ ਕਲੱਬ ਪ੍ਰੀਮੀਅਰ ਦੀ ਮੈਂਬਰ ਜ਼ਿੰਦਾ ਸ਼ਹੀਦ ਡਾ. ਅਨੁਪਮਾ ਗੁਪਤਾ ਨੂੰ ਰੋਟਰੀ ਕਲੱਬ ਪ੍ਰੀਮੀਅਰ ਵੱਲੋਂ ਕਰਵਾਏ ਗਏ ਇੱਕ ਸਮਾਗਮ ਵਿੱਚ ਰੋਟਰੀ ਦੇ ਆਉਣ ਵਾਲੇ ਗਵਰਨਰ ਵਿਜੇ ਸਹਿਦੇਵ ਵੱਲੋਂ ਖਾਸ ਤੌਰ 'ਤੇ ਸਨਮਾਨਤ ਕੀਤਾ ਗਿਆ। ਰੋਟਰੀ ਦੇ ਚਾਰਟਰਡ ਪ੍ਰਧਾਨ ਰਾਜੇਸ਼ ਅਰੋੜਾ ਨੇ ਦੱਸਿਆ ਕਿ ਡਾ. ਅਨੁਪਮਾ ਗੁਪਤਾ ਕਿਸੇ ਅਜਨਬੀ ਦੀ ਜਾਨ ਬਚਾਉਣ ਲਈ ਆਪਣੀ ਗੱਡੀ ਤੋਂ ਉੱਤਰ ਕੇ ਉਸ ਦੀ ਸਹਾਇਤਾ ਲਈ ਭੱਜੀ ਸੀ।

ਇੱਕ ਤੇਜ਼ ਵਾਹਨ ਨੇ ਡਾ. ਅਨੁਪਤਾ ਗੁਪਤਾ ਨੂੰ ਆਪਣੀ ਚਪੇਟ ਵਿੱਚ ਲੈ ਲਿਆ। ਇਹ ਹਾਦਸਾ ਇੰਨਾ ਖਤਰਨਾਕ ਹੋਇਆ ਸੀ ਕਿ ਪੂਰੇ ਭਾਰਤ ਦੇ ਮਾਹਰ ਡਾਕਟਰ ਅਨੁਪਮਾ ਗੁਪਤਾ ਦੀ ਜਾਨ ਬਚਾਉਣ ਲਈ ਗੁਰੂ ਕੀ ਨਗਰੀ ਵਿਖੇ ਆਏ। ਡਾਕਟਰਾਂ ਦੇ ਅਣਥੱਕ ਯਤਨਾਂ ਦੇ ਨਾਲ ਡਾ. ਅਨੁਪਮਾ ਗੁਪਤਾ ਦੀ ਜਾਨ ਤਾਂ ਬਚੀ ਪਰ ਉਨ੍ਹਾਂ ਦੇ ਪੇਟ ਦੇ ਨੀਚੇ ਦਾ ਧੜ ਉਨ੍ਹਾਂ ਨੂੰ ਕੱਟਣਾ ਪਿਆ। ਡਾ. ਅਨੁਪਮਾ ਗੁਪਤਾ ਦੀ ਸਮਾਜ ਸੇਵਾ ਅਤੇ ਕੁਰਬਾਨੀ ਦੇ ਚੱਲਦੇ ਉਸ ਨੂੰ ਬਹੁਤ ਸਾਰੀਆਂ ਸਮਾਜ ਸੇਵੀ ਸੰਸਥਾਵਾਂ, ਰੋਟਰੀ ਕਲੱਬਾਂ ਇੱਥੋਂ ਤੱਕ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਵੀ ਭਗਵੰਤ ਮਾਨ ਵੱਲੋਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਅੱਜ ਡਾ. ਅਨੁਪਮਾ ਗੁਪਤਾ ਸਾਰੇ ਡਾਕਟਰਾਂ ਅਤੇ ਸਮਾਜ ਸੇਵੀ ਦੀ ਭਾਵਨਾ ਰੱਖਣ ਵਾਲੀਆਂ ਸੰਸਥਾਵਾਂ ਵਿੱਚ ਇੱਕ ਮਿਸਾਲ ਦੇ ਰੂਪ ਵਿੱਚ ਜਾਣੀ ਜਾਂਦੀ ਹੈ। ਇਸੇ ਦੇ ਚੱਲਦੇ ਰੋਟਰੀ ਦੇ ਆਉਣ ਵਾਲੇ ਗਵਰਨਰ ਵਿਜੇ ਸਹਿਦੇਵ, ਐਚ.ਐਸ ਜੋਗੀ ਰੋਟਰੀ ਦੀ ਮਹਿਲਾ ਪ੍ਰਧਾਨ ਅਰਪਿਤਾ ਕਾਂਸਲ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਅਨੁਪਮਾ ਗੁਪਤਾ ਦੇ ਪਤੀ ਸਰਜਰੀ ਦੇ ਮਾਹਰ ਡਾ. ਰਮਨ ਗੁਪਤਾ, ਡਾ. ਸੋਮਿਲ ਕਾਂਸਲ, ਸ੍ਰੀਮਤੀ ਮੁਸਕਾਨ, ਸਹਾਇਕ ਗਵਰਨਰ ਰਵੀ ਹਾਂਡਾ, ਰੋਟਰੀ ਦੀ ਸਕੱਤਰ ਡਾ. ਹਿਰਦੇ ਪ੍ਰੀਤ ਆਦਿ ਵੀ ਮੌਜੂਦ ਸਨ।

## ਜੈਨਿਥ ਟੈਕਨੋ ਸਾਫਟ ਵਿਖੇ ਸਰਟੀਫਿਕੇਟ ਤਕਸੀਮ ਕਰਨ ਸੰਬੰਧੀ ਸਮਾਗਮ



**ਧਾਰੀਵਾਲ (ਮਨਦੀਪ ਵਿੱਕੀ)**- ਜੈਨਿਥ ਟੈਕਨੋ ਸਾਫਟ ਸੰਸਥਾ ਧਾਰੀਵਾਲ ਵਿਖੇ ਸੋਸਵਾ (ਐਨ) ਚੰਡੀਗੜ੍ਹ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਸਿਖਲਾਈ ਕੇਂਦਰ ਵਿੱਚ ਕੰਪਿਊਟਰ ਕੋਰਸ ਅਤੇ ਬਿਊਟੀਸੀਅਨ ਕੋਰਸ ਪੂਰਾ ਕਰ ਚੁੱਕੀਆਂ ਵਿਦਿਆਰਥਣਾਂ ਨੂੰ ਸਰਟੀਫਿਕੇਟ ਤਕਸੀਮ ਕਰਨ ਸੰਬੰਧੀ ਸੰਸਥਾ ਦੇ ਡਾਇਰੈਕਟਰ ਸੁਨੰਦਨ ਸ਼ਰਮਾ ਦੇ ਪ੍ਰਬੰਧਾਂ ਹੇਠ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ। ਸਮਾਗਮ ਵਿੱਚ ਨਗਰ ਕੌਂਸਲ ਧਾਰੀਵਾਲ ਦੇ ਪ੍ਰਧਾਨ ਅਸ਼ਵਨੀ ਦੁੱਗਲ ਨੇ ਬਤੌਰ ਮੁੱਖ ਮਹਿਮਾਨ ਸਿਰਕਤ ਕੀਤੀ, ਜਦਕਿ ਸੋਨੂੰ ਵਿੱਜ, ਨਵਨੀਤ ਵਿੱਜ, ਸਲਵਾਨ ਅਤੇ ਕਨਵ ਮਹਾਜਨ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਹਾਜਰ ਹੋਏ। ਇਸ ਮੌਕੇ ਕੋਰਸ ਪੂਰਾ ਕਰਨ ਵਾਲੀਆਂ 25 ਲੋੜਵੰਦ ਵਿਦਿਆਰਥਣਾਂ ਨੂੰ ਕੰਪਿਊਟਰ ਕੋਰਸ ਅਤੇ 25 ਵਿਦਿਆਰਥਣਾਂ ਨੂੰ ਬਿਊਟੀਸੀਅਨ ਕੋਰਸ ਦੇ ਸਫਲਤਾਪੂਰਵਕ ਸੰਪੰਨ ਹੋਣ 'ਤੇ ਸਰਟੀਫਿਕੇਟ ਤਕਸੀਮ ਕੀਤੇ ਗਏ। ਇਸ ਦੇ ਨਾਲ ਹੀ ਬਿਊਟੀਸੀਅਨ ਕੋਰਸ ਕਰਨ ਵਾਲੀਆਂ ਸਾਰੀਆਂ 25 ਵਿਦਿਆਰਥਣਾਂ ਨੂੰ ਮੁਫਤ ਬਿਊਟੀ ਕਿੱਟਾਂ ਵੀ ਦਿੱਤੀਆਂ ਗਈਆਂ। ਮੁੱਖ ਮਹਿਮਾਨ ਅਸ਼ਵਨੀ ਦੁੱਗਲ ਨੇ ਵਿਦਿਆਰਥਣਾਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਦੀ ਹੌਂਸਲਾ ਅਫਜਾਈ ਕੀਤੀ ਗਈ।

ਸੰਸਥਾ ਦੇ ਡਾਇਰੈਕਟਰ ਸੁਨੰਦਨ ਸ਼ਰਮਾ ਨੇ ਪਹੁੰਚੇ ਹੋਏ ਸਮੂਹ ਮਹਿਮਾਨਾਂ ਦਾ ਤਹਿ-ਦਿਲੋਂ ਧੰਨਵਾਦ ਕੀਤਾ ਗਿਆ। ਸਮਾਗਮ ਨੂੰ ਸਫਲ ਬਣਾਉਣ ਵਿੱਚ ਸੈਂਟਰ ਦੇ ਸਟਾਫ ਮੈਂਬਰਾਂ ਕਿਰਨ, ਸਪਨਾ, ਸ਼ਿਆਨਾ ਅਤੇ ਅਲਕਾ ਨੇ ਵਿਸ਼ੇਸ਼ ਯੋਗਦਾਨ ਪਾਇਆ ਅਤੇ ਆਪਣੀ ਹਾਜਰੀ ਨਾਲ ਪ੍ਰੋਗਰਾਮ ਨੂੰ ਸਿਰੇ ਚੜ੍ਹਾਇਆ।

## ਅੰਮ੍ਰਿਤਸਰ ਚਾਈਲਡ ਡਿਵੈਲਪਮੈਂਟ ਪ੍ਰੋਜੈਕਟ ਨੇ ਬੱਚਿਆਂ ਨੂੰ ਸਕੂਲ ਬੈਗ ਵੰਡੇ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਅੰਮ੍ਰਿਤਸਰ ਚਾਈਲਡ ਡਿਵੈਲਪਮੈਂਟ ਪ੍ਰੋਜੈਕਟ ਵੱਲੋਂ ਆਪਣੇ ਟਾਰਗੇਟ ਖੇਤਰਾਂ ਦੇ ਬੱਚਿਆਂ ਨੂੰ ਸਕੂਲ ਬੈਗ ਵੰਡਣ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਪਹਿਲ ਦਾ ਉਦੇਸ਼ ਬੱਚਿਆਂ ਨੂੰ ਉਨ੍ਹਾਂ ਦੀ ਸਿੱਖਿਆ ਜਾਰੀ ਰੱਖਣ ਲਈ ਸਹਾਇਤਾ ਦੇਣਾ ਅਤੇ ਉਨ੍ਹਾਂ ਨੂੰ ਮਿਹਨਤ ਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕਰਨਾ ਸੀ। ਇਸ ਮੌਕੇ ਮੁੱਖ ਮਹਿਮਾਨ ਧਸ਼ਫ ਸ੍ਰੀਮਤੀ ਸੀਤਾ ਕੁਮਾਰੀ ਅਤੇ ਪ੍ਰੀਤ ਨਗਰ ਪਿੰਡ ਦੇ ਸਰਪੰਚ ਸ੍ਰੀ ਭਗਵੰਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮਹਿਮਾਨਾਂ ਦੀ ਹਾਜ਼ਰੀ ਨੇ ਬੱਚਿਆਂ ਦਾ ਹੌਸਲਾ ਵਧਾਇਆ ਅਤੇ ਉਨ੍ਹਾਂ ਨੂੰ ਸਿੱਖਿਆ ਪ੍ਰਤੀ ਹੋਰ ਜ਼ਿੰਮੇਵਾਰ ਬਣਨ ਲਈ ਪ੍ਰੇਰਿਤ ਕੀਤਾ। ਬੱਚਿਆਂ ਨੂੰ ਸੰਬੋਧਨ ਕਰਦਿਆਂ ਸੀਤਾ ਕੁਮਾਰੀ ਨੇ ਕਿਹਾ ਕਿ ਉਨ੍ਹਾਂ ਨੂੰ ਮਿਲ ਰਹੇ ਮੌਕਿਆਂ ਦਾ ਪੂਰਾ ਲਾਭ ਉਠਾਉਣਾ ਚਾਹੀਦਾ ਹੈ। ਉਨ੍ਹਾਂ ਬੱਚਿਆਂ ਨੂੰ ਸਖ਼ਤ ਮਿਹਨਤ ਕਰਨ, ਨਿਯਮਿਤ ਤੌਰ 'ਤੇ ਸਕੂਲ ਜਾਣ, ਹਰ ਰੋਜ਼ ਆਪਣਾ ਹੋਮਵਰਕ ਪੂਰਾ ਕਰਨ ਅਤੇ ਪੜ੍ਹਾਈ 'ਤੇ ਪੂਰਾ ਧਿਆਨ ਕੇਂਦਰਿਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾ ਅੰਮ੍ਰਿਤਸਰ ਚਾਈਲਡ ਡਿਵੈਲਪਮੈਂਟ ਪ੍ਰੋਜੈਕਟ ਵੱਲੋਂ ਬੱਚਿਆਂ ਦੀ ਸਿੱਖਿਆ ਅਤੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਪ੍ਰੀਤ ਨਗਰ ਪਿੰਡ ਦੇ ਸਰਪੰਚ ਭਗਵੰਤ ਸਿੰਘ ਨੇ ਵੀ ਸੰਸਥਾ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਬੱਚਿਆਂ ਦੇ ਹੌਸਲੇ ਨੂੰ ਵਧਾਉਣ ਦੇ ਨਾਲ-ਨਾਲ ਪਰਵਾਰਾਂ ਲਈ ਵੀ ਲਾਭਦਾਇਕ ਹਨ। ਇਸ ਮੌਕੇ ਪਵਨ ਮਸੀਹ ਨੇ ਮੁੱਖ ਮਹਿਮਾਨ, ਸਰਪੰਚ, ਬੱਚਿਆਂ, ਮਾਪਿਆਂ ਅਤੇ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਵਾਲੇ ਸਾਰੇ ਵਿਅਕਤੀਆਂ ਦਾ ਧੰਨਵਾਦ ਕੀਤਾ।

**ਜਨਮ ਦਿਨ ਮੁਬਾਰਕ**



ਸਵਰੀਨ ਕੌਰ ਕਿਚਨ (ਕੈਨੇਡਾ)

# ਢੰਡੋਵਾਲ ਸੁਸਾਇਟੀ ਦੇ ਸੁਰਿੰਦਰਜੀਤ ਸਿੰਘ ਚੱਠਾ ਪ੍ਰਧਾਨ ਬਣੇ

**ਸ਼ਾਹਕੋਟ (ਅਮਨਦੀਪ ਸੈਦਪੁਰੀ)**- ਬੁੱਧਵਾਰ ਨੂੰ ਕੋਆਪਰੇਟਿਵ ਸੁਸਾਇਟੀ ਢੰਡੋਵਾਲ ਦੇ ਅਹੁਦੇਦਾਰਾਂ ਦੀ ਚੋਣ ਹੋਈ। ਇਹ ਚੋਣ ਕੋਆਪਰੇਟਿਵ ਸੁਸਾਇਟੀ ਢੰਡੋਵਾਲ ਦੇ ਸੈਕਟਰੀ ਬਲਦੇਵ ਰਾਜ ਦੀ ਨਿਗਰਾਨੀ ਹੇਠ ਹੋਈ। ਇਸ ਚੋਣ ਵਿੱਚ ਪਿੰਡ ਢੰਡੋਵਾਲ ਦੇ ਸਾਬਕਾ ਸਰਪੰਚ, ਬਲਾਕ ਕਾਂਗਰਸ ਦੇ ਪ੍ਰਧਾਨ ਤੇ ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ ਪ੍ਰਧਾਨ ਚੁਣੇ ਗਏ। ਇਸ ਮੌਕੇ ਸੀਨੀਅਰ ਵਾਈਸ ਪ੍ਰਧਾਨ ਬਲਵਿੰਦਰ ਸਿੰਘ ਬਿੱਲਾ ਕੰਨੀਆਂ ਕਲਾਂ, ਵਾਈਸ ਪ੍ਰਧਾਨ ਹਰਦੇਵ ਸਿੰਘ ਕਾਕੜਾ ਕਲਾਂ ਬਣੇ। ਇਨ੍ਹਾਂ ਵਿੱਚ ਰਣਜੀਤ ਸਿੰਘ ਕੋਟਲਾ ਸੂਰਜ ਮੱਲ, ਸੁਰਿੰਦਰ ਕੌਰ ਕੋਟਲਾ ਸੂਰਜ ਮੱਲ, ਗੁਰਵਿੰਦਰ ਕੌਰ ਨੰਗਲ ਅੰਬੀਆ ਖੁਰਦ ਮੈਂਬਰ ਮੌਜੂਦ ਸਨ। ਚੋਣ ਹੋਣ ਉਪਰੰਤ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਆਪਣੇ ਸਾਥੀਆਂ ਸਮੇਤ ਪ੍ਰਧਾਨ ਸੁਰਿੰਦਰਜੀਤ ਸਿੰਘ ਚੱਠਾ ਦੇ ਗ੍ਰਹਿ ਵਿਖੇ ਪਹੁੰਚੇ।ਉਨ੍ਹਾਂ ਚੱਠਾ ਨੂੰ ਵਧਾਈ ਦਿੰਦਿਆਂ ਬਾਕੀ ਮੈਂਬਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਚੋਣ ਕਾਈਜਾਰਕ ਸਾਂਝ ਨੂੰ ਹੋਰ ਮਜ਼ਬੂਤ [illegible] ਸਿੰਘ ਖਾਲਸਾ ਸਾਬਕਾ ਪ੍ਰਧਾਨ ਕੋਆਪਰੇਟਿਵ ਸੁਸਾਇਟੀ ਢੰਡੋਵਾਲ, ਰਵੀ ਪਾਲ ਸੈਲਜਮੈਨ, ਰਾਜ ਸਿੰਗਲਾ, ਗੁਲਜ਼ਾਰ ਸਿੰਘ ਥਿੰਦ ਪ੍ਰਧਾਨ



ਨਗਰ ਪੰਚਾਇਤ ਸ਼ਾਹਕੋਟ, ਅਸ਼ਵਿੰਦਰਪਾਲ ਸਿੰਘ ਖੈਹਿਰਾ ਸਾਬਕਾ ਚੇਅਰਮੈਨ ਸ਼ੂਗਰ ਮਿੱਲ ਮਹਿਤਪੁਰ, ਸੋਨੂੰ ਕੰਗ ਪੀ ਏ, ਪਹਿਲਵਾਨ ਨਛੱਤਰ ਸਿੰਘ ਢੰਡੋਵਾਲ, ਸੁਖਦੇਵ ਸਿੰਘ ਸੁੱਖਾ ਵਾਇਸ ਚੇਅਰਮੈਨ ਬਲਾਕ ਸੰਮਤੀ ਸ਼ਾਹਕੋਟ, ਅਰਵਿੰਦਰ ਸਿੰਘ ਸਰਪੰਚ ਕੋਟਲਾ ਸੂਰਜ ਮੱਲ, ਗੁਰਨਾਮ ਸਿੰਘ ਸਾਬਕਾ ਸਰਪੰਚ ਕੋਟਲਾ ਸੂਰਜ ਮੱਲ, ਵੀਰ ਸਿੰਘ ਕਸ਼ਯਪ, ਬਲਬੀਰ ਸਿੰਘ ਟਰਾਂਸਪੋਰਟ, ਸੁਰਤਵਿੰਦਰ ਸਿੰਘ ਠੇਕੇਦਾਰ, [illegible] ਅਟਵਾਲ, ਜਸਵੀਰ ਸਿੰਘ ਲੱਬੀ, ਅਸ਼ਵਨੀ ਪ੍ਰਧਾਨ ਕਾਕੜਾ ਕਲਾਂ, ਸਲਵਿੰਦਰ ਪ੍ਰਕਾਸ਼, ਜਗਜੀਤ ਸਿੰਘ ਪੰਨੂੰ, ਜਸਵਿੰਦਰ ਸਿੰਘ ਬਿੱਟੂ, ਸ਼ਿੰਦਰਪਾਲ ਮੈਂਬਰ ਪੰਚਾਇਤ, ਰਾਕੇਸ਼ ਕੁਮਾਰ ਢੰਡੋਵਾਲ, ਜੀਤਾ ਯੂ ਐਸ ਏ, ਤਾਰੀ ਚੱਠਾ ਕਬੱਡੀ ਖਿਡਾਰੀ, ਬਲਦੇਵ ਬਿੱਲੂ ਢੰਡੋਵਾਲ, ਹੈਪੀ ਕੱਬਡੀ ਖਿਡਾਰੀ, ਨਛੱਤਰ ਸਾਬਕਾ ਪੰਚ, ਜਸਪਾਲ ਸਿੰਘ ਸਰਪੰਚ ਨੰਗਲ ਅੰਬੀਆਂ ਖੁਰਦ, ਲਛਮਣ ਸੋਬਤੀ ਸ਼ਹਿਰੀ ਪ੍ਰਧਾਨ, ਬੰਟੀ ਬਠੱਲਾ ਜ਼ਿਲ੍ਹਾ ਵਾਇਸ ਪ੍ਰਧਾਨ, ਟਿੰਪੀ ਕੁਮਰ, ਸੋਨੂੰ ਮਿੱਤਲ (ਦੋਵੇਂ ਸੀਨੀਅਰ ਕਾਂਗਰਸੀ ਆਗੂ), ਡਾ ਰਾਜੇਸ਼ ਚੌਹਾਨ, ਜਸਵੀਰ ਸਿੰਘ ਸੀਰਾ, [illegible] ਪਿੰਦਰ ਜੋਸਨ ਸਰਪੰਚ ਹਵੇਲੀ, ਵਿਜੈ ਕੁਮਾਰ ਪ੍ਰਧਾਨ, ਕਮਲ ਸਿੰਘ, ਗੁਰਪ੍ਰੀਤ ਲਾਡੀ, ਨੱਥਾ ਸਿੰਘ ਜਾਫਰਵਾਲ, ਤਰਸੇਮ ਸਿੰਘ ਧੰਜੂ ਸਰਪੰਚ ਸੈਦਪੁਰ ਝਿੜੀ, ਅਮਨਦੀਪ ਸੈਦਪੁਰੀ, ਅਮਰੀਕ ਸਿੰਘ ਜੰਮੂ, ਵਿਜੇ ਕੁਮਾਰ, ਹਰਦਿਆਲ ਸਿੰਘ ਜਾਫਰਵਾਲ ਸਾਬਕਾ ਸਰਪੰਚ, ਪਰਮਜੀਤ ਪੰਮਾ ਸਾਬਕਾ ਸਰਪੰਚ ਬਿੱਲੀ ਚਾਹਰਮੀ, ਕਸ਼ਮੀਰ ਸਿੰਘ ਸਾਬਕਾ ਬਲਾਕ ਸੰਮਤੀ ਬਾਹਮਣੀਆਂ, ਬਲਜੀਤ ਸਿੰਘ ਸਾਬਕਾ ਮੈਂਬਰ ਮਾਰਕੀਟ ਕਮੇਟੀ ਸ਼ਾਹਕੋਟ, ਸਾਧਾ ਸਿੰਘ ਮੀਏਂਵਾਲ, ਹਰਵਿੰਦਰ ਸਿੰਘ ਡੀ.ਸੀ. ਸਾਬਕਾ ਸਰਪੰਚ ਰੂਪੇਵਾਲ, ਜਗਤਾਰ ਸਿੰਘ ਸਾਬਕਾ ਸਰਪੰਚ ਬਾਜਵਾ ਕਲਾਂ, ਬਲਕਾਰ ਸਿੰਘ ਬਲਾਕ ਸੰਮਤੀ ਮੈਂਬਰ ਬਾਜਵਾ ਕਲਾਂ, ਸਤਨਾਮ ਸਿੰਘ ਫਾਜਲਵਾਲ, ਗੁਰਮੀਤ ਸਿੰਘ ਬੱਬੂ ਸਾਬਕਾ ਸਰਪੰਚ ਬਾਹਮਣੀਆਂ, ਤਾਰਾ ਸਿੰਘ ਸਰਪੰਚ ਰੇੜਵਾ, ਰੇਸ਼ਮ ਸਿੰਘ ਸਾਬਕਾ ਸਰਪੰਚ ਰੇੜਵਾ, ਕੈਪਟਨ ਗੁਰਮੇਜ ਸਿੰਘ ਭੋਏਪੁਰ, ਗੁਰਮੀਤ ਸਿੰਘ ਫਾਜਲਵਾਲ ਜਸਵੰਤ ਸਿੰਘ ਫਾਜਲਵਾਲ, ਨਵਤੇਜ ਸਿੰਘ ਚੱਠਾ ਕੰਨੀਆ, ਮੇਸ਼ਾ ਢੰਡੋਵਾਲ, ਰਣਜੀਤ ਸਿੰਘ ਰੇੜਵਾ, ਸੋਨੂੰ ਕਿਲੀ ਨੰਬਰਦਾਰ, [illegible]

## ਵੱਖ-ਵੱਖ ਪਿੰਡਾਂ 'ਚ ਦਿਖਾਈ ਦਸਤਾਵੇਜ਼ੀ ਫਿਲਮ



**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਡਾਕੂਮੈਂਟਰੀ ਵੈਨਾਂ ਰਾਹੀਂ ਦਿਖਾਈ ਜਾ ਰਹੀ ਵਿਸ਼ੇਸ਼ ਦਸਤਾਵੇਜ਼ੀ ਫਿਲਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸੇ ਲੜੀ ਤਹਿਤ ਕਲ੍ਹ ਸ਼ਾਮ ਜ਼ਿਲ੍ਹੇ ਦੇ ਪਿੰਡ ਸਲਮੇਪੁਰ ਉਰਫ ਨੰਗਲ, ਛੜਬੜ ਅਤੇ ਮਨੌਲੀ ਸੂਰਤ ਵਿਖੇ ਦਸਤਾਵੇਜ਼ੀ ਫਿਲਮ ਦਿਖਾਈ ਗਈ।ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਕਮੋਲ ਮਿੱਤਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਡਾਕੂਮੈਂਟਰੀ ਰਾਹੀਂ ਹਾਜ਼ਰ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ, ਉਨ੍ਹਾਂ ਦੇ ਭਾਈਚਾਰੇ, ਮਨੁੱਖਤਾ ਅਤੇ ਸਮਾਜਿਕ ਸਦਭਾਵਨਾ ਬਾਰੇ ਸੰਦੇਸ਼ ਤੋਂ ਜਾਣੂ ਕਰਵਾਉਣ ਦਾ ਬਹੁਤ ਹੀ ਵਧੀਆ ਉਪਰਾਲਾ ਹੈ।

ਪੰਜਾਬ ਸਰਕਾਰ ਦੇ ਇਸ ਉਪਰਾਲੇ ਤਹਿਤ ਜ਼ਿਲ੍ਹੇ ਵਿੱਚ ਡਾਕੂਮੈਂਟਰੀ ਵੈਨ ਰਾਹੀਂ ਰੋਜ਼ਾਨਾ 3 ਪਿੰਡਾਂ ਵਿੱਚ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ ਅਤੇ ਲੋਕਾਂ ਨੂੰ ਗੁਰੂ ਜੀ ਦੇ ਜੀਵਨ ਦੇ ਮਹੱਤਵਪੂਰਨ ਪੱਖਾਂ, ਉੱਚ ਆਦਰਸ਼ਾਂ ਅਤੇ ਸਮਾਜਿਕ ਸੁਧਾਰਾਂ ਲਈ ਉਨ੍ਹਾਂ ਵੱਲੋਂ ਪਾਏ ਯੋਗਦਾਨ ਬਾਰੇ ਜਾਣਨ ਅਤੇ ਸਮਝਣ ਦਾ ਮੌਕਾ ਮਿਲ ਰਿਹਾ ਹੈ।

## ਪਿੰਡਾਂ ਦੇ ਕਾਮਿਆਂ ਲਈ ਸਮਰਪਤ ਇਨਕਲਾਬੀ ਜੀਵਨ : ਨਾਨਕ ਸਿੰਘ ਹਲੀਮਵਾਲਾ



[illegible]

ਸਾਥ ਦਿੱਤਾ ਅਤੇ ਇਸ ਇਲਾਕੇ ਵਿਚ ਪਾਰਟੀ ਅਤੇ ਜਥੇਬੰਦੀ ਦਾ ਮੁਰਲੀ ਕਤਾਰ ਦਾ ਆਗੂ ਬਣਿਆ।

ਕਾ. ਨਾਨਕ ਸਿੰਘ ਨਾਲ ਮੇਰਾ ਵਾਸਤਾ 35ਕੁ ਸਾਲ ਪੁਰਾਣਾ ਸੀ। ਪੰਜਾਬ ਖੇਤ ਮਜ਼ਦੂਰ ਸਭਾ ਦੀ ਜ਼ਿਲ੍ਹਾ ਫਿਰੋਜ਼ਪੁਰ ਦੀ ਕਾਨਫਰੰਸ ਮੰਡੀ ਰੋੜਾਂ ਵਾਲੀ ਵਿਖੇ ਹੋਈ। ਸੂਬੇ ਵੱਲੋਂ ਕਾਨਫਰੰਸ ਕਰਵਾਉਣ ਦੀ ਡਿਊਟੀ ਮੇਰੀ ਸੀ। ਉਸ ਸਮੇਂ ਦੌਰਾਨ ਹੀ ਮੈਨੂੰ ਪਰਵਾਰ ਨਾਲ ਵਿਚਰਨ ਦਾ ਮੌਕਾ ਮਿਲਿਆ ਅਤੇ ਇਹ ਪਰਵਾਰ ਮੈਨੂੰ ਇਕ ਪਰਵਾਰਕ ਮੈਂਬਰ ਦੇ ਤੌਰ ਤੇ ਮਾਣ ਦੇਣ ਲੱਗਿਆ। ਕਾ. ਨਾਨਕ ਸਿੰਘ ਪੰਜਾਬ ਖੇਤ ਮਜ਼ਦੂਰ ਸਭਾ ਦਾ [illegible]

[illegible] ਲੋਕਾਂ ਦੀ ਭਲਾਈ ਅਤੇ ਚੰਗੇ ਸਮਾਜ ਦੀ ਸਿਰਜਣਾ ਵਾਸਤੇ ਦਿੱਤੀ। ਜੱਥੇਬੰਦੀ ਇਸ ਪਰਵਾਰ ਦੇ ਹਮੇਸ਼ਾ ਅੰਗ-ਸੰਗ ਰਹੇਗੀ। ਉਮੀਦ ਕਰੇਗੀ ਕਿ ਇਹ ਪਰਵਾਰ ਕਾਮਰੇਡ ਦੀ ਯਾਦ ਨੂੰ ਤਾਜਾ ਰੱਖਣ ਲਈ ਅਤੇ ਉਸ ਦੇ ਅਧੂਰੇ ਕਾਰਜ ਦੀ ਪੂਰਤੀ ਲਈ ਪੂਰਾ ਯੋਗਦਾਨ ਪਾਏਗਾ। ਜੱਥੇਬੰਦੀ ਕਾ. ਨਾਨਕ ਸਿੰਘ ਵੱਲੋਂ ਲਹਿਰ ਦੀ ਮਜ਼ਬੂਤੀ ਲਈ ਪਾਏ ਗਏ ਯੋਗਦਾਨ ਨੂੰ ਹਮੇਸ਼ਾ ਯਾਦ ਰਖੇਗੀ। ਇਹਨਾਂ ਦੀ ਯਾਦ ਵਿੱਚ ਸ਼ਰਧਾਂਜਲੀ ਸਮਾਗਮ 13 ਅਗਸਤ ਨੂੰ ਪਿੰਡ ਹਲੀਮਵਾਲਾ ਵਿਖੇ ਕੀਤਾ ਜਾ ਰਿਹਾ ਹੈ।

**-ਗੁਲਜ਼ਾਰ ਸਿੰਘ ਗੋਰੀਆ**

## ਹਿੰਦ-ਪਾਕਿ ਦੋਸਤੀ ਸੰਮੇਲਨ ਭਲਕੇ



**ਜਲੰਧਰ (ਲਖਵਿੰਦਰ ਸਿੰਘ ਆਧੀ)**- ਹਿੰਦ-ਪਾਕਿ ਦੋਸਤੀ ਮੰਚ, ਫੋਕਲੋਰ ਰੀਸਰਚ ਅਕਾਦਮੀ, ਸਾਫਮਾ, ਪਾਕਿਸਤਾਨ ਪੀਪਲਜ ਫੋਰਮ ਵਾਰ ਪੀਸ ਐਂਡ ਡੈਮੋਕ੍ਰੇਸੀ ਵਲੋਂ ਵਿਰਸਾ ਵਿਹਾਰ ਅੰਮ੍ਰਿਤਸਰ ਤੇ ਸਰਬੱਤ ਦਾ ਭਲਾ ਟਰੱਸਟ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ 31ਵੇਂ ਹਿੰਦ-ਪਾਕਿ ਦੋਸਤੀ ਸੰਮੇਲਨ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਸੰਬੰਧੀ ਪੰਜਾਬ ਪ੍ਰੈਸ ਕਲੱਬ ਜਲੰਧਰ ਵਿਖੇ ਪ੍ਰੈਸ ਕਾਨਫਰੰਸ ਵਿਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਹੋਇਆ ਹਿੰਦ-ਪਾਕਿ ਦੋਸਤੀ ਮੰਚ ਦੇ ਜਨਰਲ ਸਕੱਤਰ ਸਤਨਾਮ ਸਿੰਘ ਮਾਣਕ, ਫੋਕਲੋਰ ਰੀਸਰਚ ਅਕਾਦਮੀ ਦੇ ਪ੍ਰਧਾਨ ਰਮੇਸ਼ ਯਾਦਵ ਤੇ ਚੇਅਰਮੈਨ ਸੁਰਜੀਤ ਜੱਜ ਨੇ ਦੱਸਿਆ ਕਿ 14 ਅਗਸਤ ਨੂੰ ਸਵੇਰੇ 10.30 ਵਜੇ ਵਿਰਸਾ ਵਿਹਾਰ ਅੰਮ੍ਰਿਤਸਰ ਵਿਚ 'ਭਾਰਤ-ਪਾਕਿਸਤਾਨ ਸੰਬੰਧ, ਸਮੱਸਿਆਵਾਂ ਤੇ ਸੰਭਾਵਨਾਵਾਂ' ਵਿਸ਼ੇ 'ਤੇ ਸੈਮੀਨਾਰ ਹੋਵੇਗਾ, ਜਿਸ ਨੂੰ ਸੀਨੀਅਰ ਪੱਤਰਕਾਰ ਤੇ ਬੁੱਧੀਜੀਵੀ ਜਤਿਨ ਦਿਸਾਈ, ਡਾ. ਸੁੱਚਾ ਸਿੰਘ ਗਿੱਲ, ਕਿਸਾਨ ਆਗੂ ਜੋਗਿੰਦਰ ਸਿੰਘ ਉਗਰਾਹਾਂ, ਸੰਦੀਪ ਪਾਂਡੇ, ਰਾਮ ਮੋਹਨ ਰਾਏ, ਸੁਭਾ ਸ਼ਮੀਮ ਸੁਨੀਲਮ, ਪ੍ਰੋ. ਬਾਵਾ ਸਿੰਘ ਤੇ ਡਾ. ਕੁਲਦੀਪ ਸਿੰਘ ਸੰਬੋਧਨ ਕਰਨਗੇ। ਇਸ ਤੋਂ ਬਾਅਦ ਰਾਰ 12 ਵਜੇ ਅਟਾਰੀ-ਵਾਹਗਾ ਸਰਹੱਦ 'ਤੇ ਮੋਮਬੱਤੀਆਂ ਜਗਾ ਕੇ ਭਾਰਤ ਤੇ ਪਾਕਿਸਤਾਨ ਦੇ ਲੋਕਾਂ ਨੂੰ ਅਮਨ ਤੇ ਦੋਸਤੀ ਦਾ ਸੁਨੇਹਾ ਦਿੱਤਾ ਜਾਵੇਗਾ। ਇਸੇ ਤਰ੍ਹਾਂ ਪਾਕਿਸਤਾਨ ਵਾਲੇ ਪਾਸੇ ਲਾਹੌਰ ਵਿਚ ਸਾਊਥ ਏਸ਼ੀਆ ਫਰੀ ਮੀਡੀਆ ਵਲੋਂ 13 ਅਗਸਤ ਨੂੰ ਸ਼ਾਮ 6.30 ਤੋਂ 8.30 ਵਜੇ ਤੱਕ 'ਸ਼ਾਂਤੀ ਨੂੰ ਇਕ ਮੌਕਾ ਹੋਰ ਦਿਓ' ਵਿਸ਼ੇ 'ਤੇ ਸੈਮੀਨਾਰ ਹੋਵੇਗਾ ਅਤੇ ਇਸ ਤੋਂ ਬਾਅਦ ਰਾਤ 12.15 ਵਜੇ ਵਾਹਗਾ-ਅਟਾਰੀ ਸਰਹੱਦ 'ਤੇ ਮੋਮਬੱਤੀਆਂ ਜਗਾਈਆਂ ਜਾਣਗੀਆਂ।ਉਪਰੋਕਤ ਸੰਗਠਨਾਂ ਦੇ ਆਗੂਆਂ ਨੇ ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਨੇ ਭਾਰਤ ਵਾਲੇ ਪਾਸੇ ਅਟਾਰੀ-ਵਾਹਗਾ ਸਰਹੱਦ 'ਤੇ 14 ਅਗਸਤ ਦੀ ਰਾਤ ਨੂੰ 12 ਵਜੇ ਮੋਮਬੱਤੀਆਂ ਜਗਾਉਣ ਦੀ ਆਗਿਆ ਲੈਣ ਲਈ ਗ੍ਰਹਿ ਮੰਤਰਾਲੇ ਨੂੰ ਹਰ ਸਾਲ ਦੀ ਤਰ੍ਹਾਂ ਪੱਤਰ ਲਿਖੇ ਹੋਏ ਹਨ। ਜੇਕਰ ਇਜਾਜ਼ਤ ਮਿਲੀ ਤਾਂ ਸਰਹੱਦ ਦੇ ਨੇੜੇ ਮੋਮਬੱਤੀਆਂ ਜਗਾਈਆਂ ਜਾਣਗੀਆਂ, ਜੇ ਇਜਾਜ਼ਤ ਨਾ ਮਿਲੀ ਤਾਂ ਅਟਾਰੀ-ਵਾਹਗਾ ਸਰਹੱਦ ਦੇ ਪਹਿਲੇ ਗੇਟ ਨੇੜੇ ਮੋਮਬੱਤੀਆਂ ਜਗਾਈਆਂ ਜਾਣਗੀਆਂ।

## ਹਵਾਰਾ ਨੂੰ ਪੈਰੋਲ ਦੇਣ ਦੀ ਪੰਜਾਬ ਸਰਕਾਰ ਦੀ ਸਿਫਾਰਿਸ਼ ਦਾ ਸਵਾਗਤ

**ਅੱਡਾ ਸਰਾਂ (ਜਸਵੀਰ ਕਾਜਲ)**- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜ਼ਿਲਾ ਹੁਸ਼ਿਆਰਪੁਰ ਦੀ ਜਥੇਬੰਦੀ ਨੇ ਜਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ ਦੀ ਅਗਵਾਈ ਵਿੱਚ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਦੇਣ ਦੀ ਪੰਜਾਬ ਸਰਕਾਰ ਦੀ ਸਿਫਾਰਿਸ਼ ਦਾ ਸਵਾਗਤ ਕੀਤਾ ਹੈ। ਉਹਨਾਂ ਕਿਹਾ ਕਿ ਜੇਲਾਂ ਵਿੱਚ ਲੰਬੇ ਸਮੇਂ ਤੋਂ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਲਈ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਜਲਦੀ ਫੈਸਲਾ ਲਵੇ। ਕਿਉਂਕਿ



ਇਹ ਕਿਸੇ ਵੀ ਕਾਨੂੰਨ ਵਿੱਚ ਨਹੀਂ ਲਿਖਿਆ ਕਿ ਸਜਾ ਪੂਰੀਆਂ ਕਰਨ ਤੋਂ ਬਾਅਦ ਵਿੱਚ ਵੀ ਜੇਲਾਂ ਵਿੱਚ ਬੰਦ ਰੱਖਿਆ ਜਾਵੇ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਜਥੇਦਾਰ ਹਰਪ੍ਰੀਤ ਸਿੰਘ ਨੇ ਭਾਈ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਮਿਲਣ ਤੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਧੰਨਵਾਦ ਕਰਦਿਆਂ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ ਜੋ ਸਿੱਖ ਕੌਮ ਤੇ ਬੰਦੀ ਸਿੰਘਾਂ ਦੇ ਹਿੱਤ ਦੀ ਵੱਡੀ ਗੱਲ ਹੈ। ਇਸ ਮੌਕੇ ਪਾਰਟੀ ਦੇ ਕੌਮੀ ਜਨਰਲ ਸਕੱਤਰ ਅਵਤਾਰ ਸਿੰਘ ਜੌਹਲ ਕੌਮੀ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਜੰਡਾ, ਸਾਬਕਾ ਜਿਲਾ ਪਰਿਸ਼ਦ ਮੈਂਬਰ ਸੁਖਵਿੰਦਰ ਸਿੰਘ ਮੂਨਕ, ਸਰਕਲ ਪ੍ਰਧਾਨ ਮੁਕੇਰੀਆਂ ਚੀਫ ਨਿਰਮਲ ਸਿੰਘ, ਲਖਵੰਤ ਸਿੰਘ ਚੀਮਾ, ਸਰਕਲ ਪ੍ਰਧਾਨ ਟਾਂਡਾ ਜਥੇਦਾਰ ਕਿਰਪਾਲ ਸਿੰਘ ਜਾਜਾ, ਮੀਤ ਪ੍ਰਧਾਨ ਮਨੀ ਸਿੰਘ ਕਲੋਆ, ਸੀਨੀਅਰ ਮੀਤ ਪ੍ਰਧਾਨ ਹੁਸ਼ਿਆਰਪੁਰ ਓਂਕਾਰ ਸਿੰਘ ਹੁਸ਼ਿਆਰਪੁਰ, ਯੂਥ ਆਗੂ ਸੁਖਜਿੰਦਰ ਸਿੰਘ ਸਿੰਘਪੁਰ ਜੱਟਾਂ, ਕੈਪਟਨ ਸੁਰਿੰਦਰ ਸਿੰਘ, ਸਰਕਲ ਪ੍ਰਧਾਨ ਸਰਾਂ ਕਾਨੂੰਗੋ ਬਲਜੀਤ ਸਿੰਘ ਜਥੇਦਾਰ ਜਸਵਿੰਦਰ ਸਿੰਘ ਟਾਂਡਾ, ਬਲਵਿੰਦਰ ਸਿੰਘ ਮਿਆਣੀ, ਜਥੇਦਾਰ ਮਲਕੀਤ ਸਿੰਘ, ਰਵਿੰਦਰ ਸਿੰਘ ਮੋਮੀ, ਜਥੇਦਾਰ ਮੋਹਨ ਸਿੰਘ ਮੂਨਕ ਖੁਰਦ, ਪੰਚ ਪ੍ਰਿਥੀਪਾਲ ਸਿੰਘ ਬੋਲੇਵਾਲ, ਗੁਰਪ੍ਰੀਤ ਸਿੰਘ ਕਾਕਾ ਮੂਨਕ ਕਲਾਂ, ਹੁਕਮਪ੍ਰੀਤ ਸਿੰਘ ਬਗੋਲਾ, ਬਾਬਾ ਰਜਿੰਦਰ ਸਿੰਘ ਖੁੱਡਾ, ਗੁਰਦੇਵ ਸਿੰਘ ਜੀਆ ਨੱਥਾ, ਰਤਨ ਸਿੰਘ ਖੋਖਰ, ਅਮਰਜੀਤ ਸਿੰਘ ਖੋਖਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਹਾਜ਼ਰ।

# ਛੇਵੇਂ ਪੇ ਕਮਿਸ਼ਨ ਦਾ ਏਰੀਅਰ ਰਿਲੀਜ਼ ਕਰਨ ਦੀ ਮੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਰਿਟਾਇਰਡ ਅਫਸਰ ਵੈਲਫੇਅਰ ਐਸੋਸੀਏਸ਼ਨ ਦੇ ਕਨਵੀਨਰ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਗੁਰਦੀਪ ਸਿੰਘ ਢਿੱਲੋਂ ਨੇ ਪੰਜਾਬ 'ਚੋਂ ਸਿੱਖਿਆ ਬੋਰਡ ਦੇ ਚੇਅਰਮੈਨ ਤੋਂ ਛੇਵਾਂ ਪੇ ਕਮਿਸ਼ਨ ਦਾ ਬਕਾਇਆ ਰਿਟਾਇਰਡ ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਤੁਰੰਤ ਰਿਲੀਜ਼ ਕਰਨ ਦੀ ਮੰਗ ਕੀਤੀ ਹੈ।

ਇੱਥੇ ਐਸੋਸੀਏਸ਼ਨ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਦੇਵ ਸਿੰਘ ਢਿੱਲੋਂ ਨੇ ਕਿਹਾ ਕਿ ਪਿਛਲੇ ਸਾਲ ਅਪ੍ਰੈਲ ਤੋਂ ਪੰਜਾਬ ਸਰਕਾਰ ਦੇ ਰਿਟਾਇਰਡ ਕਰਮਚਾਰੀ ਅਤੇ ਅਧਿਕਾਰੀ ਛੇਵੇਂ ਪੇ ਕਮਿਸ਼ਨ ਦਾ ਬਕਾਇਆ ਪ੍ਰਾਪਤ ਕਰ ਰਹੇ ਹਨ ਪ੍ਰੰਤੂ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਿੱਚ ਅਜੇ ਤੱਕ ਅਦਾਇਗੀ ਸ਼ੁਰੂ ਨਹੀਂ ਹੋਈ ਹੈ। ਉਹਨਾਂ ਦੀ ਅਗਵਾਈ ਵਿੱਚ ਇੱਕ ਵਫਦ ਜਨਵਰੀ ਮਹੀਨੇ ਦੇ ਵਿੱਚ ਬੋਰਡ ਦੇ ਚੇਅਰਮੈਨ ਨੂੰ ਮਿਲਿਆ ਸੀ ਅਤੇ ਬਕਾਏ ਤੁਰੰਤ ਦੇਣ ਦੀ ਮੰਗ ਕੀਤੀ ਸੀ। ਬੋਰਡ ਚੇਅਰਮੈਨ ਵੱਲੋਂ ਜਲਦੀ ਬਕਾਇਆ ਦੇਣ ਦਾ ਭਰੋਸਾ ਦਿੱਤਾ ਗਿਆ ਸੀ ਪਰ ਇਸ ਸਬੰਧ ਦੇ ਵਿੱਚ ਕੋਈ ਕਾਰਵਾਈ ਨਹੀਂ ਹੋਈ। ਮੀਟਿੰਗ ਵਿੱਚ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਬੋਰਡ ਮੈਨੇਜਮੈਂਟ ਦੇ ਇਸ ਵਤੀਰੇ ਤੇ ਦੁੱਖ ਪ੍ਰਗਟ ਕਰਦਿਆਂ ਮੰਗ ਕੀਤੀ ਕਿ ਛੇਵੇਂ ਪੇ ਕਮਿਸ਼ਨ ਦਾ ਸਾਰਾ ਏਰੀਅਰ ਤੁਰੰਤ ਰਿਲੀਜ਼ ਕੀਤਾ ਜਾਵੇ।

ਇਸ ਦੇ ਨਾਲ ਹੀ ਐਸੋਸੀਏਸ਼ਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਬੋਰਡ ਦਾ ਜਿੰਨਾ ਵੀ ਬਕਾਇਆ ਸਰਕਾਰ ਵੱਲ ਹੈ ਉਸ ਨੂੰ ਤੁਰੰਤ ਰਿਲੀਜ ਕਰੇ ਤਾਂ ਕਿ ਬੋਰਡ ਨੂੰ ਕੋਈ ਆਰਥਿਕ ਸੰਕਟ ਨਾ ਆਵੇ। ਮੀਟਿੰਗ ਵਿੱਚ ਐਸੋਸੀਏਸ਼ਨ ਦੇ ਕਨਵੀਨਰ ਗੁਰਦੀਪ ਸਿੰਘ ਢਿੱਲੋਂ ਤੋਂ ਇਲਾਵਾ ਜਨਰਲ ਸਕੱਤਰ ਹਰਬੰਸ ਸਿੰਘ ਢੋਲੇਵਾਲ, ਮੇਘ ਰਾਜ ਗੋਇਲ, ਹਰਵਿੰਦਰ ਸਿੰਘ, ਮਨਿੰਦਰ ਪਾਲ ਸਿੰਘ, ਰਸ਼ਬਿੰਦਰ ਸਿੰਘ, ਗੁਰਦੇਵ ਸਿੰਘ ਅਤੇ ਨਿਰੰਜਨ ਲਾਲ ਮਾਹੀ ਵੀ ਹਾਜ਼ਰ ਸਨ।

## ਸਾਲਾਨਾ ਸਕਾਲਰਸ਼ਿਪ ਵੰਡ ਸਮਾਗਮ



**ਹੁਸ਼ਿਆਰਪੁਰ (ਓ ਪੀ ਰਾਣਾ)**- ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਹੋਣਹਾਰ ਵਿਦਿਆਰਥੀਆਂ ਦਾ ਹੌਸਲਾ ਵਧਾਉਣ ਦੇ ਉਦੇਸ਼ ਨਾਲ ਰੋਟਰੀ ਕਲੱਬ ਮਿਡ ਟਾਊਨ ਹੁਸ਼ਿਆਰਪੁਰ ਵੱਲੋਂ ਸਰਕਾਰੀ ਹਾਈ ਸਕੂਲ ਭਾਗੋਵਾਲ ਵਿਖੇ ਸਾਲਾਨਾ ਸਕਾਲਰਸ਼ਿਪ ਵੰਡ ਸਮਾਗਮ ਕਰਵਾਇਆ ਗਿਆ। ਕਲੱਬ ਦੇ ਪ੍ਰਧਾਨ ਰਾਕੇਸ਼ ਕਪੂਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਦੌਰਾਨ ਸਕੂਲ ਦੇ ਹੋਣਹਾਰ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੇ ਕੇ ਉਨ੍ਹਾਂ ਦੀਆਂ ਵਿੱਦਿਅਕ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਗਈ। ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਸਿੱਖਿਆ ਜੀਵਨ ਵਿੱਚ ਸਫਲਤਾ ਦੀ ਸਭ ਤੋਂ ਮਜ਼ਬੂਤ ਨੀਂਹ ਹੈ। ਇਸ ਪ੍ਰੋਜੈਕਟ ਦੇ ਚੇਅਰਮੈਨ ਜੋਗਿੰਦਰ ਸਿੰਘ ਨੇ ਦੱਸਿਆ ਕਿ ਰੋਟਰੀ ਕਲੱਬ ਮਿਡ ਟਾਊਨ ਲੰਮੇ ਸਮੇਂ ਤੋਂ ਸਿੱਖਿਆ, ਸਿਹਤ, ਵਾਤਾਵਰਨ ਸੰਭਾਲ ਅਤੇ ਸਮਾਜ ਸੇਵਾ ਦੇ ਵੱਖ-ਵੱਖ ਖੇਤਰਾਂ ਵਿੱਚ ਸਰਗਰਮ ਭੂਮਿਕਾ ਨਿਭਾ ਰਿਹਾ ਹੈ। ਕਲੱਬ ਦਾ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਪਰ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨਾ ਹੈ ਤਾਂ ਜੋ ਉਨ੍ਹਾਂ ਦੀ ਪੜ੍ਹਾਈ ਕਿਸੇ ਵੀ ਕਾਰਨ ਪ੍ਰਭਾਵਿਤ ਨਾ ਹੋਵੇ।ਇਸ ਮੌਕੇ ਕਲੱਬ ਦੇ ਸੀਨੀਅਰ ਮੈਂਬਰ ਰੋਟੇਰੀਅਨ ਮਨੋਜ ਓਹਰੀ, ਸਤੀਸ਼ ਗੁਪਤਾ, ਸੰਜੀਵ ਓਹਰੀ, ਪਰਵੀਨ ਪੱਬੀ, ਜੋਗਿੰਦਰ ਸਿੰਘ, ਜਗਮੀਤ ਸਿੰਘ ਸੇਠੀ, ਐੱਲ ਐੱਨ ਵਰਮਾ ਅਤੇ ਗੈਵਿਨ ਕਪੂਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ ਨੇ ਇਸ ਸਨਮਾਨ ਅਤੇ ਸਹਿਯੋਗ ਲਈ ਰੋਟਰੀ ਕਲੱਬ ਦੇ ਮੈਂਬਰਾਂ ਪ੍ਰਤੀ ਆਪਣਾ ਧੰਨਵਾਦ ਪ੍ਰਗਟਾਇਆ।

# ਬਾਬਾ ਅਮੀ ਚੰਦ ਦੇ ਸਾਲਾਨਾ ਬਰਸੀ ਸਮਾਗਮ ਸ਼ੁਰੂ

**ਗੁਰਾਇਆ (ਬਿੰਦਰ ਸੁੰਮਨ)**- ਧੰਨ ਧੰਨ ਮਸਤ ਬਾਬਾ ਚਿੰਤਾ ਭਗਤ ਜੀ ਧੰਨ ਧੰਨ ਬਾਬਾ ਅੰਮੀ ਚੰਦ ਜੀ ਦੇ ਅਸਥਾਨ ਪਿੰਡ ਰੁੜਕਾ ਕਲਾਂ ਵਿਖੇ ਧੰਨ ਧੰਨ ਮਸਤ ਬਾਬਾ ਚਿੰਤਾ ਭਗਤ ਜੀ ਧੰਨ ਧੰਨ ਬਾਬਾ ਅੰਮੀ ਚੰਦ ਜੀ ਟਰੱਸਟ ਪੱਤੀ



ਗਊ ਕੀ ਰੁੜਕਾ ਕਲਾਂ ਵਲੋਂ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਮਸਤ ਬਾਬਾ ਅਮੀ ਚੰਦ ਜੀ ਦੀ ਸਾਲਾਨਾ ਬਰਸੀ 12 ਅਗਸਤ ਤੋਂ 16 ਅਗਸਤ ਤੱਕ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਈ ਜਾ ਰਹੀ ਹੈ।

ਮੇਲੇ ਦੇ ਪਹਿਲੇ ਦਿਨ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ। ਇਸ ਮੌਕੇ ਪੱਤਰਕਾਰਾ ਨਾਲ ਜਾਣਕਾਰੀ ਸਾਂਝੀ ਕਰਦਿਆ ਪ੍ਰਬੰਧਕਾਂ ਨੇ ਦੱਸਿਆ ਕਿ 14 ਅਗਸਤ ਨੂੰ ਸ੍ਰੀ ਆਖੰਡ ਪਾਠ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ। ਸ਼ਾਮ ਚਾਰ ਵਜੇ ਝੰਡੇ ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਰਾਤ ਵੇਲੇ ਪੰਜਾਬ ਪ੍ਰਸਿੱਧ ਕਵਾਲ ਪਾਰਟੀ ਕਰਾਮਤ ਅਲੀ, ਸਰਦਾਰ ਅਲੀ, ਸਲਾਮਤ ਅਲੀ, ਇਸ਼ਰਤ ਅਲੀ ਅਤੇ ਵਿਜੇ ਮਾਨ ਵਲੋਂ ਕਵਾਲੀਆਂ ਪੇਸ਼ ਕੀਤੀਆਂ ਜਾਣਗੀਆ। 15 ਅਗਸਤ ਨੂੰ ਖੁੱਲੇ ਪੰਡਾਲ ਵਿੱਚ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਜਾਵੇਗਾ ਜਿਸ ਵਿੱਚ ਗਾਇਕ ਗੁਰਮਨ ਮਾਨ, ਕਨਵਰ ਗਰੇਵਾਲ ਆਪਣੇ ਗੀਤਾਂ ਨਾਲ ਦਰਬਾਰ ਤੇ ਹਾਜ਼ਰੀ ਭਰਨਗੇ।

ਸ਼ਾਮ ਵੇਲੇ ਛਿੰਝ ਮੇਲਾ ਕਰਵਾਇਆ ਜਾਵੇਗਾ, ਜਿਸ ਵਿੱਚ ਉੱਚ ਕੋਟੀ ਦੇ ਪਹਿਲਵਾਨ ਭਾਗ ਲੈਣਗੇ, ਪਟਕੇ ਦੀ ਕੁਸ਼ਤੀ ਸਾਹਿਲ ਕੁਰਾਲੀ ਅਤੇ ਤਾਲਬ ਬਾਬਾ ਫਲਾਈ ਵਿੱਚਕਾਰ ਹੋਵੇਗੀ। 16 ਅਗਸਤ ਨੂੰ ਨਗਰ ਦੀ ਸੁਖਸ਼ਾਤੀ ਲਈ ਬੇੜਾ ਤਾਰਨ ਦੀ ਰਸਮ ਦਾ ਕੀਤੀ ਜਾਵੇਗੀ। ਇਸ ਮੌਕੇ ਪ੍ਰਧਾਨ ਨਰਿੰਦਰ ਸਿੰਘ, ਸਰਬਜੀਤ ਸਿੰਘ, ਪਰਮਜੀਤ ਸਿੰਘ, ਗੁਰਵਿੰਦਰ ਸਿੰਘ ਭੀਮਾ, ਕਸ਼ਮੀਰ ਸਿੰਘ ਰਾਣਾ, ਬਲਵੀਰ ਸਿੰਘ, ਸੁਖਦੇਵ ਸਿੰਘ, ਗੁਰਨੇਕ ਸਿੰਘ, ਗੁਰਨਿੰਦਰਪ੍ਰੀਤ ਸਿੰਘ ਤੋ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਫੰਡ ਜਾਰੀ ਨਾ ਹੋਣ ਕਾਰਨ ਮਿਡ-ਡੇ-ਮੀਲ ਬੰਦ ਹੋਣ ਕਿਨਾਰੇ

**ਜਲੰਧਰ (ਰਾਜੇਸ਼ ਥਾਪਾ)**- ਸਰਕਾਰੀ ਸਕੂਲਾਂ ਵਿੱਚ ਮਈ 2026 ਤੋਂ ਫੰਡਾਂ ਦੇ ਬਕਾਏ ਵਜੋਂ ਉਧਾਰ 'ਤੇ ਮਿਡ-ਡੇਅ ਮੀਲ ਚਲਾ ਰਹੇ ਹਨ ਅਧਿਆਪਕ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਸਰਪਰਸਤ ਚਰਨ ਸਿੰਘ ਸਰਾਭਾ, ਸੂਬਾ ਸਲਾਹਕਾਰ ਬਲਕਾਰ ਸਿੰਘ ਬਟੋਹਾ,ਪ੍ਰੇਮ ਚਾਵਲਾ, ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਸੀਨੀਅਰ ਮੀਤ ਪ੍ਰਧਾਨ ਪ੍ਰਵੀਨ ਕੁਮਾਰ ਲੁਧਿਆਣਾ, ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ, ਕਾਰਜਕਾਰੀ ਜਨਰਲ ਸਕੱਤਰ ਜਿੰਦਰ ਪਾਇਲਟ, ਐਡੀਸ਼ਨਲ ਜਨਰਲ ਸਕੱਤਰ ਬਾਜ ਸਿੰਘ ਭੁੱਲਰ, ਵਿੱਤ ਸਕੱਤਰ ਨਵੀਨ ਸਚਦੇਵਾ, ਮੀਡੀਆ ਸਕੱਤਰ ਗੁਰਪ੍ਰੀਤ ਮਾੜੀਮੇਘਾ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਨੇ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮਿਡ-ਡੇਅ-ਮੀਲ ਮਈ 2026 ਤੋਂ ਮਿਡ-ਡੇਅ ਮੀਲ ਸਕੀਮ ਅਧੀਨ ਫੰਡ ਜਾਰੀ ਨਾ ਹੋਣ ਕਾਰਨ ਪੈਦਾ ਹੋਏ ਬਕਾਏ ਬਹੁਤ ਭਾਰੀ ਹੋ ਗਏ ਹਨ। ਉਨ੍ਹਾਂ ਨੇ ਇਹ ਵੀ ਦੱਸਿਆ ਹੈ ਕਿ ਸਕੂਲਾਂ ਨੂੰ ਸਥਾਨਕ ਵਿਕਰੇਤਾਵਾਂ ਤੋਂ ਉਧਾਰ 'ਤੇ ਜ਼ਰੂਰੀ ਭੋਜਨ ਵਸਤੂਆਂ ਖਰੀਦਣ ਲਈ ਮਜਬੂਰ ਕੀਤਾ ਜਾ ਰਿਹਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਿਦਿਆਰਥੀਆਂ ਨੂੰ ਭੋਜਨ ਪਰੋਸਿਆ ਜਾਂਦਾ ਰਹੇ। ਜੱਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਉਹ ਵਿਦਿਆਰਥੀਆਂ ਨੂੰ ਪਕਾਇਆ ਭੋਜਨ ਮਿਲਦਾ ਰਹਿਣ ਨੂੰ ਯਕੀਨੀ ਬਣਾਉਣ ਲਈ ਉਧਾਰ 'ਤੇ ਭੋਜਨ ਤਿਆਰ ਕਰਨ ਲਈ ਲੋੜੀਂਦੇ ਅਨਾਜ ਅਤੇ ਹੋਰ ਜ਼ਰੂਰੀ ਚੀਜ਼ਾਂ ਖਰੀਦ ਰਹੇ ਹਨ। ਸਕੂਲ ਇਸ ਯੋਜਨਾ ਨੂੰ ਰੋਕਣ ਦੀ ਇਜਾਜ਼ਤ ਨਹੀਂ ਦੇ ਸਕਦੇ, ਪਰ ਦੇਰੀ ਗੰਭੀਰ ਵਿੱਤੀ



ਮੁਸ਼ਕਲਾਂ ਪੈਦਾ ਕਰ ਰਹੀ ਹੈ,ਜਿਸ ਕਾਰਨ ਮਿਡ-ਡੇ-ਮੀਲ ਬੰਦ ਹੋਣ ਕਿਨਾਰੇ ਪਹੁੰਚ ਗਿਆ ਹੈ। ਮਿਡ-ਡੇਅ-ਮੀਲ ਯੋਜਨਾ ਤਹਿਤ ਫੰਡ ਤੁਰੰਤ ਜਾਰੀ ਕੀਤੇ ਜਾਣ ਹੋਰ ਦੇਰੀ ਹੋਣ ਦੇ ਨਤੀਜੇ ਵਜੋਂ ਕਿਸੇ ਸਮੇਂ ਵੀ ਮਿਡ-ਡੇ-ਮੀਲ ਬੰਦ ਹੋਣ ਤੋਂ ਬਚਾਇਆ ਜਾ ਸਕੇ। ਇਸ ਸਮੇਂ ਆਗੂਆਂ ਨੇ ਕਿਹਾ ਕਿ ਸਕੂਲਾਂ ਵਿੱਚ ਦਰਜਾ ਚਾਰ ਮਿੱਡ-ਡੇ-ਮੀਲ ਬਣਾਉਣ ਵਾਸਤੇ ਕੁੱਕ-ਕੰਮ-ਹੈਲਪਰਜ ਅਤੇ ਸਫਾਈ ਸੇਵਕਾਂ ਦੀਆਂ ਤਨਖਾਹਾਂ ਪਿਛਲੇ ਲੰਮੇ ਸਮੇਂ ਤੋਂ ਪ੍ਰਾਪਤ ਨਹੀਂ ਹੋਈਆਂ ਹਨ।

## ਆਪ ਸਰਕਾਰ ਨੂੰ ਚਲਦਿਆਂ ਕਰਨ ਲਈ ਸੂਬੇ ਦੇ ਲੋਕ ਉਤਾਵਲੇ : ਮਜੀਠੀਆ

**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੇ ਜ਼ਿਲਾ ਪ੍ਰਧਾਨ ਹੁਸ਼ਿਆਰਪੁਰ ਸਰਬਜੀਤ ਸਿੰਘ ਮੋਮੀ ਅਤੇ ਹੋਰਨਾ ਅਕਾਲੀ ਵਰਕਰਾਂ ਨੇ ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਬਿਕਰਮ ਸਿੰਘ ਮਜੀਠੀਆ ਨਾਲ ਵਿਸ਼ੇਸ਼ ਤੌਰ ਤੇ ਮੁਲਾਕਾਤ ਕੀਤੀ। ਇਸ ਮੌਕੇ ਜਿਲਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਉਹਨਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕਰਦੇ ਹੋਏ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰ ਜਿੱਥੇ ਪਾਰਟੀ ਪ੍ਰਤੀ ਪੂਰੀ ਤਰ੍ਹਾਂ ਸਮਰਪਿਤ ਹਨ। ਇਸ ਮੌਕੇ ਬਿਕਰਮ ਸਿੰਘ ਮਜੀਠੀਆ ਨੇ ਸਰਬਜੀਤ ਸਿੰਘ ਮੋਮੀ ਜ਼ਿਲ੍ਹਾ ਪ੍ਰਧਾਨ ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਉਨਾਂ ਨੇ ਸਮੂਹ ਅਕਾਲੀ ਵਰਕਰਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ ਉਸਾਰੂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਲਈ ਸੰਦੇਸ਼ ਦਿੱਤਾ ਅਤੇ ਕਿਹਾ ਕਿ ਸੂਬੇ ਅੰਦਰ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ। ਇਸ ਮੌਕੇ ਉਹਨਾਂ ਦੇ ਨਾਲ ਨੌਜਵਾਨ ਆਗੂ ਨਿਰਵੈਰ ਸਿੰਘ ਖੁੱਡਾ, ਜਪਸਿਤ ਸਿੰਘ ਖੁੱਡਾ, ਮਨਦੀਪ ਸਿੰਘ ਸ਼ਾਹਪੁਰ, ਅਜੀਤ ਸਿੰਘ ਮੂਨਕਾ ਆਦਿ ਵੀ ਮੌਜੂਦ ਸਨ।



## ਵਿਦਿਆਰਥੀਆਂ ਨੂੰ ਮੁਫਤ ਵਰਦੀਆਂ ਵੰਡੀਆਂ

**ਆਦਮਪੁਰ (ਪਰਮਜੀਤ ਸਿੰਘ)**- ਸਰਕਾਰੀ ਪ੍ਰਾਇਮਰੀ ਸਕੂਲ ਹਰੀਪੁਰ ਵਿਖੇ ਵਿਸ਼ੇਸ਼ ਸਮਾਗਮ ਦੌਰਾਨ ਧਾਰਮਿਕ ਅਤੇ ਸਮਾਜ ਸੇਵੀ ਵਿਚਾਰਧਾਰਾ ਨਾਲ ਜੁੜੇ ਮੈਨੇਜਰ ਸੋਹਣਜੀਤ ਵੱਲੋਂ ਸਕੂਲ ਦੇ ਵਿਦਿਆਰਥੀਆਂ ਨੂੰ ਮੁਫ਼ਤ ਵਰਦੀਆਂ ਵੰਡੀਆ ਗਈਆਂ। ਇਸ ਮੌਕੇ ਉਨ੍ਹਾ ਵੱਲੋ ਬੱਚਿਆਂ ਨੂੰ ਆਸ਼ੀਰਵਾਦ ਦਿੰਦਿਆਂ ਪ੍ਰੇਰਨਾ ਦਿੱਤੀ ਕਿ ਉਹ ਪੂਰੀ ਲਗਨ, ਮਿਹਨਤ ਅਤੇ ਮਨ ਲਗਾ ਕੇ ਆਪਣੀ ਪੜ੍ਹਾਈ ਕਰਨ ਤਾਂ ਜੋ ਭਵਿੱਖ ਵਿੱਚ ਉੱਚ ਮੁਕਾਮ ਹਾਸਲ ਕਰਕੇ ਆਪਣੇ ਇਲਾਕੇ ਦਾ ਨਾਂ ਰੋਸ਼ਨ ਕਰ ਸਕਣ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਪਿੰਡ ਦੇ ਸਰਪੰਚ ਡਾ. ਨਿਰਮਲ ਕੌਲ ਅਤੇ ਸਕੂਲ ਦੇ ਸਮੂਹ ਸਟਾਫ਼ ਵੱਲੋਂ ਦਾਨੀ ਪਰਵਾਰ ਦਾ ਧੰਨਵਾਦ ਕੀਤਾ ਗਿਆ। ਸਕੂਲ ਮੁਖੀ ਰਾਜ ਕੁਮਾਰ ਨੇ ਆਖਿਆ ਕਿ ਐੱਨ ਆਰ ਆਈ ਵੱਲੋਂ ਦਿੱਤਾ ਜਾਂਦਾ ਇਹ ਸਹਿਯੋਗ ਸਰਕਾਰੀ ਸਕੂਲਾਂ ਦੇ ਬੱਚਿਆਂ ਦਾ ਮਨੋਬਲ ਵਧਾਉਣ ਵਿੱਚ ਅਹਿਮ ਯੋਗਦਾਨ ਪਾਉਂਦਾ ਹੈ। ਇਸ ਮੌਕੇ ਡਾ: ਨਿਰਮਲ ਰਾਮ ਸਰਪੰਚ ਹਰੀਪੁਰ, ਪ੍ਰਿੰਸੀਪਲ ਰਾਜ ਕੁਮਾਰ ਮੈਨੇਜਰ ਸੋਹਣ ਲਾਲ ਅਤੇ ਰਣਵੀਰ ਸਿੰਘ ਸੇਠੀ ਪ੍ਰਧਾਨ ਨੌਜਵਾਨ ਸਭਾ ਹਾਜ਼ਰ ਸਨ।



## ਐੱਨ ਸੀ ਸੀ ਕੈਡਿਟਾਂ ਨੇ ਕੱਢੀ ਤਿਰੰਗਾ ਸਾਈਕਲ ਰੈਲੀ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪੱਦੀ ਸੂਰਾ ਸਿੰਘ ਵਿਖੇ 08 ਪੰਜਾਬ ਬਟਾਲੀਅਨ ਐਨ. ਸੀ. ਸੀ. ਦੇ ਕਮਾਂਡਿੰਗ ਅਫ਼ਸਰ ਕਰਨਲ ਅਜੇ ਲੂੰਬਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੱਦੀ ਸੂਰਾ ਸਿੰਘ ਸਕੂਲ ਦੇ ਐਨ. ਸੀ. ਸੀ. ਕੈਡਿਟਾਂ ਨੇ ਏ ਐਨ ਓ ਮਨੋਜ ਕੁਮਾਰ ਬੰਗਾ ਦੀ ਅਗਵਾਈ ਵਿੱਚ ਆਜ਼ਾਦੀ ਦਿਵਸ ਨੂੰ ਸਮਰਪਿਤ ਤਿਰੰਗਾ ਸਾਈਕਲ ਰੈਲੀ ਕਰਵਾਈ ਗਈ। ਜਿਸ ਵਿੱਚ ਸਕੂਲ ਦੇ ਸਾਰੇ ਐਨ ਸੀ ਸੀ ਕੈਡਿਟਸ ਨੇ ਭਾਗ ਲਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਹਰਬਲਾਸ ਸਿੰਘ ਨੇ ਤਿਰੰਗਾ ਰੈਲੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਰੈਲੀ ਉਪਰੰਤ ਕੈਡਿਟਸ ਨੂੰ ਸੰਬੋਧਨ ਕਰਦੇ ਹੋਏ ਏ ਐਨ ਓ.ਮਨੋਜ ਕੁਮਾਰ ਬੰਗਾ ਨੇ ਅਜ਼ਾਦੀ ਦਿਵਸ ਦੀ ਮੁਬਾਰਕਬਾਦ ਦਿੱਤੀ ਅਤੇ ਦੇਸ਼ ਦੀ ਅਜ਼ਾਦੀ ਵਿੱਚ ਯੋਗਦਾਨ ਪਾਉਣ ਵਾਲੇ ਦੇਸ਼ ਭਗਤਾਂ ਅਤੇ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਕੈਡਿਟਸ ਨੂੰ ਸੇਵਾ ਅਤੇ ਅਖੰਡਤਾ ਵਿੱਚ ਯੋਗਦਾਨ ਦੇਣ ਦੀ ਅਪੀਲ ਕੀਤੀ। ਇਸ ਮੌਕੇ ਹਵਲਦਾਰ ਲਖਵੀਰ ਸਿੰਘ ਅਤੇ ਸਮੂੰਹ ਸਟਾਫ਼ ਹਾਜ਼ਰ ਸੀ।



# ਗੁਰਦੁਆਰਾ ਬੇਰ ਸਾਹਿਬ ਨੂੰ ਜਾਣ ਵਾਲੀ ਸੜਕ ਇੱਕ ਸਾਲ ਦੇ ਅੰਦਰ ਹੀ ਟੁੱਟਣੀ ਸ਼ੁਰੂ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਲੰਬੇ ਇੰਤਜ਼ਾਰ ਤੋਂ ਬਾਅਦ ਬਣੀ ਤਲਵੰਡੀ ਚੌਂਕ ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸਾਹਮਣਿਓਂ ਗੁਰੂ ਨਾਨਕ ਖਾਲਸਾ ਕਾਲਜ ਅਤੇ ਗੁਰੂ ਨਾਨਕ ਸਟੇਡੀਅਮ ਨੂੰ ਜਾਂਦੀ ਅਹਿਮ ਸੜਕ ਸਾਲ ਦੇ ਅੰਦਰ ਹੀ ਟੁੱਟਣੀ ਸ਼ੁਰੂ ਹੋ ਗਈ ਹੈ। ਕਰੋੜਾਂ ਰੁਪਏ ਦੀ ਲਾਗਤ ਨਾਲ ਤਿਆਰ ਹੋਈ ਇਸ ਸੜਕ ਦੀ ਹਾਲਤ ਨੇ ਸੜਕ ਨਿਰਮਾਣ ਦੀ ਗੁਣਵੱਤਾ ਅਤੇ ਸਰਕਾਰੀ ਨਿਗਰਾਨੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਇਹ ਸਿਰਫ਼ ਸ਼ਹਿਰ ਦੀ ਇੱਕ ਆਮ ਸੜਕ ਨਹੀਂ, ਸਗੋਂ ਸੁਲਤਾਨਪੁਰ ਲੋਧੀ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਨੂੰ ਜਾਣ ਵਾਲਾ ਪ੍ਰਮੁੱਖ ਰਸਤਾ ਹੈ। ਸੜਕ ਦੇ ਨਵੀਂ ਬਣਨ ਤੋਂ ਬਾਅਦ ਸ਼ਹਿਰ ਵਾਸੀਆਂ ਨੂੰ ਆਸ ਸੀ ਕਿ ਹੁਣ ਲੰਮੇ ਸਮੇਂ ਦੀ ਸਮੱਸਿਆ ਦਾ ਪੱਕਾ ਹੱਲ ਹੋ ਗਿਆ ਹੈ, ਪਰ ਸਾਲ ਦੇ ਅੰਦਰ ਹੀ ਸੜਕ ਦਾ ਟੁੱਟਣਾ ਸ਼ੁਰੂ ਹੋਣ ਕਾਰਨ ਲੋਕਾਂ ਵਿੱਚ ਨਿਰਾਸ਼ਾ ਪਾਈ ਜਾ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਦੋਆਬਾ ਜ਼ੋਨ ਦੇ ਪ੍ਰਧਾਨ ਕੁਲਦੀਪ ਸਿੰਘ ਬੂਲੇ ਨੇ ਕਿਹਾ ਕਿ ਸੜਕ ਨੂੰ ਬਣਿਆ ਹਾਲੇ ਸਾਲ ਵੀ ਪੂਰਾ ਨਹੀਂ ਹੋਇਆ ਅਤੇ ਇਸ ਦਾ ਟੁੱਟਣਾ ਸ਼ੁਰੂ ਹੋ ਗਿਆ ਹੈ, ਜੋ ਬੇਹੱਦ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ।ਇਸ ਮੌਕੇ ਸੁਰਜੀਤ ਸਿੰਘ ਸਾਬਕਾ ਚੇਅਰਮੈਨ ਨੇ ਕਿਹਾ ਕਿ ਨਵੀਂ ਬਣੀ ਸੜਕ ਦਾ ਇੰਨੇ ਘੱਟ ਸਮੇਂ ਵਿੱਚ ਟੁੱਟਣਾ ਆਪਣੇ ਆਪ ਵਿੱਚ ਵੱਡਾ ਸਵਾਲ ਹੈ। ਸੜਕ ਦੀ ਤੁਰੰਤ ਜਾਂਚ ਕਰਵਾ ਕੇ ਜਿੱਥੇ-ਜਿੱਥੇ ਨੁਕਸ ਪੈਦਾ ਹੋਏ ਹਨ, ਉਨ੍ਹਾਂ ਨੂੰ ਠੀਕ ਕਰਵਾਇਆ ਜਾਵੇ ਅਤੇ ਜੇਕਰ ਜਾਂਚ ਦੌਰਾਨ ਕਿਸੇ ਕਿਸਮ ਦੀ ਲਾਪਰਵਾਹੀ ਜਾਂ ਘਟੀਆ ਮਟੀਰੀਅਲ ਦੀ ਵਰਤੋਂ ਸਾਹਮਣੇ ਆਉਂਦੀ ਹੈ ਤਾਂ ਜ਼ਿੰਮੇਵਾਰਾਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ।



# ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰਾਂ ਨਾਲ ਏ ਐੱਸ ਪੀ ਨੇ ਕੀਤੀ ਮੀਟਿੰਗ



**ਜ਼ੀਰਕਪੁਰ (ਜਤਿੰਦਰ ਕੁਮਾਰ)**- ਏ ਐੱਸ ਪੀ ਜ਼ੀਰਕਪੁਰ ਵੱਲੋਂ ਸਬ-ਡਿਵੀਜ਼ਨ ਜ਼ੀਰਕਪੁਰ ਦੀਆਂ ਵੱਖ-ਵੱਖ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ 'ਨਸ਼ਿਆਂ ਵਿਰੁੱਧ ਜੰਗ' ਮੁਹਿੰਮ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਪੁਲਿਸ ਅਤੇ ਪਿੰਡ ਵਾਸੀਆਂ ਦੇ ਸਾਂਝੇ ਸਹਿਯੋਗ ਦੀ ਲੋੜ 'ਤੇ ਚਰਚਾ ਕੀਤੀ ਗਈ। ਪੁਲਿਸ ਅਧਿਕਾਰੀਆਂ ਨੇ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰਾਂ ਨੂੰ ਆਪਣੇ-ਆਪਣੇ ਇਲਾਕਿਆਂ ਵਿੱਚ ਨਸ਼ਿਆਂ ਦੀ ਵਿਕਰੀ ਜਾਂ ਹੋਰ ਗੈਰ-ਕਾਨੂੰਨੀ ਗਤੀਵਿਧੀਆਂ 'ਤੇ ਨਜ਼ਰ ਰੱਖਣ ਅਤੇ ਇਸ ਸਬੰਧੀ ਤੁਰੰਤ ਪੁਲਿਸ ਨੂੰ ਸੂਚਿਤ ਕਰਨ ਦੀ ਅਪੀਲ ਕੀਤੀ।ਮੀਟਿੰਗ ਦੌਰਾਨ 'ਆਪਣੇ ਕਿਰਾਏਦਾਰ ਨੂੰ ਜਾਣੋ' ਮੁਹਿੰਮ ਬਾਰੇ ਵੀ ਵਿਲੇਜ ਡਿਫੈਂਸ ਕਮੇਟੀ ਮੈਂਬਰਾਂ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਉਨ੍ਹਾਂ ਨੂੰ ਦੱਸਿਆ ਗਿਆ ਕਿ ਆਪਣੇ ਆਸ-ਪਾਸ ਜਾਂ ਇਲਾਕੇ ਵਿੱਚ ਰਹਿਣ ਵਾਲੇ ਕਿਰਾਏਦਾਰਾਂ ਦੀ ਪੁਲਿਸ ਵੈਰੀਫਿਕੇਸ਼ਨ ਕਰਵਾਉਣਾ ਜ਼ਰੂਰੀ ਹੈ, ਤਾਂ ਜੋ ਇਲਾਕੇ ਦੀ ਸੁਰੱਖਿਆ ਵਿਵਸਥਾ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਇਸ ਮੌਕੇ ਵਿਲੇਜ ਡਿਫੈਂਸ ਕਮੇਟੀ ਮੈਂਬਰਾਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਵੀ ਧਿਆਨ ਨਾਲ ਸੁਣਿਆ ਗਿਆ ਅਤੇ ਜਾਇਜ਼ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ।

## ਜਪਜੋਤ ਕੌਰ ਨੇ ਸੋਨੇ ਦਾ ਤ.ਗਮਾ ਜਿੱਤਿਆ

**ਬਲਾਚੌਰ, (ਜਸਵਿੰਦਰ ਬੈਂਸ)**- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ 'ਦ ਨੋਰਵੁੱਡ ਸਕੂਲ, ਚਾਹਲ' ਦੇ ਵਿਦਿਆਰਥੀਆਂ ਨੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ, ਮਾਪਿਆਂ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਪਠਾਨਕੋਟ ਦੇ ਪ੍ਰਤਾਪ ਵਰਲਡ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਕਰਵਾਈ ਗਈ ਸੀ ਬੀ ਐੱਸ ਈ. ਕਲੱਸਟਰ ਐਥਲੈਟਿਕਸ ਮੀਟ ਵਿੱਚ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਤੇ ਚਾਂਦੀ ਦੇ ਤਗਮੇ ਜਿੱਤੇ।ਮੁਕਾਬਲਿਆਂ ਦੌਰਾਨ ਜਪਜੋਤ ਕੌਰ ਨੇ ਅੰਡਰ-17 ਹਾਈ ਜੰਪ ਮੁਕਾਬਲੇ ਵਿੱਚ 1.40 ਮੀਟਰ ਦੀ ਛਾਲ ਲਗਾ ਕੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਸੋਨੇ ਦਾ ਤਗਮਾ ਆਪਣੇ ਨਾਮ ਕੀਤਾ। ਇਸੇ ਤਰ੍ਹਾਂ ਬਲਰਾਮ ਖੋਪੜ ਨੇ ਅੰਡਰ-19 ਹਾਈ ਜੰਪ ਮੁਕਾਬਲੇ ਵਿੱਚ 1.51 ਮੀਟਰ ਦੀ ਸ਼ਾਨਦਾਰ ਛਾਲ ਲਗਾ ਕੇ ਦੂਜਾ ਸਥਾਨ ਹਾਸਲ ਕਰਦਿਆਂ ਚਾਂਦੀ ਦਾ ਤਗਮਾ ਜਿੱਤਿਆ।ਵਿਦਿਆਰਥੀਆਂ ਦੀ ਇਸ ਸ਼ਾਨਦਾਰ ਕਾਮਯਾਬੀ 'ਤੇ ਸਕੂਲ ਮੈਨੇਜਮੈਂਟ ਵੱਲੋਂ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚਾਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਗਈ।



## ਸੁਤੰਤਰਤਾ ਦਿਵਸ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ ਅੱਜ

**ਜਲੰਧਰ (ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ 80ਵੇਂ ਆਜ਼ਾਦੀ ਦਿਹਾੜੇ ਮੌਕੇ 15 ਅਗਸਤ ਨੂੰ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਮਨਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਸੁਤੰਤਰਤਾ ਦਿਵਸ ਸਮਾਗਮ ਦੀਆਂ ਚੱਲ ਰਹੀਆਂ ਤਿਆਰੀਆਂ ਦਾ ਜਾਇਜ਼ਾ ਲਿਆ।ਇਥੇ ਸਟੇਡੀਅਮ ਵਿਖੇ ਪੁਲਸ ਅਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਵੱਖ-ਵੱਖ ਵਿਭਾਗ ਸੌਂਪੇ ਗਏ ਕਾਰਜ/ਜ਼ਿੰਮੇਵਾਰੀਆਂ ਸਮਾਂ ਰਹਿੰਦਿਆਂ ਮੁਕੰਮਲ ਕਰ ਲੈਣ ਤਾਂ ਜੋ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।ਉਨ੍ਹਾਂ ਦੱਸਿਆ ਕਿ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ 13 ਅਗਸਤ ਨੂੰ ਹੋਵੇਗੀ।

## ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਵੱਲੋਂ ਰੈਲੀ 26 ਨੂੰ

**ਨਕੋਦਰ (ਮਨਜੀਤ ਮਾਨ)**- ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਜਲੰਧਰ ਦੀ ਮੀਟਿੰਗ ਸੂਬਾ ਪ੍ਰੈੱਸ ਸਕੱਤਰ ਸੰਜੀਵ ਕੌਂਡਲ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ। ਇਸ ਮੀਟਿੰਗ ਵਿੱਚ ਕੌਂਡਲ ਨੇ 7 ਅਗਸਤ ਵਾਲੀ ਚੰਡੀਗੜ੍ਹ ਰੈਲੀ ਵਿੱਚ ਜਾਣ ਤੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਮਹਾਂ ਰੈਲੀ ਨੂੰ ਇਤਿਹਾਸਕ ਰੈਲੀ ਨੂੰ ਬਣਾਉਣ ਤੇ ਵਧਾਈ ਦਿੱਤੀ। ਕੌਂਡਲ ਨੇ ਦੱਸਿਆ ਕਿ ਹੁਣ ਯੂਨੀਅਨ ਵੱਲੋਂ ਜਲ ਸਪਲਾਈ ਮੰਤਰੀ ਹਰਦੀਪ ਮੁੰਡੀਆਂ ਦੇ ਹਲਕੇ ਵਿੱਚ 26 ਅਗਸਤ ਨੂੰ ਹੋਣ ਵਾਲੀ ਰੈਲੀ ਤੇ ਸਾਰਿਆਂ ਨੂੰ ਜਾਣ ਲਈ ਪ੍ਰੇਰਤ ਕੀਤਾ ਕਿਉਂਕਿ ਪਿਛਲੇ ਲੰਬੇ ਸਮੇਂ ਤੋਂ ਯੂਨੀਅਨ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਲਾਰਾ ਲੱਪਾ ਲਗਾਇਆ ਜਾ ਰਿਹਾ ਹੈ। 26 ਅਗਸਤ ਦੀ ਰੈਲੀ ਦੌਰਾਨ ਹੀ ਅਗਲਾ ਸ਼ੰਘਰਸ਼ ਦਾ ਐਲਾਨ ਕਰ ਦਿੱਤਾ ਜਾਵੇਗਾ। ਇਸ ਮੀਟਿੰਗ ਵਿੱਚ ਰਾਜਨ ਕੁਮਾਰ, ਭੋਪਾਲ ਸਿੰਘ, ਭੁਪਿੰਦਰ ਸਿੰਘ, ਰੌਸ਼ਨ ਲਾਲ, ਰਾਧੇ ਸ਼ਾਮ, ਅਮਨਦੀਪ ਸਿੰਘ, ਜਸਵੰਤ ਰਾਏ, ਸੁਨੀਲ ਕੁਮਾਰ, ਮਨੋਜ ਕੁਮਾਰ ਅਤੇ ਜਸਵੰਤ ਸਿੰਘ ਆਦਿ ਮੈਂਬਰ ਹਾਜਿਰ ਹੋਏ।



## ਰਾਹਗੀਰ ਤੇ ਜੈਸਮੀਨ ਭਸੀਨ ਨੇ ਐੱਲ ਪੀ ਯੂ ਦੇ ਨਵੇਂ ਵਿਦਿਆਰਥੀਆਂ ਦਾ ਕੀਤਾ ਸਵਾਗਤ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਨੇ ਫਰੈਸ਼ਮੈਨ ਇੰਡਕਸ਼ਨ 2026 ਦੌਰਾਨ ਸੰਗੀਤ, ਪੰਜਾਬੀ ਸਿਨੇਮਾ ਅਤੇ ਵਿਦਿਆਰਥੀਆਂ ਦੇ ਤਜਰਬਿਆਂ ਦਾ ਸੰਗਮ ਦੇਖਿਆ। ਪ੍ਰਸਿੱਧ ਗਾਇਕ-ਗੀਤਕਾਰ ਅਤੇ ਐਲਪੀਯੂ ਦੇ ਸਾਬਕਾ ਵਿਦਿਆਰਥੀ ਰਾਹਗੀਰ ਇੱਕ ਵਿਸ਼ੇਸ਼ ਲਾਈਵ ਕੰਸਰਟ ਲਈ ਆਪਣੀ ਯੂਨੀਵਰਸਿਟੀ ਵਾਪਸ ਪਰਤੇ। ਇਸ ਤੋਂ ਬਾਅਦ ਆਉਣ ਵਾਲੀ ਅਦਾਕਾਰ ਜੈਸਮੀਨ ਭਸੀਨ, ਗਾਇਕ-ਅਦਾਕਾਰ ਹੈਪੀ ਰਾਏਕੋਟੀ ਅਤੇ ਅਦਾਕਾਰ ਗੁਲਾਬ ਸਿੰਘ ਨਾਲ ਗੱਲਬਾਤ ਸੈਸ਼ਨ ਹੋਇਆ। ਸ਼ਾਮ ਸੰਗੀਤ ਨਾਲ ਭਰੀ ਹੋਈ ਸੀ ਕਿਉਂਕਿ ਰਾਹਗੀਰ ਨੇ ਆਪਣੀ ਯੂਨੀਵਰਸਿਟੀ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ। ਰਾਹਗੀਰ ਨੇ ਆਪਣੇ ਕੁਝ ਪ੍ਰਸਿੱਧ ਗੀਤ ਗਾਏ, ਜਿਨ੍ਹਾਂ ਵਿੱਚ 'ਮੇਰੇ ਗਾਓਂ ਆਓਗੇ' ਅਤੇ 'ਕੱਚਾ ਘੜਾ' ਸ਼ਾਮਲ ਹਨ, ਅਤੇ ਸੰਗੀਤ ਸਮਾਰੋਹ ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀਸ਼ਾਮ ਦੇ ਪ੍ਰੋਗਰਾਮ ਵਿੱਚ ਫਿਲਮ 'ਜੁਦਾ' ਦੇ ਕਲਾਕਾਰਾਂ ਨਾਲ ਗੱਲਬਾਤ ਵੀ ਸ਼ਾਮਲ ਸੀ, ਜਿਸ ਵਿੱਚ ਜੈਸਮੀਨ ਭਸੀਨ, ਹੈਪੀ ਰਾਏਕੋਟੀ ਅਤੇ ਗੁਲਾਬ ਸਿੰਘ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਤੇ ਪੰਜਾਬੀ ਸਿਨੇਮਾ ਵਿੱਚ ਆਪਣੇ ਤਜ਼ਰਬਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।



## ਨਗਰ ਸੁਧਾਰ ਟਰੱਸਟ ਨੇ 20 ਸਾਲ ਪੁਰਾਣੇ ਦੋ ਪਲਾਟ ਕਰਵਾਏ ਕਬਜ਼ਾ ਮੁਕਤ

**ਹੁਸ਼ਿਆਰਪੁਰ (ਓ ਪੀ ਰਾਣਾ)**- ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ ਨੇ ਦੱਸਿਆ ਕਿ ਟਰੱਸਟ ਦਫ਼ਤਰ ਵੱਲੋਂ ਸਰਕਾਰੀ ਜਾਇਦਾਦਾਂ 'ਤੇ ਕੀਤੇ ਗਏ ਨਾਜਾਇਜ਼ ਕਬਜ਼ਿਆਂ ਖ਼ਿਲਾਫ਼ ਕਾਰਵਾਈ ਲਗਾਤਾਰ ਜਾਰੀ ਹੈ। ਇਸੇ ਕਾਰਵਾਈ ਤਹਿਤ ਟਰੱਸਟ ਦੀ ਸਕੀਮ ਨੰਬਰ-10 (ਡਾ. ਅੰਬੇਡਕਰ ਨਗਰ), ਹੁਸ਼ਿਆਰਪੁਰ ਵਿੱਚ ਪਿਛਲੇ ਕਰੀਬ 20 ਸਾਲਾਂ ਤੋਂ ਕਬਜ਼ੇ ਹੇਠ ਰਹੇ ਦੋ ਪਲਾਟਾਂ ਨੂੰ ਕਬਜ਼ਾਮੁਕਤ ਕਰਵਾਇਆ ਗਿਆ ਹੈ।ਚੇਅਰਮੈਨ ਨੇ ਦੱਸਿਆ ਕਿ ਸਕੀਮ ਨੰਬਰ-10 ਵਿੱਚ ਪਲਾਟ ਨੰਬਰ 369-ਬੀ, ਜਿਸ ਦਾ ਰਕਬਾ ਕਰੀਬ 214 ਵਰਗ ਗਜ਼ (ਲਗਭਗ 10 ਮਰਲੇ) ਹੈ 'ਤੇ ਕਬਜ਼ਾਧਾਰਕਾਂ ਵੱਲੋਂ ਚਾਰਦੀਵਾਰੀ ਕਰਕੇ ਗੇਟ ਲਗਾਇਆ ਗਿਆ ਸੀ। ਟਰੱਸਟ ਦਫ਼ਤਰ ਦੀ ਟੀਮ ਨੇ ਮੌਕੇ 'ਤੇ ਕਾਰਵਾਈ ਕਰਦਿਆਂ ਕਬਜ਼ਾ ਆਪਣੇ ਅਧੀਨ ਲੈ ਲਿਆ ਅਤੇ ਗੇਟ ਨੂੰ ਤਾਲਾ ਲਗਾ ਦਿੱਤਾ। ਇਸੇ ਤਰ੍ਹਾਂ ਪਲਾਟ ਨੰਬਰ 400-ਏ, ਜਿਸ ਦਾ ਰਕਬਾ ਕਰੀਬ 370 ਵਰਗ ਗਜ਼ (ਲਗਭਗ 16 ਮਰਲੇ) ਹੈ 'ਤੇ ਵੀ ਕਬਜ਼ਾਧਾਰਕਾਂ ਵੱਲੋਂ ਸੜਕ ਬਣਾ ਕੇ ਆਪਣੇ ਨਿਵਾਸ ਲਈ ਰਸਤਾ ਦਿੱਤਾ ਗਿਆ ਸੀ ਅਤੇ ਪਲਾਟ ਦੇ ਸਾਹਮਣੇ ਵੱਡਾ ਗੇਟ ਲਗਾਇਆ ਗਿਆ ਸੀ। ਟਰੱਸਟ ਦਫ਼ਤਰ ਦੀ ਕਾਰਵਾਈ ਦੌਰਾਨ ਗੇਟ ਹਟਾ ਕੇ ਪਲਾਟ ਦਾ ਕਬਜ਼ਾ ਵਾਪਸ ਲੈ ਲਿਆ ਗਿਆ ਅਤੇ ਮੌਕੇ 'ਤੇ ਟਰੱਸਟ ਦੀ ਜਾਇਦਾਦ ਸਬੰਧੀ ਬੋਰਡ ਲਗਾ ਦਿੱਤਾ ਗਿਆ।ਪਾਬਲਾ ਨੇ ਦੱਸਿਆ ਕਿ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਇਨ੍ਹਾਂ ਦੋਵਾਂ ਪਲਾਟਾਂ ਨੂੰ ਟਰੱਸਟ ਦਫ਼ਤਰ ਵੱਲੋਂ ਈ-ਆਕਸ਼ਨ ਰਾਹੀਂ ਵੇਚਿਆ ਜਾਵੇਗਾ। ਇਸ ਨਾਲ ਟਰੱਸਟ ਨੂੰ ਮਾਲੀਆ ਪ੍ਰਾਪਤ ਹੋਣ ਦੀ ਉਮੀਦ ਹੈ, ਜਿਸ ਨੂੰ ਹੁਸ਼ਿਆਰਪੁਰ ਸ਼ਹਿਰ ਦੇ ਵਿਕਾਸ ਕਾਰਜਾਂ 'ਤੇ ਖਰਚ ਕੀਤਾ ਜਾਵੇਗਾ।

# ਬੀ ਕੇ ਇੰਟਰਨੈਸ਼ਨਲ ਤੇ ਬਾਬੇ ਕੇ ਸਕੂਲ 'ਚ ਸਹੁੰ ਚੁੱਕ ਸਮਾਰੋਹ



**ਲੋਹੀਆਂ ਖ਼ਾਸ, (ਯੋਗੇਸ਼ਵਰ)**- ਬੀ.ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ ਅਤੇ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ, ਵਾੜਾ ਜੋਧ ਸਿੰਘ ਵਿਖੇ ਸੰਤ ਬਾਬਾ ਨਾਹਰ ਸਿੰਘ ਅਤੇ ਸੰਤ ਬਾਬਾ ਕਪੂਰ ਸਿੰਘ ਦੇ ਅਸ਼ੀਰਵਾਦ ਨਾਲ ਬੈਜ ਵੰਡ ਸ਼ਪਥ ਗ੍ਰਹਿਣ ਸਮਾਰੋਹ ਕਰਵਾਇਆ ਗਿਆ।

ਇਸ ਵਿੱਚ ਵਿਦਿਆਰਥੀਆਂ ਨੂੰ ਜ਼ਿੰਮੇਦਾਰ ਨਾਗਰਿਕ ਬਣਾਉਣ ਲਈ ਪਹਿਲਾ ਕਦਮ ਚੁੱਕਦੇ ਹੋਏ ਸਟੂਡੈਂਟ ਕੌਂਸਲ ਦੇ ਮੈਂਬਰ ਬਣਾਇਆ ਗਿਆ।

ਦੋਵੇਂ ਸਕੂਲਾਂ ਦੇ ਹਾਊਸ ਕਰੇਜ, ਹਾਰਮਨੀ, ਵਿਜ਼ਡਮ, ਵਾਟਰ, ਅਰਥ, ਫਾਇਰ, ਏਅਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪਰੇਡ ਦਾ ਪ੍ਰਦਰਸ਼ਨ ਕੀਤਾ।

ਦੋਵੇਂ ਸਕੂਲਾਂ ਦੇ ਹੈਡ ਬੋਏ ਹਰਸ਼ਦੀਪ ਸਿੰਘ, ਅਰਸ਼ਦੀਪ ਸਿੰਘ, ਹੈਡ ਗਰਲ ਮੁਸਕਾਨਦੀਪ ਕੌਰ, ਹਰਲੀਨ ਕੌਰ ਮਨਿੰਦਰ ਕੌਰ, ਸੀਰਤਪ੍ਰੀਤ ਕੌਰ, ਕਿਰਨਦੀਪ ਕੌਰ, ਏਕਨੂਰ, ਦਿਲਪ੍ਰੀਤ, ਸਰਤਾਜਬੀਰ, ਕੋਮਲਪ੍ਰੀਤ ਕੈਪਟਨ ਮੰਨਤਪ੍ਰੀਤ ਕੌਰ ਅਨੁਰੀਤ ਕੌਰ,ਸਹਜਦੀਪ ਸਿੰਘ, ਜੈਸਮੀਨ ਕੌਰ, ਮੁਸਕਾਨਪ੍ਰੀਤ ਕੌਰ, ਤੀਰਥ ਕੌਰ, ਅਮਨਦੀਪ ਕੌਰ ਵਾਈਸ ਕੈਪਟਨ ਦਮਨਜੋਤ ਕੌਰ, ਏਕਮਜੋਤ ਸਿੰਘ, ਜਸਕਰਨ ਸਿੰਘ ਪ੍ਰੀਫੈਕਟ ਜਸਮੀਤ ਕੌਰ, ਪਲਕਪ੍ਰੀਤ ਕੌਰ, ਸਵਰੀਨ ਕੌਰ, ਅਵਨੀਤ ਕੌਰ, ਸਮਰੀਤ ਕੌਰ, ਮਹਿਕਦੀਪ ਕੌਰ, ਸੰਧਿਆ, ਯੁਧਵੀਰ ਸਿੰਘ, ਕਰਨਦੀਪ ਸਿੰਘ, ਹਰਜੋਬਣ ਸਿੰਘ, ਮਨਵੀਰ ਸਿੰਘ, ਮਨਵੀਰ ਕੌਰ, ਜੈਸਮੀਨ ਕੌਰ, ਜਸ਼ਨਪ੍ਰੀਤ ਕੌਰ, ਪਵਨਪ੍ਰੀਤ ਕੌਰ, ਮੁਸਕਾਨਦੀਪ ਕੌਰ, ਲਵਪ੍ਰੀਤ ਕੌਰ, ਸਰੀਤਾ, ਰਾਜਦੀਪ ਕੌਰ, ਕੋਮਲਪ੍ਰੀਤ ਕੌਰ, ਜੈਸੀਕਾ ਵੱਲੋਂ ਵਲੰਟੀਅਰ ਵਜੋਂ ਇਮਾਨਦਾਰੀ ਨਾਲ ਡਿਊਟੀ ਨਿਭਾਉਣ ਦੀ ਸਹੁੰ ਚੁੱਕੀ ਗਈ। ਐੱਮ ਡੀ ਸੱਦਾਮ ਖਾਨ, ਪ੍ਰਿੰਸੀਪਲ ਨੀਤੀਮਾ ਪੁਰੀ ਵੱਲੋਂ ਵੱਖ-ਵੱਖ ਅਹੁਦਿਆਂ ਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੈਸ਼ੇ, ਬੈਜ ਦੇ ਕੇ ਸਨਮਾਨਤ ਕੀਤਾ ਗਿਆ ਤੇ ਸਮਾਜ ਪ੍ਰਤੀ ਆਪਣੇ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ।

## ਮੰਗਾਂ ਨਾ ਮੰਨੀਆਂ ਤਾਂ ਅਣਮਿੱਥੇ ਸਮੇਂ ਲਈ ਧਰਨਾ ਲਾਇਆ ਜਾਵੇਗਾ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਟਰੱਕ ਯੂਨੀਅਨ ਨੂਰਮਹਿਲ ਵਲੋ ਪਿਛਲੇ ਲਗਭਗ 10-12 ਦਿਨਾ ਤੋਂ ਵੇਅਰਹਾਊਸ ਐਫ ਸੀ ਆਈ ਨੂਰਮਹਿਲ ਦੇ ਗੋਦਾਮਾਂ ਅੱਗੇ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਜੋ ਕਿ ਲਗਾਤਾਰ ਜਾਰੀ ਹੈ। ਮੀਟਿੰਗ ਆਲ ਪੰਜਾਬ ਟਰੱਕ ਯੂਨੀਅਨ ਦੇ ਪ੍ਰਧਾਨ ਹੈਪੀ ਸੰਧੂ ਦੀ ਮੌਜੂਦਗੀ ਵਿੱਚ ਕੀਤੀ ਗਈ ਤੇ ਜਲੰਧਰ ਜ਼ਿਲ੍ਹੇ ਦੀਆ 7 ਯੂਨੀਅਨਾਂ ਅਤੇ ਕੀਰਤੀ ਕਿਸਾਨ ਯੂਨੀਅਨ ਵਲੋ ਸਾਝੇ ਤੌਰ ਤੇ ਧਰਨਾ ਵੇਅਰਹਾਊਸ ਅੱਗੇ ਦਿੱਤਾ ਗਿਆ। ਟਰੱਕ ਦਾ ਕੰਮ ਸਾਡੇ ਕੋਲੋ ਖੋਹ ਕੇ ਵੱਡੇ ਕਾਰਪੋਰੇਟ ਘਾਰਾਣਿਆ ਦੇ ਕੰਟੇਨਰਾ ਨੂੰ ਦਿੱਤਾ ਜਾ ਰਿਹਾ। ਅਗਰ ਪ੍ਰਸ਼ਾਸ਼ਨ ਨੇ ਸਾਡੀਆ ਮੰਗਾਂ ਕੰਟੇਨਰ ਬੰਦ ਕੀਤੇ ਜਾਣ ਅਤੇ ਜੀ ਪੀ ਐੱਸ, ਪਾਸਿੰਗ ਅਤੇ ਟੈਕਸਾ ਵਿੱਚ ਕੀਤੇ ਵਾਧੇ ਨੂੰ ਘੱਟ ਕੀਤਾ ਜਾਵੇ, ਪੇਪਰਾਂ ਦਾ ਕੰਮ ਸੌਖਾ ਕੀਤਾ ਜਾਵੇ ਅਤੇ ਟਰੈਕਟਰ ਟਰਾਲੀਆਂ ਨਾਲ ਕਮਰਸ਼ੀਅਲ ਕੰਮਾਂ ਵਿੱਚ ਢੋਆ ਢੋਆਈ ਬੰਦ ਕੀਤੀ ਜਾਵੇ। ਜੇਕਰ ਸਾਡੀਆ ਮੰਗਾਂ ਨਾ ਮੰਨੀਆ ਤਾਂ ਜਲੰਧਰ ਜਿਲ੍ਹੇ ਦੀਆ 7 ਟਰੱਕ ਯੂਨੀਅਨ ਵਲੋ ਇਹ ਫੈਸਲਾ ਕੀਤਾ ਗਿਆ ਕਿ 18 ਅਗਸਤ ਨੂੰ ਡੀ.ਸੀ ਦਫ਼ਤਰ ਜਲੰਧਰ ਅੱਗੇ ਅਣਮਿਥੇ ਸਮੇ ਲਈ ਧਰਨਾ ਦਿੱਤਾ ਜਾਵੇਗਾ।



## ਟਰੈਕਟਰ ਟਰਾਲੀ-ਕੈਂਟਰ ਵਿਚਕਾਰ ਟੱਕਰ, ਇੱਕ ਜ਼ਖ਼ਮੀ

**ਫਿਲੌਰ (ਨਿਰਮਲ)**- ਫਿਲੌਰ ਵਿੱਚ ਵਾਪਰੇ ਸੜਕ ਹਾਦਸੇ ਵਿੱਚ ਇੱਕ ਟਰੈਕਟਰ ਟਰਾਲੀ ਜੋ ਤੂੜੀ ਨਾਲ ਲੱਦੀ ਹੋਈ ਸੀ ਵਿੱਚ ਕੈਂਟਰ ਨੇ ਟੱਕਰ ਮਾਰ ਦਿੱਤੀ ਜਿਸ ਨਾਲ ਟਰੈਕਟਰ ਟਰਾਲੀ ਹਾਈਵੇ ਤੇ ਪਲਟ ਗਈ ਅਤੇ ਕਾਫੀ ਲੰਮਾ ਜਾਮ ਲੱਗ ਗਿਆ ਹਾਦਸੇ ਵਿੱਚ ਟਰੈਕਟਰ ਚਾਲਕ ਜ਼ਖ਼ਮੀ ਹੋ ਗਿਆ। ਇਸ ਸੰਬੰਧੀ ਸੜਕ ਸੁਰੱਖਿਆ ਫੋਰਸ ਦੇ ਏ ਐੱਸ ਆਈ ਸਰਬਜੀਤ ਸਿੰਘ ਨੇ ਦੱਸਿਆ ਦੇਰ ਰਾਤ ਵੇਰਕਾ ਮਿਲਕ ਪਲਾਂਟ ਫਿਲੌਰ ਦੇ ਸਾਹਮਣੇ ਇਹ ਹਾਦਸਾ ਵਾਪਰਿਆ ਹੈ ਜਦੋਂ ਰਾਹੋਂ ਨਵਾਂ ਸ਼ਹਿਰ ਰੋਡ ਤੋਂ ਫਰੀਦਕੋਟ ਨੂੰ ਜਾ ਰਹੀ ਤੂੜੀ ਦੀ ਭਰੀ ਟਰੈਕਟਰ ਟਰਾਲੀ ਵਿੱਚ ਕੈਂਟਰ ਡਰਾਈਵਰ ਨੇ ਸਿੱਧੀ ਟੱਕਰ ਮਾਰ ਦਿੱਤੀ। ਉਨ੍ਹਾਂ ਦੱਸਿਆ ਕਿ ਕੈਂਟਰ ਡਰਾਈਵਰ ਨੇ ਸ਼ਰਾਬ ਪੀਤੀ ਹੋਈ ਸੀ ਜਿਸ ਨੇ ਨਸ਼ੇ ਵਿੱਚ ਟੱਕਰ ਮਾਰੀ ਜਿਸ ਕਾਰਨ ਤੂੜੀ ਦੀ ਭਰੀ ਟਰਾਲੀ ਹਾਈਵੇਅ ਤੇ ਪਲਟ ਗਈ ਅਤੇ ਕਾਫੀ ਲੰਮਾ ਜਾਮ ਲੱਗ ਗਿਆ ਤੇ ਕੈਂਟਰ ਚਾਲਕ ਟੱਕਰ ਤੋਂ ਬਾਅਦ ਕੈਂਟਰ ਦੇ ਵਿੱਚ ਹੀ ਫਸ ਗਿਆ। ਲੋਕਾਂ ਦੀ ਮਦਦ ਨਾਲ ਉਸ ਨੂੰ ਬਾਹਰ ਕੱਢਿਆ ਤੇ ਹਸਪਤਾਲ ਵਿੱਚ ਦਾਖਲ ਕਰਵਾਇਆ।

